ਸੋਮਵਾਰ, 15 ਜਨਵਰੀ, 2024
2 ਮਾਘ { ਨਾਨਕਸ਼ਾਹੀ 555 / ਬਿਕਰਮੀ 2080 }
ਜਿਲਦ/VOL. : 72
ਅੰਕ/NO. : 226

# ਨਵਾਂ ਜ਼ਮਾਨਾ

DAILY NAWAN ZAMANA • MONDAY, 15 JANUARY, 2024
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਲੋਕਾਂ ਦਾ ਦਰਦ ਵੰਡਾਉਣ ਨਿਕਲੇ ਰਾਹੁਲ

**ਇੰਫਾਲ** : ਰਾਹੁਲ ਗਾਂਧੀ ਨੇ ਐਤਵਾਰ ਮਨੀਪੁਰ ਦੇ ਥੌਬਲ ਤੋਂ 'ਭਾਰਤ ਜੋੜੋ ਨਿਆਏ ਯਾਤਰਾ' ਸ਼ੁਰੂ ਕਰ ਦਿੱਤੀ। ਇਸ ਮੌਕੇ ਕਾਂਗਰਸ ਦੇ ਪ੍ਰਧਾਨ ਮਲਿਕਾਰਜੁਨ ਖੜਗੇ ਸਣੇ ਕਈ ਸੀਨੀਅਰ ਆਗੂ ਮੌਜੂਦ ਸਨ। ਇਹ ਯਾਤਰਾ 15 ਰਾਜਾਂ ਦੇ 110 ਜ਼ਿਲ੍ਹਿਆਂ ਵਿੱਚੋਂ ਲੰਘਦੀ ਹੋਈ 6713 ਕਿੱਲੋਮੀਟਰ ਦਾ ਪੰਧ ਤੈਅ ਕਰਕੇ 20 ਮਾਰਚ ਨੂੰ ਮੁੰਬਈ ਵਿਖੇ ਖਤਮ ਹੋਵੇਗੀ। ਯਾਤਰਾ 100 ਲੋਕ ਸਭਾ ਤੇ 337 ਅਸੰਬਲੀ ਸੀਟਾਂ ਤੋਂ ਹੋ ਕੇ ਗੁਜ਼ਰੇਗੀ। ਸ਼ੁਰੂਆਤ ਮੌਕੇ ਰਾਹੁਲ ਨੇ ਕਿਹਾ—ਅਸੀਂ ਭਾਰਤ ਜੋੜੋ ਯਾਤਰਾ ਸਵੇਰੇ 6 ਵਜੇ ਸ਼ੁਰੂ ਕਰਦੇ ਸੀ ਤੇ ਸ਼ਾਮ 7 ਵਜੇ ਤੱਕ ਚਲਦੇ ਸੀ। ਅੰਤ ਵਿਚ ਸਾਡਾ ਸ਼ਾਮ ਨੂੰ 20-25 ਮਿੰਟ ਦਾ ਭਾਸ਼ਣ ਹੁੰਦਾ ਸੀ, ਪਰ 7-8 ਘੰਟੇ ਅਸੀਂ ਲੋਕਾਂ ਦੀ ਗੱਲ ਸੁਣਦੇ ਸੀ। ਇਹੀ ਇਸ ਯਾਤਰਾ ਦਾ ਨਿਸ਼ਾਨਾ ਹੈ, ਅਸੀਂ ਆਪਣੀ ਬਾਤ ਨਹੀਂ ਸੁਣਾਵਾਂਗੇ, ਸਗੋਂ ਲੋਕਾਂ ਦੇ 'ਮਨ ਕੀ ਬਾਤ' ਸੁਣਾਂਗੇ। ਉਨ੍ਹਾਂ ਦੇ ਦਰਦ ਨੂੰ ਸਮਝਾਂਗੇ।

ਉਨ੍ਹਾ ਕਿਹਾ—ਮੈਂ 2004 ਤੋਂ ਸਿਆਸਤ ਵਿਚ ਹਾਂ। ਪਹਿਲੀ ਵਾਰ ਮੈਂ ਹਿੰਦੁਸਤਾਨ ਦੇ ਇਕ ਸੂਬੇ ਵਿਚ ਗਿਆ, ਜਿੱਥੇ ਸ਼ਾਸਨ ਵਿਵਸਥਾ ਤਬਾਹ ਹੋ ਚੁੱਕੀ ਸੀ, ਜਿਸ ਨੂੰ ਅਸੀਂ ਮਨੀਪੁਰ ਕਹਿੰਦੇ ਸੀ ਉਹ ਮਨੀਪੁਰ ਰਿਹਾ ਹੀ ਨਹੀਂ, ਪਰ ਪ੍ਰਧਾਨ ਮੰਤਰੀ ਤੁਹਾਡੇ ਹੰਝੂ ਪੂੰਝਣ ਤੇ ਤੁਹਾਡੇ ਗਲੇ ਲੱਗਣ ਨਹੀਂ ਆਏ।


ਰਾਹੁਲ ਯਾਤਰਾ ਬੱਸ ਵਿਚ ਬੱਚਿਆਂ ਨਾਲ।

'ਨਿਆਏ ਕਾ ਹੱਕ ਮਿਲਨੇ ਤੱਕ' ਦੇ ਨਾਅਰਿਆਂ ਨਾਲ ਰਾਹੁਲ ਦੀ ਯਾਤਰਾ ਦਾ ਆਗਾਜ਼ ਹੋਇਆ। 2024 ਦੀਆਂ ਲੋਕ ਸਭਾ ਚੋਣਾਂ ਤੋਂ ਪਹਿਲਾਂ ਇਸ ਯਾਤਰਾ ਨੂੰ ਬੇਹੱਦ ਅਹਿਮ ਮੰਨਿਆ ਜਾ ਰਿਹਾ ਹੈ। ਪਾਰਟੀ ਪ੍ਰਧਾਨ ਖੜਗੇ ਨੇ ਇਸ ਮੌਕੇ ਕਿਹਾ—ਜਦੋਂ ਪੰਡਤ ਨਹਿਰੂ ਪਹਿਲੀ ਵਾਰ ਮਨੀਪੁਰ ਆਏ ਸਨ, ਉਦੋਂ ਇਸ ਨੂੰ ਭਾਰਤ ਦਾ ਗਹਿਣਾ ਦੱਸਿਆ ਸੀ। ਇਹੀ ਗੱਲ ਇੰਦਰਾ ਗਾਂਧੀ ਤੇ ਰਾਜੀਵ ਗਾਂਧੀ ਨੇ ਵੀ ਕਹੀ ਸੀ। ਇਹ ਮਨੀਪੁਰ ਦੀ ਉਹ ਧਰਤੀ ਹੈ, ਜਿਹੜੀ ਆਜ਼ਾਦੀ ਲਈ ਲੜੀ। ਉਨ੍ਹਾ ਅੱਗੇ ਕਿਹਾ—ਪ੍ਰਧਾਨ ਮੰਤਰੀ ਮਨੀਪੁਰ ਵੋਟਾਂ ਲਈ ਆਉਂਦੇ ਹਨ, ਪਰ ਜਦ ਮਨੀਪੁਰ ਦੇ ਲੋਕ ਮੁਸੀਬਤ ਵਿਚ ਸਨ, ਤਦ ਉਹ ਨਹੀਂ ਆਏ। ਉਹ ਰਾਮ-ਰਾਮ ਕਰਦੇ ਹਨ, ਮੂੰਹ ਵਿਚ ਰਾਮ ਤੇ ਬਗਲ ਵਿਚ ਛੁਰੀ। ਉਹ ਵੋਟਾਂ ਲਈ ਅਜਿਹਾ ਢਕਵੰਜ ਨਾ ਕਰਨ।

ਲੋਕ ਸਭਾ ਵਿਚ ਕਾਂਗਰਸ ਦੇ ਆਗੂ ਅਧੀਰ ਰੰਜਨ ਚੌਧਰੀ ਨੇ ਕਿਹਾ—ਕਾਂਗਰਸ ਪਾਰਟੀ ਤੇ ਰਾਹੁਲ ਗਾਂਧੀ ਹਮੇਸ਼ਾ ਕਹਿੰਦੇ ਆਏ ਹਨ ਕਿ ਅਸੀਂ ਹੁਕਮਰਾਨ ਪਾਰਟੀ ਨਾਲ ਵਿਚਾਰਧਾਰਾ ਦੀ ਲੜਾਈ ਲੜ ਰਹੇ ਹਾਂ। ਇਨਸਾਫ ਹਾਸਲ ਕਰਨ ਲਈ ਇਸ ਯਾਤਰਾ ਦੀ ਸ਼ੁਰੂਆਤ ਹੋ ਰਹੀ ਹੈ। ਕਾਂਗਰਸ ਦੀ ਵਿਚਾਰਧਾਰਾ ਹੀ ਦੇਸ਼ ਨੂੰ ਬਚਾ ਸਕਦੀ ਹੈ ਤੇ ਮਜ਼ਬੂਤ ਕਰ ਸਕਦੀ ਹੈ। ਰਾਹੁਲ ਗਾਂਧੀ ਦੀ ਇਸ ਯਾਤਰਾ ਦਾ ਚੋਣਾਂ ਨਾਲ ਕੋਈ ਲੈਣਾ-ਦੇਣਾ ਨਹੀਂ।

ਬੱਸ ਯਾਤਰਾ ਸ਼ੁਰੂ ਕਰਨ ਤੋਂ ਪਹਿਲਾਂ ਰਾਹੁਲ ਨੇ ਥੌਬਲ ਜ਼ਿਲ੍ਹੇ ਦੇ ਖੋਂਗਜੋਮ ਵਿਖੇ 1891 ਦੀ ਐਂਗਲੋ-ਮਨੀਪੁਰ ਜੰਗ ਦੇ ਸ਼ਹੀਦਾਂ ਦੀ ਯਾਦਗਾਰ 'ਤੇ ਸ਼ਰਧਾਂਜਲੀ ਭੇਟ ਕੀਤੀ। ਉਹ ਇੰਫਾਲ ਹਵਾਈ ਅੱਡੇ 'ਤੇ ਬਾਅਦ ਦੁਪਹਿਰ ਉਤਰੇ ਸਨ ਤੇ ਕਾਂਗਰਸ ਹਮਾਇਤੀਆਂ ਨੇ ਉਨ੍ਹਾ ਦਾ ਪੁਰਜ਼ੋਸ਼ ਸਵਾਗਤ ਕੀਤਾ। ਉਨ੍ਹਾ ਨੇੜਲੇ 'ਨਿਆਏ ਮੈਦਾਨ' ਤੋਂ ਯਾਤਰਾ ਆਰੰਭ ਕੀਤੀ।

## ਮਾਲਦੀਵ ਦਾ ਭਾਰਤ ਨੂੰ 15 ਮਾਰਚ ਤੱਕ ਫੌਜੀ ਕੱਢਣ ਦਾ ਅਲਟੀਮੇਟਮ



**ਮਾਲੇ** : ਮਾਲਦੀਵ ਦੇ ਰਾਸ਼ਟਰਪਤੀ ਮੁਹੰਮਦ ਮੁਈਜ਼ੂ ਨੇ ਭਾਰਤ ਨੂੰ ਆਪਣੇ ਫੌਜੀ ਕੱਢਣ ਲਈ 15 ਮਾਰਚ ਤੱਕ ਦਾ ਅਲਟੀਮੇਟਮ ਦਿੱਤਾ ਹੈ। ਐਤਵਾਰ ਰਾਸ਼ਟਰਪਤੀ ਦਫਤਰ ਦੇ ਬੁਲਾਰੇ ਨਜ਼ੀਮ ਇਬਰਾਹੀਮ ਨੇ ਕਿਹਾ—ਭਾਰਤੀ ਫੌਜੀ ਮਾਲਦੀਵ ਵਿਚ ਨਹੀਂ ਰਹਿ ਸਕਦੇ। ਰਾਸ਼ਟਰਪਤੀ ਮੁਈਜ਼ੂ ਸਰਕਾਰ ਦੀ ਇਹੀ ਨੀਤੀ ਹੈ। ਮਾਲਦੀਵ ਵਿਚ ਫਿਲਹਾਲ 88 ਫੌਜੀ ਹਨ। ਦੋਹਾਂ ਦੇਸ਼ਾਂ ਨੇ ਫੌਜੀ ਹਟਾਉਣ ਸੰਬੰਧੀ ਉੱਚ ਪੱਧਰੀ ਕਮੇਟੀ ਬਣਾਈ ਹੋਈ ਹੈ। ਇਸ ਕਮੇਟੀ ਨੇ ਐਤਵਾਰ ਮਾਲਦੀਵ ਦੇ ਵਿਦੇਸ਼ ਮੰਤਰਾਲੇ ਵਿਚ ਪਹਿਲੀ ਬੈਠਕ ਕੀਤੀ, ਜਿਸ ਵਿਚ ਭਾਰਤ ਦੇ ਹਾਈ ਕਮਿਸ਼ਨਰ ਮੁਨੂ ਮਹਾਵਰ ਵੀ ਮੌਜੂਦ ਸਨ। ਭਾਰਤੀ ਵਿਦੇਸ਼ ਮੰਤਰਾਲੇ ਦਾ ਕੋਈ ਬਿਆਨ ਸਾਹਮਣੇ ਨਹੀਂ ਆਇਆ। ਹਾਲਾਂਕਿ ਰਾਸ਼ਟਰਪਤੀ ਮੁਈਜ਼ੂ ਨੇ ਬੀਤੇ ਦਿਨੀਂ ਕਿਹਾ ਸੀ ਕਿ ਭਾਰਤ ਸਰਕਾਰ ਨੇ ਫੌਜੀ ਹਟਾਉਣ ਦਾ ਫੈਸਲਾ ਕੀਤਾ ਹੈ।

ਭਾਰਤ ਨੇ ਮਾਲਦੀਵ ਨੂੰ 2010 ਤੇ 2013 ਵਿਚ ਦੋ ਹੈਲੀਕਾਪਟਰ ਤੇ 2020 ਵਿਚ ਇਕ ਛੋਟਾ ਜਹਾਜ਼ ਤੋਹਫੇ ਵਿਚ ਦਿੱਤੇ ਸਨ। ਇਸ 'ਤੇ ਮਾਲਦੀਵ ਵਿਚ ਕਾਫੀ ਹੰਗਾਮਾ ਹੋਇਆ। ਮੁਈਜ਼ੂ ਦੀ ਅਗਵਾਈ ਵਿਚ ਆਪੋਜ਼ੀਸ਼ਨ ਨੇ ਤਤਕਾਲੀ ਰਾਸ਼ਟਰਪਤੀ ਸਾਲਿਹ ਉੱਤੇ 'ਇੰਡੀਆ ਫਸਟ' ਨੀਤੀ ਅਪਣਾਉਣ ਦਾ ਦੋਸ਼ ਲਾਇਆ ਸੀ। ਭਾਰਤ ਦਾ ਕਹਿਣਾ ਹੈ ਕਿ ਤੋਹਫੇ ਵਿਚ ਦਿੱਤੇ ਜਹਾਜ਼ ਦਾ ਇਸਤੇਮਾਲ ਖੋਜ ਤੇ ਬਚਾਅ ਮੁਹਿੰਮਾਂ ਅਤੇ ਮਰੀਜ਼ ਲਿਜਾਣ ਲਈ ਕੀਤਾ ਜਾਣਾ ਸੀ। ਮਾਲਦੀਵ ਦੀ ਫੌਜ ਨੇ 2021 ਵਿਚ ਦੱਸਿਆ ਸੀ ਕਿ ਜਹਾਜ਼ ਦੇ ਸੰਚਾਲਨ ਤੇ ਮੁਰੰਮਤ ਲਈ 70 ਤੋਂ ਵੱਧ ਫੌਜੀ ਮਾਲਦੀਵ ਵਿਚ ਹਨ। ਇਸ ਦੇ ਬਾਅਦ ਮਾਲਦੀਵ ਦੀਆਂ ਆਪੋਜ਼ੀਸ਼ਨ ਪਾਰਟੀਆਂ ਨੇ 'ਇੰਡੀਆ ਆਊਟ' ਮੁਹਿੰਮ ਸ਼ੁਰੂ ਕਰ ਦਿੱਤੀ। ਉਨ੍ਹਾਂ ਦੀ ਮੰਗ ਸੀ ਕਿ ਭਾਰਤੀ ਫੌਜੀ ਮਾਲਦੀਵ ਛੱਡਣ। 2023 ਦੀ ਰਾਸ਼ਟਰਪਤੀ ਚੋਣ ਵਿਚ ਮੁਈਜ਼ੂ ਨੇ ਭਾਰਤੀ ਫੌਜੀਆਂ ਦਾ ਮੁੱਦਾ ਜ਼ੋਰਸ਼ੋਰ ਨਾਲ ਉਛਾਲਿਆ ਸੀ ਤੇ 'ਇੰਡੀਆ ਆਊਟ' ਦਾ ਨਾਅਰਾ ਦਿੱਤਾ ਸੀ। ਉਨ੍ਹਾ ਭਾਰਤੀ ਫੌਜੀਆਂ ਦੀ ਮੌਜੂਦਗੀ ਨੂੰ ਮਾਲਦੀਵ ਦੀ ਪ੍ਰਭੂਸੱਤਾ ਲਈ ਖਤਰਾ ਦੱਸਿਆ ਸੀ। ਅਕਤੂਬਰ ਵਿਚ ਹੋਈਆਂ ਚੋਣਾਂ ਵਿਚ ਪ੍ਰੋਗਰੈਸਿਵ ਪਾਰਟੀ ਆਫ ਮਾਲਦੀਵ (ਪੀ ਪੀ ਐੱਮ) ਦੇ ਆਗੂ ਮੁਈਜ਼ੂ ਜਿੱਤ ਗਏ। ਪੀ ਪੀ ਐੱਮ ਚੀਨ ਦੇ ਕਰੀਬੀ ਹੈ।

## ਧੁੰਦ ਦੌਰਾਨ ਬੇਲੋੜੀ ਯਾਤਰਾ ਤੋਂ ਬਚਣ ਦੀ ਸਲਾਹ

**ਨਵੀਂ ਦਿੱਲੀ** : ਉੱਤਰੀ ਭਾਰਤ ਦੇ ਮੈਦਾਨੀ ਖੇਤਰਾਂ 'ਚ ਐਤਵਾਰ ਸਵੇਰ ਧੁੰਦ ਦੀ ਪਰਤ ਛਾਈ ਰਹੀ ਅਤੇ ਕਈ ਥਾਵਾਂ 'ਤੇ ਦੇਖਣ ਸਮਰੱਥਾ ਦਾ ਪੱਧਰ ਜ਼ੀਰੋ ਮੀਟਰ ਤੱਕ ਡਿੱਗ ਗਿਆ। ਭਾਰਤੀ ਮੌਸਮ ਵਿਭਾਗ ਨੇ ਲੋਕਾਂ ਨੂੰ ਬੇਲੋੜੀ ਯਾਤਰਾ ਤੋਂ ਬਚਣ ਅਤੇ ਗੱਡੀ ਚਲਾਉਂਦੇ ਸਮੇਂ ਸਾਵਧਾਨੀ ਵਰਤਣ ਦੀ ਸਲਾਹ ਦਿੱਤੀ ਹੈ।

ਰੇਲਵੇ ਦੇ ਬੁਲਾਰੇ ਨੇ ਦੱਸਿਆ ਕਿ ਧੁੰਦ ਕਾਰਨ ਦਿੱਲੀ ਪਹੁੰਚਣ ਵਾਲੀਆਂ 22 ਗੱਡੀਆਂ ਦੀ ਸਮਾਂ-ਸਾਰਣੀ ਪ੍ਰਭਾਵਤ ਹੋਈ ਹੈ। ਸੈਟੇਲਾਈਟ ਚਿੱਤਰਾਂ ਤੋਂ ਪੰਜਾਬ ਅਤੇ ਉੱਤਰੀ ਰਾਜਸਥਾਨ ਤੋਂ ਉੱਤਰ-ਪੂਰਬ ਤੱਕ ਸੰਘਣੀ ਧੁੰਦ ਦੀ ਇੱਕ ਪਰਤ ਦਿਖਾਈ ਦਿੱਤੀ ਹੈ। ਮੌਸਮ ਵਿਭਾਗ ਦੇ ਇੱਕ ਅਧਿਕਾਰੀ ਨੇ ਦੱਸਿਆ ਕਿ ਪੰਜਾਬ,



ਹਰਿਆਣਾ, ਦਿੱਲੀ, ਉੱਤਰੀ ਰਾਜਸਥਾਨ ਅਤੇ ਉੱਤਰ ਪ੍ਰਦੇਸ਼ 'ਚ ਸਨਿੱਚਰਵਾਰ ਰਾਤ 10 ਵਜੇ ਤੋਂ ਸੰਘਣੀ ਧੁੰਦ ਛਾਈ ਰਹੀ। ਇਸ ਦੇ ਨਾਲ ਹੀ ਦਿੱਲੀ ਹਵਾਈ ਅੱਡੇ 'ਤੇ ਐਤਵਾਰ ਸਵੇਰੇ ਖਰਾਬ ਮੌਸਮ ਕਾਰਨ 7 ਉਡਾਣਾਂ ਨੂੰ ਤਬਦੀਲ ਕੀਤਾ ਗਿਆ। ਅਧਿਕਾਰੀ ਨੇ ਦੱਸਿਆ ਕਿ ਸਵੇਰੇ 4.30 ਤੋਂ ਸਵੇਰੇ 7.30 ਵਜੇ ਵਿਚਕਾਰ ਛੇ ਉਡਾਣਾਂ ਨੂੰ ਜੈਪੁਰ ਅਤੇ ਇੱਕ ਨੂੰ ਮੁੰਬਈ ਵੱਲ ਮੋੜਿਆ ਗਿਆ। ਬੇਂਗਲੁਰੂ ਦੇ ਖੇਮਪੇਗੌਡਾ ਅੰਤਰਰਾਸ਼ਟਰੀ ਹਵਾਈ ਅੱਡੇ ਤੋਂ ਖਰਾਬ ਮੌਸਮ ਕਾਰਨ ਐਤਵਾਰ ਨੂੰ 44 ਜਹਾਜ਼ ਦੇਰੀ ਨਾਲ ਉੱਡੇ। ਹਵਾਈ ਅੱਡੇ ਦੇ ਅਧਿਕਾਰੀ ਅਨੁਸਾਰ ਧੁੰਦ ਦੀ ਇੱਕ ਮੋਟੀ ਪਰਤ ਨੇ ਸ਼ਹਿਰ ਦੇ ਹਵਾਈ ਅੱਡੇ 'ਤੇ ਕੁਝ ਜਹਾਜ਼ਾਂ ਦੇ ਉਤਰਨ 'ਚ ਦੇਰੀ ਕੀਤੀ।

## ਅੱਡਾ ਝਬਾਲ ਦੇ ਸਰਪੰਚ ਦੀ ਸੈਲੂਨ ਵਿੱਚ ਹੱਤਿਆ

**ਝਬਾਲ (ਹਰਜਿੰਦਰ ਸਿੰਘ ਸੋਨੀ)**

ਅੱਡਾ ਝਬਾਲ ਦੇ ਸਰਪੰਚ ਅਵਨ ਕੁਮਾਰ (ਸੋਨੂੰ ਚੀਮਾ) ਪੁੱਤਰ ਪੁਰਸ਼ੋਤਮ ਕੁਮਾਰ ਨੂੰ ਐਤਵਾਰ ਮੋਟਰਸਾਈਕਲ ਸਵਾਰ ਦੋ ਅਣਪਛਾਤੇ ਵਿਅਕਤੀਆਂ ਨੇ ਗੋਲੀਆਂ ਮਾਰ ਕੇ ਮਾਰ ਦਿੱਤਾ। ਉਹ ਸਵੇਰੇ 9 ਕੁ ਵਜੇ ਵਾਲਾਂ ਦੀ ਕਟਿੰਗ ਕਰਵਾ ਰਿਹਾ ਸੀ, ਤਾਂ ਮੋਟਰਸਾਈਕਲ 'ਤੇ ਸਵਾਰ ਹੋ ਕੇ ਆਏ ਦੋ ਵਿਅਕਤੀਆਂ ਵਿੱਚੋਂ ਇੱਕ ਵਿਅਕਤੀ ਦੁਕਾਨ 'ਚ ਸਰਪੰਚ ਨੂੰ ਗੋਲੀਆਂ ਮਾਰ ਕੇ ਬਾਹਰ ਖੜ੍ਹੇ ਸਾਥੀ ਨਾਲ ਫਰਾਰ ਹੋ ਗਿਆ। ਗੰਭੀਰ ਜ਼ਖਮੀ ਸਰਪੰਚ ਨੂੰ



ਅੰਮ੍ਰਿਤਸਰ ਦੇ ਇੱਕ ਪ੍ਰਾਈਵੇਟ ਹਸਪਤਾਲ ਵਿਖੇ ਦਾਖਲ ਕਰਵਾਇਆ ਗਿਆ, ਪਰ ਉਥੇ ਉਸ ਦੀ ਮੌਤ ਹੋ ਗਈ। ਸ਼ੁਰੂਆਤੀ ਜਾਂਚ 'ਚ ਸਾਹਮਣੇ ਆਇਆ ਹੈ ਕਿ ਉਸ ਦੀ ਜਰਮਨੀ 'ਚ ਰਹਿਣ ਵਾਲੇ ਅੰਮ੍ਰਿਤਪਾਲ ਬਾਠ ਨਾਲ ਰੰਜ਼ਿਸ ਸੀ। ਕੁਝ ਦਿਨ ਪਹਿਲਾਂ ਉਸ ਨੂੰ ਫੇਸਬੁਕ 'ਤੇ ਧਮਕੀਆਂ ਮਿਲੀਆਂ ਸਨ।

ਸੋਨੂੰ ਚੀਮਾ ਦੀ ਮੌਤ ਦੀ ਖਬਰ ਸੁਣ ਕੇ ਕਸਬਾ ਝਬਾਲ ਵਿੱਚ ਮਾਤਮ ਛਾ ਗਿਆ ਅਤੇ ਸਮੂਹ ਅੱਡਾ ਝਬਾਲ ਦੇ ਦੁਕਾਨਦਾਰਾਂ ਨੇ ਆਪਣੀਆਂ ਦੁਕਾਨਾਂ ਬੰਦ ਕਰਕੇ ਰੋਸ ਜਤਾਇਆ। ਐੱਸ ਐੱਸ ਪੀ ਅਸ਼ਵਨੀ ਕਪੂਰ, ਡੀ ਐੱਸ ਪੀ (ਸਿਟੀ) ਤਰਸੇਮ ਮਸੀਹ, ਥਾਣਾ ਮੁਖੀ ਝਬਾਲ ਇੰਸਪੈਕਟਰ ਹਰਿੰਦਰ ਸਿੰਘ, ਥਾਣਾ ਮੁਖੀ ਸਰਾਏ ਅਮਾਨਤ ਖਾਂ ਬਲਜਿੰਦਰ ਸਿੰਘ ਬਾਜਵਾ ਭਾਰੀ ਪੁਲਸ ਫੋਰਸ ਨਾਲ ਘਟਨਾ ਵਾਲੀ ਜਗ੍ਹਾ 'ਤੇ ਪਹੁੰਚੇ ਅਤੇ ਜਾਣਕਾਰੀ ਹਾਸਲ ਕੀਤੀ। ਉਹਨਾਂ ਸੀ ਸੀ ਟੀ ਵੀ ਕੈਮਰਿਆਂ ਅਤੇ ਸੋਨੂੰ ਚੀਮਾ ਦੇ ਫੋਨ ਕਾਲ ਦੀ ਡਿਟੇਲ ਖੰਗਾਲ ਕੇ ਹਤਿਆਰਿਆਂ ਨੂੰ ਜਲਦ ਤੋਂ ਜਲਦ ਕਾਬੂ ਕਰਨ ਦਾ ਭਰੋਸਾ ਦਿੱਤਾ। ਸੋਨੂੰ ਚੀਮਾ ਆਪਣੇ ਪਿੱਛੇ ਪਤਨੀ ਸਾਕਸ਼ੀ ਖੁੱਲਰ, ਪੁੱਤਰ ਵਿਕਰਮ ਖੁੱਲਰ, ਪੁੱਤਰੀ ਗ਼ਜ਼ਲ ਅਤੇ ਬਜ਼ੁਰਗ ਮਾਤਾ-ਪਿਤਾ ਛੱਡ ਗਏ ਹਨ। ਪਤਨੀ ਤੇ ਪੁੱਤਰੀ ਗ਼ਜ਼ਲ ਖੁੱਲਰ ਦੇ ਕੈਨੇਡਾ ਤੋਂ ਆਉਣ ਤੋਂ ਬਾਅਦ ਹੀ ਅੰਤਮ ਸੰਸਕਾਰ ਕੀਤਾ ਜਾਵੇਗਾ।

### ਪੰਜਵੀ ਤੱਕ ਛੁੱਟੀਆਂ 21 ਤੱਕ ਵਧਾਈਆਂ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਕੜਾਕੇ ਦੀ ਠੰਢ ਕਾਰਨ ਵਿਦਿਆਰਥੀਆਂ ਦੀ ਸਿਹਤ ਸੁਰੱਖਿਆ ਦੇ ਮੱਦੇਨਜ਼ਰ ਪੰਜਾਬ ਸਰਕਾਰ ਨੇ ਪੰਜਵੀਂ ਕਲਾਸ ਤੱਕ ਦੇ ਵਿਦਿਆਰਥੀਆਂ (ਸਰਕਾਰੀ/ਏਡਿਡ/ਮਾਨਤਾ ਪ੍ਰਾਪਤ ਅਤੇ ਪ੍ਰਾਈਵੇਟ) ਦੀਆਂ ਛੁੱਟੀਆਂ 21 ਜਨਵਰੀ ਤੱਕ ਵਧਾ ਦਿੱਤੀਆਂ ਹਨ। ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਮਿਡਲ, ਹਾਈ ਅਤੇ ਸੀਨੀਅਰ ਸੈਕੰਡਰੀ ਸਕੂਲ 15 ਜਨਵਰੀ ਤੋਂ ਰੈਗੂਲਰ ਤੌਰ 'ਤੇ ਸਵੇਰੇ 10 ਵਜੇ ਤੋਂ 3 ਵਜੇ ਤੱਕ ਲੱਗਣਗੇ। ਡਬਲ ਸ਼ਿਫਟ ਵਾਲੇ ਸਾਰੇ ਸਕੂਲਾਂ ਦਾ ਸਮਾਂ ਸਵੇਰੇ 9 ਵਜੇ ਤੋਂ ਸ਼ਾਮ 4 ਵਜੇ ਤੱਕ ਰਹੇਗਾ। ਡਬਲ ਸ਼ਿਫਟ ਵਾਲਾ ਕੋਈ ਵੀ ਸਕੂਲ ਸ਼ਾਮ 4 ਵਜੇ ਤੋਂ ਬਾਅਦ ਨਹੀਂ ਖੁੱਲ੍ਹੇਗਾ। ਇਹ ਹੁਕਮ ਤੁਰੰਤ ਪ੍ਰਭਾਵ ਤੋਂ 21 ਜਨਵਰੀ ਤੱਕ ਲਾਗੂ ਰਹਿਣਗੇ।

### ਭਾਜਪਾ ਨੂੰ ਬਹੁਮਤ ਨਹੀਂ ਮਿਲਣ ਲੱਗਾ : ਥਰੂਰ

ਤਿਰੂਅਨੰਤਪੁਰਮ : ਕਾਂਗਰਸ ਸਾਂਸਦ ਸ਼ਸ਼ੀ ਥਰੂਰ ਨੇ ਕਿਹਾ ਹੈ ਕਿ ਭਾਜਪਾ ਲੋਕ ਸਭਾ ਚੋਣਾਂ ਵਿਚ ਸਭ ਤੋਂ ਵੱਡੀ ਪਾਰਟੀ ਵਜੋਂ ਉਭਰ ਸਕਦੀ ਹੈ, ਪਰ ਉਸ ਦੀਆਂ ਸੀਟਾਂ ਏਨੀਆਂ ਘਟ ਜਾਣਗੀਆਂ ਕਿ ਉਸ ਦੀਆਂ ਸਹਿਯੋਗੀ ਪਾਰਟੀਆਂ ਉਸ ਨੂੰ ਹਮਾਇਤ ਦੇਣ ਲਈ ਤਿਆਰ ਨਾ ਹੋਣ। ਇਸ ਦੀ ਥਾਂ ਉਹ ਅਪੋਜ਼ੀਸ਼ਨ ਦੇ ਗੱਠਜੋੜ ਇੰਡੀਆ ਨੂੰ ਹਮਾਇਤ ਦੇਣ ਲਈ ਤਿਆਰ ਹੋ ਜਾਣ। ਉਹ ਕੇਰਲਾ ਸਾਹਿਤ ਸਮਾਰੋਹ ਵਿਚ ਬੋਲ ਰਹੇ ਸਨ।

### ਸ੍ਰੀਲੰਕਾ ਨੇ 12 ਮਛੇਰੇ ਫੜੇ

ਕੋਲੰਬੋ : ਸ੍ਰੀਲੰਕਾ ਦੀ ਜਲ ਸੈਨਾ ਨੇ 12 ਭਾਰਤੀ ਮਛੇਰਿਆਂ ਨੂੰ ਆਪਣੇ ਜਲ ਖੇਤਰ 'ਚ ਕਥਿਤ ਤੌਰ 'ਤੇ ਸ਼ਿਕਾਰ ਕਰਨ ਦੇ ਦੋਸ਼ 'ਚ ਗ੍ਰਿਫਤਾਰ ਕਰਕੇ ਉਨ੍ਹਾਂ ਦਾ ਸਾਮਾਨ ਵੀ ਜ਼ਬਤ ਕਰ ਲਿਆ। ਉਨ੍ਹਾਂ ਨੂੰ ਅਗਲੀ ਕਾਰਵਾਈ ਲਈ ਕਾਂਕੇਸੰਤੁਰਾਈ ਬੰਦਰਗਾਹ 'ਤੇ ਲਿਜਾਇਆ ਗਿਆ। ਮਛੇਰਿਆਂ ਦਾ ਮੁੱਦਾ ਭਾਰਤ ਅਤੇ ਸ੍ਰੀਲੰਕਾ ਦੇ ਸੰਬੰਧਾਂ 'ਚ ਲੰਮੇ ਸਮੇਂ ਤੋਂ ਵਿਵਾਦਪੂਰਨ ਚਲਿਆ ਆ ਰਿਹਾ ਹੈ।

### ਕੋਰੋਨਾ ਦੇ 375 ਨਵੇਂ ਮਾਮਲੇ

**ਨਵੀਂ ਦਿੱਲੀ** : ਭਾਰਤ ਵਿਚ ਪਿਛਲੇ 24 ਘੰਟਿਆਂ ਦੌਰਾਨ ਕੋਰੋਨਾ ਦੇ 375 ਨਵੇਂ ਮਾਮਲੇ ਸਾਹਮਣੇ ਆਏ ਹਨ। ਸਿਹਤ ਮੰਤਰਾਲੇ ਨੇ ਐਤਵਾਰ ਦੱਸਿਆ ਕਿ ਪਿਛਲੇ 24 ਘੰਟਿਆਂ 'ਚ ਕਰਨਾਟਕ ਤੋਂ ਦੋ ਮੌਤਾਂ ਦੀ ਖਬਰ ਹੈ। ਅਧਿਕਾਰਤ ਸਰੋਤ ਅਨੁਸਾਰ ਮੌਜੂਦਾ ਅੰਕੜਿਆਂ ਤੋਂ ਪਤਾ ਲੱਗਦਾ ਹੈ ਕਿ ਜੇ ਐੱਨ.1 ਵੈਰੀਐਂਟ ਦਾ ਕੋਈ ਜ਼ਿਆਦਾ ਪ੍ਰਭਾਵ ਦੇਖਣ ਨੂੰ ਨਹੀਂ ਮਿਲ ਰਿਹਾ, ਜਿਸ ਦੇ ਚਲਦਿਆਂ ਨਾ ਤਾਂ ਨਵੇਂ ਮਾਮਲਿਆਂ 'ਚ ਤੇਜ਼ੀ ਨਾਲ ਵਾਧਾ ਹੋਇਆ ਹੈ ਅਤੇ ਨਾ ਹੀ ਹਸਪਤਾਲ 'ਚ ਭਰਤੀ ਹੋਣ ਅਤੇ ਮੌਤ ਦਰ ਵਧੀ ਹੈ।

## 55 ਸਾਲ ਕਾਂਗਰਸ ਨਾਲ ਰਹੇ ਖਾਨਦਾਨ ਦਾ ਫਰਜ਼ੰਦ ਟਪੂਸੀ ਮਾਰ ਗਿਆ

**ਮੁੰਬਈ** : ਕਾਂਗਰਸੀ ਆਗੂ ਅਤੇ ਸਾਬਕਾ ਕੇਂਦਰੀ ਮੰਤਰੀ ਮਿਲਿੰਦ ਦੇਵੜਾ ਨੇ ਐਤਵਾਰ ਪਾਰਟੀ ਦੀ ਮੁਢਲੀ ਮੈਂਬਰਸ਼ਿਪ ਤੋਂ ਅਸਤੀਫਾ ਦੇ ਦਿੱਤਾ। ਦੱਖਣੀ ਮੁੰਬਈ ਸੀਟ ਤੋਂ ਲੋਕ ਸਭਾ ਦੇ ਸਾਬਕਾ ਮੈਂਬਰ ਦੇਵੜਾ ਨੇ ਸੋਸ਼ਲ ਮੀਡੀਆ ਮੰਚ ਐੱਕਸ 'ਤੇ ਲਿਖਿਆ—ਅੱਜ ਮੇਰੀ ਸਿਆਸੀ ਯਾਤਰਾ ਦੇ ਇਕ ਮਹੱਤਵਪੂਰਨ ਪੰਨੇ ਦਾ ਅੰਤ ਹੋ ਗਿਆ। ਮੈਂ ਕਾਂਗਰਸ ਦੀ ਮੁਢਲੀ ਮੈਂਬਰਸ਼ਿਪ ਤੋਂ ਅਸਤੀਫਾ ਦਿੰਦਾ ਹਾਂ। ਪਾਰਟੀ ਨਾਲ ਮੇਰੇ ਪਰਵਾਰ ਦਾ 55 ਸਾਲ ਪੁਰਾਣਾ ਰਿਸ਼ਤਾ ਖਤਮ ਹੋ ਗਿਆ ਹੈ। ਮੈਂ ਸਾਲਾਂਬੱਧੀ ਸਮਰਥਨ ਦੇਣ ਵਾਲੇ ਆਪਣੇ ਸਾਰੇ ਆਗੂਆਂ ਅਤੇ ਵਰਕਰਾਂ ਦਾ ਧੰਨਵਾਦੀ ਰਹਾਂਗਾ।

ਇਸ ਮਗਰੋਂ ਉਨ੍ਹਾ ਮੁੰਬਈ ਦੇ ਸਿੱਧੀ ਵਿਨਾਇਕ ਮੰਦਰ 'ਚ ਮੱਥਾ ਟੇਕਿਆ ਤੇ ਫਿਰ ਸ਼ਿਵ ਸੈਨਾ (ਸ਼ਿੰਦੇ) ਵਿਚ ਸ਼ਾਮਲ ਹੋ ਗਏ। ਦੇਵੜਾ ਇਸ ਗੱਲੋਂ ਔਖੇ ਸਨ ਕਿ ਇੰਡੀਆ ਗੱਠਜੋੜ ਵਿਚ ਸ਼ਾਮਲ ਸ਼ਿਵ ਸੈਨਾ (ਠਾਕਰੇ) ਦੱਖਣੀ ਮੁੰਬਈ ਸੀਟ 'ਤੇ ਦਾਅਵਾ ਕਰ ਰਹੀ ਹੈ। ਦੇਵੜਾ ਇਸ ਸੀਟ ਤੋਂ 2004 ਤੇ 2009 ਵਿਚ ਜਿੱਤੇ ਸਨ, ਪਰ 2014 ਤੇ 2019 ਵਿਚ ਹਾਰ ਗਏ ਸਨ।



'ਭਾਰਤ ਜੋੜੋ ਨਿਆਏ ਯਾਤਰਾ' ਦੀ ਸ਼ੁਰੂਆਤ ਤੋਂ ਠੀਕ ਪਹਿਲਾਂ ਆਪਣੇ ਸੀਨੀਅਰ ਆਗੂ ਮਿਲਿੰਦ ਦੇਵੜਾ ਦੇ ਅਸਤੀਫਾ ਦੇਣ 'ਤੇ ਕਾਂਗਰਸ ਨੇ ਪ੍ਰਤੀਕਰਮ ਦਿੰਦਿਆਂ ਦੋਸ਼ ਲਗਾਇਆ ਕਿ ਉਨ੍ਹਾ ਦੇ ਪਾਰਟੀ ਛੱਡਣ ਦੇ ਐਲਾਨ ਦਾ ਸਮਾਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਤੈਅ ਕੀਤਾ ਗਿਆ ਸੀ। ਕਾਂਗਰਸ ਦੇ ਜਨਰਲ ਸਕੱਤਰ ਜੈਰਾਮ ਰਮੇਸ਼ ਨੇ ਦੱਸਿਆ ਕਿ ਦੇਵੜਾ ਨੇ ਸ਼ੁੱਕਰਵਾਰ ਨੂੰ ਉਨ੍ਹਾ ਨਾਲ ਫੋਨ 'ਤੇ ਗੱਲ ਕੀਤੀ ਸੀ। ਉਹ ਰਾਹੁਲ ਗਾਂਧੀ ਨੂੰ ਮਿਲਣਾ ਚਾਹੁੰਦੇ ਸਨ। ਜੋ ਸਪੱਸ਼ਟ ਤੌਰ 'ਤੇ ਮਜ਼ਾਕ ਸੀ ਅਤੇ ਅਸਲ 'ਚ ਉਨ੍ਹਾ ਕਾਂਗਰਸ ਛੱਡਣ ਦਾ ਮਨ ਬਣਾ ਲਿਆ ਸੀ।

ਇਸੇ ਦੌਰਾਨ ਜੈਰਾਮ ਰਮੇਸ਼ ਨੇ ਲੋਕ ਸਭਾ ਚੋਣਾਂ 'ਚ ਭਾਜਪਾ ਦੀ ਜਿੱਤ ਦੇ ਦਾਅਵੇ ਨੂੰ ਰੱਦ ਕਰਦਿਆਂ ਕਿਹਾ ਕਿ ਟਾਈਗਰ ਜ਼ਿੰਦਾ ਹੈ ਅਤੇ ਵਿਰੋਧੀ ਗਠਜੋੜ ਇੰਡੀਆ 2004 ਦਾ ਇਤਿਹਾਸ ਦੁਹਰਾਏਗਾ। ਉਨ੍ਹਾ ਕਿਹਾ ਕਿ 2004 'ਚ ਸ਼ਾਈਨਿੰਗ ਇੰਡੀਆ ਮੁਹਿੰਮ ਦੇ ਬਾਵਜੂਦ ਭਾਜਪਾ ਨੂੰ ਹਾਰ ਮਿਲੀ ਸੀ। ਉਨ੍ਹਾ ਕਿਹਾ ਕਿ ਸਿਰਫ ਮਜ਼ਬੂਤ ਕਾਂਗਰਸ ਹੀ ਮਜ਼ਬੂਤ ਵਿਰੋਧੀ ਧਿਰ ਬਣਾ ਸਕਦੀ ਹੈ ਅਤੇ ਕਾਂਗਰਸ ਨੂੰ ਮਜ਼ਬੂਤ ਕਰਨ ਲਈ 'ਭਾਰਤ ਜੋੜੋ ਨਿਆਏ ਯਾਤਰਾ' ਕੱਢੀ ਜਾ ਰਹੀ ਹੈ।

## ਮਾਘੀ ਮੇਲੇ 'ਤੇ ਨਾਟ ਉਤਸਵ 'ਚ ਵਿਰਸੇ ਦੀ ਲੋਅ ਜਗਦੀ ਰੱਖਣ ਦਾ ਹੋਕਾ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਪਰਮਜੀਤ ਸਿੰਘ)**-ਮਾਘੀ ਮੇਲੇ ਮੌਕੇ ਤਰਕਸ਼ੀਲ ਸੁਸਾਇਟੀ ਪੰਜਾਬ ਮੁਕਤਸਰ ਫਾਜ਼ਿਲਕਾ ਜ਼ੋਨ ਵੱਲੋਂ ਪੰਜਾਬ ਲੋਕ ਸੱਭਿਆਚਾਰਕ (ਪਲਸ ਮੰਚ) ਤੇ ਲੋਕ ਪੱਖੀ ਸੰਸਥਾਵਾਂ ਦੇ ਸਹਿਯੋਗ ਨਾਲ ਨਾਟਕਕਾਰ ਗੁਰਸ਼ਰਨ ਭਾਅ ਜੀ ਨੂੰ ਯਾਦ ਕਰਦਿਆਂ 25ਵਾਂ ਪ੍ਰਭਾਵਸ਼ਾਲੀ ਤਿੰਨ ਰੋਜ਼ਾ ਨਾਟ ਉਤਸਵ ਦਾ 40 ਮੁਕਤਿਆਂ, ਮਾਈ ਭਾਗੋ, ਦੁੱਲਾ ਭੱਟੀ ਨੂੰ ਸਿਜਦਾ ਕਰਦਿਆਂ ਆਗਾਜ਼ ਹੋਇਆ। ਤਿੰਨ ਰੋਜ਼ਾ ਨਾਟ ਉਤਸਵ ਦੇ ਪਹਿਲੇ ਦਿਨ ਤਰਕਸ਼ੀਲ ਸੁਸਾਇਟੀ ਪੰਜਾਬ ਦੀ ਤਰਫੋਂ ਸਮਾਜਕ ਸਰੋਕਾਰਾਂ ਪ੍ਰਤੀ ਚਿੰਤਨਸ਼ੀਲ ਹੋਣ ਤੇ ਪੁਸਤਕ ਸੱਭਿਆਚਾਰ ਨਾਲ ਜੁੜਨ ਦਾ ਸੁਨੇਹਾ ਸੁਸਾਇਟੀ ਦੇ ਨੁਮਾਇੰਦੇ ਰਾਮ ਸਵਰਨ ਲੱਖੇਵਾਲੀ ਤੇ ਜ਼ੋਨ ਪ੍ਰਧਾਨ ਪ੍ਰਵੀਨ ਜੰਡ ਵਾਲਾ ਨੇ ਦਿੱਤਾ। ਪੰਜਾਬ ਲੋਕ ਸੱਭਿਆਚਾਰਕ ਮੰਚ ਦੇ ਪ੍ਰਧਾਨ ਅਮੋਲਕ ਸਿੰਘ ਨੇ ਖਿਦਰਾਣੇ ਦੀ ਢਾਬ ਦੀ ਸਾਡੇ ਸਮਿਆਂ ਅੰਦਰ ਪ੍ਰਸੰਗਕਤਾ ਉਭਾਰਦੇ ਹੋਏ ਕਿਹਾ ਕਿ ਮਨੀਪੁਰ, ਪਹਿਲਵਾਨ ਕੁੜੀਆਂ, ਸ਼ਾਹੀਨ ਬਾਗ, ਆਦਿਵਾਸੀ ਤੇ ਦੇਸ਼ ਭਰ ਅੰਦਰ ਜੂਝਦੀਆਂ ਔਰਤਾਂ ਅਸਲ 'ਚ ਮਾਈ ਭਾਗੋ ਦੇ ਸਿਰਜੇ ਵਰਕਿਆਂ ਤੋਂ ਅੱਗੇ ਸਫ਼ਰ ਕਰ ਰਹੀਆਂ ਨੇ। ਉਨ੍ਹਾ ਖੇਤੀ, ਸਨਅਤ, ਸਿੱਖਿਆ, ਸਿਹਤ, ਰੁਜ਼ਗਾਰ ਤੇ ਜਮਹੂਰੀ ਹੱਕਾਂ ਦੇ ਫਿਕਰਾਂ ਦੀ ਗੱਲ ਕੀਤੀ। ਮਾਨਵਤਾ ਕਲਾ ਮੰਚ ਨਗਰ (ਪਲਸ ਮੰਚ) ਵੱਲੋਂ ਗੁਰਦਿਆਲ ਰੌਸ਼ਨ ਤੇ ਅਮੋਲਕ ਸਿੰਘ ਦੀਆਂ ਲਿਖੀਆਂ ਕੋਰੀਓਗ੍ਰਾਫੀਆਂ ਤੋਂ ਇਲਾਵਾ ਕੁਲਵੰਤ ਕੌਰ ਨਗਰ ਦਾ ਲਿਖਿਆ ਜਸਵਿੰਦਰ ਪੱਪੀ ਦਾ ਨਿਰਦੇਸ਼ਤ ਨਾਟਕ 'ਚਿੜੀਆਂ ਦਾ ਚੰਬਾ' ਦੀ ਪ੍ਰਭਾਵਸ਼ਾਲੀ ਪੇਸ਼ਕਾਰੀ ਕੀਤੀ ਗਈ। ਲੋਕ ਸੰਗੀਤ ਮੰਡਲੀ

ਬਾਕੀ ਸਫ਼ਾ 2 'ਤੇ



## ਕੈਨੇਡਾ ਕੌਮਾਂਤਰੀ ਵਿਦਿਆਰਥੀਆਂ ਦੀ ਗਿਣਤੀ ਘਟਾਏਗਾ

ਓਟਵਾ : ਕੈਨੇਡਾ 'ਚ ਵਧ ਰਹੀ ਬੇਰੁਜ਼ਗਾਰੀ ਅਤੇ ਰਿਹਾਇਸ਼ੀ ਸੰਕਟ ਦੇ ਮੱਦੇਨਜ਼ਰ ਇਮੀਗ੍ਰੇਸ਼ਨ ਮੰਤਰੀ ਮਾਰਕ ਮਿਲਰ ਨੇ ਕਿਹਾ ਕਿ ਅਗਲੇ ਕੁਝ ਮਹੀਨਿਆਂ 'ਚ ਉਹ ਕੌਮਾਂਤਰੀ ਵਿਦਿਆਰਥੀਆਂ ਦੀ ਗਿਣਤੀ 'ਤੇ ਕੈਪ ਲਗਾਉਣ ਸੰਬੰਧੀ ਵਿਚਾਰ ਕਰ ਰਹੇ ਹਨ, ਪਰ ਉਨ੍ਹਾ ਇਹ ਨਹੀਂ ਦੱਸਿਆ ਕਿ ਸਰਕਾਰ ਕਿੰਨੀ ਕਟੌਤੀ ਕਰਨ ਦੀ ਯੋਜਨਾ ਬਣਾ ਰਹੀ ਹੈ। ਮਾਰਕ ਮਿਲਰ ਨੇ 90 ਲੱਖ ਕੌਮਾਂਤਰੀ ਵਿਦਿਆਰਥੀਆਂ ਬਾਰੇ ਚਿੰਤਾ ਜ਼ਾਹਰ ਕਰਦਿਆਂ ਕਿਹਾ ਕਿ ਫੈਡਰਲ ਸਰਕਾਰ ਗਿਣਤੀ ਘਟਾਉਣ ਬਾਰੇ ਸੂਬਾਈ ਸਰਕਾਰਾਂ ਨਾਲ ਗੱਲ ਕਰੇਗੀ। ਮਿਲਰ ਨੇ ਕਿਹਾ ਕਿ ਕੌਮਾਂਤਰੀ ਵਿਦਿਆਰਥੀਆਂ ਦੀ ਗਿਣਤੀ ਕੰਟਰੋਲ ਤੋਂ ਬਾਹਰ ਹੋ ਗਈ ਹੈ। ਵਿਦਿਆਰਥੀਆਂ ਲਈ ਕੈਨੇਡਾ ਪਸੰਦੀਦਾ ਦੇਸ਼ ਹੈ, ਕਿਉਂਕਿ ਇੱਥੇ ਵਰਕ ਪਰਮਿਟ ਪ੍ਰਾਪਤ ਕਰਨਾ ਦੂਜੇ ਦੇਸ਼ਾਂ ਦੇ ਮੁਕਾਬਲੇ ਆਸਾਨ ਹੈ। ਕੈਨੇਡਾ ਵਿਚ ਰਿਹਾਇਸ਼ੀ ਸੰਕਟ ਲਈ ਪ੍ਰਵਾਸੀਆਂ ਅਤੇ ਕੌਮਾਂਤਰੀ ਵਿਦਿਆਰਥੀਆਂ ਦੀ ਗਿਣਤੀ 'ਚ ਵਾਧੇ ਨੂੰ ਜ਼ਿੰਮੇਵਾਰ ਮੰਨਿਆ ਜਾ ਰਿਹਾ ਹੈ, ਜਿਸ ਕਾਰਨ ਘਰਾਂ ਦੀ ਮੰਗ ਹੋਰ ਵਧ ਗਈ ਹੈ। ਘਰਾਂ ਦੀ ਵਧਦੀ ਮੰਗ ਕਾਰਨ ਇਮੀਗ੍ਰੇਸ਼ਨ 'ਚ ਢਿੱਲ ਦੇਣ ਲਈ ਸਰਕਾਰ ਨੂੰ ਆਲੋਚਨਾ ਦਾ ਸਾਹਮਣਾ ਕਰਨਾ ਪਿਆ ਹੈ। ਕੈਨੇਡਾ 'ਚ ਵੱਡੀ ਗਿਣਤੀ 'ਚ ਕੌਮਾਂਤਰੀ ਵਿਦਿਆਰਥੀ ਭਾਰਤ ਤੋਂ ਹਨ। ਪਿਛਲੇ ਸਾਲ ਨਵੰਬਰ ਦੇ ਅੰਤ ਤੱਕ ਉਨ੍ਹਾਂ ਦੀ ਗਿਣਤੀ ਕੁੱਲ ਵਿਦੇਸ਼ੀ ਵਿਦਿਆਰਥੀਆਂ ਦਾ 37 ਫੀਸਦੀ ਤੋਂ ਵੱਧ ਸੀ। ਖਾਸ ਕਰਕੇ ਕੈਨੇਡਾ 'ਚ ਪਿਛਲੇ ਦੋ ਦਹਾਕਿਆਂ 'ਚ ਪੰਜਾਬੀਆਂ ਦੀ ਆਬਾਦੀ ਦੁੱਗਣੀ ਹੋ ਗਈ ਹੈ। ਬੀਤੇ ਸਾਲ ਦਸੰਬਰ 'ਚ ਵੀ ਕੈਨੇਡਾ ਸਰਕਾਰ ਨੇ ਨਿਯਮਾਂ 'ਚ ਬਦਲਾਅ ਕੀਤਾ ਸੀ। ਇਸ ਨਾਲ ਕੈਨੇਡਾ ਜਾਣਾ ਪਹਿਲਾਂ ਨਾਲੋਂ ਔਖਾ ਤੇ ਮਹਿੰਗਾ ਹੋ ਗਿਆ ਹੈ। ਸਰਕਾਰ ਨੇ ਜਿੱਥੇ ਜੀ ਆਈ ਸੀ ਦੀ ਰਕਮ ਦੁੱਗਣੀ ਕੀਤੀ ਹੈ, ਉੱਥੇ ਵਰਕ ਪਰਮਿਟ 'ਚ ਵੀ ਕਈ ਬਦਲਾਅ ਕੀਤੇ ਹਨ, ਜੋ ਕਿ ਜਨਵਰੀ ਤੋਂ ਲਾਗੂ ਹੋ ਗਏ ਹਨ।



## ਸੀਨੀਅਰ ਪੱਤਰਕਾਰ ਅਮਰਜੀਤ ਸਿੰਘ ਬੱਬਰੀ ਦਾ ਦੇਹਾਂਤ

**ਧਰਮਕੋਟ (ਗੁਰਦੀਪ ਸਿੰਘ ਭੁੱਲਰ)**

ਮੋਗਾ ਤੋਂ 'ਨਵਾਂ ਜ਼ਮਾਨਾ' ਦੇ ਸੀਨੀਅਰ ਪੱਤਰਕਾਰ ਅਮਰਜੀਤ ਸਿੰਘ ਬੱਬਰੀ ਦੀ ਸ਼ਨੀਵਾਰ ਰਾਤ ਅਚਾਨਕ ਦਿਲ ਦਾ ਦੌਰਾ ਪੈਣ ਕਾਰਨ ਮੌਤ ਹੋ ਗਈ। ਬੱਬਰੀ ਲੰਮੇ ਸਮੇਂ ਤੋਂ 'ਨਵਾਂ ਜ਼ਮਾਨਾ' ਵਿੱਚ ਕੰਮ ਕਰ ਰਹੇ ਸਨ। ਉਹ ਮਿਹਨਤੀ ਅਤੇ ਇਮਾਨਦਾਰ ਸ਼ਖ਼ਸੀਅਤ ਸਨ। ਉਹ ਬਹੁਤ ਮਿਲਾਪੜੇ ਅਤੇ ਨਿੱਘੇ ਸੁਭਾਅ ਦੇ ਮਾਲਕ ਸਨ। ਹਰ ਕਿਸੇ ਨੂੰ ਇੱਜ਼ਤ ਨਾਲ ਬੁਲਾਉਂਦੇ ਸਨ। ਉਹਨਾ ਦੇ ਯਾਰਾਂ-ਦੋਸਤਾਂ ਦਾ ਘੇਰਾ ਬਹੁਤ ਵਿਸ਼ਾਲ ਸੀ ਤੇ ਹਰ ਇੱਕ ਦੇ ਦੁੱਖ-ਸੁੱਖ ਵਿੱਚ ਸ਼ਾਮਲ ਹੁੰਦੇ ਸਨ। ਪੱਤਰਕਾਰੀ ਦੇ ਖੇਤਰ ਵਿੱਚ ਉਹਨਾ ਆਪਣੀ ਮਿਹਨਤ ਨਾਲ ਬਹੁਤ ਤਰੱਕੀ ਕੀਤੀ। ਉਹਨਾ ਅਨੇਕਾਂ ਉਭਰਦੇ ਪੱਤਰਕਾਰਾਂ ਨੂੰ ਪੱਤਰਕਾਰੀ ਦੀਆਂ ਬਾਰੀਕੀਆਂ ਦੱਸੀਆਂ ਅਤੇ ਚੰਗੇ ਰਾਹ ਪਾਇਆ। ਉਹ ਸਮਾਜ ਸੁਧਾਰਕ ਸਨ ਅਤੇ ਹਰ ਕਿਸੇ ਦੀ ਸਹਾਇਤਾ ਕਰਨ ਲਈ ਹਮੇਸ਼ਾ ਤਿਆਰ ਰਹਿੰਦੇ ਸਨ। ਉਹਨਾ ਦੇ ਦੇਹਾਂਤ ਨਾਲ ਪਰਵਾਰ ਅਤੇ ਪੱਤਰਕਾਰ ਭਾਈਚਾਰੇ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਮੋਗਾ ਦੇ ਸਕੱਤਰ ਕੁਲਦੀਪ ਭੋਲਾ ਨੇ ਸੀਨੀਅਰ ਪੱਤਰਕਾਰ ਅਮਰਜੀਤ ਸਿੰਘ ਬੱਬਰੀ ਦੇ ਦੇਹਾਂਤ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਉਹਨਾ ਦੇ ਬੇਵਕਤ ਜਾਣ ਨਾਲ ਪਰਵਾਰ, ਸਮਾਜ ਤੇ ਪੱਤਰਕਾਰ ਭਾਈਚਾਰੇ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ।



## ਅੱਜ-ਨਾਮਾ

ਆਇਆ ਬਾਜ਼ ਨਾ ਬਾਈ ਨਵਜੋਤ ਸਿੱਧੂ,
ਜਲਸਾ ਹੋਰ ਇੱਕ ਲਿਆ ਹੈ ਰੱਖ ਮੀਆਂ।
ਮੋਗੇ ਵਿੱਚ ਉਹ ਲੱਗਾ ਈ ਕਰਨ ਜਲਸਾ,
ਜ਼ਿਲ੍ਹੇ ਦੇ ਲੀਡਰ ਖੜੋਤੇ ਸਭ ਵੱਖ ਮੀਆਂ।
ਸੂਬਾ ਪਾਰਟੀ ਮੁੜ-ਮੁੜ ਵਿਰੋਧ ਕਰਦੀ,
ਅਸਰ ਸਿੱਧੂ 'ਤੇ ਪਿਆ ਨਾ ਕੱਖ ਮੀਆਂ।
ਰੱਖਣੀ ਇਕੱਠੀ ਇਹ ਲੋੜਦੇ ਪਾਰਟੀ ਨੂੰ,
ਹੋਰ ਥਾਂ ਲੱਗੀ ਆ ਸਿੱਧੂ ਦੀ ਅੱਖ ਮੀਆਂ।
ਦਬਕਾ ਛੱਡੇ ਡਿਸਿਪਲਿਨ ਦਾ ਪਿਆ ਕੋਈ,
ਅੱਥਰਾ ਘੋੜਾ ਨਾ ਆਊ ਇਹ ਵੱਸ ਮੀਆਂ।
ਕਿੰਨੇ ਕੁ ਦਿਨ ਉਹ ਰਹੇਗਾ ਪਾਰਟੀ ਵਿੱਚ,
ਕੋਈ ਵੀ ਸਕਦਾ ਨਜੂਮੀ ਨਾ ਦੱਸ ਮੀਆਂ।

-ਤੀਸ ਮਾਰ ਖਾਂ

## ਰਾਮ ਲਲਾ ਦੀ ਪ੍ਰਾਣ ਪ੍ਰਤਿਸ਼ਠਾ ਤੋਂ ਪਹਿਲਾਂ ਅਯੁੱਧਿਆ 'ਚ 13 ਹਜ਼ਾਰ ਤੋਂ ਵੱਧ ਜਵਾਨ ਤਾਇਨਾਤ

**ਲਖਨਊ** : ਅਯੁੱਧਿਆ 'ਚ ਸ੍ਰੀ ਰਾਮ ਲਲਾ ਦੀ ਮੂਰਤੀ ਸਥਾਪਤ ਕਰਨ ਦੇ ਸਮਾਗਮ ਮੌਕੇ 13 ਹਜ਼ਾਰ ਤੋਂ ਵੱਧ ਸੁਰੱਖਿਆ ਕਰਮਚਾਰੀਆਂ ਦੀ ਤਾਇਨਾਤੀ ਹੋਵੇਗੀ। ਸੁਰੱਖਿਆ ਨੂੰ ਏ ਟੀ ਐੱਸ ਕਮਾਂਡੋਜ਼ ਅਤੇ ਸਿਪਾਹੀਆਂ ਦੇ ਨਾਲ-ਨਾਲ ਇਸ ਨੂੰ ਆਰਟੀਫੀਸ਼ੀਅਲ ਇੰਟੈਲੀਜੈਂਸ (ਏ ਆਈ) ਅਤੇ ਐਂਟੀ ਡਰੋਨ ਸਿਸਟਮ ਰਾਹੀਂ ਮਜ਼ਬੂਤ ਕੀਤਾ ਗਿਆ ਹੈ।

ਜ਼ਮੀਨ ਤੋਂ ਲੈ ਕੇ ਅਸਮਾਨ ਤੱਕ ਅਤੇ ਸਰਯੂ ਨਦੀ ਦੇ ਕੰਢਿਆਂ 'ਤੇ ਸਖਤ ਚੌਕਸੀ ਰਹੇਗੀ। ਸੀ ਸੀ ਟੀ ਵੀ ਕੈਮਰਿਆਂ ਰਾਹੀਂ ਸ਼ੱਕੀ ਵਿਅਕਤੀਆਂ 'ਤੇ ਵੀ ਲਗਾਤਾਰ ਨਜ਼ਰ ਰੱਖੀ ਜਾਵੇਗੀ। ਆਈ ਬੀ ਤੇ ਰਾਅ ਦੇ ਅਧਿਕਾਰੀਆਂ ਨੇ ਵੀ ਅਯੁੱਧਿਆ 'ਚ ਡੇਰੇ ਲਾਏ ਹੋਏ ਹਨ ਅਤੇ ਕਈ ਪੱਧਰਾਂ 'ਤੇ ਸੁਰੱਖਿਆ ਪ੍ਰਬੰਧਾਂ ਦੀ ਲਗਾਤਾਰ ਸਮੀਖਿਆ ਕੀਤੀ ਜਾ ਰਹੀ ਹੈ।

ਮੁੱਖ ਮੰਤਰੀ ਯੋਗੀ ਆਦਿਤਿਆਨਾਥ ਨੇ ਆਧੁਨਿਕ ਤਕਨੀਕ ਦੀ ਮਦਦ ਨਾਲ ਹਰ ਨੁੱਕਰ 'ਤੇ ਨਜ਼ਰ ਰੱਖਣ ਦੇ ਸਖਤ ਨਿਰਦੇਸ਼ ਦਿੱਤੇ ਹਨ। ਅਯੁੱਧਿਆ 'ਚ ਮਹਿਮਾਨਾਂ ਦੀ ਸੁਰੱਖਿਆ ਲਈ ਬਾਰ ਕੋਡਿੰਗ ਦੀ ਵੀ ਵਰਤੋਂ ਕੀਤੀ ਜਾ ਰਹੀ ਹੈ। ਆਈ ਜੀ ਅਯੁੱਧਿਆ ਰੇਂਜ ਪ੍ਰਵੀਨ ਕੁਮਾਰ ਅਨੁਸਾਰ ਅਯੁੱਧਿਆ ਨੂੰ ਰੈੱਡ ਅਤੇ ਯੈਲੋ ਜ਼ੋਨ 'ਚ ਵੰਡ ਕੇ ਸੁਰੱਖਿਆ ਦੇ ਪੁਖਤਾ ਪ੍ਰਬੰਧ ਕੀਤੇ ਗਏ ਹਨ। ਅਯੁੱਧਿਆ 'ਚ 100 ਤੋਂ ਵੱਧ ਡੀ ਐੱਸ ਪੀ, ਕਰੀਬ 325 ਇੰਸਪੈਕਟਰ ਅਤੇ ਹੋਰ ਜ਼ਿਲ੍ਹਿਆਂ ਦੇ 800 ਸਬ-ਇੰਸਪੈਕਟਰ ਤਾਇਨਾਤ ਕੀਤੇ ਗਏ ਹਨ।

ਮੁੱਖ ਸਮਾਰੋਹ ਤੋਂ ਪਹਿਲਾਂ 11,000 ਪੁਲਸ ਅਤੇ ਨੀਮ ਫੌਜੀ ਜਵਾਨਾਂ ਨੂੰ ਤਾਇਨਾਤ ਕੀਤਾ ਜਾਵੇਗਾ। ਵੀ ਆਈ ਪੀ ਸੁਰੱਖਿਆ ਲਈ ਤਿੰਨ ਡੀ ਆਈ ਜੀ, 17 ਐੱਸ ਪੀ, 40 ਐਡੀਸ਼ਨਲ ਐੱਸ ਪੀ, 82 ਡੀ ਐੱਸ ਪੀ, 90 ਇੰਸਪੈਕਟਰ, ਇੱਕ ਹਜ਼ਾਰ ਤੋਂ ਵੱਧ ਕਾਂਸਟੇਬਲ ਅਤੇ ਪੀ ਏ ਸੀ ਦੀਆਂ ਚਾਰ ਕੰਪਨੀਆਂ ਦੇ ਜਵਾਨ ਤਾਇਨਾਤ ਕੀਤੇ ਗਏ ਹਨ।

ਸੀ ਸੀ ਟੀ ਵੀ ਕੈਮਰਿਆਂ ਰਾਹੀਂ ਪੂਰੇ ਸ਼ਹਿਰ ਦੀ ਨਿਗਰਾਨੀ ਕੀਤੀ ਜਾ ਰਹੀ ਹੈ। ਨਿੱਜੀ ਅਦਾਰਿਆਂ ਅਤੇ ਘਰਾਂ 'ਚ ਲਗਾਏ ਗਏ 1500 ਸੀ ਸੀ ਟੀ ਵੀ ਕੈਮਰਿਆਂ ਨੂੰ (ਇੰਟੈਗਰੇਟਿਡ ਟ੍ਰੈਫਿਕ ਮੈਨੇਜਮੈਂਟ ਸਿਸਟਮ) ਨਾਲ ਜੋੜਿਆ ਗਿਆ ਹੈ। ਸ਼ੱਕੀ ਵਿਅਕਤੀਆਂ ਦੀ ਪਛਾਣ ਕਰਨ ਲਈ ਯੈਲੋ ਜ਼ੋਨ 'ਚ 10,715 ਸਥਾਨਾਂ 'ਤੇ ਆਧਾਰਤ ਵੱਡੀਆਂ ਸਕਰੀਨਾਂ ਲਗਾਈਆਂ ਗਈਆਂ ਹਨ।

ਰੈੱਡ ਅਤੇ ਯੈਲੋ ਜ਼ੋਨ ਨੂੰ 12 ਐਂਟੀ ਡਰੋਨ ਪ੍ਰਣਾਲੀਆਂ ਰਾਹੀਂ ਸੁਰੱਖਿਅਤ ਕੀਤਾ ਗਿਆ ਹੈ। ਪੰਜ ਕਿਲੋਮੀਟਰ ਦੇ ਘੇਰੇ 'ਚ ਉੱਡਣ ਵਾਲੇ ਕਿਸੇ ਵੀ ਡਰੋਨ ਨੂੰ ਲੱਭਿਆ ਜਾ ਸਕਦਾ ਹੈ ਅਤੇ ਬੰਦ ਕੀਤਾ ਜਾ ਸਕਦਾ ਹੈ।



## ਸੰਯੁਕਤ ਕਿਸਾਨ ਮੋਰਚੇ ਦੀ ਭਲਕੇ ਜਲੰਧਰ 'ਚ ਕੌਮੀ ਕਨਵੈਨਸ਼ਨ

**ਚੰਡੀਗੜ੍ਹ** : ਸੰਯੁਕਤ ਕਿਸਾਨ ਮੋਰਚਾ ਦੀ ਆਲ ਇੰਡੀਆ ਕਿਸਾਨ ਕਨਵੈਨਸ਼ਨ 16 ਜਨਵਰੀ ਨੂੰ ਜਲੰਧਰ ਵਿਖੇ ਹੋਵੇਗੀ। ਇਸ 'ਚ ਭਾਰਤ ਸਰਕਾਰ ਵੱਲੋਂ ਪਿਛਲੇ 10 ਸਾਲਾਂ ਦੌਰਾਨ ਖੇਤੀਬਾੜੀ 'ਤੇ ਕਾਰਪੋਰੇਟ ਹਮਲੇ ਬਾਰੇ ਵਿਚਾਰ-ਵਟਾਂਦਰਾ ਕੀਤਾ ਜਾਵੇਗਾ। ਕਨਵੈਨਸ਼ਨ 'ਚ ਕਾਰਪੋਰੇਟ ਲੁੱਟ ਨੂੰ ਖਤਮ ਕਰਨ, ਖੇਤੀਬਾੜੀ ਨੂੰ ਬਚਾਉਣ ਅਤੇ ਭਾਰਤ ਦੇਸ਼ ਨੂੰ ਬਚਾਉਣ ਲਈ ਮਜ਼ਦੂਰ-ਕਿਸਾਨ ਏਕਤਾ 'ਤੇ ਅਧਾਰਤ ਸੁਤੰਤਰ ਅਤੇ ਇੱਕਜੁੱਟ ਸੰਘਰਸ਼ਾਂ ਦੀ ਵਿਆਪਕ ਯੋਜਨਾ ਬਣਾਉਣ ਲਈ ਵਿਚਾਰ-ਚਰਚਾ ਕੀਤੀ ਜਾਵੇਗੀ। ਇਸ ਵਿਚ ਦੇਸ਼ ਭਰ ਤੋਂ ਸੰਯੁਕਤ ਕਿਸਾਨ ਮੋਰਚੇ ਵਿਚ ਸ਼ਾਮਲ ਜਥੇਬੰਦੀਆਂ ਦੇ ਲਗਭਗ 1000 ਡੈਲੀਗੇਟ ਹਿੱਸਾ ਲੈਣਗੇ।

ਕਾਲੇ ਖੇਤੀ ਕਾਨੂੰਨਾਂ ਖਿਲਾਫ ਕਿਸਾਨਾਂ ਨੇ 26 ਨਵੰਬਰ 2020 ਨੂੰ ਦਿੱਲੀ ਦੀਆਂ ਬਰੂਹਾਂ 'ਤੇ 13 ਮਹੀਨਿਆਂ ਤੱਕ ਚੱਲੇ ਇਤਿਹਾਸਕ ਕਿਸਾਨ ਸੰਘਰਸ਼ ਨੂੰ ਮੁਅੱਤਲ ਕਰ ਦਿੱਤਾ ਸੀ, ਜਿਸ 'ਚ 735 ਕਿਸਾਨ ਸ਼ਹੀਦ ਹੋ ਗਏ ਸਨ। ਇਸ ਘੋਲ ਦੇ ਨਤੀਜੇ ਵਜੋਂ ਮੋਦੀ ਸਰਕਾਰ ਵੱਲੋਂ 9 ਦਸੰਬਰ 2021 ਨੂੰ ਕੀਤੇ ਗਏ ਲਿਖਤੀ ਭਰੋਸੇ ਦੇ ਪੂਰੇ ਦੋ ਸਾਲ ਹੋ ਗਏ ਹਨ, ਪਰ ਪ੍ਰਧਾਨ ਮੰਤਰੀ ਨੇ ਅਜੇ ਤੱਕ ਲਿਖਤੀ ਭਰੋਸੇ ਨੂੰ ਲਾਗੂ ਨਹੀਂ ਕੀਤਾ।

15-JAN-PAGE-1.qxd 1/14/2024 9:40 PM Page 2



## ਮਾਲਵਾ ਗਰੁੱਪ ਆਫ਼ ਕਾਲਜਿਜ਼ ਵਿਖੇ ਲੋਹੜੀ ਦਾ ਤਿਉਹਾਰ ਮਨਾਇਆ



**ਸਰਦੂਲਗੜ੍ਹ (ਪ ਪ)**-ਅੱਜ ਸਰਦੂਲਗੜ੍ਹ ਏਰੀਏ ਦੀ ਸਿਰਮੌਰ ਸੰਸਥਾ ਮਾਲਵਾ ਗਰੁੱਪ ਆਫ਼ ਕਾਲਜਿਜ਼ ਸਰਦੂਲੇਵਾਲਾ ਦੇ ਵਿਹੜੇ ਵਿਖੇ ਸੰਸਥਾ ਦੀਆਂ ਵਿਦਿਆਰਥਣਾਂ ਅਤੇ ਸਟਾਫ ਮੈਂਬਰਾਂ ਨੇ ਸਮੂਹਕ ਰੂਪ 'ਚ ਲੋਹੜੀ ਮਨਾਈ ਜਿਸ ਵਿੱਚ ਮੁੱਖ ਮਹਿਮਾਨ ਵਜੋਂ ਸੰਸਥਾ ਦੀ ਮੈਨੇਜਿੰਗ ਡਾਇਰੈਕਟਰ ਰਾਜ ਸੋਢੀ ਨੇ ਸ਼ਿਰਕਤ ਕੀਤੀ। ਇਸ ਮੌਕੇ ਉਨ੍ਹਾਂ ਵਿਦਿਆਰਥਣਾਂ ਨੂੰ ਸੰਬੋਧਨ ਕਰਦੇ ਹੋਏ ਜਿੱਥੇ ਲੋਹੜੀ ਅਤੇ ਮਾਘੀ ਦੀ ਵਧਾਈ ਦਿੱਤੀ ਉਥੇ ਉਨ੍ਹਾਂ ਵਿਦਿਆਰਥਣਾਂ ਨੂੰ ਵਾਤਾਵਰਣ ਸੰਭਾਲ ਅਤੇ ਸਵੱਛ ਭਾਰਤ ਅਭਿਆਨ ਦਾ ਹਿੱਸਾ ਬਣਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਦੱਸਿਆ ਕਿ ਜੇਕਰ ਸਾਡਾ ਆਲਾ ਦੁਆਲਾ ਅਤੇ ਵਾਤਾਵਰਨ ਸਾਫ ਹੋਵੇਗਾ ਅਸੀ ਇੱਕ ਤੰਦਰੁਸਤ ਜੀਵਨ ਦਾ ਅਨੰਦ ਮਾਣ ਸਕਦੇ ਹਾਂ। ਲੜਕੀਆਂ ਨੇ ਸਟਾਫ ਨਾਲ ਮਿਲ ਕੇ ਜਸ਼ਨ ਮਨਾਇਆ ਅਤੇ ਗਿੱਧਾ ਪਾਇਆ। ਕਾਲਜ 'ਚ ਲੋਹੜੀ ਬਾਲੀ ਗਈ ਅਤੇ ਰਿਉੜੀਆਂ, ਮੂੰਗਫਲੀ ਦਾ ਪ੍ਰਬੰਧ ਵੀ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰੋ. ਬਲਜੀਤ ਪਾਲ ਸਿੰਘ, ਅਰਵਿੰਦਰ ਸਿੰਗਲਾ, ਜਸਪਾਲ ਕੌਰ, ਸਿੰਬਲਪਾਲ, ਰਕਸ਼ਾ ਰਾਣੀ, ਮਨਦੀਪ ਕੌਰ, ਅਮਨਦੀਪ ਕੌਰ, ਰੇਖਾ ਰਾਣੀ, ਆਸ਼ੂ ਸਿੰਗਲਾ, ਸੁਨੀਤਾ ਰਾਣੀ ਅਤੇ ਅਮਨਦੀਪ ਕੌਰ ਆਦਿ ਹਾਜ਼ਰ ਸਨ।

## ਹਾਰਵਰਡ ਕਾਨਵੈਂਟ ਸਕੂਲ ਨੇ ਮਨਾਇਆ ਲੋਹੜੀ ਦਾ ਤਿਉਹਾਰ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਹਾਰਵਰਡ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਬਾਘਾਪੁਰਾਣਾ ਜਿੱਥੇ ਪੜ੍ਹਾਈ ਦੇ ਖੇਤਰ 'ਚ ਨਾਮਣਾ ਖੱਟ ਰਹੀ ਹੈ ਉੱਥੇ ਹੀ ਬੱਚਿਆਂ ਨੂੰ ਉਨ੍ਹਾਂ ਦੇ ਸੱਭਿਆਚਾਰ ਅਤੇ ਤਿਉਹਾਰਾਂ ਨਾਲ ਜੋੜਨ ਲਈ ਵੀ ਹਮੇਸ਼ਾ ਤਤਪਰ ਹੈ। ਸਕੂਲ 'ਚ ਲੋਹੜੀ ਦਾ ਤਿਉਹਾਰ ਬਹੁਤ ਹੀ ਧੂਮਧਾਮ ਨਾਲ ਮਨਾਇਆ ਗਿਆ। ਸਵੇਰ ਦੀ ਖਾਸ ਸਭਾ 'ਚ ਬੱਚਿਆਂ ਨੂੰ ਲੋਹੜੀ ਦੇ ਤਿਉਹਾਰ ਬਾਰੇ ਜਾਣੂ ਕਰਵਾਇਆ ਗਿਆ। ਬੱਚਿਆਂ ਵੱਲੋਂ ਵੱਖ ਵੱਖ ਤਰਾਂ ਦੀਆਂ ਆਇਟਮਾਂ ਪੇਸ਼ ਕੀਤੀਆਂ ਗਈਆਂ। ਉਨ੍ਹਾਂ ਨੇ ਲੋਹੜੀ ਦੇ ਇਤਿਹਾਸ ਬਾਰੇ ਚਾਨਣਾ ਪਾਇਆ। ਇਸ ਉਪਰੰਤ ਸਕੂਲ ਦੀ ਗਰਾਊਂਡ 'ਚ ਲੋਹੜੀ ਲਗਾ ਕੇ ਅਧਿਆਪਕਾਂ ਅਤੇ ਬੱਚਿਆਂ ਵੱਲੋਂ 'ਸੁੰਦਰ ਮੁੰਦਰੀਏ ਹੋ, ਤੇਰਾ ਕੌਣ ਵਿਚਾਰਾ ਹੋ" ਗੀਤ ਗਾਇਆ ਗਿਆ । ਪ੍ਰਿੰਸੀਪਲ ਅਨੀਲਾ ਨੇ ਦੱਸਿਆ ਕਿ ਇਸ ਦਿਨ ਸਰਦੀ ਦਾ ਪ੍ਰਕੋਪ ਘੱਟ ਹੋਣ ਲੱਗ ਜਾਂਦਾ ਹੈ। ਲੋਹੜੀ ਦਾ ਇਤਿਹਾਸ ਦੁੱਲਾ ਭੱਟੀ ਦੀ ਕਹਾਣੀ ਨਾਲ ਵੀ ਜੁੜਿਆ ਹੋਇਆ ਹੈ। ਦੁੱਲਾ ਭੱਟੀ ਅਕਬਰ ਦੇ ਸ਼ਾਸਨਕਾਲ ਦੌਰਾਨ ਇੱਕ ਬਾਗੀ ਸੀ ਜੋ ਕਿ ਅਮੀਰ ਲੋਕਾਂ ਦਾ ਮਾਲ ਲੁੱਟ ਕੇ ਗਰੀਬ ਲੋਕਾਂ 'ਚ ਵੰਡ ਦਿੰਦਾ ਸੀ। ਉਸ ਇਲਾਕੇ ਦੇ ਗਰੀਬ ਲੋਕ ਉਸ ਦੀ ਇਸ ਦਰਿਆ-ਦਿਲੀ ਦੇ ਕਾਇਲ ਸਨ। ਇਸ ਕਰ ਕੇ ਉਹ ਲੋਕ ਉਸ ਦਾ ਆਦਰ-ਸਤਿਕਾਰ ਤੇ ਉਸ ਨੂੰ ਪਿਆਰ ਵੀ ਕਰਦੇ ਸਨ। ਇਸ ਉਪਰੰਤ ਸਕੂਲ ਚੇਅਰਮੈਨ ਨਵਦੀਪ ਸਿੰਘ ਬਰਾੜ ਨੇ ਬੱਚਿਆਂ ਅਤੇ ਅਧਿਆਪਕਾਂ ਨੂੰ ਲੋਹੜੀ ਦੇ ਤਿਉਹਾਰ ਦੀ ਵਧਾਈ ਦਿੱਤੀ ਅਤੇ ਮੂੰਗਫਲੀ ਅਤੇ ਰਿਓੜੀਆਂ ਵੰਡੀਆਂ ਗਈਆਂ। ਇਸ ਸਮੇ ਸੀਨੀ. ਕੋਆਰਡੀਨੇਟਰ ਧਰਮਦਾਸ ਸਿੰਘ, ਮਿਡਲ ਵਿੰਗ ਕੋਆਰਡੀਨੇਟਰ ਕਮਲਜੀਤ ਕੌਰ, ਪ੍ਰਾਇਮਰੀ ਵਿੰਗ ਕੋਆਰਡੀਨੇਟਰ ਗੀਤਾ ਸ਼ਰਮਾ, ਐਕਟੀਵਿਟੀ ਇੰਚਾਰਜ ਸਰਿਤਾ ਸ਼ਰਮਾ ਸਮੇਤ ਸਮੂਹ ਟੀਚਿੰਗ ਅਤੇ ਨਾਨ ਟੀਚਿੰਗ ਸਟਾਫ ਸ਼ਾਮਲ ਸੀ।

## ਰਾਣਾ ਗਰੁੱਪ ਨੇ ਲੋਹੜੀ ਦਾ ਤਿਉਹਾਰ ਮਨਾਇਆ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਰਾਣਾ ਗਰੁੱਪ (ਰਾਣਾ ਹਸਪਤਾਲ, ਰਾਣਾ ਹੈਰੀਟੇਜ ਅਤੇ ਰਿਆਸਤ-ਏ-ਰਾਣਾ) ਨੇ ਸਟਾਫ ਤੇ ਮਰੀਜ਼ਾਂ ਨਾਲ ਲੋਹੜੀ ਮਨਾਈ, ਏਕਤਾ ਅਤੇ ਖੁਸ਼ੀ ਨੂੰ ਵਧਾਵਾ ਦਿੱਤਾ। ਪ੍ਰੋਪਰਾਈਟਰ ਡਾ. ਹਿਤੇਂਦਰ ਸੂਰੀ ਅਤੇ ਐਮ.ਡੀ. ਡਾ. ਦੀਪਿਕਾ ਸੂਰੀ ਨੇ ਭਾਈਚਾਰਕ ਭਾਵਨਾ 'ਤੇ ਜ਼ੋਰ ਦਿੰਦੇ ਹੋਏ ਇਸ ਤਿਉਹਾਰ ਦੀ ਅਗਵਾਈ ਕੀਤੀ। ਇਸ ਸਮਾਗਮ 'ਚ ਸਟਾਫ ਲਈ ਲੋਹੜੀ ਦੇ ਤੋਹਫੇ, ਜੀਵੰਤ ਡਾਂਸ ਅਤੇ ਮਜ਼ੇਦਾਰ ਗਤੀਵਿਧੀਆਂ ਨਾਲ ਇੱਕ ਯਾਦਗਾਰੀ ਮਾਹੌਲ ਬਣਾਇਆ ਗਿਆ। ਡਾ. ਹਿਤੇਂਦਰ ਸੂਰੀ ਨੇ ਰਾਣਾ ਗਰੁੱਪ ਅੰਦਰ ਸੱਭਿਆਚਾਰਕ ਤਿਉਹਾਰ ਮਨਾਉਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਉਨ੍ਹਾ ਕਿਹਾ, "ਲੋਹੜੀ ਸਿਰਫ ਇੱਕ ਤਿਉਹਾਰ ਨਹੀਂ, ਇਹ ਇੱਕਜੁਟਤਾ ਅਤੇ ਸਾਂਝੀਵਾਲਤਾ ਦਾ ਜਸ਼ਨ ਹੈ। ਰਾਣਾ ਗਰੁੱਪ 'ਚ ਸਾਡੀ ਟੀਮ ਇੱਕ ਪਰਵਾਰ ਵਾਂਗ ਹੈ ਅਤੇ ਇਹ ਤਿਉਹਾਰ ਸਾਨੂੰ ਇਕੱਠੇ ਹੋਣ, ਇੱਕ ਦੂਜੇ ਦੀ ਕਦਰ ਕਰਨ ਅਤੇ ਸਥਾਈ ਯਾਦਾਂ ਬਣਾਉਣ ਦਾ ਮੌਕਾ ਦਿੰਦੇ ਹਨ। ਡਾ. ਦੀਪਿਕਾ ਸੂਰੀ ਨੇ ਵੀ ਆਪਣੇ ਵਿਚਾਰ ਰੱਖੇ।

## ਐੱਸ ਐੱਸ ਪੀ ਦਫਤਰ 'ਚ ਲੋਹੜੀ ਮਨਾਈ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਪੁਲਸ ਵਲੋਂ ਵੀ ਸੀਨੀਅਰ ਅਧਿਕਾਰੀਆਂ ਦੀ ਮੌਜੂਦਗੀ 'ਚ ਲੋਹੜੀ ਦਾ ਪਵਿੱਤਰ ਤਿਉਹਾਰ ਐੱਸ ਐੱਸ ਪੀ ਫਿਰੋਜ਼ਪੁਰ ਦੇ ਦਫਤਰ ਵਿਖੇ ਮਨਾਇਆ ਗਿਆ। ਇਸ ਮੌਕੇ ਵੱਖ ਵੱਖ ਸੀਨੀਅਰ ਅਧਿਕਾਰੀਆਂ ਨੇ ਸਮੂਹ ਸਟਾਫ ਤੋਂ ਇਲਾਵਾ ਫਿਰੋਜ਼ਪੁਰ ਵਾਸੀਆਂ ਨੂੰ ਇਸ ਪਵਿੱਤਰ ਤਿਉਹਾਰ 'ਤੇ ਸ਼ੁੱਭਕਾਮਨਾਵਾਂ ਦਿੱਤੀਆਂ। ਲੋਹੜੀ ਬਾਲਣ ਦੀ ਰਸਮ ਐੱਸ ਪੀ ਡੀ ਰਣਧੀਰ ਕੁਮਾਰ ਵੱਲੋਂ ਕੀਤੀ ਗਈ। ਪ੍ਰੰਪਰਾ ਅਨੁਸਾਰ ਕਾਲੇ ਤਿਲ ਅਗਨੀ ਭੇਟ ਕਰਕੇ ਇਸਰ ਆਏ ਦਲਿੰਦਰ ਜਾਏ ਲੋਹੜੀ ਗੀਤ ਦਾ ਗੁਣਗਾਨ ਕੀਤਾ ਗਿਆ। ਰਣਧੀਰ ਕੁਮਾਰ ਐਸ ਪੀ ਡੀ ਨੇ ਸਮੂਹ ਸਟਾਫ ਤੋਂ ਇਲਾਵਾ ਦੇਸ਼ਾਂ ਵਿਦੇਸ਼ਾਂ 'ਚ ਵਸਦੇ ਲੋਕਾਂ ਨੂੰ ਲੋਹੜੀ ਦੀਆਂ ਮੁਬਾਰਕਾਂ ਦਿੰਦਿਆਂ ਸ਼ੁੱਭਕਾਮਨਾਵਾਂ ਦਿੱਤੀਆਂ। ਇਸ ਮੌਕੇ ਐਸ ਪੀ ਡੀ ਰਣਧੀਰ ਕੁਮਾਰ ਦੇ ਨਾਲ ਐਸ ਪੀ ਅਰਵਿੰਦ ਮੀਨਾ (ਅੰਡਰ ਟ੍ਰੇਨਿੰਗ), ਡੀ ਐੱਸ ਪੀ ਬਲਕਾਰ ਸਿੰਘ, ਡੀ ਐੱਸ ਪੀ ਭੁਪਿੰਦਰ ਸਿੰਘ ਤੋਂ ਇਲਾਵਾ ਸਮੂਹ ਦਫਤਰੀ ਸਟਾਫ ਹਾਜ਼ਰ ਰਿਹਾ।

## ਐੱਸ ਬੀ ਐੱਸ ਕਾਲਜ ਆਫ ਨਰਸਿੰਗ 'ਚ ਲੋਹੜੀ ਦਾ ਤਿਉਹਾਰ ਮਨਾਇਆ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਐੱਸ ਬੀ ਐੱਸ ਕਾਲਜ ਆਫ ਨਰਸਿੰਗ ਫਿਰੋਜ਼ਪੁਰ ਵਿਖੇ ਲੋਹੜੀ ਦਾ ਤਿਉਹਾਰ ਮਨਾਇਆ ਗਿਆ।ਇਸ ਮੌਕੇ ਧਰਮਪਾਲ ਬਾਂਸਲ ਡਾਇਰੈਕਟਰ ਐਸ ਬੀ ਐਸ ਕਾਲਜ ਆਫ ਨਰਸਿੰਗ ਅਤੇ ਹਾਰਮਨੀ ਆਯੁਰਵੈਦਿਕ ਕਾਲਜ ਵੱਲੋਂ ਸਾਰਿਆਂ ਨੂੰ ਲੋਹੜੀ ਦੀਆਂ ਮੁਬਾਰਕਾਂ ਦਿੱਤੀਆਂ ਗਈਆਂ ਤੇ ਸਾਰਿਆਂ ਨੂੰ ਲੋਹੜੀ ਵੰਡੀ ਗਈ। ਲੋਹੜੀ ਪੰਜਾਬ ਦਾ ਇੱਕ ਮੁੱਖ ਤਿਉਹਾਰ ਹੈ।ਇਸ ਦਿਨ ਲੋਕ ਆਪਣੇ ਘਰਾਂ ਵਿੱਚ ਲੋਹੜੀ ਬਾਲਦੇ ਹਨ ਅਤੇ ਬਲਦੀ ਹੋਈ ਅੱਗ ਵਿੱਚ ਤਿਲ, ਰਿਉੜੀਆਂ ਅਤੇ ਮੂੰਗਫਲੀ ਆਦਿ ਸੁੱਟਦੇ ਹਨ। ਇਸ ਮੌਕੇ ਸਾਰਿਆਂ ਨੇ ਭੰਗੜਾ ਅਤੇ ਗਿੱਧਾ ਪਾ ਕੇ ਲੋਹੜੀ ਦਾ ਆਨੰਦ ਮਾਣਿਆ।ਇਸ ਸਮੇਂ ਮਿਊਜ਼ਿਕ ਡਾਇਰੈਕਟਰ ਗੌਰਵ ਅਨਮੋਲ ਵੱਲੋਂ ਗੀਤ ਗਾਏ ਗਏ।ਇਸ ਮੌਕੇ ਡਾ. ਸੰਜੀਵ ਮਾਨਕੋਟਾਲਾ, ਸ਼ਰਨਜੀਤ ਕੌਰ, ਸੁਖਵਿੰਦਰ ਕੌਰ, ਗੁਰਦੀਪ ਕੌਰ, ਜਸਮੀਤ ਕੌਰ, ਪਰਮਿੰਦਰ ਕੌਰ, ਅਮਨਦੀਪ ਕੌਰ, ਹਰਵਿੰਦਰ ਕੌਰ, ਇੰਦਰਜੀਤ ਕੌਰ, ਅਮਨਦੀਪ ਕੌਰ, ਸੰਗੀਤਾ ਹਾਂਡਾ, ਗੁਰਪ੍ਰੀਤ ਕੌਰ, ਜਗਦੇਵ ਸਿੰਘ, ਕੋਮਲਜੀਤ ਕੌਰ, ਗੀਤਾਂਜਲੀ, ਤਵਿੰਦਰ ਕੌਰ, ਗੁਰਮੀਤ ਕੌਰ, ਮਨਪ੍ਰੀਤ ਕੌਰ, ਖੁਸ਼ਪਾਲ ਕੌਰ, ਅਰਸ਼ਦੀਪ ਕੌਰ ਮੌਜੂਦ ਰਹੇ।

## ਜੋਤੀ ਬੀ ਐੱਡ ਕਾਲਜ 'ਚ ਲੋਹੜੀ ਦਾ ਤਿਉਹਾਰ ਮਨਾਇਆ

**ਫਾਜ਼ਿਲਕਾ (ਕ੍ਰਿਸ਼ਨ ਸਿੰਘ)**-ਸਥਾਨਕ ਜੋਤੀ ਬੀ ਐੱਡ ਕਾਲਜ ਵਿਖੇ ਲੋਹੜੀ ਦਾ ਤਿਉਹਾਰ ਬੜੀ ਹੀ ਧੂਮਧਾਮ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਨੇ ਵੱਖ-ਵੱਖ ਤਰ੍ਹਾਂ ਦੀਆਂ ਗਤੀਵਿਧੀਆਂ 'ਚ ਭਾਗ ਲਿਆ। ਜਿਸ ਵਿੱਚ ਪੋਸਟਰ ਮੇਕਿੰਗ, ਕਵਿਤਾ ਉਚਾਰਨ, ਭਾਸ਼ਣ ਆਦਿ ਮੁਕਾਬਲਿਆਂ ਦੇ ਨਾਲ-ਨਾਲ ਪੰਜਾਬੀ ਸੱਭਿਆਚਾਰ ਅਤੇ ਲੋਹੜੀ ਨਾਲ ਸਬੰਧਤ ਟੱਪੇ ਅਤੇ ਬੋਲੀਆਂ ਦਾ ਗਾਇਨ ਕੀਤਾ ਗਿਆ। ਵਿਦਿਆਰਥੀਆਂ ਵੱਲੋਂ ਅਧਿਆਪਕਾਂ ਲਈ ਮਿਊਜ਼ੀਕਲ ਚੇਅਰ ਆਦਿ ਮਨੋਰੰਜਕ ਗਤੀਵਿਧੀਆਂ ਕਰਵਾਈਆਂ ਗਈਆਂ। ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਅਨੀਤਾ ਅਰੋੜਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਇਹ ਤਿਉਹਾਰ ਖੇਤੀਬਾੜੀ ਅਤੇ ਕੁਦਰਤ ਨੂੰ ਸਮਰਪਤ ਹੈ। ਇਸ ਦਿਨ ਕਿਸਾਨ ਭਗਵਾਨ ਸੂਰਜ ਦਾ ਸ਼ੁਕਰਾਨਾ ਕਰਦੇ ਹਨ। ਲੋਹੜੀ ਦਾ ਤਿਉਹਾਰ ਸੁੱਖ ਅਤੇ ਖੁਸ਼ਹਾਲੀ ਦਾ ਪ੍ਰਤੀਕ ਹੈ, ਲੋਕ ਇਸ ਤਿਉਹਾਰ ਨੂੰ ਇਕੱਠ ਹੋ ਕੇ ਮਨਾਉਂਦੇ ਹਨ ਅਤੇ ਖੁਸ਼ੀ ਦੇ ਗੀਤ ਗਾਉਂਦੇ ਹਨ। ਇਸ ਦੇ ਨਾਲ ਹੀ ਦੁੱਲਾ ਭੱਟੀ ਦਾ ਇਤਿਹਾਸ ਵੀ ਦੱਸਿਆ ਗਿਆ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਡਾ. ਅਨੀਤਾ ਅਰੋੜਾ, ਪ੍ਰਬੰਧਕੀ ਕਮੇਟੀ ਦੇ ਚੇਅਰਮੈਨ ਸੁਰਿੰਦਰ ਠਕਰਾਲ, ਸਕੱਤਰ ਡਾ. ਰੋਸ਼ਨ ਲਾਲ ਠੱਕਰ, ਸੇਵਾਮੁਕਤ ਪ੍ਰੋ. ਸਤਪਾਲ ਗੁਪਤਾ ਅਤੇ ਸੁਭਾਸ਼ ਅਰੋੜਾ ਨੇ ਅਗਨੀ ਜਗਾਈ ਅਤੇ ਲੋਹੜੀ ਦੇ ਵਿਸ਼ੇਸ ਪਕਵਾਨ ਰੇਵੜੀਆਂ, ਮੂੰਗਫਲੀ ਆਦਿ ਨੂੰ ਅਗਨੀ ਭੇਟ ਕੀਤਾ ਅਤੇ ਵਿਦਿਆਰਥੀਆਂ ਵਿੱਚ ਵੰਡੀ। ਇਸ ਦੇ ਨਾਲ ਹੀ ਪ੍ਰਿੰਸੀਪਲ ਅਤੇ ਪ੍ਰਬੰਧਕ ਕਮੇਟੀ ਦੇ ਮੈਂਬਰਾਂ ਨੇ ਟੀਚਿੰਗ ਅਤੇ ਨਾਨ ਟੀਚਿੰਗ ਸਟਾਫ ਨਾਲ ਸਹਿਭੋਜ ਕੀਤਾ ਅਤੇ ਮੁਕਾਬਲਿਆਂ 'ਚ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ। ਅੰਤ 'ਚ ਕਾਲਜ ਦੀ ਪ੍ਰਬੰਧਕੀ ਕਮੇਟੀ, ਸਮੂਹ ਸਟਾਫ ਅਤੇ ਕਾਲਜ ਪ੍ਰਿੰਸੀਪਲ ਨੇ ਵਿਦਿਆਰਥੀਆਂ ਨੂੰ ਲੋਹੜੀ ਦੇ ਤਿਉਹਾਰ ਦੀਆਂ ਸ਼ੁੱਭਕਾਮਨਾਵਾਂ ਦਿੱਤੀਆਂ।

## ਕੇਂਦਰੀ ਜੇਲ੍ਹ 'ਚੋਂ 4 ਮੋਬਾਇਲ ਬਰਾਮਦ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਕੇਂਦਰੀ ਜੇਲ੍ਹ ਫਿਰੋਜ਼ਪੁਰ 'ਚ ਤਲਾਸ਼ੀ ਦੌਰਾਨ 4 ਮੋਬਾਇਲ ਫੋਨ ਬਰਾਮਦ ਹੋਏ ਹਨ। ਇਸ ਸਬੰਧ ਵਿਚ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ ਇਕ ਹਵਾਲਾਤੀ, ਇਕ ਕੈਦੀ ਅਤੇ ਅਣਪਛਾਤੇ ਵਿਅਕਤੀਆਂ ਖਿਲਾਫ 52-ਏ ਪਰੀਜਨਜ਼ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ। ਸਹਾਇਕ ਥਾਣੇਦਾਰ ਗੁਰਮੇਲ ਸਿੰਘ ਨੇ ਦੱਸਿਆ ਕਿ ਪੱਤਰ ਨੰਬਰ 398 ਰਾਹੀਂ ਸੁਖਜਿੰਦਰ ਸਿੰਘ ਸਹਾਇਕ ਸੁਪਰਡੈਂਟ ਕੇਂਦਰੀ ਜੇਲ੍ਹ ਫਿਰੋਜ਼ਪੁਰ ਨੇ ਦੱਸਿਆ ਕਿ 11 ਜਨਵਰੀ ਨੂੰ ਉਹ ਕੇਂਦਰੀ ਜੇਲ੍ਹ ਫਿਰੋਜ਼ਪੁਰ 'ਚ ਸਮੇਤ ਸਾਥੀ ਕਰਮਚਾਰੀਆਂ ਦੇ ਬੀ ਕਲਾਸ ਚੱਕੀਆਂ (ਵਾਰਡ ਨੰਬਰ 1) ਦੀ ਅਚਾਨਕ ਤਲਾਸ਼ੀ ਕੀਤੀ ਗਈ ਤੇ ਤਲਾਸ਼ੀ ਦੌਰਾਨ ਹਵਾਲਾਤੀ ਵਿਸ਼ਾਲ ਉਰਫ ਸ਼ਾਲੂ ਪੁੱਤਰ ਮਨਜੀਤ ਸਿੰਘ ਵਾਸੀ ਬਾਣੀਆ ਵਾਲੀ ਗਲੀ ਜ਼ੀਰਾ ਜ਼ਿਲ੍ਹਾ ਫਿਰੋਜ਼ਪੁਰ ਕੋਲੋਂ 1 ਮੋਬਾਇਲ ਫੋਨ ਟੱਚ ਸਕਰੀਨ ਸੈਮਸੰਗ ਬਿਨਾਂ ਸਿਮ ਕਾਰਡ ਬਰਾਮਦ ਹੋਇਆ। ਇਸ ਹਵਾਲਾਤੀ ਕੋਲੋਂ ਪੁੱਛਗਿੱਛ ਕਰਨ 'ਤੇ ਇਸ ਨੇ ਦੱਸਿਆ ਕਿ ਇਸ ਮੋਬਾਇਲ ਫੋਨ ਦੀ ਵਰਤੋਂ ਕੈਦੀ ਤਰਸੇਮ ਸਿੰਘ ਉਰਫ ਕੈਰੋਂ ਪੁੱਤਰ ਜਗਜੀਤ ਸਿੰਘ ਵਾਸੀ ਗਲੀ ਕਿੱਕਰ ਪੀਰ ਵਾਲੀ ਮੁਹੱਲਾ ਜਸਵੰਤ ਸਿੰਘ ਥਾਣਾ ਸਿਟੀ ਤਰਨ ਤਾਰਨ ਵੀ ਕਰਦਾ ਸੀ। ਜਾਂਚ ਕਰਤਾ ਗੁਰਮੇਲ ਸਿੰਘ ਨੇ ਦੱਸਿਆ ਕਿ ਇਕ ਹੋਰ ਪੱਤਰ ਨੰਬਰ 425 ਰਾਹੀਂ ਨਿਰਮਲਜੀਤ ਸਿੰਘ ਸਹਾਇਕ ਸੁਪਰਡੈਂਟ ਕੇਂਦਰੀ ਜੇਲ੍ਹ ਫਿਰੋਜ਼ਪੁਰ ਨੇ ਦੱਸਿਆ ਕਿ 11 ਜਨਵਰੀ ਨੂੰ ਕਰੀਬ 10 ਵਜੇ ਰਾਤ ਉਹ ਕੇਂਦਰੀ ਜੇਲ੍ਹ ਫਿਰੋਜ਼ਪੁਰ 'ਚ ਸਮੇਤ ਸਾਥੀ ਕਰਮਚਾਰੀਆਂ ਦੇ ਅਚਾਨਕ ਤਲਾਸ਼ੀ ਕੀਤੀ ਗਈ ਤੇ ਤਲਾਸ਼ੀ ਦੌਰਾਨ ਇਕ ਮੋਬਾਇਲ ਫੋਨ ਕੀਪੈਡ ਨੋਕੀਆ ਸਮੇਤ ਬੈਟਰੀ ਤੇ ਸਿਮ ਕਾਰਡ, ਇਕ ਮੋਬਾਇਲ ਫੋਨ ਟੱਚ ਸਕਰੀਨ ਰੈਡ ਮੀ, ਇਕ ਮੋਬਾਇਲ ਫੋਨ ਕੀ ਪੈਡ ਸੈਮਸੰਗ ਸਮੇਤ ਬੈਟਰੀ ਤੇ ਬਿਨਾਂ ਸਿਮ ਕਾਰਡ ਬਰਾਮਦ ਹੋਇਆ। ਪੁਲਸ ਨੇ ਉਕਤ ਹਵਾਲਾਤੀ, ਕੈਦੀ ਅਤੇ ਅਣਪਛਾਤੇ ਵਿਅਕਤੀਆਂ ਖਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ।

# ਨਿਜ਼ਾਮਦੀਨ ਵਾਲਾ ਦੀ ਸੰਗਤ ਨੇ ਲੰਗਰ ਲਾਇਆ



**ਮੱਖੂ (ਰਛਪਾਲ ਸਿੰਘ ਸੰਧੂ)**-ਮਾਘ ਮਹੀਨੇ ਦੀ ਸੰਗਰਾਂਦ ਸਿੱਖ ਧਰਮ ਵਿੱਚ ਅਹਿਮ ਅਸਥਾਨ ਰੱਖਦੀ ਹੈ ਕਿਉਂਕਿ ਮਾਘ ਦੀ ਸੰਗਰਾਂਦ 'ਤੇ ਸ੍ਰੀ ਮੁਕਤਸਰ ਸਾਹਿਬ ਤੇ 40 ਮੁਕਤਿਆਂ ਨੂੰ ਸਮਰਪਤ ਜੋੜ ਮੇਲੇ 'ਤੇ ਵੱਡੀ ਗਿਣਤੀ ਵਿੱਚ ਸਿੱਖ ਸੰਗਤਾਂ ਸ੍ਰੀ ਮੁਕਤਸਰ ਸਾਹਿਬ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਲਈ ਪਹੁੰਚਦੀਆਂ ਹਨ। ਮਾਘੀ ਦੇ ਜੋੜ ਮੇਲੇ ਅਤੇ ਬ੍ਰਹਮ ਗਿਆਨੀ ਬਾਬਾ ਬੁੱਢਾ ਸਾਹਿਬ ਜੀ ਦੇ ਅਸਥਾਨ ਦੇ ਦਰਸ਼ਨ ਕਰਨ ਜਾ ਰਹੀਆਂ ਸੰਗਤਾਂ ਲਈ ਬਲਾਕ ਮਖੂ ਦੇ ਪਿੰਡ ਨਿਜ਼ਾਮਦੀਨ ਵਾਲਾ ਦੀ ਸਮੂਹ ਸੰਗਤ ਵੱਲੋਂ ਚਾਹ ਪਕੌੜਿਆਂ ਅਤੇ ਗੁਰੂ ਦੇ ਲੰਗਰ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ। ਇਸ ਮੌਕੇ ਜਥੇ. ਹਰਜੀਤ ਸਿੰਘ, ਵੀਰ ਸਿੰਘ, ਕੁਲਵਿੰਦਰ ਸਿੰਘ ਪ੍ਰਧਾਨ, ਪਲਵਿੰਦਰ ਸਿੰਘ, ਕੰਵਲਜੀਤ ਸਿੰਘ ਸੇਠ, ਜਥੇ. ਦਲਜੀਤ ਸਿੰਘ ਮਖੂ, ਗੁਰਭਿੰਦਰ ਸਿੰਘ, ਦਿਲਬਾਗ ਸਿੰਘ, ਜਥੇ. ਜਸਪਾਲ ਸਿੰਘ, ਬਲਵੀਰ ਸਿੰਘ, ਹਰਜੀਤ ਸਿੰਘ ਕਾਲੜਾ, ਸੰਦੀਪ ਸਿੰਘ ਭੋਲਾ, ਹਰਮਿੰਦਰ ਸਿੰਘ ਬਿੱਲਾ, ਸੋਨੂੰ ਮਖੂ, ਹਰਪ੍ਰੀਤ ਸਿੰਘ, ਮਾਨ ਸਿੰਘ, ਪਰਗਟ ਸਿੰਘ, ਦਿਲਪ੍ਰੀਤ ਸਿੰਘ ਆਦਿ ਨੇ ਸੰਗਤਾਂ ਲਈ ਲੰਗਰ ਦੀ ਸੇਵਾ ਵਿੱਚ ਯੋਗਦਾਨ ਪਾਇਆ।

## ਮੁੱਖ ਮੰਤਰੀ ਦੇ ਹਲਕੇ 'ਚ ਸ਼੍ਰੋਮਣੀ ਅਕਾਲੀ ਦਲ ਨੂੰ ਹਲਕਾ ਇੰਚਾਰਜ ਲੱਭਣਾ ਹੋਇਆ ਮੁਸ਼ਕਲ

**ਧੂਰੀ (ਬਿੰਨੀ ਗਰਗ, ਮੋਹਿਤ ਗਰਗ)**-ਲੰਘੀਆਂ ਵਿਧਾਨ ਸਭਾ ਚੋਣਾਂ 'ਚ ਸ਼੍ਰੋਮਣੀ ਅਕਾਲੀ ਦਲ ਵੱਲੋਂ ਸਾਬਕਾ ਸਾਂਸਦੀ ਸਕੱਤਰ ਬਾਬੂ ਪ੍ਰਕਾਸ਼ ਚੰਦ ਗਰਗ ਦੀ ਧੂਰੀ ਹਲਕੇ ਤੋਂ ਕੀਤੀ ਗਈ ਕਿਸਮਤ ਅਜ਼ਮਾਈ ਤੋਂ ਬਾਅਦ ਭਾਵੇਂ ਧੂਰੀ ਹਲਕੇ ਨੂੰ 'ਮੁੱਖ ਮੰਤਰੀ' ਵਿਧਾਇਕ ਮਿਲਿਆ ਹੈ, ਪਰ ਬਾਬੂ ਪ੍ਰਕਾਸ਼ ਚੰਦ ਗਰਗ ਨੇ ਧੂਰੀ ਹਲਕੇ ਨੂੰ ਛੱਡਦਿਆਂ ਮੁੜ ਆਪਣੀਆਂ ਸਿਆਸੀ ਸਰਗਰਮੀਆਂ ਆਪਣੇ ਜੱਦੀ ਹਲਕੇ ਸੰਗਰੂਰ ਤੋਂ ਸ਼ੁਰੂ ਕਰ ਕਰਨ ਤੋਂ ਬਾਅਦ ਅੱਜ ਤੱਕ ਸ਼੍ਰੋਮਣੀ ਅਕਾਲੀ ਦਲ ਹਲਕਾ ਧੂਰੀ ਤੋਂ ਕਿਸੇ ਵੀ ਹਲਕਾ ਇੰਚਾਰਜ ਦੀ ਨਿਯੁਕਤੀ ਨਹੀਂ ਕਰ ਸਕਿਆ। ਅਕਾਲੀ ਦਲ ਦੀਆਂ ਲੰਘੀਆਂ ਚੋਣਾਂ 'ਚ ਨਾਭਾ ਤੋਂ ਪ੍ਰੀਤ ਕੰਬਾਈਨ ਦੇ ਐਮ ਡੀ ਹਰੀ ਸਿੰਘ ਨਾਭਾ ਨੂੰ ਲਿਆ ਕੇ ਧੂਰੀ ਵਾਸੀਆਂ 'ਤੇ ਥੋਪਿਆ ਸੀ, ਪਰ ਉਹ ਵੀ 2017 'ਚ ਕਾਂਗਰਸ ਦੇ ਦਲਵੀਰ ਸਿੰਘ ਗੋਲਡੀ ਵੱਲੋਂ ਮਾਤ ਖਾ ਗਏ ਸਨ, ਪਰ 2022 'ਚ ਹੋਈਆਂ ਵਿਧਾਨ ਸਭਾ ਚੋਣਾਂ 'ਚ ਉਹ ਆਪਣੇ ਕਾਰੋਬਾਰੀ ਰੁਝੇਵਿਆਂ ਦਾ ਹਵਾਲਾ ਦੇ ਕੇ ਚੋਣ ਲੜਨ ਤੋਂ ਇਨਕਾਰ ਕਰ ਗਏ ਸੀ। ਅਕਾਲੀ ਦਲ ਨੇ ਸਥਾਨਕ ਵਰਕਰਾਂ ਦੀਆਂ ਭਾਵਨਾਵਾਂ ਨੂੰ ਦਰਕਿਨਾਰ ਕਰਦਿਆਂ ਬਾਬੂ ਪ੍ਰਕਾਸ਼ ਚੰਦ ਗਰਗ 'ਤੇ ਸਿਆਸੀ ਪੱਤਾ ਖੇਡਿਆ ਸੀ, ਪਰ ਪੰਜਾਬ 'ਚ 'ਆਪ' ਪੱਖੀ ਚੱਲੀ ਝਨੇਰੀ ਅੱਗੇ ਕੋਈ ਵੀ ਟਿਕ ਨਾ ਸਕਿਆ। ਹਾਲ ਦੌਰਾਨ ਧੂਰੀ ਹਲਕੇ 'ਚ ਸ਼੍ਰੋਮਣੀ ਅਕਾਲੀ ਦਲ ਦੇ ਦਿੱਗਜ ਆਗੂ, ਸਾਬਕਾ ਮੁੱਖ ਮੰਤਰੀ ਮਰਹੂਮ ਸੁਰਜੀਤ ਸਿੰਘ ਬਰਨਾਲਾ ਦਾ ਪਰਵਾਰ ਲੰਬੇ ਸਮੇਂ ਤੋਂ ਆਪਣੀਆਂ ਸਰਗਰਮੀਆਂ ਚਲਾ ਰਹੇ ਹਨ, ਪਰ ਉਹ ਵੀ ਹਰੀ ਸਿੰਘ ਨਾਭਾ ਨਾਲ ਇੱਕ ਮਿਆਨ ਵਿੱਚ ਦੋ ਤਲਵਾਰਾਂ ਵਾਂਗ ਫਿੱਟ ਨਹੀਂ ਹੋ ਸਕੇ। ਪਰ ਹਾਲ ਹੀ 'ਚ ਬਾਬੂ ਪ੍ਰਕਾਸ਼ ਚੰਦ ਗਰਗ ਵੱਲੋਂ ਮੁੜ ਵਿਧਾਨ ਸਭਾ ਹਲਕਾ ਸੰਗਰੂਰ ਤੋਂ ਆਪਣੀਆਂ ਸਿਆਸੀ ਸਰਗਰਮੀਆਂ ਸ਼ੁਰੂ ਕਰਨ ਤੋਂ ਬਾਅਦ ਧੂਰੀ ਹਲਕਾ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਤੋਂ ਸੱਖਣਾ ਹੋ ਗਿਆ ਹੈ। ਇਹ ਤਾਂ ਆਉਣ ਵਾਲਾ ਸਮਾਂ ਹੀ ਦੱਸੇਗਾ ਕਿ ਸ਼੍ਰੋਮਣੀ ਅਕਾਲੀ ਦਲ ਕਿਸ ਨੂੰ ਆਪਣੀ ਪਾਰਟੀ ਦਾ ਹਲਕਾ ਇੰਚਾਰਜ ਬਣਾ ਕੇ ਹਲਕੇ 'ਚ ਵਿਚਰਨ ਦਾ ਮੌਕਾ ਦੇਵੇਗਾ।ਪੰਜਾਬ 'ਚ ਮੁੜ ਸਿਆਸਤ 'ਤੇ ਕਾਬਜ਼ ਹੋਣ ਦੇ ਸੁਪਨੇ ਵੇਖਣ ਵਾਲੇ ਸ਼੍ਰੋਮਣੀ ਅਕਾਲੀ ਦਲ ਨੂੰ ਮੁੱਖ ਮੰਤਰੀ ਦੇ ਹਲਕੇ ਵਿੱਚ ਕੋਈ ਵੀ ਯੋਗ ਹਲਕਾ ਇੰਚਾਰਜ ਨਾ ਮਿਲਣਾ ਆਪਣੇ ਆਪ 'ਚ ਇੱਕ ਬੁਝਾਰਤ ਬਣਿਆ ਹੋਇਆ ਹੈ।

## ਭੂੰਦੜ ਤੇ ਢਿੱਲੋਂ ਨੇ ਭਾਗ ਸਿੰਘ ਮੱਲ੍ਹਾ ਨਾਲ ਅਕਾਲੀ ਦਲ ਦੀ ਮਜ਼ਬੂਤੀ ਲਈ ਕੀਤੀਆਂ ਵਿਚਾਰਾਂ



**ਜਗਰਾਉਂ (ਅਮਿਤ ਖੰਨਾ)**-ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਸਾਬਕਾ ਕੈਬਨਿਟ ਮੰਤਰੀ ਬਲਵਿੰਦਰ ਸਿੰਘ ਭੂੰਦੜ ਤੇ ਸਾਬਕਾ ਕੈਬਨਿਟ ਮੰਤਰੀ ਸਰਨਜੀਤ ਸਿੰਘ ਢਿੱਲੋਂ ਬੀਤੇ ਦਿਨ ਆਪਣੇ ਪੁਰਾਣੇ ਸਾਥੀ ਸਾਬਕਾ ਵਿਧਾਇਕ ਭਾਗ ਸਿੰਘ ਮੱਲ੍ਹਾ ਦੇ ਗ੍ਰਹਿ ਵਿਖੇ ਉਨ੍ਹਾਂ ਦਾ ਹਾਲ-ਚਾਲ ਜਾਨਣ ਪਹੁੰਚੇ, ਉਥੇ ਉਨ੍ਹਾਂ ਅਕਾਲੀ ਦਲ ਦੀ ਮਜ਼ਬੂਤੀ ਤੇ ਪੰਥਕ ਵਿਚਾਰਾਂ ਕੀਤੀਆਂ। ਇਸ ਮੌਕੇ ਭੂੰਦੜ ਤੇ ਢਿੱਲੋਂ ਨੇ ਪੁਰਾਣਾ ਅਕਾਲੀ ਦਲ ਯਾਦ ਕੀਤਾ ਤੇ ਆਖਿਆ ਕਿ ਉਸੇ ਤਰ੍ਹਾਂ ਦੁਬਾਰਾ ਫਿਰ ਅਕਾਲੀ ਦਲ ਮਜ਼ਬੂਤ ਕੀਤਾ ਜਾਵੇਗਾ। ਉਨ੍ਹਾਂ ਸਾਬਕਾ ਵਿਧਾਇਕ ਭਾਗ ਸਿੰਘ ਮੱਲ੍ਹਾ ਨਾਲ ਪੰਜਾਬ, ਪੰਜਾਬੀ ਤੇ ਪੰਜਾਬੀਅਤ ਦੇ ਰਖਵਾਲੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਪੰਜਾਬ ਅੰਦਰ ਕਰਵਾਏ ਵਿਕਾਸ ਕਾਰਜਾਂ ਦਾ ਵੀ ਜ਼ਿਕਰ ਕੀਤਾ। ਇਸ ਮੌਕੇ ਭਾਗ ਸਿੰਘ ਮੱਲ੍ਹਾ ਨੇ ਆਖਿਆ ਕਿ ਲੋਕ ਮੁੜ ਅਕਾਲੀ ਦਲ ਨੂੰ ਯਾਦ ਕਰਨ ਲੱਗੇ ਹਨ, ਕਿਉਂਕਿ ਮੌਜੂਦਾ ਸਰਕਾਰ ਦੀਆਂ ਨੀਤੀਆਂ ਬੇਹੱਦ ਮਾੜੀਆਂ ਹਨ। ਉਨ੍ਹਾਂ ਆਖਿਆ ਕਿ ਜਿਹੜਾ ਵਿਕਾਸ ਅਕਾਲੀ ਦਲ ਸਮੇਂ ਹੋਇਆ ਹੈ, ਉਹ ਕਦੇ ਵੀ ਨਹੀਂ ਹੋਇਆ। ਇਸ ਮੌਕੇ ਸਾਬਕਾ ਚੇਅਰਮੈਨ ਕੰਵਲਜੀਤ ਸਿੰਘ ਮੱਲ੍ਹਾ, ਸੀਨੀਅਰ ਅਕਾਲੀ ਆਗੂ ਦੀਪਇੰਦਰ ਸਿੰਘ ਭੰਡਾਰੀ ਤੇ ਹਰਦੇਵ ਸਿੰਘ ਬੌਬੀ ਆਦਿ ਹਾਜ਼ਰ ਸਨ।

## ਮਾਘੀ ਮੇਲੇ 'ਚ ਜਾਣ ਵਾਲੀਆਂ ਸੰਗਤਾਂ ਲਈ ਲੰਗਰ ਲਗਾਏ



**ਜਲਾਲਾਬਾਦ (ਜੀਤ ਕੁਮਾਰ)**-ਸ੍ਰੀ ਮੁਕਤਸਰ ਸਾਹਿਬ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਮਾਘੀ ਮੇਲੇ ਦੌਰਾਨ ਜਲਾਲਾਬਾਦ ਤੇ ਇਸ ਦੇ ਨਾਲ ਪੈਂਦੇ ਪਿੰਡਾਂ ਤੋਂ ਜਾਣ ਵਾਲੀਆਂ ਸੰਗਤਾਂ ਵਾਸਤੇ ਪਿੰਡ ਚੱਕ ਅਰਾਈਆਂਵਾਲਾ (ਫਲੀਆਂਵਾਲਾ) ਵਿਖੇ ਸ੍ਰੀ ਕਲਗੀਧਰ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਵੱਲੋਂ ਚਾਹ ਤੇ ਚਾਵਲਾਂ ਦਾ ਲੰਗਰ ਲਗਾਇਆ ਗਿਆ ਹੈ। ਇਸੇ ਤਰ੍ਹਾਂ ਹੀ ਗੁਰਦੁਆਰਾ ਚਾਰ ਸਾਹਿਬਜ਼ਾਦੇ ਦੀ ਪ੍ਰਬੰਧਕ ਕਮੇਟੀ ਵੱਲੋਂ ਚਾਟ ਦਾ ਲੰਗਰ ਲਗਾਇਆ ਗਿਆ। ਪਿੰਡ ਵਿਚ ਪੈਟਰੋਲ ਪੰਪ ਕੋਲ ਚਾਹ ਤੇ ਬਰੈੱਡਾਂ ਦਾ ਲੰਗਰ ਲਗਾਇਆ ਗਿਆ। ਇਸੇ ਤਰ੍ਹਾਂ ਹੀ ਪਿੰਡ ਵਿੱਚ ਜੂਸ, ਛੋਲੇ-ਕੁਲਚੇ, ਰੋਟੀ, ਖੀਰ ਆਦਿ ਦੇ ਵੱਖ ਵੱਖ ਪ੍ਰਕਾਰ ਦੇ ਲੰਗਰ ਲਗਾਏ ਗਏ। ਇਹ ਲੰਗਰ ਡਰੀਮ ਵਿਲਾ ਪੈਲੇਸ ਤੋਂ ਲੈ ਕੇ ਪਿੰਡ ਫਲੀਆਂਵਾਲਾ ਤੱਕ 7 ਥਾਵਾਂ 'ਤੇ ਵੱਖ ਵੱਖ ਪ੍ਰਕਾਰ ਦੇ ਲੰਗਰ ਲਗਾਏ ਗਏ। ਸੇਵਾਦਾਰਾਂ ਵੱਲੋਂ ਸ੍ਰੀ ਮੁਕਤਸਰ ਸਾਹਿਬ ਵਿਖੇ ਮਾਘੀ ਮੇਲੇ ਵਿੱਚ ਜਾਣ ਵਾਲੀਆਂ ਸੰਗਤਾਂ ਨੂੰ ਲੰਗਰ ਵਰਤਾਇਆ ਗਿਆ।

## ਸ੍ਰੀ ਦੁਰਗਾ ਸੇਵਾ ਦਲ ਨੇ ਲੋਹੜੀ ਮੌਕੇ ਲੋੜਵੰਦਾਂ ਨੂੰ ਗਰਮ ਕੱਪੜੇ ਵੰਡੇ



**ਸੰਗਰੂਰ (ਪ੍ਰਵੀਨ ਸਿੰਘ)**-ਸ੍ਰੀ ਦੁਰਗਾ ਸੇਵਾ ਦਲ, ਲੰਗਰ ਭਵਨ ਸਿਵਲ ਹਸਪਤਾਲ ਸੰਗਰੂਰ ਵੱਲੋਂ ਲੋਹੜੀ ਦੇ ਤਿਉਹਾਰ ਦੇ ਮੌਕੇ ਲੋੜਵੰਦ ਪਰਵਾਰਾਂ ਦੇ 1 ਸਾਲ ਤੋਂ ਲੈ ਕੇ 10 ਸਾਲ ਤੱਕ ਦੇ ਬੱਚਿਆਂ ਨੂੰ ਸਰਦੀ ਤੋਂ ਬਚਣ ਲਈ ਗਰਮ ਕੱਪੜੇ ਵੰਡੇ ਗਏ। ਇਸ ਮੌਕੇ ਸੁਖਵਿੰਦਰ ਸਿੰਘ ( ਹਰਮਨ ਹੋਟਲ) ਅਤੇ ਗੋਪਾਲ ਦਾਸ ਗੋਇਲ ਮੁੱਖ ਮਹਿਮਾਨ ਦੇ ਤੌਰ 'ਤੇ ਸ਼ਾਮਲ ਹੋਏ । ਸੁਖਵਿੰਦਰ ਸਿੰਘ ਨੇ ਕਿਹਾ ਕਿ ਸ੍ਰੀ ਦੁਰਗਾ ਸੇਵਾ ਦਲ ਦੇ ਵੱਲੋਂ ਲੋੜਵੰਦ ਪਰਵਾਰਾਂ ਨੂੰ ਲੱਭ ਕੇ ਉਨ੍ਹਾਂ ਦੀ ਸਹੀ ਤਰੀਕੇ ਨਾਲ ਮਦਦ ਕੀਤੀ ਜਾਂਦੀ ਹੈ। ਉਨ੍ਹਾ ਕਿਹਾ ਕਿ ਜਿਥੇ ਸ੍ਰੀ ਦੁਰਗਾ ਸੇਵਾ ਦਲ ਦੇ ਵੱਲੋਂ ਸਿਵਲ ਹਸਪਤਾਲ ਵਿਖੇ ਲੋੜਵੰਦ ਪਰਵਾਰਾਂ ਨੂੰ ਲੰਗਰ ਵੰਡਿਆ ਜਾਂਦਾ ਹੈ, ਉਥੇ ਸਮੇਂ-ਸਮੇਂ 'ਤੇ ਸ਼ਹਿਰ 'ਚ ਸਮਾਜ ਸੇਵੀ ਕੰਮ ਕੀਤੇ ਜਾਂਦੇ ਹਨ। ਗੋਪਾਲ ਦਾਸ ਗੋਇਲ ਨੇ ਕਿਹਾ ਕਿ ਲੋਹੜੀ ਦੇ ਮੌਕੇ ਲੋੜਵੰਦਾਂ ਦੀ ਮਦਦ ਕਰਨਾ ਅਤਿ ਪੁੰਨ ਦਾ ਕੰਮ ਹੈ ਜੋ ਕਿ ਸੇਵਾ ਦਲ ਵੱਲੋਂ ਕੀਤਾ ਜੀ ਰਿਹਾ ਹੈ। ਇਸ ਮੌਕੇ ਸੰਸਥਾ ਦੇ ਪ੍ਰਧਾਨ ਅਰੂਪ ਸਿੰਗਲਾ ਨੇ ਕਿਹਾ ਕਿ ਅੱਜ ਸ੍ਰੀ ਦੁਰਗਾ ਸੇਵਾ ਦਲ ਵੱਲੋਂ ਲੋੜਵੰਦ ਪਰਵਾਰਾਂ ਦੇ 100 ਦੇ ਕਰੀਬ ਬੱਚਿਆਂ ਨੂੰ ਸਰਦੀ ਤੋਂ ਬਚਣ ਲਈ ਕੱਪੜੇ ਵੰਡੇ ਗਏ , ਜੋ ਕਿ ਸੇਵਾ ਲਗਾਤਾਰ ਜਾਰੀ ਰਹੇਗੀ । ਇਸ ਮੌਕੇ ਦੇਵੀ ਸਿੰਗਲਾ, ਹਕੀਕਤ ਗੋਇਲ, ਪਵਨ ਕੁਮਾਰ, ਸੁਮਿਤ ਗੋਇਲ, ਅਨਿਲ ਗੋਇਲ, ਰਮਨ ਗੋਇਲ, ਸਮਾਇਲ ਗੋਇਲ, ਅਨੂੰ ਸਿੰਗਲਾ, ਨਵਨੀਤ ਕੁਮਾਰ, ਉਦੇਸ਼ ਗੋਇਲ, ਰਾਜ ਕੁਮਾਰ, ਵਿਵੇਕ ਕੁਮਾਰ, ਪ੍ਰੇਮ ਕੁਮਾਰ, ਗੁਰਮੀਤ ਸਿੰਘ, ਵਿਜੇ ਜਿੰਦਲ, ਦੇਵ ਰਾਜ, ਮਾਸਟਰ ਗੋਬਿੰਦ ਲਾਲ, ਰਾਮ ਮੂਰਤੀ ਹਾਜ਼ਰ ਸਨ।

## ਅਖੰਡ ਪਾਠ ਸਾਹਿਬ ਦੇ ਭੋਗ ਪਾਏ



**ਸੰਗਤ ਮੰਡੀ (ਰਾਜਦੀਪ ਜੋਸ਼ੀ)**

ਪਿੰਡ ਜੈ ਸਿੰਘ ਵਾਲਾ ਵਿਖੇ ਪਿੰਡ ਦੇ ਡੇਰਾ ਸਾਹਿਬ ਵਿੱਚ ਮਾਘੀ ਦੇ ਮੇਲੇ ਕਰਕੇ ਰੱਖੇ ਗਏ ਅਖੰਡ ਪਾਠ ਦਾ ਭੋਗ ਪਾਇਆ ਗਿਆ। ਇਸ ਮੌਕੇ ਸੰਗਤਾਂ ਨੇ ਵੱਡੇ ਗਿਣਤੀ ਵਿੱਚ ਹਾਜ਼ਰੀ ਭਰੀ ਇਸ ਮੌਕੇ ਹਰ ਸਾਲ ਦੀ ਤਰ੍ਹਾਂ ਖ਼ੂਨਦਾਨ ਕੈਂਪ ਵੀ ਲਾਇਆ ਗਿਆ, ਜਿਸ ਵਿੱਚ ਮਰਦਾਂ ਦੇ ਨਾਲ-ਨਾਲ ਔਰਤਾਂ ਨੇ ਵੀ ਖ਼ੂਨਦਾਨ ਕੀਤਾ। ਇਸ ਮੌਕੇ ਬਲਾਕ ਪ੍ਰਧਾਨ ਲਖਵੀਰ ਸਿੰਘ ਤੋਂ ਇਲਾਵਾ ਆਮ ਆਦਮੀ ਪਾਰਟੀ ਦੇ ਬਲਾਕ ਪ੍ਰਧਾਨ ਜਸਵੰਤ ਸੋਮਾ, ਬਲਾਕ ਪ੍ਰਧਾਨ ਹਰਦੇਵ ਸਿੰਘ, ਜਨਰਲ ਸਕੱਤਰ ਹਰਦੇਵ ਸਿੰਘ ਧੀਮਾਨ, ਬੂਥ ਇੰਚਾਰਜ ਗੁਰਚਰਨ ਸਿੰਘ, ਬੂਥ ਇੰਚਾਰਜ ਮੋਦਨ ਸਿੰਘ ਸਰਬੱਤ ਸਿੰਘ ਰੰਧਾਵਾ ਆਦਿ ਨੇ ਹਾਜਰੀ ਭਰੀ। ਇਸ ਸ਼ੁਭ ਕਾਰਜ ਨੂੰ ਨੇਪਰੇ ਚਾੜ੍ਹਨ ਲਈ ਪਿੰਡ ਦੇ ਸ਼ਹੀਦ ਭਗਤ ਸਿੰਘ ਵੈਲਫੇਅਰ ਕਲੱਬ ਰਜਿਸਟਰ ਦੇ ਪ੍ਰਧਾਨ ਜਗਤਾਰ ਸਿੰਘ ਮਾਨ ਤੇ ਸੈਕਟਰੀ ਵੀਰ ਦਵਿੰਦਰ ਸ਼ਰਮਾ ਆਦਿ ਹਾਜ਼ਰ ਸਨ।

## ਪ੍ਰਕਾਸ਼ ਪੁਰਬ ਸ਼ਰਧਾ ਨਾਲ ਮਨਾਇਆ

**ਚੀਮਾ ਮੰਡੀ (ਰਵਿੰਦਰ ਚੀਮਾ)**

ਕਲਗੀਧਰ ਟਰੱਸਟ ਬੜੂ ਸਾਹਿਬ ਵੱਲੋਂ ਸੰਚਾਲਿਤ ਅਕਾਲ ਅਕੈਡਮੀ ਫ਼ਤਿਹਗੜ੍ਹ ਗੰਢੂਆਂ ਵਿਖੇ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਪੁਰਬ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਅਕਾਲ ਅਕੈਡਮੀ ਦੇ ਵਿਦਿਆਰਥੀਆਂ ਵੱਲੋਂ ਨਿਤਨੇਮ ਉਪਰੰਤ ਪ੍ਰਕਾਸ਼ ਪੁਰਬ ਦੇ ਸੰਬੰਧ ਵਿੱਚ ਹਰਿ ਜਸ ਕੀਰਤਨ, ਧਾਰਮਿਕ ਕਵਿਤਾਵਾਂ, ਕਵੀਸ਼ਰੀਆਂ ਤੇ ਭਾਸ਼ਣਾਂ ਦੀ ਪੇਸ਼ਕਾਰੀ ਕੀਤੀ ਗਈ। ਉਪਰੰਤ ਅਧਿਆਪਕਾ ਹਰਜਿੰਦਰ ਕੌਰ ਨੇ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਜੀਵਨ ਸੰਘਰਸ਼, ਮਹਾਨ ਕਾਰਜਾਂ ਤੇ ਰਚਨਾਵਾਂ ਬਾਰੇ ਵਿਸਤ੍ਰਿਤ ਜਾਣਕਾਰੀ ਦਿੱਤੀ। ਅਕਾਲ ਅਕੈਡਮੀ ਦੇ ਮੁੱਖ ਅਧਿਆਪਕਾ ਅਨੁਰਾਧਾ ਬੱਬਰ ਨੇ ਸੰਬੋਧਨ ਵਿੱਚ ਸਮੂਹ ਅਧਿਆਪਕਾਂ ਤੇ ਵਿਦਿਆਰਥੀਆਂ ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਦੀ ਵਧਾਈ ਦਿੱਤੀ ਅਤੇ ਗੁਰੂ ਜੀ ਦੇ ਦਰਸਾਏ ਮਾਰਗ 'ਤੇ ਚੱਲਣ ਦੀ ਪ੍ਰੇਰਣਾ ਕੀਤੀ। ਉਨ੍ਹਾਂ ਕਿਹਾ ਕਿ ਗੁਰੂ ਜੀ ਸਦਾ ਅੰਗ-ਸੰਗ ਹਨ। ਇਸ ਲਈ ਸਾਨੂੰ ਹਮੇਸ਼ਾ ਗੁਰੂ ਜੀ ਵੱਲੋਂ ਦੱਸੀ ਰਹਿਤ ਮਰਿਆਦਾ ਅਨੁਸਾਰ ਆਪਣਾ ਜੀਵਨ ਬਤੀਤ ਕਰਨਾ ਚਾਹੀਦਾ ਹੈ।




## ਬਾਬਾ ਫ਼ਰੀਦ ਸੰਸਥਾ ਨੇ ਮਨਾਈ ਕੁੜੀਆਂ ਦੀ ਲੋਹੜੀ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ, ਕੁਲਦੀਪ ਅੱਤਰੀ)**-ਬਾਬਾ ਫ਼ਰੀਦ ਮੈਮੋਰੀਅਲ ਐਜੂਕੇਸ਼ਨ ਐਂਡ ਵੈੱਲਫੇਅਰ ਸੁਸਾਇਟੀ ਲੌਂਗੋਵਾਲ ਵੱਲੋਂ ਲੜਕੀਆਂ ਨੂੰ ਸਵੈ-ਉਤਸ਼ਾਹਤ ਕਰਨ ਲਈ ਕੈਂਪ ਲਗਾਇਆ ਗਿਆ ਅਤੇ ਔਰਤਾਂ ਦੀ ਸ਼ਕਤੀ ਦੀ ਪ੍ਰਤੀਕ ਲੋਹੜੀ ਵੀ ਮਨਾਈ ਗਈ। ਸੰਸਥਾ ਪ੍ਰਧਾਨ ਕਮਲਜੀਤ ਸਿੰਘ ਵਿੱਕੀ ਨੇ ਦੱਸਿਆ ਕਿ ਸੰਸਥਾ ਵੱਲੋਂ ਪਿਛਲੇ 10 ਸਾਲ ਤੋਂ ਔਰਤਾਂ ਨੂੰ ਸਿੱਖਿਅਤ ਤੇ ਨਿਪੁੰਨ ਕਰਨ ਦੇ ਕੰਮ ਕਰ ਰਹੀ ਹੈ। ਇਸ ਸਮੇਂ ਮੈਡਮ ਦਿਲਪ੍ਰੀਤ ਕੌਰ, ਸੂਬਾ ਆਗੂ ਪਰਮਜੀਤ ਕੌਰ, ਨਗਰ ਕੌਂਸਲ ਪ੍ਰਧਾਨ ਪਰਮਿੰਦਰ ਕੌਰ ਬਰਾੜ ਨੇ ਔਰਤਾਂ ਨੂੰ ਸਿੱਖਿਅਤ ਕਰਨ ਲਈ ਪ੍ਰੇਰਣਾ ਸਰੋਤ ਲੈਕਚਰ ਦਿੱਤੇ ਤੇ ਮੈਡਮ ਦਿਲਪ੍ਰੀਤ ਕੌਰ ਨੇ ਲੋੜਵੰਦ ਲੜਕੀਆਂ ਨੂੰ ਫਰੀ ਅੰਗਰੇਜ਼ੀ ਭਾਸ਼ਾ ਦੀ ਸਿਖਲਾਈ ਦੇਣ ਲਈ ਆਪਣੀਆਂ ਸੇਵਾਵਾਂ ਸੰਸਥਾ ਲਈ ਪੇਸ਼ ਕੀਤੀਆਂ। ਇਸ ਸਮੇਂ ਲੜਕੀਆਂ ਵੱਲੋਂ ਗਿੱਧਾ, ਭੰਗੜਾ ਤੇ ਪੁਰਾਤਨ ਬੋਲੀਆਂ ਰਾਹੀਂ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ। ਇਸ ਮੌਕੇ ਕੁਲਦੀਪ ਸਿੰਘ, ਗੁਰਪਾਲ ਸਿੰਘ, ਬਲਵੰਤ ਸਿੰਘ ਬੀਟਾ, ਪਰਮਿੰਦਰ ਸਿੰਘ ਪੰਮਾ, ਨਵਦੀਪ ਕੌਰ ਤੇ ਸੰਸਥਾ ਦੀਆਂ ਵਿਦਿਆਰਥਣਾਂ ਸ਼ਾਮਲ ਸਨ।

## ਅਕਾਲੀ ਦਲ ਦੀ ਕਾਨਫਰੰਸ 'ਚ ਸ਼ਾਮਲ ਹੋਣ ਲਈ ਜੱਥਾ ਰਵਾਨਾ



**ਜਲਾਲਾਬਾਦ (ਜੀਤ ਕੁਮਾਰ)**-ਸ਼੍ਰੋਮਣੀ ਅਕਾਲੀ ਦਲ (ਬਾਦਲ) ਵੱਲੋਂ ਮਾਘੀ ਮੇਲੇ ਦੌਰਾਨ ਸ੍ਰੀ ਮੁਕਤਸਰ ਸਾਹਿਬ ਵਿਖੇ ਕੀਤੀ ਗਈ ਰਾਜਨੀਤਕ ਕਾਨਫਰੰਸ ਵਿੱਚ ਸ਼ਾਮਲ ਹੋਣ ਲਈ ਸ਼੍ਰੋਮਣੀ ਅਕਾਲੀ ਦਲ ਦੇ ਸਰਕਲ ਪ੍ਰਧਾਨ ਤੇ ਬਲਾਕ ਸੰਮਤੀ ਮੈਂਬਰ ਸੁਰਜੀਤ ਸਿੰਘ ਬਰਨਾਲਾ ਦੀ ਅਗਵਾਈ ਹੇਠ ਪਿੰਡ ਚੱਕ ਅਰਾਈਆਂਵਾਲਾ (ਫਲੀਆਂਵਾਲਾ) ਤੋਂ ਵਰਕਰਾਂ ਦਾ ਇਕ ਜਥਾ ਰਵਾਨਾ ਹੋਇਆ ਹੈ। ਇਸ ਮੌਕੇ ਅਕਾਲੀ ਨੇਤਾ ਸੁਰਜੀਤ ਸਿੰਘ ਬਰਨਾਲਾ ਤੋਂ ਇਲਾਵਾ ਉਨ੍ਹਾਂ ਦੇ ਨਾਲ ਬਸਤੀ ਫਲੀਆਂਵਾਲਾ ਦੇ ਸਾਬਕਾ ਸਰਪੰਚ ਬਲਵੀਰ ਸਿੰਘ, ਗੁਰਬਾਜ ਸਿੰਘ ਤੇ ਵੱਡੀ ਗਿਣਤੀ ਵਿੱਚ ਵਰਕਰ ਮੌਜੂਦ ਸਨ।

# ਰੋਟਰੀ ਕਲੱਬ ਰੋਇਲ ਨੇ ਬੇਸਹਾਰਾ ਬਜ਼ੁਰਗਾਂ ਨੂੰ ਕੰਬਲ ਵੰਡੇ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਸਮਾਜ ਸੇਵੀ ਸੰਸਥਾ ਰੋਟਰੀ ਕਲੱਬ ਪਾਤੜਾਂ ਰੋਇਲ ਵੱਲੋਂ ਮਾਘੀ ਤੇ ਮੱਕਰ ਸੰਕਰਾਂਤੀ ਦੇ ਦਿਹਾੜੇ 'ਤੇ 50 ਬੇਸਹਾਰਾ ਬਜ਼ੁਰਗਾਂ ਨੂੰ ਕੰਬਲ ਵੰਡੇ ਗਏ। ਇਸ ਦੌਰਾਨ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਲੋੜਵੰਦ ਬਜ਼ੁਰਗਾਂ ਨੂੰ ਇਹ ਕੰਬਲ ਤਕਸੀਮ ਕੀਤੇ। ਰੋਟਰੀ ਕਲੱਬ ਦੇ ਪ੍ਰਧਾਨ ਅਮਨਦੀਪ ਸਿੰਘ ਨੇ ਸਮੂਹ ਇਲਾਕਾ ਨਿਵਾਸੀਆਂ ਨੂੰ ਮਾਘੀ ਦੀ ਸੰਗਰਦ ਵਧਾਈਆਂ ਦਿੰਦਿਆਂ ਕਿਹਾ ਕਿ ਕੜਾਕੇ ਦੀ ਪੈ ਰਹੀ ਸਰਦੀ ਦੇ ਦੌਰਾਨ ਲੋੜਵੰਦ ਤੇ ਬੇਸਹਾਰਾ ਲੋਕਾਂ ਦੀ ਮਦਦ ਕਰਨੀ ਸਾਡਾ ਸਭ ਦਾ ਫ਼ਰਜ਼ ਹੈ। ਇਸ ਗੱਲ ਨੂੰ ਧਿਆਨ ਵਿੱਚ ਰੱਖਦਿਆਂ ਸਾਨੂੰ ਸਭ ਨੂੰ ਆਪਣੀ ਨੇਕ ਕਮਾਈ ਵਿੱਚੋਂ ਦਸਵੰਧ ਕੱਢ ਕੇ ਦਾਨ ਪੁੰਨ ਕਰਨਾ ਚਾਹੀਦਾ ਹੈ ਅਤੇ ਪੁੰਨ ਦਾਨ ਵਜੋਂ ਕੱਢੀ ਜਾਣ ਵਾਲੀ ਇਹ ਰਾਸ਼ੀ ਲੋੜਵੰਦ ਲੋਕਾਂ ਦੀ ਸਹਾਇਤਾ ਉੱਤੇ ਖਰਚ ਕਰਨੀ ਚਾਹੀਦੀ ਹੈ। ਇਸ ਮੌਕੇ ਸੀਨੀਅਰ ਆਪ ਮੈਂਬਰ ਕੁਲਦੀਪ ਸਿੰਘ ਥਿੰਦ, ਨਗਰ ਕੌਂਸਲ ਪ੍ਰਧਾਨ ਰਨਵੀਰ ਸਿੰਘ, ਸਹਿਰੀ ਪ੍ਰਧਾਨ ਮਦਨ ਲਾਲ, ਸੈਕਟਰੀ ਹਰਮੇਸ ਮੇਸ਼ੀ, ਕੈਸ਼ੀਅਰ ਸੰਦੀਪ ਗੁਪਤਾ, ਰਾਕੇਸ਼ ਗਰਗ ਚੇਅਰਮੈਨ ਮਦਰ ਇੰਡੀਆ, ਜ਼ੋਨਲ ਸੈਕਟਰੀ ਨਰਾਇਣ ਗਰਗ, ਅਸ਼ੋਕ ਗਰਗ, ਕੁਨਾਲ ਗੋਇਲ, ਕਪਿਲ ਕੌਸਲ, ਨਰਾਇਣ ਦਾਸ, ਰਾਕੇਸ਼ ਸਿੰਗਲਾ ਚੇਅਰਮੈਨ ਗੁਰੂਕੁਲ ਸਕੂਲ, ਡਾ. ਅਸ਼ੋਕ ਦੇਵ, ਡਾ. ਮੋਹਨ ਲਾਲ, ਸੋਨੂ ਬਾਂਸਲ, ਜੀਵਨ ਕੁਮਾਰ, ਰਕੇਸ਼ ਬੱਬਲ, ਗੋਬਿੰਦ ਸਿੰਘ ਵਿਰਦੀ, ਬ੍ਰਿਜ ਲਾਲ, ਵਿਸ਼ਾਲ ਗੋਇਲ, ਰਾਕੇਸ਼ ਵਿਨੋਦ ਮੈਡੀਕਲ, ਡਾ. ਅਮਨ ਸ਼ਰਮਾ, ਦੀਪਕ ਜਿੰਦਲ, ਸੰਜੀਵ ਕੁਮਾਰ, ਦੀਪਕ ਕੁਮਾਰ, ਸ਼ਿਵ ਸ਼ੰਕਰ, ਸੁਨੀਲ ਮਿੱਤਲ, ਅਰੁਣ ਕੁਮਾਰ, ਰਾਕੇਸ ਸੋਨੀ, ਮਿੰਕਲ ਗਰਗ, ਯੋਗੇਸ਼ ਗਰਗ ਤੇ ਰਾਕੇਸ਼ ਗਨਪਤੀ ਪੇਟ ਆਦਿ ਮੈਂਬਰ ਹਾਜ਼ਰ ਸਨ।

## ਵਿਜੇ ਕੁਮਾਰ ਭੋਲਾ ਸੂਬਾ ਸਕੱਤਰ ਨਿਯੁਕਤ

**ਪਾਤੜਾਂ (ਪੱਤਰ ਪ੍ਰੇਰਕ)**-ਭਾਰਤੀਯ ਅੰਬੇਡਕਰ ਮਿਸਨ ਦੇ ਕੌਮੀ ਪ੍ਰਧਾਨ ਦਰਸਨ ਸਿੰਘ ਕਾਗੜਾ ਅਤੇ ਸਰਪ੍ਰਸਤ ਮੈਡਮ ਪੂਨਮ ਕਾਂਗੜਾ ਐਸਸੀ ਕਮਿਸਨ ਵੱਲੋਂ ਵਿਜੇ ਕੁਮਾਰ ਭੋਲਾ ਨੂੰ ਜਥੇਬੰਦੀ ਦੇ ਸੂਬਾ ਜਨਰਲ ਸਕੱਤਰ ਨਿਯੁਕਤ ਕੀਤਾ ਗਿਆ ਹੈ। ਨਗਰ ਕੌਂਸਲ ਪਾਤੜਾਂ ਦੇ ਸਾਬਕਾ ਕੌਂਸਲਰ ਵਿਜੇ ਕੁਮਾਰ ਭੋਲਾ ਨੇ ਸੂਬਾ ਜਨਰਲ ਸਕੱਤਰ ਬਣਾਉਣ ਲਈ ਮੈਡਮ ਪੂਨਮ ਕਾਂਗੜਾ ਕੌਮੀ ਪ੍ਰਧਾਨ ਦਰਸਨ ਸਿੰਘ ਕਾਗੜਾ ਦਾ ਵਿਸੇਸ ਧੰਨਵਾਦ ਕਰਦਿਆਂ ਕਿਹਾ ਕਿ ਉਹ ਜਥੇਬੰਦੀ ਵੱਲੋਂ ਦਿੱਤੀ ਗਈ ਡਿਊਟੀ ਨੂੰ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣ ਦੇ ਨਾਲ ਨਾਲ ਭਾਈਚਾਰੇ ਦੀ ਤਰੱਕੀ ਅਤੇ ਬੇਹਤਰੀ ਦੇ ਨਾਲ ਨਾਲ ਪਿਛਲੇ ਕਾਫੀ ਸਮੇਂ ਤੋਂ ਅਨੁਸੂਚਿਤ ਜਾਤੀਆਂ ਤੇ ਪਛੜੀਆਂ ਸ੍ਰੇਣੀਆਂ ਨਾਲ ਸੰਬੰਧਿਤ ਲੋਕਾਂ ਨੂੰ ਭਾਰੀ ਮੁਸਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਜਿਨ੍ਹਾਂ ਦੇ ਹੱਲ ਲਈ ਉਹ ਹਰ ਸੰਭਵ ਕੋਸ਼ਿਸ਼ ਕਰਨਗੇ।

## ਮੁਹੱਲਾ ਨਿਵਾਸੀਆਂ ਤੇ ਦੁਕਾਨਦਾਰਾਂ ਨੇ ਲਗਾਇਆ ਲੰਗਰ




**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਮੇਲਾ ਮਾਘੀ ਮੌਕੇ ਖਾਲਸਾ ਸਕੂਲ ਰੋਡ ਸਥਿਤ ਮਾਨ ਚੌਂਕ ਵਿਖੇ ਸਮੂਹ ਇਲਾਕਾ ਨਿਵਾਸੀਆਂ ਤੇ ਦੁਕਾਨਦਾਰਾਂ ਦੇ ਸਹਿਯੋਗ ਨਾਲ ਵੱਖ-ਵੱਖ ਖਾਣ-ਪੀਣ ਵਾਲੀਆਂ ਵਸਤਾਂ ਦਾ ਲੰਗਰ ਅਤੁੱਟ ਵਰਤਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਟਰਿੰਗ ਯੂਨੀਅਨ ਦੇ ਪ੍ਰਧਾਨ ਰੋਸ਼ਨ ਲਾਲ ਕਪੂਰ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਮਾਘੀ ਦੇ ਮੇਲੇ ਨੂੰ ਸਮਰਪਤ ਸਮੂਹ ਸੰਗਤ ਲਈ ਬਰੈੱਡ, ਮਿੱਠੇ ਚੌਲ, ਫਲਾਂ ਤੇ ਚਾਹ ਦਾ ਲੰਗਰ ਲਗਾਇਆ ਗਿਆ। ਉਨ੍ਹਾ ਦੱਸਿਆ ਕਿ ਮੇਲਾ ਮਾਘੀ 'ਤੇ ਆਉਣ ਵਾਲੀ ਸੰਗਤ ਨੇ ਬੜੀ ਹੀ ਸ਼ਰਧਾ ਨਾਲ ਲੰਗਰ ਛਕਿਆ। ਉਨ੍ਹਾ ਦੱਸਿਆ ਕਿ ਲੰਗਰ ਸਵੇਰੇ ਚਾਰ ਵਜੇ ਤੋਂ ਰਾਤ ਤੱਕ ਚੱਲਦਾ ਰਿਹਾ। ਇਸ ਮੌਕੇ ਰਾਜੇਸ਼ ਕੁਮਾਰ ਕਪੂਰ, ਵਿਜੇ ਕਪੂਰ, ਸੁਰਜੀਤ ਸਿੰਘ, ਬਿੱਟੂ, ਵਿਜੇ, ਮੋਹਿਤ ਕੁਮਾਰ, ਰੋਹਿਤ ਕੁਮਾਰ, ਸਾਹਿਲ, ਕਰਮਜੀਤ ਸਿੰਘ, ਜਸਪਾਲ ਸਿੰਘ ਮਾਨ, ਗੁਰਮੇਲ ਸਿੰਘ, ਅਵਤਾਰ ਸਿੰਘ, ਜੱਸਾ ਸਿੰਘ, ਜਰਨੈਲ ਸਿੰਘ, ਲਵਪ੍ਰੀਤ ਸਿੰਘ, ਦਾਰਾ, ਮਾਂਗਟ ਰਾਮ ਤੇ ਅਮਨਾ ਆਦਿ ਨੇ ਵੀ ਲੰਗਰ ਵਿੱਚ ਯੋਗਦਾਨ ਪਾਇਆ।

# ਗੁਰੂ ਗੋਬਿੰਦ ਸਿੰਘ ਜੀ ਦੇ ਆਗਮਨ ਪੁਰਬ ਦੀ ਖੁਸ਼ੀ 'ਚ ਨਗਰ ਕੀਰਤਨ



**ਜਗਰਾਉਂ (ਅਮਿਤ ਖੰਨਾ)**-ਜੀ.ਐਚ.ਜੀ ਅਕੈਡਮੀ ਕੋਠੇ ਬੱਗੂ ਜਗਰਾਉਂ ਵੱਲੋਂ ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ ਪੁਰਬ ਦੀ ਖੁਸੀ ਵਿੱਚ 13 ਜਨਵਰੀ ਸਨੀਵਾਰ ਨੂੰ ਮਹਾਨ ਨਗਰ ਕੀਰਤਨ ਸਜਾਇਆ ਗਿਆ, ਜੋ ਜੀ ਐਚ ਜੀ ਅਕੈਡਮੀ ਕੋਠੇ ਬੱਗੂ ਤੋਂ ਆਰੰਭ ਹੋ ਕੇ ਕਮਲ ਚੌਂਕ, ਕੋਠੇ ਪੋਨੇ, ਬਾਰਦੇਕੇ, ਚਚਰਾੜੀ, ਛੱਜਾਵਾਲ, ਢੋਲਣ, ਹਾਂਸ ਕਲਾ, ਮੀਰਪੁਰ ਹਾਂਸ ਗਗੜਾ, ਜੀ.ਟੀ.ਰੋਡ, ਜਗਰਾਉਂ ਤੋਂ ਹੁੰਦਾ ਹੋਇਆ ਵਾਪਸ ਜੀ.ਐਚ.ਜੀ. ਅਕੈਡਮੀ, ਕੋਠੇ ਬੱਗੂ ਵਿਖੇ ਪਹੁੰਚਿਆ। ਇਸ ਮਹਾਨ ਨਗਰ ਕੀਰਤਨ ਦੀ ਅਗਵਾਈ ਪੰਜਾਂ ਪਿਆਰਿਆਂ ਦੁਆਰਾ ਕੀਤੀ ਗਈ ਜੀ.ਐਚ. ਜੀ. ਅਕੈਡਮੀ ਦੇ ਵਿਦਿਆਰਥੀਆਂ ਵੱਲੋਂ ਗੱਤਕੇ ਦੇ ਜੌਹਰ ਦਿਖਾਏ ਗਏ। ਸਕੂਲ ਦੇ ਬੱਚਿਆਂ ਨੇ ਕੀਰਤਨ, ਕਵੀਸ਼ਰੀ ਤੇ ਢਾਡੀ ਵਾਰਾਂ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਥਾਂ-ਥਾਂ 'ਤੇ ਸੰਗਤਾਂ ਨੇ ਬਹੁਤ ਹੀ ਉਤਸ਼ਾਹ ਨਾਲ ਨਗਰ ਕੀਰਤਨ ਦਾ ਸਵਾਗਤ ਕੀਤਾ। ਸਿੱਖ ਇਤਿਹਾਸ ਨਾਲ ਸੰਬੰਧਤ ਵੱਖ-ਵੱਖ ਸ਼ਹੀਦਾਂ ਦੀਆਂ ਝਾਕੀਆਂ ਵੀ ਟਰਾਲੀਆਂ ਉੱਪਰ ਪੇਸ਼ ਕੀਤੀਆਂ ਗਈਆਂ। ਪਿੰਡਾਂ-ਪਿੰਡਾਂ ਵਿੱਚੋਂ ਸ਼ਰਧਾਲੂਆਂ ਨੇ ਉਤਸ਼ਾਹ ਦਿਖਾਉਂਦੇ ਹੋਏ ਨਗਰ ਕੀਰਤਨ ਦੀਆਂ ਸੰਗਤਾਂ ਲਈ ਵਿਸ਼ੇਸ਼ ਲੰਗਰਾਂ ਦਾ ਪ੍ਰਬੰਧ ਕੀਤਾ। ਇਸ ਮੌਕੇ ਜੀ.ਐਚ. ਜੀ ਅਕੈਡਮੀ ਦੇ ਚੇਅਰਮੈਨ ਗੁਰਮੇਲ ਸਿੰਘ ਮੱਲ੍ਹੀ ਤੇ ਡਾਇਰੈਕਟਰ ਸਰਦਾਰ ਬਲਜੀਤ ਸਿੰਘ ਮੱਲ੍ਹੀ ਨੇ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਦੀਆਂ ਲੱਖ-ਲੱਖ ਵਧਾਈਆਂ ਦਿੰਦੇ ਹੋਏ ਵਿਦਿਆਰਥੀਆਂ ਨੂੰ ਗੁਰੂ ਗੋਬਿੰਦ ਸਿੰਘ ਜੀ ਦੇ ਦੱਸੇ ਹੋਏ ਮਾਰਗ 'ਤੇ ਚੱਲਣ ਦਾ ਉਪਦੇਸ਼ ਦਿੱਤਾ। ਇਸ ਮੌਕੇ ਜੀ.ਐਚ.ਜੀ ਅਕੈਡਮੀ ਦੇ ਪ੍ਰਿੰਸੀਪਲ ਸ੍ਰੀਮਤੀ ਰਮਨਜੋਤ ਕੌਰ ਗਰੇਵਾਲ ਵੱਲੋਂ ਸੁਚੱਜੇ ਪ੍ਰਬੰਧ ਕੀਤੇ ਗਏ।

## ਮਾਡਰਨ ਕਾਲਜ 'ਚ ਲੋਹੜੀ ਮਨਾਈ



**ਚੀਮਾ ਮੰਡੀ (ਰਵਿੰਦਰ ਚੀਮਾ)**-ਮਾਡਰਨ ਕਾਲਜ ਆਫ਼ ਐਜੂਕੇਸ਼ਨ, ਬੀਰ ਕਲਾਂ ਵਿਖੇ ਪ੍ਰਿੰਸੀਪਲ ਡਾ. ਵੀ.ਕੇ ਰਾਏ ਦੀ ਅਗੁਵਾਈ ਹੇਠ ਲੋਹੜੀ ਦਾ ਤਿਉਹਾਰ ਬੜੇ ਹੀ ਚਾਅ ਤੇ ਖੁਸ਼ੀ ਨਾਲ ਮਨਾਇਆ ਗਿਆ। ਪ੍ਰਿੰਸੀਪਲ ਨੇ ਦੱਸਿਆ ਕਿ ਤਿਉਹਾਰ ਮੌਕੇ ਸ਼ਾਮਲ ਸਾਰੇ ਹੀ ਵਿਦਿਆਰਥੀਆਂ ਤੇ ਅਧਿਆਪਕਾਂ ਨੂੰ ਮੂੰਗਫਲੀ ਅਤੇ ਰਿਉੜੀਆਂ ਵੰਡੀਆਂ ਗਈ। ਇਸ ਤੋਂ ਬਾਅਦ ਪ੍ਰਿੰਸੀਪਲ ਵੱਲੋਂ ਇਸ ਤਿਉਹਾਰ ਦੇ ਮਨਾਏ ਜਾਣ ਦਾ ਇਤਿਹਾਸ ਦੱਸਿਆ। ਇਸ ਮੌਕੇ ਵਿਦਿਆਰਥੀਆਂ ਵੱਲੋਂ ਸੰਸਕ੍ਰਿਤਕ ਤੇ ਸੱਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤੇ ਗਏ। ਇਸ ਮੌਕੇ ਕਾਲਜ ਦੇ ਚੇਅਰਮੈਨ ਡਾ. ਰਵਿੰਦਰ ਬਾਂਸਲ ਨੇ ਕਿਹਾ ਕਿ ਇਹ ਤਿਉਹਾਰ ਰਿਸ਼ਤੀਆਂ ਦੀ ਭਾਈਚਾਰਕ ਸਾਂਝ ਨੂੰ ਵਧਾਉਂਦਾ ਹੈ ਤੇ ਰਿਸ਼ਤਿਆਂ ਵਿੱਚ ਮਿਠਾਸ ਘੋਲਦਾ ਹੈ। ਇਸ ਮੌਕੇ ਕਾਲਜ ਦੇ ਸਾਰੇ ਹੀ ਵਿਦਿਆਰਥੀ ਤੇ ਸਟਾਫ਼ ਸ਼ਾਮਲ ਸੀ।

...ਸ.ਫਾ 1 ਦੇ ਬਾਕੀ

### ਮਾਘੀ ਮੇਲੇ 'ਤੇ ਨਾਟ ਉਤਸਵ...

ਜੀਦਾ (ਪਲਸ ਮੰਚ) ਦੇ ਜਗਸੀਰ ਜੀਦਾ ਵੱਲੋਂ ਲੋਕ ਬੋਲੀਆਂ ਤੇ ਸੁਖਦੇਵ ਮਲੂਕਪੁਰੀ ਵੱਲੋਂ ਤਰਕਸ਼ੀਲ ਸ਼ੋਅ ਤੇ ਵਿਚਾਰਾਂ ਸਾਂਝੀਆਂ ਕੀਤੀਆਂ ਗਈਆਂ। ਮੰਚ ਨੂੰ ਗੁਰਸ਼ਰਨ ਸਿੰਘ, ਗਦਰੀ ਦੇਸ਼ ਭਗਤਾਂ, ਸ਼ਹੀਦ ਭਗਤ ਸਿੰਘ ਤੇ ਸਾਥੀਆਂ, ਅਰੁੰਧਤੀ ਰਾਏ ਦੀਆਂ ਲੋਕ ਭਲਾਈ ਦਾ ਸੁਨੇਹਾ ਦਿੰਦੀਆਂ ਤਸਵੀਰਾਂ ਨਾਲ ਅਤੇ ਵਿਗਿਆਨਕ ਤੇ ਤਰਕਸ਼ੀਲ ਟੂਕਾਂ ਨਾਲ ਸਜਾਇਆ ਗਿਆ। ਇਸ ਮੌਕੇ ਤਰਕਸ਼ੀਲ ਤੇ ਉਸਾਰੂ ਸਾਹਿਤ ਦੀ ਪੁਸਤਕ ਪ੍ਰਦਰਸ਼ਨੀ ਵੀ ਲਗਾਈ ਗਈ। ਤਰਕਸ਼ੀਲ ਕੈਲੰਡਰ ਲੋਕਾਂ ਦੀ ਖਿੱਚ ਦਾ ਕੇਂਦਰ ਬਣਿਆ ਰਿਹਾ। ਮੇਲੇ ਦੀ ਸਫਲਤਾ ਲਈ ਜ਼ੋਨ ਆਗੂ ਬੂਟਾ ਸਿੰਘ ਵਾਕਫ, ਪਰਮਿੰਦਰ ਖੋਖਰ, ਗੁਰਮੀਤ ਭਲਵਾਨ, ਤਜਿੰਦਰ ਸੋਥਾ, ਜਗਦੀਸ਼ ਕਿੱਕਰ ਖੇੜਾ, ਸੰਜੇ ਕੁਮਾਰ ਤੋਂ ਇਲਾਵਾ ਡੈਮੋਕ੍ਰੇਟਿਕ ਟੀਚਰਜ਼ ਫਰੰਟ ਦੇ ਜ਼ਿਲ੍ਹਾ ਪ੍ਰਧਾਨ ਲਖਵੀਰ ਸਿੰਘ ਹਰੀਕੇ, ਜੀਵਨ ਸਿੰਘ, ਉਪਕਾਰ ਸਿੰਘ ਵੀ ਮੌਜੂਦ ਸਨ। ਇਹ ਮੇਲਾ 16 ਜਨਵਰੀ ਤੱਕ ਨਿਰੰਤਰ ਚੱਲੇਗਾ।

## ਸਿਵਲ ਹਸਪਤਾਲ ਵਿਖੇ 21 ਨਵਜੰਮੀਆਂ ਦੀ ਲੋਹੜੀ ਮਨਾਈ



**ਮਲੋਟ (ਗੁਰਮੀਤ ਸਿੰਘ ਮੱਕੜ)**-ਸਿਵਲ ਹਸਪਤਾਲ ਵਿਖੇ ਹਸਪਤਾਲ ਦੇ ਐਸ.ਐਮ.ਓ. ਡਾ. ਸੁਨੀਲ ਬਾਂਸਲ ਦੀ ਅਗਵਾਈ ਵਿੱਚ 21 ਨਵਜੰਮੀਆਂ ਧੀਆਂ ਦੀ ਲੋਹੜੀ ਮਨਾਈ ਗਈ। ਲੋਹੜੀ ਦੀ ਸ਼ੁਰੂਆਤ 'ਆਪ' ਦੇ ਦਫ਼ਤਰ ਇੰਚਾਰਜ ਰਮੇਸ਼ ਅਰਨੀਵਾਲਾ ਵੱਲੋਂ ਕੀਤੀ ਗਈ। ਉਸ ਉਪਰੰਤ ਨਵਜੰਮੀਆਂ ਧੀਆਂ ਨੂੰ ਗਰਮ ਕੰਬਲ, ਕੱਪੜੇ ਅਤੇ ਲੋਹੜੀ ਦਿੱਤੀ ਗਈ। ਇਸ ਮੌਕੇ ਐਸ.ਐਮ.ਓ. ਡਾ. ਸੁਨੀਲ ਬਾਂਸਲ ਨੇ ਕਿਹਾ ਕਿ ਪਹਿਲਾਂ ਸਿਰਫ਼ ਲੜਕੇ ਦਾ ਜਨਮ ਹੋਣ 'ਤੇ ਹੀ ਲੋਹੜੀ ਮਨਾਈ ਜਾਂਦੀ ਸੀ, ਪ੍ਰੰਤੂ ਹੁਣ ਲੜਕੀਆਂ ਦੀ ਲੋਹੜੀ ਵੀ ਮਨਾਈ ਜਾਣ ਲੱਗੀ ਹੈ, ਜੋ ਸਾਡੇ ਸਮਾਜ ਦੇ ਜਾਗਰੂਕ ਹੋਣ ਦਾ ਸਬੂਤ ਹੈ। ਉਨ੍ਹਾਂ ਦੱਸਿਆ ਕਿ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਦੇ ਯਤਨਾਂ ਸਦਕਾ ਹਸਪਤਾਲ ਵਿੱਚ ਡਾਕਟਰਾਂ ਦੀ ਕਮੀ ਨੂੰ ਲਗਭਗ ਪੂਰਾ ਕੀਤਾ ਜਾ ਚੁੱਕਿਆ ਹੈ। ਇਸ ਤੋਂ ਇਲਾਵਾ ਡਾਇਲਿਸਿਸ ਮਸ਼ੀਨ ਵੀ ਸਿਵਲ ਹਸਪਤਾਲ ਵਿਚ ਆ ਚੁੱਕੀ ਹੈ, ਜਿਸ ਨਾਲ ਜਲਦ ਹੀ ਸ਼ਹਿਰ ਵਾਸੀਆਂ ਨੂੰ ਸੇਵਾਵਾਂ ਪ੍ਰਦਾਨ ਕੀਤੀਆਂ ਜਾਣਗੀਆਂ। ਇਸ ਮੌਕੇ 'ਤੇ ਮਨੋਜ ਅਸੀਜਾ, ਸਾਬਕਾ ਨਗਰ ਕੌਂਸਲ ਦੇ ਪ੍ਰਧਾਨ ਸਤਿਗੁਰਦੇਵ ਰਾਜ ਪੱਪੀ, ਓਮੇਸ਼ ਨਾਗਪਾਲ, ਡਾ. ਵਿਕਾਸ, ਡਾ. ਸੁਨੀਲ ਅਰੋੜਾ, ਪ੍ਰੈਸ ਕਲੱਬ ਦੇ ਪ੍ਰਧਾਨ ਗੁਰਮੀਤ ਸਿੰਘ ਮੱਕੜ, ਸਾਬਕਾ ਵਰੰਟ ਅਫ਼ਸਰ ਹਰਪ੍ਰੀਤ ਸਿੰਘ ਹੈਪੀ, ਸੰਦੀਪ ਮਲੂਜਾ, ਲਖਵਿੰਦਰ ਸਿੰਘ ਬਰਾੜ, ਚੇਤਨ ਭੂਰਾ, ਗੁਪਤਾ ਇੰਡਸਟਰੀ ਦੇ ਵਿਕਾਸ ਗੁਪਤਾ ਤੇ ਰੋਹਿਤ ਕਾਲੜਾ ਆਦਿ ਹਾਜ਼ਰ ਸਨ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Fatehpuri**
ਸੰਪਾਦਕ : **ਚੰਦ ਫਤਿਹਪੁਰੀ** * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਉਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।
**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ : nawanzamana@gmail.com * Web : www.nawanzamana.in**

# ਸੂਬੇ ਭਰ 'ਚ ਵਪਾਰੀਆਂ ਦੀਆਂ ਮੁਸ਼ਕਲਾਂ ਸੁਣਨ ਤੇ ਹੱਲ ਕਰਨ ਲਈ ਤਿੰਨ ਪੜਾਵੀ ਮੁਹਿੰਮ ਦਾ ਆਗਾਜ਼ 18 ਤੋਂ

## ਮਾਨ ਸਰਕਾਰ ਸੂਬੇ ਦੇ ਵਪਾਰ ਨੂੰ ਮੁੜ ਲੀਹਾਂ 'ਤੇ ਲਿਆਉਣ ਲਈ ਵਚਨਬੱਧ : ਬੰਦੇਸਾ



**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**-ਪੰਜਾਬ ਟਰੇਡਰਜ਼ ਕਮਿਸ਼ਨ ਦੇ ਸੰਵਿਧਾਨਿਕ ਸੂਬਾਈ ਮੈਂਬਰ ਤੇ ਆਮ ਆਦਮੀ ਪਾਰਟੀ ਦੇ ਸੂਬਾਈ ਬੁਲਾਰੇ ਜਸਕਰਣ ਬੰਦੇਸਾ ਨੇ ਕਿਹਾ ਕਿ ਪੰਜਾਬ ਦੀਆਂ ਸਾਬਕਾ ਸਰਕਾਰਾਂ ਵੱਲੋਂ ਵਪਾਰੀਆਂ ਮਾਰੂ ਨੀਤੀਆਂ ਲਾਗੂ ਕਰਕੇ ਖੇਤੀ ਸੈਕਟਰ ਪਿੱਛੋਂ ਰੁਜ਼ਗਾਰ ਦਾ ਮੁੱਖ ਕੇਂਦਰੀ ਬਿੰਦੂ ਵਪਾਰ ਨੂੰ ਧਰਾਤਲ ਤੇ ਧਕੇਲੇ ਜਾਣ ਦਾ ਮਾਹਿਰਾਂ ਕੋਲੋਂ ਅਧਿਐਨ ਕਰਵਾ ਕੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਨੇ ਪੰਜਾਬ ਦੇ ਵਪਾਰ ਨੂੰ ਮੁੜ ਲੀਹਾਂ 'ਤੇ ਲਿਆਉਣ ਲਈ ਵਪਾਰੀਆਂ ਨੂੰ ਦਰਪੇਸ਼ ਸਰਕਾਰੀ ਅਫਸਰਸ਼ਾਹੀ ਤੇ ਗੈਰ-ਸਰਕਾਰੀ ਮੁਸ਼ਕਲਾਂ ਦੇ ਹੱਲ ਲਈ ਵੱਡਾ ਹੰਭਲਾ ਮਾਰਦਿਆਂ ਰੰਗਲੇ ਪੰਜਾਬ ਦੀ ਸਿਰਜਣਾ ਹਿੱਤ ਬਜਟ ਸੈਸ਼ਨ 'ਚ ਸੰਵਿਧਾਨਿਕ ਤੌਰ ਤੇ ਪੰਜਾਬ ਟਰੇਡਰਜ਼ ਕਮਿਸ਼ਨ ਦੀ ਸਥਾਪਨਾ ਕੀਤੀ ਅਤੇ ਬਕਾਇਦਾ ਗਜ਼ਟ ਨੋਟੀਫਿਕੇਸ਼ਨ ਕਰਕੇ ਨਾਮਜ਼ਦ ਕੀਤੇ ਗਏ ਚੇਅਰਮੈਨ ਸਮੇਤ ਮੈਂਬਰਾਂ ਨੇ ਹੁਣ ਆਪਣੀ ਜ਼ਿੰਮੇਵਾਰੀ ਸੰਭਾਲ ਕੇ ਗਰਾਊਂਡ ਜ਼ੀਰੋ 'ਤੇ ਤਿੰਨ ਪੜਾਵੀ ਗਤੀਸ਼ੀਲਤਾ ਦੀ ਮੁਹਿੰਮ ਦਾ ਆਗਾਜ਼ ਕਰ ਦਿੱਤਾ ਹੈ। ਜਸਕਰਣ ਬੰਦੇਸਾ ਨੇ ਅੱਜ ਇਥੇ ਸਥਾਨਕ ਸਹਿਰ ਨੇੜਲੇ ਆਪਣੇ ਪਿੰਡ ਹਰੜ ਖੁਰਦ ਤੋਂ ਪਰਤ ਕੇ ਗੱਲਬਾਤ ਦੌਰਾਨ ਉਕਤ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਜਾਣਕਾਰੀ ਦਿੱਤੀ ਕਿ ਜ਼ੀਰੋ ਗਰਾਊਂਡ ਤਿੰਨ ਪੜਾਵੀ ਗਤੀਸ਼ੀਲਤਾ ਦੇ ਪਹਿਲੇ ਪੜਾਅ 'ਚ ਵਿੱਤ ਮੰਤਰੀ ਪੰਜਾਬ ਹਰਪਾਲ ਸਿੰਘ ਚੀਮਾ ਦੀ ਅਗਵਾਈ 'ਚ 18 ਜਨਵਰੀ ਨੂੰ ਅੰਮ੍ਰਿਤਸਰ ਵਿਖੇ ਕਮਿਸ਼ਨ ਦੇ ਚੇਅਰਮੈਨ ਅਨਿਲ ਠਾਕੁਰ ਦੀ ਪ੍ਰਧਾਨਗੀ 'ਚ ਕਰ ਤੇ ਆਬਕਾਰੀ ਵਿਭਾਗ ਦੇ ਆਲਾ ਅਧਿਕਾਰੀਆਂ ਸਮੇਤ ਜ਼ਿਲੇ ਭਰ ਦੇ ਰਜਿਸਟਰਡ ਵੱਖ-ਵੱਖ ਵਪਾਰ ਸੰਗਠਨਾਂ ਤੇ ਉਦਯੋਗਪਤੀਆਂ ਦਾ ਉੱਚ ਪੱਧਰੀ ਸ਼ਿਕਾਇਤ ਨਿਵਾਰਣ ਵਿਸ਼ੇਸ਼ ਕੈਂਪ ਲਗਾਇਆ ਜਾ ਰਿਹਾ ਹੈ ਜਿਸ 'ਚ ਕਾਰੋਬਾਰੀਆਂ ਤੇ ਉਦਯੋਗਪਤੀਆਂ ਨੂੰ ਦਰਪੇਸ਼ ਟੈਕਸਾਂ ਦੇ ਮੁੱਦੇ 'ਤੇ ਵਿਭਾਗੀ ਦਿੱਕਤਾਂ ਦਾ ਮੌਕੇ 'ਤੇ ਹੱਲ ਕਰ ਦਿੱਤਾ ਜਾਵੇਗਾ ਅਤੇ ਜੋ ਸਮੱਸਿਆਵਾਂ ਜ਼ਿਲਾ ਅਧਿਕਾਰੀਆਂ ਦੇ ਅਧਿਕਾਰ ਖੇਤਰ ਤੋਂ ਬਾਹਰਲੇ ਘੇਰੇ ਦੀਆਂ ਹੋਣਗੀਆਂ, ਉਨ੍ਹਾਂ ਦਾ ਹੱਲ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੇ ਧਿਆਨ ਚ ਲਿਆ ਕੇ ਵਿਭਾਗ ਦੇ ਪੰਜਾਬ ਮੁਖੀਆਂ ਹੱਲ ਕਰਵਾ ਦਿੱਤੀਆਂ ਜਾਣਗੀਆਂ। ਸਮੱਸਿਆਵਾਂ ਸੁਣਨ ਤੇ ਹੱਲ ਕਰਨ ਤੋਂ ਇਲਾਵਾ ਇੱਕ ਲੱਖ ਰੁਪਏ ਤੋਂ ਲੈ ਕੇ ਇੱਕ ਕਰੋੜ ਰੁਪਏ ਤੱਕ ਦੇ ਕਾਰੋਬਾਰੀਆਂ ਨੂੰ ਵੈਟ, ਜੀਐੱਸਟੀ ਆਦਿ ਟੈਕਸਾਂ ਦੀ ਅਦਾਇਗੀ 'ਚ ਸੂਬਾ ਸਰਕਾਰ ਵੱਲੋਂ ਰਾਹਤ ਦੇਣ ਲਈ ਲਾਗੂ ਕੀਤੀ ਗਈ ਇੱਕਮੁਸ਼ਤ ਨਿਪਟਾਰੇ ਲਈ ਵਨ ਟਾਈਮ ਸੈਟਲਮੈਂਟ ਸਕੀਮ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਜਾਵੇਗੀ ਅਤੇ ਵੱਧ ਤੋਂ ਵੱਧ ਲਾਭ ਉਠਾਉਣ ਲਈ ਉਤਸ਼ਾਹਿਤ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਸਕੀਮ ਤਹਿਤ ਬਕਾਇਆ ਟੈਕਸਾਂ ਦੀ ਅਦਾਇਗੀ ਦਾ ਵਿਭਾਗੀ ਸਾਹਮਣਾ ਕਰ ਰਹੇ ਵਪਾਰੀਆਂ ਨੂੰ ਬਕਾਇਆ ਟੈਕਸ ਅਦਾਇਗੀ ਰਕਮ ਤੇ 50 ਫੀਸਦੀ ਦੀ ਮੁਆਫੀ ਤੇ ਇਸ ਮੁਆਫੀ ਉਪਰੰਤ ਪਿੱਛੋਂ ਬਚਣ ਵਾਲੀ ਬਕਾਇਆ ਰਾਸ਼ੀ ਤੇ ਜੁਰਮਾਨੇ ਸਮੇਤ 100 ਫੀਸਦੀ ਵਿਆਜ ਤੇ ਛੋਟ ਦਿੱਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਕੈਂਪ ਨੂੰ ਸਫਲਤਾਪੂਰਵਕ ਸਿਰੇ ਚਾੜ੍ਹਨ ਲਈ ਗਰਾਊਂਡ ਜ਼ੀਰੋ 'ਤੇ ਵਾਪਰੀਆਂ/ਉਦਯੋਗਪਤੀਆਂ ਨਾਲ ਤਾਲਮੇਲ ਬੈਠਾ ਕੇ ਕੈਂਪ 'ਚ ਸ਼ਮੂਲੀਅਤ ਯਕੀਨੀ ਬਣਾਉਣ ਲਈ ਬਕਾਇਦਾ ਵਿਭਾਗ ਦੇ ਜ਼ਿਲ੍ਹਾ ਅਧਿਕਾਰੀਆਂ, ਮੋਬਾਈਲ ਵਿੰਗ, ਜੀਐੱਸਟੀ ਵਿੰਗ, ਟੈਕਸੇਸ਼ਨ ਆਦਿ ਵਿੰਗਾਂ ਦੇ ਇੰਚਾਰਜ ਅਧਿਕਾਰੀਆਂ ਨੂੰ ਦਿਸ਼ਾ ਨਿਰਦੇਸ਼ ਜਾਰੀ ਕਰ ਦਿੱਤੇ ਗਏ ਹਨ। ਬੰਦੇਸਾ ਨੇ ਦੱਸਿਆ ਕਿ ਦੂਸਰੇ ਪੜਾਅ ਚ 24 ਜਨਵਰੀ ਨੂੰ ਲੁਧਿਆਣਾ ਅਤੇ 7 ਫਰਵਰੀ ਨੂੰ ਜਲੰਧਰ ਵਿਖੇ ਵੀ ਇਸੇ ਤਰਜ਼ 'ਤੇ ਕਮਿਸ਼ਨ ਦੇ ਚੇਅਰਮੈਨ ਅਨਿਲ ਠਾਕੁਰ ਦੀ ਪ੍ਰਧਾਨਗੀ 'ਚ ਕੈਂਪ ਲਗਾਉਣ ਲਈ ਮੁੱਢਲੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਉਨ੍ਹਾਂ ਰਜਿਸਟਰਡ ਵਪਾਰ ਸੰਗਠਨਾਂ ਤੇ ਉਦਯੋਗਪਤੀਆਂ ਨੂੰ ਇਨ੍ਹਾਂ ਵਿਸ਼ੇਸ਼ ਕੈਂਪਾਂ 'ਚ ਉਤਸ਼ਾਹ ਨਾਲ ਸ਼ਮੂਲੀਅਤ ਕਰਕੇ ਲਾਭ ਉਠਾਉਣ ਦਾ ਸੱਦਾ ਵੀ ਦਿੱਤਾ।

# ਕਟਾਰੂਚੱਕ ਦਾ ਡੈਮ ਦੇ 32 ਕਰਮਚਾਰੀਆਂ ਨੇ ਬਹਾਲ ਹੋਣ 'ਤੇ ਕੀਤਾ ਧੰਨਵਾਦ



**ਪਠਾਨਕੋਟ, (ਦਵਿੰਦਰ)**-ਬਹੁਤ ਖੁਸ਼ੀ ਦੀ ਗੱਲ ਹੈ ਕਿ ਰਣਜੀਤ ਸਾਗਰ ਡੈਮ ਸਾਹਪੁਰਕੰਡੀ ਦੇ 32 ਕਰਮਚਾਰੀ ਜਿਨ੍ਹਾਂ ਨੂੰ ਕੁਝ ਖਾਮੀਆਂ ਦੇ ਚਲਦਿਆਂ ਮੁਅੱਤਲ ਕੀਤਾ ਗਿਆ ਸੀ, ਨੂੰ ਸਾਰੇ ਮਾਮਲੇ ਦੀ ਜਾਂਚ ਤੋਂ ਬਾਅਦ ਬਹਾਲ ਕੀਤਾ ਗਿਆ ਹੈ। ਮਾਘੀ ਦੇ ਪਵਿੱਤਰ ਮੌਕੇ ਉਨ੍ਹਾਂ ਵੱਲੋਂ ਇਨ੍ਹਾਂ 32 ਪਰਿਵਾਰਾਂ ਨੂੰ ਬਹੁਤ ਬਹੁਤ ਮੁਬਾਰਕਾਂ। ਇਹ ਪ੍ਰਗਟਾਵਾ ਲਾਲ ਚੰਦ ਕਟਾਰੂਚੱਕ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਅਤੇ ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ ਮੰਤਰੀ ਪੰਜਾਬ ਨੇ ਅੱਜ ਆਪਣੇ ਦਫਤਰ ਵਿਖੇ ਕੀਤਾ ਗਿਆ। ਜ਼ਿਕਰਯੋਗ ਹੈ ਕਿ 32 ਕਰਮਚਾਰੀ ਜੋ ਰਣਜੀਤ ਸਾਗਰ ਡੈਮ ਸ਼ਾਹਪੁਰਕੰਡੀ ਵਿਖੇ ਫਿਰ ਤੋਂ ਬਹਾਲ ਕੀਤੇ ਗਏ ਹਨ। ਬਹਾਲ ਕਰਮਚਾਰੀਆਂ ਦਾ ਇੱਕ ਵਫਦ ਅੱਜ ਕਟਾਰੂਚੱਕ ਨੂੰ ਮਿਲਣ ਲਈ ਆਇਆ ਅਤੇ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜਸਵੰਤ ਸਿੰਘ ਸੰਧੂ, ਬਲਕਾਰ ਸਿੰਘ ਪਠਾਨੀਆਂ, ਗੁਰਪ੍ਰੀਤ, ਦਵਿੰਦਰ, ਮੋਹਣ ਸਿੰਘ, ਲਖਨੇਸ਼, ਯੋਗੇਸ਼, ਨਰੇਸ਼, ਸੁਖਵਿੰਦਰ, ਦਵਿੰਦਰ, ਮਨਿੰਦਰ ਆਦਿ ਹਾਜ਼ਰ ਸਨ। ਇਸ ਮੌਕੇ ਉਨ੍ਹਾਂ ਕਿਹਾ ਕਿ ਵਿਭਾਗੀ ਖਾਮੀਆਂ ਕਰਕੇ ਕਰੀਬ 9 ਮਹੀਨੇ ਪਹਿਲਾਂ ਉਨ੍ਹਾਂ ਨੂੰ ਨੌਕਰੀ ਤੋਂ ਕੱਢਿਆ ਗਿਆ ਸੀ ਅਤੇ ਅੱਜ ਉਨ੍ਹਾਂ ਨੂੰ ਉਨ੍ਹਾਂ ਦਾ ਹੱਕ ਮਿਲਿਆ ਹੈ ਅਤੇ 32 ਕਰਮਚਾਰੀਆਂ ਨੂੰ ਫਿਰ ਤੋਂ ਨੌਕਰੀ 'ਤੇ ਬਹਾਲ ਕੀਤਾ ਗਿਆ ਹੈ। ਉਨ੍ਹਾਂ ਇਸ ਮੌਕੇ ਸ਼੍ਰੀ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਅਤੇ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਪੰਜਾਬ ਸਰਕਾਰ ਨੇ ਉਨ੍ਹਾਂ ਨੂੰ ਇਨਸਾਫ ਦਿੱਤਾ ਹੈ ਅਤੇ ਅਸੀਂ 32 ਪਰਿਵਾਰ ਪੰਜਾਬ ਸਰਕਾਰ ਦਾ ਦਿਲ ਤੋਂ ਧੰਨਵਾਦ ਕਰਦੇ ਹਾਂ।

# ਸ਼ਾਂਤੀ ਦੇਵੀ ਆਰੀਆ ਮਹਿਲਾ ਕਾਲਜ ਦੀਨਾਨਗਰ ਵਿਖੇ ਕਮੇਡੀ ਨਾਈਟ ਅੱਜ

## ਹਾਸਰਸ ਕਲਾਕਾਰ ਮਨਪ੍ਰੀਤ ਪਾਉਣਗੇ ਦਰਸ਼ਕਾਂ ਦੇ ਢਿੱਡੀਂ ਪੀੜਾਂ




**ਗੁਰਦਾਸਪੁਰ (ਬਲਵਿੰਦਰ ਸਿੰਘ ਬਿੱਲਾ/ ਦਿਨੇਸ਼ ਕੁਮਾਰ)**-ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜ਼ਿਲ੍ਹਾ ਹੈਰੀਟੇਜ ਸੁਸਾਇਟੀ ਦੇ ਸਹਿਯੋਗ ਨਾਲ 15 ਜਨਵਰੀ ਨੂੰ ਸ਼ਾਮ 5:00 ਵਜੇ ਤੋਂ 7:00 ਵਜੇ ਤੱਕ ਸ਼ਾਂਤੀ ਦੇਵੀ ਆਰੀਆ ਮਹਿਲਾ ਕਾਲਜ, ਦੀਨਾਨਗਰ ਦੇ ਆਡੀਟੋਰੀਅਮ ਵਿਖੇ ਸਟੈਂਡਅੱਪ ਕਮੇਡੀ ਨਾਈਟ ਕਰਵਾਈ ਜਾ ਰਹੀ ਹੈ ।ਇਸ ਕਾਮੇਡੀ ਨਾਈਟ ਪ੍ਰੋਗਰਾਮ ਵਿੱਚ ਪੰਜਾਬ ਦੇ ਪ੍ਰਸਿੱਧ ਹਾਸਰਸ ਕਲਾਕਾਰ ਮਨਪ੍ਰੀਤ ਸਿੰਘ ਆਪਣੀ ਪੇਸ਼ਕਾਰੀ ਰਾਹੀਂ ਹਸਾ-ਹਸਾ ਕੇ ਦਰਸ਼ਕਾਂ ਦੇ ਢਿੱਡੀਂ ਪੀੜਾਂ ਪਾਉਣਗੇ। ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਇਸ ਸਟੈਂਡਅੱਪ ਕਾਮੇਡੀ ਨਾਈਟ ਵਿੱਚ ਦਾਖ਼ਲਾ ਮੁਫ਼ਤ ਪਰ ਪਾਸ ਨਾਲ ਹੋਵੇਗਾ ।ਉਨ੍ਹਾਂ ਕਿਹਾ ਕਿ ਜ਼ਿਲ੍ਹਾ ਵਾਸੀ ਕਮੇਡੀ ਨਾਈਟ ਲਈ ਇਹ ਪਾਸ ਸ਼ਨੀਵਾਰ ਅਤੇ ਐਤਵਾਰ ਨੂੰ ਕਲਾ ਕੇਂਦਰ ਗੁਰਦਾਸਪੁਰ ਤੋਂ ਸਵੇਰੇ 11:00 ਵਜੇ ਤੋਂ ਸ਼ਾਮ 4:00 ਵਜੇ ਤੱਕ ਪ੍ਰਾਪਤ ਕਰ ਸਕਦੇ ਹਨ ।ਉਨ੍ਹਾਂ ਕਿਹਾ ਕਿ ਆਡੀਟੋਰੀਅਮ ਦੀਆਂ ਸੀਟਾਂ ਲਿਮਟਿਡ ਹਨ ਅਤੇ ਪਾਸ ਪਹਿਲਾਂ ਆਓ-ਪਹਿਲਾਂ ਪਾਓ ਦੇ ਆਧਾਰ 'ਤੇ ਦਿੱਤੇ ਜਾਣਗੇ ।ਉਨ੍ਹਾਂ ਕਮੇਡੀ ਨਾਈਟ ਵਿੱਚ ਸ਼ਾਮਲ ਹੋਣ ਦੇ ਚਾਹਵਾਨ ਦਰਸ਼ਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਆਪਣੇ ਪਾਸ ਪ੍ਰਾਪਤ ਕਰਕੇ ਆਪਣੀ ਸੀਟ ਰਿਜ਼ਰਵ ਕਰ ਲੈਣ ਅਤੇ ਹਾਸਿਆਂ ਦੇ ਇਸ ਪ੍ਰੋਗਰਾਮ ਦਾ ਅਨੰਦ ਉਠਾਉਣ ।

# ਔਰਤ ਮੁਕਤੀ ਮੋਰਚਾ ਦੀ ਅਗਵਾਈ 'ਚ ਲੋਹੜੀ ਦਾ ਤਿਉਹਾਰ ਮਨਾਇਆ



**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**-ਭਰਤ-ਪਾਕਿ ਸਰਹੱਦ 'ਤੇ ਸਥਿਤ ਰਾਵੀ ਦਰਿਆ ਦੇ ਕੰਢੇ ਵੱਸਦੇ ਕੋਟਰਜ਼ਾਦਾ ਪਿੰਡ ਦੀਆਂ ਮਹਿਲਾਵਾਂ ਨੇ ਬੀਬੀ ਅਜੀਤ ਕੌਰ ਕੋਟਰਜ਼ਾਦਾ ਪ੍ਰਧਾਨ ਔਰਤ ਮੁਕਤੀ ਮੋਰਚਾ ਦੀ ਅਗਵਾਈ ਚੇ ਲੋਹੜੀ ਦਾ ਤਿਉਹਾਰ ਬੜੇ ਉਤਸ਼ਾਹ ਅਤੇ ਉਮੰਗ ਨਾਲ ਮਨਾਇਆ ਜਿਸ ਵਿਚ ਉਚੇਚੇ ਤੌਰ 'ਤੇ ਲੋਹੜੀ ਦੀਆਂ ਖੁਸ਼ੀਆਂ ਸਾਂਝੀਆਂ ਕਰਨ ਲਈ ਸ਼ਾਮਲ ਹੋਏ ਡਾ. ਸਤਨਾਮ ਸਿੰਘ ਅਜਨਾਲਾ ਪ੍ਰਮੁੱਖ ਆਗੂ ਸੰਯੁਕਤ ਕਿਸਾਨ ਮੋਰਚਾ ਤੇ ਸੂਬਾ ਪ੍ਰਧਾਨ ਜਮੂਹਰੀ ਕਿਸਾਨ ਸਭਾ ਨੇ ਇਸ ਮੌਕੇ ਦੱਸਿਆ ਕਿ ਲੋਹੜੀ ਦਾ ਤਿਉਹਾਰ ਭਾਵੇਂ ਪੁਰਾਤਨ ਸਮੇਂ ਤੋਂ ਮਨਾਇਆ ਜਾਂਦਾ ਰਿਹਾ ਹੈ ਪ੍ਰੰਤੂ ਲੋਹੜੀ ਦਾ ਪਿਛੋਕੜ ਪੰਜਾਬੀ ਲੋਕ-ਨਾਇਕ ਦੁੱਲਾ ਭੱਟੀ ਦੀ ਇੱਕ ਪਰਉਪਕਾਰੀ ਘਟਨਾ ਨਾਲ ਵੀ ਜੁੜਿਆ ਹੋਇਆ ਹੈ! ਲੋਹੜੀ ਜਿੱਥੇ ਭੈਣ-ਭਰਾ ਦੇ ਪਿਆਰ ਦਾ ਪ੍ਰਤੀਕ ਹੈ ਉਥੇ ਇਸ ਨੂੰ ਹਿੰਦੂ, ਸਿੱਖ, ਮੁਸਲਮ, ਇਸਾਈ ਅਤੇ ਹੋਰ ਵਰਗ ਇਸ ਨੂੰ ਸਾਂਝੇ ਤੌਰ 'ਤੇ ਮਨਾਉਂਦੇ ਹਨ ਜਿਸ ਨਾਲ ਏਕਤਾ-ਪਿਆਰ ਦੀ ਭਾਵਨਾ ਪੈਦਾ ਹੁੰਦੀ ਹੈ। ਡਾ. ਅਜਨਾਲਾ ਨੇ ਅੱਗੇ ਦੱਸਿਆ ਕਿ ਲੋਹੜੀ ਪੰਜਾਬੀ ਲੋਕਾਂ ਦੀਆਂ ਸੱਭਿਆਚਾਰਕ ਸਾਂਝਾਂ ਵਧਾਉਂਦੀ ਹੈ। ਇਸ ਦਿਨ ਰਾਤ ਨੂੰ ਗੰਨੇ ਦੇ ਰਸ ਵਾਲੀ ਖੀਰ ਬਣਾਈ ਜਾਂਦੀ ਹੈ ਅਤੇ ਘਰ-ਘਰ ਭੁੱਗੇ ਜਲਾਏ ਜਾਂਦੇ ਹਨ ਅਤੇ ਲੋਕੀ ਸਾਰੇ ਇਸ ਦੇ ਆਲੇ-ਦੁਆਲੇ ਗੀਤ ਗਾਉਂਦੇ ਹਨ ਅਤੇ ਬਲਦੀ ਅੱਗ ਵਿੱਚ ਤਿਲ, ਰਿਉੜੀਆਂ, ਚੌਲ, ਚਿੜਵੇ ਆਦਿ ਪਦਾਰਥ ਭੇਟ ਕਰਦੇ ਹੋਏ ਜੀਵਨ ਨੂੰ ਨਵੀਂ ਤਰੱਕੀ ਅਤੇ ਖੁਸ਼ਹਾਲੀ ਦੀ ਕਾਮਨਾ ਕਰਦੇ ਹਨ ਅਤੇ ਕਿਹਾ ਜਾਂਦਾ ਹੈ ਕਿ ਆਦਰ ਆਏ, ਦਲਿੱਦਰ ਜਾਵੇ। ਬੀਬੀ ਅਜੀਤ ਕੌਰ ਨੇ ਤਿਉਹਾਰ ਦੀਆਂ ਖੁਸ਼ੀਆਂ ਸਾਂਝੀਆਂ ਕਰਦਿਆਂ ਸਭ ਨੂੰ ਰਿਉੜੀਆਂ, ਫੁੱਲੇ ਤੇ ਮੂੰਗਫਲੀਆਂ ਵੰਡੀਆਂ। ਡਾ. ਸਤਨਾਮ ਸਿੰਘ ਅਜਨਾਲਾ ਨੇ ਸਾਰੀਆਂ ਭੈਣਾਂ ਨੂੰ ਗਿਫਟ ਪ੍ਰਦਾਨ ਕੀਤੇ! ਇਸ ਲੋਹੜੀ ਦੀ ਖੁਸ਼ੀ ਮੌਕੇ ਹੋਰਨਾਂ ਤੋਂ ਇਲਾਵਾ ਸ਼ਿਵਾਨੀ (ਬਿਹਾਰ), ਮੰਜੂ (ਕੇਰਲਾ), ਕੁਲਵੰਤ ਕੌਰ, ਗੁਰਮੀਤ ਕੌਰ, ਅਮਰਜੀਤ ਕੌਰ, ਰਣਜੀਤ ਕੌਰ, ਨੀਤੂ, ਅਮਨ ਕੌਰ, ਹਰਸ਼ਪ੍ਰੀਤ ਸਿੰਘ, ਸੂਰਤਾ ਸਿੰਘ, ਹਰਪਾਲ ਸਿੰਘ ਅਰਸ਼ਦੀਪ ਸਿੰਘ, ਗਾਇਕ ਗੁਰਪਾਲ ਗਿੱਲ ਸੈਦਪੁਰ ਖੁਰਦ ਸ਼ਾਮਿਲ ਹੋਏ। ਸਭ ਨੇ ਗਿੱਧਾ ਤੇ ਬੋਲੀਆਂ ਪਾ ਕੇ ਲੋਹੜੀ ਦੀਆਂ ਖੁਸ਼ੀਆਂ ਸਾਂਝੀਆਂ ਕੀਤੀਆਂ।

# ਕਰੋਨਾ ਕਾਲ ਦੌਰਾਨ ਕਿਸਾਨਾਂ, ਮਜ਼ਦੂਰਾ 'ਤੇ ਦਰਜ ਕੇਸ ਤੁਰੰਤ ਵਾਪਸ ਲੈਣ ਦੀ ਮੰਗ



**ਨਵਾਂਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ )**-ਸਾਂਝਾ ਕਿਸਾਨ ਮਜ਼ਦੂਰ ਮੋਰਚਾ, ਪੰਜਾਬ ਖੇਤ ਮਜ਼ਦੂਰ ਸਭਾ, ਕੰਢੀ ਸੰਘਰਸ਼ ਕਮੇਟੀ ਅਤੇ ਸੀਟੂ ਵਲੋਂ ਪੰਜਾਬ ਦੇ ਮੁੱਖ ਮੰਤਰੀ ਦੇ ਨੂੰ ਸਾਂਝਾ ਮੰਗ ਪੱਤਰ ਭੇਜ ਕੇ ਮੰਗ ਕੀਤੀ ਗਈ ਕਿ ਕਰੋਨਾ ਕਾਲ ਵਿੱਚ ਕਿਸਾਨਾਂ, ਮਜ਼ਦੂਰਾਂ 'ਤੇ ਦਰਜ ਕੀਤੇ ਗਏ ਬੇਬੁਨਿਆਦ ਕੇਸਾਂ ਨੂੰ ਅਦਾਲਤਾਂ ਵਿੱਚੋਂ ਵਾਪਸ ਲੈ ਕੇ ਛੇ ਦਰਜਨ ਤੋਂ ਵੱਧ ਕਿਸਾਨਾਂ, ਮਜ਼ਦੂਰਾਂ ਨੂੰ ਰਾਹਤ ਦਿੱਤੀ ਜਾਵੇ । ਇਹ ਮੰਗ ਪੱਤਰ ਅੱਜ ਉਨ੍ਹਾਂ ਵਲੋਂ ਐਸ ਡੀ ਐਮ ਬਲਾਚੌਰ ਅਤੇ ਚੇਅਰਮੈਨ ਪਲਾਨਿੰਗ ਬੋਰਡ ਜ਼ਿਲ੍ਹਾ ਨਵਾਂਸ਼ਹਿਰ ਸਤਨਾਮ ਸਿੰਘ ਜਲਾਲਪੁਰ ਰਾਹੀਂ ਭੇਜੇ ਗਏ । ਇਸ ਮੌਕੇ ਸਾਥੀ ਕਰਨ ਸਿੰਘ ਰਾਣਾ, ਪਵਿੰਦਰ ਮੇਨਕਾ, ਮਹਾ ਸਿੰਘ ਰੌੜੀ, ਹਰਪਾਲ ਸਿੰਘ ਮੌਕੋਵਾਲ ਨੇ ਕਿਹਾ ਕਿ ਪੰਜਾਬ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਨਵਾਂਸ਼ਹਿਰ ਨੇ ਇਨ੍ਹਾਂ ਕੇਸਾ ਨੂੰ ਅਦਾਲਤਾਂ 'ਚੋਂ ਵਾਪਸ ਲੈਣ ਦੀ ਇੱਕ ਸਾਲ ਪਹਿਲਾਂ ਸਹਿਮਤੀ ਪ੍ਰਗਟ ਕੀਤੀ ਸੀ, ਪਰ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਇਸ 'ਤੇ ਅਮਲ ਨਹੀਂ ਕੀਤਾ। ਉਨ੍ਹਾਂ ਪੰਜਾਬ ਦੇ ਮੁੱਖ ਮੰਤਰੀ ਤੋਂ ਮੰਗ ਕੀਤੀ ਕਿ ਜ਼ਿਲ੍ਹਾ ਪ੍ਰਸ਼ਾਸਨ ਸ਼ਹੀਦ ਭਗਤ ਸਿੰਘ ਨਗਰ ਨੂੰ ਤੁਰੰਤ ਅਦਾਲਤਾਂ ਵਿੱਚੋਂ ਕੇਸ ਵਾਪਸ ਲੈਣ ਦੀ ਹਦਾਇਤ ਜਾਰੀ ਕੀਤੀ ਜਾਵੇ । ਇਸ ਮੌਕੇ ਹੋਰਨਾਂ ਤੋਂ ਇਲਾਵਾ ਤੇਜ ਪਾਲ ਟੌਸਾ, ਪ੍ਰਤਾਪ ਸਿੰਘ, ਮੋਹਨ ਲਾਲ ਵਰਮਾ, ਹਰਪਾਲ ਸਿੰਘ ਮੱਕੋਵਾਲ, ਕਰਨੈਲ ਸਿੰਘ ਭੱਲਾ ਬੇਟ, ਜਸਵੰਤ ਸਿੰਘ ਸੈਣੀ, ਬੀਰੂ ਰਾਮ, ਹੁਸਨ ਮਝੋਟ, ਚਮਨ ਲਾਲ ਸੰਧੀ, ਧਰਮਪਾਲ ਸਿਆਣਾ, ਮਨੋਹਰ ਲਾਲ ਸੰਧੀ, ਚਰਨ ਸਿੰਘ ਭੇਡੀਆ, ਕੁਲਵਿੰਦਰ ਸਿੰਘ ਭੱਲਾ ਬੇਟ ਆਦਿ ਮੌਜੂਦ ਸਨ ਅਤੇ ਇਸ ਮੌਕੇ ਸੰਤੋਖ ਸਿੰਘ ਪਨਿਆਲੀ ਵੀ ਹਾਜ਼ਰ ਸਨ।

# ਭਾਜਪਾ ਮੰਡਲ ਬਹਿਰਾਮਪੁਰ ਵਿਖੇ ਪਾਰਟੀ ਦੀ ਮਜ਼ਬੂਤੀ ਲਈ ਮੀਟਿੰਗ



**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**-ਭਾਜਪਾ ਮੰਡਲ ਵਿਖੇ ਪਾਰਟੀ ਦੀਆਂ ਗਤੀਵਿਧੀਆਂ ਨੂੰ ਤੇਜ਼ ਕਰਨ ਲਈ ਇਕ ਅਹਿਮ ਮੀਟਿੰਗ ਜ਼ਿਲ੍ਹਾ ਪ੍ਰਧਾਨ ਭਾਜਪਾ ਸਿਵਬੀਰ ਸਿੰਘ ਰਾਜਨ ਅਤੇ ਭਾਜਪਾ ਜ਼ਿਲ੍ਹਾ ਗੁਰਦਾਸਪੁਰ ਦੇ ਇੰਚਾਰਜ ਸੂਰਜ ਭਾਰਦਵਾਜ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਮੰਡਲ ਪ੍ਰਧਾਨ ਭੀਸ਼ਮ ਸਿੰਘ ਦੀ ਅਗਵਾਈ ਹੇਠ ਕੀਤੀ ਗਈ ਜਿਸ ਵਿਚ ਵਿਧਾਨ ਸਭਾ ਹਲਕਾ ਦੀਨਾਨਗਰ ਦੇ ਵਿਸਥਾਰਕ ਭੁਪਿੰਦਰ ਸਿੰਘ ਅਤੇ ਜ਼ਿਲ੍ਹਾ ਜਨਰਲ ਸਕੱਤਰ ਗੁਰਦਾਸਪੁਰ ਯਸ਼ਪਾਲ ਕੁੰਡਲ ਵਿਸ਼ੇਸ਼ ਤੌਰ 'ਤੇ ਪਹੁੰਚੇ ਜਿੱਥੇ ਉਨ੍ਹਾਂ ਵੱਲੋਂ ਮੰਡਲ ਅਤੇ ਮੋਰਚਿਆਂ ਦੇ ਪ੍ਰਧਾਨਾਂ ਨਾਲ ਪਾਰਟੀ ਦੀਆਂ ਗਤੀਵਿਧੀਆਂ ਬਾਰੇ ਜਾਣਕਾਰੀ ਦਿੱਤੀ ਗਈ।ਉਨ੍ਹਾਂ ਵਲੋਂ ਮੰਡਲ ਪ੍ਰਧਾਨ ਨੂੰ ਇਹ ਵੀ ਕਿਹਾ ਕਿ ਜੇਕਰ ਸੰਗਠਨ ਤਹਿਤ ਟੀਮਾਂ ਸ਼ਕਤੀ ਕੇਂਦਰ ਗੰਠਤ ਹੋ ਗਈਆਂ ਹਨ ਤਾਂ ਉਨ੍ਹਾਂ ਦੀਆਂ ਸੂਚੀਆਂ ਤੁਰੰਤ ਭੇਜ ਦਿੱਤੀਆਂ ਜਾਣ ।ਇਸ ਮੌਕੇ ਯਸ਼ਪਾਲ ਕੁੰਡਲ ਨੇ ਇਹ ਵੀ ਦੱਸਿਆ ਕਿ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵਲੋਂ ਜੋ ਵਿਕਸਿਤ ਭਾਰਤ ਸੰਕਲਪ ਯਾਤਰਾ ਚਲ ਰਹੀ ਹੈ ਉਹ ਕੇਂਦਰ ਸਰਕਾਰ ਵੱਲੋਂ ਜਾਰੀ ਕੀਤੀਆ ਯੋਜਨਾਵਾਂ ਦਾ ਲਾਭ ਵੀ ਲੋਕਾਂ ਨੂੰ ਦਿਵਾਉਣ ਵਿੱਚ ਮਦਦ ਕੀਤੀ ਜਾਵੇ।ਉਨ੍ਹਾਂ ਨੇ ਇਹ ਅਪੀਲ ਕੀਤੀ ਕਿ 22 ਜਨਵਰੀ ਨੂੰ ਸ਼੍ਰੀਰਾਮ ਮੰਦਰ ਆਮ ਪਬਲਿਕ ਦੇ ਦਰਸ਼ਨਾਂ ਲਈ ਸਮਰਪਿਤ ਕੀਤਾ ਜਾਵੇਗਾ ਅਤੇ ਉਸ ਦਿਨ-ਰਾਤ ਨੂੰ ਮੰਦਰਾਂ ਅਤੇ ਆਪਣੇ ਘਰਾਂ ਵਿੱਚ ਦੀਪਮਾਲਾ ਕੀਤੀ ਜਾਵੇ ਜੋ ਲੰਬੇ ਸਮੇਂ ਤੋਂ ਸੰਗਤਾਂ ਦੀ ਮੰਗ ਸੀ। ਇਸ ਸਬੰਧੀ ਆਮ ਲੋਕਾਂ ਵਿੱਚ ਖੁਸ਼ੀ ਦੀ ਲਹਿਰ ਵੀ ਹੈ । ਇਸ ਮੌਕੇ ਰਾਹੁਲ, ਹਰਚੰਦ, ਭੁਪਿੰਦਰ ਸਿੰਘ ਜਨਰਲ ਸਕੱਤਰ, ਕੈਪਟਨ ਸੁਭਾਸ਼ ਚੰਦਰ ਹੈਪੀ, ਠਾਕਰ ਨਰਿੰਦਰ, ਸ਼ਾਮ ਸਿੰਘ, ਚੰਦਰ ਕਾਂਤ ਸੈਣੀ ਅਤੇ ਹੋਰ ਮੋਰਚਿਆਂ ਦੇ ਪ੍ਰਧਾਨ ਹਾਜ਼ਰ ਸਨ।

# ਇੰਤਕਾਲਾਂ ਦੇ ਲੰਬਿਤ ਮਾਮਲੇ ਨਿਪਟਾਉਣ ਲਈ ਵਿਸ਼ੇਸ਼ ਕੈਂਪ ਅੱਜ

## ਡਿਪਟੀ ਕਮਿਸ਼ਨਰ ਵਲੋਂ ਲੋਕਾਂ ਨੂੰ ਕੈਂਪਾਂ ਦਾ ਲਾਭ ਲੈਣ ਦੀ ਅਪੀਲ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**-ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਜ਼ਿਲ੍ਹਾ ਗੁਰਦਾਸਪੁਰ ਦੀਆਂ ਵੱਖ-ਵੱਖ ਤਹਿਸੀਲਾਂ ਅਤੇ ਸਬ-ਤਹਿਸੀਲਾਂ ਵਿੱਚ ਜਿਹੜੇ ਇੰਤਕਾਲਾਂ ਦੇ ਮਾਮਲੇ ਲੰਮੇ ਸਮੇਂ ਤੋਂ ਲੰਬਿਤ ਪਏ ਹਨ, ਉਨ੍ਹਾਂ ਦੇ ਤਰਜੀਹੀ ਅਧਾਰ ਉਤੇ ਨਿਪਟਾਰੇ ਨੂੰ ਯਕੀਨੀ ਬਣਾਉਣ ਲਈ ਮਿਤੀ 6 ਜਨਵਰੀ, 2024 (ਦਿਨ ਸ਼ਨੀਵਾਰ) ਨੂੰ ਵਿਸ਼ੇਸ਼ ਕੈਂਪ ਲਗਾਇਆ ਗਿਆ ਸੀ। ਹੁਣ ਮੁੜ ਪੰਜਾਬ ਸਰਕਾਰ ਵਲੋਂ ਮਿਲੇ ਆਦੇਸ਼ਾਂ ਦੀ ਪਾਲਣਾ ਅਤੇ ਲੋਕਹਿੱਤ ਨੂੰ ਮੁੱਖ ਰੱਖਦੇ ਹੋਏ ਜਿਲ੍ਹੇ ਦੀਆਂ ਸਮੂਹ ਤਹਿਸੀਲਾਂ ਅਤੇ ਸਬ-ਤਹਿਸੀਲਾਂ ਵਿੱਚ 15 ਜਨਵਰੀ ਨੂੰ ਇੱਕ ਹੋਰ ਵਿਸ਼ੇਸ਼ ਕੈਂਪ ਲਗਾ ਕੇ ਇੰਤਕਾਲਾਂ ਦਾ ਨਿਪਟਾਰਾ ਕੀਤਾ ਜਾਵੇਗਾ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਸਬੰਧੀ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਹਦਾਇਤ ਜਾਰੀ ਕਰ ਦਿੱਤੀ ਗਈ ਹੈ ਕਿ ਉਹ 15 ਜਨਵਰੀ, 2024 (ਸੋਮਵਾਰ) ਨੂੰ ਵਿਸ਼ੇਸ਼ ਕੈਂਪ ਲਗਾ ਕੇ ਆਪਣੇ- ਆਪਣੇ ਦਫਤਰਾਂ ਵਿੱਚ ਬੈਠ ਕੇ ਇਹਨਾਂ ਇੰਤਕਾਲਾਂ ਦਾ ਨਿਪਟਾਰਾ ਕਰਨਾ ਯਕੀਨੀ ਬਣਾਉਣਗੇ। ਉਨ੍ਹਾਂ ਲੋਕਾਂ ਨੂੰ ਇਨ੍ਹਾਂ ਕੈਂਪਾਂ ਦਾ ਵੱਧ ਤੋਂ ਵੱਧ ਲਾਭ ਲੈਣ ਦੀ ਅਪੀਲ ਕੀਤੀ ਹੈ।

# ਮੁੱਖ ਖੇਤੀਬਾੜੀ ਅਫਸਰ ਡਾ. ਐੱਸ ਪੀ ਸਿੰਘ ਨੇ ਸਰਫੇਸ ਸੀਡਰ ਨਾਲ ਬੀਜੀ ਕਣਕ ਦਾ ਲਿਆ ਜਾਇਜ਼ਾ



**ਗੁਰਦਾਸਪੁਰ, (ਦਿਨੇਸ਼ ਕੁਮਾਰ)**-ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਕਿਸਾਨਾਂ ਨੂੰ ਖੇਤਾਂ ਵਿਚ ਅੱਗ ਲਗਾਏ ਬਗੈਰ ਰਹਿੰਦ ਖੂੰਹਦ ਦਾ ਨਿਪਟਾਰਾ ਕਰਕੇ ਕਣਕ ਦੀ ਬਿਜਾਈ ਲਈ ਸਬਸਿਡੀ 'ਤੇ ਦਿੱਤੇ ਸਰਫੇਸ ਸੀਡਰ ਦੀ ਕਾਰਗੁਜ਼ਾਰੀ ਤੋਂ ਕਿਸਾਨ ਕਾਫੀ ਸੰਤੁਸ਼ਟ ਨਜ਼ਰ ਆ ਰਹੇ ਹਨ। ਇਸ ਸਰਫੇਸ ਸੀਡਰ ਨਾਲ ਬੀਜੀ ਗਈ ਕਣਕ ਦਾ ਜਾਇਜ਼ਾ ਲੈਣ ਲਈ ਜ਼ਿਲ੍ਹਾ ਗੁਰਦਾਸਪੁਰ ਦੇ ਮੁੱਖ ਖੇਤੀਬਾੜੀ ਅਫਸਰ ਡਾ. ਸੁਰਿੰਦਰਪਾਲ ਸਿੰਘ ਨੇ ਬਲਾਕ ਧਾਰੀਵਾਲ ਨਾਲ ਸਬੰਧਿਤ ਪਿੰਡ ਸਹਾਰੀ ਦੇ ਕਿਸਾਨ ਪਲਵਿੰਦਰ ਸਿੰਘ ਦੇ ਖੇਤਾਂ ਦਾ ਦੌਰਾ ਕੀਤਾ। ਇਸ ਮੌਕੇ ਉਨ੍ਹਾਂ ਨਾਲ ਬਲਾਕ ਖੇਤੀਬਾੜੀ ਅਫਸਰ ਡਾ. ਹੀਰਾ ਸਿੰਘ, ਏਈਓ ਡਾ. ਅਰਜਿੰਦਰ ਸਿੰਘ, ਏਡੀਓ ਡਾ. ਪਰਮਿੰਦਰ ਕੁਮਾਰ, ਏਡੀਓ ਜਤਿੰਦਰ ਸਿੰਘ, ਏਐੱਸਆਈ ਵਿਕਰਮ ਦਿਆਲ ਸਿੰਘ, ਕਿਸਾਨ ਗੁਰਬਿੰਦਰ ਸਿੰਘ ਬਾਜਵਾ ਸਮੇਤ ਹੋਰ ਸਟਾਫ ਤੇ ਕਿਸਾਨ ਮੌਜੂਦ ਸਨ। ਇਸ ਮੌਕੇ ਡਾ. ਐੱਸਪੀ ਸਿੰਘ ਨੇ ਕਿਹਾ ਕਿ ਖੇਤਾਂ ਵਿਚ ਰਹਿੰਦ ਖੂੰਹਦ ਨੂੰ ਅੱਗ ਲਗਾਏ ਬਗੈਰ ਹੀ ਕਣਕ ਦੀ ਬਿਜਾਈ ਕਰਨ ਲਈ ਵਿਭਾਗ ਵੱਲੋਂ ਕਿਸਾਨਾਂ ਨੂੰ ਕਈ ਤਰ੍ਹਾਂ ਦੀ ਮਸ਼ੀਨਰੀ ਸਬਸਿਡੀ 'ਤੇ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਸੁਪਰ ਸੀਡਰ ਨੇ ਵੀ ਖੇਤਾਂ ਵਿਚ ਰਹਿੰਦ ਖੂੰਹਦ ਦਾ ਨਿਪਟਾਰਾ ਕਰਕੇ ਕਣਕ ਦੀ ਬਿਜਾਈ ਕਰਨ ਲਈ ਕਿਸਾਨਾਂ ਦੀ ਵੱਡੀ ਮਦਦ ਕੀਤੀ ਸੀ ਅਤੇ ਇਸ ਸੀਜ਼ਨ ਵਿਚ ਸਰਫੇਸ ਸੀਡਰ ਵੀ ਕਿਸਾਨਾਂ ਦੀ ਪਹਿਲੀ ਪਸੰਦ ਬਣਿਆ ਹੈ। ਉਨ੍ਹਾਂ ਕਿਹਾ ਕਿ ਜਿਹੜੇ ਕਿਸਾਨਾਂ ਨੇ ਸਰਫੇਸ ਸੀਡਰ ਨਾਲ ਕਣਕ ਦੀ ਬਿਜਾਈ ਕੀਤੀ ਹੈ, ਉਹ ਬੇਹੱਦ ਸੰਤੁਸ਼ਟ ਹਨ। ਇਸ ਮਸ਼ੀਨ ਨਾਲ ਕਣਕ ਦੀ ਬਿਜਾਈ ਕਰਨ ਵਾਲੇ ਕਿਸਾਨ ਪਲਵਿੰਦਰ ਸਿੰਘ ਨੇ ਕਿਹਾ ਕਿ ਸਰਫੇਸ ਸੀਡਰ ਸਭ ਤੋਂ ਵਧੀਆ ਮਸ਼ੀਨ ਸਿੱਧ ਹੋਈ ਹੈ ਜਿਸ ਨਾਲ ਨਾ ਸਿਰਫ ਉਸ ਦਾ ਪ੍ਰਤੀ ਏਕੜ 2 ਤੋਂ 3 ਹਜ਼ਾਰ ਰੁਪਏ ਖਰਚਾ ਘੱਟ ਹੋਇਆ ਹੈ ਸਗੋਂ ਇਸ ਨਾਲ ਫਸਲ ਵਿਚ ਨਦੀਨਾਂ ਦੀ ਰੋਕਥਾਮ ਵੀ ਵਧੀਆ ਹੋਇਆ ਹੈ। ਉਨ੍ਹਾਂ ਹੋਰ ਵੀ ਕਈ ਫਾਇਦੇ ਦੱਸਦਿਆਂ ਕਿਹਾ ਕਿ ਸਰਫੇਸ ਸੀਡਰ ਨਾਲ ਬੀਜੀ ਕਣਕ ਦੀ ਹਾਲਤ ਸੁਪਰ ਸੀਡਰ ਨਾਲ ਬੀਜੀ ਕਣਕ ਨਾਲ ਬਹੁਤ ਵਧੀਆ ਹੈ। ਇਸ ਲਈ ਆਉਣ ਵਾਲੇ ਸਮੇਂ ਵਿਚ ਹੋਰ ਕਿਸਾਨ ਵੀ ਇਸ ਮਸ਼ੀਨ ਨਾਲ ਕਣਕ ਦੀ ਬਿਜਾਈ ਕਰਨਗੇ।

# ਦਿੱਲੀ ਮੋਰਚੇ ਦੀਆਂ ਤਿਆਰੀਆਂ ਲਈ ਜ਼ੋਨ ਪੱਧਰੀ ਮੀਟਿੰਗਾਂ ਦਾ ਸਿਲਸਿਲਾ ਸ਼ੁਰੂ



**ਤਰਨ ਤਾਰਨ (ਪ੍ਰਿਤਪਾਲ ਸਿੰਘ)**-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ਿਲ੍ਹਾ ਤਰਨਤਾਰਨ ਦੇ ਪ੍ਰਧਾਨ ਸਤਨਾਮ ਸਿੰਘ ਮਾਣੋਚਾਹਲ ਦੀ ਪ੍ਰਧਾਨਗੀ ਹੇਠ ਜ਼ਿਲੇ ਦੇ ਦੋਵਾਂ ਫੋਰਮਾਂ ਦੀ ਮੀਟਿੰਗ ਬਾਬਾ ਚਾਇਆ ਜੀ ਦੇ ਸਥਾਨਾਂ 'ਤੇ ਪਿੰਡ ਰਸੂਲਪੁਰ ਵਿਖੇ ਹੋਈ। ਮੀਟਿੰਗ ਵਿੱਚ ਜ਼ਿਲ੍ਹਾ ਇੰਚਾਰਜ ਤੇ ਸੂਬਾ ਆਗੂ ਹਰਪ੍ਰੀਤ ਸਿੰਘ ਸਿੱਧਵਾਂ ਵਿਸ਼ੇਸ਼ ਤੌਰ 'ਤੇ ਪਹੁੰਚੇ। ਉਨ੍ਹਾਂ ਦੀ ਨਿਗਰਾਨੀ ਵਿੱਚ ਜ਼ਿਲ੍ਹਾ ਕੋਰ ਕਮੇਟੀ ਅਤੇ ਜ਼ਿਲ੍ਹਾ ਹੋਲਬਾਡੀ ਦੀ ਮੀਟਿੰਗ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸੂਬਾ ਆਗੂ ਤੇ ਜ਼ਿਲ੍ਹਾ ਸਕੱਤਰ ਹਰਜਿੰਦਰ ਸਿੰਘ ਸਕਰੀ, ਜ਼ਿਲਾ ਆਗੂ ਜਰਨੈਲ ਸਿੰਘ ਨੂਰਦੀ, ਦਿਆਲ ਸਿੰਘ ਮੀਆਂਵਿੰਡ, ਰੇਸ਼ਮ ਸਿੰਘ ਘੁਰਕਵਿੰਡ ਨੇ ਕਿਹਾ ਕਿ ਸਰਕਾਰ ਦੀਆਂ ਮਾੜੀਆਂ ਨੀਤੀਆਂ ਦੇ ਖਿਲਾਫ ਭਗਵੰਤ ਮਾਨ ਸਰਕਾਰ ਦੇ ਹਲਕਾ ਦਸੂਹਾ ਤੋਂ ਵਿਧਾਇਕ ਕਰਮਬੀਰ ਘੁੰਮਣ ਦਾ ਪੁਤਲੇ ਫੂਕ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਉਹ ਹੈ ਜਿਹੜੀ ਸੱਤਾ ਵਿੱਚ ਆਉਣ ਤੋਂ ਪਹਿਲਾਂ ਕਹਿੰਦੀ ਸੀ ਕਿ ਇਹ ਆਮ ਲੋਕਾਂ ਦੀ ਸਰਕਾਰ ਹੈ ਪਰ ਸਰਕਾਰ ਦਾ ਹੁਣ ਅਸਲੀ ਚਿਹਰਾ ਸਾਹਮਣੇ ਆ ਚੱਕਾ ਹੈ। ਜ਼ਿਲ੍ਹਾ ਆਗੂ ਹਰਬਿੰਦਰਜੀਤ ਸਿੰਘ ਕੰਗ ਅਤੇ ਬਲਵਿੰਦਰ ਸਿੰਘ ਚੋਹਲਾ ਸਾਹਿਬ ਨੇ ਸਰਕਾਰ ਨੂੰ ਚੇਤਾਵਨੀ ਦਿੰਦੇ ਕਿਹਾ ਕਿ ਜਲਦ ਤੋਂ ਜਲਦ ਝੂਠੇ ਪਰਚੇ ਰੱਦ ਕੀਤੇ ਜਾਣ ਨਹੀਂ ਤਾਂ ਜਥੇਬੰਦੀ ਵੱਲੋਂ 18 ਜਨਵਰੀ ਨੂੰ ਰੇਲ ਚੱਕਾ ਜਾਮ ਕੀਤਾ ਜਾਵੇਗਾ। ਜ਼ਿਲ੍ਹਾ ਆਗੂ ਫਤਿਹ ਸਿੰਘ ਪਿੱਦੀ ਨੇ ਸਾਰੇ ਪੰਜਾਬੀਆਂ ਅਤੇ ਦੇਸ਼ ਵਾਸੀਆਂ ਨੂੰ ਐੱਮਐੱਸਪੀ ਗਰੰਟੀ ਕਨੂੰਨ ਬਣਵਾਉਣ ਅਤੇ ਸਵਾਮੀਨਾਥਨ ਕਮਿਸ਼ਨ ਦੀ ਰਿਪੋਰਟ ਅਨੁਸਾਰ ਫਸਲਾਂ ਦੇ ਭਾਅ ਲੈਣ, ਕਿਸਾਨਾਂ ਮਜ਼ਦੂਰਾਂ ਦੀ ਕੁਲ ਕਰਜ਼ਾ ਮੁਕਤੀ, ਫਸਲੀ ਬੀਮਾ ਯੋਜਨਾ ਲਾਗੂ ਕਰਵਾਉਣ, ਕਿਸਾਨਾਂ/ਮਜ਼ਦੂਰਾਂ ਲਈ ਪੈਨਸ਼ਨ ਸਕੀਮ, ਲਖੀਮਪੁਰ ਖੀਰੀ ਕਤਲਕਾਂਡ ਦਾ ਇਨਸਾਫ ਲੈਣ, 2020 ਬਿਜਲੀ ਸੋਧ ਬਿੱਲ ਰੱਦ ਕਰਵਾਉਣ ਸਮੇਤ ਹੋਰ ਅਹਿਮ ਮੰਗਾਂ ਨੂੰ ਪੂਰਾ ਕਰਵਾਉਣ ਲਈ ਹੋਣ ਜਾ ਰਹੇ ਇਸ ਅੰਦੋਲਨ ਦਾ ਵੱਧ ਚੜ੍ਹ ਕੇ ਸਾਥ ਦੇਣ ਦੀ ਅਪੀਲ ਕੀਤੀ। ਇਸ ਮੌਕੇ ਸਲਵਿੰਦਰ ਸਿੰਘ ਜੀਉਬਾਲਾ, ਸਰਵਣ ਸਿੰਘ ਵਲੀਪੁਰ, ਬਲਜਿੰਦਰ ਸਿੰਘ ਸੇਰੋਂ, ਪਰਮਜੀਤ ਸਿੰਘ ਛੀਨਾ, ਦਿਲਬਾਗ ਸਿੰਘ ਪਹੂਵਿੰਡ, ਨਿਰੰਜਣ ਸਿੰਘ ਬਰਗਾੜੀ, ਮਨਜਿੰਦਰ ਸਿੰਘ ਗੋਹਲਵੜ, ਕੁਲਵੰਤ ਸਿੰਘ ਭੈਲ, ਮੁਖਤਾਰ ਸਿੰਘ ਬਿਹਾਰੀਪੁਰ ਫਤਿਹ ਸਿੰਘ ਵਲੰਟੀਅਰ ਆਦਿ ਆਗੂ ਹਾਜਰ ਸਨ।

# ਭਾਰਤ ਜੋੜੋ ਨਿਆਂ ਯਾਤਰਾ 'ਤੇ ਤਿੱਖੇ ਸਿਆਸੀ ਹਮਲੇ



**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**—ਪੰਜਾਬ ਪ੍ਰਦੇਸ਼ ਭਾਜਪਾ ਦੇ ਸੂਬਾਈ ਬੁਲਾਰੇ ਤੇ ਇੰਪਰੂਵਮੈਂਟ ਟਰੱਸਟ ਦੇ ਸਾਬਕਾ ਚੇਅਰਮੈਨ ਪ੍ਰੋ. ਗੁਰਵਿੰਦਰ ਸਿੰਘ ਮੰਮਨਕੇ ਨੇ ਅੱਜ ਮਣੀਪੁਰ ਤੋਂ ਕਾਂਗਰਸ ਦੇ ਕੌਮੀ ਆਗੂ ਰਾਹੁਲ ਗਾਂਧੀ ਵੱਲੋਂ 67 ਰੋਜ਼ ਸ਼ੁਰੂ ਕੀਤੀ ਗਈ 6700 ਕਿਲੋਮੀਟਰ ਦੀ ਦੂਰੀ ਤੈਅ ਕਰਨ ਵਾਲੀ ਭਾਰਤ ਜੋੜੋ ਨਿਆਂ ਯਾਤਰਾ 'ਤੇ ਤਿੱਖੇ ਸਿਆਸੀ ਹਮਲੇ ਕਰਦਿਆਂ ਕਿਹਾ ਕਿ ਲੋਕ ਆਸਥਾ ਦੇ ਕੇਂਦਰ ਬਣ ਚੁੱਕੇ ਸ਼੍ਰੀ ਰਾਮ ਮੰਦਿਰ ਦੇ ਉਦਘਾਟਨੀ ਤੇ ਪ੍ਰਾਣ-ਪ੍ਰਤਿਸ਼ਠਾ ਸਮਾਗਮ ਨੂੰ ਨਕਾਰ ਕੇ ਕਾਂਗਰਸ ਵੱਲੋਂ ਕੀਤੀ ਜਾ ਰਹੀ ਇਹ ਯਾਤਰਾ ਭਾਰਤ ਜੋੜੋ ਨਿਆਂ ਨਹੀਂ ਸਗੋਂ ਭਾਰਤ ਤੋੜੋ ਅਨਿਆਂ ਤੇ ਵੋਟ ਯਾਤਰਾ ਪ੍ਰਤੱਖ ਦਿਖਾਈ ਦੇ ਰਹੀ ਹੈ ਕਿਉਂਕਿ ਲੋਕ ਆਸਥਾ ਦੇ ਕੇਂਦਰ ਬਿੰਦੂ ਬਣ ਚੁੱਕੇ ਸ਼੍ਰੀ ਰਾਮ ਮੰਦਿਰ ਦੇ ਸਮਾਜਿਕ ਤੇ ਧਾਰਮਿਕ ਸਮਾਗਮਾਂ ਸਮੇਤ ਬਹੁ-ਗਿਣਤੀ ਹਿੰਦੂ ਫਿਰਕੇ ਦੇ ਧਾਰਮਿਕ ਸੱਭਿਆਚਾਰ ਨੂੰ ਨਕਾਰਨ ਵਾਲੀ ਕਾਂਗਰਸ ਪਾਰਟੀ ਦਾ ਆਜ਼ਾਦੀ ਪਿੱਛੋਂ ਪਾੜੋ ਤੇ ਰਾਜ ਕਰੋ ਦਾ ਪ੍ਰਮੁੱਖ ਏਜੰਡਾ ਵੀ ਬੇਨਕਾਬ ਹੋਇਆ ਹੈ। ਕਾਂਗਰਸ ਨੂੰ ਭਾਰਤ ਦੇ ਸਮੂਹ ਧਰਮਾਂ ਤੇ ਸੱਭਿਆਚਾਰ ਨਾਲ ਕੋਈ ਸਰੋਕਾਰ ਨਹੀਂ ਹੈ ਕਿਉਂਕਿ ਕਰੀਬ 139 ਸਾਲ ਪਹਿਲਾਂ ਹੋਂਦ 'ਚ ਆਈ ਕਾਂਗਰਸ ਦਾ ਜਨਮਦਾਤਾ ਵੀ 'ਪਾੜੋ ਤੇ ਰਾਜ ਕਰੋ' ਨੀਤੀਆਂ ਨੂੰ ਅੰਜਾਮ ਦਿੰਦੇ ਰਹੇ। ਅੰਗਰੇਜ਼ੀ ਨਿਜ਼ਾਮ ਦੇ ਭਾਈਚਾਰੇ 'ਚੋਂ ਇਕ ਅੰਗਰੇਜ਼ ਆਗੂ ਹੀ ਸੀ। ਅੱਜ ਇੱਥੇ ਗੱਲਬਾਤ ਕਰਦਿਆਂ ਸੂਬਾ ਆਗੂ ਪ੍ਰੋ. ਮੰਮਨਕੇ ਨੇ ਇਹ ਵੀ ਕਿਹਾ ਕਿ ਲੋਕ ਆਸਥਾ ਦੇ ਕੇਂਦਰ ਸ਼੍ਰੀ ਰਾਮ ਮੰਦਿਰ ਦੇ ਉਦਘਾਟਨੀ ਸਮਾਗਮਾਂ ਨੂੰ ਲੈ ਕੇ ਦੇਸ਼ ਦੇ ਸੂਬਿਆਂ ਦੀਆਂ ਸਰਕਾਰਾਂ ਤੋਂ ਇਲਾਵਾ ਗੁਆਂਢੀ ਮੁਲਕ ਮਾਰੀਸ਼ਸ ਨੇ ਵੀ ਬਾਕਾਇਦਾ ਸਰਕਾਰੀ ਨੋਟੀਫਿਕੇਸ਼ਨ ਕਰਕੇ 2 ਘੰਟੇ ਲਈ ਆਪਣੇ ਮੁਲਕ ਦੇ ਸਰਕਾਰੀ ਮੁਲਾਜ਼ਮਾਂ ਨੂੰ ਇਸ ਕਰਕੇ ਛੁੱਟੀ ਦੇਣ ਦਾ ਐਲਾਨ ਕੀਤਾ ਹੈ ਤਾਂ ਜੋ ਮਾਰੀਸ਼ਸ 'ਚ ਮੁਲਾਜ਼ਮ 2 ਘੰਟੇ ਲਈ ਅਯੁੱਧਿਆ ਤੋਂ ਵਰਚੂਅਲ ਪ੍ਰਸਾਰਣ ਹੋਣ ਵਾਲੇ ਸ਼੍ਰੀ ਰਾਮ ਮੰਦਿਰ ਦੇ ਉਦਘਾਟਨ ਦੇ ਪ੍ਰਸਾਰਣ ਨਾਲ ਆਪਣੇ ਆਪ ਨੂੰ ਜੋੜ ਸਕਣ।

# ਕੜਾਕੇ ਦੀ ਪੈ ਰਹੀ ਠੰਢ 'ਚ ਬੱਚਿਆਂ ਤੇ ਬਜ਼ੁਰਗਾਂ ਦਾ ਖ਼ਾਸ ਧਿਆਨ ਰੱਖਿਆ ਜਾਵੇ : ਡਾ. ਜਿਵਤੇਸ਼



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਪਾਵਾ ਹਸਪਤਾਲ ਦੇ ਮਾਹਰ ਡਾਕਟਰ ਜਿਵਤੇਸ਼ ਪਾਵਾ ਹਸਪਤਾਲ ਨੇ ਕਿਹਾ ਕਿ ਕੜਾਕੇ ਦੀ ਪੈ ਰਹੀ ਠੰਢ ਨੂੰ ਦੇਖਦੇ ਹੋਏ ਬੱਚਿਆਂ ਤੇ ਬਜ਼ੁਰਗਾਂ ਦਾ ਖ਼ਾਸ ਧਿਆਨ ਰੱਖਿਆ ਜਾਵੇ। ਛੋਟੇ ਬੱਚਿਆਂ ਨੂੰ ਨਿਮੋਨੀਆ ਹੋਣ ਦਾ ਖ਼ਤਰਾ ਜ਼ਿਆਦਾ ਰਹਿੰਦਾ ਹੈ, ਬੱਚਿਆਂ ਨੂੰ ਉਲਟੀਆਂ ਵੀ ਲੱਗ ਸਕਦੀਆਂ ਹਨ। ਇਸ ਲਈ ਬੱਚਿਆਂ ਦੀ ਸੰਭਾਲ ਵੱਲ ਖ਼ਾਸ ਧਿਆਨ ਦਿੰਦੇ ਹੋਏ ਸਰਦੀ ਤੋਂ ਬਚਾਅ ਲਈ ਛੋਟੇ ਬੱਚਿਆਂ ਨੂੰ ਪੂਰੀ ਤਰ੍ਹਾਂ ਸਰੀਰ ਢਕਣ ਵਾਲੇ ਗਰਮ ਕੱਪੜੇ ਪਾਉਣ ਚਾਹੀਦੇ ਹਨ। ਬੱਚੇ ਆਪਣੇ ਸਿਰ 'ਤੇ ਟੋਪੀ ਤੇ ਪੈਰਾਂ ਵਿਚ ਜੁਰਾਬਾਂ ਜ਼ਰੂਰ ਪਹਿਨਣ। ਉਨ੍ਹਾਂ ਕਿਹਾ ਕਿ ਸਰਦੀ 'ਚ ਜ਼ਿਆਦਾਤਰ ਬਜ਼ੁਰਗ ਤੇ ਛੋਟੇ ਬੱਚੇ ਪ੍ਰਭਾਵਿਤ ਹੁੰਦੇ ਹਨ। ਉਨ੍ਹਾਂ ਨੂੰ ਸਰਦੀ ਲੱਗਣ ਨਾਲ ਸ਼ੂਗਰ ਤੇ ਬੀ ਪੀ ਦੇ ਨਾਲ ਨਾਲ ਜੋੜਾਂ 'ਚ ਦਰਦ ਆਦਿ ਰੋਗ ਵਧ ਜਾਂਦੇ ਹਨ। ਇਸ ਲਈ ਬਜ਼ੁਰਗਾਂ ਨੂੰ ਸਵੇਰ ਤੇ ਦੇਰ ਸ਼ਾਮ ਦੇ ਸਮੇਂ ਜ਼ਿਆਦਾ ਠੰਢ ਅਤੇ ਧੁੰਦ ਹੋਣ 'ਤੇ ਸੈਰ ਕਰਨ ਜਾਂ ਘਰੋਂ ਬਾਹਰ ਜਾਣ ਤੋਂ ਗੁਰੇਜ਼ ਕਰਨਾ ਚਾਹੀਦਾ ਹੈ। ਉਨ੍ਹਾ ਕਿਹਾ ਕਿ ਸਰਦੀ ਦੇ ਮੌਸਮ 'ਚ ਘਰਾਂ 'ਚ ਬੰਦ ਕਮਰੇ 'ਚ ਅੰਗੀਠੀ ਬਾਲ ਕੇ ਕਦੇ ਵੀ ਅੱਗ ਨਾ ਸੇਕੋ। ਕਿਉਂਕਿ ਇਸ ਤਰ੍ਹਾਂ ਕਮਰੇ ਵਿਚ ਆਕਸੀਜਨ ਦੀ ਘਾਟ ਹੋਣ ਅਤੇ ਕਾਰਬਨ ਮੋਨੋਆਕਸਾਈਡ ਗੈਸ ਬਣਨ ਨਾਲ ਇਹ ਕਮਰੇ ਵਿਚ ਬੈਠੇ ਲੋਕਾਂ ਲਈ ਜਾਨਲੇਵਾ ਸਾਬਤ ਹੋ ਸਕਦੀ ਹੈ। ਹਾਰਟ ਸਪੈਸ਼ਲਿਸਟ ਡਾਕਟਰ ਜਿਵਤੇਸ਼ ਪਾਵਾ ਹਸਪਤਾਲ ਨੇ ਦੱਸਿਆ ਕਿ ਠੰਢ ਵਿੱਚ ਦਿਲ ਦੇ ਦੌਰੇ ਦਾ ਖਤਰਾ ਵਧ ਜਾਂਦਾ ਹੈ। ਸਰਦੀਆਂ ਵਿੱਚ ਦਿਲ ਉੱਤੇ ਦਬਾਅ ਵਧ ਜਾਂਦਾ ਹੈ। ਹਰ ਸਾਲ ਦਿਲ ਦੇ ਦੌਰੇ ਅਤੇ ਸਟ੍ਰੋਕ ਦੇ ਜ਼ਿਆਦਾਤਰ ਮਾਮਲੇ ਸਰਦੀਆਂ ਵਿੱਚ ਹੀ ਹੁੰਦੇ ਹਨ। ਮੋਟਾਪੇ ਅਤੇ ਹਾਈ ਬਲੱਡ ਪ੍ਰੈਸ਼ਰ ਤੋਂ ਪੀੜਤ ਲੋਕਾਂ ਵਿੱਚ ਹਾਰਟ ਅਟੈਕ ਅਤੇ ਸਟ੍ਰੋਕ ਦਾ ਖਤਰਾ 30 ਫੀਸਦੀ ਤੱਕ ਵੱਧ ਹੁੰਦਾ ਹੈ। ਇਸ ਮੌਸਮ 'ਚ ਦਿਲ ਦੀਆਂ ਬਿਮਾਰੀਆਂ ਦਾ ਖਤਰਾ ਜ਼ਿਆਦਾ ਹੁੰਦਾ ਹੈ, ਸਰਦੀਆਂ 'ਚ ਤਾਪਮਾਨ ਡਿਗਣਾ ਸ਼ੁਰੂ ਹੋ ਜਾਂਦਾ ਹੈ। ਸਰੀਰ ਕੰਬਣ ਲੱਗਦਾ ਹੈ। ਖੂਨ ਦੀਆਂ ਨਾੜੀਆਂ ਜੋ ਖੂਨ ਨੂੰ ਦਿਲ ਤੱਕ ਪਹੁੰਚਾਉਂਦੀਆਂ ਅਤੇ ਲੈ ਜਾਂਦੀਆਂ ਹਨ, ਸੁੰਗੜਨ ਲਗਦੀਆਂ ਹਨ। ਇਨ੍ਹਾਂ ਸੁੰਗੜੀਆਂ ਖੂਨ ਦੀਆਂ ਨਾੜੀਆਂ ਵਿੱਚੋਂ ਖੂਨ ਨੂੰ ਬਾਹਰ ਕੱਢਣ ਲਈ ਜ਼ਿਆਦਾ ਦਬਾਅ ਪਾਉਣਾ ਪੈਂਦਾ ਹੈ। ਇਸ ਤਰ੍ਹਾਂ ਮਰੀਜ਼ ਦਾ ਬਲੱਡ ਪ੍ਰੈਸ਼ਰ ਵਧ ਜਾਂਦਾ ਹੈ।

# ਭਾਰਤੀ ਜਨਤਾ ਪਾਰਟੀ ਵੱਲੋਂ ਐੱਸ ਸੀ ਮੋਰਚਾ ਦੀ ਜ਼ਿਲਾ ਪੱਧਰੀ ਮੀਟਿੰਗ



**ਤਰਨਤਾਰਨ (ਪ੍ਰਿਤਪਾਲ ਸਿੰਘ)**-ਲੋਕ ਸਭਾ ਚੋਣਾਂ ਨੂੰ ਲੈ ਕੇ ਭਾਰਤੀ ਜਨਤਾ ਪਾਰਟੀ ਦੇ ਸੰਗਠਨ ਦੀ ਰੂਪ-ਰੇਖਾ ਦੀ ਜਾਣਕਾਰੀ ਦੇਣ ਲਈ ਤਰਨਤਾਰਨ ਮੁੱਖ ਦਫਤਰ ਵਿਖੇ ਜ਼ਿਲਾ ਪ੍ਰਧਾਨ ਹਰਜੀਤ ਸਿੰਘ ਸੰਧੂ ਦੀ ਪ੍ਰਧਾਨਗੀ ਹੇਠ ਜ਼ਿਲਾ ਪੱਧਰੀ ਐੱਸਸੀ ਮੋਰਚੇ ਦੀ ਮੀਟਿੰਗ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਸੈਂਕੜੇ ਪਾਰਟੀ ਆਗੂਆਂ ਨੇ ਸ਼ਿਰਕਤ ਕੀਤੀ। ਮੀਟਿੰਗ ਵਿੱਚ ਵਿਸ਼ੇਸ਼ ਤੌਰ ਤੇ ਐੱਸੀ ਮੋਰਚੇ ਦੇ ਪ੍ਰਦੇਸ਼ ਮਹਾਂ ਮੰਤਰੀ ਹਰਦੀਪ ਸਿੰਘ ਗਿੱਲ, ਓਬੀਸੀ ਮੋਰਚੇ ਦੇ ਪ੍ਰਦੇਸ਼ ਮਹਾਂਮੰਤਰੀ ਕੰਵਰਬੀਰ ਸਿੰਘ ਮੰਜਿਲ, ਐੱਸਸੀ ਮੋਰਚੇ ਦੇ ਜ਼ਿਲਾ ਪ੍ਰਧਾਨ ਗੁਲਜ਼ਾਰ ਸਿੰਘ ਜਹਾਂਗੀਰ ਵੱਲੋਂ ਸਮੁੱਚੇ ਐੱਸਸੀ ਭਾਈਚਾਰੇ ਨੂੰ ਵਿਸ਼ਵਾਸ ਦੁਆਇਆ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਹਮੇਸ਼ਾ ਹੀ ਐੱਸਸੀ ਭਾਈਚਾਰੇ ਨੂੰ ਸਮਾਜਿਕ, ਆਰਥਿਕ ਅਤੇ ਰਾਜਨੀਤਿਕ ਪੱਖੋਂ ਉੱਚਾ ਚੁੱਕਣ ਲਈ ਤਤਪਰਤਾ ਦਿਖਾਈ ਹੈ ਤਾਂ ਹੀ ਦੇਸ਼ ਦਾ ਕਾਨੂੰਨ ਮੰਤਰੀ ਅਰਜਨ ਮੇਘਵਾਲ ਨੂੰ ਬਣਾਇਆ ਹੈ ਅਤੇ ਜਿੰਨੀਆਂ ਵੀ ਸਹੂਲਤਾਂ ਜਿਵੇਂ ਆਟਾ ਦਾਲ, ਮਕਾਨ ਬਣਾਉਣ ਲਈ ਸਿੱਧੀ ਰਾਸ਼ੀ ਬੈਂਕ ਖਾਤੇ ਵਿੱਚ, ਕਿਸਾਨ ਸਨਮਾਨ ਨਿਧੀ ਯੋਜਨਾ, ਇਲਾਜ ਲਈ ਪੰਜ ਲੱਖ ਰੁਪਏ ਦਾ ਬੀਮਾ ਕਾਰਡ, ਸਿੱਖਿਆ ਵਿੱਚ ਮੁਫਤ ਸਹੂਲਤਾਂ, ਸਿਹਤ ਸਹੂਲਤਾਂ, ਬੈਂਕ ਸਹੂਲਤਾਂ ਐੱਸਸੀ ਭਾਈਚਾਰੇ ਨੂੰ ਮਿਲ ਰਹੀਆਂ ਹਨ, ਕਿਸੇ ਹੋਰ ਸਰਕਾਰ ਨੇ ਨਹੀਂ ਬਲਕਿ ਮੋਦੀ ਸਰਕਾਰ ਦੀ ਹੀ ਦੇਣ ਹੈ ਅਤੇ ਸਾਨੂੰ ਵੀ ਸਾਰੇ ਐੱਸਸੀ ਭਾਈਚਾਰੇ ਨੂੰ ਚਾਹੀਦਾ ਹੈ ਕਿ ਦੇਸ਼ ਦੀ ਸੱਤਾ ਤੇ ਦੁਬਾਰਾ ਤੀਸਰੀ ਵਾਰ ਵੀ ਨਰਿੰਦਰ ਮੋਦੀ ਨੂੰ ਪ੍ਰਧਾਨ ਮੰਤਰੀ ਦੀ ਕੁਰਸੀ ਤੇ ਵੱਡੇ ਬਹੁਮਤ ਨਾਲ ਜਿਤਾ ਕੇ ਨਿਵਾਜਿਆ ਜਾਵੇ ਅਤੇ ਭਵਿੱਖ ਵਿੱਚ ਹੋਰ ਵੀ ਪੰਜਾਬ ਦੇ ਗਰੀਬ ਅਤੇ ਲੋੜਵੰਦ ਲੋਕਾਂ ਦਾ ਆਰਥਿਕ ਪੱਧਰ ਵੱਧ ਤੋਂ ਵੱਧ ਉੱਚਾ ਚੁੱਕਿਆ ਜਾ ਸਕੇ। ਇਸ ਮੌਕੇ ਜਨਰਲ ਸਕੱਤਰ ਸੁਰਜੀਤ ਸਿੰਘ ਸਾਗਰ, ਮੀਤ ਪ੍ਰਧਾਨ ਸ਼ਿਵ ਕੁਮਾਰ ਸੋਨੀ, ਸੀਨੀਅਰ ਭਾਜਪਾ ਆਗੂ ਹਰਪ੍ਰੀਤ ਸਿੰਘ ਸਿੰਦਬਾਦ, ਅਵਤਾਰ ਸਿੰਘ ਬੰਟੀ ਜਰਨਲ ਸਕੱਤਰ ਐੱਸਸੀ ਮੋਰਚਾ, ਹਰਜਿੰਦਰ ਸਿੰਘ ਠੱਕਰਪੁਰਾ ਜਨਰਲ ਸਕੱਤਰ ਐੱਸਸੀ ਮੋਰਚਾ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਨੌਜਵਾਨ ਆਗੂ ਜਸਕਰਨ ਸਿੰਘ ਪੱਟੀ, ਨੀਅਰ ਭਾਜਪਾ ਆਗੂ ਹਰਪ੍ਰੀਤ ਸਿੰਘ ਸਿੰਦਬਾਦ, ਅਵਤਾਰ ਸਿੰਘ ਬੰਟੀ ਜਨਰਲ ਸਕੱਤਰ ਐੱਸਸੀ ਮੋਰਚਾ, ਹਰਜਿੰਦਰ ਸਿੰਘ ਠੱਕਰਪੁਰਾ ਜਨਰਲ ਸਕੱਤਰ ਐੱਸਸੀ ਮੋਰਚਾ ਨੇ ਵੀ ਸੰਬੋਧਨ ਕੀਤਾ।

ਇਸ ਮੌਕੇ ਚਰਨਜੀਤ ਸਿੰਘ ਜਨਰਲ ਸਕੱਤਰ ਐੱਸਸੀ ਮੋਰਚਾ, ਨੌਜਵਾਨ ਆਗੂ ਵਰਿਆਮ ਸਿੰਘ, ਹਰਜੀਤ ਸਿੰਘ ਹੈਪੀ, ਕੁਲਦੀਪ ਸਿੰਘ, ਸੁਖਦੇਵ ਸਿੰਘ, ਤਰਸੇਮ ਸਿੰਘ, ਭੋਲਾ ਸਿੰਘ, ਰਵਿੰਦਰ ਸਿੰਘ ਰਵੀ, ਮਨੋਜ ਸਿੰਘ ਤੇਜਾ, ਜੋਤੀ ਸਿੰਘ, ਜਸਵੰਤ ਸਿੰਘ, ਜਗਦੇਵ ਸਿੰਘ ਫੌਜੀ, ਸਾਜਨ ਸਿੰਘ, ਦਲਜੀਤ ਸਿੰਘ, ਸੁਖਦੇਵ ਸਿੰਘ, ਨਿਰਮਲ ਸਿੰਘ, ਹਰਦੀਪ ਸਿੰਘ, ਰਾਮ ਪਿਆਰਾ, ਬਲਦੇਵ ਸਿੰਘ, ਜਤਿੰਦਰ ਸਿੰਘ, ਬਲਕਾਰ ਸਿੰਘ, ਬਲਵੰਤ ਸਿੰਘ, ਨਛੱਤਰ ਸਿੰਘ, ਛਿੰਦਾ ਸਿੰਘ, ਗੁਰਮੇਜ ਸਿੰਘ, ਮੁਖਤਿਆਰ ਸਿੰਘ, ਜਗਤਾਰ ਸਿੰਘ, ਬਲਜਿੰਦਰ ਸਿੰਘ, ਹਰਦੇਵ ਸਿੰਘ, ਜਸਬੀਰ ਸਿੰਘ, ਬਲਰਾਜ ਸਿੰਘ, ਗੁਰਭੇਜ ਸਿੰਘ, ਬਲਵਿੰਦਰ ਸਿੰਘ, ਜਗਤਾਰ ਸਿੰਘ, ਸਰਵਣ ਸਿੰਘ, ਮੁਖਤਿਆਰ ਸਿੰਘ, ਜਸਬੀਰ ਸਿੰਘ, ਤਰਸੇਮ ਸਿੰਘ, ਦਵਿੰਦਰ ਸਿੰਘ, ਕੰਵਲਜੀਤ ਸਿੰਘ, ਬਲਵਿੰਦਰ ਸਿੰਘ, ਗੁਰਦੀਪ ਸਿੰਘ ਤੋਂ ਇਲਾਵਾ ਜ਼ਿਲੇ ਭਰ ਵਿੱਚੋਂ ਸੈਂਕੜੇ ਐੱਸਸੀ ਭਾਈਚਾਰੇ ਦੇ ਨੌਜਵਾਨ ਪਾਰਟੀ ਆਗੂਆਂ ਨੇ ਸ਼ਿਰਕਤ ਕੀਤੀ।

# ਬੀਤੀ ਰਾਤ ਸ਼ਹਿਰ 'ਚ ਪੰਜ ਦੁਕਾਨਾਂ ਦੇ ਤਾਲੇ ਤੋੜ ਕੇ ਨਕਦੀ ਤੇ ਕੀਮਤੀ ਸਾਮਾਨ ਚੋਰੀ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**-ਬੀਤੀ ਰਾਤ ਚੋਰਾਂ ਨੇ ਸ਼ਹਿਰ ਧਾਰੀਵਾਲ ਵਿੱਚ ਮਿਸ਼ਨ ਹਸਪਤਾਲ ਰੋਡ ਉਪਰ ਪੈਂਦੀਆਂ ਪੰਜ ਦੁਕਾਨਾਂ ਦੇ ਸਟਰਾਂ ਦੇ ਤੋੜ ਕੇ ਦੁਕਾਨਾਂ ਵਿੱਚੋਂ ਹਜ਼ਾਰਾਂ ਰੁਪਏ ਸਾਮਾਨ ਅਤੇ ਨਕਦੀ ਚੋਰੀ ਕਰ ਲੈਣ ਦੀ ਖਬਰ ਹੈ। ਪੀੜਤ ਦੁਕਾਨਦਾਰ ਰਾਜੇਸ ਕੁਮਾਰ ਨੇ ਦੱਸਿਆ ਕਿ ਉਹ ਰੋਜ਼ਾਨਾ ਦੀ ਤਰ੍ਹਾਂ ਲੰਘੀ ਰਾਤ ਨੂੰ ਮਿਸ਼ਨ ਹਸਪਤਾਲ ਰੋਡ 'ਤੇ ਸਥਿਤ ਆਪਣੀ ਰੈਡੀਮੇਡ ਕੱਪੜੇ ਦੀ ਦੁਕਾਨ ਬੰਦ ਕਰਕੇ ਆਪਣੇ ਘਰ ਚਲਾ ਗਿਆ। ਸਵੇਰੇ ਕਿਸੇ ਨੇ ਉਨ੍ਹਾਂ ਨੂੰ ਦੱਸਿਆ ਕਿ ਤੁਹਾਡੀ ਦੁਕਾਨ ਦਾ ਸ਼ਟਰ ਖੁੱਲ੍ਹਾ ਪਿਆ ਹੈ ਅਤੇ ਸਾਮਾਨ ਖਿਲਰਿਆ ਪਿਆ ਹੈ। ਜਦੋਂ ਉਨ੍ਹਾਂ ਜਾ ਕੇ ਦੇਖਿਆ ਦੁਕਾਨ ਵਿੱਚੋਂ ਕਰੀਬ 25 ਹਜ਼ਾਰ ਰੁਪਏ ਦੇ ਰੈਡੀਮੇਡ ਕੱਪੜਿਆਂ ਸਮੇਤ ਹੋਰ ਸਾਮਾਨ ਖਾਇਬ ਸੀ। ਇਸ ਤਰ੍ਹਾਂ ਆਰ ਕੇ ਆਪਟੀਕਲ ਦੁਕਾਨ ਦੇ ਮਾਲਕ ਗਗਨ ਕੁਮਾਰ ਨੇ ਦੱਸਿਆ ਕਿ ਉਸਦੀ ਦੁਕਾਨ ਅੰਦਰ ਗਲੇ ਵਿੱਚ ਪਏ ਕਰੀਬ 15 ਹਜ਼ਾਰ ਰੁਪਏ ਚੋਰੀ ਹੋਏ ਹਨ। ਇਸੇ ਰੋਡ ਉਪਰ ਸਮਾਰਟ ਆਪਟੀਕਲ ਦੇ ਮਾਲਕ ਮਨਜੀਤ ਸਿੰਘ, ਗੁਲੂ ਮੋਬਾਈਲ ਰਿਪੇਅਰ ਅਤੇ ਯਾਦਵ ਮੋਬਾਈਲ ਰਿਪੇਅਰ ਦੁਕਾਨਦਾਰਾਂ ਨੇ ਦੱਸਿਆ ਕਿ ਉਨ੍ਹਾਂ ਦੀਆਂ ਦੁਕਾਨਾਂ ਦੇ ਤਾਲੇ ਤੋੜ ਕੇ ਚੋਰਾਂ ਨੇ ਦੁਕਾਨ ਅੰਦਰੋਂ ਫਰੋਲਾ-ਫਰਾਲੀ ਕੀਤੀ ਅਤੇ ਕੁੱਝ ਨਕਦੀ ਪੈਸੇ ਚੋਰੀ ਕਰ ਕੇ ਲੈ ਗਏ ਹਨ।

ਦੁਕਾਨਦਾਰਾਂ ਨੇ ਦੱਸਿਆ ਚੋਰੀ ਸਬੰਧੀ ਥਾਣਾ ਧਾਰੀਵਾਲ ਦੀ ਪੁਲਸ ਨੂੰ ਸੂਚਨਾ ਦੇ ਦਿੱਤੀ ਹੈ। ਇਕੋ ਰਾਤ ਸ਼ਹਿਰ ਅੰਦਰ ਪੰਜ ਦੁਕਾਨਾਂ ਤੋਂ ਹੋਈ ਚੋਰੀ ਕਾਰਨ ਸ਼ਹਿਰ ਅੰਦਰ ਚੋਰਾਂ ਦੀ ਦਹਿਸ਼ਤ ਦਾ ਮਾਹੌਲ ਬਣਿਆ ਹੋਇਆ ਹੈ। ਦੁਕਾਨਦਾਰਾਂ ਨੇ ਪੁਲਸ ਪ੍ਰਸ਼ਾਸਨ ਕੋਲੋਂ ਮੰਗ ਕੀਤੀ ਕਿ ਚੋਰਾਂ ਨੂੰ ਕਾਬੂ ਕਰਕੇ ਉਨ੍ਹਾਂ ਉਪਰ ਸਖਤ ਕਾਰਵਾਈ ਕੀਤੀ ਜਾਵੇ।

15-jan-PAGE-4-2024.qxd 1/14/2024 9:48 PM Page 1

ਨਵਾਂ ਜ਼ਮਾਨਾ
ਸੋਮਵਾਰ, 15 ਜਨਵਰੀ 2024

# ਮੋਦੀ ਦੇ 10 ਵਰ੍ਹੇ

ਸਰਕਰਦਾ ਅੰਗਰੇਜ਼ੀ ਅਖਬਾਰ 'ਦੀ ਇੰਡੀਅਨ ਐਕਸਪ੍ਰੈੱਸ' ਵਿਚ ਆਰਥਕ ਮਾਮਲਿਆਂ ਦਾ ਵਿਸ਼ਲੇਸ਼ਣ ਕਰਨ ਵਾਲੇ ਆਰਥਕ ਮਾਹਰ ਉਦਿਤ ਮਿਸ਼ਰਾ ਨੇ 2014-15 ਤੋਂ ਦਸੰਬਰ 2023 ਤੱਕ ਦੇ ਅੰਕੜਿਆਂ ਦੇ ਹਵਾਲੇ ਨਾਲ ਦੱਸਿਆ ਹੈ ਕਿ ਮੋਦੀ ਕਾਲ ਵਿਚ ਲੋਕਾਂ ਦੀ ਆਰਥਕ ਹਾਲਤ ਕੀ ਰਹੀ ਹੈ। ਉਨ੍ਹਾ ਮੁਤਾਬਕ 2014-15 ਵਿਚ ਜਿਹੜੀ ਚੀਜ਼ ਦਾ ਭਾਅ 100 ਰੁਪਏ ਸੀ, ਉਸ ਨੂੰ ਖਰੀਦਣ ਲਈ ਗਾਹਕ ਨੂੰ ਦਸੰਬਰ 2023 ਵਿਚ 164 ਰੁਪਏ ਚੁਕਾਉਣੇ ਪਏ। ਮਿਸਾਲ ਵਜੋਂ ਜਿਸ ਵਿਅਕਤੀ ਦੀ 2014 ਵਿਚ ਤਨਖਾਹ 10 ਹਜ਼ਾਰ ਰੁਪਏ ਸੀ ਅਤੇ ਉਸ ਨਾਲ ਉਹ ਜਿੰਨੀਆਂ ਚੀਜ਼ਾਂ ਖਰੀਦ ਸਕਦਾ ਸੀ, ਓਨੀਆਂ ਚੀਜ਼ਾਂ ਲਈ ਉਸ ਨੂੰ 2023 ਵਿਚ 16 ਹਜ਼ਾਰ 400 ਰੁਪਏ ਖਰਚਣੇ ਪਏ। ਜੇ ਉਸ ਦੀ ਆਮਦਨ 10 ਸਾਲਾਂ ਵਿਚ ਸਿਰਫ 50 ਫੀਸਦੀ ਵਧੀ ਹੈ ਤਾਂ ਉਸ ਨੂੰ ਅੱਜ 15 ਹਜ਼ਾਰ ਰੁਪਏ ਮਹੀਨਾ ਮਿਲ ਰਹੇ ਹੋਣਗੇ। ਸਾਫ ਹੈ ਕਿ ਉਸ ਨੂੰ ਆਪਣੀਆਂ ਲੋੜਾਂ ਵਿਚ ਕੁਝ ਚੀਜ਼ਾਂ ਦੀ ਕਟੌਤੀ ਕਰਨੀ ਪੈ ਰਹੀ ਹੋਵੇਗੀ। ਜੇ ਤਨਖਾਹ 20 ਹਜ਼ਾਰ ਰੁਪਏ ਹੋ ਚੁੱਕੀ ਹੈ ਤਾਂ ਉਹ ਤੇ ਉਸ ਦਾ ਪਰਵਾਰ ਨੋਟ-ਪਸਾਰੇ ਦਾ ਮੁਕਾਬਲਾ ਕਰਨ ਦੇ ਸਮਰੱਥ ਹੈ, ਯਾਨੀ ਕਿ ਉਹ ਕੁਝ ਹੋਰ ਚੀਜ਼ਾਂ ਲੈ ਸਕਦਾ ਜਾਂ ਬੱਚਤ ਵੀ ਕਰ ਰਿਹਾ ਹੋਵੇਗਾ। ਮਾਹਰ ਨੇ 2018-19 ਨਾਲ ਵੀ ਤੁਲਨਾ ਕਰਕੇ ਹਿਸਾਬ ਕੱਢਿਆ ਹੈ ਕਿ ਨੋਟ-ਪਸਾਰੇ ਵਿਚ 32 ਫੀਸਦੀ ਦਾ ਵਾਧਾ ਹੋਇਆ ਹੈ। ਇਸ ਨਾਲ ਪਿਛਲੇ ਪੰਜ ਸਾਲਾਂ ਵਿਚ ਆਮਦਨ ਤੇ ਮਹਿੰਗਾਈ ਦਾ ਤੁਲਨਾਤਮਕ ਅਧਿਐਨ ਕਰਕੇ ਅਸਲ ਸਥਿਤੀ ਦਾ ਅੰਦਾਜ਼ਾ ਲਾਇਆ ਜਾ ਸਕਦਾ ਹੈ। ਅਸਲ ਸਥਿਤੀ ਇਹ ਹੈ ਕਿ ਆਮ ਲੋਕਾਂ ਦੇ ਜੀਵਨ ਪੱਧਰ ਵਿਚ ਲਗਾਤਾਰ ਕਮੀ ਦੇਖਣ ਨੂੰ ਮਿਲ ਰਹੀ ਹੈ। ਦੁੱਧ, ਫਲ ਤੇ ਵਿਟਾਮਿਨ, ਪ੍ਰੋਟੀਨ ਵਾਲੇ ਭੋਜਨ ਵਿਚ ਕਮੀ ਆਈ ਹੈ। ਕੌਮਾਂਤਰੀ ਏਜੰਸੀਆਂ ਭਾਰਤੀਆਂ ਦੀ ਸਿਹਤ ਤੇ ਬੱਚਿਆਂ ਵਿਚ ਕੁਪੋਸ਼ਣ ਦੀ ਵਧਦੀ ਮਾਤਰਾ ਦੇ ਅੰਕੜੇ ਪ੍ਰਕਾਸ਼ਤ ਕਰਦੀਆਂ ਹਨ, ਜਿਨ੍ਹਾਂ ਨੂੰ ਮੋਦੀ ਸਰਕਾਰ ਲਗਾਤਾਰ ਰੱਦ ਕਰਦੀ ਆ ਰਹੀ ਹੈ।

ਗਰੀਬ ਲੋਕਾਂ ਦੀ ਹਾਲਤ ਦਾ ਅੰਦਾਜ਼ਾ ਇਸ ਤੋਂ ਵੀ ਲਾਇਆ ਜਾ ਸਕਦਾ ਹੈ ਕਿ 2014-15 ਦੌਰਾਨ ਘੱਟੋ-ਘੱਟ ਦਿਹਾੜੀ 137 ਰੁਪਏ ਸੀ, ਜਿਹੜੀ 2015-16 ਵਿਚ 160 ਰੁਪਏ ਹੋ ਗਈ ਸੀ। 2017-18 ਵਿਚ 176 ਤੇ 2019-20 ਵਿਚ 178 ਰੁਪਏ ਹੋਈ। ਉਸ ਤੋਂ ਬਾਅਦ ਦੇ ਪੰਜ ਸਾਲਾਂ ਵਿਚ 178 ਰੁਪਏ ਤੋਂ ਅੱਗੇ ਨਹੀਂ ਵਧੀ। ਇਨ੍ਹਾਂ ਪੰਜ ਸਾਲਾਂ ਵਿਚ ਨੋਟ-ਪਸਾਰਾ ਏਨਾ ਹੋਇਆ ਕਿ ਮਹਿੰਗਾਈ ਦੀ ਦਰ ਵਿਚ 32 ਫੀਸਦੀ ਦਾ ਵਾਧਾ ਹੋਇਆ ਹੈ, ਜਦਕਿ ਦਿਹਾੜੀ ਸਿਰਫ ਦੋ ਰੁਪਏ ਹੀ ਵਧੀ ਹੈ। ਇਕ ਮਜ਼ਦੂਰ ਦੀ ਦਿਹਾੜੀ 2023 ਵਿਚ 2018 ਦੇ ਮੁਕਾਬਲੇ ਘੱਟੋ-ਘੱਟ 232 ਰੁਪਏ ਹੋਣੀ ਚਾਹੀਦੀ ਸੀ, ਪਰ ਉਹ ਅੱਜ ਵੀ ਪੰਜ ਸਾਲ ਪਹਿਲਾਂ ਵਾਲੀ ਦਿਹਾੜੀ ਨਾਲ ਹੀ ਜ਼ਿੰਦਗੀ ਜੀ ਰਿਹਾ ਹੈ। ਸਿਤਮਜ਼ਰੀਫੀ ਇਹ ਵੀ ਹੈ ਕਿ ਨਾਗਾਲੈਂਡ, ਤਾਮਿਲਨਾਡੂ, ਪੱਛਮੀ ਬੰਗਾਲ, ਤ੍ਰਿਪੁਰਾ ਤੇ ਹਿਮਾਚਲ ਵਿਚ ਘੱਟੋ-ਘੱਟ ਦਿਹਾੜੀ 115, 132, 166, 170 ਤੇ 171 ਚੱਲ ਰਹੀ ਹੈ, ਜਿਹੜੀ ਕਿ ਕੌਮੀ ਔਸਤ ਤੋਂ ਘੱਟ ਹੈ।

ਨੀਤੀ ਘਾੜਿਆਂ ਤੇ ਨੌਕਰਸ਼ਾਹੀ ਨੂੰ ਸਭ ਪਤਾ ਹੈ ਕਿ ਦੇਸ਼ ਦੀ ਬਹੁਗਿਣਤੀ ਆਬਾਦੀ ਦੀ ਹਾਲਤ ਕੀ ਹੈ, ਪਰ ਉਹ ਇਹ ਗੱਲ ਵੀ ਬਾਖੂਬੀ ਜਾਣਦੇ ਹਨ ਕਿ ਕਿਵੇਂ ਇਕ ਵੱਡੀ ਆਬਾਦੀ ਨੂੰ ਆਸਾਨੀ ਨਾਲ ਧਰਮ ਤੇ ਜਾਤ ਦੀ ਪਿਛੜੀ ਸੋਚ ਕਾਰਨ ਆਸਾਨੀ ਨਾਲ ਵਰਗਲਾਇਆ ਜਾ ਸਕਦਾ ਹੈ।

# ਨੈਤਿਕਤਾ ਦੀ ਅਹਿਮੀਅਤ

**ਸੁੰਦਰਪਾਲ ਪ੍ਰੇਮੀ**

'ਜੀਓ ਅਤੇ ਜਿਉਣ ਦਿਓ' ਦਾ ਸੁਨਹਿਰੀ ਸਿਧਾਂਤ ਨੈਤਿਕਤਾ ਦੀ ਪੁਰਜ਼ੋਰ ਪ੍ਰੋੜ੍ਹਤਾ ਕਰਦਾ ਹੈ। ਧੱਕਾ ਕਰਨਾ, ਨਿਰਦੋਸ਼ਾਂ ਦਾ ਜਿਉਣਾ ਦੁੱਭਰ ਕਰਨਾ, ਧੀ-ਭੈਣ ਦੀ ਇੱਜ਼ਤ 'ਤੇ ਡਾਕਾ ਮਾਰਨਾ ਸਮਝੋ ਉਪਰੋਕਤ ਸਿਧਾਂਤ ਨਾਲ ਖਿਲਵਾੜ ਕਰਨਾ ਹੈ। ਸੱਚਾਈ, ਇਮਾਨਦਾਰੀ ਨਾਲ ਨੈਤਿਕਤਾ ਵਾਸਤਾ ਪੁਆਂਦੀ ਹੈ। ਇਨਸਾਨੀਅਤ ਦਾ ਦੀਵਾਨਾ ਬਣਾਉਂਦੀ ਹੈ। ਨੇਕੀ ਦੇ ਰਾਹ ਤੋਰ ਕੇ ਭਲੇ ਦਾ ਕੰਮ ਕਰਾਉਂਦੀ ਹੈ। ਸੌੜੀ, ਕਮੀਨੀ ਵਿਚਾਰਧਾਰਾ ਤੋਂ ਤੋੜ-ਵਿਛੋੜਾ ਕਰਾਉਣ ਵਿੱਚ, ਦਿਲ ਦਰਿਆ ਬਣਾਉਣ ਵਿੱਚ ਨੈਤਿਕਤਾ ਸਹਾਈ ਹੁੰਦੀ ਹੈ। ਉਸਾਰੂ, ਮਿਆਰੀ ਸੋਚ ਵਿੱਚ ਵੀ ਨੈਤਿਕਤਾ ਦਾ ਵਡਮੁੱਲਾ ਯੋਗਦਾਨ ਹੁੰਦਾ ਹੈ। ਨੈਤਿਕਤਾ ਦੇ ਬਗ਼ੀਚੇ ਵਿੱਚ ਅਮਨ-ਅਮਾਨ ਦੇ ਫੁੱਲ ਮਹਿਕਦੇ ਹਨ। ਆਪਸੀ ਪਿਆਰ, ਸਤਿਕਾਰ ਵਾਲੀ ਜ਼ਿੰਦਗੀ ਗੁਲੋ-ਗੁਲਜ਼ਾਰ ਹੁੰਦੀ ਹੈ। ਦਗਾਬਾਜ਼ੀ, ਠੱਗੀ, ਮੱਕਾਰੀ ਨੂੰ ਨੈਤਿਕਤਾ ਦਰਕਿਨਾਰ ਕਰਦੀ ਹੈ। ਨੈਤਿਕਤਾ ਤੇ ਧਰਮ ਦਾ ਚੋਲੀ ਦਾਮਨ ਵਾਲਾ ਨਿਆਰਾ ਸਾਥ ਹੁੰਦਾ ਹੈ। ਨੈਤਿਕਤਾ ਤੋਂ ਸੱਖਣੇ ਧਰਮ ਦਾ ਕੋਈ ਅਧਾਰ ਨਹੀਂ ਹੁੰਦਾ। ਨੈਤਿਕਤਾ ਤੋਂ ਬਿਨਾਂ ਧਰਮ ਦੀ ਹਾਲਤ ਜੜ੍ਹੋਂ ਉਖੜੇ ਰੁੱਖ ਵਾਂਗ ਕਹੀ ਜਾ ਸਕਦੀ ਹੈ। ਧਰਮ ਦਾ ਮੂਲ ਮੰਤਰ ਨੈਤਿਕਤਾ ਹੈ। ਨੈਤਿਕਤਾ ਨੂੰ ਜ਼ਿੰਦਗੀ ਦਾ ਅੰਗ ਬਣਾਏ ਬਿਨਾਂ ਦਾਤੇ ਦਾ ਦਰ ਨਸੀਬ ਨਹੀਂ ਹੋ ਸਕਦਾ, ਜਿਸ ਇਨਸਾਨ 'ਤੇ ਨੈਤਿਕਤਾ ਦਾ ਗੂੜ੍ਹਾ ਰੰਗ ਚੜ੍ਹਿਆ ਹੁੰਦੈ, ਉਹੀ ਅਸਲੀ ਧਰਮੀ ਅਖਵਾਣ ਦਾ ਹੱਕਦਾਰ ਹੈ। ਇਨਸਾਨੀ-ਪਿਆਰ, ਹਮਦਰਦੀ, ਨੇਕੀ, ਸੱਚਾਈ ਤੋਂ ਬਿਨਾਂ ਧਰਮ ਦੀ ਕੋਈ ਅਹਿਮੀਅਤ ਨਹੀਂ ਹੁੰਦੀ। ਅਸਲ ਵਿੱਚ ਧਰਮ ਦੀ ਮਜ਼ਬੂਤ ਨੀਂਹ ਨੈਤਿਕਤਾ ਹੈ। ਨੈਤਿਕਤਾ ਤੋਂ ਬੇਮੁੱਖ ਵਿਖਾਵੇ ਦੀ ਭਗਤੀ ਕਰਨ ਵਾਲਾ ਆਦਮੀ ਸੂਰਜ ਨੂੰ ਦੀਵਾ ਦਿਖਾਉਣ ਵਾਲੇ ਆਦਮੀ ਵਾਂਗ ਹੈ।

ਅਜੋਕੇ ਸਮੇਂ ਚਾਰੇ ਪਾਸੇ ਹਾਹਾਕਾਰ ਦੇ ਭਾਬੜ ਮਚਣ, ਤਾਂਡਵ ਨਾਚ ਹੋਣ ਕਰਕੇ ਮਾਨਸਿਕ-ਸ਼ਾਂਤੀ ਨੂੰ ਗ੍ਰਹਿਣ ਲੱਗਿਆ ਹੋਇਐ। ਮਾਫੀਆ, ਦਬੰਗਾਂ, ਭ੍ਰਿਸ਼ਟਾਚਾਰ ਦੀ ਤੂਤੀ ਬੋਲਦੀ ਹੈ। ਸਰਕਾਰਾਂ ਦੀਆਂ ਮਾਰੂ ਨੀਤੀਆਂ, ਧੱਕਸ਼ਾਹੀਆਂ ਖ਼ਿਲਾਫ ਰੋਸ ਮੁਜ਼ਾਹਰੇ, ਧਰਨਿਆਂ ਦਾ ਦੁਖਦਾਈ ਵਰਤਾਰਾ ਆਮ ਹੋ ਗਿਆ। ਸਮੁੱਚੇ ਪ੍ਰਸ਼ਾਸਨ ਦੀ ਨਾਦਰਸ਼ਾਹੀ ਤੋਂ ਲੋਕਾਈ ਅੱਕੀ ਪਈ ਐ। ਹਰ ਪਾਸੇ ਆਵਾ ਊਤਣ ਦਾ ਮੁੱਖ ਕਾਰਨ ਨੈਤਿਕਤਾ ਤੋਂ ਪਾਸਾ ਕਰਨਾ ਹੈ। ਬੱਚੀਆਂ, ਲੜਕੀਆਂ, ਔਰਤਾਂ ਨਾਲ ਜਬਰ-ਜ਼ਨਾਹ ਕਰਨ ਵਾਲੇ, ਗੈਰ ਇਨਸਾਨੀ ਕਰਮ ਕਮਾਉਣ ਵਾਲੇ ਪਾਪੀਆਂ /ਦੁਸ਼ਟਾਂ ਦਾ ਨੈਤਿਕਤਾ ਨਾਲ ਕੋਈ ਸਰੋਕਾਰ ਨਹੀਂ ਹੁੰਦਾ। ਪੁਲਸ ਵਾਲੇ ਪੀੜਤਾਂ ਦੀ ਦਿਲੋਂ ਬਾਂਹ ਫੜਨ ਦੀ ਬਜਾਏ ਅੱਖਾਂ ਪੂੰਜਣ ਵਾਲੀ ਕਾਰਵਾਈ ਕਰਦੇ ਹਨ। ਖ਼ੂਨੀ ਰਿਸ਼ਤਿਆਂ, ਹੋਰ ਰਿਸ਼ਤੇ-ਨਾਤਿਆਂ ਵਿੱਚ ਪਾੜੇ ਪਾਉਣ, ਹਿੰਸਕ, ਖ਼ੂਨੀ ਕਾਰੇ ਕਰਨ ਪਿੱਛੇ ਅੰਨ੍ਹੇ ਲੋਭ-ਲਾਲਚ ਦਾ ਡਾਂਗ ਵਰਗਾ ਮੁੱਖ ਹੱਥ ਹੁੰਦਾ ਹੈ। ਨੈਤਿਕਤਾ ਪੱਖੋਂ ਇਹ ਖਾਲੀ ਭਾਂਡਿਆਂ ਵਾਂਗ ਨਜ਼ਰ ਆਉਂਦੇ ਹਨ। ਨੈਤਿਕਤਾ ਦੇ ਸੱਚੇ ਆਸ਼ਕ ਰਿਸ਼ਤੇ-ਨਾਤਿਆਂ ਵਿੱਚ ਬੇਸੁਰੇ ਲੋਭ ਨੂੰ ਅੱਗੇ ਨਹੀਂ ਆਉਣ ਦਿੰਦੇ। ਇਹਨਾਂ ਵੱਲੋਂ ਰਿਸ਼ਤਿਆਂ ਦਾ ਧਰਮ ਬਾਖ਼ੂਬੀ ਨਿਭਾਇਆ ਜਾਂਦਾ ਹੈ। ਸਮੁੱਚੀ ਮਨੁੱਖਤਾ ਦਾ ਕਲਿਆਣ ਨੈਤਿਕਤਾ ਦੇ ਦਿਲੋਂ ਅਨੁਆਈ ਬਣਨ ਵਿੱਚ ਸਮਾਇਆ ਹੋਇਐ। ਹਰ ਪਾਸੇ / ਅਦਾਰੇ ਵਿੱਚ ਖ਼ੁਸ਼ਗਵਾਰ ਮਹੌਲ ਬਣਾਉਣ ਵਿੱਚ ਸੁਖਮਈ ਜ਼ਿੰਦਗੀ ਜਿਉਣ ਵਿੱਚ ਨੈਤਿਕਤਾ ਕਾਬਲੇਤਾਰੀਫ਼ ਰੋਲ ਅਦਾ ਕਰਦੀ ਹੈ।

ਨੈਤਿਕਤਾ ਦੇ ਅਸੂਲਾਂ ਨੂੰ ਅਮਲੀ ਜਾਮਾ ਪਹਿਨਾਉਣ ਵਾਲੀ, ਲੋਕਾਂ ਦੀਆਂ ਦੁੱਖ-ਤਕਲੀਫਾਂ ਨੂੰ ਸੁਣ ਕੇ ਹੱਲ ਕਰਨ ਵਾਲੀ, ਇਨਸਾਫ਼ ਦੀ ਗੁੱਡੀ ਚੜ੍ਹਾਉਣ ਵਾਲੀ, ਹਰ ਚੰਗੇ ਵਰਗ ਨਾਲ ਖਿੜੇ-ਮੱਥੇ ਪੇਸ਼ ਆਉਣ ਵਾਲੀ ਸਰਕਾਰ ਹਰਮਨ-ਪਿਆਰੀ ਹੁੰਦੀ ਹੈ। ਨੈਤਿਕਤਾ ਦਾ ਸਾਥ ਨਿਭਾਉਣ ਨਾਲ ਰਿਸ਼ਤੇ-ਨਾਤਿਆਂ, ਭਾਈਚਾਰੇ ਦੀ ਚੜ੍ਹਤ ਹੁੰਦੀ ਹੈ। ਈਰਖਾ-ਦਵੈਸ਼, ਵੈਰ-ਵਿਰੋਧ ਵਿਸ਼ੇ-ਵਿਕਾਰਾਂ ਆਦਿ ਹਾਸ਼ੀਏ 'ਤੇ ਚਲੇ ਜਾਂਦੇ ਹਨ। ਮੋਹ-ਪਿਆਰ ਦੀ ਫੁਲਫਾੜੀ ਵਿੱਚ ਜ਼ਿੰਦਗੀ ਆਨੰਦ ਮਨਾਉਂਦੀ ਹੈ। ਨੈਤਿਕਤਾ ਦੇ ਸੱਚੇ ਮੁਦਈ ਬਣ ਕੇ ਜ਼ਿੰਦਗੀ ਦੇ ਸਫਰ ਵਿੱਚ ਸੰਦਲੀ ਪੈੜਾਂ ਪਾਉਣ ਲਈ ਸਾਨੂੰ ਮੋਹਰੀ ਰੋਲ ਅਦਾ ਕਰਨਾ ਚਾਹੀਦੈ। ਨੈਤਿਕਤਾ ਨੂੰ ਆਮਲੀ ਜਾਮਾ ਪਹਿਨਾਉਣ ਵਿੱਚ ਖੇੜਾ ਹੈ, ਖ਼ੁਸ਼ਹਾਲੀ ਹੈ, ਜ਼ਿੰਦਗੀ ਦੀ ਖ਼ੂਬਸੂਰਤੀ ਹੈ ਤੇ ਮਾਨਵਤਾ ਦਾ ਕਲਿਆਣ ਹੈ।

# ਸੰਪਰਕ : 98140-51099

# ਭਾਈ ਪਿਆਰਾ ਸਿੰਘ ਲੰਗੇਰੀ ਨੂੰ ਯਾਦ ਕਰਦਿਆਂ

**ਅਵਤਾਰ ਲੰਗੇਰੀ**



ਭਾਈ ਪਿਆਰਾ ਸਿੰਘ ਲੰਗੇਰੀ, ਜਿਨ੍ਹਾਂ 15 ਜਨਵਰੀ 1881 ਨੂੰ ਪਿਤਾ ਸਰਦਾਰ ਲੱਖਾ ਸਿੰਘ ਦੇ ਘਰ ਇੱਕ ਕਿਰਤੀ ਪਰਵਾਰ ਵਿੱਚ ਜਨਮ ਲਿਆ। ਘਰ ਦੀ ਤੰਗੀ ਕਾਰਨ 1902 ਵਿੱਚ ਆਪ ਫੌਜ ਵਿੱਚ ਭਰਤੀ ਹੋ ਗਏ, ਪ੍ਰੰਤੂ ਆਜ਼ਾਦ ਬਿਰਤੀ ਦੇ ਇਸ ਯੋਧੇ ਨੇ 4 ਸਾਲ ਦੀ ਨੌਕਰੀ ਤੋਂ ਬਾਅਦ ਹੀ ਅੰਗਰੇਜ਼ ਸਰਕਾਰ ਦੀ ਫੌਜੀ ਨੌਕਰੀ ਤੋਂ ਅਸਤੀਫਾ ਦੇ ਦਿੱਤਾ।

ਘਰ ਦਾ ਤੋਰਾ ਤੋਰਨ ਅਤੇ ਆਪਣੀ ਅਜ਼ਾਦ ਸੋਚ ਨੂੰ ਆਜ਼ਾਦੀ ਦਾ ਜਾਮਾ ਪਹਿਨਾਉਣ ਹਿੱਤ ਆਪ 1906 ਵਿੱਚ ਕਲਕੱਤਿਓਂ ਜਹਾਜ਼ ਫੜ ਹਾਂਗਕਾਂਗ, ਸ਼ੰਘਈ ਹੁੰਦੇ ਹੋਏ ਕੈਲੀਫ਼ੋਰਨੀਆ ਦੇ ਸ਼ਹਿਰ ਸਾਨਫਰਾਂਸਿਸਕੋ ਜਾ ਪਹੁੰਚੇ। ਵੈਨਕੂਵਰ ਦੇ ਸੰਤ ਤੇਜਾ ਸਿੰਘ, ਭਾਈ ਬਲਵੰਤ ਸਿੰਘ ਅਤੇ ਭਾਈ ਸੁੰਦਰ ਕਾਲੇਪਾਣੀ ਦੀ ਜੇਲ੍ਹ ਅੰਡੇਮਾਨ ਭਾਈ ਪਿਆਰਾ ਸਿੰਘ ਨੇ ਬਾਬਾ ਜੈਮਲ ਸਿੰਘ ਸਿੰਘ ਵਰਗੇ ਸਿੱਖ ਲੀਡਰਾਂ ਦੇ ਸੱਦੇ 'ਤੇ ਸੰਨ 1908 ਵਿੱਚ ਆਪ ਅਮਰੀਕਾ ਤੋਂ ਵੈਨਕੂਵਰ ਆ ਗਏ। ਇੱਥੇ ਉਹਨਾਂ ਨੂੰ ਗੁਰੂ ਨਾਨਕ ਮਾਈਨਿੰਗ ਐਂਡ ਟਰੱਸਟ ਕੰਪਨੀ ਦਾ ਮੈਨੇਜਿੰਗ ਡਾਇਰੈਕਟਰ ਬਣਾਇਆ ਗਿਆ। ਉਪਰੰਤ 1912 ਵਿੱਚ ਬਣੇ ਵਿਕਟੋਰੀਆ ਗੁਰਦੁਆਰੇ ਦੇ ਗ੍ਰੰਥੀ ਨਿਯੁਕਤ ਹੋਏ। ਇਸ ਸਮੇਂ ਦੌਰਾਨ ਆਪ ਇੱਕ ਵਿਲੱਖਣ ਸ਼ਖਸੀਅਤ ਦੇ ਤੌਰ 'ਤੇ ਉਭਰ ਚੁੱਕੇ ਸਨ, ਜਿਸ ਕਰਕੇ ਅੰਗਰੇਜ਼ ਹਕੂਮਤ ਵੱਲੋਂ ਕਾਲੇਪਾਣੀ ਦੀ ਜੇਲ੍ਹ ਅੰਡੇਮਾਨ ਦੀਪ ਭਾਈ ਪਿਆਰਾ ਸਿੰਘ ਨਲੂਆ 4 ਸਾਲ ਦੀ ਕੈਦ ਕੱਟੀ। ਉਹਨਾ ਦੱਸਿਆ ਕਿ ਅੰਗਰੇਜ਼ ਅਫਸਰ ਹਾਪਕਿਨਸਨ ਨੇ ਉਨ੍ਹਾਂ ਨੂੰ ਕਿਹਾ ਕਿ ਭਾਈ ਸਾਹਿਬ ਜੇਕਰ ਤੁਸੀਂ ਆਪਣਾ ਕੋਈ ਭਾਈ-ਭਤੀਜਾ ਕੈਨੇਡਾ ਮੰਗਵਾਉਣਾ ਚਾਹੁੰਦੇ ਹੋ ਤਾਂ ਮੰਗਵਾ ਸਕਦੇ ਹੋ, ਪਰ ਸੱਚੇ ਕੌਮ ਪ੍ਰਸਤ ਭਾਈ ਸਾਹਿਬ ਅੰਗਰੇਜ਼ ਦੀਆਂ ਚਾਲਾਂ ਵਿੱਚ ਨਾ ਫਸੇ ਅਤੇ ਉਹ ਨਿਰੰਤਰ ਆਪਣੇ ਮਿਸ਼ਨ ਉਤੇ ਕੰਮ ਕਰਦੇ ਰਹੇ। 1912 ਵਿੱਚ ਆਪ ਨੇ ਸਰਦਾਰ ਕਰਤਾਰ ਸਿੰਘ ਹੁੰਦਲ ਅਤੇ ਡਾਕਟਰ ਸੁੰਦਰ ਸਿੰਘ ਨਾਲ ਮਿਲ ਕੇ ਪ੍ਰੈੱਸ ਲਗਾਈ ਅਤੇ ਅੰਗਰੇਜ਼ੀ ਦਾ 15 ਰੋਜ਼ਾ ਅਖ਼ਬਾਰ 'ਸੰਸਾਰ' ਕੱਢਿਆ। ਇਹ ਅਖ਼ਬਾਰ ਦੁਨੀਆਂ ਅੰਦਰ ਰਹਿ ਰਹੇ ਹਿੰਦੁਸਤਾਨੀਆਂ ਦੇ ਦੁੱਖਾਂ-ਦਰਦਾਂ ਨੂੰ ਬਿਆਨ ਕਰਦਾ ਅਤੇ ਉਨ੍ਹਾਂ ਨੂੰ ਗੁਲਾਮੀ ਦਾ ਅਹਿਸਾਸ ਕਰਾਉਂਦਾ। ਪਰਚੇ ਦੀ ਮਲਕੀਅਤ ਨੂੰ ਲੈ ਕੇ ਦੇਸ਼ ਭਗਤਾਂ ਦੇ ਮਿਲੀਟੈਂਟ ਧੜੇ ਅਤੇ ਨਰਮ ਖਿਆਲੀ ਧੜੇ ਵਿਚਕਾਰ ਕਮਿਊਨਿਟੀ ਦੀ ਲੀਡਰਸ਼ਿਪ ਲਈ ਖਹਿਬਾਜ਼ੀ ਵਧਣ ਲੱਗੀ, ਜਿਸ ਕਰਕੇ ਨਰਮ ਖਿਆਲੀਏ ਆਗੂ ਕਰਤਾਰ ਸਿੰਘ ਹੁੰਦਲ, ਡਾਕਟਰ ਸੁੰਦਰ ਸਿੰਘ ਅਤੇ ਬਾਬੂ ਕਪੂਰ ਸਿੰਘ ਖੜੌਦੀ 1914 ਦੇ ਅੱਧ ਵਿੱਚ ਵੈਨਕੂਵਰ ਛੱਡ ਟੋਰਾਂਟੋ ਵੱਲ ਚਲੇ ਗਏ, ਪ੍ਰੰਤੂ ਭਾਈ ਪਿਆਰਾ ਸਿੰਘ ਇੱਥੇ ਹੀ ਟਿਕੇ ਰਹੇ। 23 ਮਈ 1914 ਨੂੰ ਭਾਈ ਪਿਆਰਾ ਸਿੰਘ ਨੇ ਕਾਮਾਗਾਟਾ ਮਾਰੂ ਜਹਾਜ਼ ਦੇ ਵੈਨਕੂਵਰ ਪੁੱਜਣ ਵਾਲੇ ਦਿਨ ਗ਼ਦਰੀ ਲੀਡਰ ਹਰਨਾਮ ਸਿੰਘ ਸਾਹਰੀ, ਮਿੱਤ ਸਿੰਘ ਪੰਡੋਰੀ, ਹਰੀ ਸਿੰਘ ਚੋਟੀਆਂ ਅਤੇ ਬਲਵੰਤ ਸਿੰਘ ਖੁਰਦਪੁਰ ਨਾਲ ਮਿਲ ਕੇ ਕਾਮਾਗਾਟਾ ਮਾਰੂ ਜਹਾਜ਼ 'ਤੇ ਜਾਣ ਦੀ ਕੋਸ਼ਿਸ਼ ਕੀਤੀ ਅਤੇ ਜਹਾਜ ਦਾ ਘੋਲ ਲੜਨ ਲਈ ਪੈਸੇ ਇਕੱਠੇ ਕਰਕੇ ਮੁਸਾਫਰਾਂ ਨੂੰ ਰਾਸ਼ਣ ਪਹੁੰਚਦਾ ਕੀਤਾ। ਜੂਨ 1914 ਵਿੱਚ ਆਪ ਵੀ ਟੋਰਾਂਟੋ ਚਲੇ ਗਏ।

ਪਹਿਲਾ ਸੰਸਾਰ ਯੁੱਧ ਸ਼ੁਰੂ ਹੋਣ 'ਤੇ ਭਾਈ ਸਾਹਿਬ ਫਿਰ ਟੋਰਾਂਟੋ ਤੋਂ ਸਾਨਫਰਾਂਸਿਸਕੋ ਪਹੁੰਚ ਗਏ। ਇੱਥੋਂ ਉਹਨਾ ਵਤਨ ਵਾਪਸੀ ਲਈ ਆਪਣੇ ਸਾਥੀ ਪਿਰਥੀ ਸਿੰਘ, ਜਗਤ ਰਾਮ, ਕੇਸਰ ਸਿੰਘ, ਊਧਮ ਸਿੰਘ, ਜਵਾਲਾ ਸਿੰਘ, ਨਿਧਾਨ ਸਿੰਘ, ਅਰੂੜ ਸਿੰਘ ,ਅਮਰ ਸਿੰਘ ਅਤੇ ਨਵਾਬ ਖਾਨ ਨਾਲ ਹਾਂਗਕਾਂਗ ਲਈ ਜਹਾਜ਼ ਫੜਿਆ। ਜਪਾਨ ਦੀ ਬੰਦਰਗਾਹ ਨਾਗਾਸਾਕੀ ਪੁੱਜਣ 'ਤੇ ਗਦਰੀ ਲੀਡਰ ਭਾਈ ਜਵਾਲਾ ਸਿੰਘ ਠੱਠੀਆਂ, ਭਾਈ ਕੇਸਰ ਸਿੰਘ ਠੱਠਗੜ੍ਹ ਵੱਲੋਂ ਮਿਲੀਆਂ ਹਦਾਇਤਾਂ ਅਨੁਸਾਰ ਭਾਈ ਪਿਆਰਾ ਸਿੰਘ ਆਪਣੇ ਸਾਥੀ ਨਿਧਾਨ ਸਿੰਘ ਚੁੱਘਾ ਅਤੇ ਇੰਦਰ ਸਿੰਘ ਸੁਰਸਿੰਘ ਸਮੇਤ ਜਹਾਜ ਵਿਚੋਂ ਉੱਤਰ ਗਏ। ਗਦਰੀ ਲੀਡਰਾਂ ਵੱਲੋਂ ਹੁਕਮ ਸੀ ਕਿ ਇੱਥੇ ਭਾਈ ਪਿਆਰਾ ਸਿੰਘ ਹੁਰੀਂ ਸ਼ੰਘਾਈ ਜਾਣ ਤੇ ਉਥੋਂ ਬੰਦੇ ਤੇ ਪੈਸੇ ਲੈ ਕੇ ਆਉਣ। ਇਨ੍ਹਾਂ ਦੇ ਉੱਥੇ ਜਾਣ ਨਾਲ ਗ਼ਦਰ ਪਾਰਟੀ ਦੀ ਸ਼ੰਘਾਈ ਬ੍ਰਾਂਚ ਬੜੀ ਸਰਗਰਮ ਹੋ ਗਈ। ਭਾਈ ਪਿਆਰਾ ਸਿੰਘ ਦੀ ਪ੍ਰੇਰਨਾ ਨਾਲ ਉਥੋਂ ਬਹੁਤ ਸਾਰੇ ਗਦਰੀ ਦੇਸ਼ ਜਾਣ ਲਈ ਤਿਆਰ ਹੋ ਗਏ। 15 ਅਕਤੂਬਰ 1914 ਨੂੰ ਭਾਈ ਪਿਆਰਾ ਸਿੰਘ ਆਪਣਾ ਨਾਂਅ ਬਦਲ ਕੇ ਕਰਮ ਸਿੰਘ ਦੇ ਨਾਂਅ ਹੇਠਾਂ ਕਲਕੱਤੇ ਆਣ ਪੁੱਜੇ, ਪਰ ਪੁਲਸ ਨੂੰ ਇਸ ਕਾਰਵਾਈ ਦਾ ਪਤਾ ਲੱਗ ਗਿਆ ਕਿ ਇਹ ਉਹੀ ਪਿਆਰਾ ਸਿੰਘ ਹੈ, ਜਿਸ ਦੀਆਂ ਗੋਰੀ ਸਰਕਾਰ ਵੱਲੋਂ ਵੈਨਕੂਵਰ ਤੋਂ ਖਤਰਨਾਕ ਹੋਣ ਦੀਆਂ ਰਿਪੋਰਟਾਂ ਭਾਰਤ ਪੁੱਜੀਆਂ ਸਨ। ਪੁਲਸ ਨੇ ਆਪ ਨੂੰ ਗ੍ਰਿਫ਼ਤਾਰ ਕਰਨ ਲਈ ਪਿੰਡ ਵਿਚ ਛਾਪਾਮਾਰੀ ਕੀਤੀ, ਪਰੰਤੂ ਆਪ ਪੁਲਸ ਦੇ ਹੱਥ ਨਹੀਂ ਆਏ। ਇਸ ਉਪਰੰਤ ਆਪ ਅੰਡਰਗਰਾਊਂਡ ਹੋ ਗਏ ਅਤੇ ਜਵੰਦ ਸਿੰਘ ਨੰਗਲ ਕਲਾਂ, ਜੋ ਕਿ ਵੈਨਕੂਵਰ ਤੋਂ ਪਾਰਟੀ ਦੇ ਹੁਕਮਾਂ ਅਨੁਸਾਰ ਭਾਰਤ ਪਰਤੇ ਸਨ, ਉਨ੍ਹਾ ਨਾਲ ਮਿਲ ਕੇ ਅੰਗਰੇਜ਼ੀ ਹਕੂਮਤ ਦਾ ਤਖਤਾ ਪਲਟਣ ਲਈ ਪਿੰਡਾਂ ਵਿੱਚ ਪ੍ਰਚਾਰ ਕਰਨ ਲੱਗੇ। ਗਦਰ ਪਾਰਟੀ ਦੀਆਂ ਦੀਆਂ ਹਦਾਇਤਾਂ ਅਨੁਸਾਰ ਭਾਈ ਪਿਆਰਾ ਸਿੰਘ ਨੇ ਬੰਨੂ- ਕੋਹਾਟ ਜਾ ਕੇ ਫੌਜਾਂ ਵਿੱਚ ਧੂੰਆਂਧਾਰ ਪ੍ਰਚਾਰ ਕੀਤਾ, ਜਿਸ ਸਦਕਾ ਬਹੁਤ ਸਾਰੇ ਫੌਜੀ ਗਦਰ ਵਿਚ ਸ਼ਾਮਲ ਹੋਣਾ ਮੰਨ ਗਏ। 12 ਅਪ੍ਰੈਲ 1915 ਨੂੰ ਆਪ ਜੀ ਨੂੰ ਨੰਗਲ ਕਲਾਂ ਦੇ ਜ਼ੈਲਦਾਰ ਚੰਦਾ ਸਿੰਘ ਦੀ ਮੁਖਬਰੀ 'ਤੇ ਗ੍ਰਿਫਤਾਰ ਕਰ ਲਿਆ ਗਿਆ, ਉਸ ਵਕਤ ਆਪ ਬਿੰਜੋ ਪਿੰਡ ਵਿੱਚ ਇੱਕ ਸੰਤ ਦੀ ਕੁਟੀਆ ਵਿਚ ਠਹਿਰੇ ਹੋਏ ਸਨ। ਜਦ ਉੱਥੇ ਪੁਲਿਸ ਨੇ ਛਾਪਾ ਮਾਰਿਆ ਤਾਂ ਉਹ ਪੁਲਸ ਦੀ ਗਿ੍ਫਤਾਰੀ ਤੋਂ ਬਚਣ ਲਈ ਘੋੜੇ ਤੋਂ ਵੀ ਤੇਜ਼ ਰਫਤਾਰ ਨਾਲ ਸੈਲੇ ਵੱਲ ਨੂੰ ਦੌੜੇ ਤਾਂ ਜੋ ਜੰਗਲ ਵਿੱਚ ਦੀ ਹੋ ਕੇ ਉਹ ਜੇਜੋਂ ਦੇ ਪਹਾੜਾਂ 'ਤੇ ਜਾ ਚੜ੍ਹਨ, ਪਰ ਪੁਲਸ ਦੀ ਧਾੜ ਚੋਰ-ਉਇ,ਚੋਰ-ਉਇ ਦਾ ਰੌਲਾ ਪਾਉਂਦੀ ਭਾਈ ਪਿਆਰਾ ਸਿੰਘ ਦੇ ਮਗਰ ਵਹੀਰਾਂ ਘੱਤੀ ਆ ਰਹੀ ਸੀ। ਪੁਲਸ ਦਾ ਰੌਲਾ ਸੁਣ ਕੇ ਸੈਲੇ ਅਤੇ ਨਰਿਆਲਾ ਪਿੰਡਾਂ ਦੇ ਲੋਕਾਂ ਨੇ ਪਿਆਰਾ ਸਿੰਘ ਨੂੰ ਘੇਰ ਲਿਆ। ਲੋਕਾਂ ਦੇ ਟਕਰਾਅ ਵਿੱਚ ਭਾਈ ਸਾਹਿਬ ਦੇ ਟਕੂਏ ਦਾ ਦਸਤਾ ਟੁੱਟ ਗਿਆ। ਲੋਕਾਂ ਨੇ ਭਾਈ ਪਿਆਰਾ ਸਿੰਘ ਨੂੰ ਢਾਹ ਲਿਆ ਅਤੇ ਏਨੇ ਨੂੰ ਪੁਲਸ ਵੀ ਆ ਪਹੁੰਚੀ। ਭਾਈ ਸਾਹਿਬ ਨੂੰ ਗ੍ਰਿਫ਼ਤਾਰ ਕਰਵਾ ਕੇ ਜ਼ੈਲਦਾਰ ਚੰਦਾ ਸਿੰਘ ਦਾ ਚਾਅ ਸਾਂਭਿਆ ਨਹੀਂ ਸੀ ਜਾ ਰਿਹਾ। ਉਹ ਮਾਹਿਲਪੁਰ ਥਾਣੇ ਅੰਦਰ ਆ ਕੇ ਪੁਲਸ ਦੀ ਕੁੱਟ ਨਾਲ ਅਧਮੋਏ ਪਏ ਭਾਈ ਪਿਆਰਾ ਸਿੰਘ ਦੇ ਦੁਆਲੇ ਮੁੱਛਾਂ ਨੂੰ ਵੱਟ ਦੇ ਕੇ ਮੁਸਕਰਾਉਂਦਿਆਂ ਦੇਸ਼ ਭਗਤਾਂ ਨੂੰ ਗ੍ਰਿਫ਼ਤਾਰ ਕਰਵਾ ਆਪਣੇ ਆਪ ਨੂੰ ਸੁਰੱਖਿਅਤ ਹੋਣ ਦਾ ਭਰਮ ਪਾਲ ਰਿਹਾ ਸੀ। ਕੁਝ ਦਿਨਾਂ ਬਾਅਦ 25 ਅਪ੍ਰੈਲ 1915 ਨੂੰ ਭਾਈ ਪਿਆਰਾ ਸਿੰਘ ਨੂੰ ਲਾਹੌਰ ਭੇਜਿਆ ਗਿਆ, ਪਰ ਭਾਈ ਪਿਆਰਾ ਸਿੰਘ ਦੇ ਲਾਹੌਰ ਪਹੁੰਚਣ ਤੋਂ ਪਹਿਲਾਂ ਹੀ ਵੈਨਕੂਵਰੋਂ ਗਏ ਗਦਰੀ ਈਸ਼ਰ ਸਿੰਘ ਢੁੱਡੀਕੇ ਅਤੇ ਜਵੰਦ ਸਿੰਘ ਨੰਗਲ ਕਲਾਂ ਨੇ ਮੌਤ ਦੇ ਵਰੰਟ ਲੈ ਕੇ ਜ਼ੈਲਦਾਰ ਚੰਦਾ ਸਿੰਘ 'ਤੇ ਧਾਵਾ ਬੋਲਦਿਆਂ ਉਸ ਉਪਰ ਗੋਲੀਆਂ ਦਾ ਮੀਂਹ ਵਰ੍ਹਾ ਦਿੱਤਾ, ਪਲਾਂ ਅੰਦਰ ਹੀ ਗ਼ਦਾਰ ਜ਼ੈਲਦ ਚੰਦਾ ਸਿੰਘ ਕੁੱਤੇ ਦੀ ਮੌਤ ਭਰਿਆ ਪਿਆ ਸੀ। ਭਾਈ ਪਿਆਰਾ ਸਿੰਘ ਨੂੰ ਲਾਹੌਰ ਸਾਜ਼ਿਸ਼ ਕੇਸ ਵਿੱਚ ਸ਼ਾਮਲ ਕਰ ਲਿਆ ਗਿਆ। 13 ਸਤੰਬਰ 1915 ਨੂੰ ਇਸ ਕੇਸ ਦਾ ਫੈਸਲਾ ਸੁਣਾਇਆ ਗਿਆ, ਜਿਸ ਵਿਚ ਉਨ੍ਹਾਂ ਨੂੰ ਉਮਰ ਕੈਦ ਦੀ ਸਜ਼ਾ ਸੁਣਾਈ ਗਈ। ਰਾਵਲਪਿੰਡੀ ਜੇਲ੍ਹ ਦਾ ਗੋਰਾ ਸੁਪਰਡੈਂਟ ਉਨ੍ਹਾਂ 'ਤੇ ਬਹੁਤ ਹੀ ਤਸ਼ੱਦਦ ਕਰਦਾ ਸੀ। ਤੰਗ ਆਏ ਗ਼ਦਰੀਆਂ ਨੇ ਜੇਲ੍ਹ ਤੋੜ ਕੇ ਭੱਜਣ ਦਾ ਪ੍ਰੋਗਰਾਮ ਬਣਾ ਲਿਆ। ਭਾਈ ਪਿਆਰਾ ਸਿੰਘ ਅਤੇ ਉਨ੍ਹਾਂ ਦੇ ਸਾਥੀਆਂ ਨੇ ਜੇਲ੍ਹ ਦੇ ਚਾਰ ਵਾਰਡਨਾਂ ਨੂੰ ਆਪਣੇ ਨਾਲ ਗੰਢ ਲਿਆ, ਪੈਸਿਆਂ, ਨਾਲ ਉਨ੍ਹਾਂ ਬਾਰਡਰ ਰਾਹੀਂ ਬੰਬ ਬਣਾਉਣ ਵਾਲਾ ਮਸਾਲਾ ਇਕੱਠਾ ਕਰ ਲਿਆ। ਤਜਵੀਜ਼ਤ ਪਲੈਨ ਮੁਤਾਬਕ ਉਨ੍ਹਾਂ 8 ਦਸੰਬਰ 2015 ਨੂੰ ਹਮਲਾ ਕਰਕੇ ਜੇਲ੍ਹ ਦੇ ਸੁਪਰਡੈਂਟ ਅਤੇ ਦੂਸਰੇ ਅਧਿਕਾਰੀਆਂ ਦੇ ਕਤਲ ਕਰਕੇ ਹਥਿਆਰ ਲੁੱਟਣੇ ਸਨ ਅਤੇ ਜੇਲ੍ਹ ਤੋੜ ਕੇ ਭੱਜ ਜਾਣਾ ਸੀ। ਇਸ ਪਲੈਨ ਦੀ ਜੇਲ੍ਹ ਅਧਿਕਾਰੀਆਂ ਨੂੰ ਸੂਹ ਮਿਲ ਗਈ ਹੈ, ਜਿਸ ਕਰਕੇ 6 ਦਸੰਬਰ 1915 ਨੂੰ ਜੇਲ੍ਹ ਵਿੱਚ ਉਨ੍ਹਾਂ ਦੇ ਸੈੱਲ ਦੀ ਤਲਾਸ਼ੀ ਲਈ ਗਈ, ਜਿਸ ਵਿੱਚੋਂ ਜੇਲ੍ਹ ਨੂੰ ਉਡਾ ਦੇਣ ਦਾ ਸਮਾਨ ਸਲਫਰ, ਪੋਟਾਸ਼, ਨਾਈਟ੍ਰਿਕ ਐਸਿਡ ਅਤੇ ਲੋਹੇ ਦੇ ਕਿੱਲਾਂ ਦਾ ਇੱਕ ਬਕਸਾ ਬਰਾਮਦ ਹੋਇਆ, ਜਿਸ ਉਪਰੰਤ ਉਮਰ ਕੈਦ ਭੋਗ ਰਹੇ ਇਹਨਾਂ ਸਾਰੇ ਰਾਜਸੀ ਕੈਦੀਆਂ ਨੂੰ ਅੰਡੇਮਾਨ ਜੇਲ੍ਹ ਵਿੱਚ ਭੇਜ ਦਿੱਤਾ ਗਿਆ ਅਤੇ ਜੇਲ੍ਹ ਦੇ ਚਾਰਾਂ ਵਾਰਡਨਾਂ ਉੱਪਰ ਮੁਕੱਦਮਾ ਚਲਾਇਆ ਗਿਆ, ਜਿਸ ਵਿੱਚ ਤਿੰਨ ਵਾਰਡਨਾਂ ਨੂੰ ਪੰਜ ਪੰਜ ਸਾਲ ਦੀ ਸਜ਼ਾ ਸੁਣਾਈ ਗਈ ਹੈ ਅਤੇ ਚੌਥੇ ਨੂੰ ਬਰੀ ਕਰ ਦਿੱਤਾ ਗਿਆ। ਅੰਡੇਮਾਨ ਦੀ ਜੇਲ ਵਿੱਚ ਭਾਈ ਪਿਆਰਾ ਸਿੰਘ ਨੇ ਸਵਾ ਚਾਰ ਸਾਲ ਦੀ ਜੇਲ੍ਹ ਕੱਟੀ। ਮਾਰਚ 1920 ਦੀ ਜਨਰਲ ਅਮਨੈਸਟੀ ਅਧੀਨ ਉਨ੍ਹਾਂ ਨੂੰ ਜੇਲ੍ਹ 'ਚੋਂ ਰਿਹਾਅ ਕਰ ਦਿੱਤਾ ਗਿਆ। ਜੇਲ੍ਹ ਵਿੱਚੋਂ ਰਿਹਾਅ ਹੋਣ ਉਪਰੰਤ ਉਹ ਪੰਜਾਬ ਪੁੱਜੇ। ਪੰਜਾਬ ਪੰਜਾਬ ਆ ਕੇ ਉਨ੍ਹਾਂ ਅਕਾਲੀ ਲਹਿਰ ਕੰਮ ਕਰਨਾ ਸ਼ੁਰੂ ਕਰ ਦਿੱਤਾ ਕਿਉਂਕਿ ਗ਼ਦਰ ਲਹਿਰ 'ਚ ਬਾਅਦ ਅੰਗਰੇਜ਼ੀ ਹਕੂਮਤ ਦੇ ਖਿਲਾਫ ਅਕਾਲੀ ਲਹਿਰ ਪੰਜਾਬ ਅੰਦਰ ਬਹੁਤ ਪ੍ਰਚੰਡ ਹੋ ਚੁੱਕੀ ਸੀ, ਜਿਸ ਕਰਕੇ ਭਾਈ ਪਿਆਰਾ ਸਿੰਘ ਦੀ ਯੋਗਤਾ ਤੇ ਕੁਰਬਾਨੀ ਨੂੰ ਦੇਖਦਿਆਂ ਉਨ੍ਹਾਂ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਕਮੇਟੀ ਦੇ ਮੈਂਬਰ ਅਤੇ ਸਿੱਖ ਲੀਗ ਦੇ ਮੈਂਬਰ ਨਾਮਜ਼ਦ ਕੀਤਾ ਗਿਆ ਹੈ, ਪਰ ਕੈਨੇਡਾ ਅਤੇ ਅਮਰੀਕਾ ਵਿਚ ਰਹਿ ਰਹੇ ਗਦਰੀਆਂ ਨਾਲ ਵੀ ਆਪ ਦਾ ਬਰਾਬਰ ਸੰਪਰਕ ਕਾਇਮ ਰਿਹਾ। ਭਾਈ ਪਿਆਰਾ ਸਿੰਘ ਜੀ ਦੇ ਪਿੰਡ ਰਹਿਣ ਨਾਲ ਦੇਸ਼ ਭਗਤਾਂ, ਗਦਰੀ ਸੂਰਬੀਰਾਂ ਅਤੇ ਆਜ਼ਾਦੀ ਸੰਗਰਾਮ ਲਈ ਲੜ ਰਹੇ ਆਜ਼ਾਦੀ ਘੁਲਾਟੀਆਂ ਲਈ ਪਿੰਡ ਲੰਗੇਰੀ ਇੱਕ ਸੁਰੱਖਿਅਤ ਪਨਾਹਗਾਹ ਗਿਆ। ਪਿੰਡ ਦੇ ਦੇਸ਼ ਭਗਤਾਂ ਬਾਬੂ ਦਇਆ ਸਿੰਘ, ਗਿਆਨੀ ਮੇਹਰ ਸਿੰਘ, ਕਾਮਰੇਡ ਮੱਖਣ ਸਿੰਘ ਅਤੇ ਜਥੇਦਾਰ ਸਿੰਘ ਨੇ ਭਾਈ ਸਾਹਿਬ ਨੂੰ ਪੂਰਨ ਸਹਿਯੋਗ ਦਿੱਤਾ।

ਉਨ੍ਹਾਂ ਕੋਲ ਕੋਲ ਭਾਵੇਂ ਬਹੁਤ ਸਾਰੇ ਦੇਸ਼ ਭਗਤਾਂ ਦਾ ਆਉਣਾ-ਜਾਣਾ ਬਣਿਆ ਰਿਹਾ, ਪ੍ਰੰਤੂ ਇੱਥੇ ਦੋ ਇਤਿਹਾਸਕ ਘਟਨਾਵਾਂ ਦਾ ਜ਼ਿਕਰ ਕਰਨਾ ਅਤਿ ਜ਼ਰੂਰੀ ਬਣਦਾ ਹੈ। ਪਹਿਲਾ ਕੇ ਭਾਈ ਪਿਆਰਾ ਸਿੰਘ ਦਾ ਕੈਨੇਡਾ, ਅਮਰੀਕਾ ਦਾ ਸਾਥੀ ਮਾਸਟਰ ਊਧਮ ਸਿੰਘ ਕਸੇਲ ਜੂਨ 1922 ਦੀ ਇਕ ਰਾਤ ਨੂੰ ਵੇਲੋਰ ਜੇਲ੍ਹ ਕੋਠੜੀ ਦਾ ਜੰਦਰਾ ਖੋਲ੍ਹ 18 ਫੁੱਟ ਉੱਚੀ ਕੰਧ ਟੱਪ ਕੇ ਭੱਜ ਗਿਆ ਅਤੇ ਉਹ ਛੇ ਸੌ ਮੀਲ ਦਾ ਸਫ਼ਰ ਤੈਅ ਕਰ ਕੇ ਪਿੰਡ ਲੰਗੇਰੀ ਪੁੱਜ ਗਿਆ। ਬਹੁਤ ਹੀ ਬੁਰੀ ਹਾਲਤ ਵਿੱਚ ਥੱਕੇ-ਟੁੱਟੇ ਅਤੇ ਬੇਹਾਲ ਹੋਏ ਮਾਸਟਰ ਜੀ ਦੀ ਭਾਈ ਸਾਹਿਬ ਅਤੇ ਸਾਥੀਆਂ ਨੇ ਮਿਲ ਕੇ ਖ਼ੂਬ ਸੇਵਾ ਕੀਤੀ ਅਤੇ ਉਨ੍ਹਾਂ ਨੂੰ ਰਿਸ਼ਟ-ਪੁਸ਼ਟ ਕਰਕੇ ਕਾਬਲ ਪਹੁੰਚਾ ਦਿੱਤਾ ਗਿਆ। ਮਾਸਟਰ ਊਧਮ ਸਿੰਘ ਦੀ ਫਰਾਰੀ ਤੋਂ ਜਲਦੀ ਬਾਅਦ ਗੁਰਮੁਖ ਸਿੰਘ ਲਲਤੋਂ ਵੀ ਚਲਦੀ ਗੱਡੀ ਤੇ ਬੇੜੀਆਂ ਸਣੇ ਛਾਲ ਮਾਰ ਕੇ ਫਰਾਰ ਹੋ ਗਿਆ ਸੀ। ਫੇਰ ਉਸ ਨੇ ਆਪਣੇ ਆਪ ਨੂੰ ਦੇਸ਼ ਭਗਤ ਦੱਸ ਕੇ ਕਿਸੇ ਲੁਹਾਰ ਕੋਲੋਂ ਪੈਰਾਂ ਦੀਆਂ ਬੇੜੀਆਂ ਕਟਵਾ ਲਈਆਂ ਅਤੇ ਉਹ ਲੱਭਦਾ-ਲੁਭਾਉਂਦਾ ਭਾਈ ਪਿਆਰਾ ਸਿੰਘ ਕੋਲ ਪਿੰਡ ਲੰਗੇਰੀ ਪਹੁੰਚ ਗਿਆ। ਭਾਈ ਸਾਹਿਬ ਵੱਲੋਂ ਉਸ ਦੀ ਵੀ ਦੁੱਧ, ਘਿਉ ਨਾਲ ਪੂਰੀ ਸੇਵਾ ਕੀਤੀ ਗਈ ਅਤੇ ਤੰਦਰੁਸਤ ਕਰਕੇ ਸਰਹੱਦੀ ਇਲਾਕਾ ਟਪਾ ਕਾਬਲ ਪਹੁੰਚਾ ਦਿੱਤਾ। ਭਾਈ ਸਾਹਿਬ ਹਮੇਸ਼ਾਂ ਹੀ ਅੰਗਰੇਜ਼ੀ ਹਕੂਮਤ ਖਿਲਾਫ ਬਗ਼ਾਵਤ ਨੂੰ ਤੇਜ਼ ਕਰਨ ਸਬੰਧੀ ਸਾਰਾ ਧਿਆਨ ਕੇਂਦਰਤ ਕਰੀ ਰੱਖਦੇ। ਨਵੰਬਰ 1921 ਵਿੱਚ ਆਪ ਅਮੈਰਿਕਨ, ਕੈਨੇਡੀਅਨ ਸੁਸਾਇਟੀ ਦੇ ਪ੍ਰਧਾਨ ਚੁਣੇ ਗਏ। ਇਸ ਸੁਸਾਇਟੀ ਦਾ ਮੁੱਖ ਮੰਤਵ ਦੁਆਬੇ ਵਿੱਚ ਵੱਧ ਤੋਂ ਵੱਧ ਸਕੂਲ ਖੋਲ੍ਹਣੇ ਅਤੇ ਗਦਰ ਦੀਆਂ ਪੈੜਾਂ ਤੇ ਇਨਕਲਾਬੀ ਅਖ਼ਬਾਰ ਸ਼ੁਰੂ ਕਰਨਾ ਸੀ। ਇਸੇ ਸੋਚ ਦੇ ਚਲਦਿਆਂ ਭਾਈ ਸਾਹਿਬ ਵੱਲੋਂ ਸਖ਼ਤ ਮਿਹਨਤ, ਲਗਨ ਅਤੇ ਇਨਕਲਾਬੀ ਪੰਜਾਬੀਆਂ ਦੇ ਸਹਿਯੋਗ ਨਾਲ 'ਪ੍ਰਦੇਸੀ ਖਾਲਸਾ' ਅਖ਼ਬਾਰ ਸ਼ੁਰੂ ਕੀਤਾ। ਉਸ ਸਮੇਂ ਪੇਪਰ ਦੀ ਛਪਾਈ ਅਤੇ ਪਾਠਕਾਂ ਤੱਕ ਪੇਪਰ ਦੀ ਪਹੁੰਚ ਕਰਨਾ ਬੜਾ ਪਹਾੜ ਜਿੱਡਾ ਕੰਮ ਸੀ। ਸੰਨ 1923 ਵਿੱਚ ਜੈਤੋ ਮੋਰਚੇ ਵਿੱਚ ਭਾਈ ਸਾਹਿਬ ਨੂੰ ਸਰਗਰਮ ਅਕਾਲੀਆਂ ਨਾਲ ਗ੍ਰਿਫ਼ਤਾਰ ਕਰਕੇ ਜੇਲ੍ਹ ਭੇਜ ਦਿੱਤਾ ਗਿਆ, ਜੋ ਮਗਰੋਂ ਹੋਏ ਇੱਕ ਸਮਝੌਤੇ ਅਨੁਸਾਰ 25 ਜਨਵਰੀ 1926 ਨੂੰ ਜੇਲ੍ਹ ਤੋਂ ਬਾਹਰ ਆ ਗਏ। ਜੇਲ੍ਹ ਤੋਂ ਬਾਹਰ ਆ ਕੇ ਵੀ ਉਨ੍ਹਾਂ ਵੱਲੋਂ ਫਿਰ ਤੋਂ ਇਨਕਲਾਬੀ ਸਰਗਰਮੀਆਂ ਨੂੰ ਤੇਜ਼ ਕੀਤਾ ਗਿਆ, ਜਿਸ ਤਹਿਤ ਉਹ ਫਿਰ 1928 ਆਪਣੇ ਜਿਗਰੀ ਦੋਸਤ ਬਾਬੂ ਕਪੂਰ ਸਿੰਘ ਨਾਲ ਮੁੜ ਕੈਨੇਡਾ ਪਹੁੰਚ ਗਏ। ਉਹ ਸਾਨਫਰਾਂਸਿਸਕੋ ਹੁੰਦੇ ਹੋਏ ਕੈਨੇਡਾ ਪਹੁੰਚੇ। ਸਾਨਫਰਾਂਸਿਸਕੋ ਵਿੱਚ ਭਾਈ ਸਾਹਿਬ ਨੇ ਗਦਰੀਆਂ ਦੀ ਮੀਟਿੰਗ ਵਿੱਚ ਹਥਿਆਰ ਖਰੀਦ ਕੇ ਹਿੰਦੁਸਤਾਨ ਦੇ ਇਨਕਲਾਬੀਆਂ ਨੂੰ ਭੇਜਣ ਦੀ ਯੋਜਨਾ 'ਤੇ ਤਰਕਭਰਪੂਰ ਵਿਚਾਰ-ਚਰਚਾ ਕੀਤੀ। 13 ਅਪਰੈਲ 1929 ਨੂੰ ਵਿਸਾਖੀ ਵਾਲੇ ਦਿਨ ਆਪ ਜੀ ਵੱਲੋਂ ਵਿਕਟੋਰੀਆ ਗੁਰਦੁਆਰੇ ਵਿੱਚ ਬੋਲਦਿਆਂ ਹਾਜ਼ਰ ਲੋਕਾਂ ਨੂੰ ਬੜੀ ਭਾਵਕ ਅਪੀਲ ਕਰਦਿਆਂ ਕਿਹਾ ਕਿ ਅੱਜ ਦੇਸ਼ ਨੂੰ ਕੁਰਬਾਨੀਆਂ ਦੀ ਲੋੜ ਹੈ, ਜਿਸ ਲਈ ਸਾਨੂੰ ਅੱਜ ਆਪਣੇ ਦੇਸ਼ ਲਈ ਤਨ, ਮਨ, ਧਨ ਸਭ ਕੁਝ ਕੁਰਬਾਨ ਕਰ ਦੇਣਾ ਚਾਹੀਦਾ ਹੈ। ਉਨ੍ਹਾਂ ਨੇ ਦੇਸ਼ ਅਤੇ ਵਿਦੇਸ਼ ਵਿੱਚ ਬੈਠੇ ਗਦਰੀਆਂ, ਬੱਬਰ ਅਕਾਲੀਆਂ ਅਤੇ ਸਮੂਹ ਦੇਸ਼ ਭਗਤਾਂ ਨਾਲ ਸੰਪਰਕ ਬਣਾਈ ਰੱਖਿਆ। 8 ਜੂਨ 1930 ਨੂੰ ਵੈਨਕੂਵਰ ਦੇ ਗੁਰਦੁਆਰਾ ਸਾਹਿਬ ਇੱਕ ਵੱਡੀ ਮੀਟਿੰਗ ਕਰਕੇ ਆਪ ਜੀ ਨੂੰ ਸਨਮਾਨਿਤ ਕੀਤਾ ਗਿਆ, ਜਿਸ ਵਿੱਚ ਸਿਰੋਪੇ ਨਾਲ ਵੈਨਕੂਵਰ ਦੇ ਦੇਸ਼ ਪ੍ਰੇਮੀਆਂ ਵੱਲੋਂ ਆਪਣੀ ਹੱਕ-ਹਲਾਲ ਦੀ ਕਮਾਈ ਵਿਚੋਂ ਇਕੱਤਰ ਕੀਤੀ ਇੱਕ ਵੱਡੀ ਰਕਮ ਦੀ ਥੈਲੀ ਵੀ ਭੇਟ ਕੀਤੀ ਗਈ। ਇਹ ਸਾਰੀ ਰਕਮ ਭਾਈ ਸਾਹਿਬ ਵੱਲੋਂ ਆਜ਼ਾਦੀ ਸੰਗਰਾਮ ਲਈ ਚਲਾਈਆਂ ਜਾ ਰਹੀਆਂ ਸਰਗਰਮੀਆਂ ਵਿੱਚ ਖਰਚ ਕੀਤੀ ਗਈ। ਇੱਥੇ ਸਨਮਾਨਤ ਹੋਣ ਤੋਂ ਪਹਿਲਾਂ ਆਪ ਜੀ ਨੂੰ ਵਿਕਟੋਰੀਆ ਦੇ ਗੁਰੂ ਘਰ ਵਿੱਚ ਵੀ ਸਨਮਾਨਤ ਕੀਤਾ ਗਿਆ। 11 ਜੂਨ 1930 ਨੂੰ ਆਪ ਨੇ 'ਪੀਅਰਸ' ਨਾਮੀ ਜਹਾਜ਼ ਰਾਹੀਂ ਹਾਂਗਕਾਂਗ ਤੱਕ ਦਾ ਸਫ਼ਰ ਕੀਤਾ ਤੇ ਇਥੋਂ 'ਕੁਤਸੰਗ' ਨਾਮੀ ਜਹਾਜ਼ ਰਾਹੀਂ 25 ਜੁਲਾਈ 1930 ਨੂੰ ਕਲਕੱਤਾ ਆਣ ਪੁੱਜੇ।

ਜੂਨ 1936 ਵਿੱਚ ਮਾਹਿਲਪੁਰ ਵਿਖੇ ਹੋਈ ਰਾਜਸੀ ਕਾਨਫਰੰਸ ਕਮਿਊਨਿਸਟਾਂ, ਕਾਂਗਰਸੀਆਂ ਅਤੇ ਅਕਾਲੀਆਂ ਨੇ ਮਿਲ ਕੇ ਕੀਤੀ ਜਿਸ ਵਿੱਚ ਪੰਡਤ ਜਵਾਹਰ ਲਾਲ ਨਹਿਰੂ ਮੁੱਖ ਬੁਲਾਰੇ ਦੇ ਤੌਰ 'ਤੇ ਪਹੁੰਚੇ। ਇਸ ਕਾਨਫਰੰਸ ਦਾ ਮੁਕੰਮਲ ਪ੍ਰਬੰਧ ਆਪ ਜੀ ਦੀ ਅਗਵਾਈ ਵਿੱਚ ਬਾਬੂ ਦਇਆ ਸਿੰਘ ਲੰਗੇਰੀ, ਅਰਜਨ ਸਿੰਘ ਸੱਚ ਖੜੌਦੀ, ਜਥੇਦਾਰ ਵਤਨ ਸਿੰਘ , ਦਸੌਂਧਾ ਸਿੰਘ ਢਾਡਾ, ਬਾਬੂ ਗੁਰਬਖ਼ਸ਼ ਸਿੰਘ ਮਾਹਿਲਪੁਰ, ਜਥੇਦਾਰ ਮੂਲਾ ਸਿੰਘ ਬਾਹੋਵਾਲ ਅਤੇ ਹਰਜਾਪ ਸਿੰਘ ਮਾਹਿਲਪੁਰ ਵਰਗੇ ਆਗੂਆਂ ਵੱਲੋਂ ਮਿਲ ਕੇ ਕੀਤਾ। ਇਹਨਾਂ ਰਾਜਸੀ ਕਾਨਫਰੰਸਾਂ ਨੇ ਅੰਗਰੇਜ਼ ਸਰਕਾਰ ਦੀਆਂ ਜੜ੍ਹਾਂ ਹਿਲਾ ਦਿੱਤੀਆਂ। ਇਨ੍ਹਾਂ ਸਰਗਰਮੀਆਂ ਕਾਰਨ ਆਪ ਜੀ ਦਾ ਸਤਿਕਾਰ ਦਿਨੋ -ਦਿਨ ਵਧਦਾ ਗਿਆ। ਇਲਾਕੇ ਦੇ ਲੋਕ ਭਾਈ ਸਾਹਿਬ ਦਾ ਦਿਲੋਂ ਸਤਿਕਾਰ ਕਰਨ ਲੱਗੇ। ਦੂਜੇ ਸੰਸਾਰ ਜੰਗ ਦੌਰਾਨ ਦਿਓਲੀ ਕੈਂਪ ਜੇਲ੍ਹ ਵਿਚੋਂ ਰਿਹਾਅ ਹੋਣ ਤੋਂ ਬਾਅਦ ਆਪ 1946 ਦੀਆਂ ਸੂਬਾਈ ਚੋਣਾਂ ਵਿੱਚ ਅਸੰਬਲੀ ਹਲਕਾ ਮਾਹਿਲਪੁਰ ਤੋਂ ਅਕਾਲੀ ਦਲ ਦੇ ਐੱਮ. ਐੱਲ. ਏ. ਚੁਣੇ ਗਏ, ਜਿਸ ਨਾਲ ਪਿੰਡ ਲੰਗੇਰੀ ਦਾ ਨਾਂਅ ਦੇਸ਼-ਵਿਦੇਸ਼ ਵਿੱਚ ਇਨਕਲਾਬੀ ਸਰਗਰਮੀਆਂ ਨਾਲ ਜੁੜੇ ਲੋਕਾਂ ਦੇ ਮਨਾਂ ਵਿੱਚ ਸਤਿਕਾਰ ਸਹਿਤ ਉਕਰਿਆ ਗਿਆ। ਭਾਈ ਸਾਹਿਬ ਨੇ ਵਿਆਹ ਨਾ ਕਰਵਾ ਕੇ ਸਾਰੀ ਉਮਰ ਲੋਕ ਪੱਖੀ ਇਨਕਲਾਬੀ ਮਿਸ਼ਨ 'ਤੇ ਲਗਾਈ। ਭਾਈ ਸਾਹਿਬ ਸਮੇਤ ਹੋਰ ਅਨੇਕਾਂ ਦੇਸ਼ ਭਗਤਾਂ ਦੀਆਂ ਕੁਰਬਾਨੀਆਂ ਸਦਕਾ ਦੇਸ਼ 15 ਅਗਸਤ 1947 ਨੂੰ ਅਜ਼ਾਦ ਹੋ ਗਿਆ। ਆਜ਼ਾਦੀ ਤੋਂ ਬਾਅਦ ਆਪ ਸਿਆਸਤ ਵਿੱਚ ਬਹੁਤਾ ਸਰਗਰਮ ਨਾ ਰਹੇ। ਅਖੀਰਲੇ ਸਮੇਂ ਵਿੱਚ ਸੰਖੇਪ ਜਿਹੀ ਬਿਮਾਰੀ ਤੋਂ ਬਾਅਦ ਇਸ ਮਹਾਨ ਗਦਰੀ ਯੋਧੇ ਨੇ 18 ਸਤੰਬਰ 1971 ਨੂੰ ਜ਼ਿਲ੍ਹਾ ਹੁਸ਼ਿਆਰਪੁਰ ਦੀ ਤਹਿਸੀਲ ਗੜ੍ਹਸ਼ੰਕਰ ਦੇ ਨੇੜਲੇ ਪਿੰਡ ਪਨਾਮ ਵਿੱਚ ਆਖਰੀ ਸਾਹ ਲਏ। ਆਪ ਜੀ ਦੀਆਂ ਕੁਰਬਾਨੀਆਂ ਭਰੀ ਜ਼ਿੰਦਗੀ ਦੇ ਇਤਿਹਾਸ ਦੇ ਸੁਨਹਿਰੀ ਪੰਨੇ ਹਮੇਸ਼ਾਂ ਸਾਡਾ ਰਾਹ ਰੁਸ਼ਨਾਉਂਦੇ ਰਹਿਣਗੇ। ਇਸ ਮਹਾਨ ਧਰਤੀ ਪੁੱਤਰ ਨੂੰ ਧੁਰ ਅੰਦਰ ਤੋਂ ਸਲਾਮ।

WhatsApp +91 9463260181

# ਕੀ ਟੂਟੀ ਤੇ ਬੋਤਲਬੰਦ ਪਾਣੀ ਨਾਲੋਂ ਕੋਈ ਹੋਰ ਸੁਰੱਖਿਅਤ ਵਿਕਲਪ ਹੈ ?



ਸੁਰਜੀਤ ਸਿੰਘ ਫਲੋਰਾ

ਟੂਟੀ ਦੇ ਪਾਣੀ ਦੀ ਗੁਣਵੱਤਾ ਇਸ ਦੇ ਸਰੋਤ ਦੇ ਆਧਾਰ 'ਤੇ ਵੱਖ-ਵੱਖ ਹੋ ਸਕਦੀ ਹੈ। ਬਹੁਤ ਸਾਰੇ ਦੇਸ਼ਾਂ ਵਿੱਚ ਟੂਟੀ ਦੇ ਪਾਣੀ ਦੀ ਗੁਣਵੱਤਾ ਵਧੇਰੇ ਵਿਕਸਤ ਦੇਸ਼ਾਂ ਵਿੱਚ ਪਾਏ ਗਏ ਮਿਆਰਾਂ ਨੂੰ ਪੂਰਾ ਨਹੀਂ ਕਰ ਸਕਦੀ ਹੈ। ਜਦੋਂ ਇਹਨਾਂ ਸਥਾਨਾਂ ਦੀ ਗੱਲ ਆਉਂਦੀ ਹੈ, ਤਾਂ ਕੱਚ ਦੀ ਬੋਤਲਬੰਦ ਪਾਣੀ ਨੂੰ ਤਰਜੀਹ ਦੇਣੀ ਚਾਹੀਦੀ ਹੈ।

ਹਾਲਾਂਕਿ, ਬਹੁਤ ਸਾਰੇ ਦੇਸ਼ਾਂ ਵਿੱਚ ਅਧਿਐਨਾਂ ਨੇ ਖੁਲਾਸਾ ਕੀਤਾ ਹੈ ਕਿ ਬੋਤਲਬੰਦ ਪਾਣੀ ਦੇ ਨਮੂਨਿਆਂ ਵਿੱਚ ਅਕਸਰ ਨਲਕੇ ਦੇ ਪਾਣੀ ਦੀ ਤੁਲਨਾ ਵਿੱਚ ਬੈਕਟੀਰੀਆ ਵੱਡੀ ਪੱਧਰ 'ਤੇ ਪਾਇਆ ਗਿਆ ਹੈ।

ਇਹ ਤੇਜ਼ੀ ਨਾਲ ਸਪੱਸ਼ਟ ਵੀ ਹੁੰਦਾ ਜਾ ਰਿਹਾ ਹੈ ਕਿ ਮਾਈਕ੍ਰੋਪਲਾਸਟਿਕਸ ਵਾਤਾਵਰਣ ਦੀ ਇੱਕ ਵਿਸ਼ਾਲ ਸ਼੍ਰੇਣੀ ਵਿੱਚ ਪਾਏ ਜਾਂਦੇ ਹਨ, ਜਿਵੇਂ ਕਿ ਧਰੁਵੀ ਬਰਫ਼, ਮਿੱਟੀ, ਪੀਣ ਵਾਲਾ ਪਾਣੀ ਅਤੇ ਭੋਜਨ। ਜਿਵੇਂ ਕਿ ਪਲਾਸਟਿਕ ਛੋਟੇ ਕਣਾਂ ਵਿੱਚ ਤਬਦੀਲ ਹੋ ਰਿਹਾ ਹੈ, ਮਨੁੱਖ ਅਤੇ ਹੋਰ ਜਾਨਵਰ ਅਣਜਾਣੇ ਵਿੱਚ ਇਹਨਾਂ ਦੀ ਖਪਤ ਕਰ ਰਹੇ ਹਨ, ਸੰਭਾਵੀ ਤੌਰ 'ਤੇ ਜਿਸ ਦੇ ਸਾਡੀ ਅਤੇ ਜਾਨਵਰਾਂ ਦੀ ਸਿਹਤ 'ਤੇ ਬੁਰੇ ਅਸਰ ਪੈ ਰਹੇ ਹਨ।

ਸਾਇੰਸਦਾਨਾਂ ਵੱਲੋਂ ਡੂੰਘਾਈ ਨਾਲ ਜਾਂਚ ਕਰਕੇ ਬੋਤਲਬੰਦ ਪਾਣੀ ਬਾਰੇ ਬਹੁਤ ਸਾਰਾ ਗਿਆਨ ਪ੍ਰਾਪਤ ਕੀਤਾ ਗਿਆ ਅਤੇ ਹਰੇਕ ਡੱਬੇ ਦੇ ਅੰਦਰ ਵੱਖਰੇ ਕਣਾਂ ਦੀ ਮੌਜੂਦਗੀ ਦਾ ਖਲਾਸਾ ਕੀਤਾ ਗਿਆ ਹੈ।

ਪਹਿਲੀ ਵਾਰ ਬੋਤਲਬੰਦ ਪਾਣੀ ਵਿੱਚ ਇਹਨਾਂ ਮਾਮੂਲੀ ਕਣਾਂ ਨੂੰ ਸਫਲਤਾਪੂਰਵਕ ਪਾਇਆ ਗਿਆ ਅਤੇ ਪਛਾਣਿਆ ਗਿਆ। ਇਹ ਪਾਇਆ ਗਿਆ ਕਿ ਔਸਤਨ ਇੱਕ ਲੀਟਰ ਵਿੱਚ ਲਗਭਗ 2,40,000 ਪਲਾਸਟਿਕ ਦੇ ਟੁਕੜੇ ਹੁੰਦੇ ਹਨ। ਇਹ ਸੰਖਿਆ ਪਿਛਲੇ ਅਨੁਮਾਨਾਂ ਨਾਲੋਂ ਬਹੁਤ ਜ਼ਿਆਦਾ ਹੈ, ਜੋ ਮੁੱਖ ਤੌਰ 'ਤੇ ਵੱਡੇ ਆਕਾਰਾਂ 'ਤੇ ਕੇਂਦ੍ਰਿਤ ਹੈ।

ਇਹ ਖੋਜ ਕੋਲੰਬੀਆ ਯੂਨੀਵਰਸਿਟੀ ਦੇ ਵਿਗਿਆਨੀਆਂ ਦੀ ਇੱਕ ਟੀਮ ਦੁਆਰਾ ਕੀਤੀ ਗਈ ਹੈ ਅਤੇ ਵੱਕਾਰੀ 'ਪ੍ਰੋਸੀਡਿੰਗਜ਼ ਆਫ਼ ਦ ਨੈਸ਼ਨਲ ਅਕੈਡਮੀ ਆਫ਼ ਸਾਇੰਸਿਜ਼' ਵਿੱਚ ਪ੍ਰਕਾਸ਼ਤ ਕੀਤੀ ਗਈ ਸੀ। ਤਿੰਨ ਪ੍ਰਸਿੱਧ ਅਮਰੀਕੀ ਬੋਤਲਬੰਦ ਪਾਣੀ ਕੰਪਨੀਆਂ ਤੋਂ ਪਾਣੀ ਦੇ ਨਮੂਨਿਆਂ 'ਤੇ ਟੈਸਟ ਕਰਨ ਤੋਂ ਬਾਅਦ ਇਹ ਪਤਾ ਲੱਗਾ ਕਿ ਹਰੇਕ ਲੀਟਰ ਵਿੱਚ ਪਲਾਸਟਿਕ ਦੇ ਕਣਾਂ ਦੀ ਇੱਕ ਮਹੱਤਵਪੂਰਨ ਮਾਤਰਾ ਹੁੰਦੀ ਹੈ, ਜਿਸ ਦੀ ਮਾਤਰਾ 1.10 ਤੋਂ 3.70 ਸੈਂਕੜੇ ਹਜ਼ਾਰਾਂ ਤੱਕ ਹੁੰਦੀ ਹੈ। ਇਹ ਬਹੁਤ ਹੈਰਾਨੀ ਦੀ ਗੱਲ ਹੈ ਕਿ ਇਨ੍ਹਾਂ ਵਿੱਚੋਂ 90 ਪ੍ਰਤੀਸ਼ਤ ਕਣਾਂ ਨੈਨੋਪਲਾਸਟਿਕ ਪਾਏ ਗਏ ਸਨ, ਬਾਕੀ ਹਿੱਸਾ ਮਾਈਕ੍ਰੋਪਲਾਸਟਿਕ ਸੀ। ਨੈਨੋਪਲਾਸਟਿਕ ਅਵਿਸ਼ਵਾਸਯੋਗ ਤੌਰ 'ਤੇ ਛੋਟੇ ਕਣ ਹੁੰਦੇ ਹਨ, ਆਕਾਰ ਵਿੱਚ ਇੱਕ ਮਿਲੀਮੀਟਰ ਤੋਂ ਘੱਟ ਮਾਪਦੇ ਹਨ। ਮਾਈਕ੍ਰੋਪਲਾਸਟਿਕਸ ਅਕਾਰ ਦੀ ਇੱਕ ਰੇਂਜ ਵਿੱਚ ਆਉਂਦੇ ਹਨ, ਆਮ ਤੌਰ 'ਤੇ ਇੱਕ ਤੋਂ ਪੰਜ ਮਾਈਕ੍ਰੋਮੀਟਰ ਦੇ ਵਿਚਕਾਰ ਨਾਪੇ ਗਏ ਹਨ।

ਨੈਨੋ-ਪਲਾਸਟਿਕ ਦੇ ਆਲੇ-ਦੁਆਲੇ ਦੀ ਚਿੰਤਾ ਮਾਈਕ੍ਰੋ-ਪਲਾਸਟਿਕਸ ਨਾਲੋਂ ਜ਼ਿਆਦਾ ਹੈ, ਕਿਉਂਕਿ ਉਹਨਾਂ ਦੀ ਭਰਪੂਰਤਾ ਅਤੇ ਮਹੱਤਵਪੂਰਣ ਅੰਗਾਂ ਜਿਵੇਂ ਕਿ ਫੇਫੜਿਆਂ, ਦਿਲ, ਦਿਮਾਗ ਅਤੇ ਖ਼ੂਨ ਦੇ ਪ੍ਰਵਾਹ ਵਿੱਚ ਪ੍ਰਵੇਸ਼ ਕਰਨ ਦੀ ਸਮਰੱਥਾ ਹੈ। ਇਹ ਵੇਰੀਏਬਲ ਸੰਭਾਵੀ ਤੌਰ 'ਤੇ ਪਾਚਨ ਸਮੱਸਿਆਵਾਂ, ਸੈਲੂਲਰ ਅਸਧਾਰਨਤਾਵਾਂ ਅਤੇ ਅੰਤੜੀਆਂ ਦੀ ਸੋਜਿਸ਼, ਹੋਰ ਮੁੱਦਿਆਂ ਦੇ ਨਾਲ-ਨਾਲ ਪੈਦਾ ਕਰ ਸਕਦੇ ਹਨ। ਸੰਯੁਕਤ ਰਾਸ਼ਟਰ ਦੀ ਰਿਪੋਰਟ ਦੇ ਅਨੁਸਾਰ ਖੋਜ ਖਪਤਕਾਰਾਂ ਲਈ ਮਹੱਤਵਪੂਰਨ ਮਹੱਤਵ ਰੱਖਦੀ ਹੈ। ਭਾਰਤ ਦੇ ਮਿਨਰਲ ਵਾਟਰ ਸੈਕਟਰ ਨੇ 2018 ਤੋਂ 2021 ਤੱਕ ਸ਼ਾਨਦਾਰ ਵਿਕਾਸ ਦਾ ਅਨੁਭਵ ਕੀਤਾ, ਇਸ ਨੂੰ ਦੱਖਣੀ ਕੋਰੀਆ ਤੋਂ ਬਾਅਦ ਦੂਜਾ ਸਭ ਤੋਂ ਵੱਡਾ ਬਾਜ਼ਾਰ ਬਣਾਇਆ ਗਿਆ। 2021 ਵਿੱਚ ਭਾਰਤ ਨੇ ਬੋਤਲਬੰਦ ਪਾਣੀ ਦੀ ਖਪਤ ਲਈ ਵਿਸ਼ਵ ਪੱਧਰ 'ਤੇ 15ਵਾਂ ਸਥਾਨ ਪ੍ਰਾਪਤ ਕੀਤਾ।

ਭਾਰਤ ਵਿੱਚ ਬੋਤਲਬੰਦ ਪਾਣੀ ਦੀ ਗੁਣਵੱਤਾ ਦੇ ਨਾਲ-ਨਾਲ ਬੋਤਲਾਂ ਨੂੰ ਬਣਾਉਣ ਲਈ ਵਰਤੇ ਜਾਣ ਵਾਲੇ ਪਲਾਸਟਿਕ ਦੀ ਕਿਸਮ, ਜੋ ਕਿ ਆਮ ਤੌਰ 'ਤੇ ਪੋਲੀਥੀਲੀਨ ਟੈਰੇਫਥਲੇਟ ਹੁੰਦਾ ਹੈ, ਬਾਰੇ ਕੁਝ ਚਿੰਤਾਵਾਂ ਪੈਦਾ ਹੋਈਆਂ ਹਨ। ਬੋਤਲਬੰਦ ਪਾਣੀ ਦੇ ਉਦਯੋਗ ਵਿੱਚ ਵੱਡੀ ਸੁਰੱਖਿਆ ਮਾਪਦੰਡਾਂ ਨੂੰ ਯਕੀਨੀ ਬਣਾਉਣ ਲਈ ਇੱਕ ਮਜ਼ਬੂਤ ਰੈਗੂਲੇਟਰੀ ਢਾਂਚੇ ਦੀ ਲੋੜ ਹੁੰਦੀ ਹੈ। ਇਸ ਤੋਂ ਇਲਾਵਾ ਕੱਚ ਜਾਂ ਸਟੀਲ ਦੀਆਂ ਬੋਤਲਾਂ, ਗੱਤੇ ਦੇ ਬਕਸੇ, ਐਲੂਮੀਨੀਅਮ ਦੇ ਡੱਬੇ ਅਤੇ ਹੋਰ ਵਿਕਲਪਾਂ ਵਰਗੀਆਂ ਲੋੜਵੰਦ ਸਮੱਗਰੀਆਂ ਨੂੰ ਅਪਨਾਉਣ ਲਈ ਉਤਸ਼ਾਹਤ ਕਰਨਾ ਮਹੱਤਵਪੂਰਨ ਹੈ। ਪਲਾਸਟਿਕ ਪ੍ਰਦੂਸ਼ਣ ਦੀ ਸਮੱਸਿਆ ਚਿੰਤਾ ਦਾ ਵੱਡਾ ਕਾਰਨ ਹੈ। ਕੰਟੇਨਰਾਂ ਦੀ ਮੁੜ ਵਰਤੋਂਯੋਗਤਾ ਨੂੰ ਉਜਾਗਰ ਕਰਨਾ ਮਹੱਤਵਪੂਰਨ ਹੈ। ਇਹ ਧਿਆਨ ਵਿੱਚ ਰੱਖਣਾ ਮਹੱਤਵਪੂਰਨ ਹੈ ਕਿ ਇਸ ਦ੍ਰਿਸ਼ ਵਿੱਚ ਨਾ ਸਿਰਫ਼ ਮਨੁੱਖਾਂ ਦੀ, ਬਲਕਿ ਸਮੁੱਚੇ ਗ੍ਰਹਿ ਅਤੇ ਇਸ ਦੇ ਨਿਵਾਸੀਆਂ ਦੀ ਭਲਾਈ ਖ਼ਤਰੇ ਵਿੱਚ ਹੈ।

ਖੋਜਕਰਤਾਵਾਂ ਨੇ ਪਲਾਸਟਿਕ ਦੇ ਛੋਟੇ ਕਣਾਂ ਦੀਆਂ ਤਸਵੀਰਾਂ ਲੈਣ ਲਈ ਸਫਲਤਾਪੂਰਵਕ ਲੇਜ਼ਰ ਦੀ ਵਰਤੋਂ ਕੀਤੀ ਹੈ, ਜੋ ਪਹਿਲਾਂ ਬੋਤਲਬੰਦ ਪਾਣੀ ਵਿੱਚ ਅਦਿੱਖ ਸਨ। ਦੂਜੇ ਪਾਸੇ, ਇਹ ਖੋਜ ਕੀਤੀ ਗਈ ਹੈ ਕਿ ਟੂਟੀ ਦੇ ਪਾਣੀ ਵਿੱਚ ਮਾਈਕ੍ਰੋਪਲਾਸਟਿਕਸ ਵੀ ਹੁੰਦੇ ਹਨ, ਹਾਲਾਂਕਿ ਬੋਤਲਬੰਦ ਪਾਣੀ ਨਾਲੋਂ ਬਹੁਤ ਘੱਟ ਮਾਤਰਾ ਵਿੱਚ।

ਅਫ਼ਸੋਸ ਦੀ ਗੱਲ ਹੈ ਕਿ ਅਜਿਹੀ ਸਥਿਤੀ ਵਿੱਚ ਜਿੱਥੇ ਪਾਣੀ ਦੀ ਖਪਤ ਵੀ ਇੱਕ ਖਤਰਾ ਪੈਦਾ ਕਰਦੀ ਹੈ, ਸਾਡੇ ਲਈ ਹੋਰ ਕਿਹੜੇ ਵਿਕਲਪ ਉਪਲੱਬਧ ਹਨ? ਆਪਣੇ ਪਲਾਸਟਿਕ ਦੀ ਖਪਤ ਨੂੰ ਘੱਟ ਕਰਨ ਲਈ ਸੋਚਦੇ ਹੋਏ ਇੱਕ ਪਲ ਲਈ ਰੁਕੋ ਅਤੇ ਇਸ ਸਵਾਲ 'ਤੇ ਵਿਚਾਰ ਕਰੋ।

ਇਸ ਤੋਂ ਇਲਾਵਾ ਅਜਿਹੇ ਠੋਸ ਸਬੂਤ ਹਨ, ਜੋ ਇਹ ਦਰਸਾਉਂਦੇ ਹਨ ਕਿ ਮਾਈਕ੍ਰੋਪਲਾਸਟਿਕਸ ਮਨੁੱਖੀ ਸਿਹਤ 'ਤੇ ਨੁਕਸਾਨਦੇਹ ਪ੍ਰਭਾਵ ਪਾ ਰਹੇ ਹਨ। ਇਹ ਛੋਟੇ ਕਣਾਂ ਵਿੱਚ ਪਾਚਨ ਕਿਰਿਆ ਸਮੇਤ ਵੱਖ-ਵੱਖ ਅੰਗਾਂ ਨੂੰ ਨੁਕਸਾਨ ਪਹੁੰਚਾਉਣ ਦੀ ਸਮਰੱਥਾ ਰੱਖਦੇ ਹਨ, ਜਿਸ ਨਾਲ ਸੋਜ਼ ਅਤੇ ਹੋਰ ਸਿਹਤ ਸਮੱਸਿਆਵਾਂ ਵਿਚ ਵਾਧਾ ਹੋ ਰਿਹਾ ਹੈ।

ਕੈਮੀਕਲ ਐਕਸਪੋਜਰ ਬਾਰੇ ਚਿੰਤਾਵਾਂ ਉਦੋਂ ਪੈਦਾ ਹੁੰਦੀਆਂ ਹਨ, ਜਦੋਂ ਮਾਈਕ੍ਰੋਪਲਾਸਟਿਕਸ ਨੂੰ ਗ੍ਰਹਿਣ ਕੀਤਾ ਜਾਂਦਾ ਹੈ, ਕਿਉਂਕਿ ਉਹਨਾਂ ਵਿੱਚ ਸਰੀਰ ਵਿੱਚ ਲਗਾਤਾਰ ਜੈਵਿਕ ਗੰਦਗੀ ਛੱਡਣ ਦੀ ਸਮਰੱਥਾ ਹੁੰਦੀ ਹੈ।

ਸੰਭਾਵੀ ਹਾਰਮੋਨਲ ਵਿਘਨ: ਮਾਈਕ੍ਰੋਪਲਾਸਟਿਕ ਪਦਾਰਥਾਂ ਵਿੱਚ ਹਾਰਮੋਨ ਦੇ ਪੱਧਰਾਂ ਨੂੰ ਬਦਲਣ ਦੀ ਸਮਰੱਥਾ ਹੁੰਦੀ ਹੈ, ਸੰਭਾਵੀ ਤੌਰ 'ਤੇ ਪ੍ਰਜਨਨ ਸਿਹਤ ਅਤੇ ਵੱਖ-ਵੱਖ ਸਰੀਰਕ ਪ੍ਰਕਿਰਿਆਵਾਂ ਨੂੰ ਪ੍ਰਭਾਵਤ ਕਰਦੇ ਹਨ।

ਮਾਈਕਰੋਪਲਾਸਟਿਕਸ ਵਿੱਚ ਅੰਤੜੀਆਂ ਦੇ ਮਾਈਕ੍ਰੋਬਾਇਓਮ ਵਿੱਚ ਸੂਖਮ ਜੀਵਾਣੂਆਂ ਦੇ ਨਾਜ਼ੁਕ ਸੰਤੁਲਨ ਨੂੰ ਵਿਗਾੜਨ ਦੀ ਸਮਰੱਥਾ ਹੁੰਦੀ ਹੈ, ਜਿਸ ਨਾਲ ਸਿਹਤ ਦੀਆਂ ਸੰਭਾਵੀ ਪੇਚੀਦਗੀਆਂ ਹੁੰਦੀਆਂ ਹਨ।

ਮਾਈਕ੍ਰੋਪਲਾਸਟਿਕਸ ਦੀ ਖਪਤ ਨਾਲ ਜੁੜੇ ਸੰਭਾਵੀ ਸਿਹਤ ਨਤੀਜਿਆਂ ਦੀ ਇੱਕ ਵਿਆਪਕ ਸਮਝ ਪ੍ਰਾਪਤ ਕਰਨ ਲਈ ਹੋਰ ਜਾਂਚ ਦੀ ਲੋੜ ਹੈ। ਫਿਰ ਵੀ, ਪਲਾਸਟਿਕ ਦੀ ਰਹਿੰਦ-ਖੂੰਹਦ ਨੂੰ ਘੱਟ ਕਰਨ ਅਤੇ ਮਾਈਕ੍ਰੋਪਲਾਸਟਿਕਸ ਦੇ ਸੰਪਰਕ ਨੂੰ ਸੀਮਤ ਕਰਨ ਲਈ ਕਦਮ ਚੁੱਕਣਾ ਲਾਭਦਾਇਕ ਸਾਬਤ ਹੋ ਸਕਦਾ ਹੈ। ਇੱਕ ਸੰਭਾਵੀ ਪਹੁੰਚ ਹੈ ਮੁੜ ਵਰਤੋਂ ਯੋਗ ਕੰਟੇਨਰਾਂ ਅਤੇ ਬੈਗਾਂ ਦੀ ਵਰਤੋਂ ਨੂੰ ਸ਼ਾਮਲ ਕਰਨਾ, ਨਾਲ ਹੀ ਟਿਕਾਊ ਵਿਹਾਰ ਅਤੇ ਪਲਾਸਟਿਕ ਦੀ ਰਹਿੰਦ-ਖੂੰਹਦ ਨੂੰ ਘਟਾਉਣ ਦੇ ਉਦੇਸ਼ ਨਾਲ ਕਾਨੂੰਨਾਂ ਨੂੰ ਲਾਗੂ ਕਰਨ ਨੂੰ ਉਤਸ਼ਾਹਤ ਕਰਨਾ ਚਾਹਿੰਦਾ ਹੈ।

ਅੰਤਮ ਵਿਚਾਰ: ਕੀ ਬੋਤਲ ਬੰਦ ਪਾਣੀ ਟੂਟੀ ਦੇ ਪਾਣੀ ਨਾਲੋਂ ਵਧੀਆ ਹੈ? ਹਾਲਾਂਕਿ ਇਹ ਹਮੇਸ਼ਾ ਅਜਿਹਾ ਨਹੀਂ ਹੋ ਸਕਦਾ, ਇਹ ਨੋਟ ਕਰਨਾ ਮਹੱਤਵਪੂਰਨ ਹੈ ਕਿ ਇਹ ਅਕਸਰ ਇੱਕ ਨਿਰਾਸ਼ਾਜਨਕ ਅਤੇ ਜ਼ਿਆਦਾ ਕੀਮਤ ਵਾਲੇ ਅਨੁਭਵ ਦਾ ਨਤੀਜਾ ਹੋ ਸਕਦਾ ਹੈ। ਟੂਟੀ ਦੇ ਪਾਣੀ ਦੀ ਵਰਤੋਂ ਕਰਨਾ ਅਤੇ ਭਰੋਸੇਯੋਗ ਘਰੇਲੂ ਵਾਟਰ ਫਿਲਟਰੇਸ਼ਨ ਸਿਸਟਮ ਵਿੱਚ ਨਿਵੇਸ਼ ਕਰਨਾ ਅਕਸਰ ਬਹੁਤ ਸਾਰੇ ਵਿਅਕਤੀਆਂ ਲਈ ਸਰਵੋਤਮ ਹੱਲ ਹੁੰਦਾ ਹੈ।

ਇੱਕ ਚੀਜ਼ ਲਈ ਬੋਤਲਾਂ ਵਿੱਚ ਪਲਾਸਟਿਕ ਇੱਕ ਹਾਨੀਕਾਰਕ ਗੈਸ ਦਾ ਨਿਕਾਸ ਕਰ ਸਕਦਾ ਹੈ, ਖਾਸ ਤੌਰ 'ਤੇ ਜਦ ਪਾਣੀ ਵਾਲੀ ਬੋਤਲ ਬਹਾਰ ਧੁੱਪ ਵਿਚ ਪਈ ਜਾ ਗੱਡੀ ਵਿਚ ਪਈ ਰਹਿ ਜਾਵੇ ਤਾਂ ਪਾਣੀ ਖਰਾਬ ਹੋ ਜਾਂਦਾ ਹੈ, ਇਸ ਵਿਚ ਪਲਾਸਟਿਕ ਆਪਣਾ ਅਸਰ ਛੱਡ ਦਿੰਦੀ ਹੈ, ਜੋ ਸਰੀਰ ਲਈ ਬਹੁਤ ਹਾਨੀਕਾਰਕ ਸਾਬਿਤ ਹੁੰਦਾ ਹੈ। ਹਾਲਾਂਕਿ ਕੱਚ ਦੀਆਂ ਬੋਤਲਾਂ ਵਿੱਚ ਬੋਤਲਬੰਦ ਪਾਣੀ ਸੁਰੱਖਿਅਤ ਹੋਣ ਦੀ ਸੰਭਾਵਨਾ ਹੈ ਅਤੇ ਗਲਾਸ ਨੂੰ ਰੀਸਾਈਕਲ ਕੀਤਾ ਜਾ ਸਕਦਾ ਹੈ।

# ਸੰਪਰਕ: 647-829-9397

# ਤਖਤੂਪੁਰਾ ਸਾਹਿਬ ਵਿਖੇ ਭਾਰਤੀ ਕਮਿਊਨਿਸਟ ਪਾਰਟੀ ਵੱਲੋਂ ਰਾਜਨੀਤਕ ਕਾਨਫਰੰਸ



ਮੋਗਾ : ਇਤਿਹਾਸਕ ਪਿੰਡ ਤਖਤੂਪੁਰਾ ਸਾਹਿਬ ਵਿੱਖੇ ਭਾਰਤੀ ਕਮਿਊਨਿਸਟ ਪਾਰਟੀ ਵਲੋਂ ਰਾਜਨੀਤਕ ਕਾਨਫਰੰਸ ਕੀਤੀ ਗਈ। ਸਾਬਕਾ ਐਮ ਐਲ ਏ ਮਰਹੂਮ ਕਾਮਰੇਡ ਮੁਨਸ਼ਾ ਸਿੰਘ ਨੂੰ ਸਮਰਪਤ ਕਾਨਫਰੰਸ ਦੀ ਪ੍ਰਧਾਨਗੀ ਕਾਮਰੇਡ ਜੁਗਿੰਦਰ ਸਿੰਘ ਸੂਬੇਦਾਰ ਨੇ ਕੀਤੀ। ਕਾਨਫਰੰਸ ਨੂੰ ਪਾਰਟੀ ਦੇ ਜ਼ਿਲ੍ਹਾ ਸਕੱਤਰ ਕੁਲਦੀਪ ਸਿੰਘ ਭੋਲਾ, ਕੰਟਰੋਲ ਕਮਿਸ਼ਨ ਮੈਂਬਰ ਕਾ. ਜਗਜੀਤ ਸਿੰਘ ਨਿਹਾਲ ਸਿੰਘ ਵਾਲਾ, ਨਰੇਗਾ ਯੂਨੀਅਨ ਦੇ ਆਗੂ ਸ਼ੇਰ ਸਿੰਘ ਸਰਪੰਚ, ਕਾ. ਮਹਿੰਦਰ ਸਿੰਘ ਧੂੜਕੋਟ, ਕਾ. ਸੁਖਦੇਵ ਸਿੰਘ ਭੋਲਾ, ਨੌਜਵਾਨ ਆਗੂ ਕਰਮਵੀਰ ਕੌਰ ਬੱਧਨੀ, ਜਗਵਿੰਦਰ ਸਿੰਘ ਕਾਕਾ ਨੇ ਸੰਬੋਧਨ ਕੀਤਾ। ਬੁਲਾਰਿਆਂ ਨੇ ਕਿਹਾ ਕਿ ਲੋਕਾਂ ਦੁਆਰਾ ਚੁਣੀ ਕੇਂਦਰ ਸਰਕਾਰ ਨਾਦਰਸ਼ਾਹੀ ਢੰਗ ਨਾਲ ਖੇਤੀ ਵਿਰੋਧੀ ਕਾਲੇ ਕਨੂੰਨ, ਐਨ ਆਰ ਸੀ ਤੇ ਸੀ ਸੀ ਏ ਵਰਗ ਘੱਟ ਗਿਣਤੀ ਵਿਰੋਧੀ ਅਤੇ ਰਨ ਐਂਡ ਹਿੱਟ ਵਰਗੇ ਡਰਾਈਵਰ-ਕੰਡਕਟਰ ਵਿਰੋਧੀ ਕਾਲੇ ਕਨੂੰਨ ਠੋਸੇ ਜਾ ਰਹੇ ਹਨ। ਪੰਜਾਬ ਦੀ ਅਖੌਤੀ ਇਨਕਲਾਬੀ ਸਰਕਾਰ ਕੰਮ ਘੰਟੇ ਅੱਠ ਤੋਂ ਵਧਾ ਕੇ ਬਾਰਾਂ ਕਰਕੇ ਪਹਿਲਾਂ ਤੋਂ ਬੇਰੁਜ਼ਗਾਰੀ ਦੇ ਸ਼ਿਕਾਰ ਪੰਜਾਬ ਦੀ ਜੁਆਨੀ ਨੂੰ ਹੋਰ ਬੇਰੁਜ਼ਗਾਰੀ ਵੱਲ ਧੱਕ ਰਹੀ ਹੈ। ਆਗੂਆਂ ਨੇ ਤਾਨਾਸ਼ਾਹ ਕੇਂਦਰ ਸਰਕਾਰ ਨੂੰ ਸੱਤਾ ਤੋਂ ਪਰੇ ਕਰਨ ਦੇ ਉਦੇਸ਼ ਨਾਲ ਦੇਸ਼ ਵਿੱਚ ਬਣ ਰਹੇ 'ਇੰਡੀਆ ਗਠਜੋੜ' ਦਾ ਸੁਆਗਤ ਕਰਦਿਆਂ ਲੋਕਾਂ ਨੂੰ ਸੱਦਾ ਕਿ ਆਉ 2024 ਵਿੱਚ ਕਾਰਪੋਰੇਟ ਘਰਾਣਿਆਂ ਦੀ ਦਲਾਲ ਅਤੇ ਕਿਰਤੀਆਂ, ਘੱਟ ਗਿਣਤੀਆਂ ਦੇ ਕਥਿਤ ਕਾਤਲਾਂ, ਬਲਾਤਕਾਰੀਆਂ ਨੂੰ ਸ਼ਹਿ ਦੇਣ ਵਾਲੀ ਸਰਕਾਰ ਨੂੰ ਹਰਾਉਣ ਲਈ ਆਪਣੀ ਭੂਮਿਕਾ ਅਦਾ ਕਰੀਏ। ਸਟੇਜ ਦੀ ਕਾਰਵਾਈ ਗੁਰਦਿੱਤ ਸਿੰਘ ਦੀਨਾ ਨੇ ਨਿਭਾਈ। ਇਸ ਮੌਕੇ ਬੂਟਾ ਸਿੰਘ ਰਾਊਕੇ, ਸਿਕੰਦਰ ਸਿੰਘ ਮਧੇਕੇ, ਹਰਭਜਨ ਸਿੰਘ ਬਿਲਾਸਪੁਰ, ਕੇਵਲ ਸਿੰਘ ਰਾਊਕੇ, ਜਸਪ੍ਰੀਤ ਕੌਰ ਬੱਧਨੀ, ਮਿੱਠੂ ਸੈਦੋਕੇ, ਕਿਸਾਨ ਆਗੂ ਜਗਸੀਰ ਸਿੰਘ ਧੂੜਕੋਟ, ਮਹਿੰਦਰ ਸਿੰਘ ਸੂਬੇਦਾਰ ਆਦਿ ਵੀ ਹਾਜ਼ਰ ਸਨ। ਇਕਬਾਲ ਸਿੰਘ ਭਾਗੀਕੇ, ਰੁਪਿੰਦਰ ਕੌਰ ਚਕਰ, ਹਰਨਾਜ ਕੌਰ ਬੱਧਨੀ ਨੇ ਇਨਕਲਾਬੀ ਗੀਤ ਕਵਿਤਾਵਾਂ ਅਤੇ ਜੱਸ ਚੜਿਕ ਦੀ ਅਗਵਾਈ ਹੇਠ ਇਪਟਾ ਮੋਗਾ ਵਲੋਂ ਨਾਟਕ ਤੇ ਕੋਰੀਓਗਰਾਫੀਆਂ ਪੇਸ਼ ਕੀਤੀਆਂ ਗਈਆਂ। 15 ਜਨਵਰੀ ਨੂੰ ਵੀ ਪਾਰਟੀ ਕਾਨਫਰੰਸ ਕਰੇਗੀ। ਜਿਸ ਨੂੰ ਸੰਬੋਧਨ ਕਰਨ ਲਈ ਕਾਮਰੇਡ ਜਗਰੂਪ ਸਿੰਘ ਅਤੇ ਕਾਮਰੇਡ ਗੁਰਦੀਪ ਸਿੰਘ ਮੋਤੀ ਵਿਸ਼ੇਸ਼ ਤੌਰ 'ਤੇ ਪਹੁੰਚ ਰਹੇ ਹਨ।

# ਸ਼੍ਰੋਮਣੀ ਅਕਾਲੀ ਦਲ ਹੀ ਪੰਜਾਬੀਆਂ ਦੀ ਇੱਕੋ-ਇੱਕ ਹਮਦਰਦ ਪਾਰਟੀ : ਸੁਖਬੀਰ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**

ਸ਼੍ਰੋਮਣੀ ਅਕਾਲੀ ਦਲ ਹੀ ਪੰਜਾਬੀਆਂ ਦੀ ਇੱਕੋ-ਇੱਕ ਹਮਦਰਦ ਪਾਰਟੀ ਹੈ। ਹੋਰ ਕਿਸੇ ਪਾਰਟੀ ਨੇ ਪੰਜਾਬ ਦੇ ਲੋਕਾਂ ਦੀ ਸਾਰ ਨਹੀਂ ਲਈ। ਹੁਣ ਲੋਕ ਫਿਰ ਤੋਂ ਅਕਾਲੀ ਦਲ ਵੱਲੋਂ ਕੀਤੇ ਕੰਮਾਂ ਨੂੰ ਯਾਦ ਕਰ ਰਹੇ ਨੇ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਮੇਲਾ ਮਾਘੀ ਕਾਨਫਰੰਸ ਮਗਰੋਂ ਕੋਟਕਪੂਰਾ ਰੋਡ ਵਿਖੇ ਅਕਾਲੀ ਦਲ ਦੇ ਸਾਬਕਾ ਜਨਰਲ ਸਕੱਤਰ ਜਗਜੀਤ ਸਿੰਘ ਬਰਾੜ ਹਨੀ ਫੱਤਣਵਾਲਾ ਦੇ ਗ੍ਰਹਿ ਵਿਖੇ ਗੱਲਬਾਤ ਦੌਰਾਨ ਕੀਤਾ।

ਹਨੀ ਫੱਤਣਵਾਲਾ ਨੇ ਸੁਖਬੀਰ ਸਿੰਘ ਬਾਦਲ ਨੂੰ ਸੈਂਕੜੇ ਵਰਕਰਾਂ ਨਾਲ ਮਿਲਵਾਇਆ। ਸੁਖਬੀਰ ਬਾਦਲ ਨੇ ਕਿਹਾ ਕਿ ਜੋ ਕੁੱਝ ਸ਼੍ਰੋਮਣੀ ਅਕਾਲੀ ਦਲ ਨੇ ਲੋਕਾਂ ਨੂੰ ਦਿੱਤਾ ਹੈ, ਉਹ ਹੋਰ ਕੋਈ ਪਾਰਟੀ ਨਹੀਂ ਦੇ ਸਕਦੀ। ਸਾਬਕਾ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਹਮੇਸ਼ਾ ਹੀ ਜ਼ਿਲ੍ਹੇ ਦੇ ਲੋਕਾਂ ਦੀ ਸੁੱਖ-ਸਾਂਦ ਲਿਆ ਕਰਦੇ ਸਨ ਤੇ ਹਮੇਸ਼ਾ ਲੋਕਾਂ ਲਈ ਹੀ ਸੋਚਿਆ ਕਰਦੇ ਸਨ। ਉਨ੍ਹਾਂ ਕਿਹਾ ਕਿ ਅਕਾਲੀ ਸਰਕਾਰ ਆਉਣ ਤੇ ਫਿਰ ਤੋਂ ਬਾਦਲ ਸਾਹਿਬ ਦੇ ਵੇਲੇ ਵਾਂਗ ਸੰਗਤ ਦਰਸ਼ਨ ਸਮਾਗਮ ਕੀਤੇ ਜਾਇਆ ਕਰਨਗੇ ਤੇ ਆਪ ਤੇ ਕਾਂਗਰਸ ਸਰਕਾਰ ਦੇ ਕਾਰਜਕਾਲ ਦੌਰਾਨ ਲੋਕਾਂ ਦੇ ਹੋਏ ਨੁਕਸਾਨ ਦੀ ਭਰਪਾਈ ਕੀਤੀ ਜਾਵੇਗੀ।

ਇਸ ਮੌਕੇ ਸਾਬਕਾ ਵਿਧਾਇਕ ਮਨਤਾਰ ਸਿੰਘ ਬਰਾੜ, ਸਾਬਕਾ ਵਿਧਾਇਕ ਰੋਜ਼ੀ ਬਰਕੰਦੀ, ਹਲਕਾ ਇੰਚਾਰਜ ਮਲੇਰਕੋਟਲਾ ਜਾਹਿਦਾ ਸੁਲੇਮਾਨ, ਸੂਬਾ ਸਿੰਘ ਬਾਦਲ, ਯੂਥ ਅਕਾਲੀ ਦਲ ਦੇ ਪ੍ਰਧਾਨ ਸਰਬਜੀਤ ਸਿੰਘ ਝਿੰਜਰ, ਮਨਜੀਤ ਸਿੰਘ ਫੱਤਣਵਾਲਾ, ਬੰਟੀ ਰੋਮਾਣਾ, ਮਨਰਾਜ ਸਿੰਘ ਬਰਾੜ, ਜੈਰਾਜ ਸਿੰਘ ਬਰਾੜ, ਸੰਦੀਪ ਸਿੰਘ, ਸੰਨੀ ਬਰਾੜ ਸਮੇਤ ਵੱਡੀ ਗਿਣਤੀ 'ਚ ਅਕਾਲੀ ਲੀਡਰਸ਼ਿਪ ਤੇ ਵਰਕਰ ਵੀ ਮੌਜੂਦ ਸਨ।

# ਜੂਝਦੇ ਕਿਸਾਨ ਕਾਫਲਿਆਂ ਨੇ ਲੋਹੜੀ ਤੇ ਮਾਘੀ ਪੱਕੇ ਮੋਰਚੇ 'ਤੇ ਗੁਜ਼ਾਰੀ

## ਡੀ ਐੱਸ ਪੀ ਦਫਤਰ ਅੱਗੇ ਛੇ ਤੋਂ ਲੱਗਿਆ ਮੋਰਚਾ ਜਾਰੀ



**ਬੁਢਲਾਡਾ (ਅਸ਼ੋਕ ਲਾਕੜਾ)**

ਭਾਰਤੀ ਕਿਸਾਨ ਯੂਨੀਅਨ (ਏਕਤਾ) ਡਕੌਂਦਾ ਦੇ ਸੂਬਾ ਪ੍ਰਧਾਨ ਮਨਜੀਤ ਸਿੰਘ ਧਨੇਰ ਦੀ ਅਗਵਾਈ ਹੇਠ ਬੁਢਲਾਡਾ ਦੇ ਡੀ ਐੱਸ ਪੀ ਦਫਤਰ ਅੱਗੇ ਚੱਲ ਰਿਹਾ ਪੱਕਾ ਮੋਰਚਾ ਧੁੰਦ ਤੇ ਠੰਢ ਦੀ ਪ੍ਰਵਾਹ ਕੀਤੇ ਬਿਨਾਂ ਨੌਂਵੇਂ ਦਿਨ ਵੀ ਨਿਰੰਤਰ ਜਾਰੀ ਰਿਹਾ। ਦੱਸਣਯੋਗ ਹੈ ਕਿ ਮਾਨਸਾ ਜ਼ਿਲ੍ਹੇ ਦੇ ਪਿੰਡ ਕੁੱਲਰੀਆਂ ਦੇ ਅਬਾਦਕਾਰ ਕਿਸਾਨਾਂ ਨੂੰ ਜ਼ਮੀਨਾਂ ਦੇ ਮਾਲਕੀ ਹੱਕ ਦਿਵਾਉਣ ਤੇ ਕਿਸਾਨਾਂ 'ਤੇ ਜਾਨਲੇਵਾ ਹਮਲਾ ਕਰਨ ਦੇ ਦੋਸ਼ੀਆਂ ਖਿਲਾਫ ਕਾਰਵਾਈ ਕਰਵਾਉਣ ਦੀਆਂ ਮੰਗਾਂ ਨੂੰ ਲੈ ਕੇ ਭਾਰਤੀ ਕਿਸਾਨ ਯੂਨੀਅਨ (ਏਕਤਾ) ਡਕੌਂਦਾ ਸੰਘਰਸ਼ ਦੇ ਰਾਹ 'ਤੇ ਹੈ। ਹੁਣ ਤੱਕ ਇਸ ਪੱਕੇ ਮੋਰਚੇ ਵਿੱਚ ਵੱਖ ਵੱਖ ਦਿਨਾਂ 'ਤੇ ਮਾਨਸਾ ਤੋਂ ਇਲਾਵਾ ਬਰਨਾਲਾ, ਬਠਿੰਡਾ, ਸੰਗਰੂਰ, ਫਾਜ਼ਿਲਕਾ, ਮਲੇਰਕੋਟਲਾ, ਮੋਗਾ, ਫਰੀਦਕੋਟ, ਮੁਕਤਸਰ ਸਾਹਿਬ, ਲੁਧਿਆਣਾ, ਕਪੂਰਥਲਾ ਤੇ ਮੁਹਾਲੀ ਜ਼ਿਲ੍ਹਿਆਂ ਤੋਂ ਕਿਸਾਨ ਕਾਫਲੇ ਸ਼ਾਮਲ ਹੋ ਚੁੱਕੇ ਹਨ। ਘੋਲ ਦੀ ਕਮਾਨ ਸੂਬਾ ਕਮੇਟੀ ਦੇ ਹੱਥ ਹੈ। ਅੱਜ ਨੌਂਵੇਂ ਦਿਨ ਸੰਗਰੂਰ ਜ਼ਿਲ੍ਹੇ ਦੇ ਕਿਸਾਨ ਕਾਫਲੇ ਮੋਰਚੇ ਵਿੱਚ ਸ਼ਾਮਲ ਹੋਏ। ਕੱਲ੍ਹ ਰਾਤ ਨੂੰ ਫਿਰੋਜ਼ਪੁਰ ਤੋਂ ਸੈਂਕੜੇ ਕਿਸਾਨ ਮੋਰਚੇ ਵਿੱਚ ਪਹੁੰਚ ਰਹੇ ਹਨ। ਜਥੇਬੰਦੀ ਦੇ ਸੂਬਾ ਪ੍ਰਧਾਨ ਮਨਜੀਤ ਸਿੰਘ ਧਨੇਰ, ਜਨਰਲ ਸਕੱਤਰ ਹਰਨੇਕ ਸਿੰਘ ਮਹਿਮਾ ਤੇ ਸੀਨੀਅਰ ਮੀਤ ਪ੍ਰਧਾਨ ਗੁਰਦੀਪ ਸਿੰਘ ਰਾਮਪੁਰਾ ਦਾ ਕਹਿਣਾ ਹੈ ਕਿ ਪੰਜਾਬ ਸਰਕਾਰ ਤੇ ਮਾਨਸਾ ਜ਼ਿਲ੍ਹੇ ਦਾ ਪ੍ਰਸ਼ਾਸਨ ਪੂਰੀ ਢੀਠਤਾਈ ਨਾਲ ਕਿਸਾਨਾਂ ਦੇ ਇਸ ਘੋਲ ਵੱਲੋਂ ਅੱਖਾਂ ਬੰਦ ਕਰ ਕੇ ਬੈਠਾ ਹੈ।

ਐੱਸ ਐੱਸ ਪੀ ਮਾਨਸਾ ਵੱਲੋਂ ਜਥੇਬੰਦੀ ਨਾਲ ਵਾਅਦਾ ਕੀਤਾ ਗਿਆ ਸੀ ਕਿ 19 ਦਸੰਬਰ ਤੋਂ ਪਹਿਲਾਂ ਪਹਿਲਾਂ ਸੱਤਰ ਸਾਲਾਂ ਦੇ ਬਜ਼ੁਰਗ ਕਿਸਾਨ ਸੀਤਾ ਸਿੰਘ ਤੇ ਗੁਰਪ੍ਰੀਤ ਸਿੰਘ ਪਿੰਡ ਕੁੱਲਰੀਆਂ 'ਤੇ ਜਾਨਲੇਵਾ ਹਮਲਾ ਕਰਨ ਵਾਲੇ ਦੋਸ਼ੀਆਂ ਖਿਲਾਫ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ, ਪਰ ਇੱਕ ਮਹੀਨਾ ਬੀਤ ਜਾਣ 'ਤੇ ਹੈ, ਅਜੇ ਤੱਕ ਵੀ ਕੋਈ ਕਾਰਵਾਈ ਨਹੀਂ ਕੀਤੀ ਗਈ। ਆਗੂਆਂ ਨੇ ਚਿਤਾਵਨੀ ਦਿੱਤੀ ਕਿ ਜੇਕਰ ਪ੍ਰਸ਼ਾਸਨ ਨੇ ਆਪਣਾ ਵਾਅਦਾ ਨਾ ਨਿਭਾਇਆ ਤਾਂ ਜਥੇਬੰਦੀ ਕੋਈ ਸਖਤ ਕਦਮ ਚੁੱਕਣ ਲਈ ਮਜਬੂਰ ਹੋਵੇਗੀ, ਜਿਸ ਦੀ ਸਾਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਤੇ ਮਾਨਸਾ ਦੇ ਜ਼ਿਲ੍ਹਾ ਪ੍ਰਸ਼ਾਸਨ ਦੀ ਹੋਵੇਗੀ। ਨੌਂਵੇਂ ਦਿਨ ਦੇ ਧਰਨੇ ਨੂੰ ਸੰਗਰੂਰ ਜ਼ਿਲ੍ਹੇ ਦੇ ਸੁਖਦੇਵ ਸਿੰਘ ਘਰਾਚੋਂ, ਜ਼ਿਲ੍ਹਾ ਕਮੇਟੀ ਮੈਂਬਰ ਮਹਿੰਦਰ ਸਿੰਘ ਮਾਝੀ, ਭਰਭੂਰ ਸਿੰਘ ਮਾਝੀ, ਗੁਰਵਿੰਦਰ ਸਿੰਘ ਨਖਟੇ, ਸੂਬਾ ਕਮੇਟੀ ਮੈਂਬਰ ਮੱਖਣ ਸਿੰਘ ਭੈਣੀ ਬਾਘਾ, ਮਾਨਸਾ ਜ਼ਿਲ੍ਹੇ ਦੇ ਜਨਰਲ ਸਕੱਤਰ ਬਲਵਿੰਦਰ ਸ਼ਰਮਾ, ਜਗਜੀਵਨ ਸਿੰਘ ਹਸਨਪੁਰ, ਤਰਸੇਮ ਸਿੰਘ ਚੱਕ ਅਲੀਸ਼ੇਰ, ਸੱਤਪਾਲ ਸਿੰਘ ਵਰ੍ਹੇ, ਜਸਕਰਨ ਸਿੰਘ ਬਰੇਟਾ, ਜਗਸੀਰ ਸਿੰਘ ਦੋਦੜਾ ਉਗਰਾਹਾਂ, ਤਾਰ ਸਿੰਘ ਚੱਕ ਅਲੀਸ਼ੇਰ, ਜਸਰੀਤ ਕੌਰ ਕੁਲਰੀਆਂ, ਸੁਖਪਾਲ ਕੌਰ ਕੁਲਰੀਆਂ, ਜਪਪ੍ਰੀਤ ਕੌਰ ਕੁਲਰੀਆਂ ਨੇ ਵੀ ਸੰਬੋਧਨ ਕੀਤਾ।

## ਕਾਤਰਾਂ

### ਸ੍ਰੀ ਅਖੰਡ ਪਾਠ ਦੇ ਪ੍ਰਕਾਸ਼ 21 ਨੂੰ

**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ, ਕੁਲਦੀਪ ਅੱਤਰੀ)**-ਉਦਾਸੀਨ ਡੇਰਾ ਸ਼੍ਰੀਮਾਨ 108 ਬਾਬਾ ਲੱਛਾ ਦਾਸ ਪੱਤੀ ਜੈਦ ਵਿਖੇ ਸਮੂਹ ਸਾਧ-ਸੰਗਤ ਵੱਲੋਂ ਕਾਫੀ ਦਿਨਾਂ ਤੋਂ ਚੱਲ ਰਹੇ ਸ਼੍ਰੀਮਾਨ 108 ਮਹੰਤ ਬਾਬਾ ਮਨੀ ਦਾਸ ਜੀ ਦੇ 10ਵੇਂ ਜਲਧਾਰੇ ਦੀ ਖੁਸ਼ੀ ਵਿੱਚ 21 ਜਨਵਰੀ ਨੂੰ ਸ਼੍ਰੀ ਅਖੰਡ ਪਾਠ ਸਾਹਿਬ ਆਰੰਭ ਕਰਵਾਏ ਜਾਣਗੇ ਤੇ 23 ਜਨਵਰੀ ਭੋਗ ਪਾਏ ਜਾਣਗੇ। ਇਸ ਮੌਕੇ ਸ਼੍ਰੀਮਾਨ 108 ਮਹੰਤ ਲਖਵਿੰਦਰ ਦਾਸ ਜੀ (ਖੀਵੇ ਵਾਲੇ) ਤੇ ਸ਼੍ਰੀਮਾਨ ਸੰਤ ਬਾਬਾ ਖੁਸ਼ਮਨ ਦਾਸ ਜੀ ਤੋਂ ਇਲਾਵਾ ਹੋਰ ਮਹਾਂਪੁਰਸ਼ ਪਹੁੰਚ ਰਹੇ ਹਨ।

### ਸੰਗਰਾਂਦ ਤੇ ਮਾਘੀ ਦੇ ਤਿਉਹਾਰ ਮੌਕੇ ਅਖੰਡ ਪਾਠ ਦੇ ਭੋਗ ਪਾਏ

**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ, ਕੁਲਦੀਪ ਅੱਤਰੀ)**-ਬਾਬਾ ਨਰੈਣ ਦਾਸ ਪੱਤੀ ਜੈਦ ਵਿਖੇ ਸੰਗਰਾਂਦ ਤੇ ਮਾਘੀ ਦੇ ਤਿਉਹਾਰ ਮੌਕੇ ਸ਼੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਅਤੇ ਉਪਰੰਤ ਕੀਰਤਨ ਦਰਬਾਰ ਹੋਇਆ ਤੇ ਸਮਾਪਤੀ 'ਤੇ ਹਾਜ਼ਰ ਸੰਗਤਾਂ ਨੂੰ ਚਾਹ-ਪਾਣੀ ਛਕਾਇਆ ਗਿਆ। ਇਸੇ ਤਰ੍ਹਾਂ ਗੁਰਦੁਆਰਾ ਚੁੱਲੇ ਬਾਬਾ ਆਲਾ ਸਿੰਘ ਵਿਖੇ ਵੀ ਸਮੂਹ ਸੰਗਤਾਂ ਵੱਲੋਂ ਮਾਘੀ ਦੇ ਤਿਉਹਾਰ ਦੇ ਸਬੰਧ 'ਚ ਸੰਗਤਾਂ ਨੂੰ ਚਾਹ-ਪਾਣੀ ਛਕਾਇਆ ਗਿਆ। ਇਸ ਮੌਕੇ ਸਾਬਕਾ ਮੰਤਰੀ ਭਾਈ ਗੋਬਿੰਦ ਸਿੰਘ ਲੌਂਗੋਵਾਲ, ਮਹਿੰਦਰ ਸਿੰਘ ਦੁੱਲਟ, ਅਮਰਜੀਤ ਸਿੰਘ ਗਿੱਲ, ਅਮ੍ਰਿਤਪਾਲ ਸਿੰਘ ਸਿੱਧੂ, ਭਾਈ ਬਲਵਿੰਦਰ ਸਿੰਘ ਕੈਂਬੋਵਾਲ, ਬਲਵਿੰਦਰ ਸਿੰਘ ਢਿੱਲੋਂ, ਗੁਰਜੰਟ ਸਿੰਘ ਦੁੱਲਟ, ਡਾ. ਗੁਰਪ੍ਰੀਤ ਸਿੰਘ ਵਾਲੀਆ ਸਮੇਤ ਹੋਰ ਆਗੂਆਂ ਨੇ ਵੀ ਆਪਣੀਆਂ ਹਾਜ਼ਰੀਆਂ ਲਗਵਾਈਆਂ।

### ਸੜਕ ਹਾਦਸੇ 'ਚ ਨੌਜਵਾਨ ਦੀ ਮੌਤ

**ਪਾਤੜਾਂ (ਪੱਤਰ ਪ੍ਰੇਰਕ)**-ਇਕ ਅਣਪਛਾਤੇ ਵਹੀਕਲ ਡਰਾਈਵਰ ਨੇ ਪਿੰਡ ਸ਼ੁਤਰਾਣਾ ਨਜ਼ਦੀਕ ਇੱਕ ਮੋਟਰਸਾਈਕਲ ਸਵਾਰ ਨੌਜਵਾਨ ਨੂੰ ਆਪਣੇ ਲਪੇਟ ਵਿੱਚ ਲੈ ਲਿਆ। ਇਸ ਹਾਦਸੇ ਦੌਰਾਨ ਨੌਜਵਾਨ ਦੀ ਮੌਕੇ 'ਤੇ ਮੌਤ ਹੋ ਗਈ। ਵਾਰਸਾਂ ਦੀ ਸ਼ਿਕਾਇਤ 'ਤੇ ਪੁਲਸ ਨੇ ਕੇਸ ਦਰਜ ਕਰਕੇ ਬਣਦੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਕ੍ਰਿਸ਼ਨ ਲਾਲ ਵਾਸੀ ਬੇਲਰਖਾਂ ਜ਼ਿਲ੍ਹਾ ਜੀਂਦ ਨੇ ਦੱਸਿਆ ਕਿ ਉਨ੍ਹਾ ਦਾ ਭਤੀਜਾ ਨੀਰਜ ਆਪਣੇ ਮੋਟਰਸਾਈਕਲ 'ਤੇ ਸਵਾਰ ਹੋ ਕੇ ਪਿੰਡ ਸ਼ੁਤਰਾਣਾ ਕੋਲ ਜਾ ਰਿਹਾ ਸੀ, ਇਸੇ ਦੌਰਾਨ ਕਿਸੇ ਅਣਪਛਾਤੇ ਵਹੀਕਲ ਡਰਾਈਵਰ ਨੇ ਲਾਪ੍ਰਵਾਹੀ ਨਾਲ ਫੇਟ ਮਾਰੀ ਤੇ ਘਟਨਾ ਵਾਲੀ ਥਾਂ ਉੱਤੇ ਹੀ ਉਸ ਦੀ ਮੌਤ ਹੋ ਗਈ। ਪੁਲਸ ਨੇ ਦੱਸਿਆ ਕਿ ਮ੍ਰਿਤਕ ਦਾ ਸਿਵਲ ਹਸਪਤਾਲ ਸਮਾਣਾ ਤੋਂ ਪੋਸਟਮਾਰਟਮ ਕਰਵਾ ਕੇ ਲਾਸ਼ ਵਾਰਸਾਂ ਦੇ ਹਵਾਲੇ ਕਰ ਦਿੱਤੀ ਹੈ।

### ਸਰਬੱਤ ਦੇ ਭਲੇ ਲਈ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ

**ਸੰਗਰੂਰ (ਪ੍ਰਵੀਨ ਸਿੰਘ)**-ਨੇੜਲੇ ਪਿੰਡ ਫਤਿਹਗੜ੍ਹ ਛੰਨਾਂ ਵਿਖੇ ਬਾਬਾ ਜੰਡੀ ਵਾਲਿਆਂ ਦੇ ਸਥਾਨ 'ਤੇ ਬਾਬਾ ਗੁਲਜਾਰ ਸਿੰਘ ਦੀ ਅਗਵਾਈ ਹੇਠ 12 ਜਨਵਰੀ ਨੂੰ ਸਰਬੱਤ ਦੇ ਭਲੇ ਲਈ ਸ੍ਰੀ ਅਖੰਡ ਪਾਠ ਸਾਹਿਬ ਪ੍ਰਕਾਸ਼ ਕਰਵਾਏ ਗਏ, ਜਿਨ੍ਹਾਂ ਦੇ ਅੱਜ ਭੋਗ ਪਾਏ ਗਏ। ਇਸ ਸਬੰਧੀ ਜਾਣਕਾਰੀ ਦਿੰਦਿਆਂ ਭਾਈ ਅਵਤਾਰ ਸਿੰਘ ਤਾਰੀ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸੰਗਤਾਂ ਦੇ ਸਹਿਯੋਗ ਨਾਲ ਇਸ ਸਥਾਨ 'ਤੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਉਨ੍ਹਾ ਦੱਸਿਆ ਕਿ ਇਹ ਸਾਲਾਨਾ ਸਮਾਗਮ ਸੰਗਤਾਂ ਦੇ ਸਹਿਯੋਗ ਨਾਲ ਹਰ ਸਾਲ ਮਨਾਇਆ ਜਾਂਦਾ ਹੈ। ਉਪਰੰਤ ਗ੍ਰੰਥੀ ਸਿੰਘ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਗੁਰੂ ਕੇ ਲੰਗਰ ਅਟੁੱਟ ਵਰਤੇ। ਇਸ ਸਮੇਂ ਭਾਰੀ ਗਿਣਤੀ 'ਚ ਸੰਗਤਾਂ ਹਾਜ਼ਰ ਸਨ।

# ਕੇਂਦਰ ਦੀਆਂ ਨੀਤੀਆਂ ਗ਼ਲਤ : ਮਾਨ



**ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਪਰਮਜੀਤ ਸਿੰਘ)**

ਕੇਂਦਰ ਦੀ ਮੋਦੀ ਸਰਕਾਰ ਨੇ ਨਵੇਂ ਕਾਨੂੰਨ ਬਣਾਉਣ ਲਈ ਵਿਰੋਧੀ ਧਿਰ ਨੂੰ ਪਾਰਲੀਮੈਂਟ ਵਿੱਚੋਂ ਬਰਖਾਸਤ ਕਰਕੇ ਅਤੇ ਮੇਰੇ ਵਰਗੇ ਬਾਕੀ ਮੈਂਬਰ ਪਾਰਲੀਮੈਂਟ ਨੂੰ ਸਮਾਂ ਨਾ ਦੇਣ ਕਰਕੇ ਦੇਸ ਦੇ ਦੇ ਲੋਕਤੰਤਰ ਦਾ ਗਲਾ ਘੁੱਟਿਆ ਜਾ ਰਿਹਾ ਹੈ, ਜਿਸ ਕਰਕੇ ਭਾਰਤ ਵਿੱਚ ਘੱਟ ਗਿਣਤੀਆਂ ਨਾਲ ਹੁਣ ਹੀ ਨਹੀਂ ਆਜ਼ਾਦੀ ਤੋਂ ਬਾਅਦ ਲਗਾਤਾਰ ਵਿਤਕਰਾ ਤੇ ਧੱਕਾ ਹੋ ਰਿਹਾ ਹੈ। ਹੁਣ ਤਾਂ ਵਿਦੇਸ਼ਾਂ ਵਿੱਚ ਵੀ ਸਿੱਖ ਲੀਡਰਾਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ, ਜਿਸ ਵਿੱਚ ਹਰਦੀਪ ਸਿੰਘ ਨਿੱਝਰ ਦਾ ਕਤਲ ਅਤੇ ਗੁਰਪਤਵੰਤ ਸਿੰਘ ਪੰਨੂ ਦੇ ਕਤਲ ਦੀ ਸਾਜ਼ਿਸ਼ ਸ਼ਾਮਲ ਹੈ, ਭਾਵੇਂ ਭਾਰਤ ਆਪਣੇ ਆਪ ਨੂੰ ਲੋਕਤੰਤਰ ਦਾ ਥੰਮ ਅਖਵਾਉਂਦਾ ਹੈ, ਪਰ ਵਧ ਰਹੇ ਘੱਟ ਗਿਣਤੀਆਂ ਨਾਲ ਵਿਤਕਰੇ ਕਰਕੇ ਵਿਦੇਸ਼ਾਂ ਵਿੱਚ ਦੇਸ ਦਾ ਅਕਸ ਖਰਾਬ ਹੋ ਰਿਹਾ ਹੈ, ਜਿਸ ਕਰਕੇ ਅਮਰੀਕਾ ਦੇ ਰਾਸ਼ਟਰਪਤੀ ਜੋ ਬਾਈਡਨ ਨੇ ਭਾਰਤ ਸਰਕਾਰ ਦੇ ਗਣਤੰਤਰ ਦਿਵਸ 'ਤੇ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਣ ਦੇ ਸੱਦੇ ਤੋਂ ਕੀਤੇ ਇਨਕਾਰ ਤੋਂ ਸਪੱਸ਼ਟ ਹੋ ਰਿਹਾ ਹੈ, ਜਿਸ ਵਿੱਚ ਜਪਾਨ, ਆਸਟ੍ਰੇਲੀਆ ਆਦਿ ਦੇ ਨੁਮਾਇੰਦਿਆਂ ਦੀ ਮੀਟਿੰਗ ਜੋ 26-27 ਜਨਵਰੀ ਨੂੰ ਹੋਣੀ ਸੀ, ਸ਼ਾਮਲ ਨਾ ਹੋਣ ਤੋਂ ਮਿਲਦੀ ਹੈ। ਇਹ ਵਿਚਾਰ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਸਿਮਰਨਜੀਤ ਸਿੰਘ ਮਾਨ ਵੱਲੋਂ ਮਾਘੀ ਜੋੜ ਮੇਲੇ ਦੀ ਕਾਨਫ੍ਰੰਸ ਤੋਂ ਪਹਿਲਾਂ ਪ੍ਰਗਟ ਕੀਤੇ ਗਏ। ਉਨ੍ਹਾਂ ਕਿਹਾ ਕਿ ਅਜਿਹੇ ਵਿਤਕਰੇ ਕਰਕੇ ਚੀਨ ਅਤੇ ਹੋਰ ਦੇਸਾਂ ਨਾਲ ਗੁਜਰਾਤ ਅਤੇ ਬੰਬੇ ਤੋਂ ਕਰਾਚੀ ਰਹੀ ਵਿਉਪਾਰ ਤਾਂ ਹੋ ਰਿਹਾ ਹੈ, ਪਰ ਸਿੱਖਾਂ ਨੂੰ ਕਮਜ਼ੋਰ ਕਰਨ ਲਈ ਪਾਕਿਸਤਾਨ ਦੇ ਨਾਲ ਲੱਗਦੇ ਬਾਰਡਰ ਨਹੀਂ ਖੋਲ੍ਹੇ ਜਾ ਰਹੇ, ਜਿਸ ਦਾ ਇੱਕੋ-ਇੱਕ ਰਸਤਾ ਇਨ੍ਹਾਂ ਤੋਂ ਵੱਖ ਹੋਣਾ ਹੈ। ਸ਼੍ਰੋਮਣੀ ਕਮੇਟੀ ਚੋਣਾਂ ਅਕਾਲੀ ਦਲ ਬਾਦਲ ਵਿਰੁੱਧ ਮਿਲ ਕੇ ਲੜਨ ਤੇ ਉਨ੍ਹਾਂ ਕਿਹਾ ਜਿਹੜਾ ਕੌਮ ਦੀ ਗੱਲ ਕਰੇਗਾ, ਉਸਦੀ ਮਦਦ ਕਰਨੀ ਚਾਹੀਦੀ ਹੈ ਤੇ ਸਾਡੀ ਪਾਰਟੀ ਲਗਾਤਾਰ ਕੌਮ ਦੀ ਲੜਾਈ ਲੜ ਰਹੀ ਹੈ।

# ਜੌੜਾਮਾਜਰਾ ਨੇ 3.5 ਕਰੋੜ ਦੇ ਵਿਕਾਸ ਪ੍ਰਾਜੈਕਟਾਂ ਦਾ ਨੀਂਹ ਪੱਥਰ ਰੱਖਿਆ

**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**



ਸੂਚਨਾ ਤੇ ਲੋਕ ਸੰਪਰਕ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਨੇ ਦਰਜਨ ਦੇ ਕਰੀਬ ਪਿੰਡਾਂ ਵਿੱਚ ਕਿਸਾਨਾਂ ਤੇ ਆਮ ਲੋਕਾਂ ਦੀ ਸਹੂਲਤ ਲਈ 3.5 ਕਰੋੜ ਦੇ ਵਿਕਾਸ ਪ੍ਰਾਜੈਕਟਾਂ ਦਾ ਨੀਂਹ ਪੱਥਰ ਰੱਖਿਆ ਹੈ। ਉਨ੍ਹਾਂ ਨਾਲ ਚੇਅਰਮੈਨ ਮੰਡੀ ਬੋਰਡ ਹਰਚੰਦ ਸਿੰਘ ਬਰਸਟ ਤੇ ਨਾਭਾ ਦੇ ਵਿਧਾਇਕ ਗੁਰਦੇਵ ਦੇਵ ਮਾਨ ਵੀ ਮੌਜੂਦ ਸਨ।

ਇਸ ਮੌਕੇ ਕੈਬਨਿਟ ਮੰਤਰੀ ਚੇਤਨ ਸਿੰਘ ਜੌੜਾਮਾਜਰਾ, ਜਿਨ੍ਹਾਂ ਕੋਲ, ਜਲ ਸਰੋਤ, ਖਣਣ ਤੇ ਭੂ-ਵਿਗਿਆਨ, ਜਲ ਤੇ ਭੂਮੀ ਰੱਖਿਆ, ਬਾਗਬਾਨੀ, ਸੁਤੰਤਰਤਾ ਸੰਗਰਾਮੀ ਅਤੇ ਰੱਖਿਆ ਸੇਵਾਵਾਂ ਭਲਾਈ ਬਾਰੇ ਵਿਭਾਗ ਵੀ ਹਨ, ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ ਨਿਰਦੇਸ਼ਾਂ ਮੁਤਾਬਕ ਤੇ ਚੇਅਰਮੈਨ ਮੰਡੀ ਬੋਰਡ ਹਰਚੰਦ ਸਿੰਘ ਬਰਸਟ ਦੇ ਉੱਦਮ ਸਦਕਾ ਹਲਕਾ ਸਮਾਣਾ ਤੇ ਸ਼ੁਤਰਾਣਾ ਦੇ ਪਿੰਡਾਂ ਵਿਖੇ 3.5 ਕਰੋੜ ਰੁਪਏ ਦੀ ਲਾਗਤ ਨਾਲ ਵੱਖ-ਵੱਖ ਵਿਕਾਸ ਪ੍ਰਾਜੈਕਟ ਉਲੀਕੇ ਗਏ ਹਨ। ਕੈਬਨਿਟ ਮੰਤਰੀ ਨੇ ਦੱਸਿਆ ਕਿ ਪਿੰਡ ਮਹਿਮਦਪੁਰ, ਸੁਲਤਾਨਪੁਰ ਤੇ ਬਨੇਰਾ ਕਲਾਂ ਦੀਆਂ ਅਨਾਜ ਮੰਡੀਆਂ ਵਿਖੇ ਸਟੀਲ ਕਵਰ ਸ਼ੈਡ ਪਾਏ ਜਾਣਗੇ। ਇਸ ਤੋਂ ਬਿਨਾਂ ਲੋਕਾਂ ਦੀ ਸਹੂਲਤ ਲਈ ਪਿੰਡ ਬਰਸਟ ਤੋਂ ਬਨੇਰਾ ਤੇ ਅੱਗੇ ਸੁਰਾਜਪੁਰ ਲਿੰਕ ਸੜਕ ਨਵੀਂ ਬਣਾਈ ਜਾਵੇਗੀ ਅਤੇ ਪਿੰਡ ਗੱਜੂਮਾਜਰਾ, ਲੁਟਕੀ ਮਾਜਰਾ (ਜੌੜਾਮਾਜਰਾ) ਤੇ ਧਬਲਾਨ ਦੀਆਂ ਅਨਾਜ ਮੰਡੀਆਂ ਵਿਖੇ ਫੜ ਪੱਕੇ ਕਰਨ ਤੇ ਸੜਕਾਂ ਨਵੀਂਆਂ ਬਣਾਈਆਂ ਜਾਣਗੀਆਂ। ਕੈਬਨਿਟ ਮੰਤਰੀ ਜੌੜਾਮਾਜਰਾ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਆਮ ਲੋਕਾਂ ਤੇ ਕਿਸਾਨਾਂ ਦੀ ਸਹੂਲਤ ਲਈ ਖਰੀਦ ਕੇਂਦਰਾਂ ਤੇ ਲਿੰਕ ਸੜਕਾਂ ਦੇ ਬੁਨਿਆਦੀ ਢਾਂਚੇ ਨੂੰ ਮਜਬੂਤ ਕਰਨ ਦੀ ਆਪਣੀ ਵਚਨਬੱਧਤਾ ਨਿਭਾਈ ਹੈ। ਉਨ੍ਹਾਂ ਚੇਅਰਮੈਨ ਮੰਡੀ ਬੋਰਡ ਹਰਚੰਦ ਸਿੰਘ ਬਰਸਟ ਦਾ ਵਿਸ਼ੇਸ਼ ਧੰਨਵਾਦ ਵੀ ਕੀਤਾ। ਇਸ ਮੌਕੇ ਚੇਅਰਮੈਨ ਮੰਡੀ ਬੋਰਡ ਹਰਚੰਦ ਸਿੰਘ ਬਰਸਟ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਪੰਜਾਬ ਨਾਲ ਵਿਤਕਰਾ ਤੇ ਸੂਬੇ ਦੇ ਲੋਕਾਂ ਨਾਲ ਧੋਖਾ ਕਰਦਿਆਂ ਦਿਹਾਤੀ ਵਿਕਾਸ ਦੇ 5700 ਕਰੋੜ ਰੁਪਏ ਧੱਕੇ ਨਾਲ ਰੋਕ ਕੇ ਰੱਖੇ ਹੋਏ ਹਨ, ਜਿਸ ਵਿਰੁੱਧ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਹਰ ਫਰੰਟ 'ਤੇ ਆਵਾਜ਼ ਬੁਲੰਦ ਕੀਤੀ ਹੈ ਅਤੇ ਪੰਜਾਬ ਦਾ ਪੈਸਾ ਲੈਣ ਲਈ ਸੁਪਰੀਮ ਕੋਰਟ ਵਿੱਚ ਕੇਸ ਵੀ ਦਾਇਰ ਕੀਤਾ ਹੋਇਆ ਹੈ।

ਚੇਅਰਮੈਨ ਬਰਸਟ ਨੇ ਅੱਗੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਸੂਬੇ ਦੇ ਫੰਡ ਰੋਕਣ ਦੇ ਬਾਵਜੂਦ ਲੋਕਾਂ ਦੀ ਆਪਣੀ ਪੰਜਾਬ ਸਰਕਾਰ ਵੱਲੋਂ ਆਪਣੇ ਤੌਰ 'ਤੇ ਪ੍ਰਬੰਧ ਕਰਕੇ ਸੂਬੇ ਦੇ ਮੰਡੀਕਰਨ ਦਾ ਬੁਨਿਆਦੀ ਢਾਂਚਾ ਮਜਬੂਤ ਕਰਨ ਤੇ ਲਿੰਕ ਸੜਕਾਂ ਦੀ ਮੁਰੰਮਤ ਕਰਨ ਦੀ ਤਜਵੀਜ ਉਤੇ ਅਮਲ ਸੁਰੂ ਕੀਤਾ ਗਿਆ ਹੈ। ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਕਿਹਾ ਕਿ ਸੂਬੇ ਦਾ ਚਹੁਤਰਫ਼ਾ ਵਿਕਾਸ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਦੀ ਮੁਢਲੀ ਤਰਜੀਹ ਹੈ। ਇਸ ਮੌਕੇ ਹਰਜਿੰਦਰ ਸਿੰਘ ਮਿੰਟੂ ਜੌੜਾਮਾਜਰਾ, ਓ.ਐਸ.ਡੀ. ਗੁਲਜ਼ਾਰ ਸਿੰਘ ਵਿਰਕ, ਗੁਰਦੇਵ ਸਿੰਘ ਟਿਵਾਣਾ ਤੇ ਬਲਕਾਰ ਸਿੰਘ ਗੱਜੂਮਾਜਰਾ, ਸੁਰਜੀਤ ਸਿੰਘ ਦਹੀਆ, ਸੁਰਜੀਤ ਸਿੰਘ ਫੌਜੀ, ਸੋਨੂੰ ਥਿੰਦ, ਮੰਡੀ ਬੋਰਡ ਦੇ ਚੀਫ ਇੰਜੀਨੀਅਰ ਗੁਰਦੀਪ ਸਿੰਘ, ਜ਼ਿਲ੍ਹਾ ਮੰਡੀ ਅਫਸਰ ਅਜੇਪਾਲ ਸਿੰਘ ਬਰਾੜ, ਕਾਰਜਕਾਰੀ ਇੰਜੀਨੀਅਰ ਅੰਮ੍ਰਿਤਪਾਲ ਸਿੰਘ, ਸਕੱਤਰ ਮਾਰਕੀਟ ਕਮੇਟੀ ਪਰਮਪਾਲ ਸਿੰਘ ਤੇ ਅਸ਼ਵਨੀ ਕੁਮਾਰ ਆਦਿ ਸਮੇਤ ਹੋਰ ਪਤਵੰਤੇ ਵੀ ਮੌਜੂਦ ਸਨ।

# ਹਰਜਿੰਦਰ ਸਿੰਘ ਧਾਮੀ ਦਰਬਾਰ ਸਾਹਿਬ ਵਿਖੇ ਹੋਏ ਨਤਮਸਤਕ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਐਤਵਾਰ ਇਥੇ ਸ੍ਰੀ ਦਰਬਾਰ ਸਾਹਿਬ ਵਿਖੇ ਨਤਮਸਤਕ ਹੋਣ ਪਹੁੰਚੇ। ਸ੍ਰੀ ਦਰਬਾਰ ਸਾਹਿਬ ਨਤਮਸਤਕ ਹੋਣ ਉਪਰੰਤ ਉਨ੍ਹਾਂ ਸ੍ਰੀ ਦਰਬਾਰ ਸਾਹਿਬ ਮੈਨੇਜਰ ਦੇ ਦਫਤਰ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕੀਤੀ। ਉਨ੍ਹਾਂ ਕਿਹਾ ਕਿ ਇਸ ਜਗ੍ਹਾ 'ਤੇ 40 ਸਿੰਘਾਂ ਗੁਰੂ ਨੂੰ ਲਿਖਿਆ ਬੇਦਾਵਾ ਪੜਵਾਇਆ ਤੇ ਗੁਰੂ ਨਾਲੋਂ ਟੁੱਟੀ ਗੰਢੀ, ਅੱਜ ਸਾਨੂੰ ਵੀ ਉਹ ਬੇਦਾਵੇ ਪੜਵਾ ਲੈਣੇ ਚਾਹੀਦੇ ਹਨ, ਜੋ ਕਿਸੇ ਨਾ ਕਿਸੇ ਰੂਪ ਵਿੱਚ ਅਸੀਂ ਗੁਰੂ ਨੂੰ ਦੇ ਬੈਠੇ ਹਾਂ।

ਅੱਜ ਦੇ ਦਿਨ ਵੱਡੀ ਗਿਣਤੀ ਵਿੱਚ ਸੰਗਤ ਗੁਰਦੁਆਰਾ ਸਾਹਿਬ ਪਹੁੰਚ ਕੇ 40 ਮੁਕਤਿਆਂ ਨੂੰ ਨਤਮਸਤਕ ਹੁੰਦੀ ਹੈ। ਇਸ ਦੌਰਾਨ ਬੰਦੀ ਸਿੰਘਾਂ ਦੇ ਮਾਮਲੇ ਵਿੱਚ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਜਲਦ ਦੇਸ਼ ਦੇ ਗ੍ਰਹਿ ਮੰਤਰੀ ਨੂੰ ਚਿੱਠੀ ਲਿਖੇਗੀ। ਜਥੇਦਾਰ ਗੁਰਦੇਵ ਸਿੰਘ ਕਾਉਂਕੇ ਦੇ ਮਾਮਲੇ ਵਿੱਚ ਉਨ੍ਹਾਂ ਕਿਹਾ ਕਿ ਇਸ ਸਬੰਧੀ ਕਥਿਤ ਦੋਸ਼ੀਆਂ 'ਤੇ ਸ਼ਿਕਾਇਤ ਦਿੱਤੀ ਗਈ ਹੈ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਮੈਂਬਰ ਗੁਰਪਾਲ ਸਿੰਘ ਗੋਰਾ, ਅਵਤਾਰ ਸਿੰਘ ਵਣਵਾਲਾ, ਮੈਨੇਜਰ ਰੇਸ਼ਮ ਸਿੰਘ ਆਦਿ ਹਾਜ਼ਰ ਸਨ।

# ਹੋਲੀ ਹਾਰਟ ਸਕੂਲ 'ਚ 'ਨੈਸ਼ਨਲ ਯੂਥ ਡੇ' ਧੂਮ-ਧਾਮ ਨਾਲ ਮਨਾਇਆ

## ਨਵੇਂ ਸੈਸ਼ਨ ਦਾ ਕੈਲੰਡਰ ਕੀਤਾ ਰਿਲੀਜ਼




**ਅਜੀਤਵਾਲ (ਨਛੱਤਰ ਸੰਧੂ)**-ਇਲਾਕੇ ਦੀ ਪ੍ਰਸਿੱਧ ਵਿੱਦਿਅਕ ਸੰਸਥਾ ਹੋਲੀ ਹਾਰਟ ਸਕੂਲ ਅਜੀਤਵਾਲ ਵਿਖੇ 'ਨੈਸ਼ਨਲ ਯੂਥ ਡੇ' ਧੂਮ-ਧਾਮ ਨਾਲ ਮਨਾਇਆ ਗਿਆ, ਕਿਉਂਕਿ ਰਾਸ਼ਟਰ ਯੁਵਕ ਦਿਵਸ ਸਵਾਮੀ ਵਿਵੇਕਾਨੰਦ ਜੀ ਦੇ ਜਨਮ ਦਿਹਾੜੇ ਨੂੰ ਸਮਰਪਤ ਕੀਤਾ ਜਾਂਦਾ ਹੈ। ਇਸ ਮੌਕੇ ਸਕੂਲ ਦੇ ਸਾਰੇ ਅਧਿਆਪਕਾਂ ਤੇ ਬੱਚਿਆਂ ਨੇ ਵੱਧ ਚੜ੍ਹ ਕੇ ਵੱਖ-ਵੱਖ ਗਤੀਵਿਧੀਆਂ 'ਚ ਹਿੱਸਾ ਲਿਆ। ਇਸ ਮੌਕੇ ਸਕੂਲ ਨੂੰ ਜਿੱਥੇ ਸੋਹਣੇ ਢੰਗ ਨਾਲ ਸਜਾਇਆ ਗਿਆ, ਉੱਥੇ ਹੀ ਇਸ ਸ਼ੁੱਭ ਦਿਹਾੜੇ ਨੂੰ ਮੱਦੇਨਜ਼ਰ ਰੱਖਦੇ ਹੋਏ ਨਵੇਂ ਸੈਸ਼ਨ ਦਾ ਕੈਲੰਡਰ ਰਿਲੀਜ਼ ਕੀਤਾ ਗਿਆ। ਇਸ ਮੌਕੇ ਸਕੂਲ ਚੇਅਰਮੈਨ ਸੁਭਾਸ਼ ਪਲਤਾ, ਡਾਇਰੈਕਟਰ ਅਮਿਤ ਪਲਤਾ, ਸ਼੍ਰੈਆ ਪਲਤਾ ਤੇ ਸਕੂਲ ਪ੍ਰਿੰਸੀਪਲ ਸਾਕਸ਼ੀ ਗੁਲੇਰੀਆ ਵੱਲੋਂ ਪੂਰਾ ਸਹਿਯੋਗ ਦਿੱਤਾ ਗਿਆ। ਉਨ੍ਹਾਂ ਦੱਸਿਆ ਕਿ ਇਹ ਕੈਲੰਡਰ ਬੱਚਿਆਂ ਦੇ ਨਾਲ-ਨਾਲ ਉਨ੍ਹਾਂ ਦੇ ਮਾਤਾ-ਪਿਤਾ ਲਈ ਵੀ ਮਦਦਗਾਰ ਹੋਵੇਗਾ, ਕਿਉਂਕਿ ਇਸ ਵਿੱਚ ਅਗਲੇ ਸੈਸ਼ਨ (2024-2025) 'ਚ ਹੋਣ ਵਾਲੀਆਂ ਗਤੀਵਿਧੀਆਂ ਬਾਰੇ ਵਿਸਥਾਰ ਸਹਿਤ ਦੱਸਿਆ ਗਿਆ ਹੈ। ਸਕੂਲ ਚੇਅਰਮੈਨ ਸੁਭਾਸ਼ ਪਲਤਾ ਨੇ ਕਿਹਾ ਕਿ ਬੱਚਿਆਂ ਦੀ ਨੈਤਿਕ ਤੇ ਸੱਭਿਆਚਾਰਕ ਸਿੱਖਿਆ 'ਚ ਵਾਧਾ ਕਰਨ ਲਈ ਅਜਿਹੇ ਤਿਉਹਾਰ ਮਨਾਉਂਦੇ ਹਾਂ ਤੇ ਅਗਲੇ ਸੈਸ਼ਨ 'ਚ ਹੋਰ ਵੀ ਬਹੁਤ ਕੁਝ ਨਵਾਂ ਬੱਚਿਆਂ ਨੂੰ ਸਿੱਖਣ ਲਈ ਮਿਲੇਗਾ। ਇਸ ਮੌਕੇ ਸਮੂਹ ਸਕੂਲ ਸਟਾਫ ਹਾਜ਼ਰ ਸੀ।

# ਸੂਬੇ ਦੇ ਮੌਜੂਦਾ ਹਾਲਾਤ ਲਈ ਕਾਂਗਰਸ ਤੇ ਆਪ ਸਾਂਝੇ ਤੌਰ 'ਤੇ ਜ਼ਿੰਮੇਵਾਰ : ਸੁਖਬੀਰ

- ਪੰਜਾਬੀਆਂ ਨੂੰ 'ਪੰਜਾਬ ਬਚਾਓ ਯਾਤਰਾ' ਦੀ ਡਟਵੀਂ ਹਮਾਇਤ ਦੀ ਅਪੀਲ
- ਮਾਘੀ ਮੇਲੇ ਮੌਕੇ ਵਿਸ਼ਾਲ ਸਿਆਸੀ ਕਾਨਫਰੰਸ ਨੂੰ ਕੀਤਾ ਸੰਬੋਧਨ




**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਪਰਮਜੀਤ ਸਿੰਘ)**-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ੍. ਸੁਖਬੀਰ ਸਿੰਘ ਬਾਦਲ ਨੇ ਅੱਜ ਪੰਜਾਬੀਆਂ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਤੇ ਇਸ ਦੇ ਲੋਕਾਂ ਨੂੰ ਬਚਾਉਣ ਲਈ 1 ਫਰਵਰੀ ਤੋਂ ਸ਼ੁਰੂ ਕੀਤੀ ਜਾ ਰਹੀ ਪੰਜਾਬ ਬਚਾਓ ਯਾਤਰਾ ਦੀ ਦਿਲੋਂ ਤੇ ਡੱਟਵੀਂ ਹਮਾਇਤ ਕਰਨ। ਇਥੇ ਇਤਿਹਾਸਕ ਮਾਘੀ ਮੇਲੇ 'ਤੇ ਵਿਸ਼ਾਲ ਸਿਆਸੀ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਨੇ ਕਿਹਾ ਕਿ ਅਸੀਂ ਪੰਜਾਬ ਨੂੰ ਆਮ ਆਦਮੀ ਪਾਰਟੀ ਤੇ ਇਸ ਦੇ ਮੁੱਖ ਮੰਤਰੀ ਸ੍ਰੀ ਭਗਵੰਤ ਮਾਨ ਤੋਂ ਬਚਾਉਣਾ ਹੈ, ਜਿਸ ਨੇ ਸੂਬੇ ਨੂੰ ਕੰਗਾਲ ਕਰ ਦਿੱਤਾ ਤੇ ਅਰਥਚਾਰਾ ਤਬਾਹ ਕਰ ਦਿੱਤਾ ਅਤੇ ਸਮਾਜ ਦੇ ਹਰ ਵਰਗ ਨਾਲ ਧੋਖਾ ਕਰ ਕੇ ਹਰ ਮੁਹਾਜ 'ਤੇ ਸਰਕਾਰ ਫੇਲ੍ਹ ਸਾਬਿਤ ਹੋਈ ਹੈ। ਸ੍ਰੀ ਬਾਦਲ ਨੇ ਪੰਜਾਬੀਆਂ ਨੂੰ ਆਪ-ਕਾਂਗਰਸ ਗੱਠਜੋੜ, ਜੋ ਅਗਲੀਆਂ ਸੰਸਦੀ ਚੋਣਾਂ ਦੇ ਸੰਬੰਧ ਵਿੱਚ ਛੇਤੀ ਹੀ ਬਣਨ ਜਾ ਰਿਹਾ ਹੈ, ਨੂੰ ਵੀ ਨਕਾਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਇਨ੍ਹਾਂ ਪਾਰਟੀਆਂ ਨੇ ਤੁਹਾਨੂੰ ਤੇ ਸੂਬੇ ਨੂੰ ਲੁੱਟਿਆ ਹੈ ਤੇ ਹੁਣ ਇਹ ਅਪਵਿੱਤਰ ਗੱਠਜੋੜ, ਜੋ ਸੂਬੇ ਦੇ ਹਿੱਤਾਂ ਲਈ ਮਾਰੂ ਸਾਬਿਤ ਹੋਣ ਵਾਲਾ ਹੈ, ਕਰ ਕੇ ਤੁਹਾਡੀਆਂ ਵੋਟਾਂ ਲੁੱਟਣਾ ਚਾਹੁੰਦੇ ਹਨ। ਉਨ੍ਹਾਂ ਕਿਸੇ ਨਾ ਕਿਸੇ ਕਾਰਨ ਆਪਣੀ ਮਾਂ ਪਾਰਟੀ ਛੱਡ ਕੇ ਗਏ ਅਕਾਲੀ ਆਗੂਆਂ ਨੂੰ ਮੁੜ ਪਾਰਟੀ ਵਿੱਚ ਪਰਤਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਸਾਡੇ ਸੂਬੇ 'ਤੇ ਕਾਂਗਰਸ ਤੇ ਆਪ ਦੋਵਾਂ ਨੇ ਹਮਲਾ ਕੀਤਾ ਹੈ, ਜੋ ਮੌਜੂਦਾ ਹਾਲਤਾਂ ਲਈ ਸਾਂਝੇ ਤੌਰ 'ਤੇ ਜ਼ਿੰਮੇਵਾਰ ਹਨ। ਉਨ੍ਹਾਂ ਕਿਹਾ ਕਿ ਸਾਨੂੰ ਇਸ ਅਪਵਿੱਤਰ ਗੱਠਜੋੜ ਨੂੰ ਹਰਾਉਣਾ ਪਵੇਗਾ ਤਾਂ ਜੋ ਪੰਜਾਬ ਜਿੱਤ ਜਾਵੇ। ਉਨ੍ਹਾਂ ਕਿਹਾ ਕਿ ਇੱਕ ਖੇਤਰੀ ਪਾਰਟੀ ਹੋਣ ਦੇ ਕਾਰਨ ਸਿਰਫ ਸ਼੍ਰੋਮਣੀ ਅਕਾਲੀ ਦਲ ਹੀ ਹੈ, ਜਿਸ ਦਾ ਇਕਲੌਤਾ ਮਕਸਦ ਪੰਜਾਬੀਆਂ ਦੀ ਭਲਾਈ ਦੀ ਰਾਖੀ ਕਰਨਾ ਤੇ ਉਹਨਾਂ ਦੇ ਹੱਕਾਂ ਲਈ ਲੜ ਕੇ ਸੂਬੇ ਨੂੰ ਅੱਗੇ ਲਿਜਾਣਾ ਹੈ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸਿੱਖ ਕੌਮ ਨੂੰ ਅਪੀਲ ਕੀਤੀ ਕਿ ਉਹ ਉਨ੍ਹਾਂ ਗੱਦਾਰਾਂ ਦੀ ਪਛਾਣ ਕਰਨ, ਜੋ ਪੰਥ ਦੇ ਏਕੇ ਦੇ ਰਾਹ ਵਿੱਚ ਰੁਕਾਵਟ ਬਣ ਰਹੇ ਹਨ। ਉਨ੍ਹਾ ਕਿਹਾ ਕਿ ਅਜਿਹੀਆਂ ਤਾਕਤਾਂ ਸ੍. ਸੁਖਬੀਰ ਸਿੰਘ ਬਾਦਲ ਵੱਲੋਂ ਸ੍ਰੀ ਅਕਾਲ ਤਖਤ ਸਾਹਿਬ 'ਤੇ ਸਾਫ ਦਿਲ ਨਾਲ ਮੰਗੀ ਮੁਆਫੀ ਤੋਂ ਪ੍ਰੇਸ਼ਾਨ ਹੋ ਗਏ ਹਨ। ਉਨ੍ਹਾਂ ਸੰਗਤ ਨੂੰ ਅਪੀਲ ਕੀਤੀ ਕਿ ਉਹ ਪੰਥ ਨੂੰ ਮਜ਼ਬੂਤ ਕਰਨ ਵਾਸਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਆ ਰਹੀਆਂ ਚੋਣਾਂ ਲਈ ਵੋਟਾਂ ਰਜਿਸਟਰ ਕਰਵਾਉਣ। ਇਸ ਮੌਕੇ ਸੀਨੀਅਰ ਆਗੂ ਬਲਵਿੰਦਰ ਸਿੰਘ ਭੂੰਦੜ, ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ, ਸਿਕੰਦਰ ਸਿੰਘ ਮਲੂਕਾ ਤੇ ਡਾ. ਦਲਜੀਤ ਸਿੰਘ ਚੀਮਾ ਨੇ ਸਾਬਕਾ ਮੁੱਖ ਮੰਤਰੀ ਪ੍ਰਕਾਸ ਸਿੰਘ ਬਾਦਲ ਵੱਲੋਂ ਪੰਜਾਬ 'ਚ ਸ਼ਾਂਤੀ ਤੇ ਆਪਸੀ ਭਾਈਚਾਰਕ ਸਾਂਝ ਮਜ਼ਬੂਤ ਕਰਨ ਲਈ ਪਾਏ ਯੋਗਦਾਨ ਤੇ ਨਾਲ ਹੀ ਕਰਵਾਏ ਅਣਕਿਆਸੇ ਵਿਕਾਸ ਤੇ ਨਿਵੇਕਲੀਆਂ ਸਮਾਜ ਭਲਾਈ ਸਕੀਮਾਂ ਤੇ ਲਾਭਾਂ ਦਾ ਜ਼ਿਕਰ ਕੀਤਾ। ਇਸ ਮੌਕੇ ਇਸਤਰੀ ਅਕਾਲੀ ਦਲ ਦੇ ਪ੍ਰਧਾਨ ਬੀਬੀ ਹਰਗੋਬਿੰਦ ਕੌਰ, ਸੀਨੀਅਰ ਆਗੂ ਕੰਵਰਜੀਤ ਸਿੰਘ ਬਰਕੰਦੀ ਤੇ ਸ੍ਰੀ ਮੁਕਤਸਰ ਸਾਹਿਬ ਦੇ ਜ਼ਿਲ੍ਹਾ ਪ੍ਰਧਾਨ ਪ੍ਰੀਤਇੰਦਰ ਸਿੰਘ ਸੰਮੇਵਾਲੀ ਨੇ ਵੀ ਸੰਬੋਧਨ ਕੀਤਾ।

# ਬਾਬਾ ਬਲਬੀਰ ਸਿੰਘ ਦੀ ਅਗਵਾਈ ਹੇਠ ਨਿਹੰਗ ਸਿੰਘਾਂ ਵੱਲੋਂ ਮਹੱਲਾ ਅੱਜ

**ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਪਰਮਜੀਤ ਸਿੰਘ)**-ਮੁਕਤਸਰ ਦੇ 40 (ਮੁਕਤਿਆਂ) ਸ਼ਹੀਦ ਸਿੰਘਾਂ ਦੀ ਯਾਦ ਨੂੰ ਸਮਰਪਤ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾਂ ਤਖ਼ਤ ਚਲਦਾ ਵਹੀਰ ਚੱਕਰਵਰਤੀ ਵੱਲੋਂ ਚਲੀ ਆਉਂਦੀ ਖਾਲਸਾਈ ਰਵਾਇਤ ਅਨੁਸਾਰ 15 ਜਨਵਰੀ ਨੂੰ ਸਮੂਹ ਨਿਹੰਗ ਸਿੰਘਾਂ ਦਲਾਂ ਦੇ ਸਹਿਯੋਗ ਨਾਲ ਪੁਰਾਤਨ ਖਾਲਸਾਈ ਪਰੰਪਰਾ ਅਨੁਸਾਰ ਗੁਰਦੁਆਰਾ ਬਾਬਾ ਨੈਣਾ ਸਿੰਘ ਜੀ ਛਾਉਣੀ ਬੁੱਢਾ ਦਲ ਨੇੜੇ ਗੁਰਦੁਆਰਾ ਤੰਬੂ ਸਾਹਿਬ ਸ੍ਰੀ ਮੁਕਤਸਰ ਸਾਹਿਬ ਤੋਂ ਖਾਲਸਾਈ ਸਿੱਖੀ ਜਾਹੋ ਜਲਾਲ ਨਾਲ ਨਿਹੰਗ ਸਿੰਘਾਂ ਵੱਲੋਂ ਮਹੱਲਾ ਕੱਢਿਆ ਜਾਵੇਗਾ। ਬੁੱਢਾ ਦਲ ਦੀ ਛਾਉਣੀ ਤੋਂ ਜਾਰੀ ਬਿਆਨ ਵਿੱਚ ਦਲ ਦੇ ਸਕੱਤਰ ਦਿਲਜੀਤ ਸਿੰਘ ਬੇਦੀ ਨੇ ਦੱਸਿਆ ਕਿ ਗੁਰੂ ਸਾਹਿਬਾਨ ਦੇ ਸਮਿਆਂ ਤੋਂ ਖਾਲਸਾ ਪੰਥ ਵੱਲੋਂ ਮਹੱਲਾ ਕੱਢਣ ਦੀ ਰਵਾਇਤ ਚਲੀ ਆ ਰਹੀ ਹੈ। ਨਿਹੰਗ ਸਿੰਘ ਸ੍ਰੀ ਗੁਰੂ ਗ੍ਰੰਥ ਸਾਹਿਬ, ਸ੍ਰੀ ਦਸਮ ਗ੍ਰੰਥ ਤੇ ਸਰਬਲੋਹ ਗ੍ਰੰਥ ਦੇ ਅਖੰਡ ਪਾਠਾਂ ਦੇ ਭੋਗ ਉਪਰੰਤ ਮਹੱਲਾ ਕੱਢਦੇ ਹਨ। ਇਹ ਮਹੱਲਾ ਗੁਰਦੁਆਰਾ ਬਾਬਾ ਨੈਣਾ ਸਿੰਘ ਜੀ ਜੋ ਬੁੱਢਾ ਦਲ ਦੇ ਪੰਜਵੇਂ ਜਥੇਦਾਰ ਹੋਏ ਹਨ, ਦੇ ਅਸਥਾਨ ਬੁੱਢਾ ਦਲ ਦੀ ਛਾਉਣੀ ਨੇੜੇ ਗੁਰਦੁਆਰਾ ਤੰਬੂ ਸਾਹਿਬ ਸ੍ਰੀ ਮੁਕਤਸਰ ਸਾਹਿਬ ਤੋਂ ਦਸਮ ਪਾਤਸ਼ਾਹ ਵੱਲੋਂ ਬੁੱਢਾ ਦਲ ਨੂੰ ਬਖਸ਼ਿਸ਼ ਨਿਸ਼ਾਨ ਸਾਹਿਬ, ਨਿਗਾਰਿਆਂ, ਧੌਂਸਿਆਂ ਦੀ ਛਤਰ ਛਾਇਆ ਤੇ ਸ਼੍ਰੋਮਣੀ ਸੇਵਾ ਰਤਨ, ਸ਼੍ਰੋਮਣੀ ਪੰਥ ਰਤਨ ਸਿੰਘ ਸਾਹਿਬ ਬਾਬਾ ਬਲਬੀਰ ਸਿੰਘ 96 ਕਰੋੜੀ ਦੀ ਅਗਵਾਈ ਹੇਠ ਆਰੰਭ ਹੋਵੇਗਾ, ਜਿਸ ਵਿੱਚ ਨਿਹੰਗ ਸਿੰਘ ਆਪਣੇ ਘੋੜਿਆਂ ਨੂੰ ਸ਼ਿੰਗਾਰ ਕੇ ਰਵਾਇਤੀ ਸ਼ਸ਼ਤਰਾਂ ਨਾਲ ਸਵਾਰੀ ਕਰਨਗੇ। ਮਹੱਲੇ ਵਿੱਚ ਸਭ ਨਿਹੰਗ ਸਿੰਘ ਦਲਾਂ ਦੇ ਮੁਖੀ ਜਥੇਦਾਰ ਸਾਹਿਬਾਨ ਬੇਅੰਤ ਨਿਹੰਗ ਸਿੰਘ ਗੁਰੂ ਦੀਆਂ ਲਾਡਲੀਆਂ ਫੌਜਾਂ ਸ਼ਾਮਲ ਹੋਣਗੀਆਂ ਤੇ ਗੁਰਦੁਆਰਾ ਟਿੱਬੀ ਸਾਹਿਬ ਦੇ ਨਜ਼ਦੀਕ ਮੈਦਾਨ ਵਿੱਚ ਮਹੱਲਾ ਖੇਡਿਆ ਜਾਵੇਗਾ, ਜਿਥੇ ਨਿਹੰਗ ਸਿੰਘ ਘੋੜਿਆਂ ਦੀਆਂ ਦੌੜਾਂ ਤੇ ਗੱਤਕੇ ਦੇ ਜੌਹਰ ਵਿਖਾਉਣਗੇ।

# ਕੈਬਨਿਟ ਮੰਤਰੀ ਖੁੱਡੀਆਂ ਤੇ ਡਾ: ਬਲਜੀਤ ਕੌਰ ਹੁਨਰ ਹਾਟ 'ਚ ਪਹੁੰਚੇ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-40 ਮੁਕਤਿਆਂ ਦੀ ਯਾਦ ਵਿੱਚ ਲੱਗਣ ਵਾਲੇ ਮਾਘੀ ਜੋੜ ਮੇਲੇ ਮੌਕੇ ਮੁੱਖ ਮੰਤਰੀ ਸ੍: ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਇਸ ਵਾਰ ਇੱਕ ਨਵੀਂ ਪਹਿਲ ਕਦਮੀ ਕਰਦਿਆਂ ਇੱਥੋਂ ਦੇ ਸ੍ਰੀ ਗੁਰੂ ਗੋਬਿੰਦ ਸਿੰਘ ਪਾਰਕ ਵਿਖੇ 3 ਦਿਨਾਂ ਹੁਨਰ ਹਾਟ ਤੇ 2 ਦਿਨਾਂ ਸਰਬੰਸਦਾਨੀ ਲਾਈਟ ਐਂਡ ਸਾਊਂਡ ਦੇ ਉਲੀਕੇ ਪ੍ਰੋਗਰਾਮ ਵਿਚ ਪੰਜਾਬ ਦੇ ਸਮਾਜਿਕ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ ਵਿਭਾਗ ਦੇ ਮੰਤਰੀ ਡਾ: ਬਲਜੀਤ ਕੌਰ ਤੇ ਖੇਤੀਬਾੜੀ ਮੰਤਰੀ ਸ੍: ਗੁਰਮੀਤ ਸਿੰਘ ਖੁੱਡੀਆਂ ਵਿਸ਼ੇਸ਼ ਤੌਰ 'ਤੇ ਪੁੱਜੇ। ਇਸ ਮੌਕੇ ਉਨ੍ਹਾਂ ਇੱਥੇ ਸਟਾਲ ਲਗਾਉਣ ਵਾਲੇ ਵੱਖ ਵੱਖ ਉਦਮੀਆਂ ਦੀ ਹੌਸਲਾ ਅਫਜ਼ਾਈ ਕੀਤੀ। ਇਸ ਮੌਕੇ ਉਨ੍ਹਾਂ ਨਾਲ ਸ੍ਰੀ ਮੁਕਤਸਰ ਸਾਹਿਬ ਦੇ ਵਿਧਾਇਕ ਸ੍ਰੀ ਜਗਦੀਪ ਸਿੰਘ ਕਾਕਾ ਬਰਾੜ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਇਸ ਤੋਂ ਪਹਿਲਾਂ ਉਨ੍ਹਾਂ ਨੇ ਦਰਬਾਰ ਸਾਹਿਬ ਟੁੱਟੀ ਗੰਢੀ ਸਾਹਿਬ ਸ੍ਰੀ ਮੁਕਤਸਰ ਸਾਹਿਬ ਵਿਖੇ ਜਾ ਕੇ ਵੀ ਮਾਘੀ ਦੇ ਪਵਿੱਤਰ ਮੌਕੇ ਸਰਬਤ ਦੇ ਭਲੇ ਦੀ ਅਰਦਾਸ ਕੀਤੀ। ਹੁਨਰ ਹਾਟ ਵਿਖੇ ਆਪਣੇ ਸੰਬੋਧਨ ਵਿੱਚ ਸ੍: ਖੁੱਡੀਆਂ ਨੇ ਚਾਲੀ ਮੁਕਤਿਆਂ ਦੀ ਸ਼ਹਾਦਤ ਨੂੰ ਨਮਨ ਕਰਦਿਆਂ ਦੱਸਿਆ ਕਿ ਇਸ ਵਾਰ ਪੰਜਾਬ ਸਰਕਾਰ ਨੇ ਇੱਥੇ ਹੁਨਰ ਹਾਟ ਲਗਾਉਣ ਦਾ ਉਪਰਾਲਾ ਕੀਤਾ ਹੈ, ਜਿਸ ਦਾ ਉਦੇਸ਼ ਸਾਡੇ ਛੋਟੇ ਉਦਮੀਆਂ, ਕਿਸਾਨ ਸਮੂਹਾਂ ਅਤੇ ਛੋਟੇ ਤੇ ਪ੍ਰਗਤੀਸ਼ੀਲ ਕਿਸਾਨਾਂ ਨੂੰ ਇਕ ਮੰਚ ਮੁਹੱਈਆ ਕਰਵਾਉਣਾ ਹੈ। ਉਨ੍ਹਾ ਕਿਹਾ ਕਿ ਸੂਬਾ ਸਰਕਾਰ ਕਿਸਾਨਾਂ ਦੀ ਆਮਦਨ ਵਾਧੇ ਲਈ ਦ੍ਰਿੜ੍ਹ ਸੰਕਲਪ ਹੈ ਤੇ ਇਸ ਤਰ੍ਹਾਂ ਦੇ ਹੁਨਰ ਹਾਟ ਇਸੇ ਲੜੀ ਵਿੱਚ ਉਲੀਕੇ ਜਾ ਰਹੇ ਹਨ। ਡਾ: ਬਲਜੀਤ ਕੌਰ ਨੇ ਮਾਘੀ ਦਾ ਇਤਿਹਾਸ ਤੇ ਮਾਈ ਭਾਗੋ ਨੂੰ ਯਾਦ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਹੁਨਰ ਹਾਟ ਮਹਿਲਾ ਸ਼ਸਕਤੀਕਰਨ ਵਿੱਚ ਵੀ ਸਹਾਈ ਸਿੱਧ ਹੋਣਗੇ। ਵਿਧਾਇਕ ਕਾਕਾ ਬਰਾੜ ਨੇ ਕੈਬਿਨਟ ਮੰਤਰੀਆਂ ਤੇ ਸੰਗਤ ਨੂੰ ਹੁਨਰ ਹਾਟ ਵਿਖੇ ਆਉਣ ਲਈ ਜੀ ਆਇਆਂ ਨੂੰ ਆਖਦਿਆਂ ਦੱਸਿਆ ਕਿ ਇਹ ਹੁਨਰ ਹਾਟ 15 ਜਨਵਰੀ ਨੂੰ ਪੂਰਾ ਦਿਨ ਚੱਲੇਗਾ ਤੇ ਸ਼ਾਮ ਨੂੰ ਲਾਈਟ ਐਂਡ ਸਾਊਂਡ ਪ੍ਰੋਗਰਾਮ ਹੋਵੇਗਾ। ਇਸ ਵਿਚ ਦਾਖਲਾ ਮੁਫਤ ਹੈ। ਇਸ ਮੌਕੇ ਡਿਪਟੀ ਕਮਿਸ਼ਨਰ ਡਾ: ਰੂਹੀ ਦੁੱਗ, ਐੱਸ ਡੀ ਐੱਮ ਕੰਵਰਜੀਤ ਸਿੰਘ ਮਾਨ, ਜਗਦੇਵ ਸਿੰਘ ਬਾਮ, ਜਸਨ ਬਰਾੜ, ਰਣਧੀਰ ਸਿੰਘ ਧੀਰਾ, ਚੇਅਰਮੈਨ ਸੁਖਜਿੰਦਰ ਸਿੰਘ ਕੌਣੀ, ਚੇਅਰਮੈਨ ਰਛਪਾਲ ਸਿੰਘ, ਗੁਰਬਾਜ ਸਿੰਘ ਵਣਵਾਲਾ ਸਮੇਤ ਅਹੁਦੇਦਾਰ ਤੇ ਪਤਵੰਤੇ ਹਾਜ਼ਰ ਸਨ।

# ਮਿੰਨੀ ਸਕੱਤਰੇਤ ਵਿਖੇ ਸੁਤੰਤਰਤਾ ਸੰਗਰਾਮੀ ਪਰਵਾਰਾਂ ਦੀ ਭਲਾਈ ਲਈ ਮਹੀਨੇਵਾਰ ਮੀਟਿੰਗ




**ਨਾਭਾ (ਵਰਿੰਦਰ ਵਰਮਾ)**

ਡਿਪਟੀ ਕਮਿਸਨਰ ਦਫ਼ਤਰ ਪਟਿਆਲਾ ਵਿਖੇ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਦੇਸ਼ ਦੀ ਅਜ਼ਾਦੀ ਸਮੇਂ ਅਹਿਮ ਯੋਗਦਾਨ ਪਾਉਣ ਵਾਲੇ ਮਹਾਨ ਦੇਸ਼ ਭਗਤਾਂ ਸੁਤੰਤਰਤਾ ਸੰਗਰਾਮੀ ਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਮਹੀਨੇਵਾਰ ਮੀਟਿੰਗ ਦਾ ਆਯੋਜਨ ਕੀਤਾ ਗਿਆ।ਜਿਸ ਵਿਚ ਸੁਤੰਤਰਤਾ ਸੰਗਰਾਮੀ ਉਤਰਾਧਿਕਾਰੀ ਐਸੋਸੀਏਸ਼ਨ ਪੰਜਾਬ ਰਜਿ: ਨੰ 234 ਦੇ ਸੱਦੇ ਤਹਿਤ ਜ਼ਿਲ੍ਹਾ ਪਟਿਆਲਾ ਦੇ ਸੁਤੰਤਰਤਾ ਸੰਗਰਾਮੀ ਪਰਿਵਾਰਾਂ ਨੇ ਸ਼ਿਰਕਤ ਕੀਤੀ। ਡਿਪਟੀ ਕਮਿਸ਼ਨਰ ਪਟਿਆਲਾ ਸਾਕਸ਼ੀ ਸਾਹਨੀ ਦੀ ਅਗਵਾਈ ਹੇਠ ਸਹਾਇਕ ਕਮਿਸ਼ਨਰ (ਜ) ਪੀਸੀਐਸ ਰਵਿੰਦਰ ਸਿੰਘ ਨੇ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਸੁਤੰਤਰਤਾ ਸੰਗਰਾਮੀ ਪਰਵਾਰਾਂ ਨੂੰ ਪੇਸ਼ ਆ ਰਹੀਆਂ ਸਮੱਸਿਆਵਾਂ ਨੂੰ ਹੱਲ ਕਰਨ ਦੇ ਨਿਰਦੇਸ਼ ਸਬੰਧਤ ਮਹਿਕਮੇ ਦੇ ਅਧਿਕਾਰੀਆਂ ਨੂੰ ਦਿੱਤੇ। ਸਹਾਇਕ ਕਮਿਸ਼ਨਰ ਨੇ ਪਰਵਾਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ 26 ਜਨਵਰੀ ਦੇ ਰਾਜ ਪੱਧਰੀ ਸਮਾਗਮ ਵਿੱਚ ਸੁਤੰਤਰਤਾ ਸੰਗਰਾਮੀਆਂ ਤੇ ਪਰਵਾਰਾਂ ਨੂੰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪੂਰਾ ਮਾਣ ਸਤਿਕਾਰ ਦਿੱਤਾ ਜਾਵੇਗਾ। ਮੀਟਿੰਗ ਦੌਰਾਨ ਸੁਤੰਤਰਤਾ ਸੰਗਰਾਮੀ ਪਰਿਵਾਰਾਂ ਦੀ ਨੁਮਾਇੰਦਗੀ ਕਰਦੇ ਹੋਏ ਸੂਬਾ ਜਨਰਲ ਸਕੱਤਰ ਇੰਦਰਪਾਲ ਸਿੰਘ ਧਾਲੀਵਾਲ ਸੋਨੀ ਅਤੇ ਜ਼ਿਲ੍ਹਾ ਪ੍ਰਧਾਨ ਅਮਰਪ੍ਰੀਤ ਸਿੰਘ ਬੋਬੀ ਨੇ ਸਹਾਇਕ ਕਮਿਸ਼ਨਰ ਰਵਿੰਦਰ ਸਿੰਘ ਸਾਹਮਣੇ ਪਿਛਲੇ ਏਜੰਡਿਆਂ ਨੂੰ ਪੂਰਾ ਕਰਨ ਦੀ ਅਪੀਲ ਕੀਤੀ। ਆਗੂਆਂ ਨੇ ਕਿਹਾ ਕਿ ਜ਼ਿਲ੍ਹਾ ਪਟਿਆਲਾ ਵਿਖੇ ਆਜ਼ਾਦੀ ਘੁਲਾਟੀਆਂ ਦੀ ਯਾਦ ਨੂੰ ਸਮਰਪਤ ਯਾਦਗਾਰੀ ਹਾਲ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਖਿਲਾਫ਼ ਕਲਿਆਣ ਟੋਲ ਪਲਾਜ਼ਾ ਅਤੇ ਜ਼ੀਰਕਪੁਰ ਟੋਲ ਪਲਾਜ਼ਾ ਕ੍ਰਮਚਾਰੀਆਂ ਵੱਲੋਂ ਸੁਤੰਤਰਤਾ ਸੰਗਰਾਮੀ ਪਰਵਾਰਾਂ ਦੀ ਧੱਕੇ ਨਾਲ ਪਰਚੀ ਵਸੂਲੀ ਜਾਂਦੀ ਹੈ, ਜਿਸ ਕਾਰਨ ਸੁਤੰਤਰਤਾ ਸੰਗਰਾਮੀ ਪਰਵਾਰਾਂ ਵਿੱਚ ਰੋਸ ਦੀ ਲਹਿਰ ਹੈ। ਆਗੂਆਂ ਨੇ ਟੋਲ ਕ੍ਰਮਚਾਰੀਆਂ ਵਿਰੁੱਧ ਸਖਤ ਕਾਰਵਾਈ ਦੀ ਮੰਗ ਕੀਤੀ। ਸੁਤੰਤਰਤਾ ਸੰਗਰਾਮੀ ਪਰਵਾਰਾਂ ਨਾਲ ਸਬੰਧਤ ਸਮੱਸਿਆਵਾਂ ਦੇ ਤੁਰੰਤ ਹੱਲ ਲਈ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਸਹਾਇਕ ਕਮਿਸ਼ਨਰ ਵੱਲੋਂ ਹਦਾਇਤਾਂ ਜਾਰੀ ਕੀਤੀਆਂ ਗਈਆਂ। ਇਸ ਮੌਕੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਸਮੇਤ ਐਮ ਏ ਬ੍ਰਾਂਚ ਅਧਿਕਾਰੀ ਸੰਜੀਵ ਕੁਮਾਰ, ਸੂਬਾ ਜਰਨਲ ਸਕੱਤਰ ਇੰਦਰਪਾਲ ਸਿੰਘ ਧਾਲੀਵਾਲ ਸੋਨੀ, ਜ਼ਿਲ੍ਹਾ ਪ੍ਰਧਾਨ ਅਮਰਪ੍ਰੀਤ ਬੋਬੀ, ਰਾਜ ਕੁਮਾਰ ਡਕਾਲਾ ਜਨਰਲ ਸਕੱਤਰ, ਅਜੇ ਖੰਨਾ ਸੀਨੀਅਰ ਮੀਤ ਪ੍ਰਧਾਨ, ਬਲਜੀਤ ਕੌਰ ਮੱਲ੍ਹੀ ਮੀਤ ਪ੍ਰਧਾਨ, ਵਰਿੰਦਰ ਵਡੇਰਾ ਸਕੱਤਰ, ਗੁਰਪ੍ਰੀਤ ਸਿੰਘ ਕੋਹਲੀ ਖ਼ਜ਼ਾਨਚੀ, ਪ੍ਰਚਾਰ ਸਕੱਤਰ ਕਮਲਦੀਪ ਸਿੰਘ ਗਿੱਲ, ਰਾਜਿੰਦਰ ਸਿੰਘ ਚਲੈਲਾ, ਗੁਰਇਕਬਾਲ ਸਿੰਘ ਸੰਧੂ, ਬਚਿੱਤਰ ਸਿੰਘ, ਹਰਨੇਕ ਸਿੰਘ ਭੁੱਲਰ, ਗੁਰਬਚਨ ਸਿੰਘ ਮਕਬੂਲਪੁਰ ਭੈਣੀ, ਪਰਮਜੀਤ ਸਿੰਘ, ਕੁਨਾਲ ਮਲਹੋਤਰਾ, ਜਸਵੰਤ ਸਿੰਘ, ਗੀਤਾ ਕੌਰ, ਬਲਵਿੰਦਰ ਸਿੰਘ, ਤਰਲੋਚਨ ਸਿੰਘ ਆਦਿ ਸੁਤੰਤਰਤਾ ਸੰਗਰਾਮੀ ਉਤਰਾਧਿਕਾਰੀ ਸ਼ਾਮਲ ਹੋਏ।

# ਵੱਖਰੇ ਅੰਦਾਜ਼ 'ਚ ਮਨਾਈ ਬਲੌਜਮਜ਼ ਕਾਨਵੈਂਟ ਸਕੂਲ ਨੇ ਲੋਹੜੀ



**ਜਗਰਾਉਂ (ਅਮਿਤ ਖੰਨਾ)**-ਬਲੌਜਮਜ ਕਾਨਵੈਂਟ ਸਕੂਲ ਵਿਖੇ ਹਰ ਵਰ੍ਹੇ ਦੀ ਤਰ੍ਹਾਂ ਲੋਹੜੀ ਦਾ ਪਵਿੱਤਰ ਤਿਉਹਾਰ ਬੜੀ ਧੂਮ-ਧਾਮ ਨਾਲ ਮਨਾਇਆ ਗਿਆ। ਸਕੂਲ ਦੇ ਵਿਸ਼ਾਲ ਮੈਦਾਨਾਂ ਵਿੱਚ ਪੁਰਾਤਨ ਰੀਤੀ ਰਿਵਾਜਾਂ ਅਨੁਸਾਰ ਲੋਹੜੀ ਬਾਲੀ ਗਈ। ਸਕੂਲ ਦੇ ਨਿੱਕੇ-ਨਿੱਕੇ ਵਿਦਿਆਰਥੀਆਂ ਵੱਲੋਂ ਇਸ਼ਤਿਹਾਰ ਨੂੰ ਸਮਰਪਤ ਬੋਲੀਆਂ ਦੀ ਸਾਂਝ ਪਾਈ ਤੇ ਸਕੂਲ ਦੀਆਂ ਵਿਦਿਆਰਥਣਾਂ ਵੱਲੋਂ ਗਿੱਧਾ ਪੇਸ਼ ਕੀਤਾ ਗਿਆ। ਵਿਦਿਆਰਥੀਆਂ ਦੇ ਨਾਲ ਆਏ ਮਾਪਿਆਂ ਨੇ ਵੀ ਇਸ ਪ੍ਰੋਗਰਾਮ ਵਿੱਚ ਆਪੋ ਆਪਣੀ ਸਾਂਝ ਪਾਈ। ਸਕੂਲ ਦੇ ਪ੍ਰਿੰਸੀਪਲ ਡਾ. ਅਮਰਜੀਤ ਕੌਰ ਨਾਜ ਨੇ ਦੱਸਿਆ ਕਿ ਲੋਹੜੀ ਖੁਸ਼ੀਆਂ ਦਾ ਤਿਉਹਾਰ ਹੈ। ਅਸੀਂ ਹਰ ਵਰ੍ਹੇ ਆਪਣੇ ਸਕੂਲ ਵੱਲੋਂ ਇਹ ਤਿਉਹਾਰ ਧੀਆਂ ਨੂੰ ਸਮਰਪਤ ਕਰਦੇ ਹਾਂ, ਕਿਉਂਕਿ ਧੀਆਂ ਮਾਪਿਆਂ ਦਾ ਹੀ ਨਹੀਂ, ਪੂਰੇ ਦੇਸ ਦਾ ਮਾਣ ਹੁੰਦੀਆਂ ਹਨ ਤੇ ਮੇਰੀ ਮਾਪਿਆਂ ਨੂੰ ਇੱਥੇ ਇੱਕ ਗੁਜ਼ਾਰਿਸ਼ ਹੈ ਕਿ ਉਹ ਸਾਡੇ ਵਿਰਸੇ ਨਾਲ ਜੁੜੇ ਹੋਏ ਸਾਰੇ ਤਿਉਹਾਰਾਂ ਨੂੰ ਮਨਾ ਕੇ ਆਪਣੇ ਬੱਚਿਆਂ ਨੂੰ ਚੰਗੇ ਸੰਸਕਾਰ ਦਿਓ ਤਾਂ ਜੁ ਉਹ ਪੰਜਾਬੀ ਸੱਭਿਆਚਾਰ ਵਿੱਚੋਂ ਅਲੋਪ ਹੋ ਰਹੇ ਕੁਝ ਤਿਉਹਾਰ ਮੁੜ ਸੁਰਜੀਤ ਹੋ ਸਕਣ। ਉਨ੍ਹਾਂ ਕਿਹਾ ਕਿ ਅਸੀਂ ਆਪਣੇ ਵਿਦਿਆਰਥੀਆਂ ਨੂੰ ਇਨ੍ਹਾਂ ਤਿਉਹਾਰਾਂ ਰਾਹੀਂ ਸੱਭਿਆਚਾਰ ਦੀਆਂ ਖਤਮ ਹੋ ਰਹੀਆਂ ਜੜ੍ਹਾਂ ਨੂੰ ਮੁੜ ਪਕਿਆਈ ਦੇ ਰਾਹ 'ਤੇ ਤੋਰਨ ਦਾ ਯਤਨ ਕਰਦੇ ਹਾਂ ਅਤੇ ਹਮੇਸ਼ਾ ਕਰਦੇ ਰਹਾਂਗੇ। ਇਸ ਮੌਕੇ ਸਕੂਲ ਦੇ ਵਾਈਸ ਪ੍ਰਿੰਸੀਪਲ ਮਿਸਿਜ ਰੰਜਨਾ ਕੌਸ਼ਲ ਨੇ ਵੀ ਲੋਹੜੀ ਦੇ ਤਿਉਹਾਰ ਦੀਆਂ ਸਭ ਨੂੰ ਵਧਾਈਆਂ ਦਿੱਤੀਆਂ। ਇਸ ਦੇ ਨਾਲ ਹੀ ਸਕੂਲ ਦੇ ਪ੍ਰੈਜ਼ੀਡੈਂਟ ਮਨਪ੍ਰੀਤ ਸਿੰਘ ਬਰਾੜ ਨੇ ਵੀ ਇਸ ਤਿਉਹਾਰ ਦੀ ਸਮੁੱਚੇ ਸਮਾਜ ਨੂੰ ਵਧਾਈ ਦਿੱਤੀ।

# ਕਮਾਹੀ ਦੇਵੀ ਚੰਡੀਗੜ੍ਹ ਬੱਸ ਰੂਟ ਸ਼ੁਰੂ

**ਤਲਵਾੜਾ, ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)**-ਖ਼ੇਤਰ ਦੇ ਨੀਮ ਪਹਾੜੀ ਕਸਬਾ ਕਮਾਹੀ ਦੇਵੀ ਵਿਖੇ ਵਿਧਾਇਕ ਕਰਮਬੀਰ ਘੁੰਮਣ ਦੇ ਯਤਨਾਂ ਸਦਕਾ ਕਮਾਹੀ ਦੇਵੀ ਤੋਂ ਚੰਡੀਗੜ੍ਹ ਵਾਇਆ ਗੜ੍ਹਦੀਵਾਲਾ ਤੇ ਹੁਸ਼ਿਆਰਪੁਰ ਸਰਕਾਰੀ ਬੱਸ ਸੇਵਾ ਦਾ ਸ਼ੁੱਭ ਆਰੰਭ ਕੀਤਾ ਗਿਆ। ਅੱਜ ਇੱਥੇ ਵਿਧਾਇਕ ਘੁੰਮਣ ਅਤੇ ਮਾਤਾ ਕਮਾਹੀ ਦੇਵੀ ਮੰਦਰ ਦੇ ਮਹੰਤ ਰਾਜਗੀਰ ਮਹਾਰਾਜ ਨੇ ਸਾਂਝੇ ਰੂਪ 'ਚ 11 ਵਜੇ ਪੰਜਾਬ ਰੋਡਵੇਜ਼ ਦੀ ਬੱਸ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਇਸ ਮੌਕੇ ਵਿਧਾਇਕ ਘੁੰਮਣ ਨੇ ਮੁੱਖ ਮੰਤਰੀ ਭਗਵੰਤ ਮਾਨ, ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਅਤੇ ਪੰਜਾਬ ਰੋਡਵੇਜ਼ ਹੁਸ਼ਿਆਰਪੁਰ ਦੇ ਜਨਰਲ ਮੈਨੇਜਰ ਜਸਵੀਰ ਸਿੰਘ ਕੋਟਲਾ ਵੱਲੋਂ ਕਮਾਹੀ ਦੇਵੀ ਹੁਸ਼ਿਆਰਪੁਰ ਰੂਟ 'ਚ ਵਾਧਾ ਕਰਕੇ ਚੰਡੀਗੜ੍ਹ ਤੱਕ ਕਰਨ ਦੇ ਫੈਸਲੇ ਦਾ ਸਵਾਗਤ ਕੀਤਾ ਹੈ। ਇਸ ਰੂਟ 'ਤੇ ਸਰਕਾਰੀ ਬਸ ਸਰਵਿਸ



ਨਾਲ ਕਮਾਹੀ ਦੇਵੀ, ਲੱਗ, ਮਨਹੋਤਾ, ਰਘਵਾਲ, ਗੜ੍ਹਦੀਵਾਲਾ, ਹਰਿਆਣਾ ਆਦਿ ਨੀਮ ਪਹਾੜੀ ਪਿੰਡਾਂ ਦੇ ਲੋਕਾਂ ਨੂੰ ਲਾਭ ਮਿਲੇਗਾ। ਪਹਿਲਾਂ ਇਹ ਬੱਸ ਰੋਜ਼ਾਨਾ ਕਮਾਹੀ ਦੇਵੀ ਤੋਂ ਹੁਸ਼ਿਆਰਪੁਰ ਨੂੰ ਸਵੇਰੇ 6:50 ਵਜੇ ਚੱਲਦੀ ਸੀ ਅਤੇ ਸ਼ਾਮ ਨੂੰ ਵਾਪਸ ਪਰਤਦੀ ਸੀ। ਹੁਣ ਇਸ ਦਾ ਰੂਟ ਵਧਾ ਕੇ ਚੰਡੀਗੜ੍ਹ ਕਰ ਦਿੱਤਾ ਗਿਆ, ਜੋ ਚੰਡੀਗੜ੍ਹ ਤੋਂ ਕਰੀਬ 12 ਵਜੇ ਦੁਪਹਿਰ ਨੂੰ ਵਾਪਸ ਕਮਾਹੀ ਦੇਵੀ ਨੂੰ ਚੱਲਿਆ ਕਰੇਗੀ। ਕਮਾਹੀ ਦੇਵੀ ਮੰਦਰ ਦੇ ਮਹੰਤ ਰਾਜਗੀਰ ਮਹਾਰਾਜ ਨੇ ਕਮਾਹੀ ਦੇਵੀ ਖ਼ੇਤਰ ਦੀ ਚਿਰੋਕਣੀ ਮੰਗ ਨੂੰ ਪੂਰਾ ਕਰਨ 'ਤੇ ਵਿਧਾਇਕ ਘੁੰਮਣ, ਮੁੱਖ ਮੰਤਰੀ, ਪੰਜਾਬ ਭਗਵੰਤ ਮਾਨ, ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਅਤੇ ਪੰਜਾਬ ਰੋਡਵੇਜ਼ ਹੁਸ਼ਿਆਰਪੁਰ ਦੇ ਜਨਰਲ ਮੈਨੇਜਰ ਜਸਵੀਰ ਸਿੰਘ ਕੋਟਲਾ ਦਾ ਧੰਨਵਾਦ ਕੀਤਾ। ਇਸ ਮੌਕੇ 'ਤੇ ਹੋਰਨਾਂ ਤੋਂ ਇਲਾਵਾ ਸੁਪਰਵਾਈਜ਼ਰ ਮਹਿੰਦਰ ਸਿੰਘ, ਇੰਸਪੈਕਟਰ ਗੁਰਮੀਤ ਸਿੰਘ, ਸਬ ਇੰਸਪੈਕਟਰ ਅਮਿਤ ਆਨੰਦ, ਗੁਰਚਰਨ ਸਿੰਘ ਡਡਵਾਲ, ਸ਼ਿਵ ਦੱਤ ਭਟੇਡ, ਸਰਪੰਚ ਰਮਨ ਗੋਲਡੀ ਆਦਿ ਹਾਜ਼ਰ ਸਨ।

## ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਵੱਲੋਂ ਚਿਲਡਰਨ ਹੋਮ ਵਿਖੇ ਲੋਹੜੀ ਮੌਕੇ ਸਮਾਗਮ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ , ਓ ਪੀ ਰਾਣਾ)**-ਕੈਬਨਿਟ ਮੰਤਰੀ ਪੰਜਾਬ ਬ੍ਰਮ ਸ਼ੰਕਰ ਜਿੰਪਾ ਨੇ ਸੂਬੇ ਦੇ ਲੋਕਾਂ ਨੂੰ ਲੋਹੜੀ ਦੀ ਵਧਾਈ ਦਿੰਦੇ ਹੋਏ ਪ੍ਰਮਾਤਮਾ ਅੱਗੇ ਅਰਦਾਸ ਕੀਤੀ ਕਿ ਇਹ ਤਿਉਹਾਰ ਸਾਰਿਆਂ ਲਈ ਖ਼ੁਸ਼ੀਆਂ ਲੈ ਕੇ ਆਵੇ ਅਤੇ ਸਮਾਜ ਵਿਚ ਫੈਲੀਆਂ ਬੁਰਾਈਆਂ ਦਾ ਅੰਤ ਹੋਵੇ। ਉਹ ਚਿਲਡਰਨ ਹੋਮ ਰਾਮ ਕਲੋਨੀ ਕੈਂਪ ਵਿਖੇ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਵੱਲੋਂ ਕਰਵਾਏ ਲੋਹੜੀ ਸਮਾਗਮ ਦੌਰਾਨ ਬੱਚਿਆਂ ਨਾਲ ਲੋਹੜੀ ਮਨਾਉਣ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰ ਰਹੇ ਸਨ । ਇਸ ਦੌਰਾਨ ਉਨ੍ਹਾਂ ਨਾਲ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਅਤੇ ਰੈੱਡ ਕਰਾਸ ਸੁਸਾਇਟੀ ਦੇ ਸਕੱਤਰ ਮੰਗੇਸ਼ ਸੂਦ ਵੀ ਮੌਜੂਦ ਸਨ। ਇਸ ਦੌਰਾਨ ਕੈਬਨਿਟ ਮੰਤਰੀ ਨੇ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਦੇ ਕੰਮਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸੁਸਾਇਟੀ ਵੱਲੋਂ ਬੱਚਿਆਂ ਨੂੰ ਉਤਸ਼ਾਹਿਤ ਕਰਨ ਲਈ ਅਕਸਰ ਸਮਾਗਮ ਕਰਵਾਏ ਜਾਂਦੇ ਹਨ, ਜਿਸ ਨਾਲ ਬੱਚਿਆਂ ਦਾ ਮਨੋਬਲ ਵਧਦਾ ਹੈ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਲੋਹੜੀ ਦਾ ਤਿਉਹਾਰ ਮਨਾਇਆ ਗਿਆ ਹੈ, ਜਿਸ ਦੌਰਾਨ ਚਿਲਡਰਨ ਹੋਮ ਦੇ ਸਾਰੇ ਬੱਚਿਆਂ ਨੂੰ ਸ਼ਗਨ ਦੇ ਤੌਰ 'ਤੇ 200-200 ਰੁਪਏ, ਸਪੋਰਟਸ ਸੂਜ, ਸਕੂਲ ਬੈਗ, ਡਰਾਇੰਗ ਬੁੱਕ, ਕਲਰਸ, ਨੋਟ ਬੁੱਕ, ਲੰਚ ਬਾਕਸ, ਵਾਟਰ ਬੋਤਲਜ ਅਤੇ ਗਰਮ ਜੁਰਾਬਾਂ ਭੇਟ ਕੀਤੀਆਂ ਗਈਆਂ ਹਨ। ਉਨ੍ਹਾਂ ਹੋਰ ਸਮਾਜ ਸੇਵੀ ਸੰਸਥਾਵਾਂ ਨੂੰ ਵੀ ਸੱਦਾ ਦਿੱਤਾ ਕਿ ਉਹ ਰਾਮ ਕਲੋਨੀ ਕੈਂਪ ਸਥਿਤ ਚਿਲਡਰਨ ਹੋਮ ਅਤੇ ਓਲਡ ਏਜ ਹੋਮ ਵਿਚ ਆ ਕੇ ਆਪਣੇ ਖੁਸ਼ੀਆਂ ਭਰੇ ਦਿਨ ਅਤੇ ਤਿਉਹਾਰ ਮਨਾਉਣ ਤਾਂ ਜੋ ਇਥੇ ਰਹਿੰਦੇ ਬੱਚਿਆਂ ਅਤੇ ਬਜ਼ੁਰਗਾਂ ਵਿਚ ਆਪਸੀ ਸਾਂਝ ਦਾ ਅਹਿਸਾਸ ਹੋਵੇ। ਇਸ ਮੌਕੇ ਅਗਿਆਪਾਲ ਸਿੰਘ ਸਾਹਨੀ, ਰਾਜੇਸ਼ ਜੈਨ, ਰਾਜੀਵ ਬਜਾਜ, ਅਦਿੱਤਿਆ ਰਾਣਾ, ਸਰਬਜੀਤ ਸਿੰਘ ਤੋਂ ਇਲਾਵਾ ਹੋਰ ਪਤਵੰਤੇ ਵੀ ਹਾਜ਼ਰ ਸਨ।

## ਸਿੱਖ ਦੰਗਾ ਪੀੜਤ ਵੈੱਲਫੇਅਰ ਸੋਸਾਇਟੀ ਦੇ ਵਫਦ ਦੀ ਘੱਟ ਗਿਣਤੀ ਕਮਿਸ਼ਨ ਦੇ ਚੇਅਰਮੈਨ ਨਾਲ ਮੁਲਾਕਾਤ

**ਚੰਡੀਗੜ੍ਹ (ਗੁਰਜੀਤ ਬਿੱਲਾ)**-1984 ਦੇ ਸਿੱਖ ਕਤਲੇਆਮ ਦੇ ਦੋਸ਼ੀਆਂ ਨੂੰ ਸਜ਼ਾ ਦਿਵਾਉਣ ਤੇ ਸਿੱਖ ਦੰਗਾ ਪੀੜਤਾਂ ਦੇ ਮੁੜ ਵਸੇਬੇ ਦੇ ਸੰਬੰਧ ਵਿੱਚ ਸਿੱਖ ਦੰਗਾ ਪੀੜਤ ਵੈੱਲਫੇਅਰ ਸੁਸਾਇਟੀ ਦੇ ਇੱਕ ਵਫਦ ਵੱਲੋਂ ਪੰਜਾਬ ਭਾਜਪਾ ਦੇ ਆਗੂਆਂ ਦੀ ਅਗਵਾਈ 'ਚ ਦਿੱਲੀ ਵਿਖੇ ਘੱਟ ਗਿਣਤੀ ਕਮਿਸ਼ਨ ਦੇ ਚੇਅਰਮੈਨ ਇਕਬਾਲ ਸਿੰਘ ਲਾਲਪੁਰਾ ਦੇ ਦਫਤਰ ਵਿਖੇ ਇੱਕ ਮੀਟਿੰਗ ਕੀਤੀ ਗਈ। ਇਸ ਵਫਦ ਦੀ ਅਗਵਾਈ ਸੁਰਜੀਤ ਸਿੰਘ ਪ੍ਰਧਾਨ 1984 ਸਿੱਖ ਕਤਲੇਆਮ ਪੀੜਤ ਵੈੱਲਫੇਅਰ ਸੁਸਾਇਟੀ, ਬੀਬੀ ਗੁਰਦੀਪ ਕੌਰ ਪ੍ਰਧਾਨ ਇਸਤਰੀ ਵਿੰਗ, ਭਾਜਪਾ ਦੇ ਸੀਨੀਅਰ ਆਗੂ ਅਤੇ ਕੋਰ ਕਮੇਟੀ ਦੇ ਮੈਂਬਰ ਜੀਵਨ ਗੁਪਤਾ, ਭਾਜਪਾ ਦੇ ਮੀਤ ਪ੍ਰਧਾਨ ਬਿਕਰਮਜੀਤ ਸਿੰਘ ਚੀਮਾ ਸੂਬੇ ਦੇ ਬੁਲਾਰੇ ਗੁਰਦੀਪ ਸਿੰਘ ਗੋਸ਼ਾ ਅਤੇ ਦਲਜੀਤ ਸਿੰਘ ਸੈਣੀ ਨੇ ਕੀਤੀ। ਲਾਲਪੁਰਾ ਨੇ 1984 ਦੇ ਦੰਗਾ ਪੀੜਤਾਂ ਦੇ ਮਸਲਿਆਂ ਸੰਬੰਧੀ ਵਿਸਥਾਰ ਪੂਰਬਕ ਤੇ ਪੂਰੀ ਗੰਭੀਰਤਾ ਨਾਲ ਚਰਚਾ ਕੀਤੀ ਤੇ ਸਾਰੇ ਮਸਲਿਆਂ ਸੰਬੰਧੀ ਹਮਦਰਦੀ ਨਾਲ ਵਿਚਾਰ ਵਟਾਂਦਰਾ ਕੀਤਾ ਤੇ ਵਿਸ਼ਵਾਸ ਦਿਵਾਇਆ ਕਿ ਉਹ ਦੰਗਾ ਪੀੜਤਾਂ ਨੂੰ ਇਨਸਾਫ ਦਿਵਾਉਣ ਲਈ ਹਰ



ਸੰਭਵ ਕੋਸ਼ਿਸ਼ ਕਰਨਗੇ। ਮੀਟਿੰਗ ਦੇ ਤੁਰੰਤ ਬਾਅਦ ਘੱਟ ਗਿਣਤੀ ਕਮਿਸ਼ਨ ਦਿੱਲੀ ਵੱਲੋਂ ਪੰਜਾਬ ਦੇ ਮੁੱਖ ਸਕੱਤਰ ਨੂੰ ਇੱਕ ਡੀ ਓ ਲੈਟਰ ਲਿਖ ਕੇ ਪੰਜਾਬ ਅਤੇ ਹਰਿਆਣਾ ਹਾਈਕੋਰਟ ਦੇ ਫੈਸਲੇ ਅਨੁਸਾਰ ਪੰਜਾਬ ਵਿੱਚ ਸਾਰੇ ਦੰਗਾ ਪੀੜਤਾਂ ਦੇ ਮੁੜ ਵਸੇਬੇ ਬਾਰੇ, ਉਨ੍ਹਾਂ ਨੂੰ ਮਕਾਨ/ਫਲੈਟ ਇੱਕ ਸਾਲ ਵਿੱਚ ਬਣਾ ਕੇ ਦੇਣੇ ਸਨ, ਕਾਰੋਬਾਰ ਵਾਸਤੇ ਬੂਥ ਦੀ ਅਲਾਟਮੈਂਟ ਕਰਨ ਸੀ ਤੇ ਹੋਰ ਸਾਰੇ ਮਸਲਿਆਂ ਬਾਰੇ ਇੱਕ ਮਹੀਨੇ ਵਿੱਚ ਮੁੱਖ ਸਕੱਤਰ ਪੰਜਾਬ ਸਰਕਾਰ ਤੋਂ ਰਿਪੋਰਟ ਮੰਗੀ ਹੈ। ਵਫਦ ਨੇ ਦੱਸਿਆ ਕਿ ਪੰਜਾਬ ਸਰਕਾਰ ਦੀ ਬੇਰੁਖੀ ਕਰਕੇ 1984 ਦੇ ਦੰਗਾ ਪੀੜਤਾਂ ਦੇ ਨਾਲ ਮਤਰੇਈ ਮਾਂ ਵਰਗਾ ਜੋ ਸਲੂਕ ਕੀਤਾ ਜਾ ਰਿਹਾ ਹੈ ਅਤੇ ਕੋਈ ਸੁਣਵਾਈ ਨਹੀਂ ਹੋ ਰਹੀ, ਜਿਸ ਕਾਰਨ ਦੰਗਾ ਪੀੜਤ ਪਰਵਾਰਾਂ ਵਿੱਚ ਪੰਜਾਬ ਸਰਕਾਰ ਦੀ ਬੇਰੁਖੀ ਪ੍ਰਤੀ ਕਾਫੀ ਰੋਸ ਹੈ ਅਤੇ ਦੰਗਾ ਪੀੜਤ ਸੋਸਾਇਟੀ ਨੇ ਇਹ ਫੈਸਲਾ ਕੀਤਾ ਹੈ ਕਿ 1984 ਦੇ ਸਿੱਖਾਂ ਦੇ ਕਾਤਲਾਂ ਨੂੰ ਸਜ਼ਾਵਾਂ ਦਿਵਾਉਣ ਵਾਸਤੇ ਅਤੇ ਦੰਗਾ ਪੀੜਤ ਪਰਵਾਰਾਂ ਦੇ ਰਹਿੰਦੇ ਬਾਕੀ ਮਸਲਿਆਂ ਸੰਬੰਧੀ ਭਾਰਤ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਮਿਲਣ ਦਾ ਸਮਾਂ ਜਲਦ ਹੀ ਮੰਗਣਗੇ ਤੇ ਤੁਰੰਤ ਕਾਰਵਾਈ ਕਰਨ ਲਈ ਬੇਨਤੀ ਕਰਨਗੇ।

# ਸੂਬੇ 'ਚ ਆਉਣ ਵਾਲੇ ਦਿਨਾਂ 'ਚ ਵਿਕਾਸ ਦੇ ਇੱਕ ਲੱਖ ਕੰਮ ਹੋਰ ਹੋਣ ਵਾਲੇ : ਮਨੋਹਰ ਲਾਲ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**-ਹਰਿਆਣਾ ਦੇ ਮੁੱਖ ਮੰਤਰੀ ਮਨੋਹਰ ਲਾਲ ਨੇ ਕਿਹਾ ਹੈ ਕਿ ਸੂਬੇ 'ਚ ਆਉਣ ਵਾਲੇ ਦਿਨਾਂ 'ਚ ਵਿਕਾਸ ਦੇ ਇੱਕ ਲੱਖ ਕੰਮ ਹੋਰ ਹੋਣ ਵਾਲੇ ਹਨ। ਇਨ੍ਹਾਂ ਕੰਮਾਂ ਨੂੰ ਜਦੋਂ ਪੋਟਰਲ 'ਤੇ ਪਾਇਆ ਜਾਂਦਾ ਹੈ ਤਾਂ ਕੰਮ ਕਰਨ ਲਈ ਠੇਕੇਦਾਰ ਨਹੀਂ ਮਿਲਦੇ। ਕੰਮ ਵੱਧ ਹੋ ਗਏ ਹਨ, ਠੇਕੇਦਾਰ ਘੱਟ ਹਨ। ਯੂਨੀਵਰਸਿਟੀ ਨਾਲ ਗੱਲ ਕਰਕੇ ਸਿਵਲ ਇੰਜੀਨੀਅਰ ਪਾਸ ਕਰਨ ਵਾਲੇ 15,000 ਨੌਜੁਆਨਾਂ ਨੂੰ ਟ੍ਰੇਨਿੰਗ ਦੇ ਕੇ ਚੰਗੇ ਠੇਕੇਦਾਰ ਤਿਆਰ ਕੀਤੇ ਜਾਣਗੇ। ਇਸ ਨਾਲ ਵਿਕਾਸ ਕੰਮਾਂ ਕਰਵਾਉਣ 'ਚ ਤੇਜ਼ੀ ਆਵੇਗੀ। ਮੁੱਖ ਮੰਤਰੀ ਅੱਜ ਕਰਨਾਲ 'ਚ ਆਯੋਜਿਤ ਜਨ ਸੰਵਾਦ ਪ੍ਰੋਗ੍ਰਾਮ 'ਚ ਬਤੌਰ ਮੁੱਖ ਮਹਿਮਾਨ ਬੋਲ ਰਹੇ ਸਨ। ਇਸ ਮੌਕੇ ਉਨ੍ਹਾਂ ਲੋਕਾਂ ਨੂੰ ਲੋਹੜੀ ਅਤੇ ਮਕਰ ਸੰਕ੍ਰਾਂਤੀ ਦੇ ਨਾਲ-ਨਾਲ 22 ਜਨਵਰੀ ਨੂੰ ਅਯੋਧਿਆ 'ਚ ਕੀਤੇ ਜਾਣ ਵਾਲੇ ਰਾਮ ਮੰਦਰ ਉਦਘਾਟਨ ਦੀ ਸ਼ੁੱਭਕਾਮਨਾਵਾਂ ਦਿੱਤੀਆਂ। ਨਾਲ ਹੀ ਦੱਸਿਆ ਕਿ 26 ਜਨਵਰੀ ਨੂੰ ਕਰਨਾਲ ਪੁਲਸ ਲਾਈਨ 'ਚ ਆਯੋਜਿਤ ਕੀਤੇ ਜਾਣ ਵਾਲੇ ਗਣਤੰਤਰ ਦਿਵਸ ਸਮਾਰੋਹ ਵਿਚ ਵੀ ਉਹ ਖੁਦ ਸ਼ਿਰਕਤ ਕਰਨਗੇ। ਉਨ੍ਹਾ ਦੱਸਿਆ ਕਿ ਵਾਰਡ ਇੱਕ 'ਚ 116 ਕਰੋੜ ਅਤੇ ਕਰਨਾਲ ਸ਼ਹਿਰ ਦੇ ਵੱਖ-ਵੱਖ ਵਾਰਡਾਂ 'ਚ 2,000 ਕਰੋੜ ਤੋਂ ਵੱਧ ਦੇ ਵਿਕਾਸ ਕੰਮ ਕਰਵਾਏ ਜਾ ਚੁੱਕੇ ਹਨ। ਮੁੱਖ ਮੰਤਰੀ ਅਨੁਸਾਰ ਵਿਕਸਿਤ ਭਾਰਤ ਸੰਕਲਪ ਯਾਤਰਾ ਰਾਹੀਂ ਦਿੱਤੀਆਂ ਜਾ ਰਹੀਆਂ ਸੇਵਾਵਾਂ ਦੇ ਮਾਮਲੇ 'ਚ ਹਰਿਆਣਾ ਦੇਸ਼ 'ਚ ਨੰਬਰ ਇਕ 'ਤੇ ਹੈ। ਯਾਤਰਾ ਦੌਰਾਨ ਪਾਤਰ ਲੋਕਾਂ ਦੇ ਬੀ ਪੀ ਐਲ ਕਾਰਡ, ਪੈਨਸ਼ਨ, ਗੈਸ ਕੁਨੈਕਸ਼ਨ, ਆਯੂਸ਼ਮਾਨ ਕਾਰਡ ਆਦਿ ਮੌਕੇ 'ਤੇ ਹੀ ਬਣਾਏ ਜਾ ਰਹੇ ਹਨ। ਉਨ੍ਹਾ ਕਿਹਾ ਕਿ ਹਰਿਆਣਾ 'ਚ ਗਰੀਬੀ ਦੀ ਆਮਦਨ ਸੀਮਾ ਨੂੰ 1.20 ਲੱਖ ਤੋਂ ਵਧਾ ਕੇ 1.80 ਲੱਖ ਰੁਪਏ ਸਾਲਾਨਾ ਕੀਤਾ ਜਾ ਚੁੱਕਿਆ ਹੈ। ਅਗਲੇ 6 ਮਹੀਨਿਆਂ ਵਿਚ ਸੂਬੇ 'ਚ 60,000 ਨੌਜੁਆਨਾਂ ਨੂੰ ਨੌਕਰੀ ਦਿੱਤੀ ਜਾਵੇਗੀ। ਸਵੈ-ਰੁਜ਼ਗਾਰ ਤੇ ਨਿੱਜੀ ਨੌਕਰੀਆਂ 'ਚ ਮਦਦ ਕਰਨ ਦੇ ਨਾਲ-ਨਾਲ ਸਰਕਾਰ ਨੌਜੁਆਨਾਂ ਨੂੰ ਰੁਜ਼ਗਾਰ ਲਈ ਵਿਦੇਸ਼ ਭੇਜਣ 'ਚ ਵੀ ਮਦਦ ਕਰ ਰਹੀ ਹੈ। ਵਿਦੇਸ਼ ਜਾਣ ਦੇ ਇਛੁੱਕ 15,000 ਨੌਜੁਆਨਾਂ ਨੂੰ ਰੋਹਤਕ 'ਚ ਕੰਮ ਵਿਚ ਮਾਹਰ ਕੀਤਾ ਜਾ ਰਿਹਾ ਹੈ। ਇਨ੍ਹਾਂ ਨੂੰ ਪਾਸਪੋਰਟ ਅਤੇ ਵੀਜ਼ਾ ਦੀ ਸਹੂਲਤ ਮੁਹੱਈਆ ਕਰਵਾਈ ਜਾਵੇਗੀ। ਸਰਕਾਰ ਕੋਲ 25,000 ਸਕਿਲਡ ਨੌਜੁਆਨਾਂ ਦੀ ਮੰਗ ਆਈ ਹੈ। ਉਨ੍ਹਾ ਕਿਹਾ ਕਿ ਨੌਜੁਆਨਾਂ ਨੂੰ ਸਹੀ ਰੂਟ ਨਾਲ ਹੀ ਵਿਦੇਸ਼ ਜਾਣਾ ਚਾਹੀਦਾ ਹੈ। ਉਨ੍ਹਾ ਕਿਹਾ ਕਿ ਮੁੱਖ ਮੰਤਰੀ ਅੰਤਯੋਦਯ ਪਰਵਾਰ ਉਥਾਨ ਯੋਜਨਾ ਦੇ ਤਹਿਤ ਲੋਕਾਂ ਨੂੰ 50,000 ਰੁਪਏ ਤੋਂ 2 ਲੱਖ ਰੁਪਏ ਦਾ ਕਰਜ਼ਾ ਦਿੱਤਾ ਜਾ ਰਿਹਾ ਹੈ। ਪਿੰਡਾਂ ਵਿਚ ਮਹਿਲਾਵਾਂ ਦੇ ਸਵੈ ਸਹਾਇਤਾ ਸਮੂਹ ਗਠਿਤ ਕੀਤੇ ਗਏ ਹਨ, ਜੋ ਸਿਲਾਈ, ਕਢਾਈ, ਬੁਣਾਈ ਵਰਗੇ ਛੋਟੇ ਕੰਮ ਕਰਕੇ 10 ਤੋਂ 15,000 ਰੁਪਏ ਮਹੀਨਾ ਕਮਾ ਰਹੀਆਂ ਹਨ। ਆਯੂਸ਼ਮਾਨ ਯੋਜਨਾ ਦੇ ਤਹਿਤ ਕਰਨਾਲ ਵਿਚ 3700 ਲੋਕਾਂ ਦਾ ਮੁਫਤ ਇਲਾਜ 'ਤੇ ਸਰਕਾਰ ਨੇ 14 ਕਰੋੜ ਰੁਪਏ ਖਰਚ ਕੀਤੇ ਹਨ। ਪ੍ਰੋਗ੍ਰਾਮ 'ਚ ਸੇਠਪਾਲ, ਲੀਲਾ ਦੇਵੀ, ਰੋਸ਼ਨੀ, ਦਰਸ਼ਨਾ ਦੇਵੀ ਅਤੇ ਸੁਭਾਸ਼ ਚੰਦ ਦੀ ਮੌਕੇ 'ਤੇ ਹੀ ਪੈਨਸ਼ਨ ਬਣਾਈ ਗਈ। ਮੁੱਖ ਮੰਤਰੀ ਨੇ ਦੱਸਿਆ ਕਿ ਜਨਸੰਵਾਦ ਪ੍ਰੋਗਰਾਮਾਂ ਰਾਹੀਂ 60,000 ਸ਼ਿਕਾਇਤਾਂ ਪੋਟਰਲ 'ਤੇ ਦਰਜ ਕੀਤੀਆਂ ਜਾ ਚੁੱਕੀਆਂ ਹਨ। ਇਨ੍ਹਾਂ 'ਚੋਂ 10,000 ਦਾ ਨਿਪਟਾਰਾ ਕੀਤਾ ਜਾ ਚੁੱਕਾ ਹੈ ਅਤੇ 25,000 ਪਾਈਪ ਲਾਈਨ 'ਚ ਹਨ।

## ਮੀਤ ਹੇਅਰ ਨੇ ਨਿਸ਼ਾਨੇਬਾਜ਼ ਸਿਫਤ ਕੌਰ ਸਮਰਾ ਨੂੰ ਵਧਾਈ ਦਿੱਤੀ

**ਚੰਡੀਗੜ੍ਹ, (ਗੁਰਜੀਤ ਬਿੱਲਾ)**-ਪੰਜਾਬ ਦੇ ਖੇਡ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨੇ ਜਕਾਰਤਾ ਵਿਖੇ ਚੱਲ ਰਹੀ ਏਸ਼ਅਨ



ਚੈਂਪੀਅਨਸ਼ਿਵਿੱਚ ਸੋਨੇ ਤੇ ਚਾਂਦੀ ਦਾ ਤਗਮਾ ਜਿੱਤਣ ਵਾਲੀ ਫਰੀਦਕੋਟ ਦੀ ਨਿਸ਼ਾਨੇਬਾਜ ਸਿਫ਼ਤ ਕੌਰ ਸਮਰਾ ਨੂੰ ਵਧਾਈ ਦਿੱਤੀ ਹੈ। ਸਫਤ ਨੇ ਟੀਮ ਈਵੈਂਟ ਵਿੱਚ ਸੋਨੇ ਅਤੇ ਵਿਅਕਤੀਗਤ ਵਿੱਚ ਚਾਂਦੀ ਦਾ ਤਮਗਾ ਜਿੱਤਿਆ ਖ਼ੇਡ ਮੰਤਰੀ ਨੇ ਕਿਹਾ ਕਿ ਸਿਫ਼ਤ ਕੌਰ ਸਮਰਾ ਨੇ ਨਿਰੰਤਰ ਵਧੀਆ ਪ੍ਰਦਰਸ਼ਨ ਨਾਲ ਸੂਬੇ ਅਤੇ ਦੇਸ਼ ਦਾ ਨਾਂਅ ਰੌਸ਼ਨ ਕੀਤਾ ਹੈ। ਸਿਫਤ ਨੇ ਪਿਛਲੇ ਸਾਲ ਏਸ਼ੀਅਨ ਗੇਮਜ ਵਿੱਚ ਵਿਸ਼ਵ ਰਿਕਾਰਡ ਨਾਲ ਸੋਨੇ ਤੇ ਚਾਂਦੀ ਦਾ ਤਮਗਾ ਜਿੱਤਿਆ। ਵਿਸ਼ਵ ਕੱਪ ਵਿੱਚ ਕਾਂਸੀ ਦਾ ਤਮਗਾ ਜਿੱਤਿਆ ਸੀ। ਇਸ ਤੋਂ ਵੀ ਅਹਿਮ ਗੱਲ ਪੈਰਿਸ ਓਲੰਪਿਕ ਖੇਡਾਂ ਲਈ ਵੀ ਕੁਆਲੀਫਾਈ ਕੀਤਾ। ਮੀਤ ਹੇਅਰ ਨੇ ਸਿਫਤ ਕੌਰ ਸਮਰਾ ਦੀ ਪ੍ਰਾਪਤੀ ਲਈ ਉਸ ਦੇ ਮਾਪਿਆਂ ਤੇ ਕੋਚ ਨੂੰ ਵੀ ਵਧਾਈ ਦਿੱਤੀ ਹੈ। ਜਕਾਰਤਾ ਵਿਖੇ ਚੱਲ ਰਹੀ ਏਸ਼ੀਅਨ ਚੈਂਪੀਅਨਸ਼ਿਪ-2024 (ਰਾਈਫਲ/ਪਿਸਟਲ) ਵਿੱਚ ਵਿਅਕਤੀਗਤ ਵਰਗ ਵਿੱਚ ਸਿਫਤ ਕੌਰ ਸਮਰਾ ਨੇ 460.6 ਅੰਕ ਹਾਸਲ ਕਰ ਕੇ ਚਾਂਦੀ ਦਾ ਤਮਗਾ ਜਿੱਤਿਆ ਜਦੋਂਕਿ ਸੋਨ ਤਗਮਾ ਜੇਤੂ ਦੱਖਣੀ ਕੋਰੀਆ ਦੀ ਯੂਨਸੀਓ ਲੀ ਨੇ 462.5 ਅੰਕ ਹਾਸਲ ਕੀਤੇ। ਟੀਮ ਵਰਗ ਵਿੱਚ ਸਿਫਤ ਨੇ ਭਾਰਤੀ ਟੀਮ ਵੱਲੋਂ ਸੋਨੇ ਦਾ ਤਮਗਾ ਜਿੱਤਿਆ।

## ਅੰਬਾਲਾ 'ਚ ਰੁਕੇ ਮੁੱਖ ਮੰਤਰੀ ਨੇ ਲੋਕਾਂ ਨਾਲ ਪੀਤੀ ਚਾਹ ਤੇ ਉਨ੍ਹਾਂ ਦਾ ਹਾਲਚਾਲ ਜਾਣਿਆ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**-ਹਰਿਆਣਾ ਦੇ ਮੁੱਖ ਮੰਤਰੀ ਮਨੋਹਰ ਲਾਲ ਅੱਜ ਕਰਨਾਲ ਤੋਂ ਚੰਡੀਗੜ੍ਹ ਆਉਂਦੇ ਹੋਏ ਅੰਬਾਲਾ ਚੰਡੀਗੜ੍ਹ ਮਾਰਗ 'ਤੇ ਸਥਿਤ ਸੁਲਤਾਨਪੁਰ ਚੌਕ 'ਤੇ ਅਚਾਨਕ ਨਾਲ ਇਕ ਚਾਹ ਦੀ ਦੁਕਾਨ 'ਤੇ ਰੁਕੇ ਅਤੇ ਉੱਥੇ ਖੜ੍ਹੇ ਲੋਕਾਂ ਤੋਂ ਉਨ੍ਹਾਂ ਦਾ ਹਾਲ ਚਾਲ ਜਾਣਿਆ। ਮੁੱਖ ਮੰਤਰੀ ਨੂੰ ਅਚਾਨਕ ਨਾਲ ਆਪਣੇ ਵਿਚ ਪਾ ਕੇ ਮੌਜੂਦ ਲੋਕ ਹੈਰਾਨ ਸਨ। ਮੁੱਖ ਮੰਤਰੀ ਨੇ ਨਾ ਸਿਰਫ ਆਮ ਆਦਮੀ ਦੀ ਤਰ੍ਹਾ ਉੱਥੇ ਖੜ੍ਹੇ ਹੋ ਕੇ ਚਾਹ ਦੀਆਂ ਚੁਸਕੀਆਂ ਲਈਆਂ ਤੇ ਮੌਜੂਦ ਲੋਕਾਂ ਦੀ ਸਮੱਸਿਆਵਾਂ ਜਾਣੀਆਂ। ਚਾਹ ਵਿਕ੍ਰੇਤਾ ਦੁਕਾਨਦਾਰ ਨੇ ਕਿਹਾ ਕਿ ਇਹ ਉਨ੍ਹਾਂ ਲਈ ਅਜਿਹਾ ਲਮ੍ਹਾ ਸੀ ਜਿਸ ਨੂੰ ਉਹ ਜੀਵਨ ਭਰ ਭੁਲਾ ਨਹੀਂ ਪਾਉਣਗੇ। ਇਹ ਮੇਰੀ ਖੁਸ਼ਕਿਸਮਤੀ ਹੈ ਕਿ ਮੁੱਖ ਮੰਤਰੀ ਜੀ ਇੱਥੇ ਆਏ ਅਤੇ ਉਨ੍ਹਾਂ ਨੇ ਚਾਹ ਪੀਤੀ।

## ਦੁਨੀਆ ਭਾਰਤ ਵੱਲ ਇੱਕ ਨਵੀਂ ਹੁਨਰਮੰਦ ਤਾਕਤ ਵਜੋਂ ਦੇਖ ਰਹੀ : ਚਾਂਸਲਰ ਡਾ. ਜੋਰਾ ਸਿੰਘ



**ਫਤਿਹਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)** - ਦੇਸ਼ ਭਗਤ ਯੂਨੀਵਰਸਿਟੀ ਦੇ ਐੱਨ ਐੱਸ ਐੱਸ ਵਿੰਗ ਨੇ ਰੈੱਡ ਰਿਬਨ ਕਲੱਬ ਦੇ ਸਹਿਯੋਗ ਨਾਲ ਰਾਸ਼ਟਰੀ ਯੁਵਾ ਦਿਵਸ ਦਾ ਆਯੋਜਨ ਕੀਤਾ। ਇਸ ਮੌਕੇ ਮੁੱਖ ਮਹਿਮਾਨ ਵਜੋਂ ਚਾਂਸਲਰ ਡਾ. ਜ਼ੋਰਾ ਸਿੰਘ ਤੇ ਪ੍ਰੈਜ਼ੀਡੈਂਟ ਡਾ. ਸੰਦੀਪ ਸਿੰਘ ਸਮੇਤ ਹੋਰ ਪਤਵੰਤੇ ਹਾਜ਼ਰ ਸਨ। ਯੂਨੀਵਰਸਿਟੀ ਦੇ ਵੱਖ-ਵੱਖ ਸਕੂਲਾਂ ਦੇ ਵਾਲੰਟੀਅਰਾਂ ਨੇ ਰਾਸ਼ਟਰੀ ਯੁਵਕ ਮੇਲੇ ਦੇ ਉਦਘਾਟਨ ਦੇ ਲਾਈਵ ਟੈਲੀਕਾਸਟ ਵਿੱਚ ਸ਼ਿਰਕਤ ਕੀਤੀ। ਸਾਰੇ ਭਾਗੀਦਾਰਾਂ ਨੇ 12 ਜਨਵਰੀ 2024 ਨੂੰ 27ਵੇਂ ਰਾਸ਼ਟਰੀ ਯੁਵਕ ਮੇਲੇ ਦੇ ਉਦਘਾਟਨ ਵਿੱਚ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਭਾਸ਼ਣ ਵਿੱਚ ਸ਼ਿਰਕਤ ਕੀਤੀ। ਇਸ ਮੌਕੇ ਚਾਂਸਲਰ ਡਾ: ਜ਼ੋਰਾ ਸਿੰਘ ਨੇ ਨੌਜਵਾਨਾਂ ਤੇ ਵਿਦਿਆਰਥੀਆਂ ਨੂੰ ਦੇਸ਼ ਨੂੰ ਨਵੀਆਂ ਬੁਲੰਦੀਆਂ 'ਤੇ ਲਿਜਾਣ ਲਈ ਕੰਮ ਕਰਨ ਲਈ ਪ੍ਰੇਰਿਆ। ਡਾ. ਜ਼ੋਰਾ ਸਿੰਘ ਨੇ ਕਿਹਾ, "ਮੈਂ ਜਾਣਦਾ ਹਾਂ ਕਿ ਸਾਡੇ ਵਿਦਿਆਰਥੀ ਇਸ ਟੀਚੇ ਨੂੰ ਪ੍ਰਾਪਤ ਕਰ ਸਕਦੇ ਹਨ। ਇਹ ਦੁਨੀਆ ਭਾਰਤ ਨੂੰ ਇੱਕ ਨਵੀਂ ਹੁਨਰਮੰਦ ਤਾਕਤ ਵਜੋਂ ਦੇਖ ਰਹੀ ਹੈ।" ਇਸ ਮੌਕੇ ਸਾਰੇ ਐੱਨ ਐੱਸ ਐੱਸ ਵਾਲੰਟੀਅਰਾਂ ਤੇ ਐੱਨ ਐੱਸ ਐੱਸ ਪ੍ਰੋਗਰਾਮ ਅਫਸਰਾਂ ਅਤੇ ਐੱਨ ਐੱਸ ਐੱਸ ਸ਼੍ਰੇਣੀ ਦੇ ਸਾਰੇ ਆਮ ਵਿਦਿਆਰਥੀਆਂ ਨੂੰ ਮਾਈ ਭਾਰਤ ਪੋਰਟਲ 'ਤੇ ਸ਼ਾਮਲ ਕਰਨ ਲਈ ਵਿਸ਼ੇਸ਼ ਰਜਿਸਟ੍ਰੇਸ਼ਨ ਡਰਾਈਵ ਵੀ ਚਲਾਈ ਗਈ ਅਤੇ 300 ਤੋਂ ਵੱਧ ਵਿਦਿਆਰਥੀਆਂ ਨੇ ਮਾਈ ਭਾਰਤ ਪੋਰਟਲ 'ਤੇ ਆਪਣਾ ਨਾਮ ਦਰਜ ਕਰਵਾਇਆ। ਸਾਰੇ ਵਲੰਟੀਅਰਾਂ ਨੂੰ ਜਾਗਰੂਕ ਕੀਤਾ ਗਿਆ। ਸਮਾਗਮ ਦੇ ਅੰਤ 'ਚ ਭਾਰਤ ਨੂੰ ਐੱਚ ਆਈ ਵੀ ਮੁਕਤ ਦੇਸ਼ ਬਣਾਉਣ ਲਈ ਸਾਰੇ ਭਾਗੀਦਾਰਾਂ ਵੱਲੋਂ ਸਹੁੰ ਚੁੱਕੀ ਗਈ।

## ਲੋਹੜੀ, ਮਕਰ ਸੰਕ੍ਰਾਂਤੀ ਅਤੇ ਸਵਾਮੀ ਵਿਵੇਕਾਨੰਦ ਜੈਅੰਤੀ ਮਨਾਈ



**ਮਲੋਟ (ਗੁਰਮੀਤ ਸਿੰਘ ਮੱਕੜ)**-ਡੀ.ਏ.ਵੀ ਪਬਲਿਕ ਸਕੂਲ ਵੱਲੋਂ ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਸੰਧਿਆ ਬਠਲਾ ਦੀ ਅਗਵਾਈ ਹੇਠ ਲੋਹੜੀ, ਮਕਰ ਸੰਕ੍ਰਾਂਤੀ ਤੇ ਸਵਾਮੀ ਵਿਵੇਕਾਨੰਦ ਜੈਅੰਤੀ ਨੂੰ ਰਾਸ਼ਟਰੀ ਯੁਵਾ ਦਿਵਸ ਵਜੋਂ ਮਨਾਇਆ ਗਿਆ। ਪ੍ਰੋਗਰਾਮ ਦੀ ਪ੍ਰਧਾਨਗੀ ਸਕੂਲ ਦੇ ਚੇਅਰਮੈਨ ਸ਼੍ਰੀ ਰਵੀ ਛਾਬੜਾ ਨੇ ਕੀਤੀ। ਪ੍ਰੋਗਰਾਮ ਦੀ ਸ਼ੁਰੂਆਤ ਧਰਮਾਚਾਰੀਆ ਰਾਮਚੰਦਰ ਸ਼ਾਸਤਰੀ ਵੱਲੋਂ ਵੈਦਿਕ ਮੰਤਰਾਂ ਦੇ ਜਾਪ ਨਾਲ ਕੀਤੀ ਗਈ। ਮੁੱਖ ਮੇਜ਼ਬਾਨ ਦੀ ਭੂਮਿਕਾ ਸਕੂਲ ਦੇ ਚੇਅਰਮੈਨ ਸ਼੍ਰੀ ਰਵੀ ਛਾਬੜਾ ਨੇ ਨਿਭਾਈ। ਲੋਹੜੀ, ਮਕਰ ਸੰਕ੍ਰਾਂਤੀ ਅਤੇ ਰਾਸ਼ਟਰੀ ਯੁਵਾ ਦਿਵਸ ਦੇ ਮੌਕੇ 'ਤੇ ਕਰਾਏ ਗਏ ਪ੍ਰੋਗਰਾਮ 'ਚ ਮਲੋਟ ਸ਼ਹਿਰ ਦੀ ਖੁਸ਼ਹਾਲੀ ਤੇ ਸ਼ਾਂਤੀ ਲਈ ਸਮੂਹ ਨੌਜਵਾਨਾਂ ਨੂੰ ਦੇਸ਼ ਦੀ ਤਰੱਕੀ 'ਚ ਸਾਂਝੇ ਤੌਰ 'ਤੇ ਭਾਗ ਲੈਣ ਲਈ ਵਿਸ਼ੇਸ਼ ਅਰਦਾਸ ਕੀਤੀ ਗਈ। ਇਸ ਮੌਕੇ 'ਤੇ ਹੈਂਡਬਾਲ ਤੇ ਸਕੇਟਿੰਗ ਵਿਚ ਰਾਸ਼ਟਰੀ ਪੱਧਰ ਦੇ ਜੇਤੂ ਖਿਡਾਰੀਆਂ ਅਤੇ ਕੋਚਾਂ ਨੂੰ ਸਕੂਲ ਦੇ ਚੇਅਰਮੈਨ, ਪ੍ਰਿੰਸੀਪਲ ਅਤੇ ਅਧਿਆਪਕਾਂ ਵੱਲੋਂ ਹਾਰ ਪਾ ਕੇ ਸਨਮਾਨਤ ਕੀਤਾ ਗਿਆ। ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਸੰਧਿਆ ਬਠਲਾ ਨੇ ਕਿਹਾ ਕਿ ਮਕਰ ਸੰਕ੍ਰਾਂਤੀ ਤੋਂ ਨਵੇਂ ਸਾਲ ਦੀ ਸ਼ੁਰੂਆਤ ਹੁੰਦੀ ਹੈ, ਇਸ ਲਈ ਹਰ ਨੌਜਵਾਨ ਵਿਦਿਆਰਥੀ ਨੂੰ ਨਵੀਂ ਸੋਚ ਤੇ ਵਿਚਾਰਧਾਰਾ ਨਾਲ ਅੱਗੇ ਵਧਣਾ ਚਾਹੀਦਾ ਹੈ। ਹਰ ਨੌਜਵਾਨ ਨੂੰ ਆਪਣਾ ਕੰਮ ਉਸਾਰੂ ਸੋਚ, ਲਗਨ ਅਤੇ ਮਿਹਨਤ ਨਾਲ ਕਰਨਾ ਚਾਹੀਦਾ ਹੈ ਤਾਂ ਜੋ ਸਮਾਜ ਨੂੰ ਨਵੀਂ ਦਿਸ਼ਾ ਮਿਲ ਸਕੇ। ਇਸ ਮੌਕੇ ਜੇਤੂ ਖਿਡਾਰੀਆਂ ਦੇ ਮਾਪੇ ਤੇ ਸਕੂਲ ਦਾ ਸਮੂਹ ਸਟਾਫ਼ ਹਾਜ਼ਰ ਸੀ।

## ਖੁਰਾਣਾ ਟੈਂਕੀ 'ਤੇ ਡਟੇ ਇੰਦਰਜੀਤ ਡੇਲੂਆਣਾ ਦਾ ਪਿੰਡ ਪਰਤਣ 'ਤੇ ਸ਼ਾਨਦਾਰ ਸਵਾਗਤ, ਮਨਾਈ ਸੰਘਰਸ਼ੀ ਲੋਹੜੀ

**ਮਾਨਸਾ (ਆਤਮਾ ਸਿੰਘ ਪਮਾਰ)**-ਹਜ਼ਾਰਾਂ ਕੱਚੇ ਅਧਿਆਪਕਾਂ ਨੂੰ ਅਸਲ ਪੱਕੇ ਕਰਵਾਉਣ ਲਈ 7 ਮਹੀਨਿਆਂ ਤੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਵਾਸ ਸਥਾਨ ਨੇੜੇ ਪਿੰਡ ਖੁਰਾਣਾ ਦੀ ਟੈਂਕੀ 'ਤੇ ਡਟੇ ਸਿੱਖਿਆ ਪ੍ਰੋਵਾਈਡਰ ਇੰਦਰਜੀਤ ਡੇਲੂਆਣਾ ਦੇ ਸੰਘਰਸ਼ ਨੂੰ ਉਸ ਵੇਲੇ ਬੂਰ ਪਿਆ, ਜਦੋਂ ਲੋਹੜੀ ਮੌਕੇ ਉਸ ਨੂੰ ਗੱਲਬਾਤ ਲਈ ਸੱਦਾ ਮਿਲਿਆ, ਜਿਸ ਦੌਰਾਨ ਅਗਲੇ ਦਿਨਾਂ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ 'ਚ ਸਿੱਖਿਆ ਪ੍ਰੋਵਾਈਡਰ ਯੂਨੀਅਨ ਨਾਲ ਉਨ੍ਹਾਂ ਦੇ ਪੱਕੇ ਹੱਲ ਲਈ ਮੀਟਿੰਗਾਂ ਤਹਿ ਹੋਣਗੀਆਂ। ਲੋਹੜੀ ਮੌਕੇ ਸੱਤ ਮਹੀਨਿਆਂ ਬਾਅਦ ਸੰਘਰਸ਼ੀ ਯੋਧੇ ਇੰਦਰਜੀਤ ਸਿੰਘ ਦੇ ਘਰ ਪਹੁੰਚਣ 'ਤੇ ਪਿੰਡ ਡੇਲੂਆਣਾ ਇਨਕਲਾਬੀ ਨਾਅਰਿਆਂ ਨਾਲ ਗੂੰਜ ਉੱਠਿਆ, ਜਦੋਂ ਦਰਜਨਾਂ ਅਧਿਆਪਕ ਜਥੇਬੰਦੀਆਂ ਦੀ ਅਗਵਾਈ 'ਚ ਅਧਿਆਪਕਾਂ, ਪਿੰਡ ਵਾਸੀਆਂ ਨੇ ਉਸ ਦਾ ਭਰਵਾਂ ਸਵਾਗਤ ਕੀਤਾ। ਪਿੰਡ ਵਾਸੀਆਂ ਵੱਲੋਂ ਇਸ ਜੇਤੂ ਸੰਘਰਸ਼ ਦੀ ਖ਼ੁਸ਼ੀ 'ਚ ਇੰਦਰਜੀਤ ਡੇਲੂਆਣਾ ਦੇ ਘਰ 'ਚ ਹੀ ਸਮੂਹਕ ਲੋਹੜੀ ਪਾਈ ਗਈ। ਪਿੰਡ ਵਾਸੀਆਂ ਨੇ ਆਪਣੇ ਪਿੰਡ ਦੇ ਇਸ ਯੋਧੇ 'ਤੇ ਮਾਣ ਮਹਿਸੂਸ ਕੀਤਾ ਕਿ ਉਹ ਆਉਣ ਵਾਲੀਆਂ ਪੀੜ੍ਹੀਆਂ ਦੇ ਸੁਨਹਿਰੀ ਭਵਿੱਖ



ਲਈ ਲੜ ਰਿਹਾ ਹੈ।

ਸਵਾਗਤ ਦੀ ਅਗਵਾਈ ਕਰ ਰਹੇ ਸਿੱਖਿਆ ਪ੍ਰੋਵਾਈਡਰ ਯੂਨੀਅਨ ਪੰਜਾਬ ਦੇ ਪ੍ਰਧਾਨ ਮਨਪ੍ਰੀਤ ਸਿੰਘ, ਡੈਮੋਕ੍ਰੇਟਿਕ ਟੀਚਰਜ਼ ਫਰੰਟ ਦੇ ਜਨਰਲ ਸਕੱਤਰ ਅਮੋਲਕ ਡੇਲੂਆਣਾ, ਪਰਮਿੰਦਰ ਸਿੰਘ, ਗੌਰਮਿੰਟ ਟੀਚਰਜ਼ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਨਰਿੰਦਰ ਮਾਖਾ, ਸੀ ਪੀ ਆਈ ਲਿਬਰੇਸ਼ਨ ਦੇ ਸੂਬਾਈ ਬੁਲਾਰੇ ਰਾਜਵਿੰਦਰ ਸਿੰਘ ਰਾਣਾ ਨੇ ਕਿਹਾ ਕਿ ਇੰਦਰਜੀਤ ਡੇਲੂਆਣਾ ਆਪਣੇ ਕੇਡਰ ਲਈ ਅਨੇਕਾਂ ਵਾਰ ਜੇਲ੍ਹਾਂ ਥਾਣਿਆਂ 'ਚ ਗਿਆ ਹੈ, ਅਨੇਕਾਂ ਵਾਰ ਉਸ ਨੇ ਪੁਲਸ ਦਾ ਤਸ਼ੱਦਦ ਝੱਲਿਆ ਹੈ, ਪਰ ਉਹ ਕਦੇ ਨਹੀਂ ਡੋਲ੍ਹਿਆ।

ਪਿੰਡ ਦੇ ਸਰਪੰਚ ਜਸਵਿੰਦਰ, ਹੈੱਡ ਟੀਚਰ ਗੁਰਨਾਮ ਸਿੰਘ ਡੇਲੂਆਣਾ, ਅਜ਼ਾਦ ਡੇਲੂਆਣਾ, ਕੁਲਵਿੰਦਰ ਸਿੰਘ ਕਿੰਦਰ, ਬੀਰਬਲ ਸਿੰਘ ਦਰਸ਼ਨ ਅਲੀਸ਼ੇਰ, ਗੁਰਦਾਸ ਸਿੰਘ ਰਾਏਪੁਰ, ਗੁਰਪ੍ਰੀਤ ਸਿੰਘ ਦਲੇਲ ਵਾਲਾ, ਸਤੀਸ਼ ਕੁਮਾਰ, ਸੁਰਿੰਦਰ ਸ਼ਰਮਾ, ਸਰਬਜੀਤ ਸਿੰਘ, ਜਸਵੀਰ ਭੰਮੇ ਨੇ ਕਿਹਾ ਕਿ ਇੰਦਰਜੀਤ ਡੇਲੂਆਣਾ ਦੀ ਲੜਾਈ ਹੁਣ ਉਸ ਦੇ ਕੇਡਰ ਤੱਕ ਹੀ ਸੀਮਤ ਨਹੀਂ ਰਹੀ, ਸਗੋਂ ਉਸ ਨੇ ਜਿਹੜੀ ਹੱਕੀ ਲੜਾਈ ਕੱਚਿਆਂ ਤੋਂ ਪੱਕੇ ਕਰਨ ਦੀ ਲੜੀ ਹੈ, ਉਹ ਆਉਣ ਵਾਲੀਆਂ ਪੀੜ੍ਹੀਆਂ ਲਈ ਲੜੀ ਹੈ, ਜਿਸ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ।

## ਸਫ਼ਾਈ ਸੇਵਕ ਯੂਨੀਅਨ ਨਗਰ ਕੌਂਸਲ ਨੇ ਮਨਾਈ ਧੀਆਂ ਦੀ ਲੋਹੜੀ



**ਜਗਰਾਉਂ, (ਅਮਿਤ ਖੰਨਾ)**-ਨਗਰ ਕੌਂਸਲ ਵਿਖੇ ਸਮੂਹ ਹਾਜ਼ਰੀਆਂ ਨੇ ਇਕੱਠਿਆਂ ਹੋ ਕੇ ਸਫ਼ਾਈ ਸੇਵਕ ਯੂਨੀਅਨ ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਅਰੁਣ ਗਿੱਲ ਦੀ ਅਗਵਾਈ ਹੇਠ ਸਮੂਹ ਸਫ਼ਾਈ ਕ੍ਰਮਚਾਰੀਆਂ ਨੇ ਮਿਲ ਕੇ ਜਿਹੜੇ ਕ੍ਰਮਚਾਰੀਆਂ ਦੇ ਘਰ ਵਿੱਚ ਪੋਤੀਆਂ, ਦੋਹਤੀਆਂ, ਧੀਆਂ-ਭੈਣਾਂ ਦੇ ਰੂਪ ਵਿੱਚ ਜਨਮ ਲਿਆ ਹੈ, ਉਨ੍ਹਾਂ ਦੀ ਖ਼ੁਸ਼ੀ ਵਿੱਚ ਲੋਹੜੀ ਦਾ ਤਿਉਹਾਰ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ ਤੇ ਸਮੂਹ ਪੰਜਾਬੀਆਂ ਨੂੰ ਇਹ ਸੰਦੇਸ਼ ਦਿੱਤਾ ਗਿਆ ਕਿ ਸਾਨੂੰ ਸਾਰਿਆਂ ਨੂੰ ਇਹ ਪਵਿੱਤਰ ਲੋਹੜੀ ਦਾ ਤਿਉਹਾਰ ਧੀਆਂ ਦੀ ਖ਼ੁਸ਼ੀ ਵਿੱਚ ਮਨਾਉਣਾ ਚਾਹੀਦਾ ਹੈ, ਕਿਉਂਕਿ ਅੱਜ ਦੇ ਯੁੱਗ ਵਿੱਚ ਮੁੰਡੇ ਤੇ ਕੁੜੀਆਂ ਵਿੱਚ ਕੋਈ ਵੀ ਫ਼ਰਕ ਨਹੀਂ ਕਰਨਾ ਚਾਹੀਦਾ। ਇਸ ਮੌਕੇ ਸਮੂਹ ਸਫ਼ਾਈ ਕ੍ਰਮਚਾਰੀਆਂ ਨੇ ਮਿਲ ਕੇ ਇੱਕ-ਦੂਜੇ ਨੂੰ ਲੋਹੜੀ ਦੇ ਤਿਉਹਾਰ ਦੀਆਂ ਵਧਾਈਆਂ ਦਿੱਤੀਆਂ। ਇਸ ਮੌਕੇ ਮਿਉਂਸਪਲ ਵਰਕਰ ਯੂਨੀਅਨ ਪ੍ਰਧਾਨ ਰਜਿੰਦਰ ਕੁਮਾਰ, ਚੇਅਰਮੈਨ ਰਾਜ ਕੁਮਾਰ, ਆਰਜੀ ਮੇਟ, ਰਾਮ ਪ੍ਰਕਾਸ਼, ਪ੍ਰਦੀਪ ਕੁਮਾਰ, ਭੂਸ਼ਨ, ਭਾਨੂੰ ਪ੍ਰਤਾਪ, ਸੁਖਵਿੰਦਰ ਸਿੰਘ, ਸੁਰਜੀਤ ਸਿੰਘ, ਸੰਮੀ, ਸਨਦੀਪ ਕੁਮਾਰ, ਸ਼ਾਮ ਲਾਲ, ਆਸ਼ਾ ਰਾਣੀ, ਨੀਨਾ,ਕੰਚਨ, ਸੁਨੀਤਾ ਰਾਣੀ ਤੇ ਸਮੂਹ ਸਫ਼ਾਈ ਕ੍ਰਮਚਾਰੀ ਹਾਜ਼ਰ ਰਹੇ।

## ਤਰਕਸ਼ੀਲਾਂ ਨੇ ਕੈਲੰਡਰ 2024 ਤੇ ਮੈਗ਼ਜ਼ੀਨ ਦਾ ਨਵਾਂ ਅੰਕ ਲੋਕ ਅਰਪਣ ਕੀਤਾ



**ਸੰਗਰੂਰ (ਪ੍ਰਵੀਨ ਸਿੰਘ)**-ਤਰਕਸ਼ੀਲ ਸੁਸਾਇਟੀ ਪੰਜਾਬ ਇਕਾਈ ਸੰਗਰੂਰ ਦੀ ਮੀਟਿੰਗ ਜ਼ੋਨ ਮੁਖੀ ਮਾਸਟਰ ਪਰਮਵੇਦ ਤੇ ਇਕਾਈ ਮੁਖੀ ਸੁਰਿੰਦਰਪਾਲ ਦੀ ਅਗਵਾਈ ਵਿੱਚ ਵਿੱਚ ਹੋਈ। ਤਰਕਸ਼ੀਲ ਆਗੂ ਗੁਰਦੀਪ ਸਿੰਘ ਲਹਿਰਾ, ਸੀਤਾ ਰਾਮ ਬਾਲਦ ਕਲਾਂ ਤੇ ਲੈਕਚਰਾਰ ਜਸਦੇਵ ਸਿੰਘ ਨੇ ਦੱਸਿਆ ਕਿ ਮੀਟਿੰਗ ਦੌਰਾਨ ਇਕਾਈ ਦੀ ਸਰਗਰਮੀਆਂ ਤੇ ਵਿਚਾਰ ਚਰਚਾ ਕੀਤੀ ਗਈ ਤੇ ਕ੍ਰਿਸ਼ਨ ਬਰਗਾੜੀ ਦੇ ਯਾਦਗਾਰੀ ਸਮਾਗਮ ਵਿੱਚ ਭਰਵੀਂ ਸ਼ਮੂਲੀਅਤ ਕਰਨ ਲਈ ਸਹਿਮਤੀ ਬਣੀ ਤੇ ਮੀਟਿੰਗ ਵਿੱਚ ਕੈਲੰਡਰ-24 ਤੇ ਤਰਕਸ਼ੀਲ ਮੈਗ਼ਜ਼ੀਨ ਦਾ ਨਵਾਂ ਅੰਕ ਲੋਕ ਅਰਪਨ ਕੀਤਾ ਗਿਆ। ਸੂਬਾ ਕਮੇਟੀ ਤੇ ਜ਼ੋਨ ਮੀਟਿੰਗ ਦੀ ਰਿਪੋਰਟਿੰਗ ਕੀਤੀ ਗਈ ਤੇ ਇਕਾਈ ਦਾ ਇਨਾਮ ਵੰਡ ਸਮਾਗਮ ਦਾ ਰੀਵਿਊ ਕੀਤਾ ਗਿਆ। ਰੀਵਿਊ ਦੌਰਾਨ ਸਾਰੇ ਹਾਜ਼ਰ ਮੈਂਬਰਾਂ ਨੇ ਗਿਣਾਤਮਕ ਤੇ ਗੁਣਾਤਮਿਕ ਪੱਖੋਂ ਤਸੱਲੀ ਦਾ ਪ੍ਰਗਟਾਵਾ ਕੀਤਾ ਤੇ ਇਸ ਨੂੰ ਭਾਵਪੂਰਤ ਕਿਹਾ। ਜੋਤਿਸ਼ 'ਤੇ ਚਰਚਾ ਕਰਦੇ ਸਮੇਂ ਸਾਰਿਆਂ ਨੇ ਕਿਹਾ ਕਿ ਜੋਤਿਸ਼ ਲੋਕਾਂ ਨੂੰ ਮੂਰਖ ਬਣਾਉਣ ਤੋਂ ਬਿਨਾਂ ਕੁਝ ਨਹੀਂ। ਆਗੂਆਂ ਨੇ ਕਿਹਾ ਕਿ ਜੋਤਿਸ਼ ਤੇ ਵਾਸਤੂ ਸ਼ਾਸਤਰ ਕਿਸੇ ਵੀ ਤਰ੍ਹਾਂ ਵਿਗਿਆਨਕ ਨਹੀਂ ਹੈ। ਇਹ ਤੀਰ ਤੁੱਕਾ ਹੈ। ਜੋਤਿਸ਼ ਭਾਰਤੀ ਸੰਵਿਧਾਨ ਦੀਆਂ ਮੂਲ ਭਾਵਨਾਵਾਂ ਦੇ ਉਲਟ ਹੈ, ਕਿਉਂਕਿ ਭਾਰਤੀ ਸੰਵਿਧਾਨ ਮੁਤਾਬਕ ਹਰ ਵਿਅਕਤੀ ਦਾ ਫ਼ਰਜ਼ ਹੈ ਕਿ ਉਹ ਵਿਗਿਆਨ ਦਾ ਪ੍ਰਚਾਰ ਤੇ ਪ੍ਰਸਾਰ ਕਰੇ ਤਾਂ ਜੁ ਲੋਕਾਂ ਦਾ ਨਜ਼ਰੀਆ ਵਿਗਿਆਨਕ ਬਣੇ। ਉਨ੍ਹਾਂ ਕਿਹਾ ਕਿ ਹਰ ਪਾਸੇ ਵਿਗਿਆਨ ਦੀਆਂ ਖੋਜਾਂ, ਕਾਢਾਂ ਦਾ ਬੋਲਬਾਲਾ ਹੈ। ਆਗੂਆਂ ਕਿਹਾ ਕਿ ਇਸ ਦੁਨੀਆਂ ਵਿੱਚ ਘਟਨਾਵਾਂ ਵਾਪਰੀਆਂ ਹਨ ਇਨ੍ਹਾਂ ਦੇ ਕਾਰਨ ਜਾਣਨਾ ਹੀ ਤਰਕਸ਼ੀਲਤਾ ਹੈ। ਮੀਟਿੰਗ ਵਿੱਚ ਉਪਰੋਕਤ ਤੋਂ ਇਲਾਵਾ ਸੁਖਦੇਵ ਸਿੰਘ ਕਿਸਨਗੜ੍ਹ, ਪ੍ਰਗਟ ਸਿੰਘ ਬਾਲੀਆਂ, ਪਰਮਿੰਦਰ ਸਿੰਘ ਮਹਿਲਾਂ, ਤ੍ਰਿਲੋਕੀ ਨਾਥ, ਗੁਰਦੀਪ ਸਿੰਘ, ਸੀਤਾ ਰਾਮ, ਜਸਦੇਵ ਸਿੰਘ ਨੇ ਸ਼ਮੂਲੀਅਤ ਕੀਤੀ।

# 'ਆਪ' ਦੇ ਦਫਤਰ 'ਚ ਲੋਹੜੀ ਦਾ ਤਿਉਹਾਰ ਮਨਾਇਆ

**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਆਮ ਆਦਮੀ ਪਾਰਟੀ ਦੇ ਫਤਿਹਗੜ੍ਹ ਸਾਹਿਬ ਦਫਤਰ ਵਿਖੇ ਵਿਧਾਇਕ ਲਖਬੀਰ ਸਿੰਘ ਰਾਏ ਦੀ ਅਗਵਾਈ ਵਿੱਚ ਲੋਹੜੀ ਦਾ ਤਿਉਹਾਰ ਧੂੰਮ ਧਾਮ ਨਾਲ ਮਨਾਇਆ ਗਿਆ। ਇਸ ਮੌਕੇ ਹਲਕੇ ਦੇ ਵੱਖ-ਵੱਖ ਪਿੰਡਾਂ ਤੇ ਸ਼ਹਿਰਾਂ ਤੋਂ ਵਰਕਰ ਇਕੱਠੇ ਹੋਏ, ਉਨ੍ਹਾਂ ਲੋਹੜੀ ਬਾਲੀ, ਤਿਲ ਪਾ ਕੇ ਮੱਥਾ ਟੇਕਿਆ, ਉਪਰੰਤ ਖੁਸ਼ੀਆਂ ਸਾਂਝੀਆਂ ਕੀਤੀਆਂ। ਇਸ ਮੌਕੇ ਵਿਧਾਇਕ ਲਖਬੀਰ ਸਿੰਘ ਰਾਏ ਨੇ ਕਿਹਾ ਕਿ ਲੋਹੜੀ ਦਾ ਤਿਉਹਾਰ ਸਾਡੇ ਪੁਰਖੇ ਮਨਾਉਂਦੇ ਆ ਰਹੇ ਹਨ। ਦੁੱਲਾ ਭੱਟੀ ਦੀ ਯਾਦ ਵਿੱਚ ਲੋਹੜੀ ਦੇ ਗੀਤ ਗਾਏ ਜਾਂਦੇ ਹਨ। ਸਭ ਤੋਂ ਵੱਡੀ ਗੱਲ ਇਹ ਹੈ ਕਿ ਇਹ ਤਿਉਹਾਰ ਘਰ ਵਿੱਚ ਬਰਕਤਾਂ ਲਿਆਉਣ ਲਈ ਮਨਾਇਆ ਜਾਂਦਾ ਹੈ। ਪ੍ਰਮਾਤਮਾ ਅੱਗੇ ਅਰਦਾਸ ਕੀਤੀ ਜਾਂਦੀ ਹੈ ਕਿ ਈਸਰ ਉਨ੍ਹਾਂ ਦੇ ਘਰ ਆਵੇ ਤੇ ਦਲਿੱਦਰ ਦੂਰ ਹੋਵੇ। ਇਸ ਮੌਕੇ ਹੋਰਨਾਂ ਤੋਂ



ਇਲਾਵਾ ਮਾਰਕੀਟ ਕਮੇਟੀ ਚਨਾਰਥਲ ਕਲਾਂ ਦੇ ਚੇਅਰਮੈਨ ਰਸ਼ਪਿੰਦਰ ਸਿੰਘ ਰਾਜਾ, ਬਹਾਦਰ ਖਾਨ, ਸਤੀਸ਼ ਕੁਮਾਰ ਲਟੌਰ, ਮੋਹਿਤ ਸੂਦ, ਗੌਰਵ ਅਰੋੜਾ, ਬਲਵੀਰ ਸੋਢੀ, ਸਨੀ ਚੋਪੜਾ, ਬੰਟੀ ਸੈਣੀ, ਗੁਰਮੀਤ ਬਾਜਵਾ, ਅਸ਼ਵਨੀ ਕੁਮਾਰ, ਦੀਪਕ ਬਾਤਿਸ਼, ਸੰਦੀਪ ਵਾਲਮੀਕੀ, ਪ੍ਰਵੀਨ ਬਾਲੂ, ਮੱਖਣ ਸਹੋਤਾ, ਨਭੀ ਸਰਹੰਦ, ਜਗਰੂਪ ਨੰਬਰਦਾਰ, ਸੋਨੂੰ ਸਰਹੰਦ, ਕੌਂਸਲਰ ਆਸ਼ਾ ਰਾਣੀ, ਜਸਪਾਲ ਸਿੰਘ ਰਾਮਦਾਸ ਨਗਰ, ਗੁਰਮੁੱਖ ਸਿੰਘ ਬ੍ਰਾਹਮਣ ਮਾਜਰਾ, ਬਲਜਿੰਦਰ ਗੋਲਾ, ਬਾਟੂ ਮਹੱਦੀਆਂ ਆਦਿ ਹਾਜ਼ਰ ਸਨ।

## ਅੰਮ੍ਰਿਤ ਸੰਚਾਰ ਸਮਾਗਮ ਦੌਰਾਨ ਵੱਡੀ ਗਿਣਤੀ 'ਚ ਸੰਗਤਾਂ ਨੇ ਅੰਮ੍ਰਿਤ ਛਕਿਆ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਜਰ ਅਤੇ ਆਨਰੇਰੀ ਸਕੱਤਰ ਸਵਿੰਦਰ ਸਿੰਘ ਕੱਥੂਨੰਗਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਚੀਫ਼ ਖ਼ਾਲਸਾ ਦੀਵਾਨ ਗੁਰਦੁਆਰਾ ਸ੍ਰੀ ਕਲਗੀਧਰ ਸਾਹਿਬ ਵਿਖੇ ਗੁਰਮਤਿ ਅਤੇ ਅੰਮ੍ਰਿਤ ਸੰਚਾਰ ਸਮਾਗਮ ਆਯੋਜਿਤ ਕੀਤਾ ਗਿਆ, ਜਿਸ ਵਿਚ ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਸਕੂਲ, ਜੀ. ਟੀ. ਰੋਡ ਦੇ ਕੀਰਤਨੀ ਜਥੇ ਨੇ ਰੱਬੀ ਬਾਣੀ ਦੀ ਛਹਿਬਰ ਲਗਾਉਂਦਿਆਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਸਮਾਗਮ ਵਿਚ ਵਿਸ਼ੇਸ਼ ਤੌਰ 'ਤੇ ਪੁੱਜੇ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਅਜੋਕੇ ਯੁੱਗ ਵਿਚ ਅੰਮ੍ਰਿਤਪਾਨ ਦੀ ਮਹੱਤਤਾ ਦਰਸਾਉਂਦਿਆਂ ਸੰਗਤਾਂ ਨੂੰ ਗੁਰ ਸਿੱਖਿਆਵਾਂ ਅਤੇ ਰਹਿਤ ਮਰਿਆਦਾ ਅਨੁਸਾਰ ਸਿੱਖੀ ਜੀਵਨ ਜਿਊਣ ਲਈ ਪ੍ਰੇਰਿਤ ਕੀਤਾ। ਉਪਰੰਤ ਸਮਾਗਮ ਵਿਚ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਪੁੱਜੇ ਪੰਜ ਪਿਆਰਿਆਂ ਵੱਲੋਂ ਪੂਰੀ ਮਰਿਆਦਾ ਅਨੁਸਾਰ ਪੰਜ ਬਾਣੀਆਂ ਦਾ ਪਾਠ ਕਰਕੇ ਅੰਮ੍ਰਿਤ ਤਿਆਰ ਕੀਤਾ ਗਿਆ ਅਤੇ ਧਰਮ ਪ੍ਰਚਾਰ ਕਮੇਟੀ ਵੱਲੋਂ ਦਿੱਤੇ ਗਏ ਪੰਜ ਕੱਕਾਰਾਂ ਨਾਲ ਸੁਸੱਜਿਤ ਦੀਵਾਨ ਸਕੂਲ ਵਿਦਿਆਰਥੀਆਂ ਅਤੇ ਸੰਗਤਾਂ ਨੂੰ ਧੰਨ-ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਾਜ਼ਰੀ ਵਿਚ ਗੁਰੂ ਮਰਿਆਦਾ ਅਨੁਸਾਰ ਅੰਮ੍ਰਿਤਪਾਨ ਕਰਵਾਇਆ ਗਿਆ ਜਿਸ ਤਹਿਤ ਵਿਦਿਆਰਥੀਆਂ ਦੇ ਨਾਲ-ਨਾਲ ਪਿੰਡ ਜਵੰਦਪੁਰ, ਮੀਆਂਵਿੰਡ, ਕੋਟ ਖਾਲਸਾ, ਫਾਜ਼ਲਪੁਰ, ਉਪਲ, ਵਡਾਲਾ ਵੀਰਮ ਅਤੇ ਹੋਰਨਾਂ ਨਜ਼ਦੀਕੀ ਪਿੰਡਾਂ ਦੀਆਂ ਸੰਗਤਾਂ ਦਸਮੇਸ਼ ਪਿਤਾ ਵੱਲੋਂ ਬਖਸ਼ੀ ਦਾਤ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੇ ਅਤੇ ਸਿੰਘ ਸਜੇ। ਇਸ ਮੌਕੇ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਜਰ ਨੇ ਸੰਗਤਾਂ ਨੂੰ ਗੁਰੂ ਨਾਲ ਜੁੜਨ ਤੇ ਵਧਾਈ ਦਿੱਤੀ ਅਤੇ ਧਰਮ ਪ੍ਰਚਾਰ ਕਮੇਟੀ ਵੱਲੋਂ ਸੰਗਤਾਂ ਨੂੰ ਸਿੱਖੀ ਨਾਲ ਜੋੜਨ ਹਿੱਤ ਕੀਤੇ ਗਏ ਯਤਨਾਂ ਦੀ ਭਰਪੂਰ ਸ਼ਲਾਘਾ ਕੀਤੀ। ਇਸ ਮੌਕੇ ਮੀਤ ਪ੍ਰਧਾਨ ਜਗਜੀਤ ਸਿੰਘ, ਆਨਰੇਰੀ ਜੁਆਇੰਟ ਸਕੱਤਰ ਸੁਖਜਿੰਦਰ ਸਿੰਘ ਪ੍ਰਿੰਸ, ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਤਰਲੋਚਨ ਸਿੰਘ, ਹਰਮਨਜੀਤ ਸਿੰਘ, ਬੀਬੀ ਕਿਰਨਜੋਤ ਕੌਰ, ਗੁਰਬਖਸ਼ ਸਿੰਘ ਬੇਦੀ ਅਤੇ ਦੀਵਾਨ ਮੈਂਬਰਜ਼ ਪ੍ਰੋ. ਸੂਬਾ ਸਿੰਘ, ਗੁਰਭੇਜ ਸਿੰਘ, ਤੇਜਿੰਦਰ ਸਿੰਘ ਖਾਲਸਾ, ਗੁਰਚਰਨ ਸਿੰਘ ਘਰਿੰਡਾ, ਡਾਇਰੈਕਟਰ ਐਜੂਕੇਸ਼ਨ ਡਾ. ਏ. ਪੀ. ਐੱਸ. ਚਾਵਲਾ, ਪ੍ਰਿੰਸੀਪਲ ਮਨਦੀਪ ਸਿੰਘ ਆਦਿ ਹਾਜ਼ਰ ਸਨ।

# ਸੇਵਾ ਭਾਵਨਾ ਸੁਸਾਇਟੀ ਨੇ ਲੰਗਰ ਲਗਾਇਆ

**ਮੱਖੂ (ਰਛਪਾਲ ਸਿੰਘ ਸੰਧੂ)** : ਸੇਵਾ ਭਾਵਨਾ ਸੁਸਾਇਟੀ ਮੱਖੂ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਮਾਘ ਮਹੀਨੇ ਦੀ ਸੰਗਰਾਂਦ ਤੇ ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਦੇ 40 ਮੁਕਤਿਆਂ ਦੀ ਯਾਦ ਵਿੱਚ ਸ੍ਰੀ ਮੁਕਤਸਰ ਸਾਹਿਬ ਵਿਖੇ ਮਨਾਏ ਜਾਂਦੇ ਜੋੜ ਮੇਲੇ ਦੇ ਸਬੰਧ ਵਿੱਚ ਨੈਸ਼ਨਲ ਹਾਈਵੇ-54 'ਤੇ ਵੱਖ-ਵੱਖ ਤਰ੍ਹਾਂ ਦੇ ਲੰਗਰ ਲਗਾਏ ਗਏ। ਇਸ ਮੌਕੇ ਸੇਵਾ ਭਾਵਨਾ ਸੁਸਾਇਟੀ ਮੱਖੂ ਦੇ ਮੈਂਬਰ ਜਸਬੀਰ ਸਿੰਘ ਭੁੱਲਰ ਰੰਗਾ ਸਿੰਘ ਵਾਲਾ, ਗੁਰਮੁੱਖ ਸਿੰਘ ਲਹਿਰਾ ਬੇਟ, ਡਾ. ਰਜੀਵ ਅਹੂਜਾ, ਹਰਜਿੰਦਰ ਸਿੰਘ ਲਹਿਰਾ, ਸੁਰਜੀਤ ਸਿੰਘ ਯੂ ਕੇ, ਗੁਰਪ੍ਰੀਤ ਸਿੰਘ ਬੰਟੀ, ਡਾ. ਕੁਲਦੀਪ ਸਿੰਘ ਆਸੀਕੇ, ਰਸਪਾਲ ਸਿੰਘ, ਦਰਸ਼ਨ ਸਿੰਘ, ਹਰਸ਼ਿਤ ਅਹੂਜਾ, ਮਹਿਲ ਸਿੰਘ ਵਰ੍ਹਿਆਂ, ਨਿਰਮਲ ਸਿੰਘ ਬਸਤੀ ਵਸਾਵਾ ਸਿੰਘ, ਕਰਨਬੀਰ ਸਿੰਘ ਵਰ੍ਹਿਆਂ, ਮਾਸਟਰ



ਸਤਨਾਮ ਸਿੰਘ, ਇੰਦਰਜੀਤ ਸਿੰਘ ਸੈਣੀ, ਗੁਰਬਖਸ਼ ਸਿੰਘ ਠੇਕੇਦਾਰ, ਅਖਿਲ ਅਹੂਜਾ, ਰਾਜਪਾਲ ਕੰਧਾਰੀ, ਨਵਜੋਤ ਸਿੰਘ ਲਹਿਰਾ, ਦੀਪਕ ਸਿੰਘ ਲਹਿਰਾ ਆਦਿ ਵੱਲੋਂ ਲੰਗਰ ਵਰਤਾਉਣ ਦੀ ਸੇਵਾ ਨਿਭਾਈ ਗਈ।

# ਸੈਂਟੀਨਲ ਇੰਟਰਨੈਸ਼ਨਲ ਸਕੂਲ 'ਚ ਲੋਹੜੀ ਦਾ ਤਿਉਹਾਰ ਮਨਾਇਆ

**ਸਮਰਾਲਾ (ਸੁਰਜੀਤ ਸਿੰਘ)**-ਸੈਂਟੀਨਲ ਇੰਟਰਨੈਸ਼ਨਲ ਸਕੂਲ ਸਮਰਾਲਾ ਵਿੱਚ



ਬੱਚਿਆਂ ਤੇ ਅਧਿਆਪਕਾਂ ਵੱਲੋਂ ਲੋਹੜੀ ਦਾ ਤਿਉਹਾਰ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਵਿਦਿਆਰਥੀਆਂ ਵੱਲੋਂ ਕਵਿਤਾਵਾਂ ਰਾਹੀਂ ਲੋਹੜੀ ਦੇ ਤਿਉਹਾਰ ਦਾ ਇਤਿਹਾਸ ਸੁਣਾਇਆ ਗਿਆ। ਸਕੂਲ ਦੇ ਪ੍ਰਿੰਸੀਪਲ ਡਾ. ਪੂਨਮ ਸ਼ਰਮਾ ਨੇ ਬੱਚਿਆਂ ਨੂੰ ਦੱਸਿਆ ਕਿ ਲੋਹੜੀ ਪੰਜਾਬੀਆਂ ਦਾ ਮਸ਼ਹੂਰ ਤੇ ਮਨਪਸੰਦ ਤਿਉਹਾਰ ਹੈ। ਇਹ ਤਿਉਹਾਰ ਸਾਡੇ ਸਮਾਜਿਕ ਭਾਈਚਾਰੇ, ਪਿਆਰ ਤੇ ਏਕਤਾ ਨੂੰ ਦਰਸਾਉਂਦਾ ਹੈ। ਸਕੂਲ ਦੇ ਸਾਰੇ ਬੱਚਿਆਂ ਤੇ ਅਧਿਆਪਕਾਂ ਵੱਲੋਂ ਸਕੂਲ ਦੇ ਵਿਹੜੇ 'ਚ ਬਲਦੀ ਲੋਹੜੀ 'ਚ ਤਿਲ, ਰਿਉੜੀਆਂ ਪਾ ਕੇ ਸਾਰੇ ਸਮਾਜ 'ਚ ਏਕਤਾ ਤੇ ਭਾਈਚਾਰੇ ਦੀ ਭਾਵਨਾ ਬਣਾਈ ਰੱਖਣ ਦੀ ਕਾਮਨਾ ਕੀਤੀ। ਇਸ ਮੌਕੇ ਸਕੂਲ ਦੇ ਵਿਦਿਆਰਥੀ ਤੇ ਸਮੂਹ ਸਟਾਫ਼ ਹਾਜ਼ਰ ਸੀ।

## ਦੂਜੇ ਪ੍ਰਸਤਕ ਮੇਲੇ ਦਾ ਉਦਘਾਟਨ ਕਰਨਗੇ ਸੀ ਐਮ ਮਨੋਹਰ ਲਾਲ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਊਰਜਾ ਵਿਭਾਗ ਹਰਿਆਣਾ ਦੀ ਪਹਿਲ 'ਤੇ ਮੁੱਖ ਮੰਤਰੀ ਮਨੋਹਰ ਲਾਲ ਦੇ ਸੁਪਨਿਆਂ ਨੂੰ ਸਾਕਾਰ ਕਰਦੇ ਹੋਏ ਗਿਆਨ ਦੀ ਰੋਸ਼ਨੀ ਨਾਲ ਰੋਸ਼ਨ ਹੁੰਦੇ ਹਰਿਆਣਾ ਮੁਹਿੰਮ ਦੇ ਤਹਿਤ ਇਸ ਵਾਰ ਫਿਰ ਯਵਨਿਕਾ ਟਾਊਨ ਪਾਰਕ ਸੈਕਟਰ-5 ਪੰਚਕੂਲਾ ਵਿਚ ਸਾਰੀਆਂ ਭਾਰਤੀ ਭਾਸ਼ਾਵਾਂ ਦੀਆਂ ਵਧੀਆ ਕਿਤਾਬਾਂ ਰਾਹੀਂ ਇਕ ਭਾਰਤ ਸ੍ਰੇਸ਼ਠ ਭਾਰਤ ਦੀ ਅਵਧਾਰਣਾ ਸਾਕਾਰ ਹੋ ਰਹੀ ਹੈ। ਬਿਜਲੀ ਵੰਡ ਅਤੇ ਉਤਪਾਦਨ ਕੰਪਨੀਆਂ ਦੇ ਚੇਅਰਮੈਨ ਪੀ ਕੇ ਦਾਸ ਦੀ ਪ੍ਰਸਤਾਵਨਾ ਤੇ ਵਧੀਕ ਮੁੱਖ ਸਕੱਤਰ ਏ ਕੇ ਸਿੰਘ ਦੇ ਮਾਰਗਦਰਸ਼ਨ ਵਿਚ ਐਚ ਐਸ ਵੀ ਪੀ ਦੇ ਮੁੱਖ ਪ੍ਰਸ਼ਾਸਕ ਟੀ ਐਲ ਸਤਿਅਪ੍ਰਕਾਸ਼ ਅਤੇ ਐਚ ਪੀ ਜੀ ਸੀ ਐਲ ਦੇ ਪ੍ਰਬੰਧ ਨਿਦੇਸ਼ਕ ਮੋਹਮਦ ਸ਼ਾਨਿ ਦੇ ਮਾਰਗਦਰਸ਼ਨ ਵਿਚ ਐਚ ਵੀ ਪੀ ਐਨ ਐਲ ਦੇ ਪ੍ਰਬੰਧ ਨਿਰਦੇਸ਼ਕ ਡਾ. ਅਮਿਤ ਕੁਮਾਰ ਅਗਰਵਾਲ ਦੇ ਸੰਯੋਜਨ ਵਿਚ ਉੱਤਰ ਹਰਿਆਣਾ ਬਿਜਲੀ ਵੰਡ ਨਿਗਮ ਦੇ ਪ੍ਰਬੰਧ ਨਿਦੇਸ਼ਕ ਡਾ. ਸਾਕੇਤ ਕੁਮਾਰ ਦੇ ਤਾਲਮੇਲ ਵਿਚ ਪ੍ਰਬੰਧਿਤ ਇਹ ਮੇਲਾ ਸਮਕਾਲੀਨ ਪ੍ਰਸ਼ਨਾਂ ਦੇ ਹੱਲ ਵਿਚ ਗਿਆਨ ਦੇ ਮੰਦਰ ਤੋਂ ਹੀ ਕੇ ਨਿਕਲੇਗਾ। ਪੰਚਕੂਲਾ ਪ੍ਰਸਤਕ ਮੇਲਾ ਹਰਿਆਣਾ ਇਕ ਹਰਿਆਣਵੀ ਇਕ ਨਾਅਰੇ ਦੀ ਧਵਨੀ ਦੇ ਤਹਿਤ ਹਰਿਆਣਾ ਦੇ ਸਾਹਿਤਕਾਰ ਅਤੇ ਸੱਭਿਆਚਾਰਕ ਨਾਇਕਾਂ ਨੂੰ ਸਮਰਪਤ ਹੈ। ਪ੍ਰਸਤਕ ਮੇਲੇ ਵਿਚ ਵਿਸ਼ੇਸ਼ ਰੂਪ ਨਾਲ ਸਾਹਿਤ 'ਚ ਰਾਮ ਨੂੰ ਰੇਖਾਂਕਿਤ ਕਰਦੇ ਹੋਏ ਰਾਮ ਮੰਡਪ ਖਿੱਚ ਦਾ ਕੇਂਦਰ ਹੋਵੇਗਾ।


## ਕਲਾਸੀਫਾਈਡ ਇਸ਼ਤਿਹਾਰ

### ਬੇਦਖਲੀ ਨੋਟਿਸ

ਮੈਂ, ਮਹਿਗਾ ਸਿੰਘ ਪੁੱਤਰ ਆਲਾ ਸਿੰਘ ਵਾਸੀ ਪਿੰਡ ਤੇ ਡਾਕ: ਕੰਧਾਲੀ ਨੌਰੰਗਪੁਰ, ਤਹਿ. ਦਸੂਹਾ (ਹੁਸ਼ਿਆਰਪੁਰ) ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਤੀਰਥ ਸਿੰਘ, ਜੋ ਮੇਰੇ ਕਹਿਣੇ ਤੋਂ ਬਾਹਰ ਹੈ, ਜਿਸ ਕਰਕੇ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ, ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਕੁਲਵੰਤ ਸਿੰਘ ਪੁੱਤਰ ਸਰਵਨ ਸਿੰਘ ਵਾਸੀ ਪਿੰਡ ਖਾਂਬਰਾ, ਤਹਿਸੀਲ ਵਾ ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਮਨਿੰਦਰ ਸਿੰਘ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

### Change of Name

I, Jasbeer Kaur alias Jasvir Kaur d/o Bhagat Singh w/o Hari Chand r/o 245-A, New Dashmesh Nagar, Rama Mandi, Jalandhar, Punjab changed my name to Jasvir Kaur. All Please Note.

I Mal Singh S/O Bachan Singh R/O Hno.19, Daburj Abdi Bajigar, Sultanwind Pind, Po Amritsar, District, Amritsar Have Changed My Name From Mal Singh To Mall Singh.

I, Santosh Kumari W/o Mohinder Pal R/o Gali No. 6, Guru Teg Bahadur Nagar, Tibbi, Phagwara, Distt. Kapurthala, Punjab is also known as Satya Devi. All Please Note.

I, Meenakshi W/O Narinder Kumar Bhalla, R/O H. No. 3079/7, Moh- Chirimunjan, Kartarpur Distt Jalandhar Have Changed My Name From Meenakshi To Meenakshi Bhalla, Surname As Bhalla & Given Name As Meenakshi.

### PUBLIC NOTICE

I Gulshan kumar managing partner of M/s Sukhdev Enterprises, Near Khalsa Sr.Secondry School, Tanda Road, Tehsil Dasuya, Garhdiwala, Hoshiarpur, Punjab-144207 holding registration certificate no B-1290/PUN/PART/100/5/9655/2019 under the provision of the Emigration Act, 1983 for export of manpower,I am nov intending to close my business with effect from immediate effect. In the event there is any claim against us,the same may be referred within 30 days from the publication of this notice, copies of the complaints may also be sent to the protector General of Emigrants, Ministry of External Affairs, 9th floor, Akbar Bhawan, satya marg, Chanakyapuri, New delhi-110021

For M/s Sukhdev Enterprises, Near Khalsa sr. Secondry School, Tanda Road, Tehsil Dasuya, Garhdiwala, Hoshiarpur, Punjab-144207

### ਨਾਂਅ ਦੀ ਬਦਲੀ

I, Preeti, W/O Manjinder Singh R/o VPO- Salala, Jalandhar, Punjab- 144102. have changed my name and shall hereafter be Known as Preeti Heer.

I, Amin Mehto S/O Ram Narayan Mehto, R/o 4666/2 Sector- 38 West, Chandigarh, Dist- Chandigarh-160036, have changed my name and shall hereafter be Known as Sudesh Ram.

I, Gurcharan Bagri S/O Tilak Raj, R/o House No-123, Dasuya Road, Near Gursimran Hospital, Hargobind Nagar, Hoshiarpur, Punjab-146001. I have changed the name of my minor daughter Rooh Preet aged about 11 Years and She shall hereafter be known as Roohpreet Bagri.

I, Amandeep Singh S/O Goharjitpal Singh, R/o House No-26/2, Bara Bazar, Batala, Gurdaspur, Punjab- 143505. Declare that Name of My Father has been wrongly written as Gomarjeet Singh in my Pan Card No- DLLPS4596C. The actual name of My Father is Goharjitpal Singh, which may be amended accordingly.

I, Prabjot Singh S/O Rajinder Singh R/O H. No. 1550 Moh - charkhari Wala, Kartarpur Distt Jalandhar Have Changed My Name From Prabjot Singh To Prabhjot Singh.

I, RONKI RAM S/o Sakhi Chand, R/o Village Bishanpur Arayian, P.O. Lakhan Kalan, District Kapurthala, Punjab. That I am holder an India Passport No. N2223848. That I want to Change my name from RONKI to RONKI RAM, on my said passport. All Concerned Please note.

I, Ashwani Kumar s/o Krishan Kumar Chopra r/o 117, Redissun Enclave, Back Side Friends Colony, Near DAV College, Grain Market, Jalandhar, Punjab changed my name to Ashwani Chopra. All Please Note.

### Change of Name

I, Narinder Kumar S/O Rakesh Kumar R/O H. No. 3079/7, Moh-Chirimunjan, Kartarpur Distt Jalandhar Have Changed My Name From Narinder Kumar To Narinder Kumar Bhalla, Surname As Bhalla & Given Name As Narinder Kumar.

I, Pal Singh S/O Malkeet Singh R/O Vill- Khanke Fateh Garh Distt Jalandhar Have Changed My Name From Pal Singh To Paul Singh.

I, Tarlochan Singh S/o Jarnail Singh R/o H.No. 37-C, Green Avenue, Basti Peer Dad, Jalandhar have changed my name from Tarlochan Singh to Tarlochan Singh Virdi.

I, Maninder Pal Singh S/o Balvir Singh R/o VPO Jandu Singha Jalandhar Punjab -144025 Punjab have changed my name to Singh Maninder Pal. (Singh as a Surname).

### ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

15-JAN-PAGE-7.qxd 1/14/2024 9:45 PM Page 1



# ਸੀਵਰੇਜ ਪ੍ਰਬੰਧਾਂ ਦੀ ਖੁੱਲ੍ਹੀ ਪੋਲ, ਦਰਬਾਰ ਸਾਹਿਬ ਜਾਣ ਲਈ ਸੰਗਤ ਨੂੰ ਸੀਵਰੇਜ ਦੇ ਪਾਣੀ 'ਚੋਂ ਪਿਆ ਲੰਘਣਾ



**ਮੁਕਤਸਰ (ਸ਼ਮਿੰਦਰਪਾਲ, ਪੂਜਾ)**

ਸ਼੍ਰੀ ਮੁਕਤਸਰ ਸਾਹਿਬ ਵਿਖੇ ਮਾਘੀ ਮੇਲੇ ਮੌਕੇ ਵੀ ਸੀਵਰੇਜ ਪ੍ਰਬੰਧਾਂ ਦੀ ਪੋਲ ਖੁੱਲ੍ਹਦੀ ਨਜ਼ਰ ਆਈ। ਸ਼੍ਰੀ ਦਰਬਾਰ ਸਾਹਿਬ ਦੇ ਗੇਟ ਨੰਬਰ 1 ਤੇ 2 ਵਿਚਕਾਰ ਸੀਵਰੇਜ ਦੇ ਪਾਣੀ ਦੀ ਨਿਕਾਸੀ ਨਾ ਹੋਣ ਕਾਰਨ ਸੰਗਤ ਸੀਵਰੇਜ ਦੇ ਗੰਦੇ ਪਾਣੀ 'ਚੋਂ ਲੰਘ ਕੇ ਜਾਂਦੀ ਨਜ਼ਰ ਆਈ। ਸ਼੍ਰੀ ਮੁਕਤਸਰ ਸਾਹਿਬ ਵਿਖੇ 40 ਮੁਕਤਿਆਂ ਦੀ ਯਾਦ ਵਿੱਚ ਲੱਗਣ ਵਾਲੇ ਇਤਿਹਾਸਕ ਮੇਲਾ ਮਾਘੀ ਸਬੰਧੀ ਅੱਜ ਵੱਡੀ ਗਿਣਤੀ ਵਿੱਚ ਸਿੱਖ ਸੰਗਤ ਸ਼੍ਰੀ ਦਰਬਾਰ ਸਾਹਿਬ ਵਿਖੇ ਨਤਮਸਤਕ ਹੋਣ ਲਈ ਪਹੁੰਚੀ। ਅੰਮ੍ਰਿਤ ਵੇਲੇ ਤੋਂ ਲੱਗੀਆਂ ਸੰਗਤ ਦੀਆਂ ਕਤਾਰਾਂ ਬਾਅਦ ਦੁਪਹਿਰ ਤੱਕ ਲੱਗੀਆਂ ਰਹੀਆਂ। ਇਸ ਦੌਰਾਨ ਸ਼੍ਰੀ ਮੁਕਤਸਰ ਸਾਹਿਬ ਦੇ ਮੇਨ ਬਜ਼ਾਰ ਤੇ ਸ਼੍ਰੀ ਦਰਬਾਰ ਸਾਹਿਬ ਦੇ ਆਲੇ ਦੁਆਲੇ ਸੀਵਰੇਜ ਦਾ ਪਾਣੀ ਬਜ਼ਾਰਾਂ ਵਿੱਚ ਖੜ ਜਾਣ ਕਾਰਨ ਸੰਗਤ ਨੂੰ ਵੱਡੀ ਪ੍ਰੇਸ਼ਾਨੀ ਆਈ। ਸ਼੍ਰੀ ਦਰਬਾਰ ਸਾਹਿਬ ਦੇ ਗੇਟ ਨੰਬਰ ਇੱਕ ਤੇ ਗੇਟ ਨੰਬਰ 2 ਦੇ ਵਿਚਕਾਰ ਵਾਲੇ ਏਰੀਆ 'ਚ ਸੀਵਰੇਜ ਦਾ ਪਾਣੀ ਜਮ੍ਹਾਂ ਹੋ ਗਿਆ। ਪਾਣੀ ਦਾ ਨਿਕਾਸ ਨਾ ਹੋਣ ਕਾਰਨ ਦੇਸ ਵਿਦੇਸ਼ ਤੋਂ ਪਹੁੰਚੀ ਸੰਗਤ ਨੂੰ ਸੀਵਰੇਜ ਦੇ ਗੰਦੇ ਪਾਣੀ 'ਚੋਂ ਲੰਘਣਾ ਪਿਆ। ਸ਼੍ਰੀ ਮੁਕਤਸਰ ਸਾਹਿਬ ਦੇ ਵਾਸੀ ਤੇ ਸੰਗਤ ਇਸ ਸਮੇਂ ਪ੍ਰਸ਼ਾਸਨਕ ਅਧਿਕਾਰੀਆਂ ਨੂੰ ਸੀਵਰੇਜ ਦੇ ਫੇਲ੍ਹ ਸਿਸਟਮ ਨੂੰ ਕੋਸਦੇ ਰਹੇ। ਉਧਰ ਇਸ ਸਬੰਧੀ ਦੁਕਾਨਦਾਰ ਖੁਦ ਹੀ ਸੀਵਰੇਜ ਪਾਣੀ ਦੀ ਸਫਾਈ ਕਰਦੇ ਨਜ਼ਰ ਆਏ। ਦੁਕਾਨਦਾਰਾਂ ਨੇ ਕਿਹਾ ਕਿ ਮੇਲਾ ਮਾਘੀ ਸਬੰਧੀ ਦੇਸ਼ ਵਿਦੇਸ਼ ਦੀ ਸੰਗਤ ਤੱਕ ਪ੍ਰੋਗਰਾਮਾਂ ਦੀ ਜਾਣਕਾਰੀ ਹੁੰਦੀ ਹੈ, ਪਰ ਇਸ ਦੇ ਬਾਵਜੂਦ ਇਹ ਪ੍ਰਬੰਧ ਅਗਾਊਂ ਨਹੀਂ ਕੀਤੇ ਗਏ, ਜਿਸ ਕਾਰਨ ਸੰਗਤ ਨੂੰ ਗੰਦੇ ਪਾਣੀ 'ਚੋਂ ਲੰਘ ਕੇ ਜਾਣਾ ਪੈ ਰਿਹੈ।

# ਰਾਸ਼ਟਰੀ ਪੱਧਰ 'ਤੇ ਤਮਗਾ ਜੇਤੂ ਮੁੱਕੇਬਾਜ਼ਾਂ ਦਾ ਸਨਮਾਨ



**ਹਠੂਰ (ਨਛੱਤਰ ਸੰਧੂ)**-5ਜੈਬ ਸਪੋਰਟਸ ਅਕੈਡਮੀ ਚਕਰ ਵਿੱਚ ਉਸ ਸਮੇਂ ਖੁਸ਼ੀ ਦੀ ਲਹਿਰ ਦੌੜ ਗਈ, ਜਦੋਂ ਜਗਵਿੰਦਰ ਸਿੰਘ ਸੰਧੂ ਤੇ ਸਿਮਰਨਜੀਤ ਕੌਰ ਧੰਜਲ ਬਾਕਸਿੰਗ ਵਿੱਚ ਰਾਸ਼ਟਰੀ ਪੱਧਰ 'ਤੇ ਤਮਗੇ ਜਿੱਤ ਕੇ ਪਿੰਡ ਪਰਤੇ। 5ਜੈਬ ਅਕੈਡਮੀ ਦੇ ਪ੍ਰਧਾਨ ਜਸਕਿਰਨਪ੍ਰੀਤ ਸਿੰਘ ਜਿਮੀ ਨੇ ਦੱਸਿਆ ਕਿ ਚੰਡੀਗੜ੍ਹ ਯੂਨੀਵਰਸਿਟੀ ਮੋਹਾਲੀ ਵਿਖੇ ਹੋਈ ਆਲ ਇੰਡੀਆ ਇੰਟਰ-ਯੂਨੀਵਰਸਿਟੀ ਬਾਕਸਿੰਗ ਚੈਂਪੀਅਨਸ਼ਿਪ ਵਿੱਚ ਜਗਵਿੰਦਰ ਸਿੰਘ ਸੰਧੂ ਨੇ ਗੁਰੂ ਕਾਸ਼ੀ ਯੂਨੀਵਰਸਿਟੀ, ਤਲਵੰਡੀ ਸਾਬੋ ਵੱਲੋਂ 92 ਕਿਲੋਗ੍ਰਾਮ ਭਾਰ ਵਰਗ ਵਿੱਚ ਭਾਗ ਲਿਆ ਤੇ ਚਾਂਦੀ ਦਾ ਤਮਗ਼ਾ ਜਿੱਤਿਆ। ਇਸੇ ਤਰ੍ਹਾਂ ਸਿਮਰਨਜੀਤ ਕੌਰ ਧੰਜਲ ਨੇ ਦਿੱਲੀ ਵਿਖੇ ਹੋਈਆਂ ਨੈਸ਼ਨਲ ਸਕੂਲ ਗੇਮਜ਼ ਵਿੱਚ ਬਾਕਸਿੰਗ ਵਿੱਚ ਪੰਜਾਬ ਵੱਲੋਂ ਭਾਗ ਲਿਆ ਤੇ 54 ਕਿਲੋਗ੍ਰਾਮ ਭਾਰ ਵਰਗ ਵਿੱਚ ਚਾਂਦੀ ਦਾ ਤਮਗ਼ਾ ਜਿੱਤਿਆ। ਦੋਵਾਂ ਖਿਡਾਰੀਆਂ ਦੀਆਂ ਪ੍ਰਾਪਤੀਆਂ ਸਦਕਾ ਪਿੰਡ ਵਿੱਚ ਖੁਸ਼ੀ ਦਾ ਮਾਹੌਲ ਪਾਇਆ ਗਿਆ। ਦੋਵਾਂ ਖਿਡਾਰੀਆਂ ਦੇ ਪਿੰਡ ਪਰਤਣ ਉੱਤੇ ਅਕੈਡਮੀ ਦੇ ਪ੍ਰਬੰਧਕਾਂ ਤੇ ਨਗਰ ਨਿਵਾਸੀਆਂ ਵੱਲੋਂ ਸਨਮਾਨ ਕੀਤਾ ਗਿਆ। ਇਸ ਮੌਕੇ ਜਗਵਿੰਦਰ ਸਿੰਘ ਸੰਧੂ ਤੇ ਸਿਮਰਨਜੀਤ ਕੌਰ ਨੇ ਨਗਰ ਨਿਵਾਸੀਆਂ ਅਤੇ ਪ੍ਰਵਾਸੀ ਪੰਜਾਬੀਆਂ ਦਾ ਹਰ ਤਰ੍ਹਾਂ ਕੀਤੀ ਜਾਣ ਵਾਲੀ ਮਦਦ ਲਈ ਧੰਨਵਾਦ ਕੀਤਾ। ਖਿਡਾਰੀਆਂ ਦੇ ਸਨਮਾਨ ਮੌਕੇ ਨੰਬਰਦਾਰ ਚਮਕੌਰ ਸਿੰਘ, ਦਰਸ਼ਨ ਸਿੰਘ ਗਿੱਲ, ਰੂਪ ਸਿੰਘ ਸਿੱਧੂ, ਗੁਰਕੀਰਤ ਸਿੰਘ ਸਿੱਧੂ, ਪ੍ਰਿੰ. ਬਲਵੰਤ ਸਿੰਘ ਸੰਧੂ, ਬਲਦੇਵ ਸਿੰਘ ਸੰਧੂ, ਬਾਕਸਿੰਗ ਕੋਚ ਕਰਨਦੀਪ ਸਿੰਘ, ਫੁੱਟਬਾਲ ਕੋਚ ਅਮਿਤ ਕੁਮਾਰ, ਕੋਚ ਜਗਜੀਤ ਸਿੰਘ ਮੱਲ੍ਹਾ, ਜਿਮੀ ਸਿੱਧੂ, ਸਰਬਜੀਤ ਕੌਰ ਅਮਰੀਕਾ, ਪਰਮਜੀਤ ਕੌਰ ਕੈਨੇਡਾ, ਦਲਜੀਤ ਕੌਰ ਸੰਧੂ ਤੇ ਸ਼ਿੰਦਰਪਾਲ ਕੌਰ ਧੰਜਲ ਆਦਿ ਹਾਜ਼ਰ ਸਨ। ਇਸ ਮੌਕੇ 5ਜੈਬ ਸਪੋਰਟਸ ਅਕੈਡਮੀ ਚਕਰ ਦੇ ਬਾਕਸਿੰਗ ਕੋਚ ਰਵੀਨਾ ਸਹੋਤਾ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ।

# ਗੌਰਮਿੰਟ ਪੈਨਸ਼ਨਰਜ਼ ਐਸੋ. ਦਾ ਕੈਲੰਡਰ ਸਹਾਇਕ ਕਮਿਸ਼ਨਰ ਵੱਲੋਂ ਰਿਲੀਜ਼



**ਸੰਗਰੂਰ (ਪ੍ਰਵੀਨ ਸਿੰਘ)**-ਸਥਾਨਕ ਜ਼ਿਲ੍ਹਾ ਕੰਪਲੈਕਸ ਵਿਖੇ ਸਥਿਤ ਪੈਨਸ਼ਨਰਜ਼ ਦਫਤਰ ਵਿੱਚ ਗੌਰਮਿੰਟ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਵੱਲੋਂ ਵਿਸ਼ੇਸ਼ ਸਮਾਗਮ ਜੀਤ ਸਿੰਘ ਢੀਂਡਸਾ ਪ੍ਰਧਾਨ ਦੀ ਅਗਵਾਈ ਤੇ ਲਾਭ ਸਿੰਘ, ਸਤਪਾਲ ਸਿੰਗਲਾ, ਨੰਦ ਲਾਲ ਮਲਹੋਤਰਾ, ਗੁਰਦੀਪ ਸਿੰਘ ਮੰਗਵਾਲ, ਗੁਰਦੇਵ ਸਿੰਘ ਭੁੱਲਰ, ਹਰਪਾਲ ਸਿੰਘ ਸੰਗਰੂਰਵੀ, ਨਿਹਾਲ ਸਿੰਘ ਮੰਗਵਾਲ ਦੀ ਦੇਖ ਰੇਖ ਹੇਠ ਕਰਵਾਇਆ ਗਿਆ। ਕੌਮਾਂਤਰੀ ਧੀ ਦਿਵਸ ਤੇ ਲੋਹੜੀ ਨੂੰ ਸਮਰਪਤ ਇਸ ਸਮਾਗਮ ਦੇ ਮੁੱਖ ਮਹਿਮਾਨ ਵਜੋਂ ਸ੍ਰੀਮਤੀ ਰਿਚਾ ਗੋਇਲ ਪੀ ਸੀ ਐੱਸ ਸਹਾਇਕ ਕਮਿਸ਼ਨਰ ਜਨਰਲ ਨੇ ਸ਼ਮੂਲੀਅਤ ਕੀਤੀ।

ਭੁਪਿੰਦਰ ਸਿੰਘ ਜੱਸੀ ਜਨਰਲ ਸਕੱਤਰ ਦੇ ਸਟੇਜ ਸੰਚਾਲਨ ਅਧੀਨ ਜੀਤ ਸਿੰਘ ਢੀਂਡਸਾ ਨੇ ਮੈਡਮ ਰਿਚਾ ਗੋਇਲ ਦਾ ਨਿੱਘਾ ਸਵਾਗਤ ਕੀਤਾ। ਵੱਖ ਵੱਖ ਬੁਲਾਰਿਆਂ ਜਗਜੀਤ ਇੰਦਰ ਸਿੰਘ ਚੇਅਰਮੈਨ, ਸੱਜਣ ਸਿੰਘ ਪੂਨੀਆ, ਕੌਰ ਸਿੰਘ, ਅਮਰ ਸਿੰਘ ਚਾਹਲ, ਸੁਰਿੰਦਰ ਪਾਲ ਸਿੰਘ ਸਿਦਕੀ, ਵਾਸਦੇਵ ਸ਼ਰਮਾ ਨੇ ਵਿਚਾਰਾਂ ਤੇ ਗੀਤ ਸੰਗੀਤ ਰਾਹੀਂ ਨਵੇਂ ਸਾਲ ਤੇ ਲੋਹੜੀ ਦੀਆਂ ਸ਼ੁੱਭ-ਕਾਮਨਾਵਾਂ ਦਿੱਤੀਆਂ। ਰਿਚਾ ਗੋਇਲ ਨੇ ਕਿਹਾ ਕਿ ਮੈਨੂੰ ਇਸ ਸਮਾਗਮ ਵਿੱਚ ਸ਼ਾਮਲ ਹੋ ਕੇ ਤੇ ਨਵੇਂ ਸਾਲ ਵਿੱਚ ਬਜ਼ੁਰਗਾਂ ਦਾ ਆਸ਼ੀਰਵਾਦ ਪ੍ਰਾਪਤ ਕਰਨ 'ਤੇ ਅਤਿਅੰਤ ਖੁਸ਼ੀ ਮਹਿਸੂਸ ਹੋ ਰਹੀ ਹੈ। ਉਨ੍ਹਾ ਪੈਨਸ਼ਨਰਜ਼ ਐਸੋਸੀਏਸ਼ਨ ਵੱਲੋਂ ਆਪਣੇ ਸਾਥੀਆਂ ਤੇ ਬਜ਼ੁਰਗਾਂ ਲਈ ਕੀਤੇ ਗਏ ਕਾਰਜਾਂ ਦੀ ਸ਼ਲਾਘਾ ਕੀਤੀ ਅਤੇ ਨਵੇਂ ਸਾਲ ਤੇ ਲੋਹੜੀ ਦੀਆਂ ਵਧਾਈਆਂ ਦਿੱਤੀਆਂ। ਇਸ ਮੌਕੇ ਮੈਡਮ ਨੇ ਐਸੋਸੀਏਸ਼ਨ ਵੱਲੋਂ ਤਿਆਰ ਕੀਤੇ ਨਵੇਂ ਸਾਲ ਦੇ ਕੈਲੰਡਰ ਨੂੰ ਜਾਰੀ ਕਰਨ ਦੀ ਰਸਮ ਅਦਾ ਕੀਤੀ। ਉਪਰੰਤ ਫਕੀਰ ਚੰਦ, ਭੁਪਿੰਦਰ ਪਾਲ, ਓ ਪੀ ਅਰੋੜਾ, ਨਰੇਸ਼ ਕੁਮਾਰ ਭੱਲਾ, ਧਰਮਪਾਲ ਅਹੂਜਾ, ਗੁਰਚਰਨ ਸਿੰਘ ਭੱਠਲ, ਜਗਦੀਸ਼ ਸਿੰਘ, ਸ਼ਿਵ ਚਰਨ ਸ਼ਰਮਾ, ਤ੍ਰਿਲੋਕੀ ਗੁਪਤਾ, ਭਜਨ ਸਿੰਘ, ਜਰਨੈਲ ਸਿੰਘ, ਕੁਲਵੰਤ ਸਿੰਘ, ਰਾਜ ਕੁਮਾਰ ਸ਼ਰਮਾ ਆਦਿ ਦੇ ਜਨਮ ਦਿਨ ਮਨਾਏ ਗਏ ਅਤੇ ਮੁੱਖ ਮਹਿਮਾਨ ਤੇ ਪ੍ਰਧਾਨ ਨਾਲ ਹੋਰ ਸਾਥੀਆਂ ਨੇ ਹਾਰ ਪਾ ਕੇ ਤੇ ਤੋਹਫੇ ਦੇ ਕੇ ਸਨਮਾਨਤ ਕੀਤਾ।

## ਕਾਤਰਾਂ

### ਨਸ਼ਾ ਤਸਕਰਾਂ ਦੀ 2 ਕਰੋੜ ਤੋਂ ਵੱਧ ਦੀ ਪ੍ਰਾਪਰਟੀ ਫਰੀਜ਼



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਬਠਿੰਡਾ ਪੁਲਸ ਵੱਲੋਂ ਜ਼ਿਲ੍ਹਾ ਬਠਿੰਡਾ ਵਿੱਚ ਨਸ਼ੇ ਦੇ ਸੌਦਾਗਰਾਂ ਵੱਲੋਂ ਨਸ਼ੇ ਦੇ ਕਾਰੋਬਾਰ ਤੋਂ ਬਣਾਈ ਅਣ-ਅਧਿਕਾਰਿਤ/ਗੈਰ-ਕਾਨੂੰਨੀ ਪ੍ਰਾਪਰਟੀ ਨੂੰ ਕੰਪੀਟੈਂਟ ਅਥਾਰਟੀ ਦਿੱਲੀ ਪਾਸੋਂ ਜਬਤ ਕਰਵਾਇਆ ਗਿਆ। ਇਸ ਤਹਿਤ ਉਨ੍ਹਾਂ ਦੀ ਕੁੱਲ ਕੀਮਤ ਕਰੀਬ 2 ਕਰੋੜ ਤੋਂ ਵੱਧ ਦੀ ਗੈਰ-ਕਾਨੂੰਨੀ ਪ੍ਰਾਪਰਟੀ ਨੂੰ ਫਰੀਜ਼ ਕੀਤਾ ਜਾ ਚੁੱਕਾ ਹੈ। ਇਸ ਤੋਂ ਇਲਾਵਾ ਹੀਨਾ ਗੁਪਤਾ ਡੀ ਐੱਸ ਪੀ ਦਿਹਾਤੀ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਕੰਪੀਟੈਂਟ ਅਥਾਰਟੀ ਦਿੱਲੀ ਪਾਸ ਐੱਨ.ਡੀ.ਪੀ.ਐੱਸ ਦੇ 27 ਕੇਸ ਭੇਜੇ ਗਏ ਸਨ, ਜਿਨ੍ਹਾਂ ਵਿੱਚੋਂ 12 ਐੱਨ.ਡੀ.ਪੀ.ਐੱਸ. ਕੇਸਾਂ ਦੀ ਪ੍ਰਾਪਰਟੀ ਕੰਨਫਰਮ ਹੋ ਚੁੱਕੀ ਹੈ ਤੇ ਬਾਕੀ ਰਹਿੰਦੇ 15 ਕੇਸਾਂ ਦੀ ਕੰਪੀਟੈਂਟ ਅਥਾਰਟੀ ਪਾਸ ਪੈਂਡਿੰਗ ਹਨ। ਇਸ ਤੋਂ ਇਲਾਵਾ ਆਉਣ ਵਾਲੇ ਸਮੇਂ ਦੌਰਾਨ ਬਠਿੰਡਾ ਪੁਲਸ ਵੱਲੋਂ ਹੋਰ ਵੀ ਨਸ਼ਾ ਤਸਕਰਾਂ ਦੀਆਂ ਵੱਧ ਤੋਂ ਵੱਧ ਜਾਇਦਾਦਾਂ ਦੀ ਸ਼ਨਾਖਤ ਕਰਕੇ ਕੰਪੀਟੈਂਟ ਅਥਾਰਟੀ ਦਿੱਲੀ ਪਾਸ ਭੇਜ ਕੇ ਜਬਤ ਕਰਵਾਈਆਂ ਜਾਣਗੀਆਂ।

### ਸ੍ਰੀ ਰਾਮ ਲੀਲ੍ਹਾ ਉਤਸਵ ਕਮੇਟੀ ਦੀ ਮੀਟਿੰਗ

**ਬਾਘਾ ਪੁਰਾਣਾ (ਮਨੀ ਸਿੰਗਲਾ)**-ਸ੍ਰੀ ਰਾਮ ਜਨਮ ਭੂਮੀ ਅਯੁੱਧਿਆ ਧਾਮ ਵਿੱਚ ਸ਼੍ਰੀ ਰਾਮ ਮੰਦਰ ਬਣਨ ਦੀ ਖੁਸ਼ੀ ਵਿੱਚ ਸ਼੍ਰੀ ਰਾਮ ਲੀਲ੍ਹਾ ਉਤਸਵ ਕਮੇਟੀ, ਸ਼੍ਰੀ ਸ਼ਿਵ ਮੰਦਰ ਪ੍ਰਬੰਧਕ ਕਮੇਟੀ ਤੇ ਸ਼ਹਿਰ ਵਾਸੀਆਂ ਦੇ ਸਾਹਿਯੋਗ ਨਾਲ 21 ਜਨਵਰੀ ਨੂੰ ਸ਼ਹਿਰ ਬਾਘਾ ਪੁਰਾਣਾ ਵਿੱਚ ਕੱਢੀ ਜਾ ਰਹੀ ਸ਼੍ਰੀ ਰਾਮ ਧਵਜ ਯਾਤਰਾ ਨੂੰ ਲੈ ਕੇ ਸ਼੍ਰੀ ਰਾਮ ਲੀਲ੍ਹਾ ਉਤਸਵ ਕਮੇਟੀ ਵੱਲੋਂ ਮੀਟਿੰਗ ਕੀਤੀ ਗਈ। ਮੀਟਿੰਗ ਉਪਰੰਤ ਪ੍ਰਧਾਨ ਦੀਪਕ ਗਰਗ ਬੌਬੀ, ਅਸ਼ਵਨੀ ਸ਼ਰਮਾ, ਸੰਦੀਪ ਠੰਡੂ, ਰੋਸ਼ਨ ਲਾਲ ਰੋਸ਼ੀ, ਮਨੋਜ ਕੁਮਾਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ 21 ਜਨਵਰੀ ਨੂੰ ਸਵੇਰੇ 9 ਵਜੇ ਸ਼੍ਰੀ ਰਮਾਇਣ ਦਾ ਪਾਠ ਆਰੰਭ ਹੋਵੇਗਾ ਤੇ 21 ਜਨਵਰੀ ਨੂੰ ਹੀ ਸ਼੍ਰੀ ਸ਼ਿਵ ਮੰਦਿਰ ਮੋਗਾ ਰੋਡ ਤੋਂ ਦੁਪਹਿਰ 3 ਵਜੇ ਸ਼੍ਰੀ ਰਾਮ ਧਵਜ ਯਾਤਰਾ ਸ਼ੁਰੂ ਹੋਵੇਗੀ। ਪ੍ਰਧਾਨ ਦੀਪਕ ਗਰਗ ਬੌਬੀ ਨੇ ਦੱਸਿਆ ਕਿ ਤਿਆਰੀਆਂ ਪੂਰੀਆਂ ਜ਼ੋਰਾਂ ਸ਼ੋਰਾਂ ਨਾਲ ਕੀਤੀਆਂ ਜਾ ਰਹੀਆਂ ਹਨ ਅਤੇ ਉਨ੍ਹਾ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ 21 ਤੇ 22 ਜਨਵਰੀ ਨੂੰ ਆਪਣੇ ਆਪਣੇ ਘਰਾਂ ਵਿੱਚ 5-5 ਦੀਵੇ ਜ਼ਰੂਰ ਲਗਾਉਣ। ਇਸ ਮੌਕੇ ਵਿਜੇ ਸ਼ਰਮਾ, ਪਵਨ ਬਾਂਸਲ, ਅਮਿਤ ਜਿੰਦਲ, ਚਤੁਰਭੁਜ, ਦੀਪਕ ਭੱਲਾ, ਸ਼ਿਵਮ ਸਿੰਗਲਾ, ਅਮਨ ਤਨੇਜਾ, ਮਿੰਟੂ ਤਨੇਜਾ, ਨਰੇਸ਼ ਜੈਦਕਾ ਤੇ ਹੋਰ ਵੀ ਮੈਂਬਰ ਸ਼ਾਮਲ ਸਨ।

### ਅੱਜ ਬਿਜਲੀ ਬੰਦ ਰਹੇਗੀ

**ਜਲਾਲਾਬਾਦ (ਜੀਤ ਕੁਮਾਰ)**-ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮ. ਜਲਾਲਾਬਾਦ ਸ਼ਹਿਰੀ ਦੇ ਐੱਸ.ਡੀ.ਓ. ਸੰਦੀਪ ਕੁਮਾਰ ਨੇ ਦੱਸਿਆ ਕਿ 132 ਕੇ ਵੀ ਬਿਜਲੀ ਘਰ ਅਧੀਨ ਆਉਂਦੀਆਂ ਲਾਇਨਾਂ ਦੀ ਸਾਂਭ-ਸੰਭਾਲ ਲਈ ਜਲਾਲਾਬਾਦ ਸ਼ਹਿਰੀ ਫੀਡਰ, ਬੱਘਾ ਬਜ਼ਾਰ ਫੀਡਰ, ਬੈਂਕ ਰੋਡ ਫੀਡਰ, ਮੰਨੇਵਾਲਾ ਰੋਡ ਫੀਡਰ, ਗੁਮਾਨੀਵਾਲਾ ਰੋਡ ਫੀਡਰ, ਫਿਰੋਜ਼ਪੁਰ ਰੋਡ ਫੀਡਰ, ਸਾਰੇ ਯੂ.ਪੀ.ਐੱਸ. ਫੀਡਰ, ਸਾਰੇ ਏ. ਪੀ. ਫੀਡਰ, ਟਿਵਾਨਾ ਰੋਡ, ਫਾਜ਼ਿਲਕਾ ਰੋਡ, ਅਰਾਈਆਂਵਾਲਾ ਰੋਡ ਫੀਡਰ ਵਿੱਚ 15 ਜਨਵਰੀ 2024 ਨੂੰ ਸਵੇਰੇ 10 ਵਜੇ ਤੋਂ ਦੁਪਹਿਰੇ 2 ਵਜੇ ਤੱਕ ਬਿਜਲੀ ਸਪਲਾਈ ਬੰਦ ਰਹੇਗੀ।

### ਨਜਾਇਜ਼ ਤੇ ਓਵਰਲੋਡ ਵਾਹਨਾਂ ਦੇ ਹੋਣਗੇ ਭਾਰੀ ਚਲਾਣ : ਪੂਨਮ ਸਿੰਘ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਆਰ ਟੀ ਏ ਪੂਨਮ ਸਿੰਘ ਵੱਲੋਂ ਨਜਾਇਜ਼ ਚੱਲਣ ਵਾਲੇ ਤੇ ਬਿਨਾਂ ਡਾਕੂਮੈਂਟਸ ਤੋਂ ਚੱਲਣ ਵਾਲੇ ਵਾਹਨ ਚਾਲਕਾਂ ਦੇ ਬਠਿੰਡਾ ਮਾਡਲ ਟਾਊਨ ਏਰੀਏ ਵਿੱਚ ਨਾਕਾ ਲਾ ਕੇ ਚਲਾਨ ਕੱਟੇ ਗਏ। ਆਰ ਟੀ ਏ ਪੂਨਮ ਸਿੰਘ ਨੇ ਮੀਡੀਆ ਨਾਲ ਗੱਲਬਾਤ ਕਰਦੇ ਹੋਏ ਦੱਸਿਆ ਕਿ ਸੜਕ ਸੇਫਟੀ ਲਈ ਚਲਾਈ ਗਈ ਮੁਹਿੰਮ ਤਹਿਤ ਰਾਤ ਨੂੰ ਸੜਕਾਂ ਉੱਪਰ ਓਵਰਲੋਡ ਚੱਲਣ ਵਾਲੇ ਵੱਡੇ ਵਾਹਨ ਨਜਾਇਜ਼ ਚੱਲਣ ਵਾਲੇ ਵਹੀਕਲ ਤੇ ਅਨਸੇਫ ਚੱਲਣ ਵਾਲੀਆਂ ਸਕੂਲ ਵੈਨਾਂ ਨੂੰ ਵੱਡੇ ਪੱਧਰ 'ਤੇ ਕੀਤਾ ਜਾ ਰਿਹਾ ਹੈ। ਚੈੱਕ ਸਾਡਾ ਕੰਮ ਲੋਕਾਂ ਦੇ ਚਲਾਨ ਕੱਟਣਾ ਹੀ ਨਹੀਂ ਉਨ੍ਹਾਂ ਨੂੰ ਅਵੇਅਰਨੈੱਸ ਦੇਣਾ ਵੀ ਹੈ ਮੈਂ ਤੁਹਾਡੇ ਜ਼ਰੀਏ ਲੋਕਾਂ ਨੂੰ ਅਪੀਲ ਕਰਦੀ ਹਾਂ ਕਿ ਉਹ ਜਲਦ ਤੋਂ ਜਲਦ ਆਪਣੇ ਵਹੀਕਲਾਂ ਦੀ ਕਾਗਜ਼ ਪੱਤਰ ਪੂਰੇ ਕਰ ਲੈਣ ਤੇ ਮੌਸਮ ਧੁੰਦ ਵਾਲਾ ਹੋਣ ਕਾਰਨ ਹੈਵੀ ਵਹੀਕਲ ਜੋ ਕਿ ਓਵਰਲੋਡ ਚੱਲਦੇ ਹਨ, ਜਿਨਾਂ ਦੇ ਅਸੀਂ ਚਲਾਣ ਵੀ ਕੱਟਦੇ ਹਾਂ ਅਤੇ ਅਪੀਲ ਕਰਦੇ ਹਾਂ ਕਿ ਉਹ ਅੰਡਰ ਲੋੜ ਹੀ ਚੱਲਣ ਨਹੀਂ ਤਾਂ ਫਿਰ ਵੱਡੇ ਵੱਡੇ ਚਲਾਨ ਕੱਟੇ ਜਾਣਗੇ। ਅਗਲੇ ਹਫਤੇ ਸਕੂਲਾਂ ਦੀਆਂ ਵੈਨਾਂ, ਜੋ ਅਨਸੇਫ ਹਨ, ਨੂੰ ਚੈੱਕ ਕਰਾਂਗੇ ਤੇ ਉਹੀ ਵਹੀਕਲ ਸੜਕਾਂ 'ਤੇ ਚੱਲਣਗੇ ਜੋ ਚੱਲਣਯੋਗ ਹਨ।

# ਪ੍ਰੈੱਸ ਕਲੱਬ ਨੇ ਬੱਚਿਆਂ ਨੂੰ ਵੰਡੀ ਲੋਹੜੀ



**ਗੁਰੂ ਹਰਸਹਾਏ (ਫ਼ਕੀਰ ਚੰਦ ਸਿਕਰੀ)**-ਦੀ ਗੁਰੂ ਹਰਸਹਾਏ ਪ੍ਰੈੱਸ ਕਲੱਬ (ਰਜਿ.) ਵੱਲੋਂ ਗੁਰੂ ਹਰਸਹਾਏ ਦੀ ਦਾਣਾ ਮੰਡੀ ਵਿਖੇ ਪਹੁੰਚ ਕੇ ਗਰੀਬ ਪਰਵਾਰਾਂ ਦੇ ਬੱਚਿਆਂ ਨਾਲ ਲੋਹੜੀ ਮਨਾਈ ਗਈ ਅਤੇ ਉਨ੍ਹਾਂ ਨੂੰ ਲੋਹੜੀ ਵੰਡੀ ਗਈ। ਇਸ ਮੌਕੇ ਜਾਣਕਾਰੀ ਦਿੰਦੇ ਹੋਏ ਦੀ ਗੁਰੂ ਹਰਸਹਾਏ ਪ੍ਰੈੱਸ ਕਲੱਬ ਦੇ ਪ੍ਰਧਾਨ ਕਪਿਲ ਕੰਧਾਰੀ, ਉਪ-ਪ੍ਰਧਾਨ ਮਨਜੀਤ ਸਿੰਘ ਸਿਯੋਨਾ, ਚੇਅਰਮੈਨ ਸੁਨੀਲ ਵਿੱਕੀ ਆਵਲਾ ਨੇ ਦੱਸਿਆ ਕਿ ਜਿੱਥੇ ਲੋਕਾਂ ਵੱਲੋਂ ਲੋਹੜੀ ਦਾ ਤਿਓਹਾਰ ਆਪਣੇ ਪਰਿਵਾਰਕ ਮੈਂਬਰਾਂ ਨਾਲ ਮਿਲ ਕੇ ਮਨਾਇਆ ਜਾਂਦਾ ਹੈ, ਉੱਥੇ ਹੀ ਝੁੱਗੀ ਝੌਂਪੜੀਆਂ ਵਿੱਚ ਰਹਿੰਦੇ ਬੱਚੇ ਇਹ ਤਿਓਹਾਰ ਮਨਾਉਣ ਤੋਂ ਵਾਂਝੇ ਰਹਿ ਜਾਂਦੇ ਹਨ, ਜਿਸ ਦੇ ਚਲਦਿਆਂ ਇਨ੍ਹਾਂ ਗਰੀਬ ਬੱਚਿਆਂ ਨਾਲ ਲੋਹੜੀ ਮਨਾਉਣ ਤੇ ਇਨ੍ਹਾਂ ਦੇ ਨਾਲ ਖੁਸ਼ੀਆਂ ਸਾਂਝੀਆਂ ਕਰਨ ਦੇ ਲਈ ਅੱਜ ਦੀ ਗੁਰੂ ਹਰਸਹਾਏ ਪ੍ਰੈੱਸ ਕਲੱਬ ਦੇ ਸਮੂਹ ਮੈਂਬਰਾਂ ਵੱਲੋਂ ਨਵਾਂ ਉਪਰਾਲਾ ਕੀਤਾ ਗਿਆ ਅਤੇ ਇਨ੍ਹਾਂ ਗਰੀਬ ਬੱਚਿਆਂ ਨਾਲ ਗੁਰੂ ਹਰਸਹਾਏ ਦੀ ਦਾਣਾ ਮੰਡੀ ਵਿਖੇ ਪਹੁੰਚ ਕੇ ਲੋਹੜੀ ਮਨਾਈ ਗਈ। ਇਸ ਮੌਕੇ ਥਾਣਾ ਮੁਖੀ ਜਸਵਿੰਦਰ ਸਿੰਘ ਬਰਾੜ ਵੀ ਵਿਸ਼ੇਸ਼ ਤੌਰ 'ਤੇ ਪਹੁੰਚੇ ਤੇ ਪ੍ਰੈੱਸ ਕਲੱਬ ਦੇ ਸਮੂਹ ਮੈਂਬਰਾਂ ਤੇ ਥਾਣਾ ਮੁਖੀ ਵੱਲੋਂ ਬੱਚਿਆਂ ਨੂੰ ਮੂੰਗਫਲੀ, ਫਰੂਟ, ਫੁੱਲੇ, ਰੇਵੜੀਆਂ ਆਦਿ ਵੰਡ ਕੇ ਇਨ੍ਹਾਂ ਦੇ ਨਾਲ ਖੁਸ਼ੀ ਸਾਂਝੀ ਕੀਤੀ ਗਈ। ਇਸ ਮੌਕੇ ਸਰਪ੍ਰਸਤ ਫ਼ਕੀਰ ਚੰਦ ਸਿਕਰੀ, ਸੈਕਟਰੀ ਗਗਨ ਮੱਕੜ, ਬਲਜਿੰਦਰ ਹਾਂਡਾ, ਜੀਵਨਜੋਤ ਕੌਰ, ਮੁਨੀਸ਼ ਪਿੰਡੀ, ਰਾਜਿੰਦਰ ਕੰਬੋਜ, ਸੁਰਿੰਦਰ ਹਾਂਡਾ, ਅੰਕਿਤ ਕੁਮਾਰ ਆਦਿ ਵੱਲੋਂ ਇਨ੍ਹਾਂ ਪ੍ਰਵਾਸੀ ਬੱਚਿਆਂ ਦੇ ਨਾਲ ਲੋਹੜੀ ਮਨਾਈ ਗਈ।

# ਭਾਰਤੀਯ ਅੰਬੇਡਕਰ ਮਿਸ਼ਨ ਦੀ ਤੀਜੀ ਸੂਚੀ ਜਾਰੀ

**ਸੰਗਰੂਰ (ਪ੍ਰਵੀਨ ਸਿੰਘ)**-ਭਾਰਤੀਯ ਅੰਬੇਡਕਰ ਮਿਸ਼ਨ (ਰਜਿ:) ਭਾਰਤ ਵੱਲੋਂ ਸ੍ਰੀਮਤੀ ਪੂਨਮ ਕਾਂਗੜਾ ਮੁੱਖ ਸਰਪ੍ਰਸਤ ਭਾਰਤੀਯ ਅੰਬੇਡਕਰ ਮਿਸ਼ਨ ਦੀ ਅਨੁਮਤੀ ਨਾਲ ਮਿਸ਼ਨ ਦੇ ਕੌਮੀ ਪ੍ਰਧਾਨ ਸ੍ਰੀ ਦਰਸ਼ਨ ਸਿੰਘ ਕਾਂਗੜਾ ਵੱਲੋਂ ਸਾਲ 2024 ਲਈ ਨਵੀਂ ਟੀਮ ਦੀ ਘੋਸ਼ਣਾ ਕਰਦਿਆਂ ਸੂਬਾ ਕਮੇਟੀ ਲਈ 4 ਸੂਬਾ ਸੀਨੀਅਰ ਮੀਤ ਪ੍ਰਧਾਨ, 6 ਮੀਤ ਪ੍ਰਧਾਨ, 55 ਜਨਰਲ ਸਕੱਤਰ ਤੇ 64 ਸਕੱਤਰਾਂ ਦੀ ਤੀਜੀ ਸੂਚੀ ਜਾਰੀ ਕੀਤੀ ਗਈ, ਜਿਸ ਵਿੱਚ ਸੀਨੀਅਰ ਮੀਤ ਪ੍ਰਧਾਨ ਮੰਜੂ ਹਰਕਿਰਨ ਕੌਰ ਮਲੇਰਕੋਟਲਾ, ਰਾਮ ਕ੍ਰਿਸ਼ਨ ਕਾਂਗੜਾ ਰਾਮਾ ਮੰਡੀ, ਮਨਦੀਪ ਸਿੰਘ ਬੰਗੜ, ਗੁਰਦਾਸਪੁਰਾ, ਜਗਸੀਰ ਸਿੰਘ ਸਰਪੰਚ ਖੇੜੀ ਚੰਦਵਾ, ਸੂਬਾ ਮੀਤ ਪ੍ਰਧਾਨ ਡਾ. ਜੈਮਲ ਸਿੰਘ, ਸ੍ਰੀ ਅੰਮ੍ਰਿਤਸਰ ਸਾਹਿਬ, ਮੋਹਨ ਸਿੰਘ ਲਾਲਕਾ, ਫਿਰੋਜ਼ਪੁਰ, ਕਮਲ ਕੁਮਾਰ ਬਾਗੜੀ ਜੈਤੋ, ਰਾਮ ਚੰਦਰ ਟਾਂਕ ਪਟਿਆਲਾ, ਤਰਸੇਮ ਸਿੰਘ ਗਿੱਲ, ਜਰਗ ਖੰਨਾ, ਪ੍ਰਗਟ ਸਿੰਘ, ਫ਼ਤਿਹਗੜ੍ਹ ਛੰਨਾ ਸੂਬਾ ਜਨਰਲ ਸਕੱਤਰਾਂ ਵਿੱਚ ਦਲਜੀਤ ਕੌਰ ਲੁਧਿਆਣਾ, ਮੋਹਿਤ ਕੁਮਾਰ ਮੇਸੀ, ਪ੍ਰੀਤਮ ਸਿੰਘ ਤਪਾ, ਜਸਵਿੰਦਰ ਕੌਰ ਭੁੱਲਰ ਭਾਦਸੋਂ, ਕਮਲ ਕੁਮਾਰ ਗੋਗਾ, ਸੁਖਦੇਵ ਸਿੰਘ ਕੰਨਗੋ, ਬਲਰਾਜ ਸਿੰਘ ਗਿੱਲ ਬਰਨਾਲਾ, ਬਲਜੀਤ ਸਿੰਘ ਬਾਹਮਣੀਵਾਲਾ, ਰਾਜਪਾਲ ਸਿੰਘ ਰਾਜੂ ਸਾਰੋ, ਧਰਮਵੀਰ ਲੋਹਟ, ਜਸਵੀਰ ਚੰਦ ਬਿੱਟੂ, ਵਿਜੇ ਕੁਮਾਰ ਭੋਲਾ ਪਾਤੜਾਂ, ਮੈਡਮ ਲਲਿਤਾ ਕਮਲ, ਪਰਮਦੀਪ ਸਿੰਘ, ਸੁਖਜਿੰਦਰ ਸਿੰਘ ਭੁਟਾਲ, ਚਮਕੌਰ ਸਿੰਘ ਸੇਰਪੁਰ, ਜਸਪਾਲ ਸਿੰਘ ਫੌਜੀ ਠੁੱਲੀਵਾਲ, ਲਾਭ ਸਿੰਘ ਕਲੇਰ, ਗੁਰਪ੍ਰੀਤ ਸਿੰਘ ਚੋਪੜਾ, ਸੰਜੀਵ ਕੁਮਾਰ ਭਗਾਨੀਆ ਖੰਨਾ, ਬਲਦੇਵ ਸਿੰਘ ਭੁੱਚਰ, ਹਰਬੰਸ ਸਿੰਘ ਦੌਦ, ਜਸਵਿੰਦਰ ਸਿੰਘ ਦਰਘੇੜੀ ਸ੍ਰੀ ਫ਼ਤਿਹਗੜ੍ਹ ਸਾਹਿਬ, ਮਹਾਂਵੀਰ ਸੈਣੀ ਭੁਲਣ, ਬ੍ਰਿਜ ਮੋਹਨ ਅੰਮ੍ਰਿਤਸਰ, ਗੁਰਦੀਪ ਸਿੰਘ ਦੀਵਾਨਾ, ਪਰਮਜੀਤ ਸਿੰਘ ਮੌੜਾਂ, ਚੰਨਾ ਸਿੰਘ ਲਦਾਲ, ਜਸਬੀਰ ਸਿੰਘ ਬੰਮਣਾ, ਗੁਰਪਾਲ ਸਿੰਘ ਸਰਪੰਚ, ਦੀਦਾਰ ਸਿੰਘ ਚਾਵਰੀਆ, ਲਖਵੰਤ ਸਿੰਘ ਗੰਢੂਆਂ, ਸੁਰੇਸ ਕੁਮਾਰ ਪਠਾਨਕੋਟ, ਬਬੀਤਾ ਸਹੋਤਾ ਜ਼ੀਰਕਪੁਰ, ਬਲਜੀਤ ਸਿੰਘ ਬੁਰਜਦੁਨਾ, ਭੁਪਿੰਦਰ ਸਿੰਘ ਮਾਣੂੰਕੇ, ਤਰਲੋਚਨ ਸਿੰਘ ਖੋਟੇ, ਜਸਵੀਰ ਸਿੰਘ ਘਲੋਟੀ, ਗੁਰਦੇਵ ਸਿੰਘ ਫ਼ਾਜ਼ਿਲਕਾ, ਜਗਮੰਦਰ ਸਿੰਘ ਪਿਊਰੀ, ਗੁਰਪ੍ਰੀਤ ਸਿੰਘ ਕਲਾਲ ਮਾਜਰਾ, ਗੋਬਿੰਦਰ ਸਿੰਘ ਭੁੱਚੋ, ਗੁਰਮੁੱਖ ਸਿੰਘ ਧਾਲੀਵਾਲ ਵਿੱਕੀ ਤੇ ਮਿੰਟੂ ਅਟਵਾਲ ਨੂੰ ਨਿਯੁਕਤ ਕੀਤਾ ਗਿਆ।

# ਵਾਤਾਵਰਣ ਪ੍ਰੇਮੀ ਗੁਲਾਬ ਮਾਨ ਨੇ ਵਿਧਾਇਕ ਨੂੰ ਦਿੱਤੀਆਂ ਲੋਹੜੀ ਦੀਆਂ ਵਧਾਈਆਂ



**ਨਾਭਾ (ਵਰਿੰਦਰ ਵਰਮਾ)**-ਲੋਹੜੀ ਦਾ ਤਿਉਹਾਰ ਹਰ ਵਰਗ ਦੇ ਲੋਕਾਂ ਵੱਲੋਂ ਬੜੀ ਧੂਮ ਧਾਮ ਨਾਲ ਮਨਾਇਆ ਜਾਂਦਾ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਵਾਤਾਵਰਨ ਪ੍ਰੇਮੀ ਗੁਲਾਬ ਮਾਨ ਨੇ ਹਲਕਾ ਵਿਧਾਨ ਸਭਾ ਨਾਭਾ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੂੰ ਲੋਹੜੀ ਦੇ ਤਿਉਹਾਰ ਮੌਕੇ ਮੁਬਾਰਕਬਾਦ ਦੇਣ ਉਪਰੰਤ ਪ੍ਰਗਟਾਏ। ਉਨ੍ਹਾ ਕਿਹਾ ਕਿ ਪੰਜਾਬ ਵਿੱਚ ਲੋਹੜੀ ਨੂੰ ਤਿਲੋੜੀ ਵੀ ਕਿਹਾ ਜਾਂਦਾ ਹੈ। ਇਹ ਤਿਉਹਾਰ ਦੁੱਲਾ ਭੱਟੀ ਤੇ ਮਾਤਾ ਸਤੀ ਦੀ ਕਥਾ ਨਾਲ ਸਬੰਧਤ ਹੈ। ਉਨ੍ਹਾ ਕਿਹਾ ਕਿ ਇਹ ਮੰਨਿਆ ਜਾਂਦਾ ਹੈ ਕਿ ਇਸ ਦਿਨ ਮਾਤਾ ਸਤੀ ਨੇ ਪ੍ਰਜਾਪਤੀ ਦਕਸ਼ ਦੇ ਯੱਗ ਵਿੱਚ ਆਪਣੇ ਆਪ ਨੂੰ ਜਲਾਇਆ ਸੀ। ਇਸ ਦੇ ਨਾਲ ਹੀ ਅੱਜ ਦੇ ਦਿਨ ਮੁਗਲਾਂ ਦੇ ਆਤੰਕ ਤੋਂ ਸਿੱਖ ਧੀਆਂ ਦੀ ਇੱਜਤ ਬਚਾਉਣ ਵਾਲੇ ਲੋਕ ਨਾਇਕ ਦੁੱਲਾ ਭੱਟੀ ਦੀ ਯਾਦ ਵਿੱਚ ਵੀ ਲੋਹੜੀ ਦਾ ਤਿਉਹਾਰ ਮਨਾਇਆ ਜਾਂਦਾ ਹੈ। ਹਲਕਾ ਵਿਧਾਇਕ ਦੇਵ ਮਾਨ ਨੇ ਦੱਸਿਆ ਕਿ ਲੋਹੜੀ ਖੁਸ਼ੀਆਂ ਦਾ ਤਿਉਹਾਰ ਹੈ। ਇਹ ਤਿਉਹਾਰ ਸਰਦੀਆਂ ਦੇ ਅੰਤ ਤੇ ਬਸੰਤ ਦੇ ਆਗਮਨ ਦਾ ਸੰਕੇਤ ਦਿੰਦਾ ਹੈ। ਲੋਹੜੀ ਦੀ ਰਾਤ ਸਭ ਤੋਂ ਠੰਢੀ ਰਾਤ ਮੰਨੀ ਜਾਂਦੀ ਹੈ। ਇਸ ਦਿਨ ਜਿਸ ਘਰ ਵਿੱਚ ਨਵ-ਜੰਮੇ ਬੱਚੇ ਤੇ ਵਿਆਹੇ ਜੋੜੇ ਦੀ ਪਹਿਲੀ ਲੋਹੜੀ ਹੁੰਦੀ ਹੈ, ਉਸ ਘਰ ਵਿੱਚ ਵਿਆਹ ਵਾਂਗ ਰੌਣਕ ਲੱਗੀ ਹੁੰਦੀ ਹੈ ਤੇ ਲੋਕ ਪਹਿਲੀ ਲੋਹੜੀ ਭੁੰਨਦੇ ਹਨ। ਉਨ੍ਹਾਂ ਹਲਕਾ ਵਾਸੀਆਂ ਤੇ ਦੇਸ਼ ਵਾਸੀਆਂ ਨੂੰ ਇਸ ਲੋਹੜੀ ਦੇ ਤਿਉਹਾਰ ਦੀਆਂ ਵਧਾਈਆਂ ਦਿੱਤੀਆਂ। ਇਸ ਮੌਕੇ ਐੱਮ ਐੱਲ ਏ ਦਫਤਰ ਇੰਚਾਰਜ ਮਨਪ੍ਰੀਤ ਕਾਲੀਆ, ਰਾਮ ਕ੍ਰਿਸ਼ਨ ਭੱਲਾ, ਮਾਨਟੂ ਪਾਹੂਜਾ, ਹਰਮੇਸ਼ ਮੇਸ਼ੀ, ਭੁਪਿੰਦਰ ਸਿੰਘ ਕਲਰਮਾਜਰੀ, ਡਾਕਟਰ ਮੁਲਖ ਰਾਜ ਆਦਿ ਹਾਜ਼ਰ ਸਨ।

# ਵਰਿਆਮ ਸਿੰਘ ਚੰਦੜ ਬਣੇ ਜ਼ਿਲ੍ਹਾ ਮੀਤ ਪ੍ਰਧਾਨ



**ਸੰਗਰੂਰ (ਪ੍ਰਵੀਨ ਸਿੰਘ)**-ਸ਼੍ਰੋਮਣੀ ਅਕਾਲੀ ਦਲ (ਬਾਦਲ) ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਵਰਿਆਮ ਸਿੰਘ ਚੰਦੜ ਸਾਬਕਾ ਸਰਪੰਚ ਥਲੇਸ ਦੀਆਂ ਪਾਰਟੀ ਪ੍ਰਤੀ ਸੇਵਾਵਾਂ ਨੂੰ ਧਿਆਨ 'ਚ ਰੱਖਦਿਆ ਜ਼ਿਲ੍ਹਾ ਮੀਤ ਪ੍ਰਧਾਨ ਨਿਯੁਕਤ ਕੀਤਾ ਹੈ। ਇਸ ਨਿਯੁਕਤੀ ਲਈ ਚੰਦੜ ਨੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ, ਜ਼ਿਲ੍ਹਾ ਪ੍ਰਧਾਨ ਤੇਜਿੰਦਰ ਸਿੰਘ ਸੰਘਰੇੜੀ, ਹਲਕਾ ਇੰਚਾਰਜ ਵਿਨਰਜੀਤ ਸਿੰਘ ਗੋਲਡੀ, ਇਕਬਾਲ ਸਿੰਘ ਝੂੰਦਾਂ ਤੇ ਸਮੁੱਚੀ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਹੋਏ ਕਿਹਾ ਕਿ ਪਾਰਟੀ ਵੱਲੋਂ ਸੌਂਪੀ ਗਈ ਸੇਵਾ ਨੂੰ ਮੈਂ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਵਾਂਗਾ। ਇਸ ਨਿਯੁਕਤੀ ਲਈ ਡਾਕਟਰ ਸੁਖਚੈਨ ਸਿੰਘ ਸਾਰੋਂ, ਹਰਜੀਵਨ ਸਿੰਘ ਸਾਬਕਾ ਸਰਪੰਚ, ਸੁਮਿਤ ਸਿੰਘ ਥਲੇਸ, ਗੁਰਜੰਟ ਸਿੰਘ ਥਲੇਸ, ਜਥੇਦਾਰ ਨਿਰਮਲ ਸਿੰਘ ਭੜੋ, ਬਿੱਟੂ ਬਡਰੁੱਖਾਂ, ਬਲਦੇਵ ਸਿੰਘ ਥਲੇਸ, ਸੁਖਦੇਵ ਸਿੰਘ ਥਲੇਸ ਆਦਿ ਨੇ ਖੁਸ਼ੀ ਦਾ ਪ੍ਰਗਟਾਵਾ ਕੀਤਾ।

# ਡੇਅਰੀ ਵਿਭਾਗ ਵੱਲੋਂ ਦੁੱਧ ਉਤਪਾਦਕ ਜਾਗਰੂਕਤਾ ਸੈਮੀਨਾਰ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਡੇਅਰੀ ਵਿਕਾਸ ਵਿਭਾਗ ਪਟਿਆਲਾ ਵੱਲੋਂ ਨੈਸ਼ਨਲ ਲਾਈਵ ਸਟਾਕ ਮਿਸ਼ਨ ਅਧੀਨ ਪਿੰਡ ਕਕਰਾਲਾ ਭਾਈਕਾ ਬਲਾਕ ਸਮਾਣਾ ਵਿਖੇ ਦੁੱਧ ਉਤਪਾਦਕ ਜਾਗਰੂਕਤਾ ਸੈਮੀਨਾਰ ਲਗਾਇਆ ਗਿਆ, ਜਿਸ ਵਿੱਚ 250 ਦੇ ਕਰੀਬ ਦੁੱਧ ਉਤਪਾਦਕਾਂ ਵੱਲੋਂ ਭਾਗ ਲਿਆ ਗਿਆ। ਇਸ ਸੈਮੀਨਾਰ ਦੀ ਪ੍ਰਧਾਨਗੀ ਕਰ ਰਹੇ ਸ੍ਰੀ ਚਰਨਜੀਤ ਸਿੰਘ ਡਿਪਟੀ ਡਾਇਰੈਕਟਰ ਡੇਅਰੀ ਵਿਕਾਸ ਪਟਿਆਲਾ ਨੇ ਡੇਅਰੀ ਵਿਭਾਗ ਵੱਲੋਂ ਚਲਾਈਆਂ ਜਾ ਰਹੀਆਂ ਵੱਖ ਵੱਖ ਸਕੀਮਾਂ ਬਾਰੇ ਜਾਣਕਾਰੀ ਦਿੱਤੀ ਗਈ। ਡਾ. ਪਰਮਿੰਦਰ ਕੁਮਾਰ ਵੈਟਰਨਰੀ ਅਫਸਰ ਵੱਲੋਂ ਪਸ਼ੂਆਂ ਦੀਆਂ ਬਿਮਾਰੀਆਂ ਦੀ ਰੋਕਥਾਮ, ਸਮੇਂ ਸਿਰ ਟੀਕਾਕਰਨ, ਪਸ਼ੂਆਂ ਦੀ ਸਾਂਭ ਸੰਭਾਲ ਬਾਰੇ ਜਾਣਕਾਰੀ ਦਿੱਤੀ ਗਈ। ਸ੍ਰੀ ਯਸਪਾਲ ਡੇਅਰੀ ਵਿਕਾਸ ਇੰਸਪੈਕਟਰ ਵੱਲੋਂ ਡੇਅਰੀ ਫਾਰਮਿੰਗ ਕਰਨ ਦੇ ਸਫਲ ਨੁਕਤੇ, ਪਸ਼ੂਆਂ ਦੀ ਖੁਰਾਕ ਤੇ ਮਿਨਰਲ ਮਿਕਸਚਰ ਦੀ ਮਹੱਤਤਾ ਬਾਰੇ ਨੁਕਤੇ ਸਾਂਝੇ ਕੀਤੇ ਗਏ। ਡਾ. ਸੁਮਨ ਵੇਰਕਾ ਡੇਅਰੀ ਤੇ ਡਾ. ਤਰਸੇਮ ਸ਼ਰਮਾ ਬਾਨੀ ਮਿਲਕ ਵੱਲੋਂ ਕੋਆਪ੍ਰੇਟਿਵ ਢਾਂਚੇ ਦੀ ਬਣਤਰ, ਘੱਟ ਖਰਚੇ ਤੇ ਵੱਧ ਦੁੱਧ ਦੀ ਪੈਦਾਵਾਰ, ਪਸ਼ੂਆਂ ਦੀ ਨਸਲ ਸੁਧਾਰ ਬਾਰੇ ਜਾਣਕਾਰੀ ਦਿੱਤੀ ਗਈ। ਕੁਲਵਿੰਦਰ ਸਿੰਘ ਡੇਅਰੀ ਵਿਕਾਸ ਇੰਸਪੈਕਟਰ ਵੱਲੋਂ ਨੈਸ਼ਨਲ ਲਾਈਵ ਸਟਾਕ ਮਿਸ਼ਨ ਅਧੀਨ ਫੀਡ ਤੇ ਫੋਡਰ ਗਤੀਵਿਧੀ ਸਾਈਲੇਜ ਬੇਲਰ, ਫੋਡਰ ਹਾਰਵੈਸਟਰ, ਟਰੈਕਟਰ, ਟਰਾਲੀ, ਚਾਫਕਟਰ, ਸ਼ੈੱਡ, ਟੋਟਲ ਮਿਕਸ ਰਾਸ਼ਨ ਮਸ਼ੀਨਾਂ ਤੇ ਚੱਲ ਰਹੀ ਸਬਸਿਡੀ ਬਾਰੇ ਜਾਗਰੂਕ ਕੀਤਾ ਗਿਆ। ਲਖਮੀਰ ਸਿੰਘ ਡੇਅਰੀ ਇੰਸਪੈਕਟਰ ਨੇ ਕਿਸਾਨਾਂ ਨੂੰ ਡੇਅਰੀ ਧੰਦੇ ਨੂੰ ਪ੍ਰਫੁਲਤ ਕਰਨ ਲਈ ਉਤਸ਼ਾਹਤ ਕੀਤਾ ਗਿਆ ਤੇ ਸਰਕਾਰ ਦੀਆਂ ਵੱਖ ਵੱਖ ਸਕੀਮਾਂ ਦਾ ਲਾਭ ਲੈਣ ਲਈ ਪ੍ਰੇਰਿਤ ਕੀਤਾ। ਇਸ ਸੈਮੀਨਾਰ ਵਿੱਚ ਵੱਖ ਵੱਖ ਕੰਪਨੀਆਂ ਵੈਨਸਨ ਮਿਲਕਿੰਗ ਮਸ਼ੀਨ, ਪੁਆਇਨਰ, ਵੀਰਾ ਫੀਡ ਵੱਲੋਂ ਆਪਣੀਆਂ ਸਟਾਲਾਂ ਵੀ ਲਗਾਈਆਂ ਗਈਆਂ। ਸੈਮੀਨਾਰ ਵਿੱਚ ਵਧੀਆ ਡੇਅਰੀ ਫਾਰਮਿੰਗ ਕਰ ਰਹੇ ਦੁੱਧ ਉਤਪਾਦਕਾਂ ਨੂੰ ਵਿਭਾਗੀ ਮੋਮੈਂਟੋ ਦੇ ਕੇ ਸਨਮਾਨਤ ਕੀਤਾ ਗਿਆ। ਅੰਤ ਵਿੱਚ ਦੁੱਧ ਉਤਪਾਦਕਾਂ ਨੂੰ ਵਿਭਾਗ ਵੱਲੋਂ 2-2 ਕਿੱਲੋ ਮਿਨਰਲ ਮਿਕਸਚਰ ਦੇ ਪੈਕਟ ਮੁਫਤ ਵੰਡੇ ਗਏ।

# ਪ੍ਰਿੰ. ਰਵਿੰਦਰ ਕੁਮਾਰ ਨੇ ਹਾਸਲ ਕੀਤੀ ਡਾਕਟਰੇਟ ਦੀ ਉਪਾਧੀ



**ਗੁਰੂ ਹਰਸਹਾਏ (ਫ਼ਕੀਰ ਚੰਦ ਸਿਕਰੀ)**-ਫਿਰੋਜ਼ਪੁਰ-ਫਾਜ਼ਿਲਕਾ ਰੋਡ ਸੈਦੇ ਕੇ ਮੋਹਨ ਵਿਖੇ ਸਥਿਤ ਜੇ ਐੱਨ ਇੰਟਰਨੈਸ਼ਨਲ ਸਕੂਲ ਪਹਿਲਾਂ ਤੋਂ ਹੀ ਇਲਾਕੇ ਲਈ ਖਿੱਚ ਦਾ ਕੇਂਦਰ ਰਿਹਾ ਹੈ। ਇਸੇ ਲੜੀ ਨੂੰ ਅੱਗੇ ਵਧਾਉਂਦੇ ਹੋਏ ਹੁਣ ਜੇ ਐੱਨ ਇੰਟਰਨੈਸ਼ਨਲ ਸਕੂਲ ਦੇ ਪ੍ਰਿੰਸੀਪਲ ਰਵਿੰਦਰ ਕੁਮਾਰ ਨੇ ਅੰਗਰੇਜ਼ੀ ਵਿਸ਼ੇ ਵਿੱਚ ਆਪਣਾ ਅਨੁਸੰਧਾਨ ਪੂਰਾ ਕਰਦੇ ਹੋਏ ਡਾਕਟਰੇਟ ਦੀ ਉਪਾਧੀ ਹਾਸਲ ਕੀਤੀ ਹੈ। ਇਹ ਸਨਮਾਨ ਪ੍ਰਾਪਤ ਕਰਨ ਤੋਂ ਬਾਅਦ ਰਵਿੰਦਰ ਕੁਮਾਰ ਭਾਵੁਕ ਤੇ ਉਤਸ਼ਾਹਤ ਨਜ਼ਰ ਆਏ। ਉਨ੍ਹਾ ਕਿਹਾ ਕਿ ਡਾਕਟਰੇਟ ਦੀ ਉਪਾਧੀ ਹਾਸਲ ਕਰਨਾ ਉਨ੍ਹਾਂ ਦਾ ਸੁਪਨਾ ਸੀ, ਜੋ ਅੱਜ ਸਾਕਾਰ ਹੋ ਗਿਆ। ਉਨ੍ਹਾ ਆਪਣੀ ਸਫਲਤਾ ਦਾ ਸਿਹਰਾ ਆਪਣੇ ਪਰਿਵਾਰ, ਸਕੂਲ ਪ੍ਰਬੰਧਕ ਕਮੇਟੀ ਤੇ ਕੜੀ ਮਿਹਨਤ ਨੂੰ ਦਿੰਦਿਆਂ ਕਿਹਾ ਕਿ ਸਿੱਖਿਆ ਮੇਰਾ ਪ੍ਰਮੁੱਖ ਖੇਤਰ ਹੈ ਤੇ ਇਸ ਦੇ ਵਿਕਾਸ ਲਈ ਮੈਂ ਹਮੇਸ਼ਾ ਯੋਗਦਾਨ ਦਿੰਦਾ ਰਹਾਂਗਾ।

# ਡੀ ਏ ਵੀ 'ਚ ਲੋਹੜੀ ਦਾ ਤਿਉਹਾਰ ਮਨਾਇਆ



**ਰਾਜਪੁਰਾ (ਰਮੇਸ਼ ਕਟਾਰੀਆ)**-ਡੀਏਵੀ ਪਬਲਿਕ ਸਕੂਲ ਵਿਖੇ ਲੋਹੜੀ ਦਾ ਤਿਓਹਾਰ ਬੜੀ ਧੂਮ-ਧਾਮ ਨਾਲ ਮਨਾਇਆ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਪ੍ਰਿੰਸੀਪਲ ਸ੍ਰੀਮਤੀ ਅਲਪਨਾ ਪਾਠਕ ਨੇ ਲੋਹੜੀ ਦੀ ਪਵਿੱਤਰ ਅਗਨੀ ਜਗ੍ਹਾ ਕੇ ਕੀਤੀ। ਉਨ੍ਹਾਂ ਨੇ ਅਗਨੀ ਦੀ ਪਰਿਕਰਮਾ ਕੀਤੀ ਅਤੇ ਇਸ ਵਿੱਚ ਮੂੰਗਫਲੀ ਤੇ ਰੇਵੜੀ ਚੜ੍ਹਾ ਕੇ ਸ਼ੁਭ ਅਰਦਾਸ ਕੀਤੀ। ਸਕੂਲ ਵਿੱਚ ਢੋਲ ਦੀ ਤਾਣ 'ਤੇ ਸਮੂਹਿਕ ਡਾਂਸ ਹੋਇਆ।

11ਵੀਂ ਤੇ 12ਵੀਂ ਜਮਾਤ ਦੀਆਂ ਵਿਦਿਆਰਥਣਾਂ ਨੇ ਗਿੱਧਾ ਪਾਇਆ। ਸਕੂਲ ਵੱਲੋਂ ਸਾਰੇ ਵਿਦਿਆਰਥੀਆਂ ਨੂੰ ਪ੍ਰਸ਼ਾਦ ਵਜੋਂ ਰੇਵੜੀ ਤੇ ਮੂੰਗਫਲੀ ਵੰਡੀ ਗਈ। ਬੱਚਿਆਂ ਵੱਲੋਂ ਲੋਹੜੀ ਦੇ ਲੋਕ ਗੀਤ ਗਾ ਕੇ ਲੋਹੜੀ ਦੇ ਇਤਿਹਾਸ ਤੋਂ ਜਾਣੂ ਕਰਾਇਆ ਗਿਆ। ਸਕੂਲ ਦੇ ਪ੍ਰਿੰਸੀਪਲ ਨੇ ਕਿਹਾ ਕਿ ਲੋਹੜੀ ਦਾ ਇਹ ਤਿਓਹਾਰ ਸਾਨੂੰ ਏਕਤਾ ਦਾ ਸੰਦੇਸ ਦਿੰਦਾ ਹੈ। ਉਨ੍ਹਾਂ ਕਿਹਾ ਕਿ ਲੋਹੜੀ ਦਾ ਤਿਓਹਾਰ ਪਿਆਰ ਤੇ ਭਾਈਚਾਰਕ ਸਾਂਝ, ਸੱਭਿਆਚਾਰ ਤੇ ਆਨੰਦ ਦਾ ਤਿਓਹਾਰ ਹੈ, ਜੋ ਸਾਨੂੰ ਸਮਾਜ ਵਿੱਚ ਏਕਤਾ, ਸਦਭਾਵਨਾ ਤੇ ਆਪਸੀ ਭਾਈਚਾਰਾ ਬਣਾਈ ਰੱਖਣ ਲਈ ਪ੍ਰੇਰਤ ਕਰਦਾ ਹੈ।

# ਵਰਲਡ 'ਵਰਸਿਟੀ ਨੇ ਮਨਾਇਆ ਲੋਹੜੀ ਤੇ ਮਾਘੀ ਦਾ ਤਿਉਹਾਰ



**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫਤਿਹਗੜ੍ਹ ਸਾਹਿਬ ਵੱਲੋਂ ਲੋਹੜੀ ਤੇ ਮਾਘੀ ਦਾ ਤਿਉਹਾਰ ਬੜੇ ਚਾਅ ਤੇ ਉਤਸ਼ਾਹ ਨਾਲ ਮਨਾਇਆ ਗਿਆ। ਡਾ. ਸਿਕੰਦਰ ਸਿੰਘ ਡੀਨ ਵਿਦਿਆਰਥੀ ਭਲਾਈ ਨੇ ਪ੍ਰੋਗਰਾਮ ਵਿੱਚ ਮੌਜੂਦ ਸ਼ਖਸੀਅਤਾਂ ਨੂੰ ਜੀ ਆਇਆਂ ਨੂੰ ਕਿਹਾ। ਯੂਨੀਵਰਸਿਟੀ ਦੇ ਵਾਈਸ-ਚਾਂਸਲਰ ਡਾ. ਪਰਿਤ ਪਾਲ ਸਿੰਘ ਨੇ ਸਮੂਹ ਸਟਾਫ ਨੂੰ ਲੋਹੜੀ ਤੇ ਮਾਘੀ ਦੀਆਂ ਵਧਾਇਆਂ ਦਿੱਤੀਆਂ। ਇਸ ਮੌਕੇ ਵਾਈਸ-ਚਾਂਸਲਰ ਨੇ ਸਟਾਫ ਮੈਂਬਰਾਂ ਨਾਲ ਰਲ ਕੇ ਲੋਹੜੀ ਬਾਲ੍ਹੀ ਅਤੇ ਲੋਹੜੀ ਤੇ ਮਾਘੀ ਦੇ ਤਿਉਹਾਰਾਂ ਦੀ ਇਤਿਹਾਸਕ ਮਹੱਤਤਾ ਨੂੰ ਦਰਸਾਉਂਦਿਆਂ ਆਪਣੇ ਵਿਚਾਰ ਪੇਸ਼ ਕੀਤੇ।

ਡਾ. ਸੁਖਵਿੰਦਰ ਸਿੰਘ ਬਿਲਿੰਗ ਡੀਨ ਅਕੈਡਮਿਕ ਅਫੇਅਰ ਨੇ ਦੱਸਿਆ ਕਿ ਇਸ ਸਾਲ ਦੀ ਲੋਹੜੀ ਯੂਨੀਵਰਸਿਟੀ ਨਵੇਂ ਵਿਆਹੇ ਟੀਚਰ ਸਾਹਿਬਾਨ ਤੇ ਯੂਨੀਵਰਸਿਟੀ ਪਰਿਵਾਰ ਦੇ ਉਹ ਮੈਂਬਰ, ਜਿਨ੍ਹਾਂ ਨੂੰ ਔਲਾਦ ਦੀ ਦਾਤ ਪ੍ਰਾਪਤ ਹੋਈ, ਨੂੰ ਸਮਰਪਤ ਰਹੀ। ਲੋਹੜੀ ਦੇ ਇਸ ਮੌਕੇ ਯੂਨੀਵਰਸਿਟੀ ਦੇ ਅੰਗਰੇਜ਼ੀ ਤੇ ਐਜੂਕੇਸ਼ਨ ਵਿਭਾਗ ਵੱਲੋਂ ਵੱਖੋ-ਵੱਖ ਸੱਭਿਆਚਾਰਕ ਗਤੀਵਿਧੀਆਂ ਵੀ ਉਲੀਕੀਆਂ ਗਈਆਂ, ਜਿਸ ਵਿੱਚ ਯੂਨੀਵਰਸਿਟੀ ਦੇ ਵਿਦਿਆਰਥੀਆਂ ਨੇ ਵਧ ਚੜ੍ਹ ਕੇ ਹਿੱਸਾ ਲਿਆ। ਯੂਨੀਵਰਸਿਟੀ ਵਿਦਿਆਰਥੀਆਂ ਵੱਲੋਂ ਗਿੱਧਾ, ਟੱਪੇ ਤੇ ਸੰਗੀਤਮਈ ਪੇਸ਼ਕਾਰੀਆਂ ਪੇਸ਼ ਕੀਤੀਆਂ ਗਈਆਂ। ਮੂੰਗਫਲੀ, ਗੱਚਕ ਤੇ ਰਿਊੜੀਆਂ ਦੇ ਸਵਾਦ ਦੇ ਨਾਲ ਯੂਨੀਵਰਸਿਟੀ ਦੇ ਸਮੂਹ ਸਟਾਫ ਨੇ ਇਨ੍ਹਾਂ ਪੇਸ਼ਕਾਰਿਆਂ ਦਾ ਖੂਬ ਅਨੰਦ ਮਾਣਿਆ।

# ਯੁਵਾ ਮੋਰਚਾ ਨੇ ਮਨਾਇਆ ਰਾਸ਼ਟਰੀ ਯੁਵਾ ਦਿਵਸ



**ਜਗਰਾਉਂ (ਅਮਿਤ ਖੰਨਾ)**

ਵਿਵੇਕਾਨੰਦ ਜਯੰਤੀ 'ਤੇ ਭਾਜਪਾ ਜ਼ਿਲ੍ਹਾ ਜਗਰਾਉਂ ਵਿਖੇ ਅੰਕੁਸ਼ ਸਹਿਜਪਾਲ ਜ਼ਿਲ੍ਹਾ ਯੁਵਾ ਮੋਰਚਾ ਪ੍ਰਧਾਨ ਵੱਲੋਂ ਨੌਜਵਾਨਾਂ ਦਾ ਇਕੱਠ ਰੱਖਿਆ ਗਿਆ। ਇਸ ਪ੍ਰੋਗਰਾਮ ਵਿੱਚ ਹਰਜੀਤ ਸਿੰਘ ਗਰੇਵਾਲ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ। ਉਨ੍ਹਾ ਆਪਣੇ ਭਾਸ਼ਣ ਨਾਲ ਨੌਜਵਾਨਾਂ ਵਿੱਚ ਇੱਕ ਨਵਾਂ ਜੋਸ਼ ਭਰ ਦਿੱਤਾ, ਜਿਸ ਨਾਲ ਨੌਜਵਾਨਾਂ ਵਿੱਚ ਨਵਾਂ ਹੀ ਉਤਸ਼ਾਹ ਦੇਖਣ ਨੂੰ ਮਿਲਿਆ। ਇਸ ਮੀਟਿੰਗ ਵਿੱਚ ਨੌਜਵਾਨਾਂ ਨੂੰ ਸੇਧ ਦੇਣ ਲਈ ਜ਼ਿਲ੍ਹਾ ਪ੍ਰਧਾਨ ਇੰਦਰਪਾਲ ਸਿੰਘ ਧਾਲੀਵਾਲ ਤੇ ਸਾਬਕਾ ਪ੍ਰਧਾਨ ਮੇਜਰ ਸਿੰਘ ਦੇਤਵਾਲ ਨੇ ਭਾਸ਼ਣ ਦਿੱਤਾ। ਪ੍ਰਧਾਨ ਅੰਕੁਸ਼ ਸਹਿਜਪਾਲ ਨੇ ਨੌਜਵਾਨਾਂ ਨੂੰ ਉਤਸ਼ਾਹਤ ਕਰਨ ਲਈ ਸ੍ਰੀ ਵਿਵੇਕਾਨੰਦ ਜੀ ਦੇ ਵਿਚਾਰ "ਉੱਠੋ, ਜਾਗੋ ਔਰ ਤਬ ਤੱਕ ਨਹੀਂ ਰੁਕੋ, ਜਬ ਤੱਕ ਲਕਸ਼ ਕੀ ਪ੍ਰਾਪਤੀ ਨਾ ਹੋ ਜਾਏ" ਬੋਲੇ। ਇਸ ਪ੍ਰੋਗਰਾਮ ਵਿੱਚ ਇਨ੍ਹਾਂ ਤੋਂ ਇਲਾਵਾ ਡਾ: ਰਾਜਿੰਦਰ ਸ਼ਰਮਾ, ਜਨਰਲ ਸੈਕਟਰੀ ਅਨੁਜ ਖੋਸਲਾ, ਗੌਰਵ ਸਿੰਗਲਾ, ਜ਼ਿਲ੍ਹਾ ਮਹਿਲਾ ਮੋਰਚਾ ਗੁਰਜੀਤ ਕੌਰ, ਮੰਡਲ ਪ੍ਰਧਾਨ ਟੋਨੀ ਵਰਮਾ, ਕ੍ਰਿਸ਼ਨ ਕੁਮਾਰ ਜ਼ਿਲ੍ਹਾ ਮੀਤ ਪ੍ਰਧਾਨ, ਰਾਜਾ ਵਰਮਾ ਤੇ ਸੁਖਮੰਦਰ ਸਿੰਘ ਆਦਿ ਹਾਜ਼ਰ ਸਨ।

# ਵਿਵੇਕਾਨੰਦ ਵਰਲਡ ਸਕੂਲ ਉੱਤਮ ਆਗਾਮੀ ਸਕੂਲ ਐਵਾਰਡ ਨਾਲ ਸਨਮਾਨਤ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਵਿਵੇਕਾਨੰਦ ਵਰਲਡ ਸਕੂਲ ਨੂੰ ਰਾਸ਼ਟਰੀ ਰਾਜਧਾਨੀ 'ਚ ਆਯੋਜਿਤ "ਜੀ 20 ਸਿੱਖਿਆ ਸੰਮੇਲਨ ਭਵਿੱਖ ਦੀ ਸਿੱਖਿਆ ਅਤੇ ਅਤੀਤ ਤੋਂ ਪਰੇ" 'ਚ ਉੱਤਮ ਆਗਾਮੀ ਸਕੂਲ ਪੁਰਸਕਾਰ ਨਾਲ ਸਨਮਾਨਤ ਕੀਤਾ ਗਿਆ ।ਸਕੂਲ ਦੇ ਚੇਅਰਮੈਨ ਗੌਰਵ ਸਾਗਰ ਭਾਸਕਰ ਨੂੰ ਸਮਰਪਤ ਸਿੱਖਿਆ ਦੇ ਖੇਤਰ ਅਤੇ ਸਹਿ-ਸਹਾਇਤਾ ਗਤੀਵਿਧੀਆਂ 'ਚ ਬੇਮਿਸਾਲ ਪ੍ਰਦਰਸ਼ਨ ਲਈ 'ਬੈਸਟ ਅਪਕਮਿੰਗ ਸਕੂਲ' ਐਵਾਰਡ ਨਾਲ ਸੀ.ਬੀ.ਸ਼ਰਮਾ, ਪੂਰਵ ਚੇਅਰਮੈਨ ਰਾਸ਼ਟਰੀ ਮੁਕਤ ਵਿਦਿਆਲਯ, ਭਾਰਤ ਸਰਕਾਰ ਵੱਲੋਂ ਸਨਮਾਨਤ ਕੀਤਾ ਗਿਆ।ਸਕੂਲ ਦੇ ਡਾਇਰੈਕਟਰ ਡਾ. ਐਸ. ਐਨ. ਰੁੱਦਰਾ ਨੇ ਕਿਹਾ ਕਿ ਸਕੂਲ ਨੇ ਆਪਣੇ ਸਮਰਪਤ ਵਿਦਿਆਰਥੀਆਂ, ਉਨ੍ਹਾਂ ਦੇ ਮਿਹਨਤੀ ਅਧਿਆਪਕਾਂ ਅਤੇ ਸਹਿਯੋਗੀ ਮਾਪਿਆਂ ਦੀ ਮਦਦ ਨਾਲ ਇਹ ਉਪਲਬਧੀ ਹਾਸਲ ਕੀਤੀ ਹੈ। ਸਕੂਲ ਨੇ ਸਿੱਖਿਆ ਅਤੇ ਸਹਿਯੋਗੀ ਗਤੀਵਿਧੀਆਂ ਰਾਹੀਂ ਨਾ ਸਿਰਫ਼ ਵਿਦਿਆਰਥੀਆਂ ਨੇ ਆਪੋ-ਆਪਣੇ ਖੇਤਰ 'ਚ ਮੱਲਾਂ ਮਾਰੀਆਂ ਹਨ ਸਗੋਂ ਖੇਡ ਜਗਤ 'ਚ ਆਪਣੀ ਪਛਾਣ ਬਣਾਉਣ 'ਚ ਵੀ ਸਫ਼ਲਤਾ ਹਾਸਲ ਕੀਤੀ ਹੈ। ਵਿਵੇਕਾਨੰਦ ਵਰਲਡ ਸਕੂਲ ਨੇ ਇਸ ਸਰਹੱਦੀ ਖੇਤਰ ਦੇ ਹੋਣਹਾਰ ਵਿਦਿਆਰਥੀਆਂ ਨੂੰ ਮੁਫਤ ਸਿੱਖਿਆ ਪ੍ਰਦਾਨ ਕਰਨ ਦੇ ਉਦੇਸ਼ ਨਾਲ ਸਕੂਲ 'ਚ ਸਾਲਾਨਾ ਵਜ਼ੀਫ਼ਾ ਯੋਜਨਾ ਵੀ ਲਾਗੂ ਕੀਤੀ ਹੈ। ਵਿਵੇਕਾਨੰਦ ਵਰਲਡ ਸਕੂਲ ਵੱਲੋਂ ਸਿੱਖਿਆ ਦੇ ਖੇਤਰ 'ਚ ਇੱਕ ਹੋਰ ਝੰਡਾ ਲਹਿਰਾਉਣ 'ਤੇ ਮੋਹਨ ਲਾਲ ਭਾਸਕਰ ਐਜੂਕੇਸ਼ਨਲ ਸੋਸਾਇਟੀ ਅਤੇ ਫਾਊਂਡੇਸ਼ਨ ਦੇ ਸਰਪ੍ਰਸਤ, ਪ੍ਰਭਾ ਭਾਸਕਰ, ਸੀ.ਏ. ਅਤੇ ਚੇਅਰਮੈਨ, ਜੇਨੇਸਿਸ ਡੈਂਟਲ ਕਾਲਜ, ਵਰਿੰਦਰ ਮੋਹਨ ਸਿੰਘਲ, ਸੀ.ਏ. ਅਤੇ ਕੋ-ਚੇਅਰਮੈਨ, ਜੇਨੇਸਿਸ ਡੈਂਟਲ ਕਾਲਜ, ਗਗਨਦੀਪ ਸਿੰਘਲ, ਪ੍ਰਸਿੱਧ ਉਦਯੋਗਪਤੀ ਅਤੇ ਕੋ-ਚੇਅਰਮੈਨ, ਜੈਨੇਸਿਸ ਡੈਂਟਲ. ਕਾਲਜ, ਸਮੀਰ ਮਿੱਤਲ, ਝਲਕੇਸ਼ਵਰ ਭਾਸਕਰ, ਸੁਰਿੰਦਰ ਗੋਇਲ, ਪਰਮਵੀਰ ਸ਼ਰਮਾ, ਵਿਪਨ ਸ਼ਰਮਾ, ਮਹਿਮਾ ਕਪੂਰ, ਸ਼ਿਪਰਾ ਨਰੂਲਾ, ਅਮਰਜੀਤ ਸਿੰਘ ਭੋਗਲ, ਪ੍ਰੋਫੈਸਰ ਗੁਰਤੇਜ ਕੁਹਾੜਵਾਲਾ, ਅਮਨ ਦੀਓੜਾ, ਅਜੈ ਤੁਲੀ, ਅਮਿਤ ਧਵਨ, ਅਨਿਲ ਬਾਂਸਲ, ਹਰਸ਼ ਭੋਲਾ, ਹਰਸ਼ ਅਰੋੜਾ, ਹਰਮੀਤ ਵਿਦਿਆਰਥੀ, ਕਮਲ ਦ੍ਰਾਵਿੜ, ਮੇਹਰ ਮੱਲ, ਡਾ: ਨਰੇਸ਼ ਖੰਨਾ, ਰਿੱਕੀ ਸ਼ਰਮਾ, ਸੰਤੋਖ ਸਿੰਘ ਅਤੇ ਸ਼ਲੰਦਰ ਭੱਲਾ ਨੇ ਵਧਾਈ ਦਿੱਤੀ।

# ਬਹਾਦਰ ਸਿੰਘ ਯਾਦਗਾਰੀ ਕਬੱਡੀ ਕੱਪ ਅਮਿੱਟ ਯਾਦਾਂ ਛੱਡਦਾ ਹੋਇਆ ਸੰਪੰਨ

## ਖਡੂਰ ਸਾਹਿਬ ਕਬੱਡੀ ਕਲੱਬ ਨੇ ਜਿੱਤਿਆ ਕੱਪ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਸਵਰਗੀ ਸ੍ਰ. ਬਹਾਦਰ ਸਿੰਘ ਚਿੱਚੜਵਾਲਾ ਯਾਦਗਾਰੀ ਕਬੱਡੀ ਕੱਪ ਆਪਣੀਆਂ ਅਮਿੱਟ ਯਾਦਾਂ ਛੱਡਦਾ ਹੋਇਆ ਦੇਰ ਰਾਤ ਸ਼ਾਨੋ-ਸ਼ੌਕਤ ਨਾਲ ਸਪਾਪਤ ਹੋਇਆ। ਨਿਆਲ-ਪਾਤੜਾਂ ਬਾਈਪਾਸ ਉੱਤੇ ਅਨਾਜ ਮੰਡੀ ਵਿੱਚ ਹਲਕਾ ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਦੀ ਸਰਪ੍ਰਸਤੀ ਹੇਠ ਹੋਏ ਕਬੱਡੀ ਕੱਪ ਦੌਰਾਨ ਖਡੂਰ ਸਾਹਿਬ ਕਬੱਡੀ ਕਲੱਬ ਦੀ ਟੀਮ ਵੱਲੋਂ ਘਾਂਗਾ ਦੀ ਕਬੱਡੀ ਟੀਮ ਨੂੰ ਅੱਧੇ ਅੰਕ ਨਾਲ ਹਰਾ ਕੇ ਇੱਕ ਲੱਖ ਰੁਪਏ ਦੀ ਇਨਾਮੀ ਟਰਾਫੀ ਨੂੰ ਆਪਣੇ ਨਾਮ ਕੀਤਾ ਗਿਆ, ਜਦਕਿ ਘਾਂਗਾ ਦੀ ਕਬੱਡੀ ਟੀਮ ਨੇ ਉੱਪ ਜੇਤੂ ਦਾ ਖਿਤਾਬ ਆਪਣੇ ਨਾਮ ਕਰਦਿਆਂ ਪਛੱਤਰ ਹਜ਼ਾਰ ਰੁਪਏ ਦੀ ਨਗਦ ਰਾਸ਼ੀ ਜਿੱਤੀ। ਕਬੱਡੀ ਕੱਪ ਵਿੱਚ ਕੁੱਲ 16 ਟੀਮਾਂ ਵੱਲੋਂ ਭਾਗ ਲਿਆ ਗਿਆ, ਜਿਸ ਦੌਰਾਨ ਬੈਸਟ ਜਾਫੀ ਗੁਰਵਿੰਦਰ ਘਾਂਗਾ ਤੇ ਸੀਪਾ ਥਾਂਦੇਵਾਲ, ਜਦਕਿ ਬੈਸਟ ਰੇਡਰ ਸੀਮੂ ਕੰਗ ਤੇ ਨਿੱਕਾ ਨਦੌਰ, ਦੀਪਕ ਕਾਂਸੀਪੁਰ ਨੂੰ ਸਾਂਝੇ ਤੌਰ 'ਤੇ ਐਲਾਨਿਆ ਗਿਆ। ਖਿਡਾਰੀਆਂ ਨੂੰ ਸਾਂਝੇ ਤੌਰ 'ਤੇ ਇਕੱਤੀ-ਇਕੱਤੀ ਹਜ਼ਾਰ ਰੁਪਏ ਦੀ ਰਾਸ਼ੀ ਇਨਾਮ ਵਜੋਂ ਦਿੱਤੀ ਗਈ। ਅੰਤਰਾਸ਼ਟਰੀ ਕਬੱਡੀ ਖਿਡਾਰੀ ਭਿੰਦੂ ਦੁਤਾਲ ਤੇ ਪਹਿਲਵਾਨ ਸੇਰ ਸਿੰਘ ਦੁਤਾਲ ਦਾ ਪ੍ਰਬੰਧਕਾਂ ਵੱਲੋਂ ਮੋਟਰਸਾਈਕਲ ਨਾਲ ਸਨਮਾਨ ਕੀਤਾ ਗਿਆ। ਇਸ ਤੋਂ ਇਲਾਵਾ ਪੰਜਾਬ ਤੇ ਹਰਿਆਣਾ ਦੀਆਂ ਕੁੜੀਆਂ ਵੱਲੋਂ ਖੇਡੇ ਗਏ ਕਬੱਡੀ ਟੂਰਨਾਮੈਂਟ 'ਚ ਪੰਜਾਬ ਦੀ ਟੀਮ ਜੇਤੂ ਰਹੀ। ਕਬੱਡੀ ਕੱਪ 'ਚ ਭਗਵੰਤ ਮਾਨ ਸਰਕਾਰ ਦੇ ਕੈਬਨਿਟ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਵੱਲੋਂ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਗਈ, ਜਦਕਿ ਪ੍ਰਸਿੱਧ ਕਬੱਡੀ ਪ੍ਰਮੋਟਰ ਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਦਲਬੀਰ ਗਿੱਲ ਯੂ ਕੇ, ਸਮਾਜ ਸੇਵੀ ਸੁਨੀਲ ਕੁਮਾਰ ਜਿੰਦਲ, ਕੌਂਸਲਰ ਭਗਵਤ ਦਿਆਲ ਨਿੱਕਾ, ਬਹਾਦਰ ਖਾਨ ਮੈਂਬਰ ਵਕਫ ਬੋਰਡ ਪੰਜਾਬ ਨੇ ਕਬੱਡੀ ਕੱਪ 'ਚ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਕੈਬਨਿਟ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਨੇ ਕਬੱਡੀ ਪ੍ਰੇਮੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਭਗਵੰਤ ਮਾਨ ਸਰਕਾਰ ਵੱਲੋਂ ਪਹਿਲਾਂ ਹੀ ਸੂਬੇ ਦੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ 'ਖੇਡਾਂ ਵਤਨ ਪੰਜਾਬ ਦੀਆਂ' ਵੱਖ-ਵੱਖ ਜ਼ਿਲ੍ਹਿਆਂ 'ਚ ਕਰਵਾਈਆਂ ਜਾ ਰਹੀਆਂ ਹਨ, ਪਰ ਸੂਬੇ ਦੇ ਪੇਂਡੂ ਯੂਥ ਕਲੱਬਾਂ ਤੇ ਪੰਚਾਇਤਾਂ ਵੱਲੋਂ ਵੀ ਇਸ ਕੜੀ ਨੂੰ ਹੋਰ ਅੱਗੇ ਵਧਾਉਣ ਦਾ ਜੋ ਉਪਰਾਲਾ ਕੀਤਾ ਜਾ ਰਿਹਾ ਹੈ, ਉਹ ਕਾਬਲੇ ਤਾਰੀਫ ਹੈ। ਚੇਤਨ ਸਿੰਘ ਜੌੜਾਮਾਜਰਾ ਵੱਲੋਂ ਸਾਬਕਾ ਸਰਪੰਚ ਬਹਾਦਰ ਸਿੰਘ ਸਪੋਰਟਸ ਕਲੱਬ ਪਾਤੜਾਂ ਨੂੰ ਦੋ ਲੱਖ ਰੁਪਏ ਦੀ ਰਾਸ਼ੀ ਦੇਣ ਦਾ ਐਲਾਨ ਕਰਦਿਆਂ ਕਿਹਾ ਕਿ ਹਲਕਾ ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਦੀ ਅਗਵਾਈ 'ਚ ਇਸ ਕਬੱਡੀ ਕੱਪ ਨੂੰ ਅਗਲੇ ਸਾਲ ਦੋ ਦਿਨ ਲਈ ਕਰਵਾਇਆ ਜਾਵੇਗਾ।

ਹਲਕਾ ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਵੱਲੋਂ ਸਮੂਹ ਇਲਾਕਾ ਨਿਵਾਸੀਆਂ, ਕਬੱਡੀ ਖਿਡਾਰੀਆਂ ਤੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆਂ ਆਖਿਆ ਗਿਆ। ਇਸ ਮੌਕੇ ਕਬੱਡੀ ਕੱਪ ਦੇ ਮੁੱਖ ਪ੍ਰਬੰਧਕ ਰਣਜੀਤ ਸਿੰਘ ਵਿਰਕ ਪ੍ਰਧਾਨ ਟਰੱਕ ਯੂਨੀਅਨ ਪਾਤੜਾਂ, ਬਾਦਲ ਗੁਜਰ ਕਬੱਡੀ ਪ੍ਰਮੋਟਰ, ਪ੍ਰੀਤ ਗਿੱਲ ਪ੍ਰਧਾਨ ਕਾਰ ਡੀਲਰ ਐਸੋਸੀਏਸ਼ਨ ਪਾਤੜਾਂ, ਸਰਪੰਚ ਕਰਨੈਲ ਸਿੰਘ ਦੁਤਾਲ, ਰਣਬੀਰ ਸਿੰਘ ਪ੍ਰਧਾਨ ਨਗਰ ਕੌਂਸਲ ਪਾਤੜਾਂ, ਐੱਨ ਆਰ ਆਈ ਰਜਿੰਦਰ ਸਿੰਘ ਰੰਧਾਵਾ, ਸਰਪੰਚ ਗੁਲਾਬ ਸਿੰਘ ਹਰਿਆਊ, ਕੁਨਾਲ ਗੋਇਲ ਇਸ਼ੂ, ਬਲਜਿੰਦਰ ਸਿੰਘ ਜੋਗੇਵਾਲ, ਜਥੇਦਾਰ ਹਰਦੀਪ ਸਿੰਘ ਠਰੂਆ, ਹਰਪ੍ਰੀਤ ਸਿੰਘ ਬੱਬੂ ਬਾਜਵਾ, ਬੂਟਾ ਸਿੰਘ ਵਿਰਕ ਬਲਾਕ ਪ੍ਰਧਾਨ, ਬਲਵੰਤ ਸਿੰਘ ਮੌਲਵੀਵਾਲਾ, ਚੇਅਰਮੈਨ ਹਰਿੰਦਰ ਸਿੰਘ ਚੱਠਾ, ਸਰਪੰਚ ਬਲਜੀਤ ਸਿੰਘ ਮੌਲਵੀਵਾਲਾ, ਚੇਅਰਮੈਨ ਲਖਵਿੰਦਰ ਸਿੰਘ ਗਲੌਲੀ, ਦੀਪਨ ਪਨੂੰ ਆਦਿ ਪ੍ਰਮੁੱਖ ਤੌਰ 'ਤੇ ਹਾਜ਼ਰ ਸਨ।

# ਇੰਤਕਾਲਾਂ ਦੇ ਨਿਪਟਾਰੇ ਲਈ ਦੂਜਾ ਸਪੈਸ਼ਲ ਕੈਂਪ ਅੱਜ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਵਿੱਢੀ ਗਈ ਮੁਹਿੰਮ ਤਹਿਤ ਮਾਲ ਵਿਭਾਗ ਚ ਲੰਬਿਤ ਪਏ ਇੰਤਕਾਲ ਦਰਜ ਕਰਨ ਦੇ ਮੱਦੇਨਜ਼ਰ ਦੂਜਾ ਸਪੈਸ਼ਲ ਕੈਂਪ 15 ਜਨਵਰੀ ਨੂੰ ਲਾਇਆ ਜਾ ਰਿਹਾ ਹੈ। ਡਿਪਟੀ ਕਮਿਸ਼ਨਰ ਸ੍ਰੀ ਸ਼ੌਕਤ ਅਹਿਮਦ ਪਰੇ ਨੇ ਇਹ ਜਾਣਕਾਰੀ ਸਾਂਝੀ ਕੀਤੀ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਹ ਸਪੈਸ਼ਲ ਕੈਂਪ ਜ਼ਿਲ੍ਹੇ ਦੀਆਂ ਤਹਿਸੀਲਾਂ (ਬਠਿੰਡਾ, ਤਲਵੰਡੀ ਸਾਬੋ, ਰਾਮਪੁਰਾ ਅਤੇ ਮੌੜ) ਵਿਖੇ ਲਾਏ ਜਾਣਗੇ। ਇਸ ਦੌਰਾਨ ਉਨ੍ਹਾਂ ਲੋਕਾਂ ਨੂੰ ਇਸ ਸਪੈਸ਼ਲ ਕੈਂਪ ਦਾ ਵੱਧ ਤੋਂ ਵੱਧ ਲਾਹਾ ਲੈਣ ਦੀ ਅਪੀਲ ਵੀ ਕੀਤੀ। ਇਸ ਦੌਰਾਨ ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਇਸ ਕੰਮ ਵਿੱਚ ਕਿਸੇ ਵੀ ਤਰ੍ਹਾਂ ਦੀ ਕੁਤਾਹੀ ਨਾ ਵਰਤਣ। ਉਨ੍ਹਾਂ ਇਹ ਵੀ ਕਿਹਾ ਕਿ ਆਮ ਲੋਕਾਂ ਦੇ ਜਾਇਜ਼ ਕੰਮ-ਕਾਜ ਚ ਕਿਸੇ ਵੀ ਤਰ੍ਹਾਂ ਦੀ ਢਿੱਲ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

ਉਨ੍ਹਾਂ ਕਿਹਾ ਕਿ ਮਾਲ ਵਿਭਾਗ ਵਿਚ ਜੇਕਰ ਕਿਸੇ ਵੀ ਪੱਧਰ 'ਤੇ ਲੋਕਾਂ ਨੂੰ ਕੰਮ ਕਰਾਉਣ ਵਿਚ ਕੋਈ ਦਿੱਤ ਆਉਂਦੀ ਹੈ ਤਾਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਇਸ ਬਾਬਤ ਹੈਲਪਲਾਈਨ ਨੰਬਰ 81849-00002 ਜਾਰੀ ਕੀਤਾ ਹੋਇਆ ਹੈ, ਜਿਸ 'ਤੇ ਲਿਖਤੀ ਸ਼ਿਕਾਇਤ ਵਟਸਐਪ ਕੀਤੀ ਜਾ ਸਕਦੀ ਹੈ।

15-JAN-PAGE-8.qxd 1/14/2024 9:52 PM Page 1



# ਨਗਰ ਕੌਂਸਲ ਪ੍ਰਧਾਨ ਨੇ ਲੋਹੜੀ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਹਰਜੀਤ ਸਿੰਘ ਜੀਤਾ ਪ੍ਰਧਾਨ ਨਗਰ ਕੌਂਸਲ ਸ੍ਰੀ ਅਨੰਦਪੁਰ ਸਾਹਿਬ ਵੱਲੋਂ ਆਪਣੇ ਗ੍ਰਹਿ ਵਿਖੇ ਲੋਹੜੀ ਦਾ ਤਿਉਹਾਰ ਬੜੀ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਉਚੇਚੇ ਤੌਰ 'ਤੇ ਹਾਜ਼ਰ ਹੋਏ। ਸਿੱਖਿਆ ਮੰਤਰੀ ਨੇ ਸਮੁੱਚੀ ਲੋਕਾਈ ਅਤੇ ਹਲਕਾ ਸ੍ਰੀ ਅਨੰਦਪੁਰ ਸਾਹਿਬ ਦੇ ਵਾਸੀਆਂ ਨੂੰ ਲੋਹੜੀ ਦੀ ਵਧਾਈ ਦਿੰਦਿਆਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਆਪਸੀ ਭਾਈਚਾਰਕ ਸਾਂਝ ਦੀਆਂ ਤੰਦਾਂ ਨੂੰ ਮਜ਼ਬੂਤ ਕਰਦੇ ਹੋਏ ਰਲਮਿਲ ਕੇ ਅਜਿਹੇ ਤਿਉਹਾਰ ਮਨਾਉਣੇ ਚਾਹੀਦੇ ਹਨ। ਉਨ੍ਹਾ ਕਿਹਾ ਕਿ ਲੋਹੜੀ ਦਾ ਤਿਉਹਾਰ ਖਾਸ ਤੌਰ 'ਤੇ ਧੀਆਂ ਦੀ ਲੋਹੜੀ ਮਨਾ ਕੇ, ਮਨਾਂ ਚੋਂ ਨਫਰਤ ਅਤੇ ਬੁਰਾਈਆਂ ਦੂਰ ਕਰਕੇ, ਲੋੜਵੰਦਾਂ ਦੀ ਮਦਦ ਕਰਕੇ, ਖੁਸ਼ੀਆਂ ਅਤੇ ਮਿਠਾਸ ਵੰਡ ਕੇ ਮਨਾਉਣਾ ਚਾਹੀਦਾ ਹੈ। ਉਨ੍ਹਾ ਕਿਹਾ ਕਿ ਨਗਰ ਕੌਂਸਲ ਪ੍ਰਧਾਨ ਹਰਜੀਤ ਸਿੰਘ ਜੀਤਾ ਦੇ ਪਾਰਟੀ 'ਚ ਆ ਜਾਣ ਨਾਲ ਇਲਾਕੇ 'ਚ ਪਾਰਟੀ ਨੂੰ ਬਹੁਤ ਮਜ਼ਬੂਤੀ ਮਿਲੀ ਹੈ। ਪ੍ਰਧਾਨ ਹਰਜੀਤ ਸਿੰਘ ਜੀਤਾ ਗੁਰੂ ਨਗਰੀ ਸ੍ਰੀ ਅਨੰਦਪੁਰ ਸਾਹਿਬ ਨੂੰ ਸਾਫ ਅਤੇ ਸੁੰਦਰ ਬਣਾਉਣ ਵਿੱਚ ਬਹੁਤ ਯੋਗਦਾਨ ਦੇ ਰਹੇ ਅਤੇ ਇਹ ਬੜਾ ਸ਼ਲਾਘਾਯੋਗ ਉਦਮ ਹੈ। ਉਨ੍ਹਾ ਕਿਹਾ ਕਿ ਇਸ ਵਾਰ ਉਪ ਮੰਡਲ ਪੱਧਰ ਦਾ ਗਣਤੰਤਰਤਾ ਦਿਵਸ ਸਮਾਰੋਹ ਚਰਨਗੰਗਾ ਸਟੇਡੀਅਮ ਵਿਖੇ ਮਨਾਇਆ ਜਾ ਰਿਹਾ ਹੈ। ਨਗਰ ਕੌਂਸਲ ਪ੍ਰਧਾਨ ਹਰਜੀਤ ਸਿੰਘ ਜੀਤਾ ਵੱਲੋਂ ਸਨਮਾਨ ਚਿੰਨ੍ਹ ਦੇ ਕੇ ਸਿੱਖਿਆ ਮੰਤਰੀ ਬੈਂਸ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਜ਼ਿਲਾ ਯੂਥ ਪ੍ਰਧਾਨ ਕਮਿੱਕਰ ਸਿੰਘ ਡਾਢੀ, ਪੰਡਿਤ ਰੋਹਿਤ ਕਾਲੀਆ ਪ੍ਰਧਾਨ ਟਰੱਕ ਯੂਨੀਅਨ, ਬਚਿੱਤਰ ਸਿੰਘ ਬੈਂਸ, ਜਸਪਾਲ ਢਾਹੇ, ਇੰਦਰਜੀਤ ਸਿੰਘ ਅਰੋੜਾ ਪ੍ਰਧਾਨ ਵਪਾਰ ਮੰਡਲ, ਬਲਾਕ ਪ੍ਰਧਾਨ ਦਵਿੰਦਰ ਸਿੰਘ ਸ਼ਿੰਦੂ, ਠੇਕੇਦਾਰ ਜਗਜੀਤ ਸਿੰਘ ਜੱਗੀ ਬਲਾਕ ਪ੍ਰਧਾਨ ਆਪ, ਪ੍ਰਵੀਨ ਕੌਂਸਲ ਸੀਨੀਅਰ ਵਾਈਸ ਪ੍ਰਧਾਨ, ਗੀਤਾ ਅਡਵਾਲ ਮੀਤ ਪ੍ਰਧਾਨ, ਕੌਂਸਲਰ ਮਨਪ੍ਰੀਤ ਕੌਰ ਅਰੋੜਾ, ਕੌਂਸਲਰ ਗੁਰਪ੍ਰੀਤ ਕੌਰ ਅਰੋੜਾ, ਕੌਂਸਲਰ ਗੁਰਿੰਦਰ ਸਿੰਘ ਵਾਲੀਆ, ਕੌਂਸਲਰ ਦਲਜੀਤ ਸਿੰਘ ਕੈਂਥ, ਕੌਂਸਲਰ ਬਿਕਰਮਜੀਤ ਸਿੰਘ, ਕੌਂਸਲਰ ਕਮਲਜੀਤ ਸਿੰਘ, ਦੀਪਕ ਆਂਗਰਾ ਪ੍ਰਧਾਨ ਵਪਾਰ ਮੰਡਲ ਆਪ, ਠੇਕੇਦਾਰ ਜਗਜੀਤ ਸਿੰਘ ਜੱਗੀ, ਜਗਤਾਰ ਸਿੰਘ ਫੱਲੀ, ਦਵਿੰਦਰ ਸਿੰਘ ਸਮੀ ਬਰਾੜੀ, ਮਹਿਲਾ ਵਿੰਗ ਆਪ ਤੋਂ ਊਸ਼ਾ ਰਾਣੀ, ਪ੍ਰਕਾਸ਼ ਕੌਰ ਸੈਣੀ, ਰਣਜੀਤ ਕੌਰ, ਹਰਪਾਲ ਕੌਰ, ਕੈਪਟਨ ਗੁਰਨਾਮ ਸਿੰਘ ਬੱਡਲ, ਸੁਨੀਲ ਅਡਵਾਲ ਪ੍ਰਧਾਨ ਰੇਹੜੀ ਫੜ੍ਹੀ ਯੂਨੀਅਨ, ਰਾਜਦੀਪ ਥੱਪਲ ਸਰਪੰਚ, ਅਜੇ ਕੁਮਾਰ ਬਰੋਟੂ, ਜੋਗਾ ਸਰਪੰਚ, ਬੀਟੀ, ਪਰਮਜੀਤ ਸਿੰਘ ਮਜਾਰੀ, ਜੱਗੀ ਬਹਿਲੂ, ਬੱਬੂ ਝਿੰਜੜੀ, ਸ਼ੈਲੀ ਅਰੋੜਾ, ਹਰਦੀਪ ਸਿੰਘ ਬਬਲੀ, ਜਰਨੈਲ ਸਿੰਘ ਟੈਕਸੀ ਯੂਨੀਅਨ, ਗੁਰਪ੍ਰੀਤ ਸਿੰਘ, ਮਲਕੀਤ ਸਿੰਘ, ਸੋਹਣ ਸਿੰਘ ਨਿੱਕੂਵਾਲ, ਜੱਗੀ ਸਰਪੰਚ ਲੋਦੀਪੁਰ, ਕੁਲਦੀਪ ਸਿੰਘ ਮੌਜੂਦ ਸਨ।

# ਚਾਈਨਾ ਡੋਰ ਵਤਰਣ, ਵੇਚਣ ਤੇ ਸਟੋਰ ਕਰਨ 'ਤੇ ਪੂਰਨ ਲਾਈ ਜਾਵੇ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਸਰਦੀ ਦੇ ਮੌਸਮ ਨੂੰ ਦੇਖਦਿਆਂ ਸਰਕਾਰੀ ਤੇ ਗ਼ੈਰ ਸਰਕਾਰੀ ਸਕੂਲਾਂ 'ਚ ਛੁੱਟੀਆਂ ਹੋਣ ਤੋਂ ਬਾਅਦ ਘਰਾਂ 'ਚ ਬੈਠੇ ਵਿਦਿਆਰਥੀਆਂ ਵੱਲੋਂ ਪਤੰਗਬਾਜ਼ੀ ਕਰਨ ਨੂੰ ਤਰਜੀਹ ਦਿੱਤੀ ਜਾ ਰਹੀ ਹੈ।

ਜਿਸ ਕਾਰਨ ਇਲਾਕੇ 'ਚ ਚਾਈਨਾ ਡੋਰ ਦੀ ਡਿਮਾਂਡ ਵੀ ਵਧਦੀ ਜਾ ਰਹੀ ਹੈ। ਇਸ ਦੀ ਰੋਕਥਾਮ ਲਈ ਆਪ ਸਰਕਾਰ ਵੱਲੋਂ ਸਮੇਂ ਸਿਰ ਦਿਸ਼ਾ ਨਿਰਦੇਸ਼ ਜਾਰੀ ਕਰਨੇ ਚਾਹੀਦੇ ਹਨ ਤਾਂ ਜੋ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜ਼ਿਲ੍ਹੇ ਵਿਚ ਚਾਈਨਾ ਡੋਰ ਦੀ ਵਿਕਰੀ ਦੇ ਪੂਰਨ ਤਰ੍ਹਾਂ ਪਾਬੰਦੀ ਲਾਈ ਜਾ ਸਕੇ। ਸ਼ਹਿਰਾਂ ਤੇ ਪਿੰਡਾਂ 'ਚ ਪਤੰਗਾਂ ਦੇ ਨਾਲ ਨਾਲ ਕਰਿਆਨੇ ਦੀਆਂ ਦੁਕਾਨਾਂ 'ਚ ਇਸ ਵਾਰ ਵੀ ਖ਼ੂਨੀ ਡੋਰ ਦੀ ਸੇਲ ਚੋਰੀ ਛਪੇ ਹੋਣ ਦੀ ਸੰਭਾਵਨਾ ਵਧਦੀ ਜਾ ਰਹੀ ਹੈ। ਲੋਕਾਂ ਦੀ ਮੰਗ ਹੈ ਕਿ ਜ਼ਿਲ੍ਹਾ ਪ੍ਰਸ਼ਾਸਨ ਇਸ ਦੀ ਰੋਕਥਾਮ ਲਈ ਸਪੈਸ਼ਲ ਟੀਮਾਂ ਦਾ ਗਠਨ ਕਰ ਕੇ ਇਸ ਦੀ ਰੋਕਥਾਮ ਦੇ ਯੋਗ ਉਪਰਾਲੇ ਕਰੇ। ਐਮ ਐਲ ਏ ਡਾ ਸੁਖਵਿੰਦਰ ਕੁਮਾਰ ਸੁੱਖੀ ਨੇ ਲੋਹੜੀ ਮਾਘੀ ਦੀਆਂ ਇਲਾਕਾ ਦੇ ਨਿਵਾਸੀਆਂ ਨੂੰ ਮੁਬਾਰਕਾਂ ਦਿੱਤੀਆਂ ਤੇ ਕਿਹਾ ਕਿ ਚਾਈਨਾ ਡੋਰ ਬਿਜਲੀ ਦੀਆਂ ਤਾਰਾਂ 'ਤੇ ਸਿੱਧੀ ਡਿੱਗਣ ਕਾਰਨ ਸ਼ਾਰਟ ਸਰਕਟ ਜਾਂ ਪਤੰਗ ਉਡਾਉਣ ਵਾਲੇ ਦੀ ਜਾਨ ਜਾਣ ਦਾ ਖ਼ਤਰਾ ਵੀ ਬਣਿਆ ਰਹਿੰਦਾ ਹੈ।

ਰਮਨਦੀਪ ਸਿੰਘ ਥਿਆੜਾ ਸੀਨੀਅਰ ਅਕਾਲੀ ਆਗੂ ਦਾ ਕਹਿਣਾ ਹੈ ਕਿ ਚਾਈਨਾ ਡੋਰ ਸੰਥੈਟਿਕ, ਪਲਾਸਟਿਕ ਦੀ ਬਣੀ ਡੋਰ ਕਾਫੀ ਮਜ਼ਬੂਤ ਹੁੰਦੀ ਹੈ। ਜਿਸ ਨਾਲ ਪਤੰਗ ਉਡਾਉਣ ਵਾਲਿਆਂ ਦੇ ਹੱਥ ਤੇ ਉਂਗਲਾਂ ਕੱਟਣ, ਸਾਈਕਲ ਤੇ ਸਕੂਟਰ, ਮੋਟਰ ਸਾਈਕਲ ਚਾਲਕਾਂ ਦੇ ਗਲ ਤੇ ਕੰਨ ਕੱਟਣ ਦੀਆਂ ਘਟਨਾਵਾਂ ਵਾਪਰਦੀਆਂ ਹਨ। ਜਦਕਿ ਪੰਛੀਆਂ ਦੇ ਇਸ ਦੀ ਲਪੇਟ 'ਚ ਆਉਣ ਕਾਰਨ ਜਾਨ ਤੱਕ ਚਲੀ ਜਾਂਦੀ ਹੈ। ਇਸੇ ਤਰ੍ਹਾਂ ਇਹ ਡੋਰ ਹਾਦਸਿਆਂ ਦਾ ਕਾਰਨ ਵੀ ਬਣਦੀ ਹੈ। ਜਿਸ ਕਾਰਨ ਕੇਂਦਰ ਤੇ ਸੂਬਾ ਸਰਕਾਰ ਵੱਲੋਂ ਚਾਈਨਾ ਡੋਰ ਨੂੰ ਵਤਰਣ, ਵੇਚਣ ਤੇ ਸਟੋਰ ਕਰਨ 'ਤੇ ਪੂਰਨ ਰੋਕ ਲਾਈ ਜਾਂਦੀ ਹੈ। ਹਰਬੰਸ ਸਿੰਘ ਸਾਬਕਾ ਚੇਅਰਮੈਨ ਨਰਿੰਦਰ ਸਿੰਘ ਰਾਜੂ ਕਾਹਮਾ ਦਾ ਕਹਿਣਾ ਹੈ ਕਿ ਜ਼ਿਲ੍ਹੇ 'ਚ ਪੁਲਸ ਪ੍ਰਸ਼ਾਸਨ ਵੱਲੋਂ ਚਾਈਨਾ ਡੋਰ ਨੂੰ ਠੱਲ੍ਹ ਪਾਉਣ ਲਈ ਵਿਸ਼ੇਸ਼ ਮੁਹਿੰਮ ਚਲਾਉਣੀ ਚਾਹੀਦੀ ਹੈ ਤਾਂ ਲੋਕ ਪੁਲਸ ਨੂੰ ਚਾਈਨਾ ਡੋਰ ਵੇਚਣ ਵਾਲਿਆਂ ਖਿਲਾਫ਼ ਸਹੀ ਜਾਣਕਾਰੀ ਦੇਣ ਤਾਂ ਕਾਫੀ ਹੱਦ ਤੱਕ ਚਾਈਨਾ ਡੋਰ ਦੀ ਵਿਕਰੀ ਰੋਕੀ ਜਾ ਸਕਦੀ ਹੈ।

ਡਾ. ਮਨਜਿੰਦਰ ਮੈਡੀਕਲ ਪ੍ਰੈਕਟੀਸ਼ਨਰ ਦਾ ਕਹਿਣਾ ਹੈ ਕਿ ਚਾਈਨਾ ਡੋਰ ਦਾ ਧੰਦਾ ਸਮਾਜ ਲਈ ਕੋਹੜ ਹੈ। ਇਸ ਨੂੰ ਖਤਮ ਕਰਨ ਲਈ ਪੁਲਸ ਪ੍ਰਸ਼ਾਸਨ ਨੂੰ ਸਖ਼ਤੀ ਵਰਤਣੀ ਚਾਹੀਦੀ ਹੈ। ਇਸ ਨਾਲ ਹੋ ਰਹੇ ਹਾਦਸਿਆਂ ਨੂੰ ਰੋਕਣ ਲਈ ਇਕਜੁੱਟ ਹੋ ਕੇ ਅੱਗੇ ਆਉਣ ਦੀ ਲੋੜ ਹੈ। ਡਾ. ਸਤਪਾਲ ਪਿੰਡ ਚਕਲੀ ਸੁਜਾਤ ਦਾ ਕਹਿਣਾ ਹੈ ਕਿ ਚਾਈਨਾ ਡੋਰ ਦੀ ਵਿਕਰੀ ਘਟਣ ਦੀ ਬਜਾਏ ਦਿਨੋ ਦਿਨ ਵਧਦੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਡੋਰ ਦੀ ਵਰਤੋਂ ਨਾਲ ਜਿੱਥੇ ਮਨੁੱਖੀ ਜਾਨਾਂ ਨੂੰ ਖਤਰਾ ਹੈ, ਉਥੇ ਪਸ਼ੂ ਪੰਛੀ ਵੀ ਇਸ ਖ਼ੂਨੀ ਡੋਰ ਦੀ ਲਪੇਟ ਵਿਚ ਆ ਕੇ ਆਪਣੀਆਂ ਜਾਨਾਂ ਗਵਾ ਰਹੇ ਹਨ।

# ਬੀ ਡੀ ਪੀ ਓ ਦਫਤਰ ਨੇ ਮਨਾਇਆ ਲੋਹੜੀ ਦਾ ਤਿਉਹਾਰ



**ਫਗਵਾੜਾ ( ਡਾ. ਰਮਨ, ਜਸਵਿੰਦਰ ਢੱਡਾ)**- ਬਲਾਕ ਵਿਕਾਸ ਅਤੇ ਪੰਚਾਇਤ ਦਫਤਰ ਫਗਵਾੜਾ ਵਿਖੇ ਸਮੂਹ ਸਟਾਫ ਵਲੋਂ ਲੋਹੜੀ ਦਾ ਤਿਉਹਾਰ ਬੀ.ਡੀ.ਪੀ.ਓ. ਰਾਮਪਾਲ ਸਿੰਘ ਰਾਣਾ ਦੀ ਅਗਵਾਈ ਹੇਠ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਦੌਰਾਨ ਲੋਹੜੀ ਦੀ ਧੂਣੀ ਬਾਲੀ ਗਈ ਅਤੇ ਸ਼ਗਨ ਵਜੋਂ ਮੂੰਗਫਲੀ, ਗੱਚਕ ਤੇ ਰਿਓੜੀਆਂ ਨੂੰ ਅਗਨ ਭੇਟ ਕੀਤਾ ਗਿਆ। ਸਟਾਫ ਵਲੋਂ ਲੋਹੜੀ ਦੇ ਗੀਤ ਵੀ ਗਾਏ ਗਏ। ਬੀ.ਡੀ.ਪੀ.ਓ. ਰਾਣਾ ਨੇ ਸਮੂਹ ਹਾਜ਼ਰੀਨ ਨੂੰ ਲੋਹੜੀ ਤੇ ਮਾਘੀ ਸੰਗਰਾਂਦ ਦੀਆਂ ਸ਼ੁੱਭ ਇੱਛਾਵਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਜਿੱਥੇ ਲੋਹੜੀ ਅਮੀਰ ਪੰਜਾਬੀ ਵਿਰਸੇ ਨਾਲ ਜੁੜਿਆ ਤਿਉਹਾਰ ਹੈ ਉੱਥੇ ਹੀ ਮਾਘੀ ਦਾ ਇਤਿਹਾਸ ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਲੀ ਮੁਕਤਿਆਂ ਦੀ ਮਹਾਨ ਸ਼ਹਾਦਤ ਦੀ ਯਾਦ ਦੁਆਉਂਦਾ ਹੈ। ਉਨ੍ਹਾ ਧੀਆਂ ਦੀ ਲੋਹੜੀ ਵੀ ਪੂਰੇ ਚਾਵਾਂ ਨਾਲ ਪਾਉਣ ਦਾ ਸੱਦਾ ਦਿੱਤਾ ਅਤੇ ਕਿਹਾ ਕਿ ਅਜੋਕੇ ਦੌਰ 'ਚ ਲੜਕੀਆਂ ਕਿਸੇ ਵੀ ਖੇਤਰ 'ਚ ਲੜਕਿਆਂ ਤੋਂ ਘੱਟ ਨਹੀਂ। ਉਨ੍ਹਾਂ ਨੂੰ ਵੀ ਅੱਗੇ ਵਧਣ ਦੇ ਬਰਾਬਰ ਮੌਕੇ ਦਿੱਤੇ ਜਾਣੇ ਚਾਹੀਦੇ ਹਨ। ਲੋਹੜੀ ਦੀ ਖੁਸ਼ੀ 'ਚ ਮੂੰਗਫਲੀ, ਰਿਓੜੀਆਂ ਤੇ ਲੱਡੂ ਤੇ ਚਾਹ ਪਕੌੜੇ ਦੀ ਸੇਵਾ ਵੀ ਕੀਤੀ ਗਈ। ਅਖੀਰ 'ਚ ਸਰਬੱਤ ਦੇ ਭਲੇ ਤੇ ਸੁੱਖ ਸ਼ਾਂਤੀ ਦੀ ਅਰਦਾਸ ਕੀਤੀ ਗਈ।

ਇਸ ਮੌਕੇ ਪੰਚਾਇਤ ਸਕੱਤਰ ਜਗਜੀਤ ਸਿੰਘ ਪਰਮਾਰ, ਸਾਬਕਾ ਬੀ.ਡੀ.ਪੀ.ਓ. ਹਰਬਲਾਸ ਬਾਗਲਾ, ਪੰਚਾਇਤ ਸਕੱਤਰ ਮਲਕੀਤ ਚੰਦ, ਟੈਕਸ ਕੁਲੈਕਟਰ ਸੁਲੱਖਣ ਸਿੰਘ, ਜੇ.ਈ. ਅਮਨਦੀਪ ਸਿੰਘ ਰੱਤੂ, ਅਨਿਲ ਕੁਮਾਰ, ਸੁਰਿੰਦਰ ਕੁਮਾਰ ਪਟਵਾਰੀ, ਏ.ਪੀ.ਓ. ਸੁਰਿੰਦਰ ਪਾਲ ਸਿੰਘ, ਰਜਿੰਦਰ ਸਿੰਘ ਬਬੇਲੀ, ਸਤਨਾਮ ਸਿੰਘ ਪਾਂਛਟ, ਸਰਪੰਚ ਦੇਸਰਾਜ ਝਮਟ, ਸਰਪੰਚ ਸਤਨਾਮ ਸਿੱਧੂ, ਸੁਰਜੀਤ ਸਿੰਘ, ਬਸਨਦੀਪ ਮੱਟੂ, ਠੇਕੇਦਾਰ ਜੋਗੀ ਲਾਲ, ਠੇਕੇਦਾਰ ਪੁਸ਼ਪਿੰਦਰ ਤੋਂ ਇਲਾਵਾ ਨਵਜੋਤ ਸਿੰਘ, ਮੈਡਮ ਪ੍ਰਿਅੰਕਾ, ਬਲਜਿੰਦਰ ਕੌਰ, ਸ਼ਾਲੂ ਅਤੇ ਵੱਖ ਵੱਖ ਪਿੰਡਾਂ ਦੇ ਸਰਪੰਚ ਤੇ ਮੈਂਬਰ ਪੰਚਾਇਤ ਹਾਜ਼ਰ ਸਨ।

# ਕੈਂਪਾਂ 'ਚ ਯੋਗ ਸਿੱਖ ਵੋਟਰਾਂ ਨੇ ਗੁਰਦੁਆਰਾ ਬੋਰਡ ਚੋਣਾਂ ਲਈ ਫਾਰਮ ਭਰੇ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ ( ਗੁਰਜੀਤ ਬਿੱਲਾ)**—ਜ਼ਿਲ੍ਹਾ ਪ੍ਰਸ਼ਾਸਨ ਮੋਹਾਲੀ ਵੱਲੋਂ ਗੁਰਦੁਆਰਾ ਬੋਰਡ (ਐਸ ਜੀ ਪੀ ਸੀ) ਦੀਆਂ ਚੋਣਾਂ ਲਈ ਵੋਟਰ ਬਣਨ ਲਈ ਯੋਗ ਸਿੱਖ ਵੋਟਰਾਂ ਨੂੰ ਜਾਗਰੂਕ ਕਰਨ ਲਈ ਸ਼ੁਰੂ ਕੀਤਾ ਗਿਆ ਆਊਟਰੀਚ ਪ੍ਰੋਗਰਾਮ ਫਲਦਾਇਕ ਸਾਬਤ ਹੋਇਆ। ਸ਼ਨੀਵਾਰ ਨੂੰ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਜ਼ਿਲ੍ਹੇ ਦੇ ਗੁਰਦੁਆਰਾ ਸਾਹਿਬਾਨਾਂ ਵਿੱਚ ਲਗਾਏ ਗਏ ਵਿਸ਼ੇਸ਼ ਕੈਂਪਾਂ ਵਿੱਚ ਵੋਟਰ ਬਣਨ ਦੇ ਚਾਹਵਾਨਾਂ ਦੀ ਭਾਰੀ ਹਾਜ਼ਰੀ ਦੇਖਣ ਨੂੰ ਮਿਲੀ। ਚੀਫ ਕਮਿਸ਼ਨਰ ਗੁਰਦੁਆਰਾ ਚੋਣਾਂ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਵੋਟਰ ਰਜਿਸਟ੍ਰੇਸ਼ਨ ਮੁਹਿੰਮ ਤਹਿਤ ਅਧਿਕਾਰੀਆਂ ਵੱਲੋਂ ਪੇਂਡੂ ਖੇਤਰ ਵਿੱਚ ਪਟਵਾਰੀਆਂ ਅਤੇ ਸ਼ਹਿਰੀ ਖੇਤਰ ਵਿੱਚ ਮਿਉਂਸਪਲ ਸਟਾਫ ਦੇ ਸਹਿਯੋਗ ਨਾਲ ਗੁਰਦੁਆਰਾ ਚੋਣਾਂ ਵੋਟ ਰਜਿਸਟ੍ਰੇਸ਼ਨ ਦਾ ਕੰਮ ਵਧੀਆ ਢੰਗ ਨਾਲ ਕੀਤਾ ਜਾ ਰਿਹਾ ਹੈ। ਇਸ ਤੋਂ ਇਲਾਵਾ ਜੇਕਰ ਕੋਈ ਆਪਣੇ ਤੌਰ 'ਤੇ ਫਾਰਮ ਜਮ੍ਹਾਂ ਕਰਵਾਉਣਾ ਚਾਹੁੰਦਾ ਹੈ ਤਾਂ ਉਹ ਇਸ ਦੀ ਕਾਪੀ ਜ਼ਿਲ੍ਹੇ ਦੀ ਵੈੱਬਸਾਈਟ ਤੋਂ ਪ੍ਰਾਪਤ ਕਰ ਸਕਦਾ ਹੈ ਅਤੇ ਧਿਆਨ ਨਾਲ ਦੇਖਣ ਅਤੇ ਭਰਨ ਤੋਂ ਬਾਅਦ ਨਜਦੀਕੀ ਰੀਵਾਈਜ਼ਿੰਗ ਅਥਾਰਟੀ ਅਫਸਰ ਨੂੰ ਇਸ ਨੂੰ ਜਮ੍ਹਾਂ ਕਰਵਾ ਸਕਦਾ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਵਿਧਾਨ ਸਭਾ ਅਤੇ ਲੋਕ ਸਭਾ ਚੋਣਾਂ ਦੇ ਉਲਟ, ਗੁਰਦੁਆਰਾ ਚੋਣਾਂ ਦੇ ਪ੍ਰੋਗਰਾਮ ਦੇ ਐਲਾਨ ਤੋਂ ਪਹਿਲਾਂ ਗੁਰਦੁਆਰਾ ਚੋਣਾਂ ਲਈ ਵੋਟਰ ਸੂਚੀ ਨਵੇਂ ਸਿਰੇ ਤੋਂ ਤਿਆਰ ਕਰਨੀ ਹੁੰਦੀ ਹੈ, ਇਸ ਲਈ ਸਾਰੇ ਵੋਟਰਾਂ ਨੂੰ ਨਵੇਂ ਸਿਰੇ ਤੋਂ ਰਜਿਸਟਰ ਕੀਤਾ ਜਾਂਦਾ ਹੈ।

# ਲਾਇਲਪੁਰ ਖ਼ਾਲਸਾ ਕਾਲਜ ਨੇ ਫਸਟ ਰਨਰ ਅੱਪ ਜਨਰਲ ਟਰਾਫੀ ਜਿੱਤੀ



**ਜਲੰਧਰ ( ਸ਼ੈਲੀ ਐਲਬਰਟ)**-ਲਾਇਲਪੁਰ ਖਾਲਸਾ ਕਾਲਜ ਜਲੰਧਰ ਅਕਾਦਮਿਕ ਖੇਤਰ ਵਿੱਚ ਪ੍ਰਾਪਤੀਆਂ ਦੇ ਨਾਲ ਨਾਲ ਖੇਡਾਂ ਦੇ ਖੇਤਰ ਵਿੱਚ ਵੀ ਪ੍ਰਾਪਤੀਆਂ ਲਈ ਜਾਣਿਆ ਜਾਂਦਾ ਹੈ।ਇਸੇ ਲੜੀ ਵਿੱਚ ਕਾਲਜ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੀ ਅੰਤਰ ਕਾਲਜ ਫਸਟ ਰਨਰ ਅੱਪ ਜਨਰਲ ਟਰਾਫੀ ਜਿੱਤ ਕੇ ਇੱਕ ਰਿਕਾਰਡ ਕਾਇਮ ਕੀਤਾ ਹੈ। ਕਾਲਜ ਦੀ ਇਸ ਪ੍ਰਾਪਤੀ 'ਤੇ ਬਲਬੀਰ ਕੌਰ ਪ੍ਰਧਾਨ ਗਵਰਨਿੰਗ ਕੌਂਸਲ ਨੇ ਪ੍ਰਿੰਸੀਪਲ ਡਾ. ਜਸਪਾਲ ਸਿੰਘ, ਡਾ. ਸਿਮਰਨਜੀਤ ਸਿੰਘ ਬੈਂਸ ਡੀਨ ਸਪੋਰਟਸ ਨੂੰ ਵਧਾਈ ਦਿੱਤੀ । ਪ੍ਰਿੰਸੀਪਲ ਡਾ. ਜਸਪਾਲ ਸਿੰਘ ਨੇ ਦੱਸਿਆ ਕਿ ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿਖੇ ਰੱਖੇ ਗਏ ਵਿਸ਼ੇਸ਼ ਸਮਾਗਮ ਵਿੱਚ ਮੁਖ ਮਹਿਮਾਨ ਗੁਰਮੀਤ ਸਿੰਘ ਮੀਤ ਹੇਅਰ, ਕੈਬਨਿਟ ਮੰਤਰੀ ਖੇਡ ਅਤੇ ਯੁਵਕ ਸੇਵਾਵਾ ਵਿਭਾਗ ਪੰਜਾਬ, ਵਾਈਸ ਚਾਂਸਲਰ ਡਾਕਟਰ ਜਸਪਾਲ ਸਿੰਘ ਸੰਧੂ ਅਤੇ ਯੂਨੀਵਰਸਿਟੀ ਦੇ ਵੱਖ-ਵੱਖ ਅਧਿਕਾਰੀਆਂ ਦੀ ਹਾਜ਼ਰੀ ਵਿਚ ਇਹ ਟਰਾਫੀ ਕਾਲਜ ਨੂੰ ਪ੍ਰਦਾਨ ਕੀਤੀ। ਯੂਨੀਵਰਸਿਟੀ ਦੁਆਰਾ 40 ਖੇਡਾਂ ਦੇ ਮੁਕਾਬਲੇ ਕਰਵਾਏ ਜਾਂਦੇ ਹਨ ਜਿਸ ਵਿੱਚੋਂ ਕਾਲਜ ਨੇ 33 ਵਿੱਚ ਜਿੱਤਾਂ ਦਰਜ ਕਰਕੇ ਇਹ ਟਰਾਫੀ ਜਿੱਤੀ ਹੈ। ਉਹਨਾਂ ਦੱਸਿਆ ਕਿ ਕਾਲਜ ਨੇ 15 ਖੇਡਾਂ ਵਿੱਚੋਂ ਪਹਿਲਾ ਸਥਾਨ 12 ਵਿੱਚੋਂ ਦੂਜਾ ਸਥਾਨ ਅਤੇ 6 ਵਿੱਚ ਤੀਜਾ ਸਥਾਨ ਪ੍ਰਾਪਤ ਕੀਤਾ ਹੈ । ਜ਼ਿਕਰਯੋਗ ਹੈ ਕਿ ਕਾਲਜ ਯੂਨੀਵਰਸਿਟੀ ਦੀ ਜਨਰਲ ਟਰਾਫੀ ਦੀ ਓਵਰਆਲ ਚੈਂਪੀਅਨਸ਼ਿਪ ਪਹਿਲਾਂ 24 ਵਾਰ ਜਿੱਤ ਚੁੱਕਾ ਹੈ। ਉਹਨਾਂ ਦੱਸਿਆ ਕਿ ਸਾਡੇ ਖਿਡਾਰੀਆਂ ਨੇ ਅੰਤਰਰਾਸ਼ਟਰੀ ਪੱਧਰ ਦਾ ਖੇਡ ਪ੍ਰਦਰਸ਼ਨ ਕੀਤਾ, ਜਿਸ ਸਦਕਾ ਅਸੀਂ ਇਹ ਪ੍ਰਾਪਤੀ ਕਰਨ ਵਿੱਚ ਸਫਲ ਹੋਏ ਹਾਂ ਇਸ ਲਈ ਸਮੂਹ ਸਟਾਫ ਅਤੇ ਖਿਡਾਰੀ ਵਿਦਿਆਰਥੀ ਵਧਾਈ ਦੇ ਪਾਤਰ ਹਨ। ਉਹਨਾਂ ਇਹ ਵੀ ਦੱਸਿਆ ਕਿ ਕਾਲਜ ਦੁਆਰਾ ਉੱਚ ਦਰਜੇ ਦੇ ਖਿਡਾਰੀਆਂ ਨੂੰ ਫਰੀ ਰਿਹਾਇਸ਼, ਡਾਇਟ ਅਤੇ ਹੋਰ ਸਹੂਲਤਾਂ ਦਿੱਤੀਆਂ ਜਾਂਦੀਆਂ ਹਨ ਜਿਸ ਕਰਕੇ ਉਹ ਸ੍ਰੇਸ਼ਠ ਪ੍ਰਦਰਸ਼ਨ ਕਰਦੇ ਹਨ । ਕਾਲਜ ਦੁਆਰਾ ਟੈਨਿਸ, ਬੈਡਮਿੰਟਨ, ਵੇਟ ਲਿਫਟਿੰਗ, ਕਬੱਡੀ, ਰੈਸਲਿੰਗ (ਗਰੀਕੋ ਰੋਮਨ), ਰੈਸਲਿੰਗ (ਫਰੀ ਸਟਾਇਲ), ਹਾਕੀ, ਐਥਲੈਟਿਕਸ, ਆਰਚਰੀ (ਕੰਪਾਉਂਡ), ਖੋ-ਖੋ, ਸ਼ੂਟਿੰਗ (ਰਾਇਫਲ), ਡਰੈਗਨ ਬੋਟ, ਰੋਇੰਗ, ਕਨੋਇੰਗ, ਸ਼ੂਟਿੰਗ (ਪਿਸਟਲ), ਰਗਬੀ, ਤਾਇਕਵਾਂਡੋ, ਵਾਲੀਵਾਲ, ਬਾਕਸਿੰਗ, ਬਾਸਕਿਟਵਾਲ, ਕਰਾਟੇ, ਆਰਚਰੀ (ਰੀਕਰਵ), ਫੇਨਸਿੰਗ, ਪੇਨਕਾਕ ਸੀਲਾਟ, ਕੈਕਿੰਗ, ਸਾਇਕਲਿੰਗ (ਟਰੈਕ), ਸਾਇਕਲਿੰਗ (ਰੋਡ), ਸਵਿਮਿੰਗ, ਵਾਟਰਪੋਲੋ, ਫੁੱਟਵਾਲ, ਬੈਸਵਾਲ, ਵੁਸ਼ੂ, ਜਿਮਨਾਸਟਿਕ ਖੇਡਾਂ ਵਿੱਚ ਭਾਗ ਲਿਆ ਗਿਆ । ਇਸ ਮੌਕੇ ਪ੍ਰੋ. ਮਨਵੀਰ ਪਾਲ, ਜਸਦੀਸ਼ ਸਿੰਘ, ਅਸ਼ਵਨੀ ਕੁਮਾਰ ਠਾਕੁਰ ਅਤੇ ਅੰਮ੍ਰਿਤ ਲਾਲ ਸੈਣੀ ਵੀ ਹਾਜ਼ਰ ਸਨ ।

# ਭਾਈਚਾਰਕ ਸਾਂਝ ਦਾ ਪ੍ਰਤੀਕ ਹੈ ਲੋਹੜੀ ਦਾ ਤਿਉਹਾਰ : ਭੱਲੜੀ




**ਭਲਾਣ (ਹਰਭਜਨ ਢਿੱਲੋਂ)** -ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾ ਨੰਗਲ ਲੜਕੇ ਅਤੇ ਆਈਟੀਆਈ ਨੰਗਲ ਇਸਤਰੀਆਂ ਵਿਖੇ ਲੋਹੜੀ ਦਾ ਤਿਉਹਾਰ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਦੋਵੇਂ ਆਈਟੀਆਈ ਦੇ ਸਮੂਹ ਸਟਾਫ ਮੈਂਬਰਾਂ ਨੇ ਪ੍ਰਿੰ.ਗੁਰਨਾਮ ਸਿੰਘ ਭੱਲੜੀ ਦੀ ਅਗਵਾਈ ਹੇਠ ਇਕੱਠੇ ਹੋ ਕੇ ਲੋਹੜੀ ਬਾਲੀ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਇਸ ਮੌਕੇ ਸੰਬੋਧਨ ਕਰਦਿਆਂ ਪ੍ਰਿੰ.ਗੁਰਨਾਮ ਸਿੰਘ ਭੱਲੜੀ ਸਮੂਹ ਸਟਾਫ ਮੈਂਬਰਾਂ ਨੂੰ ਲੋਹੜੀ ਦੇ ਤਿਉਹਾਰ ਦੀ ਵਧਾਈ ਦਿੰਦਿਆਂ ਕਿਹਾ ਕਿ ਰਲ ਮਿਲ ਕੇ ਤਿਉਹਾਰ ਮਨਾਉਣ ਨਾਲ ਸਮਾਜਿਕ ਅਤੇ ਭਾਈਚਾਰਕ ਸਾਂਝ ਮਜਬੂਤ ਹੁੰਦੀ ਹੈ। ਉਨਾਂ ਕਿਹਾ ਕਿ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਦੇ ਨਿਰਦੇਸ਼ਾਂ ਅਨੁਸਾਰ ਆਈਟੀਆਈ ਦੀ ਕਾਇਆਂ ਕਲਪ ਕਰਨ ਲਈ ਅਹਿਮ ਉਪਰਾਲੇ ਕੀਤੇ ਜਾ ਰਹੇ ਹਨ। ਜਿਸ ਤਹਿਤ ਆਈਟੀਆਈ ਨੂੰ ਆਧੁਨਿਕ ਮਸ਼ੀਨਰੀ ਅਤੇ ਸਾਜੋ ਸਮਾਨ ਨਾਲ ਲੈਸ ਕੀਤਾ ਜਾ ਰਿਹਾ ਹੈ। ਉਨ੍ਹਾਂ ਆਸ ਪ੍ਰਗਟ ਕੀਤੀ ਕਿ ਆਈਟੀਆਈ ਨੰਗਲ ਭਵਿੱਖ ਵਿੱਚ ਸੰਸਥਾ ਦੀ ਚੜ੍ਹਦੀ ਕਲਾ ਲਈ ਕੰਮ ਕਰਦਾ ਰਹੇਗਾ। ਇਸ ਮੌਕੇ ਆਈਟੀਆਈ ਨੰਗਲ ਇਸਤਰੀਆਂ ਦੀਆਂ ਸਿੱਖਿਆਰਥਣਾਂ ਵਲੋਂ ਸੱਭਿਆਚਾਰਕ ਪ੍ਰੋਗਰਾਮ ਦੀ ਸ਼ਾਨਦਾਰ ਪੇਸ਼ਕਾਰੀ ਕੀਤੀ ਗਈ,ਜਿਸ ਨੂੰ ਸਮੂਹ ਸਟਾਫ ਅਤੇ ਹਾਜ਼ਰੀਨ ਵਲੋਂ ਖੂਬ ਸਲਾਹਿਆ ਗਿਆ। ਇਸ ਮੌਕੇ ਟਰੇਨਿੰਗ ਅਫਸਰ ਰਾਕੇਸ਼ ਕੁਮਾਰ ਅਤੇ ਸੀਨੀਅਰ ਇੰਸਟਰਕਟਰ ਰਵਨੀਤ ਕੌਰ ਭੰਗਲ ਨੇ ਲੋਹੜੀ ਦੇ ਤਿਉਹਾਰ ਦੇ ਇਤਹਾਸ ਸਬੰਧੀ ਜਾਣਕਾਰੀ ਦਿੰਦਿਆਂ ਕਿਹਾ ਕਿ ਇਹ ਤਿਉਹਾਰ ਜਿਥੇ ਵੱਖ ਵੱਖ ਧਾਰਮਿਕ ਮਾਨਤਾਵਾਂ ਨਾਲ ਜੁੜਿਆ ਹੋਇਆ ਹੈ ,ਉਥੇ ਇਹ ਤਿਉਹਾਰ ਭਾਈਚਾਰਕ ਸਾਂਝ ਦਾ ਪ੍ਰਤੀਕ ਹੈ। ਇਸ ਮੌਕੇ ਟਰੇਨਿੰਗ ਅਫਸਰ ਰਣਜੀਤ ਸਿੰਘ, ਟਰੇਨਿੰਗ ਅਫਸਰ ਅਜੇ ਕੁਮਾਰ,ਸੁਪਰਡੈਂਟ ਰਿਸ਼ੀਪਾਲ,ਵਰਿੰਦਰ ਸਿੰਘ, ਮਨੋਜ ਕੁਮਾਰ, ਦਲਜੀਤ ਸਿੰਘ,ਗੁਰਦੀਪ ਕੁਮਾਰ,ਵਰਿੰਦਰ ਸਿੰਘ, ਬਲਿੰਦਰ ਕੁਮਾਰ,ਅਸ਼ਵਨੀ ਕੁਮਾਰ,ਅਕਾਸ਼ਦੀਪ,ਦਲਜੀਤ ਸਿੰਘ , ਬਲਜੀਤ ਸਿੰਘ ਜੇਤੇਵਾਲ,ਮਨਪ੍ਰੀਤ ਸਿੰਘ,ਅਸ਼ੋਕ ਕੁਮਾਰ, ਹਰਮਿੰਦਰ ਸਿੰਘ, ਅਨੀਲਮ, ਮਲਕੀਤ ਸਿੰਘ, ਸੁਨੀਤਾ ਦੇਵੀ, ਮਹਿੰਦਰ ਕੌਰ,ਪਵਨ ਕੁਮਾਰ,ਅਮਨਦੀਪ ਸਿੰਘ,ਅੰਜੂ ਕਪਿਲਾ,ਰਵਨੀਤ ਕੌਰ ਭੰਗਲ, ਗੁਰਨਾਮ ਕੌਰ, ਗਿਤਾਂਜਲੀ ਸ਼ਰਮਾ, ਸੰਦੀਪ, ਪ੍ਰਵੇਸ਼ ਰਾਣਾ,ਰਿਸ਼ੀਪਾਲ,ਹਰਪ੍ਰੀਤ ਸਿੰਘ, ਸੁਮਿਤ ਕੁਮਾਰ,ਸੁਖਵਿੰਦਰ ਸਿੰਘ,ਮਨਿੰਦਰ ਸਿੰਘ,ਪੂਰਨ ਚੰਦ, ਚੰਦਨ,ਸੰਜੀਵ,ਮਾਇਆਂ ਦੇਵੀ,ਰਾਧੇ ਸ਼ਾਮ,ਚੰਦਨ ਤੋਂ ਇਲਾਵਾ ਆਈਟੀਆਈ ਦੇ ਸਮੂਹ ਸਟਾਫ ਮੈਂਬਰ ਹਾਜ਼ਰ ਸਨ। ਸਟੇਜ ਸਕੱਤਰ ਦੀ ਭੂਮਿਕਾ ਰਵਨੀਤ ਕੌਰ ਭੰਗਲ ਅਤੇ ਸਿੱਖਿਆਰਥਣ ਕੁਲਵਿੰਦਰ ਕੌਰ ਵਲੋਂ ਨਿਭਾਈ ਗਈ।

# ਪਿੰਡ ਹਾਰਟਾ 'ਚ ਵਿਸ਼ਾਲ ਨਗਰ ਕੀਰਤਨ 17 ਨੂੰ

**ਹੁਸ਼ਿਆਰਪੁਰ, (ਹਰਵਿੰਦਰ ਸਿੰਘ ਭੁੰਗਰਨੀ)**- ਪਿੰਡ ਹਾਰਟਾ ਵਿਖੇ ਗੁਰਦੁਆਰਾ ਸ੍ਰੀ ਸਿੰਘ ਸਭਾ ਸਹਿਬ ਦੇ ਅਸਥਾਨ ਤੇ ਸਮੂਹ ਨਗਰ ਨਿਵਾਸੀਆਂ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਕਲਗੀਧਰ ਦਸਮੇਸ਼ ਪਿਤਾ, ਹੇਮਕੁੰਟ ਦੇ ਵਾਸੀ, ਸਰਬੰਸ ਦਾਨੀ ਦਸਮੇਸ਼ ਪਿਤਾ, ਬਾਦਸ਼ਾਹ ਦਰਵੇਸ਼, ਅੰਮ੍ਰਿਤ ਦੇ ਦਾਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਪੁਰਬ 17 ਜਨਵਰੀ ਨੂੰ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਮਨਜਿੰਦਰ ਸਿੰਘ ਖਾਲਸਾ ਨੇ ਦੱਸਿਆ ਕਿ 17 ਜਨਵਰੀ ਨੂੰ ਸਵੇਰੇ 9 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ। ਉਪਰੰਤ ਵਿਸ਼ਾਲ ਨਗਰ ਕੀਰਤਨ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਵਿਸ਼ਾਲ ਨਗਰ ਕੀਰਤਨ ਸਜਾਏ ਜਾ ਰਹੇ ਹਨ। ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ 17 ਜਨਵਰੀ ਨੂੰ ਵਿਸ਼ਾਲ ਨਗਰ ਕੀਰਤਨ ਮੌਕੇ ਭਾਈ ਪਰਮਜੀਤ ਸਿੰਘ ਹੈੱਡ ਗ੍ਰੰਥੀ, ਭਾਈ ਦੀਦਾਰ ਸਿੰਘ ਸੰਗਤਪੁਰ ਇੰਟਰਨੈਸ਼ਨਲ ਢਾਡੀ ਜਥਾ, ਪ੍ਰਭਾਤ ਫੇਰੀ ਜਥਾ ਤੇ ਹੋਰ ਇਲਾਕੇ ਭਰ ਤੋਂ ਰਾਗੀ, ਢਾਡੀ, ਕਵੀਸ਼ਰੀ ਜਥੇ, ਪ੍ਰਚਾਰਕ, ਪ੍ਰਭਾਤ ਫੇਰੀ ਜਥਾ ਸੰਗਤਾਂ ਨੂੰ ਗੁਰਬਾਣੀ ਗੁਰਇਤਿਹਾਸ ਰਾਹੀਂ ਨਿਹਾਲ ਕਰਨਗੇ।

# ਸ਼ਿਵਾਲਿਕ ਹਿਲਜ਼ ਵੈੱਲਫੇਅਰ ਸੁਸਾਇਟੀ ਨੇ ਲਗਾਇਆ 8ਵਾਂ ਆਯੁਰਵੈਦਿਕ ਮੈਡੀਕਲ ਕੈਂਪ




**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਪੰਜਾਬ ਸਰਕਾਰ ਦੇ ਆਯੁਸ਼ ਵਿਭਾਗ ਦੇ ਸਹਿਯੋਗ ਨਾਲ ਸ਼ਿਵਾਲਿਕ ਹਿਲਜ਼ ਵੈਲਫੇਅਰ ਸੁਸਾਇਟੀ ਹੁਸ਼ਿਆਰਪੁਰ ਵਲੋਂ ਬਾਜੀਗਰ ਬਸਤੀ ਨੇੜੇ ਸ਼ਿਵ ਮੰਦਿਰ ਵਿੱਚ 8ਵਾਂ ਆਯੁਰਵੈਦਿਕ ਮੈਡੀਕਲ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ 100 ਤੋਂ ਵੱਧ ਗਰੀਬ, ਮਜ਼ਦੂਰ ਅਤੇ ਪ੍ਰਵਾਸੀ ਆਦਮੀ, ਔਰਤਾਂ ਅਤੇ ਬੱਚਿਆਂ ਦਾ ਮੁਆਇਨਾਂ ਕੀਤਾ ਗਿਆ ਅਤੇ ਲੋੜਵੰਦ ਮਰੀਜ਼ਾਂ ਨੂੰ ਮੁਫਤ ਦਵਾਈਆਂ ਦਿੱਤੀਆਂ ਗਈਆਂ। ਡਾਕਟਰ ਨਰੇਸ਼ ਕੁਮਾਰ ਮਾਹੀ, ਜ਼ਿਲ੍ਹਾ ਆਯੁਰਵੈਦਿਕ ਅਤੇ ਯੂਨਾਨੀ ਅਫਸਰ ਹੁਸ਼ਿਆਰਪੁਰ ਵਲੋਂ ਨਿਯੁਕਤ ਕੀਤੇ ਗਏ ਡਾਕਟਰ ਰਿਤੂ ਚੌਧਰੀ, ਉਪ-ਵੈਦ ਜਸਵੀਰ ਠਾਕੁਰ ਅਤੇ ਟਰੇਂਡ ਦਾਈ ਹਰਕੀਰਤ ਕੌਰ ਦੇ ਨਾਲ ਮਾਂ ਅਤੇ ਬੱਚਾ ਸਿਹਤ ਕੇਂਦਰ ਦੇ ਹੈਲਥ ਵਰਕਰ ਜੋਤੀ ਪੁਰੀ, ਨੀਤੂ ਕੌਰ ਸ਼ਾਮਿਲ ਹੋਏ। ਸੇਵਾ ਮੁਕਤ ਸਕੱਤਰ ਜ਼ਿਲ੍ਹਾ ਰੈਡ ਕ੍ਰਾਸ ਅਤੇ ਸੰਸਥਾਂ ਦੇ ਮੁੱਖ ਸਲਾਹਕਾਰ ਅਮਰਜੀਤ ਹਮਰੋਲ ਨੇ ਦੱਸਿਆ ਕਿ ਇਹ ਸੰਸਥਾ ਪਿਛਲੇ ਅੱਠ ਮਹੀਨਿਆਂ ਤੋਂ ਲਗਾਤਾਰ ਆਯੁਰਵੈਦਿਕ ਮੈਡੀਕਲ ਕੈਂਪ, ਪ੍ਰਵਾਸੀ ਅਤੇ ਮਜ਼ਦੂਰ ਪਰਵਾਰਾਂ ਦੀ ਸਿਹਤ ਸੰਭਾਲ ਮੁੱਖ ਰੱਖਦੇ ਹੋਏ ਮੈਡੀਕਲ ਕੈਂਪ ਲਗਾ ਰਹੀ ਹੈ। ਇਸ ਦੇ ਨਾਲ ਹੀ ਟੀ.ਬੀ. ਵਰਗੀਆਂ ਨਾਮੁਰਾਦ ਅਲਾਮਤਾਂ, ਗਰਭਵਤੀ ਔਰਤਾਂ, ਦੁੱਧ ਪਿਲਾਉ ਔਰਤਾਂ ਦਾ ਟੀਕਾਕਰਣ, ਪੌਸ਼ਟਿਕ ਆਹਾਰ, ਸਾਫ-ਸਫਾਈ ਸੰਬਧੀ ਅਲੱਗ-ਅਲੱਗ ਵਿਸ਼ਿਆਂ ਵਿੱਚ ਜਾਣਕਾਰੀ ਪ੍ਰਦਾਨ ਕਰਦੇ ਹਨ। ਇਸ ਦੇ ਨਾਲ ਹੀ ਰਾਮ ਨਗਰ, ਭੀਮ ਨਗਰ, ਸੁੰਦਰ ਨਗਰ, ਬਾਜੀਗਰ ਬਸਤੀ, ਉੱਚੀਆ ਝੁੱਗੀਆਂ, ਪੁਰਹੀਰਾਂ ਇਲਾਕੇ ਵਿੱਚ ਰਹਿ ਰਹੇ 50 ਤੋਂ ਵੱਧ ਪਰਵਾਰਾਂ ਨੂੰ ਪੀ.ਐਮ.ਆਯੁਸ਼ਮਾਨ ਭਾਰਤ/ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੇ ਕਾਰਡ ਬਣਾਏ ਗਏ ਹਨ। ਜਿਸ ਦੁਆਰਾ ਲੋੜ ਪੈਣ ਤੇ ਗਰੀਬ ਪਰਵਾਰਾਂ ਦੇ ਬਿਮਾਰ ਵਿਅਕਤੀਆਂ ਨੂੰ 5 ਲੱਖ ਰੁਪਏ ਤੱਕ ਦੇ ਇਲਾਜ ਦੀ ਮੁਫਤ ਸਹਾਇਤਾ ਪ੍ਰਦਾਨ ਕੀਤੀ ਜਾਂਦੀ ਹੈ। ਜ਼ਿਲ੍ਹਾ ਆਯੁਰਵੈਦਿਕ ਯੂਨਾਨੀ ਅਫਸਰ ਡਾਕਟਰ ਮਾਹੀ ਨੇ ਸੁਨੇਹੇ ਵਿੱਚ ਦੱਸਿਆ ਕਿ ਪੰਜਾਬ ਸਰਕਾਰ ਦਾ ਆਯੁਰਵੈਦਿਕ ਵਿਭਾਗ ਸਮਾਜ ਸੇਵੀ ਸੰਸਥਾਵਾਂ ਦੇ ਸਹਿਯੋਗ ਨਾਲ ਮੈਡੀਕਲ ਕੈਂਪਾਂ ਦਾ ਆਯੋਜਨ ਕੀਤਾ ਜਾਂਦਾ ਹੈ ਤਾਂ ਜੋ ਲੋੜਵੰਦ ਅਤੇ ਗਰੀਬ ਲੋਕਾਂ ਨੂੰ ਉਹਨਾਂ ਦੇ ਘਰ ਦੇ ਨੇੜੇ ਹੀ ਮੈਡੀਕਲ ਸਹਾਇਤਾ ਦਿੱਤੀ ਜਾ ਸਕੇ।

ਉਹਨਾਂ ਨੇ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਬਹੁਤ ਸਾਰੇ ਪਿੰਡਾਂ ਅਤੇ ਸ਼ਹਿਰਾਂ ਵਿੱਚ ਆਯੁਰਵੈਦਿਕ ਡਿਸਪੈਂਸਰੀਆਂ ਚਲਾਈਆਂ ਜਾ ਰਹੀਆਂ ਹਨ ਜਿੱਥੇ ਮਾਹਰ ਡਾਕਟਰਾਂ ਵਲੋਂ ਲੋੜਵੰਦ ਮਰੀਜ਼ਾਂ ਦਾ ਇਲਾਜ ਕੀਤਾ ਜਾਂਦਾ ਹੈ। ਮੈਡੀਕਲ ਕੈਂਪ ਨੂੰ ਸੁਚਾਰੂ ਰੂਪ ਵਿੱਚ ਆਯੋਜਿਤ ਕਰਨ ਹਿੱਤ ਉੱਘੇ ਸਮਾਜ ਸੇਵੀ ਸੁਨੀਲ, ਸ਼੍ਰੀਮਤੀ ਮਧੂ ਅਤੇ ਸ਼ਿਵ ਮੰਦਿਰ ਦੇ ਪੰਡਿਤ ਅਨੂਪ ਅਤੇ ਹੋਰ ਉੱਘੇ ਸਮਾਜ ਸੇਵੀਆਂ ਨੇ ਸਹਿਯੋਗ ਕੀਤਾ।

# ਲੋਹੜੀ ਤੇ ਮਾਘੀ ਮੌਕੇ ਕਲੱਬਾਂ ਨੇ 51 ਨਵਜਨਮੀਆਂ ਧੀਆਂ ਤੇ ਪੁੱਤਰਾਂ ਨੂੰ ਬੇਬੀ ਕੇਅਰ ਕਿੱਟਾਂ ਤੇ ਬੈਗ ਵੰਡੇ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਲੋਹੜੀ ਅਤੇ ਮਾਘੀ ਦੇ ਇਤਿਹਾਸਕ ਤਿਉਹਾਰ ਮੌਕੇ ਜਲੰਧਰ ਸਿਵਲ ਹਸਪਤਾਲ ਦੇ ਜੱਚਾ ਬੱਚਾ ਵਿਭਾਗ ਵਿਖੇ ਹਮਸਫਰ ਯੂਥ ਕਲੱਬ ਅਤੇ ਏਕਮ ਯੂਥ ਕਲੱਬ ਵੱਲੋਂ 51 ਨਵਜਨਮੀਆਂ ਧੀਆਂ ਤੇ ਪੁੱਤਰਾਂ ਨੂੰ ਹਿਮਾਲਿਆ ਕੰਪਨੀ ਦੀਆਂ ਬੇਬੀ ਕੇਅਰ ਕਿੱਟਾਂ ਅਤੇ ਬੇਬੀ ਕੇਅਰ ਬੈਗ ਵੰਡੇ ਗਏ। ਐਸ ਐਮ ਓ ਡਾਕਟਰ ਵਰਿੰਦਰ ਕੌਰ ਥਿੰਦ ਨੇ ਦੱਸਿਆ ਕਿ ਹਮਸਫਰ ਯੂਥ ਕਲੱਬ ਏਕਮ ਯੂਥ ਕਲੱਬ ਵੱਲੋਂ ਨਵਜਨਮੀਆਂ ਧੀਆਂ ਲਈ ਵਰਦਾਨ ਰੂਪ ਸ਼ਲਾਘਾਯੋਗ ਕਦਮ ਚੁੱਕਿਆ ਗਿਆ ਜਿਨਾਂ ਵੱਲੋਂ 51 ਧੀਆਂ ਨੂੰ ਆਪਣਾ ਸਮਝਦਿਆਂ ਹੋਇਆਂ 51 ਬੇਬੀ ਗੇਅਰ ਕਿੱਟਾਂ ਅਤੇ ਬੇਬੀ ਕੇਅਰ ਬੈਗ ਵੰਡੇ ਗਏ। ਉਨ੍ਹਾਂ ਇਹ ਵੀ ਦੱਸਿਆ ਕਿ ਬਹੁਤ ਘੱਟ ਸਮਾਜ ਵਿੱਚ ਅਜਿਹੀਆਂ ਸਮਾਜਿਕ ਸੰਸਥਾਵਾਂ ਹਨ ਜੋ ਖਾਸ ਕਰ ਨਵਜਨਮੀਆਂ ਧੀਆਂ ਲਈ ਅਜਿਹੇ ਵਡਮੁੱਲੇ ਕਾਰਜ ਕਰ ਰਹੀਆਂ ਹਨ। ਹਮਸਫਰ ਯੂਥ ਕਲੱਬ ਦੇ ਪ੍ਰਧਾਨ ਰੋਹਿਤ ਭਾਟੀਆ, ਪੂਨਮ ਭਾਟੀਆ ਨੇ ਦੱਸਿਆ ਕਿ ਸਾਡਾ ਸਮਾਜ ਭਰੂਣ ਹੱਤਿਆ ਵਰਗੀ ਘਿਨੌਣੀ ਕਾਰਜਸ਼ੀਲਤਾ ਦਾ ਸ਼ਿਕਾਰ ਹੈ ਜਿਸ ਨੂੰ ਖਤਮ ਕਰਨ ਲਈ ਹਮਸਫਰ ਯੂਥ ਕਲੱਬ, ਏਕਮ ਯੂਥ ਕਲੱਬ ਵੱਲੋਂ ਪਹਿਲ ਦੇ ਅਧਾਰ 'ਤੇ ਕਾਰਜ ਕੀਤਾ ਗਿਆ। ਉਨ੍ਹਾਂ ਏਹ ਵੀ ਦੱਸਿਆ ਕਿ ਮੇਰੀ ਧੀ ਨੇ 2020 ਵਿਚ ਜਨਮ ਲਿਆ ਜਿਸ ਦੀ ਪਹਿਲੀ ਲੋਹੜੀ ਸਮੇਂ 5 ਧੀਆਂ ਦੀ ਲੋਹੜੀ ਮਨਾਈ ਗਈ ਅਤੇ ਅੱਜ 4 ਸਾਲ ਬਾਅਦ 51 ਨਵਜੰਮੀਆਂ ਧੀਆਂ ਤੇ ਸੰਬੰਧੀ ਪਰਵਾਰਕ ਮੈਂਬਰਾਂ ਨਾਲ ਲੋਹੜੀ ਮਨਾਈ ਗਈ। ਏਕਮ ਯੂਥ ਕਲੱਬ ਦੇ ਪ੍ਰਧਾਨ ਚੇਅਰਮੈਨ ਕੁਲਪ੍ਰੀਤ ਸਿੰਘ ਨੇ ਦੱਸਿਆ ਕਿ ਸਤਿਗੁਰੂ ਨਾਨਕ ਪਾਤਸ਼ਾਹ ਨੇ ਆਖਿਆ ਕੇ ਸੋ ਕਿਉਂ ਮੰਦਾ ਆਖੀਏ ਜਿਸ ਜੰਮੇ ਰਾਜਨ। ਧੀਆਂ ਨੂੰ ਪ੍ਰਮੁੱਖਤਾ ਸਾਡੇ ਗੁਰੂਆਂ ਪੀਰਾਂ ਨੇ ਪਹਿਲ ਦੇ ਅਧਾਰ 'ਤੇ ਦਿੱਤੀ ਹੈ। ਜਿਸ ਲਈ ਸਾਨੂੰ ਹਰ ਇਕ ਨੂੰ ਇਕ ਜ਼ਿੰਮੇਦਾਰ ਦੇਸ਼, ਕੌਮ, ਸਮਾਜ ਦੇ ਨਾਗਰਿਕ ਹੋਣ ਦਾ ਫਰਜ਼ ਅਦਾ ਕਰਨਾ ਚਾਹੀਦਾ ਹੈ ਅਤੇ ਧੀਆਂ ਨੂੰ ਪੁੱਤਾਂ ਵਾਂਗੂ ਜਿਊਣ ਅਤੇ ਕੁਝ ਕਰ ਗੁਜ਼ਰਨ ਦਾ ਮੌਕਾ ਦੇਣਾ ਚਾਹੀਦਾ ਹੈ। ਇਸ ਮੌਕੇ ਹਮਸਫਰ ਯੂਥ ਕਲੱਬ ਦੇ ਪ੍ਰਧਾਨ ਰੋਹਿਤ ਭਾਟੀਆ, ਡਾਇਰੈਕਟਰ ਪੂਨਮ ਭਾਟੀਆ, ਹਰਵਿੰਦਰ ਕੁਮਾਰ ਹਮਸਫਰ ਯੂਥ, ਏਕਮ ਯੂਥ ਕਲੱਬ ਦੇ ਪ੍ਰਧਾਨ ਚੇਅਰਮੈਨ ਕੁਲਪ੍ਰੀਤ ਸਿੰਘ, ਹਰਵਿੰਦਰ ਕੁਮਾਰ, ਰਣਜੀਤ ਕੌਰ, ਗੁਰਪ੍ਰੀਤ ਕੌਰ, ਡਾਕਟਰ ਅਸ਼ਵਨੀ ਕੁਮਾਰ, ਡਾਕਟਰ ਵਰਿੰਦਰ ਕੌਰ ਐਸ ਐਮ ਓ ਸਿਵਲ ਹਸਪਤਾਲ ਜਲੰਧਰ, ਰੋਹਿਤ ਕੁਮਾਰ, ਕਰਨੈਲ ਸੰਤੋਖਪੁਰੀ, ਵੀਨਾ ਮੈਡਮ, ਸੌਹੁੰਗਣੀ ਭਾਟੀਆ, ਰਮਨਪ੍ਰੀਤ ਕੌਰ, ਜਸਮੀਤ ਕੌਰ, ਇਸ਼ਾ, ਤਰਨਪ੍ਰੀਤ ਸਿੰਘ, ਲਵਪ੍ਰੀਤ ਸਿੰਘ, ਰਣਜੀਤ ਸਿੰਘ, ਮਨਪ੍ਰੀਤ ਸਿੰਘ, ਸਵਦੇਸ਼ ਨਨਚਾਹਲ, ਗੁਰਪ੍ਰੀਤ ਸਿੱਧੂ, ਜਸਵਿੰਦਰ ਸਿੰਘ, ਜਗਜੋਤ ਸਿੰਘ ਐਡਵੋਕੇਟ ਜੋਹਿਤ ਸਬਰਵਾਲ, ਰਮਨਦੀਪ ਸਿੰਘ ਮੌਕੇ 'ਤੇ ਹਾਜ਼ਰ ਸਨ।

# ਡਾਕਟਰ ਦਿਆਲ ਸਿੰਘ ਸਕੂਲ ਆਫ ਨਰਸਿੰਗ ਵਿਖੇ ਲੋਹੜੀ ਮਨਾਈ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਡਾ. ਦਿਆਲ ਸਿੰਘ ਸਕੂਲ ਆਫ ਨਰਸਿੰਗ ਸ੍ਰੀ ਅਨੰਦਪੁਰ ਸਾਹਿਬ ਵਿਖੇ ਪ੍ਰਿੰਸੀਪਲ, ਸਮੂਹ ਸਟਾਫ ਅਤੇ ਵਿਦਿਆਰਥਣਾਂ ਵੱਲੋਂ ਲੋਹੜੀ ਦਾ ਤਿਉਹਾਰ ਬੜੀ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਅਗਨੀ ਭੇਟ ਕਰਕੇ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਗਈ। ਲੋਹੜੀ ਦੇ ਤਿਉਹਾਰ ਦੀ ਵਧਾਈ ਦਿੰਦਿਆਂ ਅਤੇ ਇਸ ਤਿਉਹਾਰ ਦੀ ਮਹੱਤਤਾ ਸਬੰਧੀ ਗੱਲ ਕਰਦਿਆਂ ਪ੍ਰਿੰ. ਨੀਲਮ ਸੇਠੀ ਨੇ ਕਿਹਾ ਕਿ ਸਾਨੂੰ ਸਾਰਿਆਂ ਨੂੰ ਆਪਸੀ ਭਾਈਚਾਰਕ ਸਾਂਝ ਦੀਆਂ ਤੰਦਾਂ ਨੂੰ ਮਜ਼ਬੂਤ ਕਰਦੇ ਹੋਏ ਰਲ ਮਿਲ ਕੇ ਅਜਿਹੇ ਤਿਉਹਾਰ ਮਨਾਉਣੇ ਚਾਹੀਦੇ ਹਨ। ਉਨਾਂ ਦੱਸਿਆ ਕਿ ਲੋਹੜੀ ਉੱਤਰ ਭਾਰਤ, ਖਾਸ ਕਰਕੇ ਪੰਜਾਬ ਤੇ ਹਰਿਆਣੇ ਦਾ ਖੇਤੀਬਾੜੀ ਨਾਲ ਸੰਬੰਧਿਤ ਇੱਕ ਮਸ਼ਹੂਰ ਤਿਉਹਾਰ ਹੈ ਜੋ ਪੂਰੇ ਦੇਸ਼ ਵਿੱਚ ਧੂਮਧਾਮ ਨਾਲ ਮਨਾਇਆ ਜਾਂਦਾ ਹੈ। ਉਹਨਾਂ ਕਿਹਾ ਕਿ ਲੋਹੜੀ ਦਾ ਤਿਉਹਾਰ ਖਾਸ ਤੌਰ 'ਤੇ ਧੀਆਂ ਦੀ ਲੋਹੜੀ ਮਨਾ ਕੇ, ਮਨਾਂ 'ਚੋਂ ਨਫਰਤ ਅਤੇ ਬੁਰਾਈਆਂ ਦੂਰ ਕਰਕੇ, ਲੋੜਵੰਦਾਂ ਦੀ ਮਦਦ ਕਰਕੇ, ਖੁਸ਼ੀਆਂ ਅਤੇ ਮਿਠਾਸ ਵੰਡ ਕੇ ਮਨਾਉਣਾ ਚਾਹੀਦਾ ਹੈ। ਕਾਲਜ ਵੱਲੋਂ ਮੂੰਗਫਲੀ, ਗੱਚਕ, ਰਿਓੜੀਆਂ ਤੇ ਖਾਣ ਪੀਣ ਦੇ ਹੋਰ ਸਮਾਨ ਦਾ ਪ੍ਰਬੰਧ ਬਾਖੂਬੀ ਕੀਤਾ ਗਿਆ ਸੀ। ਇਸ ਮੌਕੇ ਵਾਈਸ ਪ੍ਰਿੰਸੀਪਲ ਸਰੋਜ ਸ਼ਰਮਾ, ਨਵਦੀਪ, ਤਰਨਜੀਤ, ਰਾਜਵੀਰ ਕੌਰ, ਮਧੂ ਮਹਿਤਾ, ਸਗੁਨ ਸ਼ਰਮਾ, ਅਨੂ ਸੈਣੀ, ਨਵਜੋਤ ਕੌਰ,ਸੁਖਪ੍ਰੀਤ ਕੌਰ, ਨਵਜੀਤ ਕੌਰ, ਜਸਪ੍ਰੀਤ ਕੌਰ, ਗਗਨੀਤ ਕੌਰ, ਰਿੰਪੀ, ਦਵਿੰਦਰ ਕੌਰ, ਗੁਰਜੀਤ ਕੌਰ, ਮਨਪ੍ਰੀਤ ਕੌਰ ਮੌਜੂਦ ਸਨ।

# ਸਰਕਾਰੀ ਪੌਲੀਟੈਕਨਿਕ ਕਾਲਜ ਖੂਨੀਮਾਜਰਾ 'ਚ ਮਨਾਈ ਲੋਹੜੀ



**ਖਰੜ, (ਹਰਨਾਮ ਸਿੰਘ ਡੱਲਾ)**-ਸਥਾਨਕ ਸਰਕਾਰੀ ਬਹੁਤਕਨੀਕੀ ਕਾਲਜ ਖੂਨੀਮਾਜਰਾ ਦੇ ਸਟਾਫ ਅਤੇ ਵਿਦਿਆਰਥੀਆਂ ਨੇ ਸਵੀਪ ਪ੍ਰੋਜੈਕਟ (ਵੋਟਰ ਜਾਗਰੂਕਤਾ) ਲੋਹੜੀ ਮਨਾਈ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਰਾਜੀਵ ਪੁਰੀ ਨੇ ਲੋਕ ਸਭਾ ਚੋਣਾਂ 2024 ਵਿੱਚ ਸਮੂਹ ਵਿਦਿਆਰਥੀਆਂ ਅਤੇ ਸਟਾਫ ਨੂੰ ਵੱਧ ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ। ਜ਼ਿਲ੍ਹਾ ਨੋਡਲ ਅਫਸਰ ਸਵੀਪ ਪ੍ਰੋ ਗੁਰਬਖਸ਼ੀਸ਼ ਸਿੰਘ ਅਨਟਾਲ ਨੇ ਇਸ ਮੌਕੇ ਦੁੱਲਾ ਭੱਟੀ ਵਰਗੇ ਯੋਧੇ ਦੀ ਵਾਰਤਾ ਸਾਂਝੀ ਕਰਦਿਆਂ ਲੋਹੜੀ ਦੇ ਮਹੱਤਵ ਬਾਰੇ ਚਾਨਣਾ ਪਾਉਂਦਿਆਂ ਵਿਦਿਆਰਥੀਆਂ ਨੂੰ ਲੋਕਤੰਤਰਿਕ ਪ੍ਰੰਪਰਾਵਾਂ ਨੂੰ ਮਜਬੂਤ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਮੈਡਮ ਜਸਦੀਪ ਕੌਰ ਮੁਖੀ ਵਿਭਾਗ ਅਪਲਾਈਡ ਸਾਇੰਸ, ਹਰਪ੍ਰੀਤ ਕੌਰ ਮੁੱਖੀ ਵਿਭਾਗ ਮੈਡੀਕਲ ਲੈਬ ਟੈਕਨਾਲੋਜੀ, ਮੈਡਮ ਅਮਨਦੀਪ ਕੌਰ, ਹਰਕੇਸ਼ ਕੁਮਾਰ ਨੇ ਸੱਭਿਆਚਾਰਕ ਗੀਤ ਪੇਸ਼ ਕੀਤੇ। ਅਖੀਰ ਕੰਪਿਊਟਰ ਵਿਭਾਗ ਦੇ ਮੁਖੀ ਰਵਿੰਦਰ ਵਾਲੀਆ ਨੇ ਲੋਹੜੀ ਅਤੇ ਮਾਘੀ ਦੇ ਤਿਉਹਾਰ ਦੀ ਮਹੱਤਤਾ ਤੋਂ ਵਿਦਿਆਰਥੀਆਂ ਨੂੰ ਜਾਣੂ ਕਰਵਾਇਆ।

# ਰੂਪਨਗਰ ਪ੍ਰੈੱਸ ਕਲੱਬ ਨੇ ਪਰਵਾਰਾਂ ਸਮੇਤ ਮਨਾਈ ਲੋਹੜੀ



**ਰੂਪਨਗਰ (ਬਿੰਦਰਾ)**- ਰੂਪਨਗਰ ਪ੍ਰੈਸ ਕਲੱਬ ਵਲੋਂ ਲੋਹੜੀ ਦੇ ਤਿਉਹਾਰ ਮੌਕੇ ਬੀਤੀ ਸ਼ਾਮ ਸਥਾਨਕ ਪ੍ਰੈਸ ਕਲੱਬ ਵਿਖੇ ਪਰਵਾਰਕ ਮਿਲਣੀ ਦਾ ਆਯੋਜਨ ਕੀਤਾ ਗਿਆ। ਸਮਾਗਮ ਦੌਰਾਨ ਕਲੱਬ ਦੇ ਸਮੂਹ ਮੈਂਬਰ ਆਪਣੇ ਪਰਵਾਰਕ ਮੈਂਬਰਾਂ ਸਮੇਤ ਸਮਾਗਮ 'ਚ ਸ਼ਾਮਲ ਹੋਏ। ਇਸ ਮੌਕੇ ਲੋਹੜੀ ਜਲਾਈ ਗਈ ਅਤੇ ਸਭ ਦੇ ਖੁਸ਼ਹਾਲ ਜੀਵਨ ਦੀ ਕਾਮਨਾ ਕੀਤੀ ਗਈ। ਇਸ ਮੌਕੇ ਮਹਿਲਾਵਾਂ ਦੇ ਮਨੋਰੰਜਨ ਲਈ ਤਮੋਲੇ ਦਾ ਆਯੋਜਨ ਵੀ ਕੀਤਾ ਗਿਆ। ਸਭ ਲਈ ਰਾਤ ਦੇ ਖਾਣੇ ਦਾ ਆਯੋਜਨ ਕੀਤਾ ਗਿਆ। ਸਮਾਗਮ 'ਚ ਵਿਸ਼ੇਸ਼ ਤੌਰ 'ਤੇ ਕਲੱਬ ਦੇ ਆਨਰੇਰੀ ਮੈਂਬਰ ਡਾ. ਆਰ. ਐਸ. ਪਰਮਾਰ, ਸੁਖਵਿੰਦਰ ਸਿੰਘ ਵਿਸਕੀ, ਵਾਸੂਦੇਵਾ ਤੇ ਸ਼ਹਿਰ ਦੇ ਪਤਵੰਤੇ ਵਿਅਕਤੀ ਵੀ ਸ਼ਾਮਲ ਹੋਏ। ਡਾ. ਪਰਮਾਰ ਨੇ ਕਲੱਬ ਮੈਂਬਰਾਂ ਨੂੰ ਲੋਹੜੀ ਦੀ ਵਧਾਈ ਦਿੰਦੇ ਹੋਏ ਰੂਪਨਗਰ ਪ੍ਰੈਸ ਕਲੱਬ ਮੈਂਬਰਾਂ ਵਲੋਂ ਸਮਾਜ ਪ੍ਰਤੀ ਬਿਹਤਰ ਸੋਚ ਅਪਨਾਏ ਜਾਣ ਦੀ ਪ੍ਰਸੰਸਾ ਕੀਤੀ ਅਤੇ ਸਭ ਦੇ ਪਰਵਾਰਾਂ ਨੂੰ ਲੋਹੜੀ ਦੀਆਂ ਸ਼ੁੱਭ ਇਛਾਵਾਂ ਭੇਟ ਕੀਤੀਆਂ। ਇਸ ਮੌਕੇ ਕਲੱਬ ਦੇ ਪ੍ਰਧਾਨ ਬਹਾਦਰਜੀਤ ਸਿੰਘ ਨੇ ਸਭ ਨੂੰ ਲੋਹੜੀ ਦੀ ਵਧਾਈ ਦਿੰਦੇ ਹੋਏ ਕਿਹਾ ਇਸ ਵਾਰ ਪਿਛਲੇ ਕੁਝ ਅਰਸੇ ਤੋਂ ਬਾਅਦ ਕਲੱਬ ਮੈਂਬਰਾਂ ਨੂੰ ਪਰਵਾਰ ਸਮੇਤ ਲੋਹੜੀ ਦਾ ਤਿਉਹਾਰ ਮਨਾਉਣ ਦਾ ਅਵਸਰ ਮਿਲਿਆ ਹੈ। ਇਸ ਲਈ ਸਾਰੇ ਵਧਾਈ ਦੇ ਪਾਤਰ ਹਨ। ਕਲੱਬ ਸਕੱਤਰ ਸਤਨਾਮ ਸਿੰਘ ਸੱਤੀ ਨੇ ਲੋਹੜੀ ਦੀ ਵਧਾਈ ਦਿੰਦੇ ਹੋਏ ਕਲੱਬ ਦੇ ਆਨਰੇਰੀ ਮੈਂਬਰਾਂ ਅਤੇ ਕਲੱਬ ਮੈਂਬਰਾਂ ਦਾ ਪਰਵਾਰਾਂ ਸਮੇਤ ਸਮਾਗਮ 'ਚ ਸ਼ਾਮਲ ਹੋਣ ਲਈ ਧੰਨਵਾਦ ਕੀਤਾ। ਇਸ ਮੌਕੇ ਕਲੱਬ ਮੈਂਬਰ ਵਿਜੇ ਸ਼ਰਮਾ, ਪ੍ਰਭਾਤ ਭੱਟੀ, ਅਜੇ ਅਗਨੀਹੋਤਰੀ, ਸੰਦੀਪ ਵਸ਼ਿਸ਼ਟ, ਜਗਮੋਹਣ ਸਿੰਘ, ਤੇਜਿੰਦਰ ਸਿੰਘ, ਕਮਲ ਭਾਰਜ, ਸੁਰਜੀਤ ਸਿੰਘ ਗਾਂਧੀ, ਜਗਜੀਤ ਸਿੰਘ ਜੱਗੀ, ਅਮਰਪਾਲ ਸਿੰਘ ਬੈਂਸ, ਸਰਵਜੀਤ ਸਿੰਘ ਕੋਟਲਾ ਨਿਹੰਗ, ਸਰਵਜੀਤ ਸਿੰਘ ਕਾਕਾ, ਰਾਜਨ ਵੋਹਰਾ, ਕੁਲਵੰਤ ਸਿੰਘ ਚਾਰਲੀ, ਸੁਮਿਤ ਪਸ਼ਰੀਚਾ, ਅਰੁਣ ਪੁਰੀ, ਕੈਲਾਸ਼ ਅਹੂਜਾ, ਪ੍ਰਿੰਸ, ਜਸਵੀਰ ਸਿੰਘ ਬਾਵਾ, ਅਮਿਤ ਕੁਮਾਰ, ਸ਼ਾਮ ਲਾਲ, ਜਸਵੀਰ ਸਿੰਘ ਘਨੌਲੀ, ਮੋਹਨਪ੍ਰੀਤ ਸਿੰਘ ਅਤੇ ਭਾਜਪਾ ਆਗੂ ਜਗਦੀਸ਼ ਕਾਜਲਾ, ਰਮਨ ਜਿੰਦਲ, ਮੁਕੇਸ਼ ਮਹਾਜਨ, ਸੁਖਬੀਰ ਸਿੰਘ ਤੰਬੜ, ਵਿਸ਼ਨੂੰ ਭਟਨਾਗਰ, ਅਮਨ ਕਾਬੜਵਾਲ, ਗਗਨ ਗੁਪਤਾ, ਕਰਨਵੀਰ ਸਿੰਘ ਗਿੰਨੀ ਜੌਲੀ ਟੋਨੀ ਵਰਮਾ ਆਦਿ ਹਾਜ਼ਰ ਸਨ।

# ਆਲ ਇੰਡੀਆ ਇੰਟਰ 'ਵਰਸਿਟੀ ਫੁੱਟਬਾਲ ਟੂਰਨਾਮੈਂਟ ਸੰਪੰਨ




**ਆਦਮਪੁਰ (ਪਰਮਜੀਤ ਸਿੰਘ )**-13 ਜਨਵਰੀ —ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ, ਜਲੰਧਰ ਦੇ ਖੇਡ ਸਟੇਡੀਅਮ ਵਿਖੇ ਆਲ ਇੰਡੀਆ ਇੰਟਰ ਯੂਨੀਵਰਸਿਟੀ ਫੁੱਟਬਾਲ ਟੂਰਨਾਮੈਂਟ (ਲੜਕੇ) ਦਾ ਸਮਾਪਨ ਹੋਇਆ। ਇਸ ਟੂਰਨਾਮੈਂਟ ਵਿਚ ਭਾਰਤ ਭਰ ਵਿੱਚੋਂ ਕੁੱਲ 32 ਟੀਮਾਂ ਨੇ ਭਾਗ ਲਿਆ। ਇਸ ਪ੍ਰਤੀਯੋਗਤਾ ਦਾ ਫਾਈਨਲ ਮੈਚ ਪੰਜਾਬੀ ਯੂਨੀਵਰਸਿਟੀ ਪਟਿਆਲਾ ਅਤੇ ਮਹਾਤਮਾ ਗਾਂਧੀ ਯੂਨੀਵਰਸਿਟੀ ਕੁਟਿਆਮ ਦੀਆਂ ਟੀਮਾਂ ਵਿਚਕਾਰ ਹੋਇਆ। ਪੰਜਾਬੀ ਯੂਨੀਵਰਸਿਟੀ ਪਟਿਆਲਾ ਨੇ ਮਹਾਤਮਾ ਗਾਂਧੀ ਯੂਨੀਵਰਸਿਟੀ ਕੁਟਿਆਮ ਨੂੰ 2-0 ਗੋਲ਼ਾਂ ਨਾਲ ਹਰਾਇਆ। ਮੈਨ ਆਫ਼ ਦੀ ਮੈਚ ਖਿਡਾਰੀ ਭਾਰਤ (ਪੰਜਾਬੀ ਯੂਨੀਵਰਸਿਟੀ, ਪਟਿਆਲਾ) ਨੂੰ ਦਿੱਤਾ ਗਿਆ। ਸਮਾਪਤੀ ਸਮਾਰੋਹ ਵਿਚ ਸੁਸ਼ੀਲ ਕੁਮਾਰ ਰਿੰਕੂ, ਸੰਸਦ ਮੈਂਬਰ (ਲੋਕ ਸਭਾ), ਜਲੰਧਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਸੰਤ ਬਾਬਾ ਜਨਕ ਸਿੰਘ ਅਤੇ ਸੰਤ ਮਨਮੋਹਨ ਸਿੰਘ, ਚਾਂਸਲਰ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਨੇ ਉਹਨਾਂ ਦਾ ਗੁੱਲਦਸਤਾ ਭੇਂਟ ਕਰਕੇ ਸਵਾਗਤ ਕੀਤਾ।

ਉਹਨਾਂ ਤੋਂ ਬਾਅਦ ਯੂਨੀਵਰਸਿਟੀ ਦੇ ਵਾਇਸ ਚਾਂਸਲਰ ਡਾ. ਧਰਮਜੀਤ ਸਿੰਘ ਪਰਮਾਰ ਨੇ ਸਵਾਗਤੀ ਸ਼ਬਦਾਂ ਨਾਲ ਮੁੱਖ ਮਹਿਮਾਨ ਦਾ ਸਵਾਗਤ ਕੀਤਾ। ਸੁਸ਼ੀਲ ਕੁਮਾਰ ਰਿੰਕੂ ਮੈਂਬਰ ਪਾਰਲੀਮੈਂਟ, ਜਲੰਧਰ ਨੇ ਇਸ ਰਾਸ਼ਟਰੀ ਪੱਧਰ ਦੇ ਮੁਕਾਬਲੇ ਦੀ ਮਹਿਮਾਨਨਿਵਾਜ਼ੀ ਲਈ ਯੂਨੀਵਰਸਿਟੀ ਨੂੰ ਮੁਬਾਰਕਬਾਦ ਆਖਿਆ ਅਤੇ ਖ਼ੁਸ਼ੀ ਪ੍ਰਗਟ ਕੀਤੀ। 'ਵਰਸਿਟੀ ਦੇ ਸਰੀਰਕ ਸਿਖਿਆ ਵਿਭਾਗ ਦੇ ਮੁੱਖੀ ਡਾ. ਅਮਰਜੀਤ ਸਿੰਘ ਨੇ ਟੂਰਨਾਮੈਂਟ ਵਿਚ ਪੁੱਜੀਆਂ ਅਜ਼ੀਮ ਸ਼ਖ਼ਸੀਅਤਾਂ ਦਾ ਧੰਨਵਾਦ ਕੀਤਾ ਅਤੇ ਜੇਤੂ ਖਿਡਾਰੀਆਂ ਨੂੰ ਮੁਬਾਰਕਬਾਦ ਆਖਿਆ। ਸਹਾਇਕ ਪ੍ਰੋਫੈਸਰ ਸਰਬਜੀਤ ਸਿੰਘ ਅਤੇ ਸਹਾਇਕ ਪ੍ਰੋਫੈਸਰ ਸੁਰਿੰਦਰ ਕੌਰ ਨੇ ਬਾਖ਼ੂਬੀ ਮੰਚ ਸੰਚਾਲਨ ਕੀਤਾ। ਇਸ ਮੌਕੇ ਸੈਕਟਰੀ ਹਰਦਮਨ ਸਿੰਘ ਮਿਨਹਾਸ ਸਕੱਤਰ ਸੁਸਾਇਟੀ, ਪਰਮਜੀਤ ਸਿੰਘ, ਜੋਗਿੰਦਰ ਸਿੰਘ, ਅਮਰਜੀਤ ਸਿੰਘ, ਕੁਲਵੰਤ ਸਿੰਘ ਸਾਰੇ ਸੁਸਾਇਟੀ ਮੈਂਬਰ, ਏ.ਆਈ.ਆਈ.ਯੂ. ਵਲੋਂ ਨਰੀਖਕ ਡਾ. ਜਸਪਾਲ ਸਿੰਘ, ਪ੍ਰਿੰਸੀਪਲ ਡਾ.ਲਖਵਿੰਦਰ ਸਿੰਘ, ਗੁਰਦੇਵ ਸਿੰਘ ਗਿੱਲ ਅਰਜੁਨ ਐਵਾਰਡੀ, ਕਰਨੈਲ ਸਿੰਘ, ਹਰਜਿੰਦਰ ਸਿੰਘ (ਪੀ.ਐਫ.ਏ. ਸੈਕਟਰੀ), ਜਰਨੈਲ ਸਿੰਘ (ਵਾਈਸ ਪ੍ਰੈਜ਼ੀਡੈਂਟ ਪੀ.ਐਫ.ਏ.), ਕੁਲਦੀਪ ਸਿੰਘ ਮਿਨਹਾਸ (ਕਨੇਡਾ), ਸ੍ਰੀਮਤੀ ਸੁਰਿੰਦਰ ਕੌਰ (ਕਨੇਡਾ), ਰਜਿਸਟਰਾਰ ਡਾ. ਅਨੀਤ ਕੁਮਾਰ, ਰਣਜੀਤ ਸਿੰਘ ਸਕੂਲ ਪ੍ਰਿੰਸੀਪਲ, ਡਾ. ਰਣਧੀਰ ਸਿੰਘ ਪਠਾਨੀਆ ਡਾਇਰੈਕਟਰ ਸਪੋਰਟਸ, ਸਰੀਰਕ ਸਿਖਿਆ ਵਿਭਾਗ ਦੇ ਮੁਖੀ ਡਾ. ਅਮਰਜੀਤ ਸਿੰਘ ਆਦਿ ਸ਼ਖ਼ਸੀਅਤਾਂ ਹਾਜ਼ਰ ਸਨ।

## ਏ ਟੀ ਐੱਮ ਤੋਂ ਚੋਰੀ ਟਲੀ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ )**- ਐਸ ਆਈ ਜਗਜੀਤ ਸਿੰਘ ਮੁੱਖ ਅਫਸਰ ਥਾਣਾ ਸਮੇਤ ਏ ਐਸ ਆਈ ਸੰਜੀਵ ਕੁਮਾਰ ਸਾਥੀ ਕਰਮਚਾਰੀ ਆਂ ਨਾਲ ਗਸ਼ਤ 'ਤੇ ਸਨ ਤਾਂ ਪਿੰਡ ਰਾਜਪੁਰਭਾਈਆਂ ਤੋਂ ਇਤਲਾਹ ਮਿਲੀ ਕਿ ਐਚ ਡੀ ਐਫ ਸੀ ਬੈਂਕ ਦੇ ਏ ਟੀ ਐਮ ਵਿੱਚੋਂ ਚੋਰੀ ਕੀਤੀ ਜਾ ਰਹੀ ਹੈ। ਪੁਲਸ ਤੁਰੰਤ ਮੌਕੇ 'ਤੇ ਪੁੱਜੀ ਪਰ ਹਨੇਰੇ ਦਾ ਫਾਇਦਾ ਉਠਾ ਕੇ ਚੋਰ ਮੌਕੇ ਤੋਂ ਭੱਜ ਗਏ। ਅਣਪਛਾਤੇ ਵਿਅਕਤੀਆਂ 'ਤੇ ਮੁਕੱਦਮਾ ਨੰਬਰ 05 ਮਿਤੀ 13-01-2024 380.511 ਭ/ਦ ਥਾਣਾ ਮੇਹਟੀਆਣਾ ਦਰਜ ਕੀਤਾ ਗਿਆ ਹੈ ।

## ਭਗੌੜਾ ਗ੍ਰਿਫਤਾਰ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਐੱਸ ਆਈ ਜਗਜੀਤ ਸਿੰਘ ਮੁੱਖ ਅਫਸਰ ਥਾਣਾ ਮੇਹਟੀਆਣਾ ਨੇ ਦੱਸਿਆ ਕਿ ਏ ਐਸ ਆਈ ਸੰਜੀਵ ਕੁਮਾਰ ਸਮੇਤ ਸਾਥੀ ਕਰਮਚਾਰੀਆਂ ਨੇ ਗਸ਼ਤ ਦੌਰਾਨ ਮੁਕੱਦਮਾ ਨੰਬਰ 35 ਮਿਤੀ 4-3-2016 ਅ/ਧ 420 ਭ/ਦ ਥਾਣਾ ਮੇਹਟੀਆਣਾ ਵਿੱਚ ਦੋਸ਼ੀ ਹੁਸਨ ਲਾਲ ਪੁੱਤਰ ਲਾਲ ਚੰਦ ਵਾਸੀ ਖਲਵਾੜਾ ਥਾਣਾ ਸਦਰ ਫਗਵਾੜਾ ਜ਼ਿਲ੍ਹਾ ਕਪੂਰਥਲਾ ਨੂੰ ਅਦਾਲਤ ਸਿਮਰਨਦੀਪ ਸਿੰਘ ਸੋਹੀ ਜੇ.ਐੱਮ.ਆਈ.ਸੀ ਹੁਸ਼ਿਆਰਪੁਰ ਵਲੋਂ ਮਿਤੀ 15-12-2023 ਨੂੰ ਪੀ.ਓ ਕਰਾਰ ਕੀਤਾ ਗਿਆ ਸੀ, ਜਿਸ ਨੂੰ ਮਿਤੀ 12-01-2024 ਨੂੰ ਗ੍ਰਿਫਤਾਰ ਕੀਤਾ ਹੈ।

## ਧੀਆਂ ਦੀ ਲੋਹੜੀ ਦਾ ਸਮਾਗਮ ਬੜੇ ਚਾਅ ਨਾਲ ਮਨਾਇਆ



**ਫਿਲੌਰ ( ਨਿਰਮਲ )** ਪਿੰਡ ਨਗਰ ਵਿੱਚ ਧੀਆਂ ਦੀ ਲੋਹੜੀ ਸਮਾਗਮ ਬੜੇ ਚਾਅ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਜ਼ਿਲ੍ਹਾ ਪ੍ਰੋਗਰਾਮ ਅਫਸਰ ਜਲੰਧਰ ਮਨਜਿੰਦਰ ਸਿੰਘ ਤੇ ਬਾਲ ਵਿਕਾਸ ਪ੍ਰੋਜੈਕਟ ਅਫਸਰ ਫਿਲੌਰ ਮਿਸ ਨੀਲਮ ਦੀ ਅਗਵਾਈ ਹੇਠ ਇਹ ਲੋਹੜੀ ਦਾ ਸਮਾਗਮ ਕਰਵਾਇਆ ਗਿਆ,ਜਿਸ ਵਿੱਚ ਪੰਚਾਇਤ ਮੈਂਬਰ ਸੰਦੀਪ ਸਿੰਘ,ਪੰਚ ਮੋਹਨ ਭੱਟੀ ਵਿਸ਼ੇਸ਼ ਤੌਰ 'ਤੇ ਪਹੁੰਚੇ ਜਿਨਾਂ ਨੇ ਧੀਆਂ ਅਤੇ ਪੁੱਤਰਾਂ ਨੂੰ ਇੱਕ ਸਮਾਨ ਰੁੱਤਬਾ ਦੇਣ ਦੀ ਗੱਲ ਆਖੀ ਗਈ। ਮੈਡਮ ਕੁਲਵੀਰ ਕੌਰ ਵਲੋਂ ਮੌਕੇ 'ਤੇ ਜੋ ਮਾਵਾਂ ਆਪਣੀਆਂ ਬੱਚੀਆਂ ਨੂੰ ਨਾਲ ਲੈ ਕੇ ਆਈਆਂ ਸਨ, ਦਾ ਧੰਨਵਾਦ ਕੀਤਾ ਅਤੇ ਹਰ ਆਏ ਹੋਏ ਸਖਸ਼ ਨੂੰ ਮੂੰਗਫਲੀ ਰਿਉੜੀਆਂ ਵੰਡ ਕੇ ਖੁਸ਼ੀ ਸਾਂਝੀ ਕੀਤੀ ਅਤੇ ਨਾਲ ਹੀ ਧੀਆਂ ਨੂੰ ਪੁੱਤਰਾਂ ਵਾਂਗ ਹੀ ਪਾਲਣ ਪੋਸਣ ਲਈ ਕਿਹਾ ਗਿਆ। ਨਵ ਜਨਮੀਆਂ ਬੱਚੀਆਂ ਨੂੰ ਤੋਹਫਿਆ ਨਾਲ ਨਿਵਾਜਿਆ ਗਿਆ। ਇਸ ਮੌਕੇ 'ਤੇ ਮੈਡਮ ਕੁਲਦੀਪ ਕੌਰ , ਹਰਜਿੰਦਰ ਪਾਲ ਕੌਰ, ਸ਼ੀਲਾ ਦੇਵੀ ਤੇ ਕਰਮਜੀਤ ਕੌਰ ਅਤੇ ਆਂਗਨਵਾੜੀ ਵਰਕਰ ਨਿਰਮਲਾ ਸੀਮਾ ਦੇਵੀ ਨਸੱਤਰੋ ਅਤੇ ਹਰਜੀਤ ਕੌਰ ਦਾ ਇਸ ਪ੍ਰੋਗਰਾਮ ਨੂੰ ਨੇਪਰੇ ਚਾੜਨ ਵਿੱਚ ਪੂਰਨ ਯੋਗਦਾਨ ਰਿਹਾ।

## ਪੁਰਾਣੀ ਬਿਲਡਿੰਗ ਡਿੱਗਣ ਨਾਲ ਮੁਹੱਲਾ ਨਿਵਾਸੀਆਂ 'ਚ ਦਹਿਸ਼ਤ ਦਾ ਮਾਹੌਲ

**ਫਿਲੌਰ ( ਨਿਰਮਲ )** ਮੁਹੱਲਾ ਭੰਡੇਰਾ ਵਿਖੇ ਬੀਤੀ ਰਾਤ 12 ਵਜੇ ਦੇ ਕਰੀਬ ਕਈ ਸਾਲਾਂ ਤੋਂ ਪੁਰਾਣੀ ਬਿਲਡਿੰਗ ਅਚਾਨਕ ਢਹਿ ਢੇਰੀ ਹੋ ਗਈ। ਡਿੱਗਣ ਦਾ ਖੜਾਕਾ ਬਹੁਤ ਹੀ ਜ਼ੋਰ ਨਾਲ ਹੋਇਆ।ਆਸ ਪਾਸ ਦੇ ਲੋਕ ਜਾਗ ਪਏ ਅਤੇ ਰੌਲਾ ਪੈ ਗਿਆ, ਲੋਕ ਸਹਿਮ ਗਏ ਤੇ ਨਾਲ ਦੇ ਮਕਾਨਾਂ ਵਾਲਿਆਂ ਵਿੱਚ ਖੌਫ ਪੈਦਾ ਹੋ ਗਿਆ। ਮੁਹੱਲਾ ਵਾਸੀ ਬੀਬੀ ਰਾਜ ਰਾਣੀ ਨੇ ਦੱਸਿਆ ਕਿ ਜਾਨੀ ਨੁਕਸਾਨ ਤੋਂ ਬਚਾ ਰਿਹਾ ਨੇੜਲੇ ਮਕਾਨਾਂ ਨੂੰ ਖਤਰਾ ਪੈਦਾ ਹੋ ਗਿਆ ਹੈ। ਮੁਹੱਲਾ ਵਾਸੀਆਂ ਦੀ ਮੰਗ ਹੈ ਕਿ ਜਿਨ੍ਹਾਂ ਦਾ ਇਹ ਮਕਾਨ ਹੈ ਉਹ ਜਲਦ ਹੀ ਮਕਾਨ ਦਾ ਮਲਬਾ ਚੁੱਕਣ ਅਤੇ ਆਪਣੇ ਮਕਾਨ ਦੀ ਮੁਰੰਮਤ ਕਰਵਾਉਣ ਤਾਂ ਜੋ ਸਾਡੇ ਘਰਾਂ ਨੂੰ ਨੁਕਸਾਨ ਨਾ ਪੁੱਜ ਸਕੇ।

## ਪੀ ਟੀ ਐੱਮ ਆਰੀਆ ਕਾਲਜ 'ਚ ਨੈਸ਼ਨਲ ਯੂਥ ਦਿਵਸ ਮਨਾਇਆ

**ਨੂਰਮਹਿਲ ( ਬਾਲ ਕ੍ਰਿਸ਼ਨ )** ਸਥਾਨਕ ਪੀ. ਟੀ. ਐੱਮ ਆਰੀਆ ਕਾਲਜ ਵਿੱਚ ਐਨ. ਐੱਸ. ਐੱਸ ਵਿਭਾਗ ਤੇ ਰੈੱਡ ਰਿਬਨ ਕਲੱਬ ਵਲੋਂ ਨੈਸ਼ਨਲ ਯੂਥ ਦਿਵਸ ਮਨਾਇਆ ਗਿਆ। ਕਾਲਜ ਦੇ ਡਾਇਰੈਕਟਰ ਪ੍ਰੋ: ਆਰ. ਕੇ. ਜੈਨ ਨੇ ਸੈਮੀਨਾਰ 'ਚ ਵਿਦਿਆਰਥੀਆਂ ਨੂੰ ਰਾਸ਼ਟਰੀ ਯੂਥ ਦਿਵਸ ਕਿਉਂ ਮਨਾਇਆ ਜਾਂਦਾ ਹੈ, ਬਾਰੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਹਰ ਸਾਲ 12 ਜਨਵਰੀ ਨੂੰ ਸਵਾਮੀ ਵਿਵੇਕਾਨੰਦ ਦੇ ਜਨਮ ਦਿਨ 'ਤੇ ਮਨਾਇਆ ਜਾਂਦਾ ਹੈ। ਇਸ ਦਿਨ ਦੇਸ਼ ਦੇ ਨੌਜਵਾਨਾਂ ਤੋਂ ਉਮੀਦ ਕੀਤੀ ਜਾਂਦੀ ਹੈ ਕਿ ਸਵਾਮੀ ਵਿਵੇਕਾਨੰਦ ਦੀਆਂ ਕਦਰਾਂ ਕੀਮਤਾਂ, ਸਿਧਾਂਤਾਂ ਨੂੰ ਗ੍ਰਹਿਣ ਕਰਨ। ਇਸ ਮੌਕੇ ਅਧਿਆਪਕਾਂ ਤੇ ਵਿਦਿਆਰਥੀਆਂ ਨੇ ਸਹੁੰ ਚੁੱਕੀ ਤੇ ਵਿਦਿਆਰਥੀਆਂ ਨੂੰ ਏਡਜ਼ ਪ੍ਰਤੀ ਜਾਗਰੂਕ ਕੀਤਾ ਗਿਆ। ਵੱਖ ਵੱਖ ਤਰ੍ਹਾਂ ਦੇ ਪੋਸਟਰ ਵਿਦਿਆਰਥੀਆਂ ਵਲੋਂ ਬਣਾਏ ਗਏ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਲਾਈਵ ਟੈਲੀਕਾਸਟ ਵਿਦਿਆਰਥੀਆਂ ਨੂੰ ਦਿਖਾਇਆ ਗਿਆ। ਇਸ ਮੌਕੇ ਸਮੂਹ ਵਿਦਿਆਰਥੀ ਅਤੇ ਅਧਿਆਪਕ ਹਾਜਰ ਸਨ।

## 22000 ਲੀਟਰ ਲਾਹਣ ਜ਼ਬਤ ਤੇ ਨਸ਼ਟ

**ਜਲੰਧਰ (ਸੁਰਿੰਦਰ ਕੁਮਾਰ)**-ਨਜਾਇਜ ਸ਼ਰਾਬ ਵਿਰੁੱਧ ਸ਼ੁਰੂ ਕੀਤੀ ਗਈ ਮੁਹਿੰਮ ਨੂੰ ਜਾਰੀ ਰੱਖਦਿਆਂ ਆਬਕਾਰੀ ਵਿਭਾਗ ਦੀ ਟੀਮ ਵਲੋਂ ਦਰਿਆ ਸਤਲੁਜ ਦੇ ਕੰਢੇ 'ਤੇ ਸਹਾਇਕ ਕਮਿਸ਼ਨਰ (ਆਬਕਾਰੀ) ਜਲੰਧਰ ਪੱਛਮੀ ਨਵਜੀਤ ਸਿੰਘ ਦੀ ਅਗਵਾਈ ਵਿੱਚ ਤਲਾਸ਼ੀ ਅਭਿਆਨ ਆਬਕਾਰੀ ਅਫ਼ਸਰ ਹੇਮੰਤ ਸ਼ਰਮਾ, ਆਬਕਾਰੀ ਇੰਸਪੈਕਟਰ ਰਾਮ ਮੂਰਤੀ, ਸਾਹਿਲ ਰੰਗਾ, ਮਨਜੀਤ ਸਿੰਘ, ਹਰਜੀਤ ਸਿੰਘ ਅਤੇ ਸਥਾਨਿਕ ਪੁਲਸ ਨਾਲ ਚਲਾਇਆ ਗਿਆ। ਜਲੰਧਰ ਵਾਲੇ ਪਾਸੇ ਤੋਂ ਦਰਿਆ ਸਤਲੁਜ ਦੇ 25 ਕਿਲੋਮੀਟਰ ਖੇਤਰ ਵਿੱਚ ਤਲਾਸ਼ੀ ਦੌਰਾਨ 12 ਪਲਾਸਟਿਕ ਦੀਆਂ ਤਰਪਾਲਾਂ ਵਿੱਚ ਲਗਭਗ 22000 ਲੀਟਰ ਲਾਹਣ ਪਾਈ ਗਈ ਅਤੇ ਲਵਾਰਿਸ਼ ਲਾਹਣ ਨੂੰ ਦਰਿਆ ਦੇ ਕੰਢੇ 'ਤੇ ਨਸ਼ਟ ਕਰ ਦਿੱਤਾ ਗਿਆ। ਇਸ ਤੋਂ ਇਲਾਵਾ ਟੀਮ ਵਲੋਂ 200 ਲੀਟਰ ਗੈਰ ਕਾਨੂੰਨੀ ਸ਼ਰਾਬ, ਲੋਹੇ ਦੇ ਛੇ ਵੱਡੇ ਡਰੰਮ, ਚਾਰ ਭਾਂਡੇ ਪਾਏ ਗਏ ਜਿਸ 'ਤੇ ਕਿਸੇ ਵਲੋਂ ਕੋਈ ਦਾਅਵਾ ਨਹੀਂ ਕੀਤਾ ਗਿਆ ਅਤੇ ਬਾਅਦ ਵਿੱਚ ਇਸ ਨੂੰ ਮੌਕੇ 'ਤੇ ਨਸ਼ਟ ਕਰ ਦਿੱਤਾ ਗਿਆ।

# ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਜ਼ਿਲ੍ਹਾ ਹੁਸ਼ਿਆਰਪੁਰ ਦੀ ਮੀਟਿੰਗ

**ਬੁਲ੍ਹੋਵਾਲ, (ਵਿਰਦੀ)**- ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਜ਼ਿਲ੍ਹਾ ਹੁਸ਼ਿਆਰਪੁਰ ਦੀ ਇੱਕ ਅਹਿਮ ਮੀਟਿੰਗ ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਦੇ ਜ਼ਿਲ੍ਹਾ ਆਗੂ ਨਰਿੰਦਰ ਸਿੰਘ ਗੋਲੀ ਦੀ ਪ੍ਰਧਾਨਗੀ ਹੇਠ ਮੁਲਾਜ਼ਮ ਭਵਨ ਵਿਖੇ ਹੋਈ ਜਿਸ ਵਿੱਚ ਵੱਖ ਵੱਖ ਮੁਲਾਜ਼ਮ ਅਤੇ ਪੈਨਸ਼ਨਰ ਜਥੇਬੰਦੀਆਂ ਦੇ ਆਗੂਆਂ ਵਲੋਂ ਸ਼ਮੂਲੀਅਤ ਕੀਤੀ ਗਈ। ਇਸ ਮੌਕੇ ਵਿਸ਼ੇਸ਼ ਤੌਰ ਤੇ ਪਹੁੰਚੇ ਸਾਂਝੇ ਫਰੰਟ ਦੇ ਸੂਬਾ ਕਨਵੀਨਰ ਸਾਥੀ ਸਤੀਸ਼ ਰਾਣਾ ਵਲੋਂ ਪਿਛਲੇ ਸਮੇਂ ਦੌਰਾਨ ਸਾਂਝੇ ਫਰੰਟ ਵਲੋਂ ਕੀਤੇ ਗਏ ਐਕਸ਼ਨਾਂ, ਸਰਕਾਰ ਨਾਲ ਹੋਈਆਂ ਮੀਟਿੰਗਾਂ ਅਤੇ ਸਾਂਝੇ ਫਰੰਟ ਦੀ ਸੂਬਾਈ ਮੀਟਿੰਗ ਦੇ ਫੈਸਲਿਆਂ ਸਬੰਧੀ ਵਿਸਥਾਰ ਵਿੱਚ ਜਾਣਕਾਰੀ ਦਿੱਤੀ। ਮੀਟਿੰਗ ਵਿੱਚ ਹਾਜ਼ਰ ਆਗੂਆਂ ਵਲੋਂ ਆਪਣੇ ਵਿਚਾਰ ਪੇਸ਼ ਕਰਦੇ ਹੋਏ ਮੌਜੂਦਾ ਸਰਕਾਰ ਦੀਆਂ ਮੁਲਾਜ਼ਮ ਅਤੇ ਪੈਨਸ਼ਨਰ ਵਿਰੋਧੀ ਨੀਤੀਆਂ ਸਬੰਧੀ ਵਿਚਾਰ ਚਰਚਾ ਕੀਤੀ ਗਈ। ਇਸ ਮੌਕੇ ਜ਼ਿਲ੍ਹਾ ਕਮੇਟੀ ਦਾ ਪੁਨਰਗਠਨ ਕੀਤਾ ਗਿਆ ਜਿਸ ਵਿੱਚ ਜਥੇਬੰਦੀਆਂ ਵਲੋਂ ਆਪਣੇ-ਆਪੇ ਨੁਮਾਇੰਦਿਆਂ ਦੇ ਨਾਂਅ ਦਿੱਤੇ ਗਏ, ਜਿਸ ਅਨੁਸਾਰ ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ ਵਲੋਂ ਪ੍ਰਮੋਦ ਗਿੱਲ ਨੂੰ ਕਨਵੀਨਰ, ਵਿਸ਼ਾਲ ਪੁਰੀ, ਸੁਖਦੇਵ ਡਾਂਸੀਵਾਲ, ਰਾਮ ਰੌਸ਼ਨ, ਰਣਜੀਤ ਸਿੰਘ ਨੂੰ ਮੈਂਬਰ, ਪੰਜਾਬ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਵਲੋਂ ਕੁਲਵਰਨ ਸਿੰਘ ਨੂੰ ਕਨਵੀਨਰ, ਮਦਨ ਲਾਲ ਸੈਣੀ, ਮਨਜੀਤ ਸਿੰਘ ਸੈਣੀ, ਬਲਵੀਰ ਸਿੰਘ ਸੈਣੀ, ਸ਼ਮਸ਼ੇਰ ਸਿੰਘ ਧਾਮੀ ਨੂੰ ਮੈਂਬਰ, ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਵਲੋਂ ਨਰਿੰਦਰ ਸਿੰਘ ਗੋਲੀ ਨੂੰ ਕਨਵੀਨਰ, ਬਹਾਦਰ ਸਿੰਘ, ਹਰਭਜਨ ਸਿੰਘ ਅਜਨੋਹਾ, ਜਗਜੀਤ ਸਿੰਘ, ਬਲਵੀਰ ਸਿੰਘ ਨੂੰ ਮੈਂਬਰ, ਪੰਜਾਬ ਪੈਨਸ਼ਨਰਜ਼ ਯੂਨੀਅਨ ਵਲੋਂ ਓਂਕਾਰ ਸਿੰਘ ਨੂੰ ਕਨਵੀਨਰ, ਅਮਰੀਕ ਸਿੰਘ, ਜੋਗਾ ਸਿੰਘ, ਜਗਜੀਤ ਸਿੰਘ ਜੱਗੀ, ਦਲਵਿੰਦਰ ਸਿੰਘ ਨੂੰ ਮੈਂਬਰ,



ਪੈਨਸ਼ਨਰਜ਼ ਐਸੋਸੀਏਸ਼ਨ ਪੀ.ਐਸ.ਪੀ.ਸੀ.ਐਲ. ਵਲੋਂ ਪ੍ਰਵੇਸ਼ ਕੁਮਾਰ ਨੂੰ ਕਨਵੀਨਰ, ਖੁਸ਼ੀ ਰਾਮ ਧੀਮਾਨ, ਅਜੀਤ ਸਿੰਘ, ਤਰਲੋਚਨ ਸਿੰਘ, ਸਵਰਨ ਸਿੰਘ ਨੂੰ ਮੈਂਬਰ, ਪ.ਸ.ਸ.ਫ. ਵਲੋਂ ਮੱਖਣ ਸਿੰਘ ਵਾਹਿਦਪੁਰੀ ਨੂੰ ਕਨਵੀਨਰ, ਇੰਦਰਜੀਤ ਵਿਰਦੀ, ਪ੍ਰਿੰ: ਅਮਨਦੀਪ ਸ਼ਰਮਾ, ਪਵਨ ਕੁਮਾਰ, ਮੱਖਣ ਸਿੰਘ ਲੰਗੇਰੀ ਨੂੰ ਮੈਂਬਰ, ਪੀ.ਐਸ.ਪੀ.ਸੀ.ਐਲ. ਏਕਤਾ ਮੰਚ ਵਲੋਂ ਪ੍ਰਦਿਉਮਨ ਗੌਤਮ ਨੂੰ ਕਨਵੀਨਰ, ਅਸ਼ੋਕ ਕੁਮਾਰ, ਹਰਕਮਲ ਰਾਹੀ, ਸੁਖਦੇਵ ਸਿੰਘ, ਸੰਦੀਪ ਸਿੰਘ ਨੂੰ ਮੈਂਬਰ, ਪੰਜਾਬ ਰੋਡਵੇਜ਼ ਪੈਨਸ਼ਨਰਜ਼ ਅਤੇ ਫੈਮਿਲੀ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਵਲੋਂ ਬਲਵਿੰਦਰ ਸਿੰਘ ਗਿੱਲ ਨੂੰ ਕਨਵੀਨਰ, ਸਤਨਾਮ ਸਿੰਘ, ਹਰਮੇਸ਼ ਪਾਲ, ਬਲਵਿੰਦਰ ਸਿੰਘ ਨੂੰ ਮੈਂਬਰ, ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਵਲੋਂ ਸੰਜੀਵ ਧੂਤ ਨੂੰ ਕੋ-ਕਨਵੀਨਰ, ਦਵਿੰਦਰ ਸਿੰਘ, ਮਨੋਹਰ ਸਿੰਘ ਸੈਣੀ ਸੈਣੀ ਨੂੰ ਮੈਂਬਰ, ਪੰਜਾਬ ਫੀਲਡ ਤੇ ਵਰਕਸ਼ਾਪ ਵਰਕਰਜ਼ ਯੂਨੀਅਨ ਵਲੋਂ ਵਿਕਾਸ ਸ਼ਰਮਾ ਨੂੰ ਕੋ-ਕਨਵੀਨਰ, ਅਮਰਜੀਤ ਗਰੋਵਰ ਨੂੰ ਮੈਂਬਰ ਦੇ ਤੌਰ ਤੇ ਚੁਣਿਆ ਗਿਆ।ਇਸ ਉਪਰੰਤ ਪੰਜਾਬ ਸਰਕਾਰ ਵਿਰੁੱਧ ਕੀਤੇ ਜਾ ਰਹੇ ਸੰਘਰਸ਼ ਨੂੰ ਹੋਰ ਤੇਜ਼ ਕਰਨ ਲਈ ਸੂਬਾ ਕਮੇਟੀ ਵਲੋਂ ਜੋ ਆਪ ਵਿਧਾਇਕਾਂ ਅਤੇ ਮੰਤਰੀਆਂ ਦੇ ਘਰਾਂ ਅੱਗੇ ਰੈਲੀਆਂ ਕਰਨ ਦਾ ਪ੍ਰੋਗਰਾਮ ਉਲੀਕਿਆ ਗਿਆ ਹੈ, ਉਸ ਨੂੰ ਜ਼ਿਲ੍ਹੇ ਅੰਦਰ ਲਾਗੂ ਕਰਨ ਲਈ ਵਿਚਾਰ ਕੀਤਾ ਗਿਆ ਅਤੇ ਰੈਲੀਆਂ ਕਰਨ ਦਾ ਪ੍ਰੋਗਰਾਮ ਉਲੀਕਿਆ ਗਿਆ ਜਿਸ ਅਨੁਸਾਰ ਵਿਧਾਇਕ ਹਲਕਾ ਟਾਂਡਾ ਵਿਰੁੱਧ ਮਿਤੀ 21 ਜਨਵਰੀ ਨੂੰ ਰੈਲੀ ਕੀਤੀ ਜਾਵੇਗੀ ਜਿਸ ਸਬੰਧੀ ਸਰਕਾਰੀ ਕਾਲਜ ਟਾਂਡਾ ਦੇ ਸਟੇਡੀਅਮ ਵਿਖੇ 11 ਵਜੇ ਇਕੱਤਰ ਹੋਇਆ ਜਾਵੇਗਾ, ਵਿਧਾਇਕ ਹਲਕਾ ਦਸੂਹਾ ਦੇ ਵਿਰੁੱਧ ਮਿਤੀ 28 ਜਨਵਰੀ ਨੂੰ ਰੈਲੀ ਕੀਤੀ ਜਾਵੇਗੀ ਅਤੇ 11 ਵਜੇ ਨਵੀਆਂ ਕਚਹਿਰੀਆਂ ਸਾਹਮਣੇ ਗਰਾਊਂਡ ਵਿਖੇ ਇਕੱਤਰ ਹੋਇਆ ਜਾਵੇਗਾ, ਵਿਧਾਇਕ ਹਲਕਾ ਗੜ੍ਹਸ਼ੰਕਰ ਅਤੇ ਡਿਪਟੀ ਸਪੀਕਰ ਦੇ ਵਿਰੁੱਧ 10 ਫਰਵਰੀ ਨੂੰ ਰੈਲੀ ਕੀਤੀ ਜਾਵੇਗੀ ਅਤੇ 11 ਵਜੇ ਗਾਂਧੀ ਪਾਰਕ ਵਿਖੇ ਇਕੱਤਰ ਹੋਇਆ ਜਾਵੇਗਾ, ਇਸ ਉਪਰੰਤ ਕੈਬਨਿਟ ਮੰਤਰੀ ਜਿੰਪਾ ਵਿਰੁੱਧ 18 ਫਰਵਰੀ ਨੂੰ ਜ਼ਿਲ੍ਹਾ ਪੱਧਰੀ ਰੈਲੀ ਕੀਤੀ ਜਾਵੇਗੀ ਅਤੇ 11 ਵਜੇ ਜ਼ਿਲ੍ਹਾ ਪ੍ਰੀਸ਼ਦ ਕੰਪਲੈਕਸ ਵਿਖੇ ਇਕੱਤਰ ਹੋਇਆ ਜਾਵੇਗਾ। ਮੀਟਿੰਗ ਦੇ ਅੰਤ ਵਿੱਚ ਸਾਥੀ ਗੋਲੀ ਵਲੋਂ ਸਮੂਹ ਆਗੂਆਂ ਦਾ ਧੰਨਵਾਦ ਕਰਦਿਆਂ ਇਨ੍ਹਾਂ ਐਕਸ਼ਨਾਂ ਨੂੰ ਸਫਲ ਬਣਾਉਣ ਅਤੇ ਰਹਿ ਗਈਆਂ ਜਥੇਬੰਦੀਆਂ ਨੂੰ ਇਸ ਸਾਂਝੇ ਫਰੰਟ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ। ਇਸ ਮੌਕੇ ਉਪਰੋਕਤ ਆਗੂਆਂ ਤੋਂ ਇਲਾਵਾ ਸੂਰਜ ਪ੍ਰਕਾਸ਼ ਅਨੰਦ, ਡਾ. ਸੁਖਦੇਵ ਸਿੰਘ ਢਿੱਲੋਂ, ਮਨਜੀਤ ਸਿੰਘ ਬਾਜਵਾ, ਰਕੇਸ਼ ਕੁਮਾਰ, ਬਿਕਰਮਜੀਤ ਸਿੰਘ, ਬਲਜੀਤ ਸਿੰਘ, ਮਹਿੰਦਰ ਸਿੰਘ, ਗੁਰਬਚਨ ਰਾਮ, ਰਾਮਪਾਲ, ਭੁਪਿੰਦਰ ਸਿੰਘ, ਬਲਦੇਵ ਸਿੰਘ, ਰੋਹਿਤ ਕੁਮਾਰ, ਤਰਸੇਮ ਸਿੰਘ, ਰਾਜ ਕੁਮਾਰ, ਮਹਿੰਦਰ ਸਿੰਘ ਆਦਿ ਆਗੂ ਵੀ ਹਾਜ਼ਰ ਸਨ।

## ਲਾਇਨਜ਼ ਕਲੱਬ ਨੇ ਬਜ਼ੁਰਗਾਂ ਨਾਲ ਮਨਾਇਆ ਲੋਹੜੀ ਦਾ ਤਿਉਹਾਰ



**ਆਦਮਪੁਰ (ਪਰਮਜੀਤ ਸਿੰਘ)**- ਲਾਇਨਜ਼ ਕਲੱਬ ਆਦਮਪੁਰ ਵੱਲੋਂ ਅੱਜ ਲੋਹੜੀ ਦਾ ਤਿਉਹਾਰ ਸਥਾਨਕ ਕੁੰਦਨ ਵਿਰਧ ਆਸ਼ਰਮ ਅਲਾਵਲਪੁਰ ਵਿਖੇ ਪ੍ਰਧਾਨ ਅਕਸਰਦੀਪ ਸ਼ਰਮਾ ਦੀ ਅਗਵਾਈ ਹੇਠ ਉੱਥੇ ਰਹਿੰਦੇ ਬਜ਼ੁਰਗਾਂ ਨਾਲ ਖੁਸ਼ੀ ਸਾਂਝੀ ਕਰਦਿਆਂ ਮਨਾਇਆ ਗਿਆ। ਇਸ ਸਬੰਧੀ ਕਲੱਬ ਦੇ ਖਜ਼ਾਨਚੀ ਰਾਜੀਵ ਸਿੰਗਲਾ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਲੋਹੜੀ ਦੀ ਵਧਾਈ ਦਿੰਦਿਆਂ ਅੱਜ ਕਲੱਬ ਵੱਲੋਂ ਬਜ਼ੁਰਗਾਂ ਲਈ ਗਰਮ ਕੱਪੜੇ, ਬੂਟ ਅਤੇ ਹੋਰ ਸਮਾਨ ਦੇਣ ਦੇ ਨਾਲ ਨਾਲ ਲੋਹੜੀ ਦੀ ਧੂਣੀ ਲਗਾ ਮਿਠਾਈਆਂ ਵੰਡ ਕੇ ਖੁਸ਼ੀ ਸਾਂਝੀ ਕੀਤੀ ਗਈ। ਉਨ੍ਹਾਂ ਕਿਹਾ ਕਿ ਕਲੱਬ ਹਮੇਸ਼ਾ ਹਰ ਧਾਰਮਿਕ ਸਮਾਜਿਕ ਖੇਤਰਾਂ ਅੰਦਰ ਸੇਵਾ ਲਈ ਅਗਾਂਹਵਧੂ ਸੋਚ ਰੱਖਦਾ ਹੈ ਤੇ ਜੇ ਕਿਸੇ ਨੂੰ ਵੀ ਕਿਤੇ ਵੀ ਲੱਗੇ ਕਿ ਸਾਨੂੰ ਕੋਈ ਸੇਵਾ ਦਾ ਮੌਕਾ ਦਿੱਤਾ ਜਾ ਸਕਦਾ ਹੈ ਤਾਂ ਸਾਡੇ ਕਲੱਬ ਨਾਲ ਸੰਪਰਕ ਕੀਤਾ ਜਾ ਸਕਦਾ ਹੈ। ਕਲੱਬ ਪ੍ਰਧਾਨ ਅਕਸਰਦੀਪ ਸ਼ਰਮਾ ਨੇ ਸਭਨਾਂ ਨੂੰ ਲੋਹੜੀ ਦੀ ਵਧਾਈ ਦਿੰਦਿਆਂ ਕਿਹਾ ਕਿ ਇਸੇ ਮਹੀਨੇ ਅੰਦਰ ਮੈਡੀਕਲ ਦੇ ਖੇਤਰ ਅੰਦਰ ਇੱਕ ਨਵਾਂ ਪ੍ਰੋਜੈਕਟ ਸ਼ੁਰੂ ਕੀਤਾ ਜਾਵੇਗਾ ਅਤੇ ਲੋਕ ਸੇਵਾ ਦਾ ਟੀਚਾ ਪੂਰਾ ਕਰਦਿਆਂ ਸਮਾਜ ਨੂੰ ਵੱਖਰੀ ਸੋਚ ਦੇ ਧਾਰਨੀ ਬਣਾਉਣ ਦਾ ਜਤਨ ਜਾਰੀ ਰਹੇਗਾ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਕਲੱਬ ਦੇ ਸੀਨੀਅਰ ਮੈਂਬਰ ਲਾਇਨ ਰਾਜਿੰਦਰ ਪ੍ਰਸਾਦ, ਖੜਕ ਸਿੰਘ, ਮਨਮੋਹਨ ਸਿੰਘ ਬਾਬਾ, ਰਾਕੇਸ਼ ਚੋਡਾ, ਸੁਸ਼ੀਲ ਡੋਗਰਾ, ਹਰਿੰਦਰ ਸਿੰਘ ਬਾਂਸਲ, ਜੈਮਿਨੀ ਜੱਗੀ, ਲਿਓ ਕਲੱਬ ਦੇ ਪ੍ਰਧਾਨ ਦਿਨਕਰ ਸਿੰਗਲਾ ਅਤੇ ਹੋਰ ਹਾਜ਼ਰ ਸਨ।

## ਚਾਈਨਾ ਡੋਰ ਵੇਚਣ ਤੋਂ ਗੁਰੇਜ਼ ਕਰਨ ਦੁਕਾਨਦਾਰ : ਡਾ. ਰਿਚਰਡ ਓਹਰੀ



**ਭੋਗਪੁਰ (ਗੁਰਪ੍ਰੀਤ ਸਿੰਘ ਭੋਗਲ)**-ਜ਼ਿਲ੍ਹੇ ਅੰਦਰ ਲੋਹੜੀ ਅਤੇ ਬਸੰਤ ਦਾ ਤਿਉਹਾਰ ਨੇੜੇ ਹੋਣ ਕਾਰਨ ਕਾਫ਼ੀ ਮਾਤਰਾ ਵਿੱਚ ਪਤੰਗਾਂ ਉਡਾਈਆਂ ਜਾਂਦੀਆਂ ਹਨ ਅਤੇ ਇਨ੍ਹਾਂ ਪਤੰਗਾਂ ਲਈ ਚਾਈਨਾ ਡੋਰ ਦੀ ਵਰਤੋਂ ਵੀ ਕਾਫੀ ਮਾਤਰਾ ਵਿਚ ਕੀਤੀ ਜਾਂਦੀ ਹੈ। ਇਸ ਲਈ ਕਈ ਦੁਕਾਨਦਾਰਾਂ ਵਲੋਂ ਚਾਈਨਾ ਡੋਰ ਸਟੋਰ ਕਰਨੀ ਸ਼ੁਰੂ ਕਰ ਦਿੱਤੀ ਜਾਂਦੀ ਹੈ। ਸਰਕਾਰ ਦੀਆਂ ਹਦਾਇਤਾਂ ਅਨੁਸਾਰ ਚਾਈਨਾ ਡੋਰ ਦੀ ਵਿਕਰੀ ਅਤੇ ਵਰਤੋਂ ਉੱਪਰ ਪੂਰੇ ਪੰਜਾਬ 'ਚ ਪਾਬੰਦੀ ਹੈ ਕਿਉਂਕਿ ਇਸ ਨਾਲ ਆਮ ਲੋਕਾਂ ਤੋਂ ਇਲਾਵਾ ਬੱਚਿਆਂ ਤੇ ਪੰਛੀਆਂ ਨੂੰ ਜਾਨੀ ਨੁਕਸਾਨ ਦਾ ਖਤਰਾ ਬਣਿਆ ਰਹਿੰਦਾ ਹੈ। ਸਰਕਾਰ ਦੀਆਂ ਹਦਾਇਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਮਿਤੀ 13/1/2024 ਨੂੰ ਸੀਨੀਅਰ ਮੈਡੀਕਲ ਅਫਸਰ ਡਾਕਟਰ ਰਿਚਰਡ ਓਹਰੀ ਹਸਪਤਾਲ ਕਾਲਾ ਬੱਕਰਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਿਹਤ ਵਿਭਾਗ ਟੀਮ ਨੇ ਭੋਗਪੁਰ ਪੁਲਸ ਪ੍ਰਸ਼ਾਸਨ ਦੀ ਮਦਦ ਨਾਲ ਭੋਗਪੁਰ ਸ਼ਹਿਰੀ ਇਲਾਕੇ ਵਿੱਚ ਚਾਈਨਾ ਡੋਰ ਵੇਚਣ ਵਾਲੇ ਦੁਕਾਨਦਾਰਾਂ ਤੋਂ ਚਾਈਨਾ ਡੋਰ ਦੀ ਚੈਕਿੰਗ ਕੀਤੀ। ਚੈਕਿੰਗ ਦੌਰਾਨ ਕਿਸੇ ਵੀ ਦੁਕਾਨਦਾਰ ਕੋਲ ਚਾਈਨਾ ਡੋਰ ਬਰਾਮਦ ਨਹੀਂ ਹੋਈ। ਇਸ ਮੌਕੇ ਦੁਕਾਨਦਾਰਾਂ ਨੂੰ ਚਾਈਨਾ ਡੋਰ ਨਾ ਵੇਚਣ ਸਬੰਧੀ ਸਲਾਹ ਦਿੱਤੀ ਗਈ। ਬਾਕੀ ਭੋਗਪੁਰ ਦੇ ਨਾਲ ਲੱਗਦੇ ਪਿੰਡਾਂ ਦੇ ਵਸਨੀਕ ਅਤੇ ਇਲਾਕੇ ਨੂੰ ਵੀ ਸੂਚਿਤ ਕੀਤਾ ਗਿਆ ਕਿ ਜੇਕਰ ਕੋਈ ਬੱਚਾ ਜਾਂ ਕੋਈ ਹੋਰ ਚਾਈਨਾ ਡੋਰ ਵਰਤ ਕੇ ਪਤੰਗ ਉਡਾ ਰਿਹਾ ਹੈ ਤਾਂ ਸੂਚਨਾ ਮਿਲਣ 'ਤੇ ਪੁੱਛਗਿੱਛ ਕੀਤੀ ਜਾਵੇਗੀ। ਅਗਰ ਕਿਸੇ ਕੋਲ ਕੋਈ ਚਾਈਨਾ ਡੋਰ ਪਾਈ ਗਈ ਤਾਂ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

## ਰਿਆਤ ਬਾਹਰਾ 'ਚ ਲੋਹੜੀ ਦਾ ਤਿਉਹਾਰ ਮਨਾਇਆ



**ਹੁਸ਼ਿਆਰਪੁਰ, (ਬਲਬੀਰ ਸਿੰਘ ਸੈਣੀ)**- ਰਿਆਤ ਬਾਹਰਾ ਐਜੂਕੇਸ਼ਨ ਸਿਟੀ ਵਿਖੇ ਲੋਹੜੀ ਦਾ ਤਿਉਹਾਰ ਰਵਾਇਤੀ ਢੰਗ ਨਾਲ ਮਨਾਇਆ ਗਿਆ। ਵਿਦਿਆਰਥੀਆਂ ਨੇ ਲੋਹੜੀ ਦੇ ਗੀਤ ਗਾ ਕੇ ਅਧਿਆਪਕਾਂ ਤੋਂ ਲੋਹੜੀ ਮੰਗੀ। ਇਸ ਮੌਕੇ ਵਿਦਿਆਰਥੀਆਂ ਨਾਲ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਕੈਂਪਸ ਡਾਇਰੈਕਟਰ ਡਾ: ਚੰਦਰ ਮੋਹਨ ਨੇ ਕਿਹਾ ਕਿ ਲੋਹੜੀ ਦੀ ਰਾਤ ਨੂੰ ਪਰਵਾਰ ਅਤੇ ਰਿਸ਼ਤੇਦਾਰਾਂ ਨਾਲ ਬੈਠ ਕੇ ਹੱਸਣਾ, ਮਜਾਕ ਕਰਨਾ, ਨੱਚਣਾ ਅਤੇ ਗਾਉਣਾ ਰਿਸ਼ਤਿਆਂ ਨੂੰ ਮਿਠਾਸ ਅਤੇ ਸਦਭਾਵਨਾ ਨਾਲ ਰਹਿਣ ਦਾ ਸੰਦੇਸ਼ ਦਿੰਦਾ ਹੈ। ਇਹ ਤਿਉਹਾਰ ਪੁਰਾਣੇ ਸਮੇਂ ਤੋਂ ਹੀ ਮਨਾਇਆ ਜਾਂਦਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਇਹ ਮੇਲਾ ਖੇਤੀਬਾੜੀ ਅਤੇ ਕੁਦਰਤ ਨੂੰ ਸਮਰਪਿਤ ਹੈ। ਇਸ ਦਿਨ ਕਿਸਾਨ ਆਪਣੀ ਨਵੀਂ ਫਸਲ ਅੱਗ ਨੂੰ ਸਮਰਪਿਤ ਕਰਦੇ ਹਨ ਅਤੇ ਭਗਵਾਨ ਸੂਰਜ ਦਾ ਸ਼ੁਕਰਾਨਾ ਕਰਦੇ ਹਨ। ਲੋਹੜੀ ਦਾ ਤਿਉਹਾਰ ਖੁਸ਼ਹਾਲੀ ਦਾ ਪ੍ਰਤੀਕ ਹੈ। ਲੋਕ ਇਸ ਤਿਉਹਾਰ ਨੂੰ ਮਿਲ ਕੇ ਮਨਾਉਂਦੇ ਹਨ। ਇਸ ਮੌਕੇ ਡਾ: ਰੰਗਰਾਜ ਸਿੰਘ, ਡਾ: ਮੀਨਾਕਸ਼ੀ, ਡਾ: ਪੱਲਵੀ ਪੰਡਿਤ, ਡਾ: ਕੁਲਦੀਪ ਵਾਲੀਆ, ਡਾ: ਸੁਖਮੀਤ ਬੇਦੀ, ਡਾ: ਜੋਤਸਨਾ, ਡਾ: ਗੌਰਵ ਪਰਾਸਰ, ਪ੍ਰਿੰਸ ਪ੍ਰੇਮ ਲਤਾ, ਪ੍ਰੋ: ਮਨਪ੍ਰੀਤ ਭਾਟੀਆ, ਸੀ.ਵੀ.ਜੋਸ਼ੀ, ਕੁਲਦੀਪ ਰਾਣਾ, ਹਰਿੰਦਰ ਜਸਵਾਲ, ਗੁਰਪ੍ਰੀਤ ਬੇਦੀ ਅਤੇ ਹੋਰ ਵਿਦਿਆਰਥੀ ਹਾਜਰ ਸਨ।

## ਸਰਕਾਰੀ ਕਾਲਜ ਟਾਂਡਾ ਦੀ ਅਥਲੀਟ ਸਿਮਰਨ ਕੌਮੀ ਖੇਡ ਮੁਕਾਬਲਿਆਂ 'ਚ ਹਿੱਸਾ ਲਵੇਗੀ : ਪ੍ਰਿੰਸੀਪਲ



**ਟਾਂਡਾ ਉੜਮੁੜ, ( ਜਸਵਿੰਦਰ ਸੰਧੂ, ਉਂਕਾਰ ਸਿੰਘ)**-ਗਿਆਨੀ ਕਰਤਾਰ ਸਿੰਘ ਮੈਮੋਰੀਅਲ ਸਰਕਾਰੀ ਕਾਲਜ ਟਾਂਡਾ ਦੀ ਹੋਣਹਾਰ ਐਥਲੀਟ ਸਿਮਰਨ ਦੀ ਗਯਾ (ਬਿਹਾਰ) ਵਿੱਚ ਹੋਣ ਵਾਲੀ ਨੈਸ਼ਨਲ ਕਰਾਸ ਕੰਟਰੀ ਚੈਂਪੀਅਨਸ਼ਿਪ ਲਈ ਸਿਲੈਕਸ਼ਨ ਹੋਈ ਹੈ। ਪ੍ਰਿੰਸੀਪਲ ਡਾ. ਸ਼ਸ਼ੀ ਬਾਲਾ ਨੇ ਦੱਸਿਆ ਕਿ 15 ਜਨਵਰੀ ਨੂੰ ਹੋਣ ਵਾਲੇ ਨੈਸ਼ਨਲ ਕਰਾਸ ਕੰਟਰੀ ਮੁਕਾਬਲਿਆਂ ਲਈ ਕਾਲਜ ਦੀ ਐਥਲੀਟ ਸਿਮਰਨ ਦੀ ਅੰਡਰ-21 ਸਾਲ ਵਰਗ ਵਿੱਚ ਭਾਗ ਲਵੇਗੀ। ਪ੍ਰਿੰਸੀਪਲ ਤੇ ਕਾਲਜ ਦੇ ਸਮੁੱਚੇ ਸਟਾਫ ਮੈਂਬਰਾਂ ਨੇ ਇਸ ਹੋਣਹਾਰ ਖਿਡਾਰਣ ਨੂੰ ਮੁਬਾਰਕਬਾਦ ਦਿੰਦੇ ਹੋਏ ਨੈਸ਼ਨਲ ਪੱਧਰ ਦੇ ਮੁਕਾਬਲਿਆਂ ਲਈ ਸ਼ੁੱਭ ਇਛਾਵਾਂ ਦਿੱਤੀਆਂ ਅਤੇ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਸ਼ਾਨਦਾਰ ਪ੍ਰਦਰਸ਼ਨ ਕਰਕੇ ਨਵੀਆਂ ਬੁਲੰਦੀਆਂ ਹਾਸਲ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਵਾਈਸ ਪ੍ਰਿੰਸੀਪਲ ਪ੍ਰੋਫੈਸਰ ਰਮਿੰਦਰਜੀਤ ਕੌਰ, ਪ੍ਰੋਫੈਸਰ ਵਿਜੇਪਾਲ ਸਿੰਘ,ਪ੍ਰੋਫੈਸਰ ਤਸਵਿੰਦਰ ਸਿੰਘ , ਪ੍ਰੋਫੈਸਰ ਮਨਮੋਹਨ ਸਿੰਘ ਅਤੇ ਅਥਲੈਟਿਕ ਕੋਚ ਕੁਲਵੰਤ ਸਿੰਘ ਸ਼ਾਮਿਲ ਸਨ।

# ਲਾਇਨਜ਼ ਕਲੱਬ ਨੇ ਬਜ਼ੁਰਗਾਂ ਨਾਲ ਮਨਾਇਆ ਲੋਹੜੀ ਦਾ ਤਿਉਹਾਰ



**ਆਦਮਪੁਰ (ਪਰਮਜੀਤ ਸਿੰਘ)**- ਲਾਇਨਜ ਕਲੱਬ ਆਦਮਪੁਰ ਵੱਲੋਂ ਲੋਹੜੀ ਦਾ ਤਿਉਹਾਰ ਸਥਾਨਕ ਕੁੰਦਨ ਵਿਰਧ ਆਸ਼ਰਮ ਅਲਾਵਲਪੁਰ ਵਿਖੇ ਪ੍ਰਧਾਨ ਅਕਸ਼ਰਦੀਪ ਸ਼ਰਮਾ ਦੀ ਅਗਵਾਈ ਹੇਠ ਉੱਥੇ ਰਹਿੰਦੇ ਬਜ਼ੁਰਗਾਂ ਨਾਲ ਖੁਸ਼ੀ ਸਾਂਝੀ ਕਰਦਿਆਂ ਮਨਾਇਆ ਗਿਆ। ਕਲੱਬ ਦੇ ਖਜਾਨਚੀ ਰਾਜੀਵ ਸਿੰਗਲਾ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਲੋਹੜੀ ਦੀ ਵਧਾਈ ਦਿੰਦਿਆਂ ਕਲੱਬ ਵੱਲੋਂ ਬਜ਼ੁਰਗਾਂ ਲਈ ਗਰਮ ਕੱਪੜੇ,ਬੂਟ ਅਤੇ ਹੋਰ ਸਮਾਨ ਦੇਣ ਦੇ ਨਾਲ ਨਾਲ ਲੋਹੜੀ ਦੀ ਧੂਣੀ ਲਗਾ ਮਿਠਾਈਆਂ ਵੰਡ ਖੁਸ਼ੀ ਸਾਂਝੀ ਕੀਤੀ ਗਈ। ਕਲੱਬ ਦੇ ਪ੍ਰਧਾਨ ਨੇ ਸਭਨਾਂ ਨੂੰ ਲੋਹੜੀ ਦੀ ਵਧਾਈ ਦਿੰਦਿਆਂ ਕਿਹਾ ਕਿ ਇਸੇ ਮਹੀਨੇ ਅੰਦਰ ਮੈਡੀਕਲ ਦੇ ਖੇਤਰ ਅੰਦਰ ਇੱਕ ਨਵਾਂ ਪ੍ਰੋਜੈਕਟ ਸ਼ੁਰੂ ਕੀਤਾ ਜਾਵੇਗਾ ਅਤੇ ਲੋਕ ਸੇਵਾ ਦਾ ਟੀਚਾ ਪੂਰਾ ਕਰਦਿਆਂ ਸਮਾਜ ਨੂੰ ਵੱਖਰੀ ਸੋਚ ਦੇ ਧਾਰਨੀ ਬਣਾਉਣ ਦਾ ਯਤਨ ਜਾਰੀ ਰਹੇਗਾ। ਇਸ ਮੌਕੇ ਲੱਬ ਦੇ ਸੀਨੀਅਰ ਮੈਂਬਰ ਲਾਇਨ ਰਾਜਿੰਦਰ ਪ੍ਰਸਾਦ,ਖੜਕ ਸਿੰਘ,ਮਨਮੋਹਨ ਸਿੰਘ ਬਾਬਾ,ਰਾਕੇਸ਼ ਚੌਡਾ,ਸੁਸ਼ੀਲ ਡੋਗਰਾ,ਹਰਿੰਦਰ ਸਿੰਘ ਬਾਂਸਲ,ਜੈਮਿਨੀ ਜੱਗੀ ਲਿਓ ਕਲੱਬ ਦੇ ਪ੍ਰਧਾਨ ਦਿਨਕਰ ਸਿੰਗਲਾ ਅਤੇ ਹੋਰ ਹਾਜਰ ਸਨ।

# ਕਲਿਆਣਕਾਰੀ ਯੋਜਨਾਵਾਂ ਦਾ ਲਾਭ ਦੇਣਾ ਵਿਕਸਿਤ ਭਾਰਤ ਸੰਕਲਪ ਯਾਤਰਾ ਦਾ ਮੁੱਖ ਮਕਸਦ : ਰਾਜਪਾਲ

**ਕਾਠਗੜ੍ਹ (ਸੁਭਾਸ਼ ਭਾਟੀਆ)** ਪੰਜਾਬ ਦੇ ਰਾਜਪਾਲ ਅਤੇ ਚੰਡੀਗੜ੍ਹ ਦੇ ਪ੍ਰਸਾਸ਼ਕ ਸ੍ਰੀ ਬਨਵਾਰੀ ਲਾਲ ਪੁਰੋਹਿਤ ਵੱਲੋਂ ਜ਼ਿਲ੍ਹਾ ਨਵਾਂਸ਼ਹਿਰ ਦੇ ਪਿੰਡ ਭਰਥਲਾ ਵਿਖੇ ਪਹੁੰਚੀ 'ਵਿਕਸਿਤ ਭਾਰਤ ਸੰਕਲਪ ਯਾਤਰਾ' ਵਿਚ ਵਿਸ਼ੇਸ ਤੌਰ 'ਤੇ ਸ਼ਮੂਲੀਅਤ ਕੀਤੀ। ਇਸ ਮੌਕੇ ਭਾਰਤ ਸਰਕਾਰ ਦੀਆਂ ਵੱਖ ਵੱਖ ਯੋਜਨਾਵਾਂ ਬਾਰੇ ਲੋਕਾਂ ਨੂੰ ਜਾਣਕਾਰੀ ਦਿੱਤੀ ਗਈ ਅਤੇ ਵਿਕਸਿਤ ਭਾਰਤ ਦਾ ਸੰਕਲਪ ਵੀ ਲਿਆ ਗਿਆ।

ਰਾਜਪਾਲ ਬਨਵਾਰੀ ਲਾਲ ਪੁਰੋਹਿਤ ਨੇ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਕਿਹਾ ਕਿ ਸਰਕਾਰ ਦੀਆਂ ਲੋਕ ਭਲਾਈ ਯੋਜਨਾਵਾਂ ਬਾਰੇ ਹਰ ਨਾਗਰਿਕ ਨੂੰ ਜਾਗਰੂਕ ਹੋਣਾ ਜ਼ਰੂਰੀ ਹੈ ਅਤੇ ਹੁਣ ਇਹ ਸਾਡੀ ਜ਼ਿੰਮੇਵਾਰੀ ਬਣਦੀ ਹੈ ਕਿ ਅਸੀਂ ਆਪਣੇ ਸਮਾਜ ਨੂੰ ਯੋਜਨਾਵਾਂ ਬਾਰੇ ਜਾਗਰੂਕ ਕਰੀਏ। ਇਸੇ ਮੰਤਵ ਦੀ ਪ੍ਰਾਪਤੀ ਲਈ ਵਿਕਸਤ ਭਾਰਤ ਸੰਕਲਪ ਯਾਤਰਾ ਵੱਖ ਵੱਖ ਥਾਵਾਂ 'ਤੇ ਪਹੁੰਚ ਰਹੀ ਹੈ ਅਤੇ ਭਾਰਤ ਸਰਕਾਰ ਦੀਆਂ ਕਲਿਆਣਕਾਰੀ ਯੋਜਨਾਵਾਂ ਹਰ ਲੋੜਵੰਦ ਤੱਕ ਪਹੁਚਾਉਣਾ ਸਾਡਾ ਮੁੱਖ ਮੰਤਵ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੀਆਂ ਪੀੜ੍ਹੀਆਂ ਨੂੰ ਬਚਾਉਣ ਲਈ ਜ਼ਰੂਰੀ ਹੈ ਕਿ ਨਸ਼ੇ ਤੋਂ ਬਚਾਇਆ ਜਾਵੇ ਅਤੇ ਇਸ ਬਾਰੇ ਹਰ ਨਾਗਰਿਕ ਨੂੰ ਸੁਚੇਤ ਹੋਣਾ ਪਵੇਗਾ। ਜ਼ਿਲ੍ਹਾ ਨਵਾਂਸ਼ਹਿਰ ਦੇ ਡਿਪਟੀ ਕਮਿਸ਼ਨਰ ਨਵਜੋਤਪਾਲ ਸਿੰਘ ਰੰਧਾਵਾ ਅਤੇ ਐਸ ਐਸ ਪੀ ਡਾ.ਅਖਿਲ ਚੌਧਰੀ ਸਮੇਤ ਸਰਕਾਰ ਦੇ ਕਈ ਵਿਭਾਗਾਂ ਦੇ ਅਧਿਕਾਰੀ ਵੀ ਮੌਜੂਦ ਸਨ। ਸਰਕਾਰ ਦੀਆਂ ਯੋਜਨਾਵਾਂ ਸੰਬੰਧੀ ਵੱਖ-ਵੱਖ ਵਿਭਾਗਾਂ ਵੱਲੋਂ ਸਟਾਲ ਲਗਾਏ ਗਏ ਅਤੇ ਕੇਂਦਰ ਸਰਕਾਰ ਦੀਆਂ ਯੋਜਨਾਵਾਂ ਦਾ ਲਾਭ ਲੈਣ ਵਾਲੇ ਲਾਭਪਾਤਰੀਆਂ ਨੇ ਸਰਕਾਰ ਦਾ ਧੰਨਵਾਦ ਕਰਦਿਆਂ ਆਪਣੇ ਦਿਲ ਦੇ ਜਜ਼ਬਾਤ ਵੀ ਸਾਂਝੇ ਕੀਤੇ। ਇਸ ਦੌਰਾਨ ਰਾਜਪਾਲ ਦੀ ਮੌਜੂਦਗੀ ਵਿੱਚ ਵਿਕਸਤ ਭਾਰਤ ਲਈ ਸੰਕਲਪ ਲਿਆ ਗਿਆ ਅਤੇ ਮੇਰੀ ਕਹਾਣੀ ਮੇਰੀ ਜ਼ੁਬਾਨੀ ਤਹਿਤ ਸਰਕਾਰੀ ਯੋਜਨਾਵਾਂ ਦਾ ਲਾਭ ਲੈਣ ਵਾਲੇ ਲਾਭਪਾਤਰੀਆਂ ਦੇ ਵਿਚਾਰ ਵੀ ਸੁਣੇ । ਇਸ ਮੌਕੇ ਸਕੂਲ ਦੇ ਬੱਚਿਆਂ ਵੱਲੋਂ ਸੱਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤਾ ਗਿਆ । ਵਿਕਸਿਤ ਭਾਰਤ ਸੰਕਲਪ ਯਾਤਰਾ ਭਾਰਤ ਸਰਕਾਰ ਦੀ ਹੁਣ ਤੱਕ ਦੀ ਸਭ ਤੋਂ ਵਿਆਪਕ ਪਹਿਲ ਹੈ ਤੇ ਇਸ ਤਹਿਤ ਖ਼ਾਸ ਤੌਰ 'ਤੇ ਡਿਜ਼ਾਈਨ ਕੀਤੀਆਂ ਗਈਆਂ ਆਈਈਸੀ (ਸੂਚਨਾ, ਸਿੱਖਿਆ ਅਤੇ ਸੰਚਾਰ) ਵੈਨਾਂ ਰਾਹੀਂ ਕੇਂਦਰ ਸਰਕਾਰ ਦੀਆਂ ਵੱਖ-ਵੱਖ ਫਲੈਗਸ਼ਿਪ ਸਕੀਮਾਂ ਬਾਰੇ ਜਾਗਰੂਕਤਾ ਪੈਦਾ ਕੀਤੀ ਜਾ ਰਹੀ ਹੈ ਅਤੇ ਯੋਗ ਲਾਭਪਾਤਰੀਆਂ ਨੂੰ ਮੌਕੇ 'ਤੇ ਹੀ ਇਨ੍ਹਾਂ ਸਕੀਮਾਂ ਨਾਲ ਜੋੜਨ ਲਈ ਉਪਰਾਲੇ ਕੀਤੇ ਜਾ ਰਹੇ ਹਨ। ਇਸ ਯਾਤਰਾ ਦੌਰਾਨ ਖ਼ਾਸ ਕਰ ਆਯੁਸ਼ਮਾਨ ਭਾਰਤ, ਪ੍ਰਧਾਨ ਮੰਤਰੀ ਆਵਾਸ ਯੋਜਨਾ, ਪ੍ਰਧਾਨ ਮੰਤਰੀ ਉੱਜਵਲਾ ਯੋਜਨਾ, ਕਿਸਾਨ ਕ੍ਰੈਡਿਟ ਕਾਰਡ, ਪ੍ਰਧਾਨ ਮੰਤਰੀ ਪੋਸ਼ਣ ਅਭਿਆਨ, ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ, ਸੁਰੱਖਿਆ ਬੀਮਾ ਯੋਜਨਾ, ਅਟਲ ਪੈਨਸ਼ਨ ਯੋਜਨਾ, ਡਰੋਨ ਰਾਹੀਂ ਖੇਤਾਂ ਵਿੱਚ ਸਪਰੇਅ ਆਦਿ ਸਮੇਤ ਹੋਰ ਬਹੁਤ ਸਾਰੀਆਂ ਯੋਜਨਾਵਾਂ ਬਾਰੇ ਲੋਕਾਂ ਨੂੰ ਜਾਗਰੂਕ ਕਰਨ ਦੇ ਨਾਲ ਨਾਲ ਸੇਵਾਵਾਂ ਦਿੱਤੀਆਂ ਜਾ ਰਹੀਆਂ ਹਨ।

# ਜ਼ਿਲ੍ਹਾ ਬਾਰ ਐਸੋਸੀਏਸ਼ਨ ਵਿਖੇ ਧੀਆਂ ਦੀ ਲੋਹੜੀ ਮਨਾਈ



**ਨਵਾਂਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ)** -ਜ਼ਿਲ੍ਹਾ ਬਾਰ ਐਸੋਸੀਏਸ਼ਨ, ਸ਼ਹੀਦ ਭਗਤ ਸਿੰਘ ਨਗਰ ਵਿਖੇ ਧੀਆਂ ਦੀ ਲੋਹੜੀ ਮਨਾਈ ਗਈ। ਇਸ ਸ਼ੁੱਭ ਮੌਕੇ ਤੇ ਕੇ ਐਸ ਬਾਜਵਾ ਸੈਸ਼ਨ ਜੱਜ , ਕੁਰਨੇਸ਼ ਕੁਮਾਰ ਵਧੀਕ ਸੈਸ਼ਨ ਜੱਜ ਮਨੀਸ਼ਾ ਵਧੀਕ ਸੈਸ਼ਨ ਜੱਜ, ਅਸ਼ੋਕ ਕੁਮਾਰ,ਪਰਮਿੰਦਰ ਕੌਰ ਸੀ ਜੇ ਐਮ, ਜੇਐਸ ਮਹਿਦੀਰਤਾ ਸੀ ਜੇ ਐਮ ਕੌਲ ਧੰਜਲ ਸਿਵਲ ਜੱਜ ਮੌਨਿਕਾ ਚੌਹਾਨ ਸਿਵਲ ਜੱਜ ਸਰਵੇਸਰਵਾ ਸਿੰਘ, ਸਿਵਲ ਜੱਜ ਸਾਹਿਬ ਜ਼ਿਲ੍ਹਾ ਬਾਰ ਐਸੋਸੀਏਸ਼ਨ, ਨਵਾਂਸ਼ਹਿਰ ਉਨ੍ਹਾਂ ਇਸ ਮੌਕੇ ਕਿਹਾ ਕਿ ਦੁਨੀਆਂ ਭਰ 'ਚ ਲੜਕੀਆਂ ਹਰ ਖੇਤਰ 'ਚ ਮੋਹਰੀ ਹੋ ਕੇ ਸਮਾਜ ਉਸਾਰੂ ਭੂਮਿਕਾ ਅਦਾ ਕਰ ਰਹੀਆਂ ਹਨ। ਰਿਉੜੀਆਂ, ਮੂੰਗਫ਼ਲੀਆਂ ਵੰਡੀਆਂ ਗਈਆਂ। ਉਨ੍ਹਾਂ ਵਕੀਲਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਧੀਆਂ ਸਾਡਾ ਮਾਣ ਹਨ, ਜਿਨ੍ਹਾਂ ਨੇ ਆਪਣੀ ਮਿਹਨਤ ਤੇ ਪ੍ਰਤਿਭਾ ਦੇ ਬਲਬੂਤੇ 'ਤੇ ਵੱਖ-ਵੱਖ ਖੇਤਰਾਂ 'ਚ ਬੁਲੰਦੀਆਂ ਨੂੰ ਛੋਹਿਆ ਹੈ ਤੇ ਸਾਬਤ ਕੀਤਾ ਹੈ ਕਿ ਉਹ ਕਿਸੇ ਨਾਲੋਂ ਘੱਟ ਨਹੀਂ ਹਨ। ਉਨ੍ਹਾਂ ਕਿਹਾ ਕਿ ਮਾਪਿਆਂ ਦੇ ਨਾਲ-ਨਾਲ ਸਾਡਾ ਸਾਰਿਆਂ ਦਾ ਫਰਜ਼ ਬਣਦਾ ਹੈ ਕਿ ਅਸੀਂ ਲੜਕੀਆਂ ਨੂੰ ਅਜਿਹਾ ਮਾਹੌਲ ਸਿਰਜੀਏ ਜਿਸ ਸਦਕਾ ਉਹ ਹੋਰ ਮਜ਼ਬੂਤ ਤੇ ਕਾਮਯਾਬ ਬਣ ਸਕਣ। ਲੋਕਾਂ ਨੂੰ ਵੀ ਧੀਆਂ ਨੂੰ ਜਨਮ ਦਾ, ਸਿੱਖਿਆ ਦਾ ਤੇ ਆਜ਼ਾਦੀ ਦਾ ਅਧਿਕਾਰ ਦੇਣਾ ਚਾਹੀਦਾ ਹੈ। ਅੱਜਕੱਲ੍ਹ ਪੁੱਤਾਂ ਸਮੇਤ ਧੀਆਂ ਦੀ ਲੋਹੜੀ ਵੀ ਵੱਡੇ ਪੱਧਰ 'ਤੇ ਮਨਾਈ ਜਾਂਦੀ ਹੈ, ਜੋ ਇਕ ਸਮਾਜਿਕ ਤਬਦੀਲੀ ਦਾ ਪ੍ਰਤੀਕ ਹੈ। ਦੇਸ਼ ਦੀਆਂ ਧੀਆਂ ਨੇ ਸਮਾਜ ਦੇ ਹਰੇਕ ਖੇਤਰ 'ਚ ਬਰਾਬਰਤਾ ਦੇ ਝੰਡੇ ਗੱਡ ਕੇ ਆਪਣੀ ਹੋਂਦ ਨੂੰ ਸਾਰਥਕ ਸਿੱਧ ਕੀਤਾ ਹੈ। ਜੇਕਰ ਅਸੀਂ ਅਸਲ ਮਾਇਨਿਆਂ 'ਚ ਧੀਆਂ ਨੂੰ ਆਪਣੇ ਪੈਰਾਂ 'ਤੇ ਖੜ੍ਹਾ ਕਰਨਾ ਚਾਹੁੰਦੇ ਹਾਂ ਤਾਂ ਸਿੱਖਿਆ ਦੇ ਮਾਧਿਅਮ ਨਾਲ ਸਾਡੀਆਂ ਅੱਜ ਦੀਆਂ ਨਿੱਕੀਆਂ ਬੱਚੀਆਂ ਹੀ ਆਉਣ ਵਾਲੇ ਸਮੇਂ 'ਚ ਕਲ੍ਹ ਦੀਆਂ ਵੱਡੀਆਂ ਅਫਸਰ ਤੇ ਸਮਾਜ ਨੂੰ ਸੇਧ ਦੇਣ ਵਾਲੀਆਂ ਵੱਡੀਆਂ ਸ਼ਖ਼ਸੀਅਤਾਂ ਬਣ ਸਕਦੀਆਂ ਹਨ। ਇਸ ਲਈ ਧੀਆਂ ਨੂੰ ਸਮਾਜ 'ਚ ਹੋਰਨਾਂ ਲਈ ਮਿਸਾਲ ਬਣਾਉਣ ਲਈ ਸਿੱਖਿਆ ਦੇਣੀ ਬਹੁਤ ਜ਼ਰੂਰੀ ਹੈ। ਪ੍ਰਧਾਨ ਸਮਸ਼ੇਰ ਸਿੰਘ, ਝਿੱਕਾ ਸੂਦ ਵਾਇਸ ਪ੍ਰਧਾਨ ਰਜਿੰਦਰ ਸਿੰਘ ਸੈਕਟਰੀ, ਸ਼ਿਵ ਲਾਲ ਜੈਨ, ਵੀ ਕੇ ਛਾਬੜਾ, ਅਮਰੀਕ ਸਿੰਘ ਮਦਨ ਗੋਪਾਲ, ਪੀ ਕੇ ਸਰੋਆ, ਮਨੋਹਰ ਸਿੰਘ ਪਰਮਿੰਦਰ ਸਿੰਘ, ਧੀਰਜ ਸਹਿਜਪਾਲ ਵਰਿੰਦਰ ਪਾਹਵਾ, ਦੇਸ਼ ਬੰਧੂ ਭੱਲਾ, ਨਿਪੁੰਨ ਭੱਲਾ ਇਸ ਮੌਕੇ ਹਾਜ਼ਰ ਸਨ।

# ਗੁਰਦੁਆਰਾ ਅਕਾਲ ਬੁੰਗਾ ਹਮਲੇ ਦੀ ਸੀ ਬੀ ਆਈ ਜਾਂਚ ਹੋਵੇ : ਮਜੀਠੀਆ




**ਜਲੰਧਰ ( ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**-ਸਾਬਕਾ ਮੰਤਰੀ ਤੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਬਿਕਰਮ ਸਿੰਘ ਮਜੀਠੀਆ ਨੇ ਮੰਗ ਕੀਤੀ ਕਿ 23 ਨਵੰਬਰ 2023 ਨੂੰ ਸੁਲਤਾਨਪੁਰ ਲੋਧੀ ਦੇ ਗੁਰਦੁਆਰਾ ਅਕਾਲ ਬੁੰਗਾ 'ਤੇ ਮੁੱਖ ਮੰਤਰੀ ਭਗਵੰਤ ਮਾਨ ਦੇ ਹੁਕਮਾਂ 'ਤੇ ਹੋਏ ਪੁਲਸ ਹਮਲੇ ਦੀ ਸੀ ਬੀ ਆਈ ਜਾਂਚ ਹੋਵੇ ਜਾਂ ਫਿਰ ਹਾਈ ਕੋਰਟ ਦੀ ਨਿਗਰਾਨੀ ਹੇਠ ਜਾਂਚ ਕਰਵਾਈ ਜਾਵੇ।ਇਥੇ ਇਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਮਜੀਠੀਆ ਨੇ ਕਿਹਾ ਕਿ ਉਹ ਇਹ ਮੰਗ ਇਸ ਕਰਕੇ ਕਰ ਰਹੇ ਹਨ ਕਿਉਂਕਿ ਘਟਨਾ ਵਾਪਰਨ ਦੇ 50 ਦਿਨਾਂ ਬਾਅਦ ਵੀ ਕੇਸ ਵਿਚ ਨਿਆਂ ਨਹੀਂ ਮਿਲਿਆ। ਅਕਾਲੀ ਆਗੂ ਨੇ ਇਹ ਵੀ ਮੰਗ ਕੀਤੀ ਕਿ ਮੁੱਖ ਮੰਤਰੀ ਭਗਵੰਤ ਮਾਨ, ਪੁਲਸ ਅਫਸਰ ਐਸ ਭੂਪਤੀ, ਐਸ ਐਸ ਪੀ ਕਪੂਰਥਲਾ, ਡੀ ਐਸ ਪੀ ਕਪੂਰਥਲਾ ਤੇ ਏ ਐਸ ਆਈ ਜਸਪਾਲ ਸਿੰਘ ਤੇ ਲਖਵਿੰਦਰ ਦੇ ਖਿਲਾਫ ਵੀ ਐਫ ਆਈ ਆਰ ਦਰਜ ਕੀਤੀ ਜਾਵੇ।ਉਹਨਾਂ ਕਿਹਾ ਕਿ ਮੁੱਖ ਮੰਤਰੀ ਨੇ ਪੁਲਸ ਅਫਸਰਾਂ ਨੂੰ ਹਦਾਇਤ ਕੀਤੀ ਸੀ ਕਿ ਉਹ ਗੁਰਦੁਆਰਾ ਸਾਹਿਬ 'ਤੇ ਹਮਲਾ ਕਰਨ ਤਾਂ ਜੋ ਨਿਹੰਗ ਸਿੰਘਾਂ ਦੇ ਇਕ ਧੜੇ ਨੂੰ ਇਸ ਥਾਂ ਦਾ ਕਬਜ਼ਾ ਦੁਆਇਆ ਜਾ ਸਕੇ ਕਿਉਂਕਿ ਉਹ ਤੇ ਉਹਨਾਂ ਦਾ ਪਰਵਾਰ ਨਿਹੰਗਾਂ ਦੇ ਇਸ ਧੜੇ ਦੇ ਕਾਫੀ ਕਰੀਬੀ ਹਨ । ।ਪੁਲਸ ਅਫਸਰਾਂ ਦੀ ਭੂਮਿਕਾ ਦੀ ਗੱਲ ਕਰਦਿਆਂ ਮਜੀਠੀਆ ਨੇ ਕਿਹਾ ਕਿ ਉਹਨਾਂ ਨੇ ਗੈਰ ਕਾਨੂੰਨੀ ਹੁਕਮ ਲਾਗੂ ਕੀਤਾ ਤੇ ਬੇਦੋਸ਼ੇ ਲੋਕਾਂ 'ਤੇ ਆਟੋਮੈਟਿਕ ਹਥਿਆਰਾਂ ਨਾਲ ਬਿਨਾਂ ਕਿਸੇ ਭੜਕਾਹਟ ਦੇ ਹਮਲਾ ਕੀਤਾ ਤੇ ਗੁਰਦੁਆਰਾ ਸਾਹਿਬ ਵਿਚ ਚਲ ਰਹੇ ਸ੍ਰੀ ਆਖੰਡ ਪਾਠ ਸਾਹਿਬ ਵਿਚ ਵਿਘਨ ਪਾਇਆ। ਉਹਨਾਂ ਕਿਹਾ ਕਿ ਦੋ ਜੂਨੀਅਰ ਪੁਲਸ ਮੁਲਾਜ਼ਮਾਂ ਜਸਪਾਲ ਸਿੰਘ ਨੇ ਬੇਦੋਸ਼ੇ ਲੋਕਾਂ ਖਿਲਾਫ ਏ ਕੇ 47 ਦੀ ਵਰਤੋਂ ਕੀਤੀ ਜਦੋਂ ਕਿ ਲਖਵਿੰਦਰ ਸਿੰਘ ਨੇ ਪੀ ਟੀ ਸੀ ਦੇ ਰਿਪੋਰਟਰ ਦਾ ਕੈਮਰਾ ਤਬਾਹ ਕੀਤਾ ਤੇ ਕੈਮਰਾਮੈਨ 'ਤੇ ਲੋਹੇ ਦੀ ਰਾਡ ਨਾਲ ਹਮਲਾ ਕਰ ਕੇ ਉਸਦੀਆਂ ਉਂਗਲਾਂ ਤੋੜ ਦਿੱਤੀਆਂ। ਉਹਨਾਂ ਕਿਹਾ ਕਿ ਇਹਨਾਂ ਸਾਰਿਆਂ ਖਿਲਾਫ ਕਾਨੂੰਨ ਮੁਤਾਬਕ ਮੁਕੱਦਮਾ ਚਲਾਇਆ ਜਾਣਾ ਚਾਹੀਦਾ ਹੈ।ਮਜੀਠੀਆ ਨੇ ਜ਼ੋਰ ਦੇ ਕੇ ਕਿਹਾ ਕਿ ਗੁਰਦੁਆਰਾ ਸਾਹਿਬ 'ਤੇ ਹਮਲੇ ਦੀ ਯੋਜਨਾ ਗਿਣੀ ਮਿਥੀ ਸਾਜਿਸ਼ ਸੀ।ਉਹਨਾਂ ਕਿਹਾ ਕਿ ਪੁਲਸ ਫੋਰਸ ਨੇ 22 ਨਵੰਬਰ ਦੀ ਸ਼ਾਮ ਨੂੰ ਪਹਿਲਾਂ 5 ਵਜੇ, ਫਿਰ 7 ਵਜੇ ਤੇ ਫਿਰ 10 ਵਜੇ ਹਾਲਾਤਾਂ ਦਾ ਜਾਇਜ਼ਾ ਲਿਆ ਪਰ ਵੱਡੀ ਗਿਣਤੀ ਵਿਚ ਸ਼ਰਧਾਲੂਆਂ ਦੀ ਮੌਜੂਦਗੀ ਕਾਰਨ ਗੁਰਦੁਆਰਾ ਸਾਹਿਬ ਵਿਚ ਦਾਖਲ ਹੋਣ ਦਾ ਯਤਨ ਨਹੀਂ ਕੀਤਾ। ਉਹਨਾਂ ਨੇ ਗੁਰਦੁਆਰਾ ਸਾਹਿਬ ਵਿਚ ਲੱਗੇ ਸੀ ਸੀ ਟੀ ਵੀ ਕੈਮਰਿਆਂ ਦੀ ਇਕ ਵੀਡੀਓ ਵੀ ਵਿਖਾਈ ਵੀ ਜਿਸ ਵਿਚ ਸਪੱਸ਼ਟ ਨਜ਼ਰ ਆ ਰਿਹਾ ਹੈ ਕਿ ਸੀਨੀਅਰ ਪੁਲਸ ਅਫਸਰ ਬਾਹਰ ਮੌਕੇ 'ਤੇ ਮੌਜੂਦ ਹਨ ਤੇ ਫਿਰ ਉਹ ਹਥਿਆਰ ਮੰਗਵਾਉਂਦੇ ਹਨ ਤੇ ਫਿਰ ਕਿਵੇਂ ਹਥਿਆਰ ਮਿਲਦੇ ਹਨ ਤੇ ਏ ਐਸ ਆਈ ਤੇ ਹੋਰ ਆਟੋਮੈਟਿਕ ਹਥਿਆਰਾਂ ਦੀ ਵਰਤੋਂ ਕਰਦੇ ਹਨ।

ਉਹਨਾਂ ਨੇ ਇਕ ਨਿਹੰਗ ਸਿੰਘ ਦੀ ਵੀਡੀਓ ਵੀ ਵਿਖਾਈ ਜਿਸ ਵਿਚ ਉਹ ਪੁਲਸ ਨੂੰ ਆਖ ਰਿਹਾ ਹੈ ਕਿ ਉਹ ਗੁਰਦੁਆਰਾ ਸਾਹਿਬ 'ਤੇ ਹਮਲਾ ਨਾ ਕਰਨ। ਮਜੀਠੀਆ ਨੇ ਕਿਹਾ ਕਿ ਇਸ ਸਭ ਤੋਂ ਸਾਬਤ ਹੁੰਦਾ ਹੈ ਕਿ ਇਹ ਇਕਪਾਸੜ ਹਮਲਾ ਸੀ ਜਿਸਦਾ ਗੁਰਦੁਆਰਾ ਸਾਹਿਬ ਵਿਚ ਮੌਜੂਦ ਨਿਹੰਗ ਸਿੰਘਾਂ ਨੇ ਕੋਈ ਵਿਰੋਧ ਨਹੀਂ ਕੀਤਾ । ।ਉਹਨਾਂ ਕਿਹਾ ਕਿ ਉਹਨਾਂ ਨੂੰ ਜਾਣਕਾਰੀ ਮਿਲੀ ਸੀ ਕਿ ਹਮਲੇ ਵਿਚ ਇਕ ਹੋਮ ਗਾਰਡ ਦੀ ਮੌਤ ਹੋ ਗਈ ਹੈ ਪਰ ਉਹ ਮੌਤ ਵੀ ਪੁਲਸ ਦੀਆਂ ਗੋਲੀਆਂ ਨਾਲ ਹੋਈ ਹੋ ਸਕਦੀ ਹੈ ਕਿਉਂਕਿ ਗੁਰਦੁਆਰਾ ਸਾਹਿਬ ਵਿਚ ਸਿਵਲ ਵਰਦੀ ਵਿਚ ਬਹੁਤ ਸਾਰੇ ਪੁਲਸ ਵਾਲੇ ਮੌਜੂਦ ਸਨ । ਉਹਨਾਂ ਨੇ ਉਹ ਵੀਡੀਓ ਵੀ ਵਿਖਾਈ ਜਿਸ ਵਿਚ ਆਟੋਮੈਟਿਕ ਹਥਿਆਰਾਂ ਦੀ ਵਰਤੋਂ ਨਾਲ ਅੰਨ੍ਹੇਵਾਹ ਫਾਇਰਿੰਗ ਕੀਤੀ ਗਈ ਤੇ ਕਿਹਾ ਕਿ ਪੁਲਸ ਫੋਰਸ ਕੋਲ ਹੀ ਅਜਿਹੇ ਆਟੋਮੈਟਿਕ ਹਥਿਆਰ ਹਨ ਤੇ ਨਿਹੰਗ ਸਿੰਘਾਂ ਕੋਲੋਂ ਅਜਿਹਾ ਕੋਈ ਹਥਿਆਰ ਬਰਾਮਦ ਨਹੀਂ ਹੋਇਆ । ਅਕਾਲੀ ਆਗੂ ਨੇ ਜ਼ੋਰ ਦੇ ਕੇ ਕਿਹਾ ਕਿ ਸਿਰਫ ਨਿਰਪੱਖ ਜਾਂਚ ਹੀ ਮਾਮਲੇ ਦੀ ਅਸਲ ਸੱਚਾਈ ਸਾਹਮਣੇ ਲਿਆ ਸਕਦੀ ਹੈ। ਉਹਨਾਂ ਕਿਹਾ ਕਿ ਇਹ ਬਹੁਤ ਹੀ ਮੰਦਭਾਗੀ ਗੱਲ ਹੈ ਕਿ ਜਿਸ ਐਸ ਐਸ ਪੀ ਨੇ ਹਮਲੇ ਦੀ ਅਗਵਾਈ ਕੀਤੀ ਉਸਨੂੰ ਹੀ ਹਮਲੇ ਦੀ ਜਾਂਚ ਲਈ ਬਣਾਈ ਐਸ ਆਈ ਟੀ ਦਾ ਮੁਖੀ ਨਿਯੁਕਤ ਕਰ ਦਿੱਤਾ ਗਿਆ ਜੋ ਕਿ ਬਹੁਤ ਵੱਡਾ ਅਨਿਆਂ ਹੈ। ਉਹਨਾਂ ਨੇ ਇਹ ਵੀ ਮੰਗ ਕੀਤੀ ਕਿ ਸਰਕਾਰ ਇਹ ਦੱਸੇ ਕਿ ਕੇਸ ਵਿਚ ਫਾਇਰਿੰਗ ਲਈ ਮੈਜਿਸਟ੍ਰੇਟ ਤੋਂ ਆਗਿਆ ਕਿਉਂ ਨਹੀਂ ਲਈ ਗਈ। ਮਜੀਠੀਆ ਨੇ ਇਕ ਰਿਪੋਰਟ ਚਰਨਜੀਤ ਸਿੰਘ ਨੂੰ ਵੀ ਪੱਤਰਕਾਰਾਂ ਸਾਹਮਣੇ ਅੱਗੇ ਲਿਆਂਦਾ ਜਿਸਨੇ ਦੱਸਿਆ ਕਿ ਜਦੋਂ ਉਸਨੇ ਪੁਲਸ ਦੀ ਕਾਰਵਾਈ ਦੀ ਫਿਲਮ ਬਣਾਈ ਤਾਂ ਉਸਦਾ ਕੈਮਰਾ ਤੋੜ ਦਿੱਤਾ ਗਿਆ । ਇਸ ਪੱਤਰਕਾਰ ਨੇ ਇਹ ਵੀ ਦੱਸਿਆ ਕਿ ਉਸਦੀ ਬੁਰੀ ਤਰ੍ਹਾਂ ਕੁੱਟਮਾਰ ਕੀਤੀ ਗਈ ਅਤੇ ਉਸਦੇ ਕੈਮਰਾਮੈਨ ਦੀਆਂ ਉਂਗਲਾਂ ਏ ਐਸ ਆਈ ਲਖਵਿੰਦਰ ਸਿੰਘ ਨੇ ਲੋਹੇ ਦੀ ਰਾਡ ਮਾਰ ਕੇ ਤੋੜ ਦਿੱਤੀਆਂ । ਇਕ ਹੋਰ ਚਸ਼ਮਦੀਦ ਗਵਾਹ ਜਿਸਦਾ ਘਰ ਗੁਰਦੁਆਰਾ ਸਾਹਿਬ ਦੇ ਨਾਲ ਹੀ ਹੈ, ਨੇ ਦੱਸਿਆ ਕਿ ਕਿਵੇਂ ਪੁਲਸ ਨੇ ਗੁਰਦੁਆਰਾ ਸਾਹਿਬ ਵਿਚ ਪਹਿਲਾਂ ਹੰਝੂ ਗੈਸ ਦੇ ਗੋਲੇ ਛੱਡੇ ਤੇ ਫਿਰ ਏ ਐਲ ਆਰ, ਐਸ ਐਲ ਆਰ ਤੇ ਏ ਕੇ 47 ਦੀ ਦੁਰਵਰਤੋਂ ਗੁਰਦੁਆਰਾ ਸਾਹਿਬ ਵਿਚ ਮੌਜੂਦ ਸੰਗਤ 'ਤੇ ਫਾਇਰਿੰਗ ਵਾਸਤੇ ਕੀਤੀ ।

## ਸ਼੍ਰੋਮਣੀ ਕਮੇਟੀ ਚੋਣਾਂ ਲਈ ਜ਼ਿਲ੍ਹਾ ਪ੍ਰਸ਼ਾਸਨ ਨੇ ਗੁਰਦੁਆਰਾ ਸਾਹਿਬਾਨ ਤੱਕ ਕੀਤੀ ਪਹੁੰਚ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਗੁਰਜੀਤ ਬਿੱਲਾ)**— ਗੁਰਦੁਆਰਾ ਬੋਰਡ (ਐਸ ਜੀ ਪੀ ਸੀ) ਚੋਣਾਂ ਲਈ ਵੱਧ ਤੋਂ ਵੱਧ ਵੋਟਰਾਂ ਦੀ ਰਜਿਸਟ੍ਰੇਸ਼ਨ ਕਰਨ ਲਈ, ਜ਼ਿਲ੍ਹਾ ਪ੍ਰਸ਼ਾਸਨ ਨੇ 29 ਫਰਵਰੀ, 2024 ਨੂੰ ਸਮਾਪਤ ਹੋਣ ਜਾ ਰਹੀ ਨਵੇਂ ਵੋਟ ਬਣਾਉਣ ਮੁਹਿੰਮ ਨੂੰ ਅੱਗੇ ਵਧਾਉਣ ਲਈ ਗੁਰਦੁਆਰਾ ਕਮੇਟੀਆਂ ਨੂੰ ਨਾਲ ਜੋੜਨ ਲਈ ਗੁਰਦੁਆਰਾ ਸਾਹਿਬਾਨਾਂ ਤੱਕ ਪਹੁੰਚ ਕੀਤੀ ਹੈ।ਡਿਪਟੀ ਕਮਿਸ਼ਨਰ ਸ਼੍ਰੀਮਤੀ ਆਸ਼ਿਕਾ ਜੈਨ ਨੇ ਉਪ ਮੰਡਲ ਮੈਜਿਸਟ੍ਰੇਟ ਚੰਦਰਜੋਤੀ ਸਿੰਘ ਦੇ ਨਾਲ ਗੁਰਦੁਆਰਾ ਸਾਹਿਬ ਸਿੰਘ ਸ਼ਹੀਦਾਂ ਸੋਹਾਣਾ ਦਾ ਦੌਰਾ ਕੀਤਾ ਅਤੇ ਪ੍ਰਬੰਧਕਾਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਨੂੰ ਅਪੀਲ ਕੀਤੀ ਕਿ ਉਹ ਯੋਗ ਸਿੱਖ ਵੋਟਰਾਂ ਨੂੰ ਨਿਰਧਾਰਤ ਮਿਤੀ 29 ਫਰਵਰੀ ਤੱਕ ਵੋਟਰ ਬਣਨ ਲਈ ਫਾਰਮ ਭਰ ਕੇ ਜਮ੍ਹਾਂ ਕਰਵਾਉਣ ਲਈ ਜਾਗਰੂਕ ਕਰਨ।ਉਨ੍ਹਾਂ ਕਿਹਾ ਕਿ ਸਮੀਖਿਆ ਮੀਟਿੰਗ ਦੌਰਾਨ ਪਤਾ ਲੱਗਾ ਕਿ ਹੁਣ ਤੱਕ ਪ੍ਰਾਪਤ ਹੋਏ ਕੁੱਲ ਫਾਰਮਾਂ ਦੀ ਗਿਣਤੀ ਬਹੁਤ ਘੱਟ ਹੈ। ਉਨ੍ਹਾਂ ਕਿਹਾ ਕਿ ਕਿਉਂਕਿ ਪੇਂਡੂ ਵੋਟਰਾਂ ਨੇ ਆਪਣੇ ਹਲਕੇ ਦੇ ਮਾਲ ਪਟਵਾਰੀਆਂ ਅਤੇ ਸ਼ਹਿਰੀ ਵੋਟਰਾਂ ਨੇ ਸਥਾਨਕ ਨਗਰ ਕੌਂਸਲ ਕੋਲ ਫਾਰਮ ਜਮ੍ਹਾਂ ਕਰਵਾਉਣੇ ਹੁੰਦੇ ਹਨ, ਇਸ ਲਈ ਸਾਨੂੰ ਗੁਰਦੁਆਰਾ ਬੋਰਡ ਚੋਣਾਂ ਦੇ ਵੋਟਰ ਬਣਨ ਲਈ ਤੁਰੰਤ ਉਨ੍ਹਾਂ ਨਾਲ ਸੰਪਰਕ ਕਰਨਾ ਚਾਹੀਦਾ ਹੈ।

ਉਨ੍ਹਾਂ ਕਿਹਾ ਕਿ ਚੀਫ਼ ਕਮਿਸ਼ਨਰ, ਗੁਰਦੁਆਰਾ ਚੋਣਾਂ ਵੱਲੋਂ ਫਾਰਮ-1 ਵਿੱਚ ਦਰਸਾਏ ਯੋਗ ਮਾਪਦੰਡਾਂ ਅਨੁਸਾਰ ਹਰੇਕ ਯੋਗ ਵੋਟਰ ਲਈ ਕੇਸਾਧਾਰੀ ਸਿੱਖ, ਦਾੜ੍ਹੀ ਨਾ ਕੱਟਣ ਵਾਲਾ, ਤੰਬਾਕੂਨੋਸ਼ੀ ਨਾ ਕਰਨ ਵਾਲਾ, ਸ਼ਰਾਬ ਨਾ ਪੀਣ ਵਾਲਾ ਆਦਿ ਹੋਣਾ ਲਾਜ਼ਮੀ ਹੈ। ਉਨ੍ਹਾਂ ਨੇ ਅੱਗੇ ਕਿਹਾ ਕਿ ਵੋਟਰ ਦੀ ਉਮਰ 21 ਸਾਲ ਜਾਂ ਵਧੇਰੇ ਹੋਣੀ ਲਾਜ਼ਮੀ ਹੈ।

ਉਨ੍ਹਾਂ ਅੱਗੇ ਕਿਹਾ ਕਿ ਪਟਵਾਰੀਆਂ ਅਤੇ ਨਗਰ ਕੌਂਸਲਾਂ ਦੇ ਕਰਮਚਾਰੀਆਂ ਨੂੰ ਆਪਣੇ ਅਧਿਕਾਰ ਖੇਤਰ ਵਿੱਚ ਸਥਾਨਕ ਗੁਰਦੁਆਰਾ ਕਮੇਟੀਆਂ ਨਾਲ ਸੰਪਰਕ ਕਰਨਾ ਚਾਹੀਦਾ ਹੈ ਅਤੇ ਵਿਸ਼ੇਸ਼ ਰਜਿਸਟ੍ਰੇਸ਼ਨ ਕੈਂਪ ਲਈ ਇੱਕ ਦਿਨ ਨਿਸ਼ਚਿਤ ਕਰਨਾ ਚਾਹੀਦਾ ਹੈ। ਕੈਂਪ ਲਗਾਉਣ ਤੋਂ ਪਹਿਲਾਂ, ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਗੁਰਦੁਆਰਾ ਸਾਹਿਬਾਨ ਦੇ ਲਾਊਡ ਸਪੀਕਰਾਂ ਰਾਹੀਂ ਇਲਾਕਾ ਨਿਵਾਸੀਆਂ ਨੂੰ ਵਧ ਤੋਂ ਵਧ ਪ੍ਰਚਾਰ ਕਰਕੇ ਸੂਚਿਤ ਕੀਤਾ ਜਾਵੇ। ਉਨ੍ਹਾਂ ਹਲਕਾ ਪਟਵਾਰੀ ਵੱਲੋਂ ਗੁਰਦੁਆਰਾ ਸਾਹਿਬ ਸਿੰਘ ਸ਼ਹੀਦਾਂ ਸੋਹਾਣਾ ਵਿਖੇ ਲਗਾਏ ਗਏ ਕੈਂਪ ਦਾ ਵੀ ਦੌਰਾ ਕੀਤਾ ਅਤੇ ਕਿਹਾ ਕਿ ਇਸ ਵਿਸ਼ੇਸ਼ ਕੈਂਪ ਨੂੰ ਭਰਵਾਂ ਹੁੰਗਾਰਾ ਮਿਲਿਆ ਹੈ।

# ਕਿਸਾਨ ਭਰਾਵੋ, ਬੀਜ ਵਾਲੇ ਆਲੂਆਂ ਨੂੰ ਪਿਛੇਤੇ ਝੁਲਸ ਰੋਗ ਤੋਂ ਬਚਾਓ : ਡਾ. ਬੌਂਸ

**ਨਵਾਂਸ਼ਹਿਰ, (ਮਨੋਜ ਲਾਡੀ)**- ਪਿਛੇਤਾ ਝੁਲਸ ਰੋਗ ਆਲੂਆਂ ਦੀ ਇੱਕ ਗੰਭੀਰ ਸਮੱਸਿਆ ਹੈ। ਜੇਕਰ ਇਸ ਦਾ ਹੱਲਾ ਆਲੂਆਂ ਦੀ ਫਸਲ ਤੇ ਸ਼ੁਰੂ ਹੋ ਜਾਵੇ ਤਾਂ ਅਨੁਕੂਲ ਮੌਸਮ ਦੌਰਾਨ ਇਸ ਦਾ ਵਾਧਾ ਬਹੁਤ ਹੁੰਦਾ ਹੈ ਜਿਸ ਕਰਕੇ ਆਲੂਆਂ ਦੇ ਝਾੜ ਤੇ ਮਾੜਾ ਅਸਰ ਪੈ ਜਾਂਦਾ ਹੈ। ਇਸ ਰੋਗ ਦੇ ਹਮਲੇ ਨਾਲ ਪੱਤਿਆਂ ਦੇ ਕਿਨਾਰਿਆਂ ਤੇ ਪਾਣੀ ਭਿੱਜੇ ਗੂੜ੍ਹੇ ਭੂਰੇ ਰੰਗ ਦੇ ਧੱਬੇ (ਚੱਟਾਖ) ਪੈ ਜਾਂਦੇ ਹਨ ਜੋ ਕਿ ਬਾਅਦ ਵਿੱਚ ਕਾਲੇ ਹੋ ਜਾਂਦੇ ਹਨ ਅਤੇ ਸਵੇਰ ਵੇਲੇ ਵੇਖਣ ਤੇ ਪੱਤਿਆਂ ਦੇ ਹੇਠਲੇ ਪਾਸੇ ਚਿੱਟੀ ਰੂੰ ਵਰਗੀ ਉੱਲੀ ਵੀ ਨਜ਼ਰ ਆਉਂਦੀ ਹੈ। ਜਿਆਦਾ ਅਨੁਕੂਲ ਮੌਸਮ (10-20 ਡਿਗਰੀ ਸੈਂਟੀਗ੍ਰੇਡ ਤਾਪਮਾਨ, 90 ਪ੍ਰਤੀਸ਼ਤ ਤੋਂ ਵੱਧ ਨਮੀਂ ਅਤੇ ਰੁੱਕ-ਰੁੱਕ ਕੇ ਬਾਰਿਸ਼ ਪੈਣਾ) ਦੌਰਾਨ ਇਹ ਰੋਗ ਬਹੁਤ ਤੇਜੀ ਨਾਲ ਫੈਲਦਾ ਹੈ ਅਤੇ ਅਜਿਹੇ ਮੌਸਮ ਵਿੱਚ 7-10 ਦਿਨ੍ਹਾਂ ਦੇ ਵਿੱਚ ਹੀ ਫਸਲ ਤਬਾਹ ਕਰ ਦਿੰਦਾ ਹੈ ਜਿਸ ਕਰਕੇ ਖੇਤ ਦੂਰੋਂ ਹੀ ਝੁਲਸੇ ਹੋਏ ਨਜ਼ਰ ਆਉਂਦੇ ਹਨ।

ਇਹ ਜਾਣਕਾਰੀ ਕ੍ਰਿਸ਼ੀ ਵਿਗਿਆਨ ਕੇਂਦਰ, ਲੰਗੜੋਆ, ਸ਼ਹੀਦ ਭਗਤ ਸਿੰਘ ਨਗਰ ਦੇ ਸਹਿਯੋਗੀ ਨਿਰਦੇਸ਼ਕ (ਸਿਖਲਾਈ), ਡਾ. ਮਨਿੰਦਰ ਸਿੰਘ ਬੌਂਸ ਨੇ ਦਿੰਦਿਆਂ ਦੱਸਿਆ ਕਿ ਨਵੰਬਰ ਮਹੀਨੇ ਮੀਂਹ ਪੈਣ ਕਰਕੇ ਮੌਸਮ ਇਸ ਰੋਗ ਦੇ ਹਮਲੇ ਅਤੇ ਵਾਧੇ ਲਈ ਅਨੁਕੂਲ ਹੋ ਗਿਆ ਸੀ ਅਤੇ ਇਸ ਦਾ ਹਮਲਾ ਨਵੰਬਰ ਦੇ ਦੂਜੇ ਪੰਦਰਵਾੜੇ ਲੁਧਿਆਣੇ ਜ਼ਿਲ੍ਹੇ ਦੇ ਸਮਰਾਲੇ ਨੇੜੇ ਲੱਗਦੇ ਪਿੰਡਾਂ ਹੇੜੀਆਂ, ਬਹਿਲੋਲਪੁਰ, ਬਰਮਾ, ਸਹਿਜੋ ਮਾਜਰਾ ਅਤੇ ਬਾਅਦ ਵਿੱਚ ਹੁਸ਼ਿਆਰਪੁਰ, ਪਟਿਆਲਾ, ਰੋਪੜ, ਸ਼ਹੀਦ ਭਗਤ ਸਿੰਘ ਨਗਰ ਦੇ ਕਈ ਪਿੰਡਾਂ ਵਿੱਚ ਵੇਖਿਆ ਗਿਆ। ਆਲੂਆਂ ਦੀ ਫਸਲ ਤੇ ਹਮਲੇ ਤੋਂ ਬਾਅਦ ਇਹ ਰੋਗ ਪਟਿਆਲਾ ਜ਼ਿਲ੍ਹੇ ਦੇ ਕਈ ਪਿੰਡਾਂ ਵਿੱਚ ਟਮਾਟਰਾਂ ਦੀ ਫਸਲ ਤੇ ਗੰਭੀਰ ਰੂਪ ਧਾਰਨ ਕਰ ਗਿਆ ਸੀ। ਜਿਹੜੇ ਕਿਸਾਨ ਵੀਰਾਂ ਨੇ ਸਮੇਂ ਸਿਰ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੀਆਂ ਸਿਫਾਰਿਸ਼ਾਂ ਮੁਤਾਬਿਕ ਛਿੜਕਾਅ ਕੀਤੇ ਉਨ੍ਹਾਂ ਦੀ ਫਸਲ ਇਸ ਰੋਗ ਤੋਂ ਬੱਚ ਗਈ ਹੈ। ਪਰ ਇਸ ਦੇ ਉਲਟ ਜਿਨ੍ਹਾਂ ਕਿਸਾਨਾਂ ਨੇ ਸਮੇਂ ਸਿਰ ਇਸ ਰੋਗ ਦੀ ਰੋਕਥਾਮ ਨਹੀਂ ਕੀਤੀ ਉੱਥੇ ਇਸ ਰੋਗ ਦਾ ਹਮਲਾ ਜਿਆਦਾ ਵੇਖਣ ਨੂੰ ਮਿਲਿਆ। ਕਿਸਾਨ ਵੀਰੋ, ਜਨਵਰੀ ਮਹੀਨੇ ਦਾ ਮੌਸਮ ਵੀ ਇਸ ਰੋਗ ਦੇ ਅਨੁਕੂਲ ਚੱਲ ਰਿਹਾ ਹੈ ਅਤੇ ਆਉਂਦੇ ਦਿਨ੍ਹਾਂ ਵਿੱਚ ਮੀਂਹ ਪੈਣ ਦੀ ਸੰਭਾਵਨਾ ਵੀ ਹੈ। ਇਸ ਰੋਗ ਦੀ ਉੱਲੀ ਦੇ ਬੀਜਾਣੂੰ ਮੀਂਹ ਪੈਣ ਨਾਲ ਪੱਤਿਆਂ ਅਤੇ ਤਣੇ ਤੋਂ ਝੜ ਕੇ ਜ਼ਮੀਨ ਵਿੱਚ ਰਲ ਜਾਂਦੇ ਹਨ, ਜੋ ਧਰਤੀ ਵਿਚਲੇ ਨਵੇਂ ਬਣ ਰਹੇ ਆਲੂਆਂ ਤੇ ਬੇਢੰਗੇ ਭੂਰੇ ਰੰਗ ਦੇ ਧੱਬੇ ਬਣਾ ਦਿੰਦੇ ਹਨ।ਇਸੇ ਤਰ੍ਹਾਂ ਹੀ ਆਉਂਦੇ ਦਿਨ੍ਹਾਂ ਵਿੱਚ ਮੌਸਮ ਨਿੰਘਾ ਹੋਣ ਤੇ ਤੇਲੇ ਦੀ ਆਮਦ ਵੱਧਣ ਦੀ ਸੰਭਾਵਨਾ ਬਣ ਜਾਂਦੀ ਹੈ ਜਿਸ ਨਾਲ ਵਿਸ਼ਾਣੂੰ ਰੋਗ ਫੈਲਣ ਦਾ ਖਦਸ਼ਾ ਬਣਿਆ ਰਹਿੰਦਾ ਹੈ।ਆਲੂਆਂ ਦੇ ਵਿਸ਼ਾਣੂੰ ਰੋਗ ਵੀ ਪੱਤਿਆਂ ਰਾਹੀਂ ਜ਼ਮੀਨ ਵਿੱਚ ਹੇਠਾਂ ਬਣ ਰਹੇ ਆਲੂਆਂ ਤੇ ਚਲੇ ਜਾਂਦੇ ਹਨ।ਪੁਟਾਈ ਤੋਂ ਬਾਅਦ ਇਹ ਰੋਗੀ ਆਲੂ



ਸਿਹਤਮੰਦ ਆਲੂਆਂ ਨਾਲ ਹੀ ਗੁਦਾਮਾਂ ਵਿੱਚ ਰੱਖ ਦਿੱਤੇ ਜਾਂਦੇ ਹਨ ਅਤੇ ਅਗਲੀ ਫਸਲ ਵਾਸਤੇ ਰੋਗ ਲਗਾਉਣ ਦਾ ਮੁੱਖ ਕਾਰਨ ਬਣਦੇ ਹਨ। ਇਸ ਸਮੇਂ ਕਿਸਾਨ ਵੀਰਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਬੀਜ ਵਾਲੀ ਫਸਲ ਦੀਆਂ ਵੇਲਾਂ ਸਮੇਂ ਸਿਰ ਕੱਟ ਲੈਣ। ਜਿਹੜੇ ਖੇਤਾਂ ਵਿੱਚ ਝੁਲਸ ਰੋਗ ਦਾ ਹਮਲਾ ਹੋਇਆ ਹੈ ਉਸ ਖੇਤ ਦੀਆਂ ਵੇਲਾਂ ਖੇਤ ਵਿੱਚੋਂ ਬਾਹਰ ਕੱਢ ਦੇਣ ਤਾਂ ਜੋ ਇਹ ਰੋਗ ਜ਼ਮੀਨ ਹੇਠਾਂ ਪਏ ਆਲੂਆਂ ਤੇ ਨਾ ਪਹੁੰਚ ਸਕੇ। ਹੁਸ਼ਿਆਰਪੁਰ, ਕਪੂਰਥਲਾ ਅਤੇ ਜਲੰਧਰ ਦੇ ਕਈ ਕਿਸਾਨ ਵੀਰ ਬਹਾਰ ਰੁੱਤ ਵਾਲੇ ਆਲੂਆਂ ਦੀ ਕਾਸ਼ਤ ਕਰਦੇ ਹਨ। ਬਹਾਰ ਰੁੱਤ ਦੀ ਫਸਲ ਤੇ ਇਹ ਬਿਮਾਰੀ ਪਹਿਲਾਂ ਲੱਗੀ ਫਸਲ (ਮੁੱਖ ਸਮੇਂ ਦੀ ਫਸਲ) ਤੋਂ ਆ ਜਾਂਦੀ ਹੈ ਜਿਸ ਕਾਰਨ ਕਰੂੰਬਲਾਂ ਮਰ ਜਾਂਦੀਆਂ ਹਨ, ਤਣੇ ਤੇ ਭੂਰੀਆਂ ਧਾਰੀਆਂ ਪੈ ਜਾਂਦੀਆਂ ਹਨ ਅਤੇ ਛੋਟੀ ਉਮਰ ਦੇ ਬੂਟੇ ਜਲਦੀ ਮਰ ਜਾਂਦੇ ਹਨ। ਬਹਾਰ ਰੁੱਤ ਦੇ ਆਲੂਆਂ ਨੂੰ ਇਸ ਰੋਗ ਤੋਂ ਬਚਾਉਣ ਲਈ ਕਿਸਾਨ ਵੀਰਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਸਮੇਂ-ਸਮੇਂ ਸਿਰ ਆਪਣੇ ਖੇਤਾਂ ਦਾ ਸਰਵੇਖਣ ਕਰਦੇ ਰਹਿਣ ਅਤੇ ਜੇਕਰ ਝੁਲਸ ਰੋਗ ਦੀਆਂ ਨਿਸ਼ਾਨੀਆਂ ਨਜ਼ਰ ਆਉਣ ਤਾਂ ਫਸਲ ਤੇ ਸਿਸਟੈਮਿਕ ਉੱਲੀਨਾਸ਼ਕਾਂ ਜਿਵੇਂ ਕਿ 700 ਗ੍ਰਾਮ ਮਿਲੋਡੀ ਡਿਊ ਜਾਂ ਰਿਡੋਮਿਲ ਗੋਲਡ ਜਾਂ ਕਰਜ਼ੇਟ ਐਮ-8 ਜਾਂ ਸੈਕਟਿਨ ਜਾਂ 250 ਮਿ.ਲਿ. ਰੀਵਸ ਜਾਂ 200 ਮਿ.ਲਿ ਈਕੁਏਸ਼ਣ ਪ੍ਰੋ ਨੂੰ 250 ਤੋਂ 350 ਲਿਟਰ ਪਾਣੀ ਵਿੱਚ ਘੋਲ ਕੇ ਪ੍ਰਤੀ ਏਕੜ ਦੇ ਹਿਸਾਬ 10 ਦਿਨ੍ਹਾਂ ਦੇ ਵਕਫੇ ਤੇ ਦੋ ਛਿੜਕਾਅ ਕਰਨ ਤਾਂ ਜੋ ਇਸ ਰੋਗ ਨੂੰ ਸਮੇਂ ਸਿਰ ਕਾਬੂ ਕੀਤਾ ਜਾ ਸਕੇ। ਇਸ ਰੋਗ ਦਾ ਹਮਲਾ ਆਲੂਆਂ ਤੋਂ ਇਲਾਵਾ ਨੈੱਟ/ਪੌਲੀਹਾਊਸ ਵਿੱਚ ਲੱਗੀ ਟਮਾਟਰਾਂ ਦੀ ਫਸਲ ਤੇ ਵੀ ਹੋ ਸਕਦਾ ਹੈ। ਟਮਾਟਰਾਂ ਦੀ ਕਾਸ਼ਤ ਕਰਨ ਵਾਲੇ ਕਿਸਾਨ ਵੀਰ ਸਮੇਂ ਸਿਰ ਛਿੜਕਾਅ ਕਰਕੇ ਆਪਣੀ ਟਮਾਟਰਾਂ ਦੀ ਫਸਲ ਨੂੰ ਇਸ ਰੋਗ ਤੋਂ ਬਚਾ ਸਕਦੇ ਹਨ। ਆਲੂਆਂ ਦੇ ਬੀਜ ਉਤਪਾਦਕ ਵੀਰਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਬੀਜ ਵਾਲੇ ਆਲੂਆਂ ਨੂੰ ਗੋਦਾਮਾਂ ਵਿੱਚ ਰੱਖਣ ਤੋਂ ਪਹਿਲਾਂ ਇਨ੍ਹਾਂ ਰੋਗਾਂ ਨਾਲ ਪ੍ਰਭਾਵਿਤ ਆਲੂਆਂ ਨੂੰ ਛਾਂਟ ਕੇ ਨਸ਼ਟ ਕਰ ਦੇਣ। ਇਸ ਤਰ੍ਹਾਂ ਕਰਨ ਨਾਲ ਬੀਜ ਰਾਹੀਂ ਫੈਲਣ ਵਾਲੀਆਂ ਇਹ ਬਿਮਾਰੀਆਂ ਨੂੰ ਅੱਗੇ ਨਵੇਂ ਖੇਤਾਂ ਜਾਂ ਖੇਤਰਾਂ ਚ' ਫੈਲਣ ਤੋਂ ਰੋਕਿਆ ਜਾ ਸਕਦਾ ਹੈ।

# ਅਮਰਜੀਤ ਕੌਰ ਦੀ ਮੌਤ ਦੇ ਮਾਮਲੇ 'ਚ ਸਤਵਿੰਦਰ ਬੁੱਗਾ ਸਣੇ ਤਿੰਨ ਖਿਲਾਫ ਕੇਸ ਦਰਜ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** ਅਮਰਜੀਤ ਕੌਰ ਵਾਸੀ ਪਿੰਡ ਮੁਕਾਰੋਂਪੁਰ ਦੀ ਹੋਈ ਮੌਤ ਤੋਂ ਕਰੀਬ ਵੀਹ ਦਿਨ ਬਾਅਦ ਬਡਾਲੀ ਆਲਾ ਸਿੰਘ ਪੁਲਸ ਵੱਲੋਂ ਇਸ ਮਾਮਲੇ 'ਚ ਗਾਇਕ ਸਤਵਿੰਦਰ ਬੁੱਗਾ ਸਣੇ ਤਿੰਨ ਵਿਅਕਤੀਆਂ ਵਿਰੁੱਧ ਵੱਖ-ਵੱਖ ਧਾਰਾਵਾਂ ਤਹਿਤ ਮੁਕੱਦਮਾ ਦਰਜ ਕਰ ਲਏ ਜਾਣ ਦਾ ਸਮਾਚਾਰ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਪੁਲਸ ਨੂੰ ਦਿੱਤੀ ਗਈ ਸ਼ਿਕਾਇਤ 'ਚ ਦਵਿੰਦਰ ਸਿੰਘ ਉਰਫ ਭੋਲਾ ਵਾਸੀ ਪਿੰਡ ਮੁਕਾਰੋਂਪੁਰ ਨੇ ਦੋਸ਼ ਲਗਾਏ ਸਨ ਕਿ ਉਸ ਦੇ ਆਪਣੇ ਸਕੇ ਭਰਾ ਸਤਵਿੰਦਰ ਬੁੱਗਾ ਨਾਲ ਜ਼ਮੀਨ ਨੂੰ ਲੈ ਕੇ ਕੇਸ ਚਲਦੇ ਹਨ, ਜਿਸ ਦੀ ਰੰਜਿਸ਼ ਵਜੋਂ ਉਸ ਦਾ ਭਰਾ ਸਤਵਿੰਦਰ ਬੁੱਗਾ ਪ੍ਰਸ਼ਾਸਨ ਤੇ ਪੁਲਸ ਦੀ ਸ਼ਹਿ 'ਤੇ ਉਸ ਨਾਲ ਵਧੀਕੀਆਂ ਕਰਦਾ ਆ ਰਿਹਾ ਹੈ ਤੇ ਬੀਤੀ 23 ਦਸੰਬਰ 23 ਨੂੰ ਉਹ ਜਦੋਂ ਰੋਜ਼ ਵਾਂਗ ਆਪਣੇ ਖੇਤ 'ਚ ਗੇੜਾ ਮਾਰਨ ਗਿਆ ਤਾਂ ਉੱਥੇ ਸਤਵਿੰਦਰ ਬੁੱਗਾ, ਹਜ਼ਾਰਾ ਸਿੰਘ ਤੇ ਹਰਵਿੰਦਰ ਸਿੰਘ ਵੀ ਮੌਜੂਦ ਸਨ, ਜਿੱਥੇ ਸਤਵਿੰਦਰ ਬੁੱਗਾ ਵੱਲੋਂ ਆਪਣੇ ਸਾਥੀਆਂ ਦੀ ਮਦਦ ਨਾਲ ਉਸ ਦੀ ਕੁੱਟਮਾਰ ਕੀਤੀ ਗਈ, ਜਿਸ ਬਾਰੇ ਪਤਾ ਲੱਗਣ 'ਤੇ ਉਸ ਦੀ ਪਤਨੀ ਅਮਰਜੀਤ ਕੌਰ ਵੀ ਖੇਤ ਪਹੁੰਚ ਗਈ, ਜਿਸ ਨੂੰ ਦੇਖ ਕੇ ਸਤਵਿੰਦਰ ਬੁੱਗਾ ਤੇ ਹਰਵਿੰਦਰ ਸਿੰਘ ਤੈਸ਼ 'ਚ ਆ ਗਏ ਤੇ ਹਰਵਿੰਦਰ ਸਿੰਘ ਨੇ ਉਸ ਦੀ ਪਤਨੀ ਨੂੰ ਬਾਂਹ ਤੋਂ ਫੜ ਕੇ ਜ਼ੋਰ ਨਾਲ ਝਟਕ ਦਿੱਤਾ ਤੇ ਸਤਵਿੰਦਰ ਬੁੱਗੇ ਨੇ ਪੂਰੇ ਜ਼ੋਰ ਨਾਲ ਉਸ ਦੀ ਪਤਨੀ ਨੂੰ ਧੱਕਾ ਮਾਰਿਆ, ਜਿਸ ਕਾਰਨ ਅਮਰਜੀਤ ਕੌਰ ਦਾ ਸਿਰ ਧਰਤੀ 'ਤੇ ਜਾ ਲੱਗਾ ਤੇ ਉਹ ਬੇਹੋਸ਼ ਹੋ ਗਈ। ਸ਼ਿਕਾਇਤਕਰਤਾ ਨੇ ਦੋਸ਼ ਲਗਾਏ ਕਿ ਜਦੋਂ ਉਸ ਦੀ ਪਤਨੀ ਅਮਰਜੀਤ ਕੌਰ ਨੂੰ ਇਲਾਜ ਲਈ ਖੇੜਾ ਦੇ ਸਰਕਾਰੀ ਹਸਪਤਾਲ 'ਚ ਲਿਜਾਇਆ ਗਿਆ ਤਾਂ ਉੱਥੇ ਡਿਊਟੀ 'ਤੇ ਮੌਜੂਦ ਡਾਕਟਰ ਨੇ ਸਤਵਿੰਦਰ ਬੁੱਗਾ ਦੇ ਅਸਰ ਰਸੂਖ ਅਧੀਨ ਨਾ ਉਨ੍ਹਾਂ ਦੀ ਐੱਮ.ਐੱਲ.ਆਰ. ਕੱਟੀ ਤੇ ਨਾ ਉਸ ਦਾ ਸਹੀ ਇਲਾਜ ਕੀਤਾ ਤੇ ਉਨ੍ਹਾਂ ਦੇ ਕਹਿਣ ਦੇ ਬਾਵਜੂਦ ਵੀ ਉਕਤ ਡਾਕਟਰ ਨੇ ਅਮਰਜੀਤ ਕੌਰ ਨੂੰ ਚੰਡੀਗੜ੍ਹ ਹਸਪਤਾਲ 'ਚ ਰੈਫਰ ਨਹੀਂ ਕੀਤਾ, ਸਗੋਂ ਸਿਵਲ ਹਸਪਤਾਲ ਫ਼ਤਹਿਗੜ੍ਹ ਸਾਹਿਬ ਭੇਜ ਦਿੱਤਾ, ਜਿੱਥੇ ਪਹੁੰਚਣ 'ਤੇ ਡਿਊਟੀ ਡਾਕਟਰ ਨੇ ਉਸ ਦੀ ਪਤਨੀ ਨੂੰ ਸੈਕਟਰ 32 ਹਸਪਤਾਲ ਚੰਡੀਗੜ੍ਹ ਰੈਫਰ ਕਰ ਦਿੱਤਾ, ਪਰ ਚੰਡੀਗੜ੍ਹ ਲਿਜਾਂਦੇ ਸਮੇਂ ਉਸ ਦੀ ਪਤਨੀ ਅਮਰਜੀਤ ਕੌਰ ਦੀ ਮੌਤ ਹੋ ਗਈ। ਜ਼ਿਕਰਯੋਗ ਹੈ ਕਿ ਅਮਰਜੀਤ ਕੌਰ ਦੀ ਮੌਤ ਦੇ ਮਾਮਲੇ 'ਚ ਮ੍ਰਿਤਕਾ ਦੇ ਪਤੀ ਦਵਿੰਦਰ ਸਿੰਘ ਵੱਲੋਂ ਹਾਈ ਕੋਰਟ 'ਚ ਪਟੀਸ਼ਨ ਦਾਇਰ ਕੀਤੀ ਗਈ ਸੀ ਤੇ ਅਦਾਲਤ ਦੇ ਆਦੇਸ਼ਾਂ 'ਤੇ ਬੀਤੇ ਦਿਨੀਂ ਡਾਕਟਰਾਂ ਦੇ ਬੋਰਡ ਵੱਲੋਂ ਮ੍ਰਿਤਕਾ ਦਾ ਪੋਸਟਮਾਰਟਮ ਕੀਤਾ ਗਿਆ ਸੀ।

ਸੂਤਰਾਂ ਅਨੁਸਾਰ ਪੋਸਟਮਾਰਟਮ ਦੀ ਰਿਪੋਰਟ ਆਉਣ ਉਪਰੰਤ ਥਾਣਾ ਬਡਾਲੀ ਆਲਾ ਸਿੰਘ ਦੀ ਪੁਲਸ ਵੱਲੋਂ ਸਤਵਿੰਦਰ ਸਿੰਘ ਉਰਫ ਬੁੱਗਾ, ਹਜ਼ਾਰਾ ਸਿੰਘ ਵਾਸੀਆਨ ਪਿੰਡ ਮੁਕਾਰੋਂਪੁਰ ਤੇ ਹਰਵਿੰਦਰ ਸਿੰਘ ਵਾਸੀ ਪਿੰਡ ਬੀਬੀਪੁਰ ਵਿਰੁੱਧ ਅ/ਧ 304, 323, 341, 506, 34 ਆਈ ਪੀ ਸੀ ਤਹਿਤ ਮੁਕੱਦਮਾ ਦਰਜ ਕਰ ਲਿਆ ਗਿਆ ਹੈ।

## ਸੰਤ ਕਬੀਰ ਸਕੂਲ ਵਿਖੇ ਲੋਹੜੀ ਦਾ ਤਿਉਹਾਰ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਸੰਤ ਕਬੀਰ ਸਕੂਲ ਵਿਖੇ ਲੋਹੜੀ ਦਾ ਤਿਉਹਾਰ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਦੇ ਵਿਹੜੇ ਵਿੱਚ ਲੋਹੜੀ ਪਾਈ ਗਈ। ਸਕੂਲ ਦੇ ਮੈਨੇਜਿੰਗ ਡਾਇਰੈਕਟਰ, ਪ੍ਰਿੰਸੀਪਲ ਤੇ ਸਟਾਫ਼ ਨੇ ਤਿਲ, ਰੇਵੜੀ ਤੇ ਮੂੰਗਫਲੀ ਖਾ ਕੇ ਲੋਹੜੀ ਮਨਾਉਂਦਿਆਂ ਦੁਨੀਆ ਦੀ ਖੁਸ਼ਹਾਲੀ ਲਈ ਅਰਦਾਸ ਕੀਤੀ। ਸਟਾਫ਼ ਵੱਲੋਂ ਰੰਗਾਰੰਗ ਪ੍ਰੋਗਰਾਮ ਵੀ ਪੇਸ਼ ਕੀਤਾ ਗਿਆ। ਉਪਰੰਤ ਸਕੂਲ ਸਟਾਫ਼ ਵੱਲੋਂ ਅਨਾਥ ਆਸ਼ਰਮ ਨਥਾਣਾ ਵਿਖੇ ਜਾ ਕੇ ਬੱਚਿਆਂ ਨਾਲ ਲੋਹੜੀ ਮਨਾਈ ਗਈ ਤੇ ਬੱਚਿਆਂ ਨੂੰ ਕੰਬਲ, ਕੱਪੜੇ ਤੇ ਹੋਰ ਲੋੜੀਂਦਾ ਸਾਮਾਨ ਭੇਟ ਕੀਤਾ ਗਿਆ। ਸਕੂਲ ਦੇ ਮੈਨੇਜਿੰਗ ਡਾਇਰੈਕਟਰ ਪ੍ਰੋਫੈਸਰ ਐੱਮ. ਐੱਲ. ਅਰੋੜਾ, ਪ੍ਰਿੰਸੀਪਲ ਮੈਡਮ ਕੰਚਨ, ਸੋਨੀਆ ਧਵਨ ਤੇ ਰਚਨਾ ਜਿੰਦਲ ਨੇ ਸਾਰਿਆਂ ਨੂੰ ਲੋਹੜੀ ਦੀ ਵਧਾਈ ਦਿੰਦਿਆਂ ਕਿਹਾ ਕਿ ਲੋਹੜੀ ਦਾ ਤਿਉਹਾਰ ਰਿਸ਼ਤਿਆਂ ਦੀ ਮਿਠਾਸ, ਸ਼ਾਂਤੀ ਤੇ ਪਿਆਰ ਦਾ ਪ੍ਰਤੀਕ ਹੈ। ਇਹ ਤਿਉਹਾਰ ਸਦਭਾਵਨਾ ਨਾਲ ਰਹਿਣ ਦਾ ਸੰਦੇਸ਼ ਦਿੰਦਾ ਹੈ।

## ਕਰਮਚਾਰੀ ਨੂੰ ਅਣਪਛਾਤੇ ਵਹੀਕਲ ਨੇ ਮਾਰੀ ਟੱਕਰ, ਮਾਮਲਾ ਦਰਜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਸ਼ਹਿਰ ਸਥਿਤ ਬਸਤੀ ਨਿਜ਼ਾਮਦੀਨ ਵਾਲੀ ਵਿਖੇ ਬਿਜਲੀ ਬੋਰਡ ਦੇ ਕਰਮਚਾਰੀ ਨੂੰ ਅਣਪਛਾਤੇ ਵਹੀਕਲ ਵੱਲੋਂ ਟੱਕਰ ਮਾਰ ਕੇ ਜ਼ਖ਼ਮੀ ਕਰ ਦਿੱਤਾ। ਇਸ ਸਬੰਧ ਵਿਚ ਥਾਣਾ ਸਦਰ ਫਿਰੋਜ਼ਪੁਰ ਪੁਲਸ ਨੇ ਅਣਪਛਾਤੇ ਵਹੀਕਲ ਚਾਲਕ ਖਿਲਾਫ ਮਾਮਲਾ ਦਰਜ ਕਰ ਲਿਆ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਪ੍ਰਭਜੋਤ ਕੌਰ ਪਤਨੀ ਅਸ਼ਵਨੀ ਕੁਮਾਰ ਵਾਸੀ ਕ੍ਰਿਸ਼ਨ ਕਾਲੋਨੀ ਬੈਕਸਾਈਡ ਸਿਟੀ ਪਲਾਜ਼ਾ ਪੈਲੇਸ ਮੱਲਵਾਲ ਰੋਡ ਫਿਰੋਜ਼ਪੁਰ ਨੇ ਦੱਸਿਆ ਕਿ ਉਸ ਦਾ ਪਤੀ ਅਸ਼ਵਨੀ ਕੁਮਾਰ ਜੋ ਮਹਿਕਮਾ ਬਿਜਲੀ ਬੋਰਡ ਵਿਚ ਸਹਾਇਕ ਲਾਈਨਮੈਨ ਹੈ, ਜੋ 7 ਜਨਵਰੀ ਨੂੰ ਡਿਊਟੀ ਖਤਮ ਕਰਕੇ ਘਰ ਆ ਰਿਹਾ ਸੀ ਤੇ ਘਰ ਨਾ ਪੁੱਜਣ 'ਤੇ ਉਸ ਨੇ ਆਪਣੇ ਪਤੀ ਨੂੰ ਫੋਨ ਕੀਤਾ ਤਾਂ ਉਸ ਨੰਬਰ 'ਤੇ ਕੋਈ ਅਣਪਛਾਤਾ ਵਿਅਕਤੀ ਬੋਲਿਆ, ਜਿਸ ਨੇ ਦੱਸਿਆ ਕਿ ਇਸ ਮੋਬਾਇਲ ਨੰਬਰ ਵਾਲੇ ਵਿਅਕਤੀ ਦਾ ਐਕਸੀਡੈਂਟ ਹੋਇਆ ਹੈ, ਜਿਸ ਨੂੰ ਸਿਵਲ ਹਸਪਤਾਲ ਫਿਰੋਜ਼ਪੁਰ ਲਈ ਲਈ ਲੈ ਕੇ ਜਾ ਰਹੇ ਹਾਂ। ਸਿਵਲ ਹਸਪਤਾਲ ਫਿਰੋਜ਼ਪੁਰ ਨੇ ਹਾਲਤ ਜ਼ਿਆਦਾ ਖਰਾਬ ਹੋਣ ਕਰਕੇ ਅਨਿਲ ਬਾਗੀ ਹਸਪਤਾਲ ਫਿਰੋਜ਼ਪੁਰ ਦਾ ਰੈਫਰ ਕੀਤਾ ਜਿਥੇ ਉਹ ਜ਼ੇਰੇ ਇਲਾਜ ਹੈ। ਜਿਸ ਦੇ ਕਾਫੀ ਸੱਟਾਂ ਲੱਗੀਆਂ ਹੋਈਆਂ ਹਨ, ਤੇ ਅਜੇ ਹੋਸ਼ ਨਹੀਂ ਆਇਆ। ਉਸ ਨੇ ਆਪਣੇ ਪਤੀ ਦੇ ਮੋਬਾਇਲ ਨੰਬਰ 'ਤੇ ਦੁਬਾਰਾ ਫੋਨ ਕੀਤਾ ਜੋ ਉਸ ਅਣਪਛਾਤੇ ਵਿਅਕਤੀ ਕੋਲ ਹੈ, ਨੇ ਕੋਈ ਤਸੱਲੀਬਖਸ਼ ਜਵਾਬ ਨਹੀਂ ਦਿੱਤਾ, ਦੁਬਾਰਾ ਸੰਪਰਕ ਕਰਨ 'ਤੇ ਫੋਨ ਬੰਦ ਆ ਰਿਹਾ ਹੈ। ਪ੍ਰਭਜੋਤ ਕੌਰ ਨੇ ਦੱਸਿਆ ਕਿ ਉਸ ਨੂੰ ਯਕੀਨ ਹੈ ਕ ਉਸ ਅਣਪਛਾਤੇ ਵਿਅਕਤੀ ਨੇ ਹੀ ਉਸ ਦੇ ਪਤੀ ਦਾ ਐਕਸੀਡੈਂਟ ਕੀਤਾ ਹੈ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਰਜਵੰਤ ਕੌਰ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਅਣਪਛਾਤੇ ਵਿਅਕਤੀ ਖਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ।

## ਐੱਸ ਡੀ ਐੱਮ ਪਾਤੜਾਂ ਨੂੰ ਮੰਗ ਪੱਤਰ ਸੌਂਪਿਆ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਪਿੰਡ ਹਰਿਆਉ ਖੁਰਦ ਦੇ ਮਜ਼ਦੂਰਾਂ ਨਾਲ ਪਿੰਡ ਦੀ ਪੰਚਾਇਤ ਵੱਲੋਂ ਪਲਾਟਾਂ ਦੀ ਕਾਣੀਵੰਡ ਵਿਰੁੱਧ ਹੱਕ ਮੰਗਦੇ ਮਜ਼ਦੂਰਾਂ ਨੂੰ ਝੂਠੇ ਕੇਸ 'ਚ ਫਸਾਉਣ ਦੀਆਂ ਧਮਕੀਆਂ ਖਿਲਾਫ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੇ ਆਗੂਆਂ ਨੇ ਮੰਗ ਪੱਤਰ ਐਸ ਡੀ ਐਮ ਪਾਤੜਾਂ ਨੂੰ ਸੌਂਪ ਕੇ ਇਨਸਾਫ ਦੀ ਮੰਗ ਕੀਤੀ ਹੈ। ਐਸ ਡੀ ਐਮ ਨਵਦੀਪ ਕੁਮਾਰ ਨੇ ਉਨ੍ਹਾਂ ਨੂੰ ਭਰੋਸਾ ਦਿਵਾਇਆ ਕਿ ਪੜਤਾਲ ਕਰਵਾ ਕੇ ਕਾਰਵਾਈ ਕੀਤੀ ਜਾਵੇਗੀ। ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੇ ਪ੍ਰਧਾਨ ਗੋਬਿੰਦ ਸਿੰਘ ਛਾਜਲੀ, ਸੂਬਾ ਆਗੂ ਘਮੰਡ ਸਿੰਘ ਖਾਲਸਾ, ਬਿੱਟੂ ਸਿੰਘ ਖੋਖਰ, ਬਲਵਿੰਦਰ ਸਿੰਘ ਹਰਿਆਉ ਖੁਰਦ ਨੇ ਕਿਹਾ ਕਿ ਮਜ਼ਦੂਰਾਂ ਦੀਆਂ ਵੋਟਾਂ ਬਟੋਰਨ ਸਮੇਂ ਸਿਆਸੀ ਪਾਰਟੀਆਂ ਮਜ਼ਦੂਰਾਂ ਨੂੰ ਪਲਾਟ ਦੇਣ ਦਾ ਝਾਂਸਾ ਦਿੰਦੀਆਂ ਹਨ, ਸੱਤਾ ਹੱਥ ਲੱਗਣ ਮਗਰੋਂ ਉਨ੍ਹਾਂ ਦੀ ਸਾਰ ਨਹੀਂ ਲੈਂਦੀਆਂ। ਉਨ੍ਹਾਂ ਕਿਹਾ ਕਿ ਹਰਿਆਉ ਖੁਰਦ ਵਿਖੇ 2014 'ਚ ਇਥੋਂ ਦੀ ਪੰਚਾਇਤ ਵੱਲੋਂ ਕੱਟੇ ਗਏ 88 ਪਲਾਟਾਂ ਦਾ ਹੱਲੇ ਤੱਕ ਮਜ਼ਦੂਰਾਂ ਨੂੰ ਮਾਲਕੀ ਹੱਕ ਨਹੀਂ ਦਿੱਤਾ ਗਿਆ। ਹੁਣ ਮੌਜੂਦਾ ਪੰਚਾਇਤ ਮਜ਼ਦੂਰਾਂ ਨੂੰ ਝੂਠੇ ਕੇਸ 'ਚ ਫਸਾਉਣ ਦੀਆਂ ਧਮਕੀਆਂ ਦਿੰਦੀ ਹੈ। ਉਨ੍ਹਾਂ ਦੇ ਪਲਾਟਾਂ 'ਤੇ ਆਪਣੇ ਚਹੇਤਿਆਂ ਦਾ ਕਬਜ਼ਾ ਕਰਵਾਉਣਾ ਚਾਹੁੰਦੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਅਤੇ ਪੰਚਾਇਤ ਦੀ ਧੱਕੇਸ਼ਾਹੀ ਦੇ ਖਿਲਾਫ ਇਨਸਾਫ ਮਿਲਣ ਤੱਕ ਉਨ੍ਹਾਂ ਦਾ ਸੰਘਰਸ਼ ਜਾਰੀ ਰਹੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੇਬੀ ਸਿੰਘ ਖੰਡੇਬਾਦ, ਕਰਮ ਸਿੰਘ, ਬਾਬਾ ਜਰਨੈਲ ਸਿੰਘ, ਅਜੈਬ ਸਿੰਘ, ਧੰਨਾ ਸਿੰਘ, ਗੁਰਤੇਜ ਸਿੰਘ ਆਦਿ ਹਾਜ਼ਰ ਸਨ।

## ਲੋਕ ਸੱਥਾਂ 'ਚ ਅਕਾਲੀ ਸਰਕਾਰ ਨੂੰ ਮੁੜ ਚੇਤੇ ਕਰਨ ਲੱਗੇ : ਹਮੀਦੀ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਸ਼੍ਰੋਮਣੀ ਅਕਾਲੀ ਦਲ ਇਸਤਰੀ ਵਿੰਗ ਦੇ ਕੌਮੀ ਪ੍ਰਧਾਨ ਬੀਬੀ ਹਰਗੋਬਿੰਦ ਕੌਰ ਦੀ ਅਗਵਾਈ ਹੇਠ ਮਾਈ ਭਾਗੋ ਜੀ ਦੀ ਯਾਦ ਨੂੰ ਸਮਰਪਤ ਸ੍ਰੀ ਮੁਕਤਸਰ ਸਾਹਿਬ ਵਿਖੇ ਹੋਈ ਵਿਸ਼ਾਲ ਇਸਤਰੀ ਕਾਨਫਰੰਸ ਨੇ ਵਰਕਰਾਂ 'ਚ ਭਾਰੀ ਜੋਸ਼ ਭਰਿਆ ਹੈ। ਇਥੇ ਹਲਕਾ ਮਹਿਲ ਕਲਾਂ ਦੇ ਇੰਚਾਰਜ ਜਥੇਦਾਰ ਨਾਥ ਸਿੰਘ ਹਮੀਦੀ ਦੀ ਅਗਵਾਈ ਹੇਠ ਅਕਾਲੀ ਦਲ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਵੱਖ ਵੱਖ ਆਗੂਆਂ ਕਿਹਾ ਕਿ ਆਪ ਸਰਕਾਰ ਹਰ ਫਰੰਟ 'ਤੇ ਫੇਲ੍ਹ ਸਾਬਤ ਹੋਈ ਹੈ। ਜਿਸ ਕਰਕੇ ਸੱਥਾਂ 'ਚ ਬੈਠੇ ਲੋਕ ਹੁਣ ਬਾਦਲ ਸਰਕਾਰ ਨੂੰ ਮੁੜ ਚੇਤੇ ਕਰਨ ਲੱਗੇ ਹਨ। ਸੂਬੇ ਨੂੰ ਵਿਕਾਸ ਦਾ ਲਾਭ ਅਤੇ ਹਰ ਵਰਗ ਨੂੰ ਸਹੂਲਤਾਂ ਦਾ ਫਾਇਦਾ ਸਿਰਫ ਅਕਾਲੀ ਦਲ ਦੀ ਸਰਕਾਰ ਸਮੇਂ ਹੀ ਮਿਲਿਆ ਹੈ। ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਰਹਿਨੁਮਾਈ ਹੇਠ ਹੋ ਰਹੀਆਂ ਵਿਸ਼ਾਲ ਕਾਨਫਰੰਸਾਂ ਸੂਬੇ ਅੰਦਰ ਮੁੜ ਅਕਾਲੀ ਦਲ ਦੀ ਸਰਕਾਰ ਬਣਾਉਣ ਦਾ ਮੁੱਢ ਬੰਨ੍ਹਣਗੀਆਂ। ਲੋਕਾਂ 'ਚ ਭਾਰੀ ਉਤਸ਼ਾਹ ਪਾਇਆ ਗਿਆ ਜਾ ਰਿਹਾ ਹੈ। ਇਸ ਮੌਕੇ ਬੀਬੀ ਹਰਬੰਸ ਕੌਰ, ਮਨਜੀਤ ਕੌਰ, ਦਲਜੀਤ ਕੌਰ, ਗੁਰਮੇਲ ਕੌਰ, ਚਰਨਜੀਤ ਕੌਰ, ਅਮਨਦੀਪ ਕੌਰ, ਰਾਜਵਿੰਦਰ ਕੌਰ, ਕਮਲਜੀਤ ਕੌਰ, ਰਮਨਦੀਪ ਕੌਰ, ਅਰਸ਼ਦੀਪ ਕੌਰ, ਹਰਜੋਤ ਕੌਰ, ਸਿਮਰਨਪ੍ਰੀਤ ਕੌਰ, ਜੋਤੀ ਕੌਰ, ਹਰਦੀਪ ਕੌਰ, ਖੁਸ਼ਪ੍ਰੀਤ ਕੌਰ ਅਤੇ ਅਮਨਜੀਤ ਸਿੰਘ, ਪ੍ਰਿਤਪਾਲ ਸਿੰਘ ਆਦਿ ਹਾਜ਼ਰ ਸਨ।

## ਗਊਸ਼ਾਲਾ 'ਚ 21 ਗਊਆਂ ਦੀ ਮੌਤ, ਡਾਕਟਰੀ ਟੀਮਾਂ ਜਾਂਚ 'ਚ ਜੁਟੀਆਂ



**ਲਹਿਰਾਗਾਗਾ (ਪੱਤਰ ਪ੍ਰੇਰਕ)**-ਸਥਾਨਕ ਸ਼ਹਿਰ ਦੀ ਗਊਸ਼ਾਲਾ ਵਿੱਚ ਬੀਤੀ ਦੇਰ ਰਾਤ 21 ਗਊਆਂ ਦੀ ਭੇਦਭਰੀ ਹਾਲਤ ਵਿੱਚ ਮੌਤ ਹੋ ਜਾਣ 'ਤੇ ਪੂਰੇ ਸ਼ਹਿਰ ਵਿੱਚ ਸੋਗ ਦੀ ਲਹਿਰ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਗਊਸ਼ਾਲਾ ਕਮੇਟੀ ਦੇ ਮੈਂਬਰ ਰਮੇਸ਼ਵਰ ਸ਼ਰਮਾ, ਸੰਜੀਵ ਸਿੰਗਲਾ ਤੇ ਹੋਰ ਮੈਂਬਰਾਂ ਨੇ ਦੱਸਿਆ ਕਿ ਬੀਤੀ ਸ਼ਾਮ 6 ਵਜੇ ਤੋਂ ਗਊਆਂ ਬਿਮਾਰ ਹੋਣ ਲੱਗ ਪਈਆਂ ਅਤੇ ਸ਼ਨੀਵਾਰ ਸਵੇਰ ਤੱਕ 21 ਗਾਵਾਂ ਦੀ ਮੌਤ ਹੋ ਗਈ। ਇਸ ਸਮੇਂ ਵਿਧਾਇਕ ਬਰਿੰਦਰ ਗੋਇਲ, ਐੱਸ ਡੀ ਐੱਮ ਤੇ ਡੀ ਐੱਸ ਪੀ ਲਹਿਰਾ ਨੇ ਦੱਸਿਆ ਕਿ ਮ੍ਰਿਤਕ ਗਾਵਾਂ ਦਾ ਪੋਸਟਰ ਮਾਰਟਮ ਕੀਤਾ ਜਾ ਰਿਹਾ ਹੈ ਤਾਂ ਕਿ ਗਊਸ਼ਾਲਾ ਵਿੱਚ ਵਾਪਰੇ ਵੱਡੇ ਦੁਖਾਂਤ ਦੇ ਕਾਰਨਾਂ ਦਾ ਪਤਾ ਲੱਗ ਸਕੇ। ਵਿਧਾਇਕ ਵਰਿੰਦਰ ਗੋਇਲ ਨੇ ਦੱਸਿਆ ਕਿ ਗਊਸ਼ਾਲਾ ਵਿੱਚ 2000 ਦੇ ਕਰੀਬ ਗਊਆਂ ਹਨ, ਜਿਨ੍ਹਾਂ ਵਿੱਚੋਂ ਕੁਝ ਦੀ ਕੱਲ੍ਹ ਦੇਰ ਸ਼ਾਮ ਸਿਹਤ ਵਿਗੜ ਗਈ। ਡਾਕਟਰਾਂ ਦੀਆਂ ਟੀਮਾਂ ਮੌਕੇ ਉੱਤੇ ਪਹੁੰਚ ਗਈਆਂ ਤੇ ਆਪਣਾ ਇਲਾਜ ਸ਼ੁਰੂ ਕੀਤਾ, ਪ੍ਰੰਤੂ ਫਿਰ ਵੀ ਸਵੇਰ ਤੱਕ 21 ਗਾਵਾਂ ਦੀ ਮੌਤ ਹੋ ਚੁੱਕੀ ਹੈ। ਲੋਹੜੀ ਦੇ ਦਿਨ ਇਨ੍ਹਾਂ ਬੇਜ਼ੁਬਾਨ ਗਊਆਂ ਦੀ ਮੌਤ ਕਾਰਨ ਪੂਰੇ ਸ਼ਹਿਰ ਵਿੱਚ ਸੋਗ ਦੀ ਲਹਿਰ ਹੈ। ਡਾਕਟਰਾਂ ਦੇ ਦੱਸਣ ਮੁਤਾਬਕ ਇਨ੍ਹਾਂ ਨੂੰ ਫੀਡ, ਜੋ ਚਾਰੇ ਦੇ ਰੂਪ ਵਿੱਚ ਦਿੱਤੀ ਜਾਂਦੀ ਸੀ, ਉਸ ਨੂੰ ਰੋਕ ਦਿੱਤਾ ਗਿਆ ਕਿਉਂਕਿ ਹੋ ਸਕਦਾ ਹੈ ਕੋਈ ਫੀਡ ਵਿੱਚ ਹੀ ਕਿਸੇ ਤਰ੍ਹਾਂ ਦੀ ਦਿੱਕਤ ਆ ਗਈ ਹੋਵੇ, ਪਰ ਇਹ ਤਾਂ ਪੋਸਟ ਮਾਰਟਮ ਤੋਂ ਬਾਅਦ ਹੀ ਪਤਾ ਚੱਲ ਸਕੇਗਾ। ਜੇਕਰ ਇਸ ਵਿੱਚ ਕਿਸੇ ਦੀ ਸਾਜ਼ਿਸ਼ ਹੋਈ ਤਾਂ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾਵੇਗੀ।

## ਲੋਹੜੀ ਦੇ ਤਿਉਹਾਰ ਮੌਕੇ ਸ਼੍ਰੋਮਣੀ ਅਕਾਲੀ ਦਲ ਨੇ ਝਾੜੂ ਫੂਕ ਕੀਤਾ ਪ੍ਰਦਰਸ਼ਨ

### ਆਪ ਸਰਕਾਰ ਨੂੰ ਪੰਜਾਬ 'ਚੋਂ ਚਲਦਾ ਕਰਨ ਲਈ ਲੋਕ ਉਤਾਵਲੇ : ਬਿੱਲੂ, ਖੋਖ



**ਨਾਭਾ (ਵਰਿੰਦਰ ਵਰਮਾ)**-ਲੋਹੜੀ ਦਾ ਤਿਉਹਾਰ ਜਿੱਥੇ ਪੰਜਾਬ ਵਿੱਚ ਪੂਰੇ ਚਾਅ ਮਲਾਰਾਂ ਸਹਿਤ ਮਨਾਇਆ ਗਿਆ, ਉੱਥੇ ਹੀ ਨਾਭਾ ਵਿਖੇ ਸ਼੍ਰੋਮਣੀ ਅਕਾਲੀ ਦਲ ਵੱਲੋਂ ਹਲਕਾ ਇੰਚਾਰਜ ਮੱਖਣ ਸਿੰਘ ਲਾਲਕਾ ਦੀ ਅਗਵਾਈ ਵਿੱਚ ਅਕਾਲੀ ਦਲ ਦੀ ਸਮੁੱਚੀ ਲੀਡਰਸ਼ਿਪ ਵੱਲੋਂ ਝਾੜੂ ਫੂਕ ਰੋਸ ਮੁਜ਼ਾਹਰਾ ਕੀਤਾ ਗਿਆ। ਇਸ ਮੌਕੇ ਮੱਖਣ ਸਿੰਘ ਲਾਲਕਾ ਨੇ ਪੱਤਰਕਾਰਾਂ ਨਾਲ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਕੇਜਰੀਵਾਲ ਵੱਲੋਂ ਪੰਜਾਬ ਦੇ ਲੋਕਾਂ ਨੂੰ ਝੂਠੀਆਂ ਗਰੰਟੀਆਂ ਦੇ ਕੇ ਪੂਰੀ ਤਰ੍ਹਾਂ ਨਾਲ ਭਰਮਾ ਕੇ ਝੂਠ ਦੇ ਸਹਾਰੇ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਈ। ਅੱਜ ਪੰਜਾਬ ਦੀ ਪੂਰੀ ਤਰ੍ਹਾਂ ਨਾਲ ਦੁਰਦਸ਼ਾ ਹੋਈ ਪਈ ਹੈ, ਕਿਸੇ ਪਾਸੇ ਵੀ ਕੋਈ ਵਿਕਾਸ ਹੁੰਦਾ ਨਹੀਂ ਦਿਖਾਈ ਦੇ ਰਿਹਾ। ਕੇਜਰੀਵਾਲ ਤੇ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਲੋਕਾਂ ਨਾਲ ਕੀਤਾ ਕੋਈ ਵੀ ਵਾਅਦਾ ਪੂਰਾ ਨਹੀਂ ਕੀਤਾ ਜਾ ਰਿਹਾ। ਪੰਜਾਬ ਵਿੱਚ ਕਾਨੂੰਨ ਵਿਵਸਥਾ ਪੂਰੀ ਤਰ੍ਹਾਂ ਲੜਖੜਾਈ ਪਈ ਹੈ, ਦਿਨੋਂ ਦਿਨ ਲੁੱਟਾਂ-ਖੋਹਾਂ, ਚੋਰੀ ਦੀਆਂ ਵਾਰਦਾਤਾਂ ਵਿੱਚ ਵਾਧਾ ਹੋ ਰਿਹਾ ਹੈ ਤੇ ਘਰ ਘਰ ਚਿੱਟਾ ਪਹੁੰਚ ਚੁੱਕਾ ਹੈ। ਉਨ੍ਹਾਂ ਵਿਸ਼ੇਸ਼ ਤੌਰ 'ਤੇ ਗੁਰਦੁਆਰਾ ਘੋੜਿਆਂ ਵਾਲਾ ਸਾਹਿਬ ਦੇ ਨੇੜੇ ਲੰਘ ਰਹੀ ਪੱਥਰਾਂ ਵਾਲੀ ਸੜਕ, ਜੋ ਕਿ ਲੰਮੇ ਸਮੇਂ ਤੋਂ ਬਣਨ ਤੋਂ ਅਧੂਰੀ ਪਈ ਹੈ, ਜਿਸ ਬਾਰੇ ਕਈ ਵਾਰ ਐੱਮ ਐੱਲ ਏ ਸਾਹਿਬਾਨ, ਪ੍ਰਧਾਨ ਨਗਰ ਕੌਂਸਲ ਤੇ ਐੱਸ ਡੀ ਐੱਮ ਸਾਹਿਬ ਨੂੰ ਵੀ ਜਾਣੂ ਕਰਵਾਇਆ ਗਿਆ ਹੈ, ਇਸ ਦੇ ਬਾਵਜੂਦ ਪ੍ਰਸ਼ਾਸਨ ਤੇ ਨਗਰ ਕੌਂਸਲ ਵੱਲੋਂ ਇਸ ਸੜਕ ਵੱਲ ਕੋਈ ਵੀ ਧਿਆਨ ਨਹੀਂ ਦਿੱਤਾ ਗਿਆ। ਆਪ ਸਰਕਾਰ ਵੱਲੋਂ ਲੋਕਾਂ ਨੂੰ ਬੁਰੀ ਤਰ੍ਹਾਂ ਠੱਗਿਆ ਗਿਆ ਹੈ, ਇਸ ਲਈ ਜੇਕਰ ਪੰਜਾਬ ਨੂੰ ਬਚਾਉਣਾ ਹੈ ਤਾਂ ਜਲਦੀ ਹੀ ਪੰਜਾਬ ਦੇ ਲੋਕਾਂ ਨੂੰ ਝਾੜੂ ਪਾਰਟੀ ਦਾ ਅੰਤ ਕਰਨਾ ਪਵੇਗਾ। ਇਸ ਮੌਕੇ ਸੀਨੀਅਰ ਅਕਾਲੀ ਲੀਡਰ ਗੁਰਦਿਆਲ ਇੰਦਰ ਸਿੰਘ ਬਿੱਲੂ ਤੇ ਯੂਥ ਆਗੂ ਜੱਸਾ ਖੋਖ ਨੇ ਕਿਹਾ ਕਿ ਆਮ ਆਦਮੀ ਪਾਰਟੀ ਤੋਂ ਪੰਜਾਬ ਦੇ ਲੋਕਾਂ ਦਾ ਮੋਹ ਭੰਗ ਹੋ ਚੁੱਕਾ ਹੈ ਤੇ ਜਲਦੀ ਹੀ ਆਮ ਆਦਮੀ ਪਾਰਟੀ ਨੂੰ ਪੰਜਾਬ ਵਿੱਚੋਂ ਚਲਦਾ ਕਰਨ ਲਈ ਲੋਕ ਉਤਾਵਲੇ ਹਨ। ਇਸ ਮੌਕੇ ਪੰਜਾਬ ਬਚਾਓ ਝਾੜੂ ਭਜਾਓ ਦੀ ਨਾਅਰੇਬਾਜ਼ੀ ਵੀ ਕੀਤੀ ਗਈ। ਇਸ ਮੌਕੇ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਗੁਰਦਿਆਲ ਇੰਦਰ ਸਿੰਘ ਬਿੱਲੂ, ਜੱਸਾ ਖੋਖ ਜਗਜੀਤ ਸਿੰਘ ਖੋਖ ਗੁਰਜੀਤ ਸਿੰਘ ਸਰਪੰਚ ਚੌਧਰੀ ਮਾਜਰਾ, ਗੁਰਮੀਤ ਸਿੰਘ ਕੋਟ, ਧਰਮਿੰਦਰ ਸਿੰਘ ਭੋਜੋ ਮਾਜਰੀ, ਅਨਿਲ ਗੁਪਤਾ, ਸਮਸ਼ੇਰ ਸਿੰਘ ਚੌਧਰੀ ਮਾਜਰਾ, ਸਨੀ ਕੌਂਸਲਰ ਵਰਿੰਦਰਪਾਲ ਸਿੰਘ ਬਬਲੂ, ਗਿਆਨ ਸਿੰਘ ਲੋਪੇ, ਮਨਦੀਪ ਸਿੰਘ ਤੁੰਗਾਂ ਤੇ ਇਸ ਮੌਕੇ ਹੋਰ ਲੀਡਰਸ਼ਿਪ ਆਦਿ ਵਰਕਰ ਤੇ ਆਗੂ ਹਾਜ਼ਰ ਸਨ।

## ਡੀ.ਏ.ਵੀ. ਕਾਲਜ ਵਿਖੇ ਨੈਸ਼ਨਲ ਯੂਥ ਫੈਸਟੀਵਲ ਦਾ ਲਾਈਵ ਟੈਲੀਕਾਸਟ



**ਮਲੋਟ (ਗੁਰਮੀਤ ਸਿੰਘ ਮੱਕੜ)**-ਸਥਾਨਕ ਡੀ.ਏ.ਵੀ. ਕਾਲਜ ਵਿਖੇ ਪ੍ਰਿੰਸੀਪਲ ਸੁਭਾਸ਼ ਗੁਪਤਾ ਦੀ ਅਗਵਾਈ ਵਿੱਚ ਐੱਨ.ਐੱਸ.ਐੱਸ. ਪ੍ਰੋਗਰਾਮ ਅਫਸਰ ਡਾ. ਜਸਬੀਰ ਕੌਰ ਤੇ ਡਾ. ਵਿਨੀਤ ਕੁਮਾਰ ਦੇ ਸਹਿਯੋਗ ਨਾਲ ਕਾਲਜ ਦੀ ਲਾਈਬ੍ਰੇਰੀ ਵਿਖੇ 27ਵੇਂ ਨੈਸ਼ਨਲ ਯੂਥ ਫੈਸਟੀਵਲ ਦਾ ਲਾਈਵ ਪ੍ਰੋਗਰਾਮ ਵਿਖਾਇਆ ਗਿਆ, ਜਿਸ ਵਿੱਚ ਕਾਲਜ ਦੇ ਸਾਰੇ ਵਿਦਿਆਰਥੀ ਸ਼ਾਮਲ ਹੋਏ। ਇਹ ਫੈਸਟੀਵਲ ਨਾਸਿਕ (ਮਹਾਂਰਾਸ਼ਟਰ) ਵਿਖੇ ਹੋ ਰਿਹਾ ਹੈ, ਜਿਸ ਦੇ ਮੁੱਖ ਮਹਿਮਾਨ ਦੇਸ਼ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਹਨ। ਯੁਵਾ ਦਿਵਸ ਦੇਸ਼ ਭਰ ਦੇ ਨੌਜਵਾਨਾਂ ਨੂੰ ਸਮਰਪਤ ਇੱਕ ਦਿਨ ਹੈ। ਇਸ ਨੂੰ ਹਰ ਸਾਲ 12 ਜਨਵਰੀ ਨੂੰ ਮਨਾਇਆ ਜਾਂਦਾ ਹੈ। ਇਸ ਦਿਨ ਨੂੰ ਮਨਾਉਣ ਦਾ ਇੱਕ ਮੰਤਵ ਇਹ ਵੀ ਹੈ ਕਿ ਇਸ ਦਿਨ ਸਵਾਮੀ ਵਿਵੇਕਾਨੰਦ ਦੀ ਜਨਮ ਤਿਥੀ ਹੁੰਦੀ ਹੈ, ਜਿਨ੍ਹਾਂ ਦੇ ਸ਼ਬਦ 'ਉਠੋ, ਜਾਗੋ ਤੇ ਤਦ ਤੱਕ ਨਾ ਰੁਕੋ ਜਦ ਤੱਕ ਲਕਸ਼ ਦੀ ਪ੍ਰਾਪਤੀ ਨਾ ਹੋ ਜਾਵੇ' ਦੀ ਅੱਜ ਵੀ ਬਹੁਤ ਅਹਿਮੀਅਤ ਹੈ। ਇਸ ਮੌਕੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਭਾਰਤ ਦੇ ਯੁਵਾ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਅੱਜ ਭਾਰਤ ਦੁਨੀਆ ਦਾ ਤੀਜਾ ਦੇਸ਼ ਹੈ, ਜਿਸ ਪਿੱਛੇ ਭਾਰਤ ਦੀ ਯੁਵਾ ਸ਼ਕਤੀ ਹੈ ਤੇ ਜਿਸ ਕਰਕੇ ਭਾਰਤ ਅੱਜ ਇਤਿਹਾਸ ਵਿੱਚ ਆਪਣਾ ਸਥਾਨ ਬਣਾ ਰਿਹਾ ਹੈ। ਇਸ ਮੌਕੇ ਕਾਲਜ ਦਾ ਸਮੂਹ ਸਟਾਫ਼ ਹਾਜ਼ਰ ਸੀ।

## ਨਿਸ਼ਾਨ ਯਾਤਰਾ ਤੇ ਸੰਕੀਰਤਨ ਸਮਾਗਮ 17,18 ਨੂੰ

**ਧੂਰੀ (ਬਿੰਨੀ ਗਰਗ, ਮੋਹਿਤ ਗਰਗ)**-ਸ੍ਰੀ ਸਨਾਤਨ ਧਰਮ ਸਭਾ ਧੂਰੀ ਦੇ ਪ੍ਰਧਾਨ ਦਵਿੰਦਰ ਕੁਮਾਰ ਬਿੰਦਾ ਨੇ ਦੱਸਿਆ ਕਿ ਮੰਦਰ ਵਿਖੇ ਸ੍ਰੀ ਖਾਟੂ ਜੀ ਸ਼ਿਆਮ ਦੀ ਮੰਦਰ ਸਥਾਪਨਾ ਨੂੰ ਇੱਕ ਸਾਲ ਪੂਰਾ ਹੋਣ ਦੀ ਖੁਸ਼ੀ 'ਚ ਵਿਸ਼ਾਲ ਨਿਸ਼ਾਨ ਯਾਤਰਾ 17 ਜਨਵਰੀ ਨੂੰ ਸਜਾਈ ਜਾ ਰਹੀ ਹੈ। ਸ੍ਰੀ ਸ਼ਿਆਮ ਦੇਵਾਯ ਮੰਡਲ ਧੂਰੀ, ਸ੍ਰੀ ਸ਼ਿਆਮ ਪ੍ਰਚਾਰ ਮੰਡਲ ਧੂਰੀ, ਸਮੱਸਤ ਸ਼ਿਆਮ ਮੰਡਲ ਧੂਰੀ, ਸ੍ਰੀ ਬਾਲਾ ਜੀ ਖਾਟੂ ਸ਼ਿਆਮ ਸੇਵਾ ਮੰਡਲ ਧੂਰੀ, ਸ੍ਰੀ ਸ਼ਿਆਮ ਰਸੋਈ ਮੰਡਲ ਧੂਰੀ ਅਤੇ ਸਮੂਹ ਹਿੰਦੂ ਪ੍ਰੇਮੀਆਂ ਦੇ ਸਹਿਯੋਗ ਨਾਲ ਸਜਾਈ ਜਾ ਰਹੀ ਇਹ ਵਿਸ਼ਾਲ ਨਿਸ਼ਾਨ ਯਾਤਰਾ ਸ੍ਰੀ ਸਨਾਤਨ ਧਰਮ ਮੰਦਰ ਪਾਠਸ਼ਾਲਾ ਰੋਡ ਧੂਰੀ ਤੋਂ ਸ਼ੁਰੂ ਹੋ ਕੇ ਵਾਪਸ ਮੰਦਰ ਵਿਖੇ ਆ ਕੇ ਸਮਾਪਤ ਹੋਵੇਗੀ। ਉਨ੍ਹਾ ਦੱਸਿਆ ਕਿ 18 ਜਨਵਰੀ ਨੂੰ ਮੰਦਰ ਵਿਖੇ ਸ੍ਰੀ ਸ਼ਿਆਮ ਸੰਕੀਰਤਨ ਕਰਵਾਇਆ ਜਾ ਰਿਹਾ ਹੈ, ਜਿਸ ਵਿੱਚ ਪ੍ਰਿਆ ਗੁਪਤਾ ਭੋਪਾਲ ਵਾਲੇ ਸ਼ਾਮ 8 ਵਜੇ ਤੋਂ ਸ੍ਰੀ ਸ਼ਿਆਮ ਬਾਬਾ ਜੀ ਦਾ ਗੁਣਗਾਣ ਕਰਨਗੇ।

## ਮੁੱਲਾਂਪੁਰ ਦਾਖਾ ਨਗਰ ਕੌਂਸਲ ਨੇ 'ਸਵੱਛ ਸ਼ਹਿਰ' ਪੁਰਸਕਾਰ ਜਿੱਤਿਆ

**ਲੁਧਿਆਣਾ (ਰਾਜ ਸਿੰਗਲਾ)**-ਜ਼ਿਲ੍ਹਾ ਪ੍ਰਸ਼ਾਸਨ ਲੁਧਿਆਣਾ ਲਈ ਇੱਕ ਵੱਡੀ ਪ੍ਰਾਪਤੀ ਵਜੋਂ ਮੁੱਲਾਂਪੁਰ ਦਾਖਾ ਨਗਰ ਕੌਂਸਲ ਨੇ ਨਵੀਂ ਦਿੱਲੀ ਦੇ ਭਾਰਤ ਮੰਡਪਮ ਵਿਖੇ ਸਮਾਰੋਹ ਦੌਰਾਨ ਉੱਤਰੀ ਭਾਰਤ ਦਾ "ਸਵੱਛ ਸ਼ਹਿਰ" ਪੁਰਸਕਾਰ ਜਿੱਤਿਆ ਹੈ। ਡਿਪਟੀ ਕਮਿਸ਼ਨਰ ਸੁਰਭੀ ਮਲਿਕ ਨੇ ਮੁੱਲਾਂਪੁਰ ਦਾਖਾ ਨਗਰ ਕੌਂਸਲ ਦੀ ਤਰਫੋਂ ਭਾਰਤ ਸਰਕਾਰ ਦੇ ਮਕਾਨ ਉਸਾਰੀ ਅਤੇ ਸ਼ਹਿਰੀ ਮਾਮਲਿਆਂ ਦੇ ਕੇਂਦਰੀ ਮੰਤਰਾਲੇ ਦੇ ਸਕੱਤਰ ਮਨੋਜ ਜੋਸ਼ੀ ਤੋਂ ਪੁਰਸਕਾਰ ਪ੍ਰਾਪਤ ਕੀਤਾ। ਭਾਰਤ ਸਰਕਾਰ ਦੇ ਸਵੱਛ ਭਾਰਤ ਮਿਸ਼ਨ ਤਹਿਤ ਅੱਜ ਨਵੀਂ ਦਿੱਲੀ ਦੇ ਭਾਰਤ ਮੰਡਪਮ ਵਿਖੇ ਵਧੀਆ ਕਾਰਗੁਜ਼ਾਰੀ ਵਾਲੇ ਸ਼ਹਿਰਾਂ ਅਤੇ ਕਸਬਿਆਂ ਨੂੰ ਸਨਮਾਨਤ ਕਰਨ ਲਈ ਇੱਕ ਸਮਾਗਮ ਕਰਵਾਇਆ ਗਿਆ ਅਤੇ ਇਸ 'ਚ ਭਾਰਤ ਦੇ ਰਾਸ਼ਟਰਪਤੀ ਡਾ. ਦ੍ਰੋਪਦੀ ਮੁਰਮੂ ਤੋਂ ਨਗਰ ਕੌਂਸਲ ਮੁੱਲਾਂਪੁਰ ਦਾਖਾ ਨੂੰ ਆਬਾਦੀ ਸ਼੍ਰੇਣੀ 15000-25000 ਤਹਿਤ ਉੱਤਰੀ ਭਾਰਤ ਦਾ "ਸਵੱਛ ਸ਼ਹਿਰ" ਐਵਾਰਡ ਜਿੱਤਣ ਦਾ ਮਾਣ ਪ੍ਰਾਪਤ ਹੋਇਆ ਹੈ। ਡਿਪਟੀ ਕਮਿਸ਼ਨਰ ਨੇ ਇਨਾਮ ਵੰਡ ਸਮਾਗਮ 'ਚ ਸ਼ਿਰਕਤ ਕੀਤੀ ਅਤੇ ਮੁੱਲਾਂਪੁਰ ਦਾਖਾ ਨਗਰ ਕੌਂਸਲ ਦੀ ਤਰਫੋਂ ਐਵਾਰਡ ਪ੍ਰਾਪਤ ਕੀਤਾ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਮੁੱਲਾਂਪੁਰ ਦਾਖਾ ਦੇ ਸਮੂਹ ਅਧਿਕਾਰੀਆਂ/ਕਰਮਚਾਰੀਆਂ ਅਤੇ ਨਗਰ ਨਿਵਾਸੀਆਂ ਨੂੰ ਵਧਾਈ ਸੰਦੇਸ਼ ਵੀ ਭੇਜਿਆ। ਸਵੱਛ ਸਰਵੇਖਣ 2023 ਦੇ ਤਹਿਤ ਸ਼ਹਿਰਾਂ/ਕਸਬਿਆਂ ਨੂੰ ਕੂੜਾ ਮੁਕਤ ਸ਼ਹਿਰ ਦੇ ਤਹਿਤ ਸਟਾਰ ਰੇਟਿੰਗ ਦਿੱਤੀ ਗਈ ਹੈ ਜਿਸ ਵਿੱਚ ਸਭ ਤੋਂ ਵੱਧ ਰੈਂਕਿੰਗ ਵਾਟਰ ਪਲੱਸ ਦੀ ਹੈ। ਨਗਰ ਕੌਂਸਲ ਮੁੱਲਾਂਪੁਰ ਦਾਖਾ ਨੇ ਗਾਰਬੇਜ ਫਰੀ ਸਿਟੀ ਸਰਟੀਫਿਕੇਟ ਅਤੇ ਓ ਡੀ ਐਫ 'ਚ ਵਾਟਰ ਪਲੱਸ ਸਰਟੀਫਿਕੇਟ 'ਚ 1 ਸਟਾਰ ਰੈਂਕਿੰਗ ਹਾਸਲ ਕੀਤੀ ਹੈ। ਜਿਸ ਕਾਰਨ ਨਗਰ ਕੌਂਸਲ ਮੁੱਲਾਂਪੁਰ ਦਾਖਾ ਨੇ ਸਵੱਛ ਸਰਵੇਖਣ 2023 ਵਿੱਚ ਜ਼ੋਨ 'ਚੋਂ ਪਹਿਲਾ ਸਥਾਨ ਹਾਸਲ ਕੀਤਾ ਹੈ।

## ਕਰਿਆਨਾ ਸਟੋਰ 'ਚ ਚੋਰੀ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਸ਼ਹਿਰ ਦੇ ਮੇਨ ਬਾਜ਼ਾਰ ਵਿਖੇ ਇਕ ਕਰਿਆਨਾ ਸਟੋਰ ਦੀ ਦੁਕਾਨ 'ਚੋਂ ਅਣਪਛਾਤੇ ਵਿਅਕਤੀਆਂ ਵੱਲੋਂ ਚੋਰੀ ਕਰਨ ਦੀ ਖਬਰ ਮਿਲੀ ਹੈ। ਇਸ ਸਬੰਧ 'ਚ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ ਅਣਪਛਾਤੇ ਵਿਅਕਤੀਆਂ ਖਿਲਾਫ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ 'ਚ ਅਰੁਨ ਬਜਾਜ ਪੁੱਤਰ ਸਤਪਾਲ ਬਜਾਜ ਵਾਸੀ ਰਾਜ ਗੁਰੂ ਕੰਪਲੈਕਸ ਨੇੜੇ ਆਈ ਟੀ ਆਈ ਲੜਕੀਆਂ ਸਿਟੀ ਫਿਰੋਜ਼ਪੁਰ ਨੇ ਦੱਸਿਆ ਕਿ ਉਸ ਦੀ ਸਤਪਾਲ ਸਿੰਘ ਐਂਡ ਕੰਪਨੀ ਕਰਿਆਨਾ ਸਟੋਰ ਦੀ ਦੁਕਾਨ ਮੇਨ ਬਾਜ਼ਾਰ ਸਿਟੀ ਫਿਰੋਜ਼ਪੁਰ 'ਚ ਹੈ। 11-12 ਜਨਵਰੀ ਦੀ ਦਰਮਿਆਨੀ ਰਾਤ ਨੂੰ ਅਣਪਛਾਤੇ ਵਿਅਕਤੀ ਦੁਕਾਨ ਦਾ ਸ਼ਟਰ ਤੋੜ ਕੇ ਦੁਕਾਨ ਅੰਦਰ ਪਏ ਗੱਲੇ ਵਿਚੋਂ 30 ਹਜ਼ਾਰ ਰੁਪਏ ਚੋਰੀ ਕਰਕੇ ਲੈ ਗਏ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਗਹਿਣਾ ਰਾਮ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਅਣਪਛਾਤੇ ਵਿਅਕਤੀਆਂ ਖਿਲਾਫ ਮੁਕੱਦਮਾ ਦਰਜ ਰਜਿਸਟਰ ਕਰਕੇ ਅਗਲੀ ਕਾਰਵਾਈ ਅਮਲ 'ਚ ਲਿਆਂਦੀ ਜਾ ਰਹੀ ਹੈ।

## ਤੀਰਥ ਯਾਤਰਾ ਤਹਿਤ ਖੇਤੀਬਾੜੀ ਮੰਤਰੀ ਨੇ ਬੱਸ ਕੀਤੀ ਰਵਾਨਾ



**ਮੁਕਤਸਰ/ਮਲੋਟ (ਸ਼ਮਿੰਦਰਪਾਲ, ਪੂਜਾ, ਪਰਮਜੀਤ ਸਿੰਘ, ਗੁਰਮੀਤ ਸਿੰਘ ਮੱਕੜ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਮੁੱਖ ਮੰਤਰੀ ਤੀਰਥ ਯਾਤਰਾ ਤਹਿਤ ਕਿੱਲਿਆਂ ਵਾਲੀ ਤੋਂ ਸ੍ਰੀ ਸਾਲਾਸਰ ਧਾਮ ਤੇ ਸ੍ਰੀ ਖਾਟੂ ਸਿਆਮ ਧਾਮ ਲਈ ਬੱਸ ਨੂੰ ਖੇਤੀਬਾੜੀ ਮੰਤਰੀ ਸ: ਗੁਰਮੀਤ ਸਿੰਘ ਖੁੱਡੀਆਂ ਨੇ ਹਰੀ ਝੰਡੀ ਵਿਖਾ ਕੇ ਰਵਾਨਾ ਕੀਤਾ। ਇਸ ਬੱਸ ਵਿੱਚ 43 ਯਾਤਰੀ ਧਾਰਮਿਕ ਯਾਤਰਾ ਲਈ ਗਏ ਹਨ। ਇਸ ਮੌਕੇ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਜਨ ਸੇਵਾ ਦਾ ਇਹ ਬਹੁਤ ਹੀ ਸਾਰਥਕ ਉਪਰਾਲਾ ਹੈ, ਜਿਸ ਰਾਹੀਂ ਲੋਕ ਆਪਣੇ ਧਾਰਮਿਕ ਸਥਾਨਾਂ ਦੀ ਯਾਤਰਾ ਕਰ ਸਕਦੇ ਹਨ। ਉਨ੍ਹਾ ਕਿਹਾ ਕਿ ਮੁੱਖ ਮੰਤਰੀ ਸ: ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਹਰ ਯੋਜਨਾ ਆਮ ਲੋਕਾਂ ਦੇ ਹਿੱਤਾਂ ਨੂੰ ਧਿਆਨ ਵਿੱਚ ਰੱਖ ਕੇ, ਉਨ੍ਹਾਂ ਦੀਆਂ ਜ਼ਰੂਰਤਾਂ ਦਾ ਖਿਆਲ ਕਰਕੇ ਬਣਾਉਂਦੀ ਹੈ। ਕੈਬਨਿਟ ਮੰਤਰੀ ਨੇ ਕਿਹਾ ਕਿ ਇਸ ਲਈ ਬਹੁਤ ਹੀ ਵਧੀਆ ਬੱਸਾਂ ਯਾਤਰਾ 'ਤੇ ਭੇਜੀਆਂ ਜਾ ਰਹੀਆਂ ਹਨ ਤਾਂ ਜੋ ਸ਼ਰਧਾਲੂਆਂ ਨੂੰ ਕਿਸੇ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਇਸ ਮੌਕੇ ਯਾਤਰੀਆਂ ਨੂੰ ਯਾਤਰਾ ਕਿੱਟ ਵੀ ਦਿੱਤੀ ਗਈ। ਯਾਤਰੀਆਂ ਨੇ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਨ੍ਹਾਂ ਲਈ ਸਰਕਾਰ ਨੇ ਇੱਕ ਵੱਡਾ ਉਪਰਾਲਾ ਕੀਤਾ ਹੈ, ਜੋ ਉਹ ਆਪਣੇ ਧਾਰਮਿਕ ਸਥਾਨਾਂ ਦੀ ਯਾਤਰਾ ਕਰ ਪਾ ਰਹੇ ਹਨ।

## ਫੇਵੀਕੋਲ ਚੈਂਪੀਅਨ ਕਲੱਬ ਨੇ ਲੋਹੜੀ ਦਾ ਤਿਉਹਾਰ ਮਨਾਇਆ



**ਜਗਰਾਉਂ (ਅਮਿਤ ਖੰਨਾ)**-ਫੇਵੀਕੋਲ ਚੈਂਪੀਅਨ ਕਲੱਬ ਜਗਰਾਉਂ ਤੇ ਜਗਰਾਉਂ ਦੇ ਠੇਕੇਦਾਰਾਂ ਵੱਲੋਂ ਲੋਹੜੀ ਦਾ ਤਿਉਹਾਰ ਜਗਰਾਉਂ ਕੁਸ਼ਟ ਆਸਰਮ ਵਿਖੇ ਮਨਾਇਆ ਗਿਆ। ਫੇਵੀਕੋਲ ਚੈਂਪੀਅਨ ਕਲੱਬ ਵੱਲੋਂ ਆਸ਼ਰਮ ਵਿਖੇ ਮੂੰਗਫਲੀ ਤੇ ਰਿਓੜੀਆਂ ਵੰਡੀਆਂ ਗਈਆਂ। ਫੇਵੀਕੋਲ ਕੰਪਨੀ ਵੱਲੋਂ ਵਿਨੇ ਸ਼ਰਮਾ (ਬੀ ਡੀ) ਤੇ ਆਈ ਐੱਮ ਆਰ ਪ੍ਰਿੰਸ ਅਰੋੜਾ ਵੀ ਸ਼ਾਮਲ ਸਨ। ਇਸ ਮੌਕੇ ਪ੍ਰਧਾਨ ਮੰਗਲ ਸਿੰਘ ਸਿੱਧੂ, ਹਾਕਮ ਸਿੰਘ ਸਿਹਰਾ, ਬਲਵਿੰਦਰ ਸਿੰਘ, ਨਿਰਮਲ ਸਿੰਘ, ਨਿਰਮਲ ਯਾਦਵ, ਜਸਪਾਲ ਸਿੰਘ, ਸੁਖਦੇਵ ਸਿੰਘ, ਗੁਰਮੁੱਖ ਸਿੰਘ, ਸਤਪਾਲ ਸਿੰਘ, ਸਤਨਾਮ ਸਿੰਘ, ਸੰਜੀਵ ਕੁਮਾਰ, ਅਮਨਦੀਪ ਸਿੰਘ, ਤੀਰਥ ਸਿੰਘ, ਵਿਕਟਰ, ਹਰਵਿੰਦਰ ਸਿੰਘ, ਅਮਨ ਕੁਮਾਰ ਨਿਸ਼ਾਵਨ (ਪੀ ਡੀ ਲਾਇਟ ਫੇਵੀਕੋਲ ਪ੍ਰਮੋਟਰ ਤੇ ਕਲੱਬ ਦੇ ਬਹੁਤ ਸਾਰੇ ਮੈਂਬਰ ਸ਼ਾਮਲ ਸਨ।

## ਨਵਜੰਮੀਆਂ ਦੀ ਲੋਹੜੀ ਮਨਾਈ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਥਾਨਕ ਆਂਗਣਵਾੜੀ ਸੈਂਟਰ ਨੰ. 122 ਵਿੱਚ ਆਂਗਣਵਾੜੀ ਵਰਕਰ ਕੁਲਵੰਤ ਕੌਰ ਨੀਲੋਂ ਤੇ ਸਮਾਜ ਸੇਵੀ ਪਰਮਜੀਤ ਸਿੰਘ ਨੀਲੋਂ ਦੀ ਅਗਵਾਈ ਹੇਠ ਨਵਜੰਮੀਆਂ ਧੀਆਂ ਦੀ ਲੋਹੜੀ ਮਨਾਈ ਗਈ, ਜਿਸ ਵਿੱਚ ਮੁੱਖ ਮਹਿਮਾਨ ਵਜੋਂ ਚਰਨਜੀਤ ਸਿੰਘ ਥੋਪੀਆਂ, ਸਾਬਕਾ ਕੌਂਸਲਰ ਸੁਰਿੰਦਰ ਕੁਮਾਰ ਛਿੰਦੀ ਵਿਸ਼ੇਸ਼ ਤੌਰ 'ਤੇ ਪਹੁੰਚੇ। ਉਨ੍ਹਾਂ ਕਿਹਾ ਕਿ ਸਾਨੂੰ ਧੀਆਂ ਤੇ ਪੁੱਤਰਾਂ ਵਿੱਚ ਕੋਈ ਫ਼ਰਕ ਨਹੀਂ ਸਮਝਣਾ ਚਾਹੀਦਾ ਅਤੇ ਸਮੇਂ ਦਾ ਹਾਣੀ ਬਣਾਉਣ ਲਈ ਉੱਚ ਸਿੱਖਿਆ ਦਿਵਾਉਣੀ ਚਾਹੀਦੀ ਹੈ ਤਾਂ ਜੋ ਉਹ ਦੇਸ਼ ਦੀ ਖੁਸ਼ਹਾਲੀ ਵਿੱਚ ਆਪਣਾ ਯੋਗਦਾਨ ਪਾ ਸਕਣ। ਇਸ ਮੌਕੇ ਨਵਜੰਮੀਆਂ ਧੀਆਂ ਨੂੰ ਸੂਟ, ਝੂਲੇ, ਮੂੰਗਫ਼ਲੀ, ਰਿਓੜੀਆਂ, ਖਿਡੌਣੇ, ਕਾਪੀਆਂ ਆਦਿ ਦੇ ਕੇ ਸਨਮਾਨਤ ਕੀਤਾ ਗਿਆ। ਸਮਾਗਮ ਦੌਰਾਨ ਚੇਅਰਮੈਨ ਧਰਮਵੀਰ ਧੰਮੀ, ਉਪ-ਚੇਅਰਮੈਨ ਰਾਕੇਸ਼ ਕੁਮਾਰ ਛਿੰਦੂ, ਪਰਮਜੀਤ ਸਿੰਘ ਨੀਲੋਂ, ਕੁਲਵੰਤ ਕੌਰ ਨੀਲੋਂ, ਇੰਸਪੈਕਟਰ ਸੁਖਦੇਵ ਸਿੰਘ ਬਿੱਟੂ, ਜ਼ਿਲ੍ਹਾ ਪ੍ਰਧਾਨ ਰਣਜੀਤ ਕੌਰ, ਜਨਰਲ ਸਕੱਤਰ ਮੀਨਾ ਰਾਣੀ, ਰਾਜੇਸ਼ ਕੁਮਾਰੀ, ਸੁਸ਼ਮਾ ਰਾਣੀ, ਸੋਨੂੰ ਰਾਣੀ, ਸੁਨੀਤਾ ਰਾਣੀ, ਕੁਲਵਿੰਦਰ ਕੌਰ, ਗੁਰਪ੍ਰੀਤ ਕੌਰ, ਗਗਨਦੀਪ ਕੌਰ, ਰਾਣੀ, ਮਲਕੀਤ ਕੌਰ, ਗੁਲਸ਼ਨ ਕੁਮਾਰ, ਗਿਆਨ ਕੌਰ ਆਦਿ ਹਾਜ਼ਰ ਸਨ।

## ਗਊ ਨੂੰ ਨਾਲ਼ੇ 'ਚੋਂ ਕੱਢਿਆ ਬਾਹਰ



**ਨਾਭਾ (ਵਰਿੰਦਰ ਵਰਮਾ)**-ਹਰਸ਼ ਬਲੱਡ ਡੋਨਰ ਸੁਸਾਇਟੀ ਟੀਮ ਨੇ ਪ੍ਰਧਾਨ ਭੁਵੇਸ਼ ਬਾਂਸਲ ਭਾਸ਼ੀ ਤੇ ਚੇਅਰਮੈਨ ਜਿਪਸੀ ਬਾਂਸਲ ਦੀ ਅਗਵਾਈ ਵਿੱਚ ਫਾਇਰ ਬ੍ਰਿਗੇਡ ਟੀਮ ਤੇ ਏ. ਡਬਲਯੂ. ਐੱਚ. ਐੱਸ. ਸੰਸਥਾ ਟੀਮ ਦੇ ਸਹਿਯੋਗ ਨਾਲ ਗਊ ਮਾਤਾ ਨੂੰ ਗੰਦੇ ਨਾਲ਼ੇ ਵਿੱਚੋਂ ਬਾਹਰ ਕੱਢਿਆ। ਇਸ ਦੀ ਜਾਣਕਾਰੀ ਦਿੰਦੇ ਹੋਏ ਪ੍ਰਧਾਨ ਭਾਸ਼ੀ ਨੇ ਦੱਸਿਆ ਕਿ ਫਾਇਰਮੈਨ ਜਰਨੈਲ ਸਿੰਘ, ਏ ਡਬਲਯੂ ਐੱਚ ਐੱਸ ਮਾਧਵ ਸ਼ਰਮਾ, ਫਾਇਮੈਨ ਜਗਵੀਰ ਸਿੰਘ, ਫਾਇਰਮੈਨ ਮਹੇਸ਼ ਕੁਮਾਰ ਰਾਏ ਨੇ ਨਾਲ਼ੇ ਵਿੱਚ ਉੱਤਰ ਕੇ ਗਊ ਮਾਤਾ ਨੂੰ ਰੱਸੀ ਪਵਾਈ ਤੇ ਜੇ.ਸੀ.ਬੀ. ਦੀ ਮਦਦ ਨਾਲ ਬਾਹਰ ਕੱਢਿਆ। ਨਾਲ ਹੀ ਅਸੀਂ ਐੱਮ.ਐੱਲ.ਏ. ਦੇਵ ਮਾਨ ਸਾਹਿਬ ਤੇ ਤਰਸੇਮ ਚੰਦ ਐੱਸ.ਡੀ.ਐੱਮ. ਸਾਹਿਬ ਨੂੰ ਬੇਨਤੀ ਕਰਦੇ ਹਾਂ ਕਿ ਇਨ੍ਹਾਂ ਭਲੇ ਦੇ ਕਾਰਜ ਕਰਨ ਵਾਲੇ ਫਾਇਰਮੈਨਾਂ ਨੂੰ ਸਨਮਾਨਤ ਕੀਤਾ ਜਾਵੇ। ਇਸ ਮੌਕੇ ਮਾਰਕੀਟ ਮੈਂਬਰਾਂ ਤੋਂ ਇਲਾਵਾ ਜਿਪਸੀ ਬਾਂਸਲ ਧਾਰੋਕੀ ਵਾਲੇ, ਪੁਨੀਤ ਬਾਂਸਲ ਆਦਿ ਵੀ ਹਾਜ਼ਰ ਸਨ।

## ਭਾਕਿਯੂ ਨੇ ਧੂਰੀ ਖੰਡ ਮਿੱਲ ਚਲਾਉਣ ਦੀ ਕੀਤੀ ਮੰਗ

**ਧੂਰੀ (ਬਿੰਨੀ ਗਰਗ, ਮੋਹਿਤ ਗਰਗ)**-ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਬਲਾਕ ਧੂਰੀ ਦੀ ਸੂਬਾ ਸਕੱਤਰ ਰਛਪਾਲ ਸਿੰਘ ਦੋਹਲਾ ਅਤੇ ਬਲਾਕ ਪ੍ਰਧਾਨ ਭੁਪਿੰਦਰ ਸਿੰਘ ਜੱਖਲਾਂ, ਮੀਤ ਪ੍ਰਧਾਨ ਸੁਖਪਾਲ ਸਿੰਘ ਕਾਂਝਲਾ ਅਤੇ ਗੁਰਬਚਨ ਸਿੰਘ ਹਰਚੰਦਪੁਰ ਸੀ. ਮੀਤ ਪ੍ਰਧਾਨ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ 'ਚ ਪੰਜ ਕਿਸਾਨ ਜਥੇਬੰਦੀਆਂ ਵੱਲੋਂ ਚੰਡੀਗੜ੍ਹ ਵਿਖੇ ਅਣਮਿੱਥੇ ਸਮੇਂ ਲਈ ਦਿੱਤੇ ਜਾ ਰਹੇ ਧਰਨੇ ਦੀਆਂ ਤਿਆਰੀਆਂ ਦੀ ਸਮੀਖਿਆ ਕੀਤੀ ਗਈ ਅਤੇ ਧਰਨੇ 'ਚ ਲੋੜ ਅਨੁਸਾਰ ਰਾਸ਼ਨ ਪਾਣੀ ਅਤੇ ਹੋਰ ਜ਼ਰੂਰੀ ਸਮਾਨ ਲਿਜਾਣ ਲਈ ਡਿਊਟੀਆਂ ਲਗਾਈਆਂ ਗਈਆਂ।

ਮੀਟਿੰਗ ਦੌਰਾਨ ਖੰਡ ਮਿੱਲ ਧੂਰੀ ਨੂੰ ਚਲਾਉਣ ਦੀ ਮੰਗ ਕਰਦਿਆਂ ਗੰਨੇ ਦੀ ਤੁਰੰਤ ਅਦਾਇਗੀ ਕਰਵਾਉਣ ਦੀ ਮੰਗ ਵੀ ਕੀਤੀ।ਇਸ ਮੌਕੇ ਗੁਰਜੀਤ ਸਿੰਘ ਭੜੀ ਮਾਨਸਾ, ਮਲਕੀਤ ਸਿੰਘ ਜੱਖਲਾਂ, ਗੁਰਸੇਵ ਸਿੰਘ ਭੁੱਲਰਹੇੜੀ, ਨਿਰਭੈ ਸਿੰਘ ਦੋਹਲਾ, ਮਲਕੀਤ ਸਿੰਘ ਕੰਧਾਰਗੜ੍ਹ, ਗੁਰਨਾਮ ਸਿੰਘ ਕੋਲਸੇੜੀ, ਅਜੈਬ ਸਿੰਘ ਭੁੱਲਰਹੇੜੀ ਅਤੇ ਸੁਰਜੀਤ ਸਿੰਘ ਕਾਂਝਲਾ ਵੀ ਹਾਜ਼ਰ ਸਨ।

## ਰਾਮ ਬਾਗ ਵਿਖੇ ਲੋਹੜੀ ਦਾ ਤਿਉਹਾਰ ਮਨਾਇਆ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਥਾਨਕ ਰਾਮ ਬਾਗ ਵਿਖੇ ਸਰਵਹਿਤਕਾਰੀ ਸਭਾ ਸ੍ਰੀ ਰਾਮਲੀਲ੍ਹਾ ਕਮੇਟੀ ਵੱਲੋਂ ਲੋਹੜੀ ਦਾ ਤਿਉਹਾਰ ਬੜੇ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਸ਼ਰਧਾਲੂ ਔਰਤਾਂ ਵੱਲੋਂ ਪਹਿਲਾਂ ਭਜਨ ਕੀਰਤਨ ਕੀਤਾ ਗਿਆ, ਉਪਰੰਤ ਅੱਗ ਬਾਲ ਕੇ ਉਸ 'ਚ ਤਿਲ, ਰਿਓੜੀਆਂ ਪਾ ਕੇ ਭਗਵਾਨ ਸ੍ਰੀ ਰਾਮ ਅੱਗੇ ਸਰਬੱਤ ਦੇ ਭਲੇ ਲਈ ਪ੍ਰਾਥਨਾ ਕੀਤੀ। ਸਭਾ ਦੇ ਪ੍ਰਧਾਨ ਅਸ਼ੋਕ ਸੂਦ ਨੇ ਕਿਹਾ ਕਿ ਲੋਹੜੀ ਦਾ ਤਿਉਹਾਰ ਸਾਨੂੰ ਧਰਮ ਦੇ ਨਾਲ-ਨਾਲ ਸਾਡੀ ਭਾਈਚਾਰਕ ਸਾਂਝ ਵੀ ਮਜ਼ਬੂਤ ਕਰਦਾ ਹੈ, ਕਿਉਂਕਿ ਇਹ ਦਿਹਾੜਾ ਸਾਰੇ ਧਰਮਾਂ ਵੱਲੋਂ ਬੜੇ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾਂਦਾ ਹੈ। ਉਨ੍ਹਾਂ ਇਸ ਮੌਕੇ ਲੋਹੜੀ ਦੇ ਪਵਿੱਤਰ ਤਿਉਹਾਰ 'ਤੇ ਆਏ ਸ਼ਹਿਰ ਵਾਸੀਆਂ ਨੂੰ ਵਧਾਈ ਦਿੱਤੀ। ਇਸ ਮੌਕੇ ਪ੍ਰਿੰ. ਡੀ. ਡੀ. ਵਰਮਾ, ਡਾ. ਸੁਨੀਲ ਦੱਤ, ਡਾ. ਪ੍ਰਵੀਨ, ਐਡਵੋਕੇਟ ਗੌਰਵ ਗੋਇਲ, ਡਾ. ਸੰਜੀਵ ਗਰਗ, ਸਤੀਸ਼ ਸਿੰਗਲਾ, ਵਿਕਾਸ ਮਿੱਤਲ, ਅਸ਼ਵਨੀ ਸਿੰਗਲਾ, ਅਮਿਤ, ਵਿਨੋਦ ਬਾਹਰੀ, ਮਨਜੀਤ ਕੁਮਾਰੀ, ਪ੍ਰਮੋਦ ਜੈਨ, ਮਨੋਜ ਗਰਗ, ਚੇਤਨ ਚੌਰਾਇਆ, ਗਗਨ ਚੌਰਾਇਆ, ਅਸ਼ੋਕ ਬਾਹਰੀ, ਜਨਕ ਰਾਜ, ਅਸ਼ੋਕ ਮੈਣ, ਕ੍ਰਿਸ਼ਨ ਲਾਲ ਸਚਦੇਵਾ, ਸੰਜੀਵ ਰਿਕਾ, ਰਾਕੇਸ਼ ਕੁਮਾਰ, ਨਿਤਿਨ ਜੈਨ, ਪ੍ਰਵੀਨ ਜੈਨ, ਰਾਜ ਕੁਮਾਰ ਸੋਢੀ, ਅਸ਼ਵਨੀ ਸ਼ਰਮਾ, ਰਵਿੰਦਰ ਕੁਮਾਰ, ਰਾਜਨ ਗੁਲਾਟੀ, ਸੁਖਵਿੰਦਰ ਸਿੰਘ ਮਾਨ, ਸੁਰਿੰਦਰ ਕੁਮਾਰ ਲੋਟੇ, ਵਿਜੈ ਬਾਂਸਲ, ਦਰਸ਼ਨ ਚੋਪੜਾ, ਰੋਜ਼ੀ ਮਹਿੰਦਰੂ, ਅਵਤਾਰ ਸਿੰਘ ਗਿੱਲ, ਓਮਾ ਵਰਮਾ, ਮੀਨਾ ਕੁਮਾਰੀ, ਸਵਿਤਾ ਖੇੜਾ, ਰੇਨੂੰ ਵਰਮਾ, ਰਾਣੀ, ਨੀਨਾ, ਰੇਖਾ ਰਾਣੀ, ਬਲਜੀਤ ਕੌਰ ਮੌਜੂਦ ਸਨ।

## ਨੌਜਵਾਨਾਂ ਵੱਲੋਂ ਪਤੰਗਬਾਜ਼ੀ ਮੌਕੇ ਚਾਈਨਾ ਡੋਰ ਨਾ ਵਰਤਣ ਦਾ ਪ੍ਰਣ



**ਮੱਖੂ (ਰਛਪਾਲ ਸਿੰਘ ਸੰਧੂ)**-ਆਪਸੀ ਭਾਈਚਾਰਕ ਸਾਂਝ ਨੂੰ ਮਜ਼ਬੂਤ ਬਣਾਉਣ ਵਾਲਾ ਲੋਹੜੀ ਦਾ ਤਿਉਹਾਰ ਸਮੁੱਚੇ ਦੇਸ਼ ਵਿੱਚ ਬਹੁਤ ਹੀ ਉਤਸ਼ਾਹ ਨਾਲ ਮਨਾਇਆ ਜਾਂਦਾ ਹੈ। ਕੜਾਕੇ ਦੀ ਠੰਡ ਹੋਣ ਦੇ ਬਾਵਜੂਦ ਲੋਹੜੀ ਦੇ ਤਿਉਹਾਰ ਮੌਕੇ ਪਤੰਗਾਂ ਉਡਾਉਣ ਦੇ ਸ਼ੌਕੀਨ ਨੌਜਵਾਨਾਂ ਵੱਲੋਂ ਪਤੰਗਬਾਜ਼ੀ ਕਰਕੇ ਬਹੁਤ ਹੀ ਉਤਸ਼ਾਹ ਨਾਲ ਲੋਹੜੀ ਦੇ ਤਿਉਹਾਰ ਦੀਆਂ ਖੁਸ਼ੀਆਂ ਸਾਂਝੀਆਂ ਕੀਤੀਆਂ ਗਈਆਂ। ਇਸ ਮੌਕੇ ਪਤੰਗਬਾਜ਼ੀ ਕਰਨ ਦੇ ਸ਼ੌਕੀਨ ਨੌਜਵਾਨਾਂ ਵੱਲੋਂ ਇਕ ਛੱਤ 'ਤੇ ਇੱਕਠੇ ਹੋ ਕੇ ਡੀਜੇ ਲਗਾ ਕੇ ਪਤੰਗਬਾਜ਼ੀ ਕੀਤੀ ਗਈ। ਇਸ ਮੌਕੇ ਪਤੰਗਬਾਜ਼ੀ ਕਰਨ ਦੇ ਸ਼ੌਕੀਨ ਨੌਜਵਾਨ ਵੰਸ ਅਹੂਜਾ, ਸਵੇਨ ਅਹੂਜਾ, ਆਰਿਸ਼ ਗਰੋਵਰ, ਸਿਮਰਨਜੀਤ ਸਿੰਘ ਧੁੰਨਾ, ਹਿਮਾਂਸ਼ੂ, ਸਭਦ ਠੁਕਰਾਲ, ਹਿਮਾਂਸ਼ੂ ਗਰੋਵਰ, ਰਿਧਮ ਖੁਰਾਣਾ, ਦੁਸਾਂਤ ਸਿਕਰੀ, ਰਵਜੋਤ ਸਿੰਘ, ਨਿਤਿਨ ਅਹੂਜਾ, ਆਰਵ ਕੁਮਾਰ, ਪਾਰਸ ਧਵਨ, ਸ਼ਿਵਮ ਨਾਰੰਗ ਨੇ ਕਿਹਾ ਕਿ ਉਨ੍ਹਾਂ ਵੱਲੋਂ ਚਾਈਨਾ ਡੋਰ ਦੀ ਵਰਤੋਂ ਕਰਨ ਦਾ ਬਿਲਕੁੱਲ ਬਾਈਕਾਟ ਕੀਤਾ ਗਿਆ ਹੈ, ਕਿਉਂਕਿ ਇਸ ਚਾਈਨਾ ਡੋਰ ਕਾਰਨ ਕਈ ਤਰ੍ਹਾਂ ਦੇ ਹਾਦਸੇ ਵਾਪਰ ਜਾਂਦੇ ਹਨ, ਕਈ ਵਾਰ ਇਸ ਚਾਈਨਾ ਡੋਰ ਚੀਰਦੀ ਹੋਈ ਕਈ ਲੋਕਾਂ ਨੂੰ ਅਪਾਹਜ ਬਣਾ ਦਿੰਦੀ ਹੈ। ਇਸ ਲਈ ਚਾਈਨਾ ਡੋਰ ਨਾ ਵਰਤਣ ਦਾ ਪ੍ਰਣ ਕੀਤਾ ਗਿਆ ਹੈ।

## ਪਰਾਸ਼ਰ ਵੱਲੋਂ ਰੇਹੜੀ-ਫੜ੍ਹੀ ਵਾਲਿਆਂ ਲਈ ਨਿਸ਼ਾਨਦੇਹੀ ਦੇ ਆਦੇਸ਼



**ਲੁਧਿਆਣਾ (ਰਾਜ ਸਿੰਗਲਾ)**-ਟ੍ਰੈਫਿਕ ਦੀ ਆਵਾਜਾਈ ਨੂੰ ਸੁਚਾਰੂ ਬਣਾਉਣ ਲਈ ਲੁਧਿਆਣਾ ਕੇਂਦਰੀ ਦੇ ਵਿਧਾਇਕ ਅਸ਼ੋਕ ਪਰਾਸ਼ਰ ਪੱਪੀ ਨੇ ਜਨਕਪੁਰੀ ਅਤੇ ਵਿਜੇ ਨਗਰ ਇਲਾਕੇ 'ਚ ਰੇਹੜੀ-ਫੜ੍ਹੀ ਵਾਲਿਆਂ ਲਈ ਲਾਈਨਾਂ ਨਾਲ ਨਿਸ਼ਾਨਦੇਹੀ ਕਰਨ ਦੇ ਆਦੇਸ਼ ਦਿੱਤੇ। ਸ਼ੁੱਕਰਵਾਰ ਨੂੰ ਨਗਰ ਨਿਗਮ ਜ਼ੋਨਲ ਕਮਿਸ਼ਨਰ (ਜ਼ੋਨ ਬੀ) ਨੀਰਜ ਜੈਨ ਸਮੇਤ ਹੋਰ ਅਧਿਕਾਰੀਆਂ ਨਾਲ ਇਲਾਕੇ ਦਾ ਨਿਰੀਖਣ ਕਰਦੇ ਹੋਏ ਵਿਧਾਇਕ ਪਰਾਸ਼ਰ ਨੇ ਕਾਰਵਾਈ ਤੋਂ ਬਚਣ ਲਈ ਰੇਹੜੀ-ਫੜ੍ਹੀ ਵਾਲਿਆਂ ਨੂੰ ਨਿਸ਼ਾਨਬੱਧ ਜਗ੍ਹਾ ਦੇ ਅੰਦਰ ਹੀ ਆਪਣੀਆਂ ਰੇਹੜੀਆਂ ਸਥਾਪਤ ਕਰਨ ਦੀ ਅਪੀਲ ਕੀਤੀ। ਵਿਧਾਇਕ ਪਰਾਸ਼ਰ ਅਤੇ ਜ਼ੋਨਲ ਕਮਿਸ਼ਨਰ ਨੀਰਜ ਜੈਨ ਨੇ ਕਿਹਾ ਕਿ ਜਦੋਂ ਤੱਕ ਸਟ੍ਰੀਟ ਵੈਂਡਿੰਗ ਜ਼ੋਨ ਸਥਾਪਤ ਨਹੀਂ ਹੁੰਦੇ ਉਦੋਂ ਤੱਕ ਆਵਾਜਾਈ ਨੂੰ ਸੁਚਾਰੂ ਬਣਾਉਣ ਲਈ ਇਹ ਅਸਥਾਈ ਵਿਵਸਥਾ ਹੈ। ਸੰਬੰਧਤ ਨਗਰ ਨਿਗਮ ਦੇ ਅਧਿਕਾਰੀਆਂ ਨੂੰ ਕੇਂਦਰੀ ਹਲਕੇ ਵਿੱਚ ਸਟ੍ਰੀਟ ਵੈਂਡਿੰਗ ਜ਼ੋਨ ਸਥਾਪਤ ਕਰਨ ਦੇ ਕੰਮ ਵਿੱਚ ਤੇਜ਼ੀ ਲਿਆਉਣ ਦੇ ਨਿਰਦੇਸ਼ ਵੀ ਦਿੱਤੇ ਗਏ ਹਨ। ਵਿਧਾਇਕ ਨੇ ਕਿਹਾ ਕਿ ਇਸ ਦਾ ਉਦੇਸ਼ ਆਵਾਜਾਈ ਨੂੰ ਸੁਚਾਰੂ ਬਣਾਉਣਾ ਹੈ ਕਿਉਂਕਿ ਟ੍ਰੈਫਿਕ ਜਾਮ ਕਾਰਨ ਇਨ੍ਹਾਂ ਇਲਾਕਿਆਂ 'ਚ ਸ਼ਹਿਰ ਵਾਸੀਆਂ ਨੂੰ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਪਰ ਉਹ ਆਪਣੇ ਪਰਵਾਰਾਂ ਲਈ ਰੋਜ਼ੀ-ਰੋਟੀ ਕਮਾਉਣ ਵਾਲੇ ਰੇਹੜੀ-ਫੜ੍ਹੀ ਵਾਲਿਆਂ ਨੂੰ ਵੀ ਪ੍ਰੇਸ਼ਾਨ ਨਹੀਂ ਕਰਨਾ ਚਾਹੁੰਦੇ। ਇਸ ਕਾਰਨ ਇਹ ਫੈਸਲਾ ਲਿਆ ਗਿਆ ਹੈ ਕਿ ਇਲਾਕੇ 'ਚ ਲਾਈਨਾਂ ਨਾਲ ਨਿਸ਼ਾਨਦੇਹੀ ਕੀਤੀ ਜਾਵੇਗੀ ਅਤੇ ਰੇਹੜੀ-ਫੜ੍ਹੀ ਵਾਲਿਆਂ ਨੂੰ ਆਪਣੀ ਰੇਹੜੀ ਨਿਰਧਾਰਤ ਜਗ੍ਹਾ 'ਚ ਲਗਾਉਣ ਦੀ ਆਗਿਆ ਦਿੱਤੀ ਜਾਵੇਗੀ। ਇਹ ਇੱਕ ਅਸਥਾਈ ਵਿਵਸਥਾ ਹੈ।

## ਸਿਵਲ ਸਰਜਨ ਨੇ ਟੀ ਬੀ ਮਰੀਜ਼ਾਂ ਨੂੰ ਵੰਡੀਆਂ ਰਾਸ਼ਨ ਕਿੱਟਾਂ



**ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਜ਼ਿਲ੍ਹਾ ਹਸਪਤਾਲ 'ਚੋਂ ਟੀ ਬੀ ਦਾ ਇਲਾਜ ਕਰਵਾ ਰਹੇ ਮਰੀਜ਼ਾਂ ਨੂੰ ਸਰਕਾਰ ਵੱਲੋਂ ਚਲਾਈ ਗਈ "ਨਿਕਸ਼ੇ ਮਿੱਤਰਾ" ਸਕੀਮ ਤਹਿਤ ਸਿਹਤ ਵਿਭਾਗ ਅਧਿਕਾਰੀਆਂ ਵੱਲੋਂ ਰਾਸ਼ਨ ਕਿੱਟਾਂ ਵੰਡੀਆਂ ਗਈਆਂ। ਸਿਵਲ ਸਰਜਨ ਡਾ. ਦਵਿੰਦਰਜੀਤ ਕੌਰ ਨੇ ਦੱਸਿਆ ਕਿ ਸਰਕਾਰ ਵੱਲੋਂ "ਨਿਕਸ਼ੇ ਮਿੱਤਰਾ" ਪ੍ਰੋਗਰਾਮ ਸ਼ੁਰੂ ਕੀਤਾ ਹੋਇਆ ਹੈ, ਜਿਸ ਦਾ ਮਕਸਦ ਦੇਸ਼ ਨੂੰ 2025 ਤੱਕ ਟੀ ਬੀ ਮੁਕਤ ਬਣਾਉਣ ਲਈ ਇਸ ਵਿਚ ਸਵੈ-ਸੇਵੀ ਸੰਸਥਾਵਾਂ, ਵਿਅਕਤੀਆਂ ਅਤੇ ਅਦਾਰਿਆਂ ਨੂੰ ਸ਼ਾਮਲ ਕਰਕੇ ਟੀ ਬੀ ਮੁਕਤ ਮੁਹਿੰਮ ਨੂੰ ਲੋਕ ਲਹਿਰ ਬਣਾਉਣਾ ਹੈ। ਸੀਨੀਅਰ ਮੈਡੀਕਲ ਅਫਸਰ ਡਾ. ਬਲਕਾਰ ਸਿੰਘ ਨੇ ਦੱਸਿਆ ਕਿ ਕੋਈ ਵੀ ਵਿਅਕਤੀ, ਪ੍ਰਤੀਨਿਧੀ, ਸਰਕਾਰੀ ਜਾਂ ਗੈਰ ਸਰਕਾਰੀ ਸੰਸਥਾ ਦੇ ਮੁਲਾਜ਼ਮ, ਕਿਸੇ ਕਾਰਪੋਰੇਸ਼ਨ ਜਾਂ ਕੰਪਨੀ ਵੱਲੋਂ ਜ਼ਿਲ੍ਹੇ ਦੇ ਕਿਸੇ ਵੀ ਟੀ ਬੀ ਮਰੀਜ਼ ਨੂੰ ਗੋਦ ਲਿਆ ਜਾ ਸਕਦਾ ਹੈ, ਜਿਸ ਤਹਿਤ ਉਹ ਉਸ ਮਰੀਜ਼ ਨੂੰ 6 ਮਹੀਨੇ ਤੱਕ ਖਾਣ ਪੀਣ ਦਾ ਸਾਮਾਨ ਜਿਵੇਂ ਦਾਲਾਂ, ਅਨਾਜ, ਦੁੱਧ ਮੁਫ਼ਤ ਮੁਹੱਈਆ ਕਰਵਾਉਣਗੇ ਤੇ ਉਨ੍ਹਾਂ ਵੱਲੋਂ ਮਰੀਜ਼ ਨੂੰ ਪੌਸ਼ਟਿਕ ਖੁਰਾਕ ਦੇਣ ਤੋਂ ਇਲਾਵਾ ਉਸ ਦੀ ਜਾਂ ਉਸ ਦੇ ਪਰਵਾਰ ਦੀ ਕਿੱਤਾਮੁਖੀ ਸਿਖਲਾਈ ਕਰਵਾਉਣ ਤੇ ਇਲਾਜ ਪ੍ਰਬੰਧਨ ਵਿੱਚ ਵੀ ਮਦਦ ਕੀਤੀ ਜਾ ਸਕਦੀ ਹੈ। ਜ਼ਿਲ੍ਹਾ ਟੀ ਬੀ ਨੋਡਲ ਅਫਸਰ ਡਾ. ਹਰਪ੍ਰੀਤ ਕੌਰ ਨੇ ਕਿਹਾ ਕਿ ਕੋਈ ਵੀ ਵਿਅਕਤੀ ਜਾਂ ਅਦਾਰਾ "ਨਿਕਸ਼ੇ ਮਿੱਤਰਾ" 'ਤੇ ਲਾਗਇਨ ਕਰਕੇ ਰਜਿਸਟ੍ਰੇਸ਼ਨ ਫਾਰਮ 'ਤੇ ਆਪਣੇ ਆਪ ਨੂੰ ਪੰਜੀਕਰਨ ਕਰ ਸਕਦਾ ਹੈ ਤੇ ਇਸ ਪੋਰਟਲ ਤੇ ਆਪਣੀ ਸਹੂਲਤ ਮੁਤਾਬਕ ਟੀ ਬੀ ਦੇ ਮਰੀਜ਼ਾਂ ਦੀ ਚੋਣ ਵੀ ਕੀਤੀ ਜਾ ਸਕਦੀ ਹੈ। ਉਨ੍ਹਾਂ ਜ਼ਿਲ੍ਹਾ ਨਿਵਾਸੀਆਂ ਨੂੰ ਇਸ ਨੇਕ ਕੰਮ ਵਿਚ ਵਡਮੁੱਲਾ ਯੋਗਦਾਨ ਪਾਉਣ ਦੀ ਅਪੀਲ ਕੀਤੀ। ਇਸ ਮੌਕੇ ਡਿਪਟੀ ਮੈਡੀਕਲ ਕਮਿਸ਼ਨਰ ਡਾ. ਸਰਿਤਾ, ਜ਼ਿਲ੍ਹਾ ਸਮੂਹ ਸਿੱਖਿਆ ਤੇ ਸੂਚਨਾ ਅਫਸਰ ਬਲਜਿੰਦਰ ਸਿੰਘ, ਗੁਰਦੀਪ ਸਿੰਘ, ਜਸਵਿੰਦਰ ਕੌਰ, ਦਲਜੀਤ ਕੌਰ, ਅਕਵਿੰਦਰ ਕੌਰ, ਜਗਦੀਪ ਸਿੰਘ, ਹਰਪ੍ਰਤਾਪ ਤੇ ਟੀ ਬੀ ਦੇ ਮਰੀਜ਼ ਹਾਜ਼ਰ ਸਨ।

## ਬਿਜਲੀ ਖਪਤਕਾਰਾਂ ਨੂੰ ਖੱਜਲ-ਖੁਆਰ ਨਹੀਂ ਹੋਣ ਦਿੱਤਾ ਜਾਵੇਗਾ : ਐੱਸ ਡੀ ਓ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ, ਕੁਲਦੀਪ ਅੱਤਰੀ)**-ਪਾਵਰ ਕਾਰਪੋਰੇਸ਼ਨ ਉਪ ਮੰਡਲ ਦਫਤਰ ਲੌਂਗੋਵਾਲ ਵਿਖੇ ਨਵੇਂ ਆਏ ਐ ਸ.ਡੀ.ਓ. ਸ਼ਰਨਜੀਤ ਸਿੰਘ ਨੇ ਆਪਣਾ ਚਾਰਜ ਸੰਭਾਲ ਲਿਆ ਹੈ। ਉਨ੍ਹਾ ਕਿਹਾ ਕਿ ਇਲਾਕੇ ਦੇ ਕਿਸੇ ਵੀ ਖਪਤਕਾਰ ਨੂੰ ਖੱਜਲ-ਖੁਆਰ ਨਹੀਂ ਹੋਣ ਦਿੱਤਾ ਜਾਵੇਗਾ। ਐਸ.ਡੀ.ਓ ਨੇ ਦਫਤਰੀ ਮੁਲਾਜ਼ਮਾਂ ਨਾਲ ਮੀਟਿੰਗ ਕਰਦਿਆਂ ਕਿਹਾ ਕਿ ਦਫਤਰ ਵਿਖੇ ਹਰ ਖਪਤਕਾਰ ਦਾ ਪਹਿਲ ਦੇ ਆਧਾਰ 'ਤੇ ਕੰਮਕਾਜ ਕੀਤਾ ਜਾਵੇ।

ਉਨ੍ਹਾ ਆਮ ਜਨਤਾ ਨੂੰ ਅਪੀਲ ਕੀਤੀ ਕਿ ਬਿਜਲੀ ਦੀ ਚੋਰੀ ਤੁਰੰਤ ਬੰਦ ਕੀਤੀ ਜਾਵੇ ਅਤੇ ਚੋਰੀ ਕਰਨ ਵਾਲੇ ਖਪਤਕਾਰਾਂ ਨੂੰ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾ ਪਬਲਿਕ ਨੂੰ ਬਕਾਇਆ ਬਿਜਲੀ ਦੇ ਬਿੱਲਾਂ ਦਾ ਭੁਗਤਾਨ ਕਰਨ ਦੀ ਅਪੀਲ ਕੀਤੀ। ਐਸ.ਡੀ.ਓ. ਸ਼ਰਨਜੀਤ ਸਿੰਘ ਸੁਨਾਮ ਤੋਂ ਬਦਲ ਕੇ ਲੌਂਗੋਵਾਲ ਦਫਤਰ ਵਿਖੇ ਆਏ ਹਨ।

## ਜੀ ਐੱਚ ਜੀ ਕਾਲਜ ਆਫ ਨਰਸਿੰਗ 'ਚ ਮਨਾਈ ਲੋਹੜੀ

**ਹਠੂਰ/ਰਾਏਕੋਟ (ਨਛੱਤਰ ਸੰਧੂ)**-ਇਲਾਕੇ ਦੀ ਨਾਮਵਰ ਸੰਸਥਾ ਜੀ.ਐੱਚ.ਜੀ. ਕਾਲਜ ਆਫ ਨਰਸਿੰਗ ਰਾਏਕੋਟ ਵਿਖੇ ਲੋਹੜੀ ਦਾ ਤਿਉਹਾਰ ਬੜੀ ਧੂੰਮ-ਧਾਮ ਨਾਲ ਮਨਾਇਆ ਗਿਆ। ਇਸ ਮੌਕੇ ਕਾਲਜ ਚੇਅਰਮੈਨ ਡਾ: ਬੀ. ਐੱਲ. ਬਾਂਸਲ, ਡਾਇਰੈਕਟਰ ਡਾ: ਵਰੁਣ ਬਾਂਸਲ, ਪ੍ਰਿੰਸੀਪਲ ਕਰਮਵੀਰ ਕੌਰ ਤੇ ਸਾਰਾ ਸਟਾਫ ਮੌਜੂਦ ਸੀ। ਕਾਲਜ ਚੇਅਰਮੈਨ ਤੇ ਪ੍ਰਿੰਸੀਪਲ ਨੇ ਬੱਚਿਆਂ ਤੇ ਸਟਾਫ ਨੂੰ ਲੋਹੜੀ ਦੀ ਮੁਬਾਰਕਬਾਦ ਦਿੱਤੀ ਅਤੇ ਸਾਰਿਆਂ ਨੇ ਨੱਚ-ਟੱਪ ਕੇ ਖੂਬ ਰੌਣਕਾਂ ਲਾਈਆਂ।



# ਪਰਾਲੀ ਸਾੜਨ ਦੇ ਕਾਰਨ ਜਾਣਨ ਲਈ ਡੀ ਸੀ ਵੱਲੋਂ ਕਿਸਾਨਾਂ ਨਾਲ ਮੀਟਿੰਗ

## * ਅਗਲੇ ਝੋਨੇ ਦੇ ਸੀਜ਼ਨ ਤੋਂ ਪਹਿਲਾਂ ਬੇਲਰ ਮਸ਼ੀਨਾਂ ਲੈਣ ਦੀ ਅਪੀਲ



ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਗੁਰਜੀਤ ਬਿੱਲਾ)-ਪਰਾਲੀ ਨੂੰ ਅੱਗ ਲਗਾਉਣ ਦੀਆਂ ਘਟਨਾਵਾਂ ਨੂੰ ਰੋਕਣ ਲਈ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਮਸ਼ੀਨਰੀ ਦੀ ਸੁਚੱਜੀ ਵਰਤੋਂ ਬਾਰੇ ਜਾਗਰੂਕ ਕਰਨ ਲਈ ਡਿਪਟੀ ਕਮਿਸ਼ਨਰ ਸ਼੍ਰੀ ਜੈਨ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਸ਼ਾਸਨ ਨੇ ਕਿਸਾਨਾਂ ਨੂੰ ਮਸ਼ੀਨਰੀ 'ਤੇ ਉਪਲਬਧ ਵੱਡੀ ਸਬਸਿਡੀ ਸਕੀਮ ਬਾਰੇ ਜਾਣੂ ਕਰਵਾਉਣ ਲਈ ਉਨ੍ਹਾਂ ਨਾਲ ਤਾਲਮੇਲ ਕੀਤਾ। ਬਨੂੜ ਅਤੇ ਮਨੌਲੀ ਸੂਰਤ ਵਿਖੇ ਕਿਸਾਨਾਂ ਨਾਲ ਮੀਟਿੰਗ ਕਰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪੰਜਾਬ ਦੀ ਭਗਵੰਤ ਸਿੰਘ ਮਾਨ ਸਰਕਾਰ ਪਰਾਲੀ ਸਾੜਨ ਦੀਆਂ ਘਟਨਾਵਾਂ ਤੋਂ ਚਿੰਤਤ ਹੈ ਜਿਸ ਨਾਲ ਵਾਤਾਵਰਨ ਦੇ ਨਾਲ-ਨਾਲ ਬਨਸਪਤੀ ਅਤੇ ਜੀਵ-ਜੰਤੂਆਂ ਨੂੰ ਵੀ ਨੁਕਸਾਨ ਹੁੰਦਾ ਹੈ। ਉਨ੍ਹਾਂ ਕਿਹਾ ਕਿ ਜਿਵੇਂ ਕਿ ਨੈਸ਼ਨਲ ਗ੍ਰੀਨ ਟ੍ਰਿਬਿਊਨਲ ਅਤੇ ਭਾਰਤ ਦੀ ਸੁਪਰੀਮ ਕੋਰਟ ਨੇ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਰੋਕਣ ਲਈ ਰਾਜਾਂ ਨੂੰ ਨਿਰਦੇਸ਼ ਦਿੱਤੇ ਹਨ, ਇਸ ਲਈ ਸਾਨੂੰ ਉੱਚ ਸਬਸਿਡੀ ਵਾਲੀ ਕੀਮਤ 'ਤੇ ਉਪਲਬਧ ਫਸਲਾਂ ਦੀ ਰਹਿੰਦ-ਖੂੰਹਦ ਪ੍ਰਬੰਧਨ ਮਸ਼ੀਨਰੀ ਦੀ ਮਦਦ ਨਾਲ ਵਾਤਾਵਰਣ ਪੱਖੀ ਹੱਲ ਲਈ ਜਾਣਾ ਚਾਹੀਦਾ ਹੈ। ਬਨੂੜ ਵਿਖੇ ਕਿਸਾਨਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਮੰਗ ਅਨੁਸਾਰ ਲੋੜੀਂਦੀ ਮਸ਼ੀਨਰੀ ਉਪਲਬਧ ਕਰਵਾਉਣ ਦਾ ਭਰੋਸਾ ਦਿੱਤਾ ਅਤੇ ਉਨ੍ਹਾਂ ਨੂੰ ਪੰਚਾਇਤਾਂ ਅਤੇ ਸਹਿਕਾਰੀ ਸਭਾਵਾਂ ਦੀ ਤਰਫੋਂ ਪੋਰਟਲ ਖੋਲ੍ਹੇ ਜਾਣ 'ਤੇ ਆਉਣ ਵਾਲੇ ਦਿਨਾਂ ਵਿੱਚ ਅਪਲਾਈ ਕਰਨ ਲਈ ਕਿਹਾ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਦੇ ਉਦਯੋਗਾਂ ਵਿੱਚ ਆਪਣੀ ਪਰਾਲੀ ਬਾਲਣ ਆਧਾਰਿਤ ਬਾਇਲਰ ਤਕਨਾਲੋਜੀ ਨੂੰ ਵਧਾਇਆ ਜਾ ਰਿਹਾ ਹੈ, ਜਿਸ ਨਾਲ ਮੌਜੂਦਾ ਸਮਰੱਥਾ 4 ਲੱਖ ਮੀਟ੍ਰਿਕ ਟਨ ਸਾਲਾਨਾ ਹੋ ਜਾਵੇਗੀ ਤਾਂ ਜੋ ਉਹ ਇਨ੍ਹਾਂ ਉਦਯੋਗਾਂ ਨੂੰ ਪਰਾਲੀ ਦੀ ਸਪਲਾਈ ਕਰ ਸਕਣ ਕਿਉਂਕਿ ਪਰਾਲੀ ਦੇ ਨਿਪਟਾਰੇ ਲਈ ਬੇਲਰ ਜ਼ਿਆਦਾ ਫਾਇਦੇਮੰਦ ਹੁੰਦੇ ਹਨ। ਇਸ ਲਈ ਸਾਨੂੰ ਪਰਾਲੀ ਸਾੜਨ ਦੇ ਮੁੱਦੇ ਨਾਲ ਨਜਿੱਠਣ ਲਈ ਵੱਧ ਤੋਂ ਵੱਧ ਬੇਲਰ ਮਸ਼ੀਨਰੀ ਦਾ ਪ੍ਰਬੰਧ ਕਰਨਾ ਚਾਹੀਦਾ ਹੈ।

ਇਸੇ ਤਰ੍ਹਾਂ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਸੋਨਮ ਚੌਧਰੀ ਨੇ ਪਿੰਡ ਬਾਸਮਾ ਦਾ ਦੌਰਾ ਕੀਤਾ ਅਤੇ ਅੱਗ ਲੱਗਣ ਦੀਆਂ ਘਟਨਾਵਾਂ ਨੂੰ ਘੱਟ ਕਰਨ ਵਿੱਚ ਕਿਸਾਨਾਂ ਦੀ ਭੂਮਿਕਾ ਦੀ ਸ਼ਲਾਘਾ ਕੀਤੀ। ਇੱਥੇ ਅੱਗ ਲਾਉਣ ਦੀਆਂ ਘਟਨਾਵਾਂ ਦੀ ਗਿਣਤੀ ਸੱਤ ਤੋਂ ਘਟ ਕੇ ਇਕੱਲੇ ਇੱਕ ਕੇਸ ਤੱਕ ਪਹੁੰਚ ਗਈ ਹੈ। ਡਿਪਟੀ ਕਮਿਸ਼ਨਰ ਜੈਨ ਨੇ ਕਿਹਾ ਕਿ ਅਸੀਂ ਸਭ ਤੋਂ ਵੱਧ ਪਰਾਲੀ ਸਾੜਨ ਵਾਲੇ ਅਤੇ ਘੱਟ ਤੋਂ ਘੱਟ ਜਾਂ ਜ਼ੀਰੋ ਕੇਸਾਂ ਵਾਲੇ ਪਿੰਡਾਂ ਦਾ ਵਿਸ਼ਲੇਸ਼ਣ ਕਰ ਰਹੇ ਹਾਂ ਤਾਂ ਜੋ ਉਸ ਅਨੁਸਾਰ ਭਵਿੱਖੀ ਰਣਨੀਤੀ ਬਣਾਈ ਜਾ ਸਕੇ।

# ਵਾਇਸ ਆਫ਼ ਮਾਨਸਾ ਨੇ ਲੋੜਵੰਦ ਵਿਅਕਤੀਆਂ ਨੂੰ ਵੰਡੇ ਕੰਬਲ ਤੇ ਗਰਮ ਕੱਪੜੇ



ਮਾਨਸਾ (ਆਤਮਾ ਸਿੰਘ ਪਮਾਰ)-ਮਾਘੀ ਮੌਕੇ ਵਾਇਸ ਆਫ਼ ਮਾਨਸਾ ਦੇ ਸੀਨੀਅਰ ਆਗੂ ਡਾ. ਸੰਦੀਪ ਘੰਡ, ਅਤਾ ਹਰਦੀਪ ਸਿੱਧੂ ਦੀ ਅਗਵਾਈ 'ਚ ਮਾਨਸਾ ਸ਼ਹਿਰ ਦੇ ਰੇਲਵੇ ਸਟੇਸ਼ਨ, ਭੱਠਾ ਬਸਤੀ ਅਤੇ ਹੋਰ ਸਲੱਮ ਏਰੀਆ ਵਿੱਚ ਗਰਮ ਕੰਬਲ ਵੰਡੇ ਗਏ। ਇਸ ਤੋਂ ਇਲਾਵਾ ਕੁਸ਼ਟ ਆਸ਼ਰਮ ਵਿਖੇ ਵੱਖ-ਵੱਖ ਤਰ੍ਹਾਂ ਦੇ ਪਾਉਣ ਵਾਲੇ ਗਰਮ ਕੱਪੜੇ ਵੀ ਵੰਡੇ ਗਏ। ਡਾ. ਸੰਦੀਪ ਘੰਡ ਨੇ ਕਿਹਾ ਕਿ ਪੈ ਰਹੀ ਭਾਰੀ ਧੁੰਦ ਅਤੇ ਸਰਦੀ ਕਾਰਨ ਸਲੱਮ ਏਰੀਆ ਵਿੱਚ ਰਹਿ ਰਹੇ ਲੋਕਾਂ ਨੂੰ ਵੱਡੀ ਮੁਸ਼ਕਲ ਪੇਸ਼ ਆ ਰਹੀ ਹੈ, ਜਿਸ ਤਹਿਤ ਵੱਡੀ ਗਿਣਤੀ ਵਿੱਚ ਗਰਮ ਕੰਬਲ ਵੰਡੇ ਗਏ। ਡਾ. ਘੰਡ ਨੇ ਹੋਰਨਾਂ ਸੰਸਥਾਵਾਂ ਨੂੰ ਵੀ ਅਪੀਲ ਕੀਤੀ ਕਿ ਠੰਢ ਦੇ ਮੱਦੇਨਜ਼ਰ ਲੋੜਵੰਦ ਲੋਕਾਂ ਨੂੰ ਵੱਧ ਤੋਂ ਵੱਧ ਗਰਮ ਕੱਪੜੇ ਵੰਡੇ ਜਾਣ ਤਾਂ ਕਿ ਉਨ੍ਹਾਂ ਦੀਆਂ ਦਿੱਕਤਾਂ ਘੱਟ ਹੋ ਸਕਣ। ਡਾ. ਘੰਡ ਨੇ ਦੱਸਿਆ ਕਿ ਵਾਇਸ ਆਫ਼ ਮਾਨਸਾ ਦੇ ਪ੍ਰਧਾਨ ਡਾ. ਜਨਕ ਰਾਜ ਸਿੰਗਲਾ ਦੀ ਅਗਵਾਈ 'ਚ ਲੋੜਵੰਦ ਵਿਅਕਤੀਆਂ ਨੂੰ ਗਰਮ ਕੱਪੜੇ ਅਤੇ ਕੰਬਲ ਲਗਾਤਾਰ ਵੰਡੇ ਜਾ ਰਹੇ ਹਨ ਤਾਂ ਕਿ ਭਾਰੀ ਠੰਢ ਦੌਰਾਨ ਇਨ੍ਹਾਂ ਲੋਕਾਂ ਦੀ ਲੋੜੀਂਦੀ ਮਦਦ ਕੀਤੀ ਜਾ ਸਕੇ।

# ਮਾਘੀ ਦੀ ਸੰਗਰਾਂਦ ਮੌਕੇ ਭਾਰੀ ਗਿਣਤੀ 'ਚ ਗੁਰੂ ਘਰ ਨਤਮਸਤਕ ਹੋਈਆਂ ਸੰਗਤਾਂ



ਮਾਛੀਵਾੜਾ ਸਾਹਿਬ, (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਚਰਨ ਛੋਹ ਪ੍ਰਾਪਤ ਇਤਿਹਾਸਕ ਧਰਤੀ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਵਿਖੇ ਮਾਘੀ ਮਹੀਨੇ ਦੀ ਸੰਗਰਾਂਦ ਦਾ ਦਿਹਾੜਾ ਪ੍ਰਬੰਧਕਾਂ ਵਲੋਂ ਸੰਗਤਾਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਗੁਰਦੁਆਰਾ ਸਾਹਿਬ ਦੇ ਮੈਨੇਜਰ ਭਾਈ ਗੁਰਬਖ਼ਸ਼ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਨਾਨਕਸ਼ਾਹੀ ਕੈਲੰਡਰ ਅਨੁਸਾਰ ਦੇਸੀ ਮਹੀਨੇ ਮਾਘ ਦੀ ਸੰਗਰਾਂਦ ਦਾ ਦਿਹਾੜਾ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ।

ਇਸ ਮੌਕੇ ਅੱਜ ਸਵੇਰੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਇਸ ਉਪਰੰਤ ਹਜ਼ੂਰੀ ਰਾਗੀ ਭਾਈ ਭੁਪਿੰਦਰ ਸਿੰਘ, ਗੁਰਮੇਲ ਸਿੰਘ ਤੇ ਹਰਵਿੰਦਰ ਸਿੰਘ ਵਲੋਂ ਰਸਭਿੰਨਾ ਕੀਰਤਨ ਕੀਤਾ ਗਿਆ। ਪੰਥਕ ਢਾਡੀ ਜੱਥੇ ਗਿਆਨੀ ਲਖਵਿੰਦਰ ਸਿੰਘ, ਗੁਰਦੇਵ ਸਿੰਘ ਹੀਰਾ, ਗਿਆਨੀ ਜੰਗ ਸਿੰਘ ਪ੍ਰਦੇਸੀ, ਸੁਖਵਿੰਦਰ ਸਿੰਘ ਸੋਹਲ ਅਤੇ ਢਾਡੀ ਗੁਰਮੇਲ ਸਿੰਘ ਚੌਹਾਨ ਦੇ ਜੱਥਿਆਂ ਵਲੋਂ ਇਤਿਹਾਸਕ ਪ੍ਰਸੰਗ ਸੁਣਾਏ ਗਏ। ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਮਨਜੀਤ ਸਿੰਘ ਵਲੋਂ ਮਾਘੀ ਮਹੀਨੇ ਦੀ ਮਹੱਤਤਾ ਬਾਰੇ ਚਾਨਣ ਪਾਇਆ ਗਿਆ ਅਤੇ ਮੁਕਤਸਰ ਖਦਰਾਣੇ ਦੀ ਢਾਬ ਦੇ ਇਤਿਹਾਸ ਬਾਰੇ ਵੀ ਖੁੱਲ੍ਹ ਕੇ ਜਾਣਕਾਰੀ ਦਿੱਤੀ। ਇਸ ਤੋਂ ਇਲਾਵਾ ਹੋਰ ਵੀ ਜਥਿਆਂ ਵਲੋਂ ਇਤਿਹਾਸਕ ਪ੍ਰਸੰਗ ਸੁਣਾਏ ਗਏ। ਸੰਗਤਾਂ ਵਲੋਂ ਕੜਾਕੇ ਦੀ ਠੰਢ ਦੇ ਬਾਵਜੂਦ ਵੀ ਭਾਰੀ ਗਿਣਤੀ 'ਚ ਪੁੱਜ ਕੇ ਇਤਿਹਾਸਕ ਖੂਹ ਸਾਹਿਬ ਅਤੇ ਜੰਡ ਸਾਹਿਬ ਦੇ ਵੀ ਦਰਸ਼ਨ ਕੀਤੇ ਗਏ। ਇਸ ਮੌਕੇ ਗੁਰੂ ਘਰ ਦੇ ਨਿਸ਼ਕਾਮ ਸੇਵਾ ਬਾਬਾ ਮੋਹਣ ਸਿੰਘ, ਹੈੱਡ ਗ੍ਰੰਥੀ ਹਰਪਾਲ ਸਿੰਘ ਗੁਰਮੁਖ, ਕਰਨੈਲ ਸਿੰਘ, ਗ੍ਰੰਥੀ ਗੁਰਪ੍ਰੀਤ ਸਿੰਘ, ਬਾਬਾ ਬਲਜੀਤ ਸਿੰਘ ਬੁਰਜ, ਅਕਾਊਂਟੈਂਟ ਸੁਖਦੇਵ ਸਿੰਘ, ਖਜਾਨਚੀ ਜਸਪਿੰਦਰ ਸਿੰਘ, ਭੁਪਿੰਦਰ ਸਿੰਘ ਰਿਕਾਰਡ ਕੀਪਰ, ਗੁਲਜ਼ਾਰ ਸਿੰਘ ਸਟੋਰ ਕੀਪਰ, ਅਨਮੋਲ ਸਿੰਘ ਆਦਿ ਵੀ ਮੌਜੂਦ ਸਨ।

# ਬਾਬਾ ਬੁੱਢਾ ਵੰਸ਼ਜ ਜਥੇ ਸਮੇਤ ਪੰਜ ਸਰੋਵਰਾਂ ਦੇ ਜਲ ਦੀ ਗਾਗਰ ਲੈ ਕੇ ਪਟਨਾ ਸਾਹਿਬ ਰਵਾਨਾ



ਅੰਮ੍ਰਿਤਸਰ (ਨਜ਼ਸ)—ਹਰ ਸਾਲ ਦੀ ਤਰ੍ਹਾਂ ਬਾਬਾ ਬੁੱਢਾ ਸਾਹਿਬ ਜੀ ਦੀ ਅੰਸ-ਬੰਸ ਪ੍ਰੋ: ਬਾਬਾ ਨਿਰਮਲ ਸਿੰਘ ਰੰਧਾਵਾ ਸਪੁੱਤਰ ਸੰਤ ਅਮਰੀਕ ਸਿੰਘ ਰੰਧਾਵਾ (ਮੁਖੀ ਸੰਪਰਦਾ ਬਾਬਾ ਬੁੱਢਾ ਵੰਸ਼ਜ ਗੁਰੂ ਕੇ ਹਾਲੀ ਰੰਧਾਵੇ ਗੁਰੂ ਕੀ ਵਡਾਲੀ-ਛੇਹਰਟਾ) ਜਥੇ ਸਮੇਤ ਅੰਮ੍ਰਿਤਸਰ ਦੇ ਪੰਜ ਸਰੋਵਰਾਂ (ਸ੍ਰੀ ਸੰਤੋਖਸਰ ਸਾਹਿਬ, ਸ੍ਰੀ ਰਾਮਸਰ ਸਾਹਿਬ, ਸ੍ਰੀ ਬਿਬੇਕਸਰ ਸਾਹਿਬ, ਸ੍ਰੀ ਕੌਲਸਰ ਸਾਹਿਬ ਅਤੇ ਸ੍ਰੀ ਅੰਮ੍ਰਿਤਸਰ ਸਾਹਿਬ) 'ਚੋਂ ਮਰਿਆਦਾ ਨਾਲ ਭਰੀ ਜਲ ਦੀ ਗਾਗਰ ਲੈ ਕੇ ਤਖਤ ਸ੍ਰੀ ਪਟਨਾ ਸਾਹਿਬ ਨੂੰ ਹਾਵੜਾ ਮੇਲ ਰੇਲ ਰਾਹੀਂ ਰਵਾਨਾ ਹੋ ਗਏ ਹਨ। ਗਾਗਰ ਦੇ ਇਸ ਪਵਿੱਤਰ ਜਲ ਨਾਲ ਤਖਤ ਸ੍ਰੀ ਪਟਨਾ ਸਾਹਿਬ (ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਅਸਥਾਨ) ਦਾ 17 ਜਨਵਰੀ ਨੂੰ ਅੰਮ੍ਰਿਤ ਵੇਲੇ ਤਖਤ ਸ੍ਰੀ ਪਟਨਾ ਸਾਹਿਬ ਦੇ ਜਥੇਦਾਰ ਸਾਹਿਬ ਵੱਲੋਂ ਮਾਤਾ ਗੁਜਰ ਕੌਰ ਜੀ ਦੇ ਖੂਹ ਦੇ ਜਲ ਦੀਆਂ ਦੋ ਗਾਗਰਾਂ ਸਮੇਤ ਇਸ਼ਨਾਨ ਕਰਵਾਇਆ ਜਾਵੇਗਾ।

ਪ੍ਰੋ: ਬਾਬਾ ਨਿਰਮਲ ਸਿੰਘ ਰੰਧਾਵਾ ਦੇ ਜਥੇ ਨਾਲ ਭਾਈ ਗੁਰਦੇਵ ਸਿੰਘ, ਭਾਈ ਅਜਮੇਰ ਸਿੰਘ ਭੈਲ, ਭਾਈ ਸੰਤਾ ਸਿੰਘ, ਭਾਈ ਬਲਦੇਵ ਸਿੰਘ ਜੀਰਾ, ਬਾਬਾ ਯਾਦਵਿੰਦਰ ਸਿੰਘ ਪਟਿਆਲਾ, ਬਾਬਾ ਰਘਬੀਰ ਸਿੰਘ ਰੰਧਾਵਾ, ਭਾਈ ਗੁਰਸ਼ੇਰ ਸਿੰਘ ਸ਼ਾਮਲ ਹਨ। ਯਾਦ ਰਹੇ ਕਿ ਪ੍ਰੋ: ਬਾਬਾ ਰੰਧਾਵਾ ਵੱਲੋਂ ਪਿਛਲੇ 7 ਸਾਲਾਂ ਤੋਂ ਅੰਮ੍ਰਿਤਸਰ ਦੇ ਪੰਜ ਸਰੋਵਰਾਂ ਦੇ ਜਲ ਦੀ ਗਾਗਰ ਤਖਤ ਸ੍ਰੀ ਪਟਨਾ ਸਾਹਿਬ ਦੇ ਇਸ਼ਨਾਨ ਦੀ ਸੇਵਾ ਵਿਚ ਭੇਟਾ ਕੀਤੀ ਜਾ ਰਹੀ ਹੈ।

# ਪੀੜਤ ਦੁਕਾਨਦਾਰ ਦੀ ਸ੍ਰੀ ਹੇਮਕੁੰਟ ਸਾਹਿਬ ਲੰਗਰ ਸੇਵਾ ਸੁਸਾਇਟੀ ਵੱਲੋਂ ਮਾਲੀ ਮਦਦ

ਅਜਨਾਲਾ (ਸੁਖਜਿੰਦਰ ਸਿੰਘ ਰਾਜੂ)-ਬੀਤੇ ਦਿਨੀਂ ਪਿੰਡ ਭਿੰਡੀ ਔਲਖ ਵਿਖੇ ਸਪੇਅਰ ਪਾਰਟਸ ਦੀ ਦੁਕਾਨ ਨੂੰ ਅੱਗ ਲੱਗਣ ਕਾਰਨ ਹੋਏ ਮਾਲੀ ਨੁਕਸਾਨ ਤੋਂ ਰਾਹਤ ਦਿਵਾਉਣ ਲਈ ਦੁਕਾਨਦਾਰ ਦੀ ਅੱਜ ਸ੍ਰੀ ਹੇਮਕੁੰਟ ਸਾਹਿਬ ਲੰਗਰ ਸੇਵਾ ਸੋਸਾਇਟੀ ਵੱਲੋਂ 21000 ਰੁਪਏ ਦੀ ਮਾਲੀ ਮਦਦ ਕੀਤੀ ਗਈ। ਇਸ ਮੌਕੇ ਸ੍ਰੀ ਹੇਮਕੁੰਟ ਸਾਹਿਬ ਲੰਗਰ ਸੇਵਾ ਸੋਸਾਇਟੀ ਦੇ ਸਰਪਰਸਤ ਅਮਰਜੀਤ ਸਿੰਘ ਬਾਜਵਾ ਅਤੇ ਖਜਾਨਚੀ ਵਿਜੇ ਕੁਮਾਰ ਅਰੋੜਾ ਵੱਲੋਂ ਦੱਸਿਆ ਗਿਆ ਕਿ ਪਿੰਡ ਝੁੰਜ ਦੇ ਬਾਬਾ ਲਾਡੀ ਜੋ ਕਿ ਸ੍ਰੀ ਹੇਮਕੁੰਟ ਸਾਹਿਬ ਲੰਗਰ ਸੇਵਾ ਸੋਸਾਇਟੀ ਦੇ ਸੇਵਾਦਾਰ ਵੀ ਹਨ, ਦੇ ਭਰਾ ਅੰਗਰੇਜ਼ ਸਿੰਘ ਜਿਨ੍ਹਾਂ ਦੀ ਭਿੰਡੀ ਔਲਖ ਅੱਡੇ ਵਿਖੇ ਸਪੇਅਰ ਪਾਰਟਸ ਦੀ ਦੁਕਾਨ 'ਚ 3 ਜਨਵਰੀ ਦੀ ਰਾਤ ਅੱਗ ਲੱਗਣ ਕਾਰਨ ਭਾਰੀ ਨੁਕਸਾਨ ਹੋਇਆ ਸੀ। ਅੱਜ ਸ੍ਰੀ ਹੇਮਕੁੰਟ ਸਾਹਿਬ ਲੰਗਰ ਸੇਵਾ ਸੋਸਾਇਟੀ ਵੱਲੋਂ ਅਮਰਜੀਤ ਸਿੰਘ ਬਾਜਵਾ, ਸੁਖਜਿੰਦਰ ਸਿੰਘ ਰਾਜੂ, ਵਿਜੇ ਕੁਮਾਰ ਅਰੋੜਾ, ਪਰਮਜੀਤ ਸਿੰਘ ਪੰਮਾ, ਡਾਕਟਰ ਜਸਬੀਰ ਸਿੰਘ ਵੱਲੋਂ ਸਾਂਝੇ ਤੌਰ 'ਤੇ ਸੁਸਾਇਟੀ ਵੱਲੋਂ ਪਰਿਵਾਰ ਨੂੰ 21000 ਰੁਪਏ ਦੀ ਮਾਲੀ ਮਦਦ ਕੀਤੀ ਗਈ ਅਤੇ ਇਸ ਮੌਕੇ ਬਾਬਾ ਲਾਡੀ ਨੇ ਸ੍ਰੀ ਹੇਮਕੁੰਟ ਸਾਹਿਬ ਲੰਗਰ ਸੇਵਾ ਸੋਸਾਇਟੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਸੁਸਾਇਟੀ ਕੋਰੋਨਾ ਦੌਰਾਨ ਵੀ ਬਹੁਤ ਜ਼ਿਆਦਾ ਅਜਨਾਲਾ ਹਲਕੇ 'ਚ ਸੁੱਕੇ ਰਾਸ਼ਨ ਦੀ ਸੇਵਾ ਕਰ ਚੁੱਕੀ ਹੈ ਅਤੇ ਅੱਜ ਇਨ੍ਹਾਂ ਨੇ ਇਸ ਪਰਿਵਾਰ ਦੀ ਆਣ ਕੇ ਸਾਰ ਲਈ ਹੈ। ਇਸ ਮੌਕੇ ਸੁਸਾਇਟੀ ਦੇ ਪ੍ਰਧਾਨ ਸਰਵਣ ਸਿੰਘ ਨੇਪਾਲ, ਭਗਵੰਤ ਸਿੰਘ ਗੁੱਜਰਪੁਰਾ, ਬਾਬਾ ਮਹਿੰਦਰ ਸਿੰਘ ਸੂਰੇਪੁਰ ਵਾਲੇ, ਜਸਬੀਰ ਸਿੰਘ ਢਿੱਲੋਂ, ਰਸ਼ਪਾਲ ਸਿੰਘ ਕਾਜ਼ੀਆਂ, ਪਰਮਜੀਤ ਸਿੰਘ ਪੰਮਾ, ਤਜਿੰਦਰ ਸਿੰਘ ਸੋਨੂ ਅਤੇ ਡਾਕਟਰ ਦਲਬੀਰ ਸਿੰਘ ਆਦਿ ਹਾਜ਼ਰ ਸਨ।

# ਸਰਹੱਦੀ ਲੋਕ ਸੇਵਾ ਸਮਿਤੀ ਨੇ ਪਿੰਡ ਸਾਂਦੜ ਵਿਖੇ ਧੀਆਂ ਨਾਲ ਮਨਾਈ ਲੋਹੜੀ



ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਦੇਸ਼ ਅਤੇ ਸਮਾਜ ਭਲਾਈ ਕੰਮਾਂ ਲਈ ਕੰਮ ਕਰ ਰਹੀ ਸਰਹੱਦੀ ਲੋਕ ਸੇਵਾ ਸਮਿਤੀ ਵੱਲੋਂ ਅੱਜ ਮੱਕਰ ਸੰਕਰਾਂਤੀ ਦੇ ਮੌਕੇ ਉੱਤੇ ਪਿੰਡ ਸਾਂਦੜ ਵਿਖੇ ਧੀਆਂ ਨਾਲ ਲੋਹੜੀ ਮਨਾਈ ਗਈ। ਸਰਹੱਦੀ ਲੋਕ ਸੇਵਾ ਸਮਿਤੀ ਦੇ ਜ਼ਿਲ੍ਹਾ ਪ੍ਰਧਾਨ ਤਰਸੇਮ ਸ਼ਰਮਾ, ਜ਼ਿਲਾ ਮਹਾ ਮੰਤਰੀ ਸੰਜੀਵ ਸ਼ਰਮਾ, ਯੁਵਾ ਬਲਾਕ ਪ੍ਰਧਾਨ ਭੁਪਿੰਦਰ ਸਿੰਘ ਨੇ ਪਿੰਡ ਦੇ ਨੰਬਰਦਾਰ ਰਮੇਲ ਸਿੰਘ, ਬਚਨ ਸਿੰਘ ਅਤੇ ਪੁਰਸ਼ੋਤਮ ਲਾਲ ਦੀ ਅਗਵਾਈ ਵਿੱਚ ਧੀਆਂ ਨੂੰ ਜ਼ਰੂਰਤ ਦਾ ਸਾਮਾਨ ਦਿੱਤਾ। ਦੱਸਣਯੋਗ ਹੈ ਕਿ ਸਰਹੱਦੀ ਲੋਕ ਸੇਵਾ ਸਮਿਤੀ ਲਗਾਤਾਰ ਸਮਾਜ ਦੇ ਲੋਕਾਂ ਅਤੇ ਦੇਸ਼ ਦੇ ਹਿੱਤ ਵਿੱਚ ਕੰਮ ਕਰ ਰਹੀ ਹੈ। ਤਰਸੇਮ ਸ਼ਰਮਾ ਨੇ ਦੱਸਿਆ ਕਿ ਸਰਹੱਦੀ ਲੋਕ ਸੇਵਾ ਸਮਿਤੀ ਵੱਲੋਂ ਸਮੇਂ-ਸਮੇਂ ਤੇ ਜਿੱਥੇ ਦੇਸ਼ ਦੀ ਇਕਜੁੱਟਤਾ ਅਤੇ ਅਖੰਡਤਾ ਨੂੰ ਕਾਇਮ ਕਰਨ ਲਈ ਉਪਰਾਲੇ ਕੀਤੇ ਜਾ ਰਹੇ ਹਨ ਉੱਥੇ ਹੀ ਲੋਕਾਂ ਵਿੱਚ ਤਿਉਹਾਰਾਂ ਨੂੰ ਮਾਉਣ ਲਈ ਮਿਲਵਰਤਨ ਅਤੇ ਪਿਆਰ ਦੀ ਭਾਵਨਾ ਨੂੰ ਵਧਾਇਆ ਜਾ ਰਿਹਾ ਹੈ। ਸਮਿਤੀ ਦੇ ਮਹਾਂ ਮੰਤਰੀ ਸੰਜੀਵ ਸ਼ਰਮਾ ਨੇ ਦੱਸਿਆ ਕਿ ਸਰਹੱਦੀ ਲੋਕ ਸੇਵਾ ਸਮਿਤੀ ਭੇਦ ਭਾਵ ਤੋਂ ਉੱਤੇ ਉੱਠ ਕੇ ਇਨਸਾਨੀਅਤ ਦੀ ਭਾਵਨਾ ਨਾਲ ਸਮਾਜ ਅਤੇ ਦੇਸ਼ ਹਿੱਤ ਵਿੱਚ ਕੰਮ ਕਰ ਰਹੀ ਹੈ। ਇਨਸਾਨੀਅਤ ਪੱਖੋਂ ਲੋਕਾਂ ਨੂੰ ਜਾਗਰੂਕ ਕਰਨ ਲਈ ਵੀ ਸਮਿਤੀ ਵੱਲੋਂ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਯੂਬਾ ਬਲਾਕ ਪ੍ਰਧਾਨ ਭੁਪਿੰਦਰ ਨੇ ਦੱਸਿਆ ਕਿ ਧੀਆਂ ਨਾਲ ਇਸ ਤਿਉਹਾਰ ਨੂੰ ਮਨਾਉਣ ਦਾ ਮੁੱਖ ਮੰਤਵ ਸਮਾਜ ਵਿੱਚ ਧੀਆਂ ਦੇ ਪ੍ਰਤੀ ਫੈਲੀਆਂ ਹੋਈਆਂ ਕੁਰੀਤੀਆਂ ਨੂੰ ਦੂਰ ਕਰਨਾ ਹੈ। ਧੀਆਂ ਮੁੰਡਿਆਂ ਨਾਲੋਂ ਹਰ ਖੇਤਰ ਵਿੱਚ ਅੱਗੇ ਵਧ ਰਹੀਆਂ ਹਨ। ਇਸ ਲਈ ਧੀਆਂ ਉੱਤੇ ਅੱਤਿਆਚਾਰ ਬੰਦ ਕਰਕੇ ਉਨ੍ਹਾਂ ਨੂੰ ਵੀ ਜਿਊਣ ਦਾ ਮੌਕਾ ਦੇਣਾ ਚਾਹੀਦਾ ਹੈ। ਅੰਤ ਪਿੰਡ ਦੇ ਨੰਬਰਦਾਰ ਰਮੇਲ ਸਿੰਘ ਵੱਲੋਂ ਸਰਹੱਦੀ ਲੋਕ ਸੇਵਾ ਸਮਿਤੀ ਦੀ ਆਈ ਟੀਮ ਦਾ ਧੰਨਵਾਦ ਕੀਤਾ ਗਿਆ।

# 22 ਨੂੰ ਸ਼ਿਵ ਮੰਦਰ ਅਜਨਾਲਾ 'ਚ ਹੋਵੇਗਾ ਵਿਸ਼ੇਸ਼ ਪ੍ਰੋਗਰਾਮ

ਅਜਨਾਲਾ (ਸੁਖਤਿੰਦਰ ਸਿੰਘ ਰਾਜੂ)—22 ਨੂੰ ਅਯੁੱਧਿਆ ਵਿੱਚ ਹੋ ਰਹੇ ਸ਼੍ਰੀ ਰਾਮ ਮੰਦਰ ਦੇ ਉਦਘਾਟਨ ਦੇ ਸੰਬੰਧ ਵਿੱਚ ਅਜਨਾਲਾ ਦੇ ਸ਼ਿਵ ਮੰਦਰ ਵਿੱਚ ਰੂਪ ਲਾਲ ਮਦਾਨ ਪ੍ਰਧਾਨ ਸ਼ਿਵ ਮੰਦਿਰ ਅਜਨਾਲਾ ਵੱਲੋਂ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ ਜਿਸ ਵਿੱਚ ਉਨ੍ਹਾਂ ਨੇ ਕਿਹਾ ਕਿ ਅਜਨਾਲੇ ਦੇ ਸਮੂਹ ਮੰਦਰਾਂ ਅਤੇ ਧਾਰਮਿਕ ਜਥੇਬੰਦੀਆਂ ਦੇ ਨਾਲ ਰਲ ਕੇ 22 ਜਨਵਰੀ ਨੂੰ ਸ਼ਿਵ ਮੰਦਿਰ ਵਿੱਚ ਇੱਕ ਵਿਸ਼ੇਸ਼ ਪ੍ਰੋਗਰਾਮ ਉਲੀਕਿਆ ਗਿਆ ਹੈ ਜਿਸ ਵਿੱਚ ਜੰਮੂ-ਕਸ਼ਮੀਰ ਤੋਂ ਉਚੇਚੇ ਤੌਰ 'ਤੇ ਸਾਧਵੀ ਭੁਮਨੇਸ਼ਵਰੀ ਦੇਵੀ ਜੰਮੂ-ਕਸ਼ਮੀਰ ਵਾਲੇ ਇਸ ਦਿਨ ਸ਼ਿਵ ਮੰਦਿਰ ਵਿੱਚ ਪਹੁੰਚ ਕੇ ਅੰਮ੍ਰਿਤ ਵਰਖਾ ਕਰਨਗੇ ਅਤੇ ਸ਼੍ਰੀ ਰਾਮ ਜੀ ਦੇ ਜਨਮ ਬਾਰੇ ਸੰਗਤਾਂ ਨੂੰ ਦੱਸਣਗੇ ਅਤੇ 22 ਜਨਵਰੀ ਵਾਲੇ ਦਿਨ ਮੰਦਰ ਨੂੰ ਲਾਈਟਾਂ ਦੇ ਨਾਲ ਸਜਾਇਆ ਜਾਏਗਾ ਅਤੇ ਆਤਿਸਬਾਜ਼ੀ ਵੀ ਕੀਤੀ ਜਾਏਗੀ ਅਤੇ ਇਸ ਦਿਨ ਲੰਗਰ ਭੰਡਾਰਾ ਸਮੂਹ ਮੰਦਰ ਕਮੇਟੀਆਂ ਅਤੇ ਅਜਨਾਲਾ ਨਿਵਾਸੀਆਂ ਦੇ ਸਹਿਯੋਗ ਦੇ ਨਾਲ ਲਗਾਇਆ ਜਾਏਗਾ।

ਇਸ ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਪ੍ਰਦੀਪ ਕੁਮਾਰ ਬੰਟਾ, ਰਾਮਪਾਲ ਦੇਵਗਨ, ਵਿੱਕੀ ਕੁੰਦਰਾ, ਮਾਸਟਰ ਅਜੀਤ ਰਾਮ, ਵਿਕਰਮ ਕੌਂਸਲਰ, ਦੀਪਕ ਸਰਪਾਲ, ਮਨੋਜ ਮਹਿਤਾ, ਰਜੇਸ਼ ਜੱਜ, ਰਾਹੁਲ ਸ਼ਰਮਾ, ਪੰਡਤ ਮੋਹਨ ਸ਼ਾਮ, ਦੀਪਕ ਗਾਂਧੀ ਅਤੇ ਹੋਰ ਬਹੁਤ ਸਾਰੇ ਰਾਮ ਭਗਤ ਮੌਜੂਦ ਸਨ।

# ਚੋਗਾਵਾਂ ਸਾਧਪੁਰ ਵਿਖੇ ਨਗਰ ਕੀਰਤਨ ਸਜਾਇਆ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਅੰਮ੍ਰਿਤਸਰ ਮਹਿਤਾ ਰੋਡ ਦੇ ਪਿੰਡ ਚੋਗਾਵਾਂ ਸਾਧਪੁਰ ਵਿੱਖੇ ਦਸਮ ਪਾਤਿਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਨਗਰ ਕੀਰਤਨ ਸਜਾਇਆ ਗਿਆ। ਇਸ ਦੀ ਅਗਵਾਈ ਪੰਜ ਪਿਆਰਿਆਂ ਨੇ ਕੀਤੀ।

ਇਸ ਮੌਕੇ ਫੁੱਲਾਂ ਵਾਲੀ ਪਾਲਕੀ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੀੜ ਸੁਸ਼ੋਭਿਤ ਸੀ ਅਤੇ ਅੱਗੇ-ਅੱਗੇ ਨਗਾਰਾ ਤੇ ਰਾਗੀ ਸਿੰਘ ਤੇ ਕਵੀਸ਼ਰ ਜੱਥੇ ਨੇ ਵੀਰ ਰਸ ਵਾਲੀਆਂ ਵਾਰਾਂ ਪੇਸ਼ ਕਰਕੇ ਸੰਗਤਾਂ ਵਿੱਚ ਨਵਾਂ ਜੋਸ਼ ਭਰਿਆ। ਸ੍ਰੀ ਅਖੰਡ ਪਾਠ ਦੇ ਭੋਗ ਪਾਏ ਗਏ। ਉਪਰੰਤ ਸ਼ੁਰੂ ਹੋਏ ਨਗਰ ਕੀਰਤਨ ਵਿੱਚ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਸ਼ਮੂਲੀਅਤ ਕੀਤੀ। ਥਾਂ-ਥਾਂ ਗੁਰੂ ਦੇ ਲੰਗਰ ਤੇ ਹੋਰ ਪਦਾਰਥਾਂ ਦੇ ਸੰਗਤਾਂ ਲਈ ਲੰਗਰ ਲਗਾਏ ਗਏ। ਅੰਤ ਵਿਚ ਨਗਰ ਦੀ ਸੁੱਖ-ਸ਼ਾਂਤੀ ਲਈ ਅਰਦਾਸ ਕੀਤੀ ਗਈ।

ਇਸ ਮੌਕੇ ਪ੍ਰਬੰਧਕ ਕਮੇਟੀ ਵੱਲੋਂ ਦਾਨੀ ਸੱਜਣਾਂ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਸਵਾਗਤ ਕਰਨ ਵਾਲਿਆਂ ਵਿੱਚ ਭਾਜਪਾ ਆਗੂ ਜਸਮਿੱਤਰ ਸਿੰਘ ਚੋਗਾਵਾਂ, ਬਲਵਿੰਦਰ ਸਿੰਘ ਕਲਰਕ, ਸਾਬਕਾ ਸਰਪੰਚ ਪ੍ਰੇਮ ਸਿੰਘ ਤਰਫਾਨ, ਆਗਿਆਪਾਲ ਸਿੰਘ ਸਰਪੰਚ, ਨਿਸ਼ਾਨ ਸਿੰਘ ਨਾਮਧਾਰੀ, ਹਰਦੀਪ ਸਿੰਘ ਜੰਡ ਤਰਫਾਨ ਅਤੇ ਹੋਰ ਸੰਗਤਾਂ ਹਾਜ਼ਰ ਸਨ।

# ਸਤਿਗੁਰੂ ਬਾਬਾ ਲਾਲ ਜੀ ਦੇ 669ਵੇਂ ਜਨਮਦਿਨ ਸਬੰਧੀ ਵਿਸ਼ੇਸ਼ ਮੀਟਿੰਗ



ਅਜਨਾਲਾ (ਸੁਖਤਿੰਦਰ ਸਿੰਘ ਰਾਜੂ)-ਸ੍ਰੀ ਸਤਿਗੁਰੂ ਬਾਬਾ ਲਾਲ ਜੀ ਦੇ 669ਵੇਂ ਜਨਮਦਿਨ ਦੇ ਸਬੰਧ ਵਿੱਚ ਅੱਜ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ ਜਿਸ ਵਿੱਚ ਮੰਦਰ ਦੇ ਪ੍ਰਧਾਨ ਰਕੇਸ਼ ਮਰਵਾਹ ਨੇ ਦੱਸਿਆ ਕਿ ਬਾਬਾ ਜੀ ਦਾ ਜਨਮਦਿਨ ਬੜੀ ਹੀ ਧੂਮਧਾਮ ਦੇ ਨਾਲ ਮਨਾਇਆ ਜਾਏਗਾ ਅਤੇ ਜਿਸ ਤਰ੍ਹਾਂ ਕਿ ਹਰ ਸਾਲ ਸੰਧਿਆ ਫੇਰੀਆਂ ਕੱਢੀਆਂ ਜਾਂਦੀਆਂ ਹਨ ਇਸ ਸਾਲ ਵੀ ਇਸੇ ਤਰ੍ਹਾਂ ਹੀ ਬਾਬਾ ਜੀ ਤੋਂ ਇਜਾਜ਼ਤ ਲੈ ਕੇ ਉਨ੍ਹਾਂ ਦੇ ਨਾਮ ਦੀਆਂ ਸੰਧਿਆਂ ਫੇਰੀਆਂ ਕੱਢੀਆਂ ਜਾਣਗੀਆਂ ਜੋ ਕਿ 18 ਜਨਵਰੀ ਤੋਂ ਸ਼ੁਰੂ ਹੋ ਕੇ 8 ਫਰਵਰੀ ਤੱਕ ਚੱਲਣਗੀਆਂ। ਉਪਰੰਤ ਨੌਂ ਅਤੇ 10 ਫਰਵਰੀ ਨੂੰ ਬਾਬਾ ਜੀ ਦੀ ਜੋਤ ਦੇ ਨਾਲ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਅਜਨਾਲਾ ਨਗਰ ਦੀ ਪਰਿਕਰਮਾ ਕੀਤੀ ਜਾਵੇਗੀ ਅਤੇ ਗਲੀ ਮੁਹੱਲਿਆਂ ਵਿੱਚ ਜਾ ਕੇ ਬਾਬਾ ਜੀ ਦੀ ਜੋਤ ਦੇ ਸੰਗਤਾਂ ਨੂੰ ਦਰਸਨ ਕਰਾਏ ਜਾਣਗੇ ਅਤੇ ਉਸ ਤੋਂ ਬਾਅਦ ਸਾਰਾ ਦਿਨ ਲੰਗਰ ਭੰਡਾਰਾ ਵੀ ਸੰਗਤਾਂ ਦੇ ਸਹਿਯੋਗ ਦੇ ਨਾਲ ਚਲਾਇਆ ਜਾਏਗਾ। ਇਸ ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਪੰਡਿਤ ਰਜਿੰਦਰ ਪ੍ਰਸਾਦ ਸ਼ਾਸਤਰੀ, ਸਤੀਸ਼ ਅਰੋੜਾ, ਹਰਜਿੰਦਰ ਕੁਮਾਰ, ਮਨਜੀਤ ਗੌਤਮ, ਡਾਕਟਰ ਰਜਿੰਦਰ ਸ਼ਰਮਾ, ਰਮੇਸ਼ ਕੁਮਾਰ ਹੀਰਾ, ਅਜੇ ਸ਼ਰਮਾ, ਦੀਪਕ ਕੌਸ਼ਲ, ਬਰਿੰਦਰ ਸਚਦੇਵਾ, ਕਰਨ ਸ਼ਰਮਾ, ਗੁਲੂ ਸਾਊਂਡ ਵਾਲੇ, ਲਾਡੀ ਭਗਤ, ਰਾਜ ਕੁਮਾਰ, ਮਾਨਵ ਸ਼ਰਮਾ, ਅਨੀਕੇਤ ਮਰਵਾਹਾ ਅਤੇ ਬਹੁਤ ਸਾਰੇ ਸ਼ਰਧਾਲੂ ਮੌਜੂਦ ਸਨ।

# ਭਾਰਤ ਤੀਜੀ ਸਭ ਤੋਂ ਵੱਡੀ ਅਰਥ ਵਿਵਸਥਾ ਬਣ ਜਾਵੇਗਾ: ਸ਼ਾਹ

ਜਲੰਧਰ/ਲੁਧਿਆਣਾ: ਕੇਂਦਰੀ ਗ੍ਰਹਿ ਅਤੇ ਸਹਿਕਾਰਤਾ ਮੰਤਰੀ ਅਮਿਤ ਸ਼ਾਹ ਨੇ ਗੁਜਰਾਤ ਵਿੱਚ 'ਵਾਈਬ੍ਰੈਂਟ ਗੁਜਰਾਤ ਸਮਿਟ' ਦੇ ਸਮਾਪਤੀ ਸੈਸ਼ਨ ਨੂੰ ਸੰਬੋਧਨ ਕੀਤਾ। ਇਸ ਮੌਕੇ ਸ਼ਾਹ ਨੇ ਭਰੋਸਾ ਪ੍ਰਗਟਾਇਆ ਕਿ ਮੋਦੀ ਜੀ ਦੇ ਤੀਜੀ ਵਾਰ ਪ੍ਰਧਾਨ ਮੰਤਰੀ ਵਜੋਂ ਕਾਰਜਕਾਲ ਦੌਰਾਨ ਭਾਰਤ ਤੀਜੀ ਸਭ ਤੋਂ ਵੱਡੀ ਅਰਥਵਿਵਸਥਾ ਬਣ ਕੇ ਦੁਨੀਆ ਦੇ ਸਾਹਮਣੇ ਮਾਣ ਨਾਲ ਖੜ੍ਹਾ ਹੋਵੇਗਾ। ਦੋ ਦਹਾਕੇ ਪਹਿਲਾਂ ਮੋਦੀ ਨੇ 'ਵਾਈਬ੍ਰੈਂਟ ਗੁਜਰਾਤ' ਦੀ ਕਲਪਨਾ ਕੀਤੀ ਸੀ।

ਗੁਜਰਾਤ ਮਾਡਲ ਨੂੰ ਦੇਖਦੇ ਹੋਏ ਦੇਸ਼ ਦੀ ਜਨਤਾ ਨੇ ਪੂਰੇ ਦੇਸ਼ ਦੀ ਅਗਵਾਈ ਪ੍ਰਧਾਨ ਮੰਤਰੀ ਮੋਦੀ ਨੂੰ ਸੌਂਪ ਦਿੱਤੀ ਹੈ। ਇਸ ਸਮੇਂ ਮੋਦੀ ਪ੍ਰਧਾਨ ਮੰਤਰੀ ਹਨ ਅਤੇ ਅਮਿਤ ਸ਼ਾਹ ਕੇਂਦਰੀ ਗ੍ਰਹਿ ਮੰਤਰੀ ਦਾ ਚਾਰਜ ਬਹੁਤ ਵਧੀਆ ਢੰਗ ਨਾਲ ਸੰਭਾਲ ਰਹੇ ਹਨ। ਜਦੋਂ ਮੋਦੀ ਨੇ ਪ੍ਰਧਾਨ ਮੰਤਰੀ ਦਾ ਅਹੁਦਾ ਸੰਭਾਲਿਆ ਤਾਂ ਭਾਰਤ ਦੀ ਅਰਥਵਿਵਸਥਾ ਵਿਸ਼ਵ ਟੇਬਲ ਵਿੱਚ 11ਵੇਂ ਨੰਬਰ 'ਤੇ ਸੀ ਅਤੇ ਅੱਜ ਸਿਰਫ ਇੱਕ ਦਹਾਕੇ ਦੇ ਅੰਦਰ ਹੀ ਭਾਰਤ 5ਵੇਂ ਨੰਬਰ 'ਤੇ ਹੈ।

# ਲੋਹੜੀ ਮੌਕੇ ਸ਼ਹਿਰ ਦੀਆਂ ਗਲੀਆਂ 'ਚ ਜਾਗੋ ਕੱਢੀ



ਮੁਕਤਸਰ (ਸ਼ਮਿੰਦਰਪਾਲ)-ਲੋਹੜੀ ਬਾਲੀ ਗਈ, ਲੋਹੜੀ ਵੰਡੀ ਗਈ ਅਤੇ ਜਾਗੋ ਵਿੱਚ ਸ਼ਾਮਿਲ ਬੀਬੀਆਂ ਨੇ ਲੋਹੜੀ ਦੇ ਦੁਆਲੇ ਬੈਠ ਕੇ ਸਿਰ ਤੇ ਗਾਗਰ ਚੁੱਕ ਕੇ ਲੋਹੜੀ ਨਾਲ ਸੰਬੰਧਿਤ ਗੀਤ ਗਾਏ, ਬੋਲੀਆਂ ਪਾਈਆਂ ਅਤੇ ਖੂਬ ਆਨੰਦ ਮਾਣਿਆ! ਗੁਰਚਰਨ ਸਿੰਘ ਸੰਧੂ ਨੇ ਆਪਣੇ ਭਾਸ਼ਣ ਵਿੱਚ ਲੋਹੜੀ ਦੀ ਮਹੱਤਤਾ ਬਾਰੇ ਦੱਸਿਆ ਅਤੇ ਲੋਕਾਂ ਦੀ ਲੰਮੀ ਉਮਰ, ਤੰਦਰੁਸਤੀ, ਖੁਸ਼ਹਾਲੀ ਅਤੇ ਤਰੱਕੀ ਦੀ ਕਾਮਨਾ ਕੀਤੀ ਅਤੇ ਦੁੱਖ-ਸੁੱਖ ਵਿੱਚ ਲੋਕਾਂ ਦਾ ਸਹਿਯੋਗ ਕਰਨ ਲਈ ਵੀ ਕਿਹਾ!

ਲੋਹੜੀ ਸਮੇਂ ਹਾਜ਼ਰ ਮਰਦ, ਔਰਤਾਂ ਅਤੇ ਬੱਚਿਆਂ ਦੇ ਆਪਸੀ ਸਹਿਯੋਗ ਦੀ ਤਾਰੀਫ ਕੀਤੀ। ਇਸ ਸਮੇਂ ਹਰਮੀਤ ਸਿੰਘ ਮੌੜ ਜ਼ਿਲਾ ਪ੍ਰਧਾਨ ਬੀਜੇਪੀ ਐੱਸਸੀ ਮੋਰਚਾ ਸ੍ਰੀ ਮੁਕਤਸਰ ਸਾਹਿਬ, ਪਵਨ ਅਰੋੜਾ, ਹਰਜੀਤ ਕੌਰ, ਬਲਜੀਤ ਕੌਰ, ਬੀਬੀ ਬੱਬੂ, ਬੀਬੀ ਮੇਜੋ, ਮਜ਼ਦੂਰ ਕਿਸਾਨ ਲੋਕ ਲਹਿਰ ਦੇ ਪ੍ਰਧਾਨ, ਸਕੱਤਰ, ਸਾਰੇ ਅਹੁਦੇਦਾਰ, ਮੈਂਬਰ ਸਾਹਿਬਾਨ ਅਤੇ ਵੱਡੀ ਗਿਣਤੀ ਵਿੱਚ ਮੁਹੱਲਾ ਨਿਵਾਸੀ, ਇਲਾਕਾ ਨਿਵਾਸੀ ਮੌਜੂਦ ਸਨ ! ਸੁਖਪਾਲ ਸਿੰਘ ਬਰਾੜ ਨੇ ਆਏ ਹੋਏ ਲੋਕਾਂ ਦਾ ਧੰਨਵਾਦ ਕੀਤਾ।

# ਲੋਕ ਸੇਵਾ ਸੁਸਾਇਟੀ ਨੇ ਦਿਲ ਦੇ ਰੋਗਾਂ ਦਾ ਫ਼ਰੀ ਚੈੱਕਅਪ ਕੈਂਪ ਲਗਾਇਆ




ਜਗਰਾਉਂ (ਅਮਿਤ ਖੰਨਾ)-ਜਗਰਾਉਂ ਦੀ ਲੋਕ ਸੇਵਾ ਸੁਸਾਇਟੀ ਵੱਲੋਂ ਅੱਜ ਚੇਅਰਮੈਨ ਗੁਲਸ਼ਨ ਅਰੋੜਾ, ਪ੍ਰਧਾਨ ਮਨੋਹਰ ਸਿੰਘ ਟੱਕਰ, ਸੈਕਟਰੀ ਕੁਲਭੂਸ਼ਨ ਗੁਪਤਾ ਅਤੇ ਕੈਸ਼ੀਅਰ ਸੁਨੀਲ ਬਜਾਜ ਦੀ ਅਗਵਾਈ ਵਿੱਚ ਸਾਲ 2024 ਦਾ ਪਹਿਲਾ ਦਿਲ ਦੇ ਰੋਗਾਂ ਦਾ ਫ਼ਰੀ ਚੈੱਕਅਪ ਕੈਂਪ ਲਗਾਇਆ ਗਿਆ। ਅਰੋੜਾ ਪ੍ਰਾਪਰਟੀ ਐਡਵਾਈਜ਼ਰ ਲਿੰਕ ਰੋਡ ਜਗਰਾਉਂ ਵਿਖੇ ਲਗਾਏ ਕੈਂਪ ਵਿੱਚ ਸੀਐੱਮਸੀ ਲੁਧਿਆਣਾ ਦੇ ਡਾਕਟਰ ਗੁਰਭੇਜ ਸਿੰਘ ਗਿੱਲ ਨੇ 48 ਮਰੀਜ਼ਾਂ ਦਾ ਚੈੱਕਅਪ ਕਰਦਿਆਂ ਜਿੱਥੇ ਲੋੜਵੰਦ ਮਰੀਜ਼ਾਂ ਨੂੰ ਦਵਾਈਆਂ ਦਿੱਤੀਆਂ ਉੱਥੇ ਉਨ੍ਹਾਂ ਕਿਹਾ ਕਿ ਸਰਦੀ ਦੇ ਮੌਸਮ ਵਿੱਚ ਦਿਲ ਦੀਆਂ ਬਿਮਾਰੀਆਂ ਵਿੱਚ ਵਾਧਾ ਹੁੰਦਾ ਹੈ, ਇਸ ਲਈ ਸਾਨੂੰ ਸਮੇਂ ਸਮੇਂ 'ਤੇ ਆਪਣਾ ਚੈੱਕਅਪ ਕਰਵਾਉਂਦੇ ਰਹਿਣਾ ਚਾਹੀਦਾ ਹੈ। ਕੈਂਪ ਦਾ ਉਦਘਾਟਨ ਨਗਰ ਕੌਂਸਲ ਦੇ ਕਾਰਜਕਾਰੀ ਪ੍ਰਧਾਨ ਅਮਰਜੀਤ ਸਿੰਘ ਮਾਲਵਾ ਨੇ ਕਰਦਿਆਂ ਸੁਸਾਇਟੀ ਵੱਲੋਂ ਕੀਤੇ ਜਾ ਰਹੇ ਸਮਾਜ ਸੇਵੀ ਕੰਮਾਂ ਦੀ ਸ਼ਲਾਘਾ ਕਰਦਿਆਂ ਸੁਸਾਇਟੀ ਨੂੰ ਜਿੱਥੇ ਹਰ ਤਰ੍ਹਾਂ ਦਾ ਸਹਿਯੋਗ ਦੇਣ ਦਾ ਵਾਅਦਾ ਕੀਤਾ ਉੱਥੇ ਉਨ੍ਹਾਂ ਸ਼ਹਿਰ ਦੀ ਭਲਾਈ ਲਈ ਨਗਰ ਕੌਂਸਲ ਦਾ ਸਾਥ ਦੇਣ ਦੀ ਵੀ ਅਪੀਲ ਵੀ ਕੀਤੀ। ਇਸ ਮੌਕੇ ਸੋਸਾਇਟੀ ਦੇ ਚੇਅਰਮੈਨ ਗੁਲਸ਼ਨ ਅਰੋੜਾ ਅਤੇ ਪ੍ਰਧਾਨ ਮਨੋਹਰ ਸਿੰਘ ਟੱਕਰ ਨੇ ਦੱਸਿਆ ਕਿ ਕੈਂਪ ਵਿੱਚ ਸੀਐੱਮਸੀ ਦੇ ਦਿਲ ਦੇ ਰੋਗਾਂ ਦੇ ਮਾਹਿਰ ਡਾਕਟਰ ਗੁਰਭੇਜ ਸਿੰਘ ਨੇ 48 ਮਰੀਜ਼ਾਂ ਦਾ ਚੈੱਕਅਪ ਕੀਤਾ। ਉਨ੍ਹਾਂ ਦੱਸਿਆ ਕਿ ਕੈਂਪ ਵਿੱਚ 35 ਮਰੀਜ਼ਾਂ ਦੇ ਈਸੀਜੀ ਟੈੱਸਟ ਤੇ 35 ਮਰੀਜ਼ਾਂ ਦਾ ਸ਼ੂਗਰ ਟੈਸਟ ਵੀ ਕੀਤਾ ਗਿਆ। ਇਸ ਮੌਕੇ ਸੋਸਾਇਟੀ ਦੇ ਵਾਈਸ ਚੇਅਰਮੈਨ ਪ੍ਰਿੰਸੀਪਲ ਚਰਨਜੀਤ ਸਿੰਘ ਭੰਡਾਰੀ ਤੇ ਸੁਖਜਿੰਦਰ ਸਿੰਘ ਢਿੱਲੋਂ, ਸੀਨੀਅਰ ਵਾਈਸ ਪ੍ਰਧਾਨ ਰਾਜਿੰਦਰ ਜੈਨ ਕਾਕਾ, ਪ੍ਰੋਜੈਕਟ ਚੇਅਰਮੈਨ ਕੰਵਲ ਕੱਕੜ, ਪ੍ਰੋਜੈਕਟ ਕੈਸ਼ੀਅਰ ਰਾਜੀਵ ਗੁਪਤਾ, ਪੀਆਰਓ ਸੁਖਦੇਵ ਗਰਗ, ਕਪਿਲ ਸ਼ਰਮਾ, ਵਿਨੋਦ ਬਾਂਸਲ, ਰਾਜੀਵ ਮਿੱਤਲ, ਵਿਕਾਸ ਮਿੱਤਲ, ਆਰ. ਕੇ. ਗੋਇਲ, ਗੋਪਾਲ ਗੁਪਤਾ, ਅਨਿਲ ਮਲਹੋਤਰਾ, ਪਰਵੀਨ ਮਿੱਤਲ, ਡਾਕਟਰ ਗੁਰਦਰਸ਼ਨ ਮਿੱਤਲ, ਸਾਬਕਾ ਕੌਂਸਲਰ ਕਰਮਜੀਤ ਸਿੰਘ ਕੈਂਥ, ਸਰਪ੍ਰਸਤ ਰਜਿੰਦਰ ਜੈਨ, ਕੌਂਸਲਰ ਅਨਮੋਲ ਗੁਪਤਾ, ਕੌਂਸਲਰ ਸਤੀਸ਼ ਕੁਮਾਰ ਪੱਪੂ ਏਤੇ ਡਾਕਟਰ ਭਾਰਤ ਭੂਸ਼ਣ ਬਾਂਸਲ ਆਦਿ ਹਾਜ਼ਰ ਸਨ।

# ਉਤਕਰਸ਼ ਬੈਂਕ ਤੇ ਇੰਸਟੀਚਿਊਟ ਆਫ ਪ੍ਰੋਫੈਸ਼ਨਲ ਬੈਂਕਿੰਗ ਵੱਲੋਂ ਬੈਂਕਿੰਗ ਪੀਓ ਪ੍ਰੋਗਰਾਮ ਸ਼ੁਰੂ

ਲੁਧਿਆਣਾ/ਜਲੰਧਰ : ਉਤਕਰਸ਼ ਸਮਾਲ ਫਾਈਨਾਂਸ ਬੈਂਕ ਲਿਮਟਿਡ ਅਤੇ ਇੰਸਟੀਚਿਊਟ ਆਫ ਪ੍ਰੋਫੈਸ਼ਨਲ ਬੈਂਕਿੰਗ ਨੇ ਬੱਦੀ ਯੂਨੀਵਰਸਿਟੀ, ਬੱਦੀ ਵਿਖੇ ਪ੍ਰੋਬੇਸ਼ਨਰੀ ਅਫਸਰ (ਪੀਓ) ਪ੍ਰੋਗਰਾਮ ਲਈ ਆਪਣੇ ਸਹਿਯੋਗ ਦਾ ਮਾਣ ਨਾਲ ਐਲਾਨ ਕੀਤਾ। ਇਸ ਪਹਿਲਕਦਮੀ ਦਾ ਉਦੇਸ਼ ਬੈਂਕਿੰਗ ਵਿੱਚ ਕਰੀਅਰ ਬਣਾਉਣ ਦੀ ਇੱਛਾ ਰੱਖਣ ਵਾਲੇ ਨੌਜਵਾਨ ਪ੍ਰਤਿਭਾਵਾਂ ਨੂੰ ਸ਼ਾਮਲ ਕਰਨਾ ਅਤੇ ਉਨ੍ਹਾਂ ਨੂੰ ਸਫਲ ਬੈਂਕਰਾਂ ਵਿੱਚ ਬਦਲਣਾ ਹੈ। ਇਸ ਦਾ ਉਦੇਸ਼ ਬੈਂਕਿੰਗ ਖੇਤਰ ਵਿੱਚ ਚਾਹਵਾਨ ਵਿਅਕਤੀਆਂ ਦੇ ਕੈਰੀਅਰ ਨੂੰ ਇੱਕ ਵਿਆਪਕ ਪ੍ਰੋਗਰਾਮ ਪ੍ਰਦਾਨ ਕਰਕੇ ਉਹਨਾਂ ਦੇ ਕਰੀਅਰ ਨੂੰ ਆਕਾਰ ਦੇਣਾ ਹੈ ਜਿਸ ਵਿੱਚ ਸ਼ਾਖਾ ਸੰਚਾਲਨ, ਬੈਂਕਿੰਗ ਉਤਪਾਦਾਂ, ਵਿਕਰੀ, ਕ੍ਰੈਡਿਟ, ਰੋਜ਼ਾਨਾ ਬੈਂਕਿੰਗ ਕਾਰਜਾਂ, ਗਾਹਕ ਸੇਵਾ ਅਤੇ ਹੋਰਨਾਂ ਵਿੱਚ ਗਿਆਨ ਅਤੇ ਹੁਨਰ ਸ਼ਾਮਲ ਹਨ। ਬੈਂਕ ਦੇ ਸੀਈਓ ਅਤੇ ਐੱਮਡੀ ਗੋਵਿੰਦ ਸਿੰਘ ਨੇ ਕਿਹਾ ਕਿ ਉਤਕਰਸ਼ ਪ੍ਰੋਬੇਸ਼ਨਰੀ ਅਫਸਰ ਪ੍ਰੋਗਰਾਮ ਬੈਂਕਿੰਗ ਵਿੱਚ ਕਰੀਅਰ ਬਣਾਉਣ ਦੀ ਚਾਹਵਾਨ ਨੌਜਵਾਨ ਪ੍ਰਤਿਭਾ ਨੂੰ ਸ਼ਾਮਲ ਕਰਨ ਲਈ ਇੱਕ ਪਹਿਲ ਹੈ।

# ਸਰਕਾਰੀ ਕਾਲਜ 'ਚ 'ਰਾਹਾਂ 'ਚ ਅੰਗਿਆਰ ਬੜੇ ਨੇ' ਦਾ ਸ਼ਾਨਦਾਰ ਮੰਚਨ



ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ,ਜਗਦੀਸ਼ ਰਾਏ) -ਮਾਛੀਵਾੜਾ ਦੇ ਸਰਕਾਰੀ ਕਾਲਜ ਵਿਖੇ ਪੰਜਾਬੀ ਵਿਭਾਗ ਵਲੋਂ ਪ੍ਰਸਿੱਧ ਸ਼ਾਇਰਾ ਸੁਖਵਿੰਦਰ ਅੰਮ੍ਰਿਤ ਦੀ ਸ਼ਾਇਰੀ 'ਤੇ ਅਧਾਰਿਤ ਅਕਸ ਰੰਗਮੰਚ ਸਮਰਾਲਾ ਵਲੋਂ ਨਿਰਦੇਸ਼ਕ ਰਾਜਵਿੰਦਰ ਸਮਰਾਲਾ ਦੀ ਅਗਵਾਈ ਵਿਚ ਨਾਟਕ 'ਰਾਹਾਂ ਵਿਚ ਅੰਗਿਆਰ ਬੜੇ ਨੇ' ਕਰਵਾਇਆ ਗਿਆ।

ਸਮਾਗਮ ਵਿਚ ਹਲਕਾ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ, ਖੱਤਰੀ ਸਭਾ ਦੇ ਪ੍ਰਧਾਨ ਮੋਹਿਤ ਕੁੰਦਰਾ, ਆੜ੍ਹਤੀ ਗੁਰਨਾਮ ਸਿੰਘ ਨਾਗਰਾ, ਐਡਵੋਕੇਟ ਗਗਨਦੀਪ ਸ਼ਰਮਾ, ਪ੍ਰੋ. ਬਲਦੀਪ ਸਿੰਘ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਨਾਟਕ ਦੌਰਾਨ ਪ੍ਰਸਿੱਧ ਅਦਾਕਾਰਾ ਕਮਲਜੀਤ ਕੌਰ ਨੇ ਖ਼ੂਬਸੂਰਤ ਅਦਾਕਾਰੀ ਕਰਕੇ ਦਰਸ਼ਕਾਂ ਤੋਂ ਵਾਹ-ਵਾਹ ਖੱਟੀ।

ਸਮੁੱਚਾ ਮੰਚ ਸੰਚਾਲਨ ਪੰਜਾਬੀ ਵਿਭਾਗ ਦੀ ਮੁਖੀ ਕਮਲਜੀਤ ਕੌਰ ਬਾਂਗਾ ਨੇ ਕੀਤਾ। ਪ੍ਰਸਿੱਧ ਸ਼ਾਇਰਾ ਸੁਖਵਿੰਦਰ ਅੰਮ੍ਰਿਤ ਨੇ ਖ਼ੂਬਸੂਰਤ ਗ਼ਜ਼ਲਾਂ ਤੇ ਕਵਿਤਾਵਾਂ ਪੇਸ਼ ਕੀਤੀਆਂ। ਮੁੱਖ ਮਹਿਮਾਨਾਂ ਵਲੋਂ ਸ਼ਾਇਰਾ ਸੁਖਵਿੰਦਰ ਅੰਮ੍ਰਿਤ, ਰਾਜਵਿੰਦਰ ਸਮਰਾਲਾ ਤੇ ਅਦਾਕਾਰਾ ਕਮਲਜੀਤ ਕੌਰ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ।

ਇਸ ਮੌਕੇ ਪ੍ਰਿੰ. ਜਸਪਾਲ ਸਿੰਘ, 'ਆਪ' ਆਗੂ ਸੁਖਵਿੰਦਰ ਗਿੱਲ, ਜਗਮੀਤ ਸਿੰਘ ਮੱਕੜ, ਪ੍ਰਵੀਨ ਮੱਕੜ, ਵਿਪਨਜੀਤ ਕੌਰ, ਦਵਿੰਦਰ ਕੌਰ, ਪ੍ਰਿੰਸ ਗਰੇਵਾਲ, ਟੀ. ਲੋਚਨ, ਨਾਟਕਕਾਰ ਜਗਦੀਸ਼ ਖੰਨਾ, ਅੰਮ੍ਰਿਤਪਾਲ, ਕੁਨਾਲ ਅਭੈਜੀਤ ਸਿੰਘ, ਅਬਦੁਲ ਖਾਨ, ਉਦੈਵੀਰ ਸਿੰਘ, ਦੀਪਕ ਚੋਪੜਾ, ਮਨੀ ਪਾਠਕ, ਪਰਮਿੰਦਰ ਸਿੰਘ ਵੰਸ਼ ਆਦਿ ਵੀ ਮੌਜੂਦ ਸਨ।

# ਬਲਜਿੰਦਰ ਸਿੰਘ ਤੂਰ ਮੁੜ ਬਣੇ ਗੱਤਕਾ ਖੇਡ ਦੇ ਕੰਪੀਟੀਸ਼ਨ ਮੈਨੇਜਰ



ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ,ਜਗਦੀਸ਼ ਰਾਏ)-ਤਾਮਿਲਨਾਡੂ ਸਟੇਟ ਵਿਚ ਭਾਰਤ ਸਰਕਾਰ ਅਤੇ ਸਪੋਰਟਸ ਅਥਾਰਟੀ ਆਫ਼ ਇੰਡੀਆ ਵੱਲੋਂ ਕਰਵਾਏ ਜਾ ਰਹੇ 'ਖੇਲੋ ਇੰਡੀਆ' ਮੁਕਾਬਲੇ ਆਯੋਜਿਤ ਕੀਤੇ ਜਾ ਰਹੇ ਹਨ ਜਿਸ ਵਿਚ ਗੱਤਕਾ ਸਮੇਤ 26 ਖੇਡਾਂ ਦੇ ਮੁਕਾਬਲੇ 19 ਤੋਂ 31 ਜਨਵਰੀ ਤੱਕ ਵੱਖ-ਵੱਖ ਸ਼ਹਿਰਾਂ ਵਿਚ ਕਰਵਾਏ ਜਾਣਗੇ। ਇਨ੍ਹਾਂ ਖੇਡਾਂ ਦੇ ਆਯੋਜਨ ਲਈ ਬਲਜਿੰਦਰ ਸਿੰਘ ਤੂਰ ਜਨਰਲ ਸਕੱਤਰ ਗੱਤਕਾ ਫੈਡਰੇਸ਼ਨ ਆਫ ਇੰਡੀਆ ਨੂੰ ਮੁੜ ਤੋਂ ਗੱਤਕਾ ਖੇਡ ਦਾ ਕੰਪੀਟੀਸ਼ਨ ਮੈਨੇਜਰ ਨਿਯੁਕਤ ਕੀਤਾ ਗਿਆ ਹੈ। ਇਸ ਤੋਂ ਪਹਿਲਾਂ ਫਰਵਰੀ 2023 ਵਿਚ ਮੱਧ ਪ੍ਰਦੇਸ਼ ਦੇ ਸ਼ਹਿਰ ਮੰਡਲਾ ਅਤੇ ਅਕਤੂਬਰ 2023 ਵਿਚ ਗੋਆ ਅੰਦਰ ਨੈਸ਼ਨਲ ਗੇਮਸ ਵਿਚ ਬਤੌਰ ਡਾਇਰੈਕਟਰ ਆਫ ਕੰਪੀਟੀਸ਼ਨ ਆਪਣੀਆਂ ਸੇਵਾਵਾਂ ਨਿਭਾ ਚੁੱਕੇ ਹਨ। ਖੇਲੋ ਇੰਡੀਆ ਸਬੰਧੀ ਜਾਣਕਾਰੀ ਦਿੰਦੇ ਹੋਏ ਬਲਜਿੰਦਰ ਸਿੰਘ ਤੂਰ ਨੇ ਦੱਸਿਆ ਕਿ ਗੱਤਕਾ ਖੇਡ ਦੇ ਮੁਕਾਬਲੇ 21 ਤੋਂ 23 ਜਨਵਰੀ ਤੱਕ ਮਦੁਰਾਈ ਦੇ ਐੱਸਡੀਏਟੀ ਜ਼ਿਲਾ ਕੰਪਲੈਕਸ ਵਿਚ ਹੋਣਗੇ ਜਿਸ ਵਿਚ ਸੂਬੇ ਸਮੇਤ 19 ਰਾਜਾਂ ਦੀਆਂ ਲੜਕਿਆਂ ਅਤੇ ਲੜਕੀਆਂ ਦੀਆਂ ਟੀਮਾਂ ਭਾਗ ਲੈਣਗੀਆਂ। ਤਿੰਨ ਰੋਜ਼ਾ ਇਨ੍ਹਾਂ ਮੁਕਾਬਲਿਆਂ ਵਿਚ 80 ਲੜਕੇ ਅਤੇ 80 ਲੜਕੀਆਂ ਭਾਗ ਲੈ ਰਹੀਆਂ ਹਨ ਜਿਨ੍ਹਾਂ ਨੂੰ ਸੁਚਾਰੂ ਢੰਗ ਨਾਲ ਨੇਪਰੇ ਚੜ੍ਹਾਉਣ ਲਈ ਗੱਤਕਾ ਫੈਡਰੇਸ਼ਨ ਆਫ ਇੰਡੀਆ ਦੀ 14 ਮੈਂਬਰੀ ਜੱਜਮੈਂਟ ਟੀਮ ਨਿਯੁਕਤ ਕੀਤੀ ਗਈ ਹੈ। ਜ਼ਿਕਰਯੋਗ ਹੈ ਕਿ ਨੈਸ਼ਨਲ ਗੇਮਸ ਤੋਂ ਬਾਅਦ ਖੇਲੋ ਇੰਡੀਆ ਭਾਰਤ ਦਾ ਸਭ ਤੋਂ ਵੱਡਾ ਖੇਡ ਈਵੈਂਟ ਹੈ ਜਿਸ ਵਿਚ ਗੱਤਕਾ ਖੇਡ ਦਾ ਸ਼ਾਮਿਲ ਹੋਣਾ ਸਿੱਖ ਜਗਤ ਲਈ ਮਾਣ ਵਾਲੀ ਗੱਲ ਹੈ।

ਇਸ ਪ੍ਰਾਪਤੀ ਲਈ ਬਲਜਿੰਦਰ ਸਿੰਘ ਤੂਰ ਨੇ ਗੱਤਕਾ ਫੈਡਰੇਸ਼ਨ ਆਫ ਇੰਡੀਆ ਦੇ ਪ੍ਰਧਾਨ ਹਰਚਰਨ ਸਿੰਘ ਭੁੱਲਰ, ਕਾਰਜਕਾਰੀ ਪ੍ਰਧਾਨ ਡਾ. ਰਜਿੰਦਰ ਸਿੰਘ ਸੋਹਲ ਤੇ ਫੈਡਰੇਸ਼ਨ ਦੇ ਸਾਰੇ ਅਹੁਦੇਦਾਰ ਅਤੇ ਮੈਂਬਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਯੋਗ ਅਗਵਾਈ ਹੇਠ ਗੱਤਕਾ ਜਲਦੀ ਹੀ ਅੰਤਰਰਾਸ਼ਟਰੀ ਪੱਧਰ 'ਤੇ ਆਪਣੀ ਪਹਿਚਾਣ ਬਣਾਵੇਗਾ।

# ਮੰਡੀਆਂ 'ਚ ਸ਼ੈੱਡਾਂ ਦੀ ਉਸਾਰੀ ਦੇ ਕੰਮ ਦਾ ਬਰਸਟ ਨੇ ਰੱਖਿਆ ਨੀਂਹ ਪੱਥਰ



ਪਟਿਆਲਾ : ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਦੀ ਅਗਵਾਈ ਵਿੱਚ ਅੱਜ ਮੰਡੀ ਬੋਰਡ ਵੱਲੋਂ ਲੋਕ ਹਿੱਤ ਵਿੱਚ ਕੰਮ ਕਰਦਿਆਂ ਪਟਿਆਲਾ ਦੀਆਂ ਵੱਖ-ਵੱਖ ਮੰਡੀਆਂ ਵਿੱਚ 3 ਕਰੋੜ 40 ਲੱਖ ਰੁਪਏ ਦੇ ਵਿਕਾਸ ਕਾਰਜਾਂ ਦਾ ਨੀਂਹ ਪੱਥਰ ਰੱਖਿਆ ਗਿਆ। ਇਸ ਮੌਕੇ ਮੁੱਖ ਮਹਿਮਾਨ ਵਜੋਂ ਪੰਜਾਬ ਦੇ ਸੂਚਨਾ ਅਤੇ ਲੋਕ ਸੰਪਰਕ ਮੰਤਰੀ ਚੇਤਨ ਸਿੰਘ ਜੌੜੇਮਾਜਰਾ ਪਹੁੰਚੇ ਹਨ, ਜਦੋਂਕਿ ਨਾਭਾ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਪੰਜਾਬ ਮੰਡੀ ਬੋਰਡ ਵੱਲੋਂ ਅੱਜ ਖਰੀਦ ਕੇਂਦਰ ਪਿੰਡ ਮਹਿਮਦਪੁਰ, ਪਿੰਡ ਸੁਲਤਾਨਪੁਰ ਅਤੇ ਪਿੰਡ ਬਨੇਰਾ ਕਲਾਂ ਵਿੱਚ ਸਟੀਲ ਕਵਰ ਸ਼ੈੱਡ ਦੇ ਨਿਰਮਾਣ, ਪਿੰਡ ਬਰਸਟ ਤੋਂ ਪਿੰਡ ਬਨੇਰਾ ਕਲਾਂ-ਸਰਾਜਪੁਰ ਦੀ ਲਿੰਕ ਰੋਡ ਦਾ ਨਿਰਮਾਣ ਕੀਤਾ ਗਿਆ। ਇਸ ਤੋਂ ਇਲਾਵਾ ਅਨਾਜ ਮੰਡੀ ਪਿੰਡ ਗੱਜੂ ਮਾਜਰਾ ਅਤੇ ਧਬਲਾਨ ਦੀ ਫੜ੍ਹ ਅਤੇ ਸੜਕ ਬਣਾਉਣ ਦੇ ਕਾਰਜਾਂ ਦਾ ਨੀਂਹ ਪੱਥਰ ਰੱਖਿਆ ਗਿਆ ਹੈ। ਸ. ਹਰਚੰਦ ਸਿੰਘ ਬਰਸਟ, ਚੇਅਰਮੈਨ, ਪੰਜਾਬ ਮੰਡੀ ਬੋਰਡ ਨੇ ਮਾਘੀ ਮੇਲੇ ਅਤੇ ਉਪਰੋਕਤ ਮੰਡੀਆਂ ਵਿੱਚ ਇਨ੍ਹਾਂ ਵਿਕਾਸ ਕਾਰਜਾਂ ਦੇ ਸ਼ੁਰੂ ਹੋਣ ਦੀ ਲੋਕਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਸਭ ਲੋਕਾਂ ਦੇ ਸਾਥ ਸਦਕਾ ਹੀ ਸੰਭਵ ਹੋ ਰਿਹਾ ਹੈ। ਮਹਿਮਦਪੁਰ ਪਿੰਡ ਵਾਸੀਆਂ ਵੱਲੋਂ ਉਨ੍ਹਾਂ ਦੇ ਕਹਿਣ 'ਤੇ ਹੀ 20 ਬਿੱਘੇ ਜ਼ਮੀਨ ਮੰਡੀ ਬੋਰਡ ਨੂੰ ਦਿੱਤੀ ਗਈ ਹੈ ਤਾਂ ਜੋ ਇੱਥੇ ਮੰਡੀ ਦਾ ਵਿਕਾਸ ਹੋ ਸਕੇ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਆਰ. ਡੀ. ਐੱਫ. ਰੋਕ ਕੇ ਪੰਜਾਬ ਦੇ ਪਿੰਡਾਂ ਦੇ ਵਿਕਾਸ ਨੂੰ ਠੱਪ ਕੀਤਾ ਗਿਆ ਹੈ। ਜੇਕਰ ਇਹ ਆਰ. ਡੀ. ਐੱਫ. ਜਾਰੀ ਹੋ ਜਾਵੇ ਤਾਂ ਪੰਜਾਬ ਦੇ ਪਿੰਡਾਂ ਦੀਆਂ ਲਗਭਗ 8880 ਕਿਮੀ. ਸੜਕਾਂ ਬਣ ਸਕਦੀਆਂ ਹਨ। ਸ. ਹਰਚੰਦ ਸਿੰਘ ਬਰਸਟ ਨੇ ਲੋਕਾਂ ਨੂੰ ਵਾਅਦਾ ਕੀਤਾ ਕਿ ਜਿਵੇਂ ਹੀ ਸਾਡੇ ਕੋਲ ਫੰਡ ਆਵੇਗਾ, ਪਹਿਲ ਦੇ ਆਧਾਰ 'ਤੇ ਇਸ ਹਲਕੇ ਦੀ ਸਾਰੀਆਂ ਸੜਕਾਂ ਨੂੰ ਬਣਾਇਆ ਜਾਵੇਗਾ ਤਾਂ ਜੋ ਲੋਕਾਂ ਨੂੰ ਆਪਣੀ ਉਪਜ ਲੈ ਕੇ ਆਉਣ ਵਿੱਚ ਕੋਈ ਦਿੱਕਤ ਨਾ ਹੋਵੇ। ਉਨ੍ਹਾਂ ਦੱਸਿਆ ਕਿ ਮਹਿਮਦਪੁਰ ਮੰਡੀ ਵਿੱਚ 75 ਗੁਣਾ 200 ਫੁੱਟ ਅਤੇ ਫੋਕਲ ਪੁਆਇੰਟ ਸੁਲਤਾਨਪੁਰ ਵਿਖੇ 50 ਗੁਣਾ 100 ਫੁੱਟ ਦਾ ਇੱਕ ਸ਼ੈੱਡ ਅਤੇ ਖਰੀਦ ਕੇਂਦਰ ਬਨੇਰਾ ਵਿਖੇ 50 ਗੁਣਾ 100 ਦਾ ਸਟੀਲ ਕਵਰ ਸ਼ੈੱਡ ਬਣਾਇਆ ਜਾਵੇਗਾ। ਬਰਸਟ ਤੋਂ ਬਨੇਰਾ ਤੱਕ ਦੀ ਸੜਕ ਦੀ ਉਸਾਰੀ ਕਰ ਰਹੇ ਹਾਂ। ਫੋਕਲ ਪੁਆਇੰਟ ਧੱਬਲਾਨ ਦਾ ਫੜ੍ਹ ਉੱਚਾ ਕਰਨ ਦੇ ਨਾਲ ਸ਼ੈੱਡ ਦੀ ਉਸਾਰੀ ਕੀਤੀ ਜਾ ਰਹੀ ਹੈ। ਫੋਕਲ ਪੁਆਇੰਟ ਗੱਜੂਮਾਜਰਾ ਵਿਖੇ ਪਲੇਟਫਾਰਮ ਉੱਚਾ ਚੁੱਕਣ ਲਈ ਸੜਕ ਬਣਾਈ ਜਾ ਰਹੀ ਹੈ। ਲੁਟਕੀ ਮਾਜਰਾ ਵਿੱਚ ਵੀ ਸ਼ੈੱਡ ਦੇ ਪਲੇਟਫਾਰਮ ਨੂੰ ਉੱਚਾ ਚੁੱਕਣ ਦਾ ਕੰਮ ਕੀਤਾ ਜਾ ਰਿਹਾ ਹੈ। ਇਸਦੇ ਨਾਲ ਹੀ ਮਹਿਮਦਪੁਰ ਮੰਡੀ ਨੂੰ ਸਬ-ਯਾਰਡ ਦੇ ਤੌਰ ਤੇ ਵਿਕਸਤ ਕਰਨ ਦੇ ਨਾਲ-ਨਾਲ ਸਬਜ਼ੀ ਮੰਡੀ ਅਤੇ ਦੁਕਾਨਾਂ ਬਣਾਇਆ ਜਾਣਗੀਆਂ। ਸ. ਹਰਚੰਦ ਸਿੰਘ ਬਰਸਟ ਨੇ ਦੱਸਿਆ ਕਿ ਪਿਛਲੀ ਸਰਕਾਰਾਂ ਵੱਲੋਂ ਲਿਆ ਗਿਆ 1386 ਕਰੋੜ ਰੁਪਏ ਦਾ ਕਰਜਾ ਹਾਲ ਹੀ ਵਿੱਚ ਮੰਡੀ ਬੋਰਡ ਵੱਲੋਂ ਭਰਿਆ ਗਿਆ ਹੈ। ਇਸ ਮੌਕੇ ਚੇਤਨ ਸਿੰਘ ਜੌੜਾਮਾਜਰਾ, ਕੈਬੀਨੇਟ ਮੰਤਰੀ, ਪੰਜਾਬ ਸਰਕਾਰ ਨੇ ਕਿਹਾ ਕਿ ਪੰਜਾਬ ਸਰਕਾਰ ਸੂਬਾ ਵਾਸੀਆਂ ਨੂੰ ਬਿਹਤਰ ਨਾਗਰਿਕ ਸੇਵਾਵਾਂ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ। ਇਸ ਮੰਤਵ ਨੂੰ ਪੂਰਾ ਕਰਨ ਦੇ ਮੱਦੇਨਜ਼ਰ ਸੂਬਾ ਸਰਕਾਰ ਵੱਲੋਂ ਪੰਜਾਬ ਭਰ ਵਿੱਚ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਇਸੇ ਦਾ ਨਤੀਜਾ ਹੈ ਕਿ ਸੂਬੇ ਭਰ ਵਿੱਚ ਸਕੂਲ, ਹਸਪਤਾਲ, ਮੰਡੀਆਂ ਆਦਿ ਵਿੱਚ ਲੋਕਾਂ ਨੂੰ ਹਰ ਤਰ੍ਹਾਂ ਦੀ ਸਹੂਲਤ ਦਿੱਤੀ ਜਾ ਰਹੀ ਹੈ।

ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰ ਵੱਲੋਂ ਆਰ. ਡੀ. ਐੱਫ. ਦਾ ਪੈਸਾ ਗਲਤ ਪਾਸੇ ਖਰਚ ਕੀਤਾ ਗਿਆ ਸੀ, ਜਿਸਦੇ ਸਦਕਾ ਅੱਜ ਕੇਂਦਰ ਸਰਕਾਰ ਵੱਲੋਂ ਮੰਡੀ ਬੋਰਡ ਦਾ ਆਰ. ਡੀ. ਐੱਫ. ਰੋਕਿਆ ਹੋਇਆ ਹੈ ਪਰ ਕੇਂਦਰ ਸਰਕਾਰ ਵੱਲੋਂ ਆਰ. ਡੀ. ਐੱਫ. ਜਾਰੀ ਨਾ ਹੋਣ ਦੇ ਬਾਵਜੂਦ ਮੰਡੀਆਂ ਦੇ ਵਿਕਾਸ ਅਤੇ ਪਿੰਡਾਂ ਦੀ ਸੜਕਾਂ ਬਣਾਇਆਂ ਜਾ ਰਹੀਆਂ ਹਨ। ਖਰੀਦ ਸੀਜ਼ਨ ਸ਼ੁਰੂ ਹੋਣ ਤੋਂ ਪਹਿਲਾਂ ਹੀ ਮੰਡੀਆਂ ਵਿੱਚ ਪੁਖਤਾ ਇੰਤਜ਼ਾਮ ਕਰ ਲਏ ਜਾਂਦੇ ਹਨ ਅਤੇ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਹੀ ਵਿਕਾਸ ਕਾਰਜਾਂ ਨੂੰ ਨੇਪਰੇ ਚੜ੍ਹਾਇਆ ਜਾਵੇਗਾ। ਸ. ਚੇਤਨ ਸਿੰਘ ਜੌੜਾਮਾਜਰਾ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਵਿੱਚ ਇੰਡਸਟਰੀਆਂ ਲੈ ਕੇ ਆਉਣਾ ਚਾਹੁੰਦੀ ਹੈ। ਇਸਦੇ ਲਈ ਉਨ੍ਹਾਂ ਨੇ ਕਿਸਾਨਾਂ ਨੂੰ ਸਰਕਾਰ ਦਾ ਸਾਥ ਦੇਣ ਦੀ ਅਪੀਲ ਕੀਤੀ।

## ਐਡਵੋਕੇਟ ਅਮਰਿੰਦਰ ਸਿੰਘ ਭਾਜਪਾ ਜ਼ਿਲ੍ਹਾ ਜਲੰਧਰ ਦੇ ਸਕੱਤਰ ਬਣੇ



**ਫਿਲੌਰ, ( ਨਿਰਮਲ )** ਐਡਵੋਕੇਟ ਅਮਰਿੰਦਰ ਸਿੰਘ ਫਿਲੌਰ ਨੂੰ ਜ਼ਿਲ੍ਹਾ ਪ੍ਰਧਾਨ ਰਣਜੀਤ ਸਿੰਘ ਪਵਾਰ ਵੱਲੋਂ ਜ਼ਿਲ੍ਹਾ ਸਕੱਤਰ ਨਿਯੁਕਤ ਕੀਤਾ ਗਿਆ । ਇਸ ਮੌਕੇ ਰਣਜੀਤ ਸਿੰਘ ਪਵਾਰ ਨੇ ਕਿਹਾ ਕਿ ਐਡਵੋਕੇਟ ਅਮਰਿੰਦਰ ਸਿੰਘ ਦੀ ਪਾਰਟੀ ਲਈ ਸੇਵਾ ਭਾਵਨਾ ਦੇਖਦਿਆਂ ਜ਼ਿਲ੍ਹਾ ਜਲੰਧਰ ਦਾ ਸਕੱਤਰ ਨਿਯੁਕਤ ਕੀਤਾ ਹੈ। ਇਸ ਮੌਕੇ ਐਡਵੋਕੇਟ ਅਮਰਿੰਦਰ ਸਿੰਘ ਨੇ ਕਿਹਾ ਕਿ ਪਾਰਟੀ ਵੱਲੋਂ ਦਿੱਤੀ ਗਈ ਜ਼ਿੰਮੇਵਾਰੀ ਉਹ ਤਨਦੇਹੀ ਨਾਲ ਨਿਭਾਉਣਗੇ। ਇਸ ਮੌਕੇ ਐਡਵੋਕੇਟ ਰਾਜੇਸ਼ ਕੁਮਾਰ, ਪ੍ਰਦੀਪ ਚੋਜੜ , ਗੋਲਡੀ ਨਾਹਰ, ਸ਼ਾਮ ਲਾਲ ਸ਼ਰਮਾ, ਮਨੀਸ਼ ਭਾਰਗਵ, ਸੋਮ ਨਾਥ ਸੇਖੂਪੁਰ, ਰਾਮ ਰਾਜ ਬਿਰਦੀ ਅਤੇ ਹੋਰ ਸਾਥੀ ਹਾਜ਼ਰ ਸਨ।

## ਅਧੂਰੇ ਪਏ ਇੰਤਕਾਲਾਂ ਲਈ ਵਿਸ਼ੇਸ਼ ਕੈਂਪ ਅੱਜ

**ਫਗਵਾੜਾ (ਜਸਵਿੰਦਰ ਢੱਡਾ)**- 15 ਜਨਵਰੀ ਨੂੰ ਤਹਿਸੀਲ ਕੰਪਲੈਕਸ ਫਗਵਾੜਾ ਵਿਖੇ ਅਧੂਰੇ ਪਏ ਇੰਤਕਾਲਾਂ ਨੂੰ ਮੁਕੰਮਲ ਕਰਨ ਲਈ ਵਿਸ਼ੇਸ਼ ਕੈਂਪ ਉਲੀਕੇ ਗਏ ਹਨ। ਪ੍ਰੈਸ ਨੂੰ ਉਕਤ ਜਾਣਕਾਰੀ ਜੋਗਿੰਦਰ ਸਿੰਘ ਮਾਨ ਹਲਕਾ ਇੰਚਾਰਜ ਆਮ ਆਦਮੀ ਪਾਰਟੀ ਨੇ ਦਿੱਤੀ।

## ਗੋਇਨਕਾ ਸਕੂਲ 'ਚ ਮਨਾਇਆ ਲੋਹੜੀ ਦਾ ਤਿਉਹਾਰ



**ਕਪੂਰਥਲਾ, ( ਹਨੀ )**-ਜੀ ਡੀ ਗੋਇਨਕਾ ਇੰਟਰਨੈਸ਼ਨਲ ਸਕੂਲ ਕਪੂਰਥਲਾ ਵਿਖੇ ਲੋਹੜੀ ਦਾ ਤਿਉਹਾਰ ਬੜੀ ਧੂਮਧਾਮ ਨਾਲ ਮਨਾਇਆ ਗਿਆ। ਸਮਾਗਮ ਦੀ ਸ਼ੁਰੂਆਤ ਸਕੂਲ ਦੇ ਚੇਅਰਮੈਨ ਸੁਖਦੇਵ ਸਿੰਘ, ਸਕੱਤਰ ਪਰਮਿੰਦਰ ਕੌਰ, ਪ੍ਰਿੰਸੀਪਲ ਡਾ. ਪਵਲਜੀਤ ਕੌਰ ਅਤੇ ਸਮੂਹ ਸਟਾਫ ਨੇ ਲੋਹੜੀ ਦੀ ਪਵਿੱਤਰ ਅਗਨੀ ਵਿਚ ਤਿਲ, ਗੁੜ, ਮੂੰਗਫਲੀ, ਰੇਵੜੀ ਪਾ ਕੇ ਕੀਤੀ। ਉਪਰੰਤ ਸਮੂਹ ਸਟਾਫ ਨੂੰ ਮੂੰਗਫਲੀ ਅਤੇ ਰਿਉੜੀਆਂ ਵੰਡੀਆਂ ਗਈਆਂ। ਚੇਅਰਮੈਨ ਸੁਖਦੇਵ ਸਿੰਘ ਨੇ ਇਸ ਉਤਸਵ ਦਾ ਮਹੱਤਵ ਦੱਸਦੇ ਹੋਏ ਕਿਹਾ ਕਿ ਇਹ ਸਿਰਫ ਤਿਉਹਾਰ ਨਹੀਂ ਹੈ ਬਲਕਿ ਆਪਸੀ ਪ੍ਰੇਮ ਅਤੇ ਭਾਈਚਾਰੇ ਦਾ ਪ੍ਰਤੀਕ ਹੈ। ਸਾਨੂੰ ਸਾਰਿਆਂ ਨੂੰ ਮਿਲਜੁਲ ਕੇ ਇਸ ਤਿਉਹਾਰ ਨੂੰ ਮਨਾਉਣਾ ਚਾਹੀਦਾ ਹੈ। ਅੰਤ 'ਚ ਪ੍ਰਿੰਸੀਪਲ ਨੇ ਸਮੂਹ ਸਟਾਫ ਨੂੰ ਲੋਹੜੀ ਅਤੇ ਮਕਰ ਸੰਕ੍ਰਾਂਤੀ ਦੀ ਵਧਾਈ ਦਿੱਤੀ।

## ਸੰਜੇ ਅਰੋੜਾ ਐਡਵੋਕੇਟ ਦੀ ਰਸਮ ਕਿਰਿਆ 16 ਨੂੰ



**ਫਗਵਾੜਾ (ਜਸਵਿੰਦਰ ਢੱਡਾ)**- ਐਡਵੋਕੇਟ ਸੋਨੀਕਾ ਅਰੋੜਾ ਨੂੰ ਉਦੋਂ ਡੂੰਘਾ ਸਦਮਾ ਪਹੁੰਚਿਆ ਜਦੋਂ ਉਨ੍ਹਾਂ ਦੇ ਸਤਿਕਾਰਯੋਗ ਪਤੀ ਸੰਜੇ ਅਰੋੜਾ ਐਡਵੋਕੇਟ ਨੂੰ ਅਚਾਨਕ ਹਾਰਟ ਅਟੈਕ ਆਉਣ ਕਾਰਨ ਦੇਹਾਂਤ ਹੋ ਗਿਆ ਸੀ। ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਗਰੁੜ ਪ੍ਰਾਨ ਪਾਠ ਦੇ ਭੋਗ ਤੇ ਰਸਮ ਕਿਰਿਆ ਮਿਤੀ 16 ਜਨਵਰੀ ਦਿਨ ਮੰਗਲਵਾਰ ਨੂੰ ਬਾਅਦ ਦੁਪਹਿਰ 1:00 ਵਜੇ ਤੋਂ 2: 00 ਵਜੇ ਤੱਕ ਪੰਜ ਮੰਦਰੀ ਮੇਹਲੀ ਗੇਟ ਫਗਵਾੜਾ ਵਿਖੇ ਹੋਵੇਗੀ ।

## ਪ੍ਰਕਾਸ਼ ਪੁਰਬ ਮੌਕੇ ਨਗਰ ਨਿਗਮ ਦੀ ਹੱਦ ਅੰਦਰ ਅੱਜ ਸਾਰੇ ਸਕੂਲਾਂ ਤੇ ਕਾਲਜਾਂ 'ਚ ਅੱਧੇ ਦਿਨ ਦੀ ਛੁੱਟੀ

**ਜਲੰਧਰ (ਸੁਰਿੰਦਰ ਕੁਮਾਰ)**-ਡਿਪਟੀ ਕਮਿਸ਼ਨਰ ਕਮ ਜ਼ਿਲ੍ਹਾ ਮੈਜਿਸਟ੍ਰੇਟ ਵਿਸ਼ੇਸ਼ ਸਾਰੰਗਲ ਵਲੋਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਦੇ ਸਬੰਧ ਵਿੱਚ 15 ਜਨਵਰੀ ਨੂੰ ਜਲੰਧਰ ਸ਼ਹਿਰ ਵਿੱਚ ਸਜਾਏ ਜਾ ਰਹੇ ਵਿਸ਼ਾਲ ਨਗਰ ਕੀਰਤਨ ਦੇ ਮੱਦੇਨਜ਼ਰ ਸਾਰੇ ਸਰਕਾਰੀ, ਗੈਰ ਸਰਕਾਰੀ ਸਕੂਲਾਂ ਤੇ ਕਾਲਜਾਂ ਅੰਦਰ ਬਾਅਦ ਦੁਪਹਿਰ ਅੱਧੇ ਦਿਨ ਦੀ ਛੁੱਟੀ ਦੇ ਹੁਕਮ ਦਿੱਤੇ ਗਏ ਹਨ । ਜਾਰੀ ਹੁਕਮਾਂ ਅਨੁਸਾਰ ਸਜਾਏ ਜਾਣ ਵਾਲੇ ਨਗਰ ਕੀਰਤਨ ਦੇ ਮੱਦੇਨਜ਼ਰ ਆਵਾਜਾਈ ਦੇ ਕਈ ਰੂਟ ਬਦਲੇ ਗਏ ਹਨ ਅਤੇ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ, ਵਿਦਿਆਰਥੀਆਂ ਦੀ ਸਹੂਲਤ ਅਤੇ ਸੁਰੱਖਿਆ ਨੂੰ ਧਿਆਨ 'ਚ ਰੱਖਦੇ ਹੋਏ ਜਲੰਧਰ ਨਗਰ ਨਿਗਮ ਦੀ ਹੱਦ ਅੰਦਰ ਆਉਂਦੇ ਸਾਰੇ ਸਰਕਾਰੀ ਅਤੇ ਗੈਰ ਸਰਕਾਰੀ ਸਕੂਲਾਂ ਤੇ ਕਾਲਜਾਂ 'ਚ ਬਾਅਦ ਦੁਪਹਿਰ ਅੱਧੇ ਦਿਨ ਦੀ ਛੁੱਟੀ ਘੋਸ਼ਿਤ ਕੀਤੀ ਗਈ ਹੈ।



ਰੋਜ਼ਾ ਸ਼ਰੀਫ ਮੰਢਾਲੀ ਵਿਖੇ ਗੱਦੀ ਨਸ਼ੀਨ ਸਾਈਂ ਉਮਰੇ ਸ਼ਾਹ ਕਾਦਰੀ ਕੁੜੀਆਂ ਨੂੰ ਲੋਹੜੀ ਪਾਉਂਦੇ ਹੋਏ। (ਫੋਟੋ ਤੇ ਵੇਰਵਾ : ਅਵਤਾਰ ਕਲੇਰ, ਬਹਿਰਾਮ)

# ਪ ਸ ਸ ਫ ਬਲਾਕ ਟਾਂਡਾ ਦੀ ਮੀਟਿੰਗ

## 21 ਨੂੰ ਹੋਵੇਗਾ ਐਮ ਐੱਲ ਏ ਦੀ ਰਿਹਾਇਸ਼ ਦਾ ਘਿਰਾਓ



**ਟਾਂਡਾ (ਉਂਕਾਰ ਸਿੰਘ, ਜਸਵਿੰਦਰ ਸੰਧੂ)**- ਸੂਬੇ ਦੇ ਮੁਲਾਜ਼ਮਾਂ ਦੀ ਸੰਘਰਸ਼ਸ਼ੀਲ ਜਥੇਬੰਦੀ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ (ਪ.ਸ.ਸ.ਫ.) ਬਲਾਕ ਟਾਂਡਾ ਦੀ ਇੱਕ ਬਹੁਤ ਹੀ ਅਹਿਮ ਮੀਟਿੰਗ ਬਲਾਕ ਪ੍ਰਧਾਨ ਗੁਰਮੀਤ ਸਿੰਘ ਦੀ ਪ੍ਰਧਾਨਗੀ ਹੇਠ ਸ਼ਿਮਲਾ ਪਹਾੜੀ ਟਾਂਡਾ ਵਿਖੇ ਹੋਈ ਜਿਸ ਵਿੱਚ ਬਲਾਕ ਆਗੂਆਂ ਤੋਂ ਇਲਾਵਾ ਜਥੇਬੰਦੀ ਦੇ ਸੂਬਾ ਪ੍ਰਧਾਨ ਸਤੀਸ਼ ਰਾਣਾ ਉਚੇਚੇ ਤੌਰ 'ਤੇ ਸ਼ਾਮਲ ਹੋਏ। ਇਸ ਮੌਕੇ ਸੰਬੋਧਨ ਕਰਦਿਆਂ ਸਾਥੀ ਰਾਣਾ ਨੇ ਸੂਬਾ ਸਰਕਾਰ ਦੀਆਂ ਮੁਲਾਜ਼ਮ ਅਤੇ ਪੈਨਸ਼ਨਰ ਵਿਰੋਧੀ ਨੀਤੀਆਂ ਅਤੇ ਕੀਤੇ ਜਾ ਰਹੇ ਸੰਘਰਸ਼ਾਂ ਸਬੰਧੀ ਵਿਸਥਾਰ ਵਿੱਚ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝ ਫਰੰਟ ਵਲੋਂ ਪਿਛਲੇ ਲੰਬੇ ਸਮੇਂ ਤੋਂ ਕੀਤੇ ਜਾ ਰਹੇ ਸੰਘਰਸ਼ ਨੂੰ ਹੋਰ ਵੀ ਤੇਜ਼ ਕਰਨ ਲਈ ਆਮ ਆਦਮੀ ਪਾਰਟੀ ਦੇ ਸਾਰੇ ਹੀ ਵਿਧਾਇਕਾਂ ਦੇ ਘਰਾਂ ਅੱਗੇ ਰੈਲੀਆਂ ਕੀਤੀਆਂ ਜਾ ਰਹੀਆਂ ਹਨ। ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਸਾਂਝੇ ਫਰੰਟ ਵਲੋਂ ਹਲਕਾ ਟਾਂਡਾ ਦੇ ਵਿਧਾਇਕ ਦੇ ਘਰ ਅੱਗੇ ਮਿਤੀ 21 ਜਨਵਰੀ ਨੂੰ ਰੈਲੀ ਕੀਤੀ ਜਾਵੇਗੀ ਅਤੇ ਇਸ ਰੈਲੀ ਵਿੱਚ ਪ.ਸ.ਸ.ਫ. ਨਾਲ ਸਬੰਧਤ ਜਥੇਬੰਦੀਆਂ ਵਲੋਂ ਭਰਵੀਂ ਸ਼ਮੂਲੀਅਤ ਹੋਵੇਗੀ। ਬਲਾਕ ਆਗੂ ਅਮਰ ਸਿੰਘ ਨੇ ਦੱਸਿਆ ਕਿ 21 ਜਨਵਰੀ ਨੂੰ ਸਰਕਾਰੀ ਕਾਲਜ ਦੇ ਸਟੇਡੀਅਮ ਵਿਖੇ ਇਕੱਤਰ ਹੋ ਕੇ ਠੀਕ 11 ਵਜੇ ਵਿਧਾਇਕ ਦੀ ਰਿਹਾਇਸ਼ ਵੱਲ ਮਾਰਚ ਕੀਤਾ ਜਾਵੇਗਾ ਅਤੇ ਰੋਸ ਰੈਲੀ ਕੀਤੀ ਜਾਵੇਗੀ। ਆਗੂਆਂ ਵਲੋਂ ਇਸ ਰੈਲੀ ਨੂੰ ਸਫਲ ਕਰਨ ਲਈ ਵੱਖ ਵੱਖ ਜਥੇਬੰਦੀਆਂ ਨੂੰ ਕੋਟੇ ਵੀ ਲਗਾ ਦਿੱਤੇ ਗਏ ਹਨ। ਆਗੂਆਂ ਸਰਕਾਰ 'ਤੇ ਦੋਸ਼ ਲਗਾਇਆ ਕਿ ਮੌਜੂਦਾ ਭਗਵੰਤ ਮਾਨ ਦੀ ਸਰਕਾਰ ਵਲੋਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਵੱਲ ਕੋਈ ਵੀ ਧਿਆਨ ਨਹੀਂ ਦਿੱਤਾ ਗਿਆ ਅਤੇ ਲੋਕਾਂ ਦੇ ਪੈਸੇ ਨੂੰ ਸਿਰਫ ਆਪਣੇ ਅਤੇ ਦਿੱਲੀ ਦੇ ਮੁੱਖ ਮੰਤਰੀ ਦੀਆਂ ਮਸ਼ਹੂਰੀਆਂ 'ਤੇ ਹੀ ਖਰਚ ਕੀਤਾ ਜਾ ਰਿਹਾ ਹੈ, ਸਾਰਾ ਪੰਜਾਬ ਮੁੱਖ ਮੰਤਰੀ ਦੇ ਬੋਰਡਾਂ ਨਾਲ ਹੀ ਭਰਿਆ ਪਿਆ ਹੈ ਅਤੇ ਬਹੁਤਾ ਪੈਸਾ ਬਾਹਰਲੇ ਰਾਜਾਂ ਵਿੱਚ ਝੂਠੇ ਪ੍ਰਚਾਰ 'ਤੇ ਹੀ ਖਰਚਿਆ ਜਾ ਰਿਹਾ ਹੈ। ਆਗੂਆਂ ਨੇ ਵਿਧਾਇਕਾਂ ਤੇ ਵੀ ਦੋਸ਼ ਲਗਾਇਆ ਕਿ ਕਿਸੇ ਵੀ ਵਿਧਾਇਕ ਵਲੋਂ ਮੁਲਾਜ਼ਮਾਂ ਦੀਆਂ ਮੰਗਾਂ ਪ੍ਰਤੀ ਕੋਈ ਵੀ ਸਵਾਲ ਨਹੀ ਕੀਤਾ ਗਿਆ। ਇਸ ਲਈ ਵਿਧਾਇਕਾਂ ਨੂੰ ਨੀਂਦ ਤੋਂ ਜਗਾਉਣ ਲਈ ਇਹ ਸੰਘਰਸ਼ ਉਲੀਕਿਆ ਗਿਆ ਹੈ। ਇਸ ਮੌਕੇ ਉਪਰੋਕਤ ਆਗੂਆਂ ਤੋਂ ਇਲਾਵਾ ਨਰਿੰਦਰ ਮੰਗਲ, ਦਵਿੰਦਰ ਮੂਣਕ, ਸਰਬਜੀਤ ਸਿੰਘ, ਗੁਰਚਰਨ ਸਿੰਘ, ਜਗੀਰ ਸਿੰਘ, ਰਾਜ ਕੁਮਾਰੀ, ਸੰਜੀਵ ਧੂਤ, ਗੁਰਚਰਨ ਸਿੰਘ ਪਰਮਜੀਤ ਸਿੰਘ, ਬਲਦੇਵ ਸਿੰਘ, ਪਰਮਜੀਤ ਕੌਰ, ਵਰਿੰਦਰ ਸਿੰਘ ਆਦਿ ਆਗੂ ਵੀ ਹਾਜ਼ਰ ਸਨ।

## ਜਲੰਧਰ ਦੀਆਂ ਤਹਿਸੀਲਾਂ ਤੇ ਸਬ ਤਹਿਸੀਲਾਂ 'ਚ ਵਿਸ਼ੇਸ਼ ਕੈਂਪ ਅੱਜ

**ਜਲੰਧਰ (ਸੁਰਿੰਦਰ ਕੁਮਾਰ)**-ਜ਼ਿਲ੍ਹੇ ਵਿੱਚ ਇੰਤਕਾਲਾਂ ਦੇ ਨਿਪਟਾਰੇ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ 15 ਜਨਵਰੀ ਨੂੰ ਸਾਰੀਆਂ ਤਹਿਸੀਲਾਂ ਅਤੇ ਸਬ ਤਹਿਸੀਲਾਂ ਵਿਖੇ ਵਿਸ਼ੇਸ਼ ਕੈਂਪ ਲਗਾਏ ਜਾ ਰਹੇ ਹਨ। ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਨੇ ਦੱਸਿਆ ਪੰਜਾਬ ਸਰਕਾਰ ਵਲੋਂ ਵੱਖ-ਵੱਖ ਸਰਕਾਰੀ ਸੇਵਾਵਾਂ ਦਾ ਲਾਭ ਲੋਕਾਂ ਨੂੰ ਉਨ੍ਹਾਂ ਦੀਆਂ ਬਰੂਹਾਂ 'ਤੇ ਮੁਹੱਈਆ ਕਰਵਾਉਣ ਦੀ ਵਚਨਬੱਧਤਾ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਜ਼ਿਲ੍ਹੇ ਦੇ ਤਹਿਸੀਲ ਦਫ਼ਤਰ ਸ਼ਾਹਕੋਟ, ਜਲੰਧਰ-1, ਜਲੰਧਰ-2, ਨਕੋਦਰ, ਫਿਲੌਰ ਅਤੇ ਆਦਮਪੁਰ ਤੋਂ ਇਲਾਵਾ ਸਬ ਤਹਿਸੀਲ ਦਫ਼ਤਰ ਲੋਹੀਆਂ, ਮਹਿਤਪੁਰ, ਨੂਰਮਹਿਲ, ਕਰਤਾਰਪੁਰ ਅਤੇ ਭੋਗਪੁਰ ਵਿਖੇ ਲੰਬਿਤ ਪਏ ਇੰਤਕਾਲਾਂ ਦੇ ਨਿਪਟਾਰੇ ਲਈ ਵਿਸ਼ੇਸ਼ ਕੈਂਪ ਲਗਾਏ ਜਾ ਰਹੇ ਹਨ। ਡਿਪਟੀ ਕਮਿਸ਼ਨਰ ਨੇ ਅੱਗੇ ਦੱਸਿਆ ਕਿ ਮਾਲ ਵਿਭਾਗ ਦੇ ਅਧਿਕਾਰੀ ਤੇ ਕਰਮਚਾਰੀ ਇਨ੍ਹਾਂ ਕੈਂਪਾਂ ਵਿੱਚ ਮੌਜੂਦ ਰਹਿਣਗੇ ਅਤੇ ਲੋਕਾਂ ਦੇ ਜਾਇਦਾਦਾਂ ਸਬੰਧੀ ਲੰਬਿਤ ਪਏ ਇੰਤਕਾਲ ਦਰਜ ਕਰਨਗੇ। ਉਨ੍ਹਾਂ ਦੱਸਿਆ ਕਿ ਸਰਕਾਰ ਦੀਆਂ ਹਦਾਇਤਾਂ 'ਤੇ ਇਸ ਤੋਂ ਪਹਿਲਾਂ ਵੀ ਜ਼ਿਲ੍ਹੇ ਦੀਆਂ ਸਾਰੀਆਂ ਤਹਿਸੀਲਾਂ ਤੇ ਸਬ ਤਹਿਸੀਲਾਂ ਵਿੱਚ ਬਕਾਇਆ ਪਏ ਇੰਤਕਾਲਾਂ ਦੇ ਨਿਪਟਾਰੇ ਲਈ ਕੈਂਪ ਲਗਾਏ ਗਏ ਸਨ ਜਿਸ ਦੌਰਾਨ ਇਕੋ ਦਿਨ ਵਿੱਚ 1718 ਇੰਤਕਾਲ ਕੇਸਾਂ ਦਾ ਨਿਪਟਾਰਾ ਕੀਤਾ ਗਿਆ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹਰ ਪੱਧਰ 'ਤੇ ਲੋਕਾਂ ਤੱਕ ਪਹੁੰਚ ਕੀਤੀ ਜਾ ਰਹੀ ਹੈ ਅਤੇ ਉਨ੍ਹਾਂ ਨੂੰ ਸੁਚਾਰੂ ਤੇ ਨਿਰਵਿਘਨ ਸੇਵਾਵਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਸੰਜੀਦਾ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਇਹ ਵੀ ਦੱਸਿਆ ਕਿ ਮਾਲ ਵਿਭਾਗ ਵੱਲੋਂ ਕਾਰਗੁਜ਼ਾਰੀ ਸਬੰਧੀ ਸ਼ਿਕਾਇਤ ਦਰਜ ਕਰਵਾਉਣ ਲਈ ਹੈਲਪਲਾਈਨ ਨੰਬਰ 81849-00002 ਅਤੇ ਐਨ.ਆਰ.ਆਈਜ਼ ਆਪਣੀ ਸ਼ਿਕਾਇਤ 94641-00168 'ਤੇ ਦਰਜ ਕਰਵਾ ਸਕਦੇ ਹਨ। ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਵਾਸੀਆਂ ਨੂੰ ਸਵੇਰੇ 9 ਵਜੇ ਤੋਂ ਸ਼ਾਮ 5 ਵਜੇ ਤੱਕ ਲਗਾਏ ਜਾ ਰਹੇ ਇਨ੍ਹਾਂ ਵਿਸ਼ੇਸ਼ ਕੈਂਪਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ ਦਾ ਸੱਦਾ ਦਿੱਤਾ ਗਿਆ। ਉਨ੍ਹਾਂ ਦੱਸਿਆ ਕਿ ਇਨ੍ਹਾਂ ਕੈਂਪਾਂ ਦੌਰਾਨ ਲੋਕਾਂ ਨੂੰ ਇੰਤਕਾਲ ਦਰਜ ਕਰਵਾਉਣ ਵਿੱਚ ਕੋਈ ਮੁਸ਼ਕਲ ਪੇਸ਼ ਨਾ ਆਵੇ ਸਬੰਧੀ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਪਹਿਲਾਂ ਹੀ ਹਦਾਇਤਾਂ ਜਾਰੀ ਕੀਤੀਆਂ ਜਾ ਚੁੱਕੀਆਂ ਹਨ।

# ਐੱਮ ਐੱਲ ਏ ਰੰਧਾਵਾ ਵੱਲੋਂ ਨੌਵੀਂ ਬੱਸ ਰਵਾਨਾ



**ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਗੁਰਜੀਤ ਬਿੱਲਾ)**-ਮੁੱਖ ਮੰਤਰੀ ਤੀਰਥ ਯਾਤਰਾ ਦੀ ਨਿਰੰਤਰਤਾ ਵਿੱਚ ਹਲਕਾ ਡੇਰਾਬੱਸੀ ਦੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਮਾਘੀ ਦੇ ਪਵਿੱਤਰ ਦਿਹਾੜੇ 'ਤੇ ਜ਼ਿਲ੍ਹਾ ਲਾਲੜੂ ਦੇ ਪਿੰਡ ਬੱਲੋਪੁਰ ਤੋਂ ਸ੍ਰੀ ਅੰਮ੍ਰਿਤਸਰ ਸਾਹਿਬ-ਤਲਵੰਡੀ ਸਾਬੋ ਲਈ ਜ਼ਿਲ੍ਹੇ ਦੀ ਨੌਵੀਂ ਬੱਸ ਨੂੰ ਰਵਾਨਾ ਕੀਤਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਮਾਨ ਵੱਲੋਂ ਸ਼ੁਰੂ ਕੀਤਾ ਗਿਆ ਨੇਕ ਕਾਰਜ ਸ਼ਰਧਾਲੂਆਂ ਲਈ ਲਾਹੇਵੰਦ ਸਾਬਤ ਹੋ ਰਿਹਾ ਹੈ। ਇਹ ਬੱਸ 43 ਸ਼ਰਧਾਲੂਆਂ ਨੂੰ ਲੈ ਕੇ ਦੋ ਦਿਨਾ ਯਾਤਰਾ ਲਈ ਸ੍ਰੀ ਅੰਮ੍ਰਿਤਸਰ ਸਾਹਿਬ-ਤਲਵੰਡੀ ਸਾਬੋ ਧਾਰਮਿਕ ਸਰਕਟ ਲਈ ਰਵਾਨਾ ਹੋਈ ਹੈ। ਸ਼ਰਧਾਲੂਆਂ ਨੂੰ ਬੱਸ ਵਿੱਚ ਚੜ੍ਹਨ ਤੋਂ ਪਹਿਲਾਂ ਕੰਬਲ, ਸਿਰਹਾਣਾ, ਬੈੱਡ-ਸ਼ੀਟ ਅਤੇ ਟਾਇਲਟਰੀ ਕਿੱਟ ਸਮੇਤ ਜ਼ਰੂਰੀ ਸਾਮਾਨ ਦੀਆਂ ਕਿੱਟਾਂ ਸੌਂਪੀਆਂ ਗਈਆਂ। ਵਿਧਾਇਕ ਰੰਧਾਵਾ ਨੇ ਦੱਸਿਆ ਕਿ ਮੁੱਖ ਮੰਤਰੀ ਤੀਰਥ ਯਾਤਰਾ ਲਈ ਬਣਾਏ ਗਏ ਹੋਰ ਧਾਰਮਿਕ ਸਰਕਟਾਂ ਵਿੱਚ ਸ੍ਰੀ ਅਨੰਦਪੁਰ ਸਾਹਿਬ-ਸ੍ਰੀ ਅੰਮ੍ਰਿਤਸਰ ਸਾਹਿਬ, ਮਾਤਾ ਨੈਣਾ ਦੇਵੀ-ਸ੍ਰੀ ਅਨੰਦਪੁਰ ਸਾਹਿਬ-ਮਾਤਾ ਚਿੰਤਪੁਰਨੀ-ਮਾਤਾ ਜਵਾਲਾ ਜੀ, ਸ੍ਰੀ ਅਨੰਦਪੁਰ ਸਾਹਿਬ-ਤਲਵੰਡੀ ਸਾਬੋ ਅਤੇ ਤਲਵੰਡੀ ਸਾਬੋ-ਸ੍ਰੀ ਅਨੰਦਪੁਰ ਸਾਹਿਬ, ਸਾਲਾਸਰ ਧਾਮ-ਖਾਟੂ-ਸ਼ਿਆਮ ਧਾਮ ਆਦਿ ਸ਼ਾਮਲ ਹਨ। ਵਿਧਾਇਕ ਰੰਧਾਵਾ ਨੇ ਦੱਸਿਆ ਕਿ ਹਰੇਕ ਵਿਧਾਨ ਸਭਾ ਹਲਕੇ ਨੂੰ ਪਹਿਲੇ ਪੜਾਅ ਲਈ ਅੱਠ ਬੱਸਾਂ ਅਲਾਟ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਮਾਨ ਦਾ ਲੋਕ ਪੱਖੀ ਨੀਤੀਆਂ ਨੂੰ ਲਾਗੂ ਕਰਨ ਲਈ ਪੰਜਾਬ ਦੇ ਲੋਕਾਂ ਲਈ ਸਪੱਸ਼ਟ ਦ੍ਰਿਸ਼ਟੀਕੋਣ ਹੈ। ਉਨ੍ਹਾਂ ਕਿਹਾ ਕਿ ਘਰੇਲੂ ਖਪਤਕਾਰਾਂ ਨੂੰ 600 ਯੂਨਿਟ ਤੱਕ ਮੁਫਤ ਬਿਜਲੀ, ਯੋਗਤਾ ਦੇ ਆਧਾਰ 'ਤੇ ਨੌਕਰੀਆਂ ਦੀ ਪੇਸ਼ਕਸ਼, ਭ੍ਰਿਸ਼ਟਾਚਾਰ ਵਿਰੁੱਧ ਲੜਾਈ, 1076 ਡਾਇਲ ਕਰਕੇ ਨਾਗਰਿਕ ਕੇਂਦਰਿਤ ਸੇਵਾਵਾਂ ਨੂੰ ਘਰ-ਘਰ ਪਹੁੰਚਾਉਣਾ, ਸਿਹਤ ਸੇਵਾਵਾਂ ਨੂੰ ਬਿਹਤਰ ਬਣਾਉਣ ਲਈ ਆਮ ਆਦਮੀ ਕਲੀਨਿਕ ਆਦਿ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਤਹਿਤ ਯਾਤਰਾ ਮੁਫਤ ਹੋਣ ਦੇ ਨਾਲ ਨਾਲ ਰਹਿਣ ਅਤੇ ਖਾਣੇ ਦੀ ਵਿਵਸਥਾ ਪੰਜਾਬ ਸਰਕਾਰ ਵੱਲੋਂ ਕੀਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਨੇ ਲੋੜਵੰਦ ਲੋਕਾਂ ਦੀ ਮਜਬੂਰੀ ਨੂੰ ਸਮਝਿਆ ਹੈ ਜੋ ਵੱਖ-ਵੱਖ ਕਾਰਨਾਂ ਕਰਕੇ ਆਪਣੇ ਪਵਿੱਤਰ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਦਾ ਲਾਭ ਨਹੀਂ ਲੈ ਸਕੇ ਅਤੇ ਉਨ੍ਹਾਂ ਦੀ ਮਦਦ ਲਈ ਸ਼ਲਾਘਾਯੋਗ ਸਕੀਮ ਲੈ ਕੇ ਆਏ ਹਨ।

# ਕੁਮਾਊ ਵਿਕਾਸ ਮੰਡਲ ਦਾ ਸਿਲਵਰ ਜੁਬਲੀ ਸਮਾਰੋਹ ਸੰਪੰਨ




**ਜਲੰਧਰ** : ਕੁਮਾਊ ਵਿਕਾਸ ਮੰਡਲ ਦੇ ਸਿਲਵਰ ਜੁਬਲੀ ਸਮਾਰੋਹ ਦੀ ਸ਼ੁਰੂਆਤ ਪੰਡਤ ਅੰਬਾ ਦੱਤ ਰਿਖੜੀ ਦੁਆਰਾ ਸ੍ਰੀ ਸਤਨਾਰਾਇਣ ਭਗਵਾਨ ਦੀ ਕਥਾ ਨਾਲ ਕੀਤੀ ਗਈ, ਜਿਸ ਦੇ ਮੁੱਖ ਮਹਿਮਾਨ ਹਰੀਸ਼ ਚੰਦਰ ਤਿਵਾੜੀ ਸਨ। ਇਸ ਉਪਰੰਤ ਬੱਚਿਆਂ ਦੇ ਗਿਆਨ ਮੁਕਾਬਲੇ ਕਰਵਾਏ ਗਏ। ਮੁਕਾਬਲਿਆ 'ਚ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਪਹਿਲਾ, ਦੂਜਾ ਅਤੇ ਤੀਜਾ ਸਥਾਨ ਹਾਸਲ ਕਰਨ ਲਈ ਪ੍ਰਸ਼ੰਸਾ ਪੱਤਰ ਦਿੱਤੇ ਗਏ। ਇਸ ਮੌਕੇ ਵਿਧਾਇਕ ਰਮਨ ਅਰੋੜਾ ਨੇ ਕੁਮਾਊ ਕਲਸ ਜੋਤੀ ਜਗਾਈ ਤੇ ਆਪਣੇ ਭਾਸ਼ਣ ਵਿੱਚ ਅਮਨ ਅਰੋੜਾ ਨੇ ਕੁਮਾਊ ਵਿਕਾਸ ਮੰਡਲ ਨੂੰ ਪੰਜਾਬ ਸਰਕਾਰ ਵੱਲੋਂ ਜ਼ਮੀਨ ਦਿਵਾਉਣ ਦਾ ਵਾਅਦਾ ਕੀਤਾ। ਇਸ ਦੌਰਾਨ ਲੋਕ ਗਾਇਕ ਭੁਵਨ ਗੋਸਵਾਮੀ ਅਤੇ ਸਾਥੀ ਕਲਾਕਾਰਾਂ ਵੱਲੋਂ ਉਤਰਾਖੰਡੀ ਸੱਭਿਆਚਾਰਕ ਰੰਗਮੰਚ ਦਾ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ। ਸਟੇਜ ਸੰਚਾਲਕ ਅਤੇ ਕਾਮੇਡੀਅਨ ਸ਼ਿਬੂ ਰਾਵਤ ਨੇ ਆਪਣੇ ਹਾਸਰਸ ਵਿਅੰਗ ਨਾਲ ਲੋਕਾਂ ਦਾ ਮਨੋਰੰਜਨ ਕੀਤਾ। ਗੌਰਵ ਵਸ਼ਿਸ਼ਟ ਨੇ ਆਪਣਾ ਕੁਮਾਵਨੀ ਗੀਤ 'ਅੰਮਾ ਹਰੇ ਗਏ' ਪੇਸ਼ ਕੀਤਾ। ਇਸ ਮੌਕੇ ਕੁਮਾਊ ਵਿਕਾਸ ਬੋਰਡ ਦੇ ਪ੍ਰਧਾਨ ਇੰਦਰ ਸਿੰਘ ਤੁਲੇਰਾ, ਚੇਅਰਮੈਨ ਭੁਪਿੰਦਰ ਸਿੰਘ ਬੋੜਾ, ਜਨਰਲ ਸਕੱਤਰ ਰਣਜੀਤ ਸਿੰਘ ਰਾਵਤ ਨੇ ਸਭਾ ਵੱਲੋਂ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ।

## ਪਿੰਡ ਲੱਖਪੁਰ 'ਚ ਕਰਵਾਇਆ ਧਾਰਮਿਕ ਸਮਾਗਮ

**ਫਗਵਾੜਾ ( ਡਾ. ਰਮਨ, ਜਸਵਿੰਦਰ ਢੱਡਾ )** ਭਾਈ ਅਮਰਦਾਸ ਧਰਮਸ਼ਾਲਾ ਪਿੰਡ ਲੱਖਪੁਰ ਵਿਖੇ ਸਲਾਨਾ ਮਾਘ ਮੇਲਾ ਪ੍ਰਬੰਧਕ ਕਮੇਟੀ ਵਲੋਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਪੂਰਵਕ ਮਨਾਇਆ ਗਿਆ। ਇਸ ਮੌਕੇ ਸਵੇਰੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸਰਬੱਤ ਦੇ ਭਲੇ ਦੀ ਅਰਦਾਸ ਹੋਈ। ਜਿਸ ਤੋਂ ਬਾਅਦ ਬੀਬੀ ਰਵਿੰਦਰ ਕੌਰ ਲੁਧਿਆਣਾ ਵਾਲਿਆਂ ਦੇ ਢਾਡੀ ਜਥੇ ਨੇ ਸੰਗਤਾਂ ਨੂੰ ਚਾਲੀ ਮੁਕਤਿਆਂ ਦੇ ਲਸਾਨੀ ਸ਼ਹਾਦਤ ਭਰੇ ਇਤਿਹਾਸ ਨਾਲ ਜਾਣੂ ਕਰਵਾਇਆ। ਕਮੇਟੀ ਪ੍ਰਧਾਨ ਬਲਵੀਰ ਸਿੰਘ, ਕਮੇਟੀ ਮੈਂਬਰ ਹਰਦਿਆਲ ਸਿੰਘ, ਦਰਸ਼ਨ ਸਿੰਘ, ਮਲਜਿੰਦਰ ਸਿੰਘ, ਰਣਜੀਤ ਸਿੰਘ ਅਤੇ ਜਸਵੰਤ ਦਾਸ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮਾਘ ਮਹੀਨੇ ਦੀ ਸੰਗਰਾਂਦ ਸਾਨੂੰ ਦਸਮ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਲੀ ਮੁਕਤਿਆਂ ਦੇ ਇਤਿਹਾਸ ਦੀ ਯਾਦ ਦੁਆਉਂਦੀ ਹੈ। ਕੌਮ ਦੇ ਮਹਾਨ ਸ਼ਹੀਦਾਂ ਤੋਂ ਸੇਧ ਲੈਂਦੇ ਹੋਏ ਅਜੋਕੀ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਦਾ ਪੂਰੀ ਤਰ੍ਹਾਂ ਨਾਲ ਤਿਆਗ ਕਰਦੇ ਹੋਏ ਦੇਸ਼ ਕੌਮ ਲਈ ਆਪਣਾ ਜੀਵਨ ਲਗਾਉਣਾ ਚਾਹੀਦਾ ਹੈ। ਚਾਹ ਪਕੌੜੇ, ਜਲੇਬੀਆਂ ਅਤੇ ਗੁਰੂ ਕੇ ਲੰਗਰ ਦੀ ਸੇਵਾ ਨਿਭਾਈ ਗਈ। ਇਸ ਮੌਕੇ ਮੁੱਖ ਸੇਵਾਦਾਰ ਬਾਬਾ ਰਾਮ ਜੀ, ਰੇਸ਼ਮ ਸਿੰਘ, ਭਾਰਤ ਭੂਸ਼ਣ, ਸੁਖਵਿੰਦਰ ਸਿੰਘ ਲੱਖਪੁਰ, ਸੋਢੀ ਰਾਮ, ਮਿੰਟੂ, ਨਿਰਮਲ ਸਿੰਘ ਲੱਖਪੁਰ, ਸਰਬਜੀਤ ਸਿੰਘ, ਗੋਪਾਲ ਦਾਸ, ਬਲਜੀਤ ਸਿੰਘ, ਰਣਜੀਤ ਸਿੰਘ ਤੋਂ ਇਲਾਵਾ ਵੱਡੀ ਗਿਣਤੀ 'ਚ ਪਿੰਡ ਦੀਆਂ ਸੰਗਤਾਂ ਹਾਜ਼ਰ ਸਨ।

## ਗੁਰੂ ਨਾਨਕ ਕਾਲਜ ਆਫ ਨਰਸਿੰਗ ਢਾਹਾਂ ਕਲੇਰਾਂ 'ਚ ਲੋਹੜੀ ਦਾ ਤਿਉਹਾਰ ਮਨਾਇਆ



**ਬਹਿਰਾਮ (ਅਵਤਾਰ ਕਲੇਰ)**-ਗੁਰੂ ਨਾਨਕ ਕਾਲਜ ਆਫ਼ ਨਰਸਿੰਗ ਢਾਹਾਂ ਕਲੇਰਾਂ ਵਿਖੇ ਸਮੂਹ ਨਰਸਿੰਗ ਵਿਦਿਆਰਥੀਆਂ ਵੱਲੋਂ ਅੱਜ ਲੋਹੜੀ ਦਾ ਤਿਉਹਾਰ ਮਨਾਇਆ ਗਿਆ। ਇਸ ਮੌਕੇ ਹਰਦੇਵ ਸਿੰਘ ਕਾਹਮਾ ਪ੍ਰਧਾਨ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਨੇ ਲੋਹੜੀ ਦੀ ਧੂਣੀ ਨੂੰ ਅਗਨੀ ਦਿਖਾਉਣ ਦੀ ਰਸਮ ਅਦਾ ਕੀਤੀ। ਇਕੱਤਰ ਨਰਸਿੰਗ ਸਟਾਫ ਅਤੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਹਰਦੇਵ ਸਿੰਘ ਕਾਹਮਾ ਪ੍ਰਧਾਨ, ਕੁਲਵਿੰਦਰ ਸਿੰਘ ਢਾਹਾਂ ਜਨਰਲ ਸਕੱਤਰ, ਦਰਸ਼ਨ ਸਿੰਘ ਮਾਹਿਲ ਕੈਨੇਡਾ ਪ੍ਰਬੰਧਕ ਮੈਂਬਰ, ਜਗਜੀਤ ਸਿੰਘ ਸੋਢੀ ਅਤੇ ਵਰਿੰਦਰ ਸਿੰਘ ਬਰਾੜ ਐਚ ਆਰ ਨੇ ਸਾਰੇ ਸਟਾਫ਼ ਅਤੇ ਵਿਦਿਆਰਥੀਆਂ ਨੂੰ ਲੋਹੜੀ ਦੇ ਤਿਉਹਾਰ ਦੀਆਂ ਵਧਾਈਆਂ ਦਿੱਤੀਆਂ। ਉਨ੍ਹਾਂ ਕਿਹਾ ਕਿ ਧੀਆਂ ਨੂੰ ਵੀ ਪੁੱਤਰਾਂ ਵਾਂਗੂ ਪਾਲਿਆ ਜਾਵੇ ਅਤੇ ਲੋਹੜੀ ਦੇ ਤਿਉਹਾਰ ਦੀ ਖੁਸ਼ੀਆਂ ਨੂੰ ਵਧਾਉਣ ਲਈ ਧੀਆਂ ਦੀ ਲੋਹੜੀ ਵੀ ਪਾਈ ਜਾਣੀ ਚਾਹੀਦੀ ਹੈ। ਉਨ੍ਹਾਂ ਸਮੂਹ ਨਰਸਿੰਗ ਵਿਦਿਆਰਥੀਆਂ ਨੂੰ ਵਧੀਆ ਪੜ੍ਹਾਈ ਕਰਕੇ ਆਪਣੇ ਨਰਸਿੰਗ ਕਾਲਜ ਦਾ ਰੋਸ਼ਨ ਕਰਨ ਲਈ ਵੀ ਪ੍ਰੇਰਿਤ ਕੀਤਾ। ਲੋਹੜੀ ਸਮਾਗਮ 'ਚ ਮੈਡਮ ਰਮਨਦੀਪ ਕੌਰ ਵਾਈਸ ਪ੍ਰਿੰਸੀਪਲ ਗੁਰੂ ਨਾਨਕ ਕਾਲਜ ਆਫ ਨਰਸਿੰਗ ਵੱਲੋਂ ਵਿਦਿਆਰਥੀਆਂ ਲਈ ਸ਼ਾਨਦਾਰ ਲੋਹੜੀ ਸਮਾਗਮ ਕਰਵਾਉਣ ਲਈ ਸਮੂਹ ਕਾਲਜ ਪ੍ਰਬੰਧਕਾਂ ਦਾ ਹਾਰਦਿਕ ਧੰਨਵਾਦ ਕੀਤਾ। ਨਰਸਿੰਗ ਕਾਲਜ ਵਿਖੇ ਲੋਹੜੀ ਦਾ ਤਿਉਹਾਰ ਮਨਾਉਣ ਮੌਕੇ ਹੋਏ ਸੱਭਿਆਚਾਰਕ ਸਮਾਗਮ ਵਿਚ ਵੱਖ-ਵੱਖ ਕਲਾਸਾਂ ਦੇ ਨਰਸਿੰਗ ਵਿਦਿਆਰਥੀਆਂ ਵੱਲੋਂ ਲੋਹੜੀ ਦੇ ਗੀਤ ਗਾਏ ਗਏ ਅਤੇ ਗਿੱਧਾ-ਭੰਗੜਾ ਪਾ ਕੇ ਲੋਹੜੀ ਦਾ ਤਿਉਹਾਰ ਮਨਾਇਆ ਗਿਆ। ਇਨ੍ਹਾਂ ਖੁਸ਼ੀਆਂ ਦੇ ਪਲਾਂ ਮੌਕੇ ਹਰਦੇਵ ਸਿੰਘ ਕਾਹਮਾ ਪ੍ਰਧਾਨ, ਕੁਲਵਿੰਦਰ ਸਿੰਘ ਢਾਹਾਂ ਜਨਰਲ ਸਕੱਤਰ, ਦਰਸ਼ਨ ਸਿੰਘ ਮਾਹਿਲ ਕੈਨੇਡਾ, ਜਗਜੀਤ ਸਿੰਘ ਸੋਢੀ, ਵਰਿੰਦਰ ਸਿੰਘ ਬਰਾੜ, ਮਹਿੰਦਰਪਾਲ ਸਿੰਘ, ਰਮਨਦੀਪ ਕੌਰ, ਨਵਜੋਤ ਕੌਰ ਸਹੋਤਾ ਤੋਂ ਇਲਾਵਾ ਸਮੂਹ ਨਰਸਿੰਗ ਕਾਲਜ ਸਟਾਫ਼ ਅਤੇ ਨਰਸਿੰਗ ਵਿਦਿਆਰਥੀ ਹਾਜ਼ਰ ਸਨ।

## ਹਲਕਾ ਸ਼ਾਹਕੋਟ ਦੇ ਵਾਸੀਆਂ ਦੀ ਸੇਵਾ ਲਈ ਹਰ ਵੇਲੇ ਹਾਜ਼ਰ ਹਾਂ : ਕਾਕੜ ਕਲਾਂ



**ਮਹਿਤਪੁਰ (ਰਾਜਾ)**-ਆਮ ਆਦਮੀ ਪਾਰਟੀ ਦੇ ਹਲਕਾ ਸ਼ਾਹਕੋਟ ਦੇ ਸੀਨੀਅਰ ਲੀਡਰ ਬੀਬੀ ਰਣਜੀਤ ਕੌਰ ਸੁਪਤਨੀ ਸਵਰਗਵਾਸੀ ਰਤਨ ਸਿੰਘ ਕਾਕੜ ਕਲਾਂ ਨੇ ਆਪਣੇ ਹਲਕਾ ਸ਼ਾਹਕੋਟ ਦੇ ਪਰਵਾਰਕ ਮੈਂਬਰਾਂ ਨੂੰ ਜਿੱਥੇ ਲੋਹੜੀ ਦੀ ਮੁਬਾਰਕਬਾਦ ਦਿੱਤੀ ਅਤੇ ਉੱਥੇ ਹੀ ਸ੍ਰੀ ਮੁਕਤਸਰ ਸਾਹਿਬ ਦੇ 40 ਮੁਕਤਿਆਂ ਦੀ ਸ਼ਹਾਦਤ ਨੂੰ ਕੋਟਨ ਕੋਟਿ ਨਮਨ ਪ੍ਰਣਾਮ ਕਰਦਿਆਂ ਕਿਹਾ ਕਿ ਸ਼ੁਰੂ ਹੋਇਆ ਇਹ ਨਵਾਂ ਸਾਲ ਹਲਕਾ ਸ਼ਾਹਕੋਟ ਵਾਸੀਆਂ ਲਈ ਨਵੀਆਂ ਖੁਸ਼ੀਆਂ ਅਤੇ ਤਰੱਕੀਆਂ ਲੈ ਕੇ ਆਵੇ। ਬੀਬਾ ਨੇ ਵਿਸ਼ੇਸ਼ ਵਾਰਤਾ 'ਚ ਕਿਹਾ ਕਿ ਕੁਝ ਵਿਸ਼ੇਸ਼ ਕਾਰਨਾਂ ਕਰਕੇ ਆਪਣੇ ਹਲਕੇ ਦੇ ਕੁਝ ਪ੍ਰੋਗਰਾਮਾਂ 'ਚ ਸ਼ਿਰਕਤ ਨਹੀਂ ਕਰ ਸਕੇ। ਇਸ ਗੱਲ ਦਾ ਉਨ੍ਹਾਂ ਨੂੰ ਅਹਿਸਾਸ ਹੈ, ਬਹੁਤ ਜਲਦ ਹੀ ਉਹ ਆਪਣੇ ਵਰਕਰ ਸਾਥੀਆਂ ਨਾਲ ਰਾਬਤਾ ਕਾਇਮ ਕਰਨਗੇ ਅਤੇ ਉਨ੍ਹਾਂ ਦੀਆਂ ਦੁੱਖ ਤਕਲੀਫਾਂ ਸੁਣ ਕੇ ਉਨ੍ਹਾਂ ਨੂੰ ਬਹੁਤ ਜਲਦ ਹੀ ਦੂਰ ਕਰਨ ਦੀ ਕੋਸ਼ਿਸ਼ ਵੀ ਕਰਨਗੇ, ਕਿਉਂਕਿ ਸਵ: ਰਤਨ ਸਿੰਘ ਕਾਕੜ ਕਲਾਂ ਨੇ ਹਲਕਾ ਸ਼ਾਹਕੋਟ ਦੇ ਵਿਕਾਸ ਨੂੰ ਲੈ ਕੇ ਜੋ ਵੀ ਸੁਪਨਾ ਦੇਖਿਆ ਸੀ, ਉਸ ਨੂੰ ਆਪ ਸਭ ਦੇ ਸਹਿਯੋਗ ਨਾਲ ਬਹੁਤ ਹੀ ਜਲਦ ਪੂਰਾ ਕੀਤਾ ਜਾਵੇਗਾ ਅਤੇ ਕੁਝ ਕਾਰਨਾਂ ਕਰਕੇ ਰੁਕੇ ਹੋਏ ਵਿਕਾਸ ਕਾਰਜਾਂ ਨੂੰ ਵੀ ਨੇਪਰੇ ਚਾੜ੍ਹਨ ਦੀ ਵੀ ਕੋਸ਼ਿਸ਼ ਜਾਰੀ ਰਹੇਗੀ। ਹਲਕਾ ਸ਼ਾਹਕੋਟ ਦੇ ਕਿਸੇ ਵੀ ਮੇਰੇ ਪਰਵਾਰ ਦੇ ਵਰਕਰ ਨੂੰ ਕਿਸੇ ਵੀ ਤਰੀਕੇ ਦੀ ਕੋਈ ਦੁੱਖ ਤਕਲੀਫ ਹੁੰਦੀ ਹੈ ਤਾਂ ਮੇਰੇ ਨਾਲ ਸਿੱਧਾ ਸੰਪਰਕ ਕਰ ਸਕਦੇ ਹਨ। ਮੈਂ ਹਲਕਾ ਸ਼ਾਹਕੋਟ ਦੇ ਵਾਸੀਆਂ ਦੀ ਸੇਵਾ ਲਈ ਹਰ ਵੇਲੇ ਹਾਜ਼ਰ ਹਾਂ!

## ਜਨਮ ਦਿਨ ਮੁਬਾਰਕ



ਗੁਰਸ਼ਾਨ ਸਿੰਘ ਬੇਦੀ
ਡੇਰਾ ਬਾਬਾ ਨਾਨਕ



ਨਵਰਾਜ
ਪਿੰਡ ਭੰਗਵਾਂ

## ਗੁਰਦੁਆਰਾ ਪ੍ਰਬੰਧਕ ਕਮੇਟੀ ਚੋਣਾਂ : ਐੱਸ ਡੀ ਐੱਮ ਵੱਲੋਂ ਵਿਸ਼ੇਸ਼ ਕੈਂਪਾਂ 'ਚ ਯੋਗ ਵੋਟਰਾਂ ਦੀ ਰਜਿਸਟ੍ਰੇਸ਼ਨ 'ਤੇ ਜ਼ੋਰ

**ਫਿਲੌਰ (ਨਿਰਮਲ)**-ਉਪ ਮੰਡਲ ਮੈਜਿਸਟ੍ਰੇਟ ਅਮਨਪਾਲ ਸਿੰਘ ਨੇ ਅੱਜ ਅਧਿਕਾਰੀਆਂ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਲਈ ਵੋਟਰਾਂ ਦੀ ਰਜਿਸਟ੍ਰੇਸ਼ਨ ਲਈ 14 ਅਤੇ 17 ਜਨਵਰੀ ਨੂੰ ਸਬ-ਡਵੀਜ਼ਨ ਦੇ ਗੁਰਦੁਆਰਿਆਂ ਵਿੱਚ ਲਾਏ ਜਾਣ ਵਾਲੇ ਵਿਸ਼ੇਸ਼ ਕੈਂਪਾਂ ਵਿੱਚ ਵੱਧ ਤੋਂ ਵੱਧ ਯੋਗ ਵੋਟਰਾਂ ਦੀ ਰਜਿਸਟ੍ਰੇਸ਼ਨ ਕਰਨ 'ਤੇ ਜ਼ੋਰ ਦਿੱਤਾ ਤਾਂ ਜੋ ਕੋਈ ਵੀ ਯੋਗ ਵਿਅਕਤੀ ਵੋਟ ਬਣਾਉਣ ਤੋਂ ਵਾਂਝਾ ਨਾ ਰਹੇ।

ਇਥੇ ਆਪਣੇ ਦਫਤਰ ਵਿਖੇ ਤਹਿਸੀਲਦਾਰ, ਨਾਇਬ ਤਹਿਸੀਲਦਾਰਾਂ, ਬੀ.ਡੀ.ਪੀ.ਓਜ਼ ਸਮੇਤ ਹੋਰ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਐਸ.ਡੀ.ਐਮ. ਨੇ ਕਿਹਾ ਕਿ ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਦੀਆਂ ਹਦਾਇਤਾਂ ਅਨੁਸਾਰ ਸਬ-ਡਵੀਜ਼ਨ ਦੇ ਪਿੰਡਾਂ ਦੇ ਗੁਰਦੁਆਰਿਆਂ ਵਿੱਚ ਲਗਾਏ ਜਾਣ ਵਾਲੇ ਵਿਸ਼ੇਸ਼ ਕੈਂਪਾਂ ਵਿੱਚ ਬੀ.ਐਲ.ਓਜ਼ ਅਤੇ ਪਟਵਾਰੀਆਂ ਵੱਲੋਂ ਫਾਰਮ ਪ੍ਰਾਪਤ ਕੀਤੇ ਜਾਣਗੇ। ਜਦਕਿ ਸ਼ਹਿਰਾਂ ਵਿੱਚ ਨਗਰ ਕੌਂਸਲ ਦਫਤਰਾਂ ਦੇ ਕਰਮਚਾਰੀ ਅਤੇ ਬੀ.ਐਲ.ਓਜ਼ ਫਾਰਮ ਲੈਣਗੇ। ਉਨ੍ਹਾਂ ਕਿਹਾ ਕਿ ਸਿਰਫ ਉਨ੍ਹਾਂ ਬਿਨੈਕਾਰਾਂ ਪਾਸੋਂ ਹੀ ਫਾਰਮ ਪ੍ਰਾਪਤ ਕੀਤੇ ਜਾਣ, ਜੋ ਫਾਰਮ ਨੰ. 1 ਵਿੱਚ ਦਰਸਾਈਆਂ ਗਈਆਂ ਸ਼ਰਤਾਂ ਪੂਰੀਆਂ ਕਰਦੇ ਹੋਣ। ਉਨ੍ਹਾਂ ਕਿਹਾ ਕਿ ਵੋਟਰ ਦੀ ਉਮਰ 21 ਸਾਲ (21-10-2023 ਤੱਕ) ਤੋਂ ਘੱਟ ਨਹੀਂ ਹੋਣੀ ਚਾਹੀਦੀ। ਉਨ੍ਹਾਂ ਦੱਸਿਆ ਕਿ ਪਟਵਾਰੀਆਂ ਰਾਹੀਂ ਸਬੰਧਤ ਪਿੰਡਾਂ ਦੇ ਗੁਰਦੁਆਰਿਆਂ ਅਤੇ ਬੀ.ਐਲ.ਓਜ਼ ਨੂੰ ਲੋੜੀਂਦੀ ਗਿਣਤੀ ਵਿੱਚ ਫਾਰਮ ਮੁਹੱਈਆ ਕਰਵਾਉਣ ਦੀਆਂ ਹਦਾਇਤਾਂ ਪਹਿਲਾਂ ਹੀ ਜਾਰੀ ਕਰ ਦਿੱਤੀਆਂ ਗਈਆਂ ਹਨ।

ਇਸੇ ਤਰ੍ਹਾਂ ਸ਼ਹਿਰੀ ਖੇਤਰਾਂ ਵਿੱਚ ਸਬੰਧਤ ਕਾਰਜ ਸਾਧਕ ਅਫਸਰਾਂ ਨੂੰ ਵੀ ਸ਼ਹਿਰੀ ਖੇਤਰ ਦੇ ਗੁਰਦੁਆਰਿਆਂ ਅਤੇ ਬੀ.ਐਲ.ਓਜ਼ ਨੂੰ ਫਾਰਮ ਮੁਹੱਈਆ ਕਰਵਾਉਣ ਦੇ ਨਿਰਦੇਸ਼ ਪਹਿਲਾਂ ਹੀ ਦਿੱਤੇ ਜਾ ਚੁੱਕੇ ਹਨ। ਐਸ.ਜੀ.ਪੀ.ਸੀ. ਚੋਣਾਂ ਲਈ ਵੋਟਰ ਵਜੋਂ ਰਜਿਸਟ੍ਰੇਸ਼ਨ ਲਈ ਵਿਅਕਤੀ ਦਾ ਕੇਸਧਾਰੀ ਸਿੱਖ ਹੋਣਾ ਲਾਜ਼ਮੀ ਹੈ।

ਜੋ ਵਿਅਕਤੀ ਆਪਣੀ ਦਾੜ੍ਹੀ ਕਟਵਾਉਂਦੇ ਹਨ ਜਾਂ ਸ਼ੇਵ ਕਰਦੇ, ਬੀੜੀ/ਸਿਗਰਟ ਜਾਂ ਸ਼ਰਾਬ ਪੀਂਦੇ ਹਨ, ਆਪਣੇ-ਆਪ ਨੂੰ ਵੋਟਰ ਵਜੋਂ ਰਜਿਸਟਰ ਨਹੀਂ ਕਰਵਾ ਸਕਦੇ।

## ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ 'ਚ ਲੋਹੜੀ ਦਾ ਤਿਉਹਾਰ ਮਨਾਇਆ



**ਕਪੂਰਥਲਾ, ( ਹਨੀ )**- ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਵਿਖੇ ਪ੍ਰਿੰਸੀਪਲ ਪ੍ਰਭਦੀਪ ਕੌਰ ਮੋਂਗਾ ਦੀ ਅਗਵਾਈ ਹੇਠ ਸਟਾਫ ਮੈਂਬਰਾਂ ਅਤੇ ਵਿਦਿਆਰਥੀਆਂ ਲੋਹੜੀ ਦਾ ਤਿਉਹਾਰ ਮਨਾਇਆ । ਇਸ ਮੌਕੇ ਸਕੂਲ ਦੇ ਪ੍ਰਸ਼ਾਸਕ ਇੰਜੀਨੀਅਰ ਨਿਮਰਤਾ ਕੌਰ ਨੇ ਸਮਾਗਮ ਵਿੱਚ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਅਤੇ ਸਮੂਹ ਸਟਾਫ ਅਤੇ ਵਿਦਿਆਰਥੀਆਂ ਨੂੰ ਲੋਹੜੀ ਦੀਆਂ ਮੁਬਾਰਕਾਂ ਦਿੱਤੀਆਂ । ਇਸ ਮੌਕੇ ਵਿਦਿਆਰਥੀਆਂ ਵਲੋਂ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ। ਗਿਆਰ੍ਹਵੀਂ ਜਮਾਤ ਦੀ ਵਿਦਿਆਰਥਣ ਇੰਦਰਪ੍ਰੀਤ ਕੌਰ ਨੇ ਸਪੀਚ ਬੋਲ ਕੇ ਬੱਚਿਆਂ ਨੂੰ ਲੋਹੜੀ ਦੇ ਤਿਉਹਾਰ ਨਾਲ ਰੂਬਰੂ ਕਰਵਾਇਆ ਅਤੇ ਇਸੇ ਜਮਾਤ ਦੀ ਵਿਦਿਆਰਥਣ ਕਿਰਨਦੀਪ ਕੌਰ ਨੇ ਲੋਹੜੀ ਦੇ ਸੰਬੰਧ ਵਿੱਚ ਕਵਿਤਾ ਪੇਸ਼ ਕੀਤੀ। ਸਕੂਲ ਦੇ ਵਿਦਿਆਰਥੀਆਂ ਮਿਲ ਕੇ ਲੋਹੜੀ ਦੇ ਗੀਤ ਗਾਏ। ਇਸ ਮੌਕੇ ਵਿਦਿਆਰਥੀਆਂ ਅਤੇ ਅਧਿਆਪਕਾਂ ਦੀਆਂ ਗੇਮਾਂ ਵੀ ਕਰਵਾਈਆਂ ਗਈਆਂ ।

ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਡਾਇਰੈਕਟਰ ਇੰਜੀਨੀਅਰ ਹਰਨਿਆਮਤ ਕੌਰ, ਪ੍ਰਸ਼ਾਸਕ ਇੰਜੀਨੀਅਰ ਨਿਮਰਤਾ ਕੌਰ ਨੇ ਵੀ ਸਮੂਹ ਸਟਾਫ ਅਤੇ ਵਿਦਿਆਰਥੀਆਂ ਨੂੰ ਲੋਹੜੀ ਦੀਆਂ ਮੁਬਾਰਕਾਂ ਦਿੱਤੀਆਂ।

## ਮਾਈਕਰੋ ਫਾਇਨਾਂਸ ਕੰਪਨੀਆਂ ਦੇ ਕਰਜ਼ੇ ਮੁਆਫ ਕਰਾਉਣ ਲਈ ਸੰਘਰਸ਼ ਤੇਜ਼ ਕਰਨ ਦਾ ਫੈਸਲਾ

**ਜਲੰਧਰ ( ਰਾਜੇਸ਼ ਥਾਪਾ )** -ਦਿਹਾਤੀ ਮਜ਼ਦੂਰ ਸਭਾ ਦੀ ਸੂਬਾ ਵਰਕਿੰਗ ਕਮੇਟੀ ਦੀ ਮੀਟਿੰਗ ਸਾਥੀ ਦਰਸ਼ਨ ਨਾਹਰ ਸੂਬਾ ਪ੍ਰਧਾਨ ਦੀ ਪ੍ਰਧਾਨਗੀ ਹੇਠ ਜਲੰਧਰ ਗੜ੍ਹਾ ਦਫਤਰ ਵਿੱਚ ਹੋਈ। ਮੀਟਿੰਗ ਵਿੱਚ ਸੂਬਾ ਜਨਰਲ ਸਕੱਤਰ ਗੁਰਨਾਮ ਸਿੰਘ ਦਾਊਦ ਨੇ ਮੌਜੂਦਾ ਹਾਲਾਤ 'ਤੇ ਵਿਸਥਾਰ ਸਹਿਤ ਚਾਨਣਾ ਪਾਇਆ ਅਤੇ ਆਉਣ ਵਾਲੇ ਸਮੇਂ ਵਿੱਚ ਕੀਤੇ ਜਾਣ ਵਾਲੇ ਕਾਰਜਾਂ ਬਾਰੇ ਜਾਣਕਾਰੀ ਦਿੱਤੀ। ਸਾਥੀ ਦਾਊਦ ਨੇ ਕਿਹਾ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਨੇ ਜਿਹੜੀਆਂ ਗਰੰਟੀਆਂ ਗਰੀਬਾਂ ਨੂੰ ਦਿੱਤੀਆਂ ਸਨ, ਅੱਜ ਉਨ੍ਹਾਂ ਤੋਂ ਮੁਨਕਰ ਹੋ ਰਹੀ ਹੈ। ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਵੱਲੋਂ ਐਮ ਐਲ ਏਜ਼ ਨੂੰ ਯਾਦ-ਪੱਤਰ ਦੇ ਕੇ ਮੰਗਾਂ ਮੰਨਣ ਦੀ ਅਪੀਲ ਕੀਤੀ ਸੀ, ਫਿਰ ਮੰਤਰੀਆਂ ਦੇ ਘਰਾਂ ਅੱਗੇ ਤਿੰਨ ਰੋਜ਼ਾ ਲਗਾਤਾਰ ਰਾਤ ਦਿਨ ਦੇ ਧਰਨੇ ਦੇ ਕੇ ਸਰਕਾਰ ਨੂੰ ਚਿਤਾਵਨੀ ਦਿੱਤੀ ਸੀ ਤੇ ਮੰਤਰੀਆਂ ਨੇ ਭਰੋਸਾ ਦਿੱਤਾ ਸੀ ਕਿ ਛੇਤੀ ਹੀ ਮੁੱਖ ਮੰਤਰੀ ਨਾਲ ਮੀਟਿੰਗ ਕਰਕੇ ਮਸਲੇ ਹੱਲ ਕੀਤੇ ਜਾਣਗੇ, ਪਰ ਅੱਜ ਤੱਕ ਕੋਈ ਕਾਰਵਾਈ ਨਹੀਂ ਕੀਤੀ। ਸਾਥੀ ਦਾਊਦ ਨੇ ਕਿਹਾ ਕਿ ਸਾਂਝੇ ਮੋਰਚੇ ਦੀ ਮੀਟਿੰਗ ਕਰਕੇ ਅਗਲੇ ਐਕਸ਼ਨ ਦਾ ਐਲਾਨ ਕੀਤਾ ਜਾਵੇਗਾ। ਮੀਟਿੰਗ 'ਚ ਕੀਤੇ ਫੈਸਲਿਆਂ ਦੀ ਜਾਣਕਾਰੀ ਪ੍ਰੈਸ ਨੂੰ ਜਾਰੀ ਕਰਦਿਆਂ ਪ੍ਰੈਸ ਸਕੱਤਰ ਬਲਦੇਵ ਸਿੰਘ ਨੂਰਪੁਰੀ ਨੇ ਕਿਹਾ ਕਿ ਮਾਈਕਰੋ ਫਾਇਨਾਂਸ ਕੰਪਨੀਆਂ ਵਲੋਂ ਪਿੰਡਾਂ ਦੇ ਗਰੀਬ ਮਜ਼ਦੂਰਾਂ ਨੂੰ ਕਰਜ਼ੇ ਦੇ ਕੇ ਬਹੁਤ ਜ਼ਿਆਦਾ ਵਿਆਜ ਦਰਾਂ ਰਾਹੀਂ ਲੁੱਟ ਕੀਤੀ ਜਾ ਰਹੀ ਹੈ ਤੇ ਕਿਸ਼ਤ ਟੁੱਟ ਜਾਣ 'ਤੇ ਘਰੇਲੂ ਸਮਾਨ ਚੁੱਕਣ ਜਾਂ ਮਕਾਨ ਨੂੰ ਜਿੰਦਰੇ ਲਾਉਣ ਦੀਆਂ ਧਮਕੀਆਂ ਦਿੱਤੀਆਂ ਜਾ ਰਹੀਆਂ ਹਨ। ਸਾਥੀ ਨੂਰਪੁਰੀ ਨੇ ਕਿਹਾ ਲੋਕਾਂ ਦੀ ਵਿਸ਼ਾਲ ਲਾਮਬੰਦੀ ਕਰਕੇ ਮਾਈਕਰੋ ਫਾਇਨਾਂਸ ਕੰਪਨੀਆਂ ਸਮੇਤ ਸਰਕਾਰੀ, ਗੈਰ ਸਰਕਾਰੀ ਅਤੇ ਕੋਆਪਰੇਟਿਵ ਸੁਸਾਇਟੀ ਦੇ ਕਰਜ਼ੇ ਮੁਆਫ ਕਰਵਾਉਣ ਲਈ ਤਿੱਖਾ ਸੰਘਰਸ਼ ਕੀਤਾ ਜਾਵੇਗਾ। ਇਸ ਸਬੰਧੀ 300 ਪਿੰਡਾਂ ਵਿੱਚ ਮੀਟਿੰਗਾਂ ਕਰਨ ਦਾ ਫੈਸਲਾ ਕੀਤਾ ਗਿਆ ਹੈ। ਪੰਜਾਬ ਦੀਆਂ ਸਮੂਹ ਇਕਾਈਆਂ ਨੂੰ ਫੈਸਲੇ ਲਾਗੂ ਕਰਨ ਲਈ ਰਾਤ ਦਿਨ ਇੱਕ ਕਰ ਦੇਣ।

# ਵਿਸ਼ਵ ਪੰਜਾਬੀ ਸਭਾ ਕੈਨੇਡਾ ਤੇ ਭਾਸ਼ਾ ਵਿਭਾਗ ਮੋਹਾਲੀ ਵੱਲੋਂ ਪੁਆਧੀ ਲੇਖਕਾਂ ਦਾ ਸਨਮਾਨ



**ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਗੁਰਜੀਤ ਬਿੱਲਾ)**-ਵਿਸ਼ਵ ਪੰਜਾਬੀ ਸਭਾ ਕੈਨੇਡਾ ਨੇ ਭਾਸ਼ਾ ਵਿਭਾਗ ਮੋਹਾਲੀ ਦੇ ਸਹਿਯੋਗ ਨਾਲ ਇੱਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਪੁਆਧੀ ਲੇਖਕਾਂ ਦਾ ਸਨਮਾਨ ਸਮਾਰੋਹ ਕਰਵਾਇਆ ਗਿਆ। ਇਸ ਦੌਰਾਨ ਡਾ. ਦਲਬੀਰ ਸਿੰਘ ਕਥੂਰੀਆ ਚੇਅਰਮੈਨ ਵਿਸ਼ਵ ਪੰਜਾਬੀ ਸਭਾ ਕੈਨੇਡਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਤੇ ਵੱਖ-ਵੱਖ ਸਿਨਫਾਂ ਦੇ 8 ਲੇਖਕਾਂ ਤੇ ਕਵੀਆਂ ਨੂੰ ਨਕਦ ਰਾਸ਼ੀ ਤੇ ਸਨਮਾਨ-ਚਿੰਨ੍ਹ ਭੇਟ ਕੀਤੇ। ਪ੍ਰੋਗਰਾਮ ਦੀ ਪ੍ਰਧਾਨਗੀ ਜ਼ਿਲ੍ਹਾ ਭਾਸ਼ਾ ਅਫਸਰ ਡਾ. ਦਵਿੰਦਰ ਬੋਹਾ, ਨਾਵਲਕਾਰ ਜਸਬੀਰ ਮੰਡ ਜਦੋਂ ਕਿ ਵਿਸ਼ੇਸ਼ ਮਹਿਮਾਨ ਵਜੋਂ ਲੈਕਚਰਾਰ ਬਲਬੀਰ ਕੌਰ ਰਾਏਕੋਟੀ ਤੇ ਬੀਬੀ ਪਰਮਜੀਤ ਕੌਰ ਲਾਂਡਰਾਂ ਨੇ ਹਾਜ਼ਰੀ ਭਰੀ। ਪ੍ਰੋਗਰਾਮ ਦਾ ਰਸਮੀ ਆਗਾਜ਼ ਬੀਬੀ ਪਰਮਜੀਤ ਕੌਰ ਲਾਂਡਰਾਂ ਤੇ ਚੰਡੀਗੜ੍ਹ ਦੇ ਪ੍ਰਧਾਨ ਸਤਵਿੰਦਰ ਸਿੰਘ ਧੜਾਕ ਵੱਲੋਂ ਮਹਿਮਾਨਾਂ ਨੂੰ ਜੀ ਆਇਆਂ ਕਹਿਣ ਤੋਂ ਬਾਅਦ ਹੋਇਆ। ਉਪਰੰਤ ਡਾ.ਦਲਬੀਰ ਸਿੰਘ ਕਥੂਰੀਆ ਨੇ ਕਿਹਾ ਕਿ ਕੈਨੇਡਾ ਤੇ ਹੋਰ ਬਾਹਰਲੇ ਮੁਲਕਾਂ ਦੀ ਵੱਡੀ ਤਰੱਕੀ ਪਿੱਛੇ ਉਨ੍ਹਾਂ ਦੇਸ਼ਾਂ ਦੀ ਭਾਸ਼ਾ ਦਾ ਯੋਗਦਾਨ ਹੈ। ਵਿਕਸਿਤ ਦੇਸ਼ਾਂ ਵਿੱਚ ਜ਼ਿਆਦਾਤਰ ਉਥੋਂ ਦੀਆਂ ਆਪਣੀਆਂ ਭਾਸ਼ਾਵਾਂ ਵਿਚ ਹੀ ਸਾਰਾ ਕੰਮ ਕੀਤਾ ਜਾਂਦਾ ਹੈ। ਕੋਈ ਵੀ ਭਾਸ਼ਾ ਤਦ ਹੀ ਜਿਊਂਦੀ ਰਹਿ ਸਕਦੀ ਹੈ ਜੇਕਰ ਉਹ ਅਗਲੀਆਂ ਪੀੜ੍ਹੀਆਂ ਤੱਕ ਪਹੁੰਚੇ। ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਅੱਜ ਪੁਆਧੀ ਭਾਸ਼ਾ ਲਈ ਇਹ ਉਪਰਾਲਾ ਕੀਤਾ ਗਿਆ, ਇਸੇ ਤਰ੍ਹਾਂ ਪੰਜਾਬੀ ਦੀਆਂ ਹੋਰ ਉਪ ਭਾਸ਼ਾਵਾਂ ਦੁਆਬੀ, ਮਲਵਈ,ਮਾਝੀ, ਪੋਠੋਹਾਰੀ ਲਈ ਵੀ ਉਪਰਾਲੇ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਕੈਨੇਡਾ ਵਿਖੇ ਜੂਨ 'ਚ ਹੋ ਰਹੀ ਵਿਸ਼ਵ ਪੰਜਾਬੀ ਕਾਨਫਰੰਸ ਵਿਸ਼ਾ ਉਪ ਭਾਸ਼ਾ ਪੁਆਧੀ ਦਾ ਪਰਚਾ ਪੇਸ਼ ਕਰਵਾਇਆ ਜਾਵੇਗਾ।

ਇਸ ਦੌਰਾਨ ਉਨ੍ਹਾਂ ਪੁਆਧੀ ਭਾਸ਼ਾ ਦੇ ਨਾਮਵਰ ਲੇਖਕਾਂ/ਕਵੀਆਂ ਡਾ. ਗੁਰਮੀਤ ਸਿੰਘ ਬੈਦਵਾਨ, ਜਸਵੀਰ ਮੰਡ, ਮਨਮੋਹਨ ਸਿੰਘ ਦਾਊਂ, ਮੋਹਿਨੀ ਤੂਰ, ਸਤੀਸ਼ ਵਿਦਰੋਹੀ, ਚਰਨ ਪੁਆਧੀ, ਲਵਲੀ ਸਲੂਜਾ ਤੇ ਭੁਪਿੰਦਰ ਮਟੌਰੀਆ ਨੂੰ ਪੁਆਧੀ ਭਾਸ਼ਾ ਦੇ ਉਘੇ ਲੇਖਕਾਂ ਨੂੰ ਪ੍ਰਚਾਰ ਤੇ ਪਸਾਰ ਲਈ ਵਿਸ਼ਸ਼ਵ ਪੰਜਾਬੀ ਸਭਾ ਕੈਨੇਡਾ ਵਲੋਂ 3100-3100 ਰੁਪਏ ਨਕਦ, ਇੱਕ-ਇੱਕ ਫੁਲਕਾਰੀ, ਸਨਮਾਨ ਚਿੰਨ੍ਹ ਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ। ਜ਼ਿਲ੍ਹਾ ਭਾਸ਼ਾ ਅਫਸਰ ਡਾ. ਦਵਿੰਦਰ ਸਿੰਘ ਸਿੰਘ ਬੋਹਾ ਨੇ ਕਿਹਾ ਕਿ ਅੱਜ ਲੋੜ ਹੈ ਕਿ ਪੰਜਾਬੀ ਭਾਸ਼ਾ ਦੇ ਨਾਲ ਨਾਲ ਅਸੀਂ ਆਪਣੀਆਂ ਉਪ ਭਾਸਸ਼ਾਵਾਂ ਨੂੰ ਬਚਾ ਕੇ ਰੱਖੀਏ। ਇਸ ਦੌਰਾਨ ਡਾ.ਗੁਰਮੀਤ ਸਿੰਘ ਬੈਦਵਾਨ ਨੇ ਪੁਆਧੀ ਬੋਲੀ ਦੀ ਪੰਜਾਬੀ ਸਾਹਿਤ ਨੂੰ ਦੇਣ ਤੇ ਸੰਭਾਵਨਾਵਾਂ ਵਿਸ਼ੇ ਜਦਕਿ ਪ੍ਰਿੰਸੀਪਲ ਲਵਲੀ ਸਲੂਜਾ ਨੇ 'ਪੁਆਧੀ ਭਾਸ਼ਾ ਦਾ ਲੋਕਯਾਨਿਕ ਪੱਖ' ਦੇ ਸੰਦਰਭ ਵਿੱਚ ਪਰਚੇ ਪੜ੍ਹੇ। ਗੁਰਮੀਤ ਸਿੰਘ ਬੈਦਵਾਨ ਨੇ ਪੰਜਾਬੀ ਭਾਸ਼ਾ ਤੇ ਉਪ ਭਾਸ਼ਾ ਪੁਆਧੀ ਦੇ ਨਿਕਾਸ ਤੇ ਵਿਕਾਸ ਦੇ ਇਤਿਹਾਸ ਬਾਰੇ ਜਾਣਕਾਰੀ ਸਾਂਝੀ ਕੀਤੀ। ਵਿਸ਼ਵ ਪੰਜਾਬੀ ਸਭਾ ਭਾਰਤ ਦੇ ਪ੍ਰਧਾਨ ਲੈਕਚਰਾਰ ਬਲਬੀਰ ਕੌਰ ਰਾਏਕੋਟੀ ਨੇ ਕਿਹਾ ਕਿ ਵਿਸ਼ਵ ਪੰਜਾਬੀ ਸਭਾ ਕੈਨੇਡਾ ਦਾ ਮੁੱਖ ਉਦੇਸ਼ ਨੌਜਵਾਨ ਪੀੜ੍ਹੀ ਨੂੰ ਆਪਣੇ ਸੱਭਿਆਚਾਰ, ਵਿਰਸੇ ਤੇ ਪੰਜਾਬੀ ਬੋਲੀ ਨਾਲ ਜੋੜਨਾ ਹੈ। ਕੁੰਜੀਵਤ ਭਾਸ਼ਣ ਸਭਾ ਦੇ ਬਰੈਂਡ ਅੰਬੈਸਡਰ ਬਾਲ ਮੁਕੰਦ ਸ਼ਰਮਾ (ਫਿਲਮੀ ਐਕਟਰ ਤੇ ਕਮੇਡੀ ਕਲਾਕਾਰ) ਨੇ ਦਿੱਤਾ। ਉਨ੍ਹਾਂ ਆਪਣੇ ਵਿਚਾਰਾਂ ਵਿੱਚ ਵਿਸ਼ਵ ਪੰਜਾਬੀ ਸਭਾ ਕੈਨੇਡਾ ਵਲੋਂ ਮਾਂ ਬੋਲੀ ਪੰਜਾਬੀ ਦੇ ਵਿਕਾਸ ਲਈ ਕੀਤੇ ਜਾ ਰਹੇ ਕੰਮਾਂ ਦੀ ਸ਼ਲਾਘਾ ਕੀਤੀ। ਉਨਾਂ ਪੁਆਧੀ ਬੋਲੀ ਲੇਖਕਾਂ ਨੂੰ ਪਰਚੇ ਭੇਜਣ ਲਈ ਕਿਹਾ। ਸਤਵਿੰਦਰ ਸਿੰਘ ਧੜਾਕ ਪ੍ਰਧਾਨ ਵਿਸ਼ਵ ਪੰਜਾਬੀ ਸਭਾ ਕੈਨੇਡਾ ਇਕਾਈ ਚੰਡੀਗੜ੍ਹ ਨੇ ਮੰਚ ਸੰਚਾਲਨ ਦੀ ਭੂਮਿਕਾ ਨਿਭਾਈ ਤੇ ਪਹੁੰਚੇ ਸਾਰੇ ਮਹਿਮਾਨਾਂ ਤੇ ਕਵੀਆਂ ਦਾ ਧੰਨਵਾਦ ਕੀਤਾ। ਗਾਇਕਾ ਸੁੱਖੀ ਬਰਾੜ ਨੇ ਕਿਹਾ ਕਿ ਪੰਜਾਬੀ ਸੱਭਿਆਚਾਰ 'ਤੇ ਜਾਣਕਾਰੀ ਇਕੱਤਰ ਕਰ ਰਹੀ ਹੈ। ਉਨ੍ਹਾਂ ਪੰਜਾਬੀ ਨੂੰ ਸਮਰਪਤ ਗੀਤ ਵੀ ਪੇਸ਼ ਕੀਤਾ। ਇਸ ਮੌਕੇ ਵਿਸ਼ਵ ਪੰਜਾਬੀ ਸਭਾ ਕੈਨੇਡਾ ਦੀ ਟੀਮ ਦੇ ਮੈਂਬਰ ਕੰਵਲਜੀਤ ਸਿੰਘ ਲੱਕੀ ਜਨਰਲ ਸਕੱਤਰ, ਭਾਰਤ, ਗਿਆਨ ਸਿੰਘ ਸਾਬਕਾ ਡੀ ਪੀ ਆਰ ਓ, ਅਜੀਤ ਕਮਲ ਸਿੰਘ, ਐਡਵੋਕੇਟ ਸੰਦੀਪ ਸ਼ਰਮਾ, ਐਡਵੋਕੇਟ ਰਵਿੰਦਰ ਸਿੰਘ ਸੈਂਪਲਾ, ਭਗਤ ਰਾਮ ਰੰਗਾੜਾ, ਮਨਜੀਤਪਾਲ ਸਿੰਘ ਪ੍ਰਿੰਸੀ, ਬਹਾਦਰ ਸਿੰਘ ਗੋਸਲ, ਸਾਹਿਬਾ ਜੀਟਨ ਕੌਰ, ਸੋਨੀਆ ਭਾਰਤੀ, ਸੁੰਦਰਪਾਲ ਰਾਜਾਸਾਂਸੀ ਤੇ ਸੁਖਵਿੰਦਰ ਸਿੰਘ ਪਟਿਆਲਾ ਮੌਜੂਦ ਸਨ। ਵਿਸ਼ਵ ਪੰਜਾਬੀ ਸਭਾ ਕੈਨੇਡਾ ਦੀ ਪਹਿਲੀ ਵਰੇਗੰਢ ਮੌਕੇ ਸ਼ਾਮਲ ਹੋਏ ਲੇਖਕਾਂ, ਕਵੀਆਂ ਨੂੰ ਲੋਹੜੀ ਵੰਡੀ ਗਈ। ਭਾਸਸ਼ਾ ਵਿਭਾਗ , ਮੋਹਾਲੀ ਵੱਲੋਂ ਇਸ ਮੌਕੇ ਪੁਸਤਕ ਪ੍ਰਦਰਸ਼ਨੀ ਵੀ ਲਗਾਈ ਗਈ।

## ਗੁਰੂ ਨਾਨਕ ਖਾਲਸਾ ਕਾਲਜ 'ਚ ਮਨਾਈ ਲੋਹੜੀ



**ਸੁਲਤਾਨਪੁਰ ਲੋਧੀ, ( ਹਨੀ )**-ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ ਵਿਖੇ ਲੋਹੜੀ ਦਾ ਤਿਉਹਾਰ ਮਨਾਇਆ ਗਿਆ। ਕਾਲਜ ਦੀ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਇੰਜੀਨੀਅਰ ਸਵਰਨ ਸਿੰਘ ਨੇ ਕਾਲਜ ਦੇ ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਲੋਹੜੀ ਦੀਆਂ ਮੁਬਾਰਕਾਂ ਦਿੱਤੀਆਂ। ਵਿਦਿਆਰਥਣਾਂ ਨੇ ਗੀਤ ਗਾ ਕੇ ਲੋਹੜੀ ਦੀਆਂ ਖੁਸ਼ੀਆਂ ਮਨਾਈਆਂ। ਕਾਲਜ ਦੇ ਕਾਰਜਕਾਰੀ ਪ੍ਰਿੰਸੀਪਲ ਪ੍ਰੋ. ਜਸਬੀਰ ਕੌਰ ਨੇ ਵੀ ਸਟਾਫ਼ ਮੈਂਬਰਾਂ ਅਤੇ ਵਿਦਿਆਰਥੀਆਂ ਨੂੰ ਲੋਹੜੀ ਦੇ ਦਿਹਾੜੇ ਦੀਆਂ ਸ਼ੁੱਭਕਾਮਨਾਵਾਂ ਦਿੱਤੀਆਂ। ਇਸ ਮੌਕੇ ਡਾ. ਮਨੀ ਛਾਬੜਾ, ਗੁਰਪ੍ਰੀਤ ਕੌਰ, ਰਾਜਦੀਪ ਕੌਰ ਜੋਸਨ, ਸੁਖਪਾਲ ਸਿੰਘ, ਰਾਜਪ੍ਰੀਤ ਕੌਰ, ਜੁਗਰਾਜ ਸਿੰਘ, ਸਿਮਰਜੀਤ ਕੌਰ, ਅਰਸ਼ਪ੍ਰੀਤ ਕੌਰ, ਮਨਮੀਤ ਕੌਰ, ਨਿਵਿਆ ਸ਼ਰਮਾ, ਹਰਦੀਸ਼ ਕੌਰ, ਜਸਪ੍ਰੀਤ ਕੌਰ, ਪਲਕ, ਕੋਮਲਪ੍ਰੀਤ ਕੌਰ, ਹਰਪ੍ਰੀਤ ਸਿੰਘ, ਸਰਬਜੀਤ ਕੌਰ, ਹਰਿੰਦਰ ਕੌਰ, ਅਮਨਦੀਪ ਕੌਰ, ਹਰਜਾਪ ਸਿੰਘ, ਜਸਵੀਰ ਕੌਰ, ਸੰਦੀਪ ਕੌਰ, ਰਿਸ਼ੂ ਬਾਲਾ, ਅਮਰੀਕ ਸਿੰਘ, ਨਵਨੀਤ ਕੌਰ, ਅਮਨਦੀਪ ਕੌਰ ਅਤੇ ਕਮਲਜੀਤ ਕੌਰ ਆਦਿ ਸਟਾਫ਼ ਮੈਂਬਰ ਅਤੇ ਹਾਜ਼ਰ ਸਨ।